ਬੁੱਧਵਾਰ, 11 ਨਵੰਬਰ, 2026
26 ਕੱਤਕ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 161

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • WEDNESDAY, 11 NOVEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਸਿੱਖ ਕਤਲੇਆਮ ਦੇ ਪੀੜਤਾਂ ਨੂੰ ਨਹੀਂ ਮਿਲਿਆ ਇਨਸਾਫ਼ : ਸੋਨੀਆ ਗਾਂਧੀ

ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)

ਕਾਂਗਰਸ ਸੰਸਦੀ ਦਲ ਦੀ ਆਗੂ ਸੋਨੀਆ ਗਾਂਧੀ ਨੇ 1984 ਦੇ ਸਿੱਖ ਕਤਲੇਆਮ ਦੇ ਚਾਰ ਦਹਾਕਿਆਂ ਤੋਂ ਵੱਧ ਸਮਾਂ ਬੀਤਣ ਦੇ ਬਾਵਜੂਦ ਪੀੜਤਾਂ ਨੂੰ ਇਨਸਾਫ਼ ਨਾ ਮਿਲਣ ਦੀ ਗੱਲ ਸਵੀਕਾਰ ਕੀਤੀ ਹੈ। ਉਨ੍ਹਾ ਆਪਣੀ ਸਵੈ-ਜੀਵਨੀ 'ਬਿਲੌਂਗਿੰਗ: ਏ ਜਰਨੀ ਆਫ਼ ਲਵ' ਵਿੱਚ ਮੰਨਿਆ ਹੈ ਕਿ ਇੰਦਰਾ ਗਾਂਧੀ ਦੀ ਹੱਤਿਆ ਤੋਂ ਬਾਅਦ ਹੋਈ ਹਿੰਸਾ ਭੜਕਾਉਣ ਅਤੇ ਇਸ ਦੀ ਅਗਵਾਈ ਕਰਨ ਦੇ ਦੋਸ਼ਾਂ ਹੇਠ ਕਾਂਗਰਸ ਦੇ ਕਈ ਵਰਕਰਾਂ ਵਿਰੁੱਧ ਵੀ ਅਪਰਾਧਿਕ ਮਾਮਲੇ ਦਰਜ ਹੋਏ ਸਨ। ਉਨ੍ਹਾ ਮੁਤਾਬਕ 4 ਕਮਿਸ਼ਨਾਂ, 9 ਕਮੇਟੀਆਂ ਅਤੇ ਦੋ ਵਿਸ਼ੇਸ਼ ਜਾਂਚ ਟੀਮਾਂ ਬਣਨ ਦੇ ਬਾਵਜੂਦ ਪੀੜਤਾਂ ਨੂੰ ਇਨਸਾਫ਼ ਮਿਲਣਾ ਮੁਸ਼ਕਲ ਰਿਹਾ। ਸੋਨੀਆ ਨੇ ਮੰਗਲਵਾਰ ਨੂੰ ਜਾਰੀ ਹੋਈ 544 ਸਫ਼ਿਆਂ ਦੀ ਇਸ ਪੁਸਤਕ ਵਿੱਚ ਦਿੱਲੀ ਵਿੱਚ 2,000 ਤੋਂ ਵੱਧ ਸਿੱਖਾਂ ਦੇ ਕਤਲ, ਪ੍ਰਸ਼ਾਸਨ ਦੀ ਨਾਕਾਮੀ ਅਤੇ ਫ਼ੌਜ ਤਾਇਨਾਤ ਕਰਨ ਵਿੱਚ ਹੋਈ ਦੇਰੀ ਦਾ ਵੀ ਜ਼ਿਕਰ ਕੀਤਾ ਹੈ। ਉਨ੍ਹਾ ਅਨੁਸਾਰ ਸੈਂਕੜੇ ਐੱਫ ਆਈ ਆਰ ਦਰਜ ਹੋਣ ਦੇ ਬਾਵਜੂਦ ਸਿਰਫ਼ ਚਾਰ-ਪੰਜ ਮਾਮਲਿਆਂ ਵਿੱਚ ਹੀ ਕਾਂਗਰਸੀ ਵਰਕਰਾਂ ਦੀ ਗ੍ਰਿਫ਼ਤਾਰੀ ਹੋਈ। ਉਨ੍ਹਾ ਕਿਹਾ ਕਿ ਕਤਲੇਆਮ ਵਿੱਚ ਸ਼ਾਮਲ ਆਰ ਐੱਸ ਐੱਸ ਮੈਂਬਰਾਂ ਵਿਰੁੱਧ ਵੀ ਮਾਮਲੇ ਦਰਜ ਕੀਤੇ ਗਏ ਸਨ। ਕਈ ਮਾਮਲੇ ਸਾਲਾਂ ਤੱਕ ਅਦਾਲਤਾਂ ਵਿੱਚ ਲਟਕਦੇ ਰਹੇ ਅਤੇ ਦੋਸ਼ੀਆਂ ਨੂੰ ਸਜ਼ਾਵਾਂ ਨਾ ਮਿਲਣਾ ਪ੍ਰਨਾਲੀ ਦੀ ਵੱਡੀ ਨਾਕਾਮੀ ਰਹੀ। ਸੋਨੀਆ ਨੇ ਲਿਖਿਆ ਕਿ ਇੰਦਰਾ ਗਾਂਧੀ ਦੀ ਹੱਤਿਆ ਵਾਲੀ ਰਾਤ ਫ਼ੌਜ ਮੁਖੀ ਜਨਰਲ ਏ ਐੱਸ ਵੈਦਿਆ ਨੂੰ ਹੁਕਮ ਮਿਲ ਗਏ ਸਨ, ਪਰ ਪਰਵਾਰ ਨੂੰ ਬਾਅਦ ਵਿੱਚ ਪਤਾ ਲੱਗਾ ਕਿ ਨੇੜਲੀਆਂ ਫ਼ੌਜੀ ਟੁਕੜੀਆਂ ਨੂੰ ਤੁਰੰਤ ਨਹੀਂ ਭੇਜਿਆ ਗਿਆ, ਕਿਉਂਕਿ ਉਨ੍ਹਾਂ ਵਿੱਚ ਸਿੱਖ ਜਵਾਨ ਤਾਇਨਾਤ ਸਨ। ਇਸ ਦੀ ਬਜਾਏ ਦੇਹਰਾਦੂਨ ਤੋਂ ਫ਼ੌਜੀ ਟੁਕੜੀਆਂ ਭੇਜੀਆਂ ਗਈਆਂ। ਉਨ੍ਹਾਂ ਮੁਤਾਬਕ ਫ਼ੌਜ 1 ਨਵੰਬਰ ਦੀ ਰਾਤ ਦਿੱਲੀ ਪਹੁੰਚਣੀ ਸ਼ੁਰੂ ਹੋਈ ਅਤੇ 2 ਨਵੰਬਰ ਦੁਪਹਿਰ ਤੱਕ ਪ੍ਰਭਾਵਤ ਇਲਾਕਿਆਂ ਵਿੱਚ ਤਾਇਨਾਤ ਹੋਈ। ਇਸ ਦੌਰਾਨ ਪੁਲਸ ਹਿੰਸਕ ਭੀੜਾਂ ਨੂੰ ਕਾਬੂ



ਕਰਨ ਵਿੱਚ ਅਸਫਲ ਰਹੀ। ਕੁਝ ਅਧਿਕਾਰੀਆਂ ਵੱਲੋਂ ਅੱਖਾਂ ਬੰਦ ਕਰਨ ਅਤੇ ਕੁਝ ਵੱਲੋਂ ਹਿੰਸਾ ਨੂੰ ਹੱਲਾਸ਼ੇਰੀ ਦੇਣ ਦਾ ਵੀ ਉਨ੍ਹਾ ਜ਼ਿਕਰ ਕੀਤਾ ਹੈ। ਉਨ੍ਹਾ ਲਿਖਿਆ ਕਿ ਰਾਜੀਵ ਗਾਂਧੀ ਨੇ 31 ਅਕਤੂਬਰ ਦੀ ਰਾਤ ਟੈਲੀਵਿਜ਼ਨ ਰਾਹੀਂ ਲੋਕਾਂ ਨੂੰ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕੀਤੀ ਸੀ। ਉਨ੍ਹਾ ਹਿੰਸਾ ਪ੍ਰਭਾਵਤ ਇਲਾਕਿਆਂ ਦਾ ਦੌਰਾ ਕੀਤਾ ਅਤੇ ਆਪਣੇ ਸਿੱਖ ਮੁਲਾਜ਼ਮਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਵੀ ਕਿਹਾ। ਪਹਿਲੀ ਨਵੰਬਰ ਨੂੰ ਉਨ੍ਹਾ ਲੋਕਾਂ ਨੂੰ ਬਦਲਾ ਨਾ ਲੈਣ ਦੀ ਅਪੀਲ ਕੀਤੀ ਅਤੇ ਅਗਲੇ ਦਿਨ ਅਗਜ਼ਨੀ, ਲੁੱਟਮਾਰ ਤੇ ਕਤਲਾਂ ਦੀ ਨਿਖੇਧੀ ਕੀਤੀ। ਸੋਨੀਆ ਨੇ ਆਪਣੀ ਪੁਸਤਕ ਵਿੱਚ ਖ਼ੁਲਾਸਾ ਕੀਤਾ ਕਿ 24 ਅਕਤੂਬਰ 1984 ਨੂੰ ਦੀਵਾਲੀ ਦੇ ਜਸ਼ਨਾਂ ਦੌਰਾਨ ਗਾਂਧੀ ਪਰਵਾਰ ਨੂੰ ਖ਼ਤਮ ਕਰਨ ਦੀ ਕਥਿਤ ਸਾਜ਼ਿਸ਼ ਰਚੀ ਗਈ ਸੀ। ਪਰਵਾਰ ਨੂੰ ਬਾਅਦ ਵਿੱਚ ਪਤਾ ਲੱਗਾ ਕਿ ਘਰ ਦੀ ਰਸੋਈ ਨਾਲ ਲੱਗਦੇ ਕਮਰੇ ਵਿੱਚ ਗਰਨੇਡ ਲੁਕਾਏ ਗਏ ਸਨ। ਇਸ ਜਸ਼ਨ ਵਿੱਚ ਇੰਦਰਾ, ਰਾਜੀਵ, ਸੋਨੀਆ, ਰਾਹੁਲ ਅਤੇ ਪ੍ਰਿਯੰਕਾ ਸਮੇਤ ਰਿਸ਼ਤੇਦਾਰ ਤੇ ਦੋਸਤ ਸ਼ਾਮਲ ਸਨ। ਉਨ੍ਹਾ ਮੁਤਾਬਕ ਇਹ ਸਾਜ਼ਿਸ਼ ਆਖ਼ਰੀ ਸਮੇਂ ਕਿਉਂ ਰੋਕੀ ਗਈ, ਇਸ ਦਾ ਪਤਾ ਨਹੀਂ ਲੱਗ ਸਕਿਆ। ਉਨ੍ਹਾ ਦੱਸਿਆ ਕਿ 30 ਅਕਤੂਬਰ ਨੂੰ ਰਾਹੁਲ ਅਤੇ ਪ੍ਰਿਯੰਕਾ ਨੂੰ ਸਕੂਲ ਤੋਂ ਲਿਆ ਰਹੀ ਜੀਪ ਨਾਲ ਇਕ ਕਾਰ ਟਕਰਾ ਗਈ ਸੀ। ਇੰਦਰਾ ਨੇ ਇਸ ਨੂੰ ਜਾਣ ਬੁੱਝ ਕੇ ਕੀਤਾ ਹਾਦਸਾ ਮੰਨਿਆ ਸੀ। ਸਾਬਕਾ ਖ਼ੁਫ਼ੀਆ ਵਿੰਗ ਮੁਖੀ ਆਰ ਐੱਨ ਰਾਓ ਨੇ ਵੀ ਇੰਦਰਾ ਨੂੰ ਪੋਤੇ-ਪੋਤੀ ਨੂੰ ਅਗਵਾ ਕਰਨ ਦੀਆਂ ਧਮਕੀਆਂ ਬਾਰੇ ਸੁਚੇਤ ਕੀਤਾ ਸੀ। ਇਸ ਕਾਰਨ ਦੋਵਾਂ ਨੂੰ ਬੋਰਡਿੰਗ ਸਕੂਲਾਂ ਤੋਂ ਵਾਪਸ ਦਿੱਲੀ ਬੁਲਾ ਲਿਆ ਗਿਆ।

ਸੋਨੀਆ ਨੇ ਲਿਖਿਆ ਕਿ ਇੰਦਰਾ ਦੀ ਹੱਤਿਆ ਤੋਂ ਬਾਅਦ ਜਦੋਂ ਰਾਜੀਵ ਨੂੰ ਪ੍ਰਧਾਨ ਮੰਤਰੀ ਬਣਨ • ਬਾਕੀ ਸਫ਼ਾ 2 'ਤੇ

ਸੰਘ ਦੇ ਉਭਾਰ ਦੇ ਡਰੋਂ ਇੰਦਰਾ ਨੇ ਨਹੀਂ ਦਿੱਤਾ ਸੀ ਅਸਤੀਫ਼ਾ

ਸੋਨੀਆ ਗਾਂਧੀ ਨੇ ਕਿਤਾਬ ਵਿੱਚ ਖ਼ੁਲਾਸਾ ਕੀਤਾ ਕਿ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੂੰ ਡਰ ਸੀ ਕਿ 1975 ਵਿੱਚ ਅਸਤੀਫ਼ਾ ਦੇਣ ਨਾਲ ਕਾਂਗਰਸ ਦੋਫਾੜ ਹੋ ਜਾਵੇਗੀ ਅਤੇ ਆਰ ਐੱਸ ਐੱਸ ਨੂੰ ਆਧਾਰ ਮਿਲ ਜਾਵੇਗਾ, ਭਾਵੇਂ ਕਿ ਉਨ੍ਹਾ ਦੇ ਵੱਡੇ ਪੁੱਤਰ ਰਾਜੀਵ ਗਾਂਧੀ ਨੇ ਉਨ੍ਹਾ ਨੂੰ ਅਲਾਹਾਬਾਦ ਹਾਈ ਕੋਰਟ ਦੇ ਉਨ੍ਹਾਂ ਵਿਰੁੱਧ ਫ਼ੈਸਲੇ ਤੋਂ ਬਾਅਦ ਅਹੁਦਾ ਛੱਡਣ ਦੀ ਸਲਾਹ ਦਿੱਤੀ ਸੀ। ਇਹ ਯਾਦਾਂ ਐਮਰਜੈਂਸੀ ਵੱਲ ਲੈ ਜਾਣ ਵਾਲੀਆਂ ਘਟਨਾਵਾਂ, ਸੰਜੇ ਗਾਂਧੀ ਦਾ ਆਪਣੀ ਮਾਂ 'ਤੇ ਵਧਦਾ ਪ੍ਰਭਾਵ, ਜ਼ਬਰਦਸਤੀ ਨਸਬੰਦੀ ਅਤੇ ਝੁੱਗੀਆਂ-ਝੌਂਪੜੀਆਂ ਢਾਹੁਣ ਦੀਆਂ ਵਧੀਕੀਆਂ ਅਤੇ ਮੇਨਕਾ ਗਾਂਧੀ ਨਾਲ ਸੰਬੰਧਤ ਗਾਂਧੀ ਪਰਵਾਰ ਦੇ ਅੰਦਰ ਤਣਾਅ ਦਾ ਸਪੱਸ਼ਟ ਬਿਰਤਾਂਤ ਪੇਸ਼ ਕਰਦੀਆਂ ਹਨ। 'ਜੇ ਮੈਂ ਅਸਤੀਫ਼ਾ ਦੇ ਦਿੰਦੀ ਹਾਂ, ਤਾਂ ਪਾਰਟੀ ਵੰਡੀ ਜਾਵੇਗੀ ਅਤੇ ਖਿੰਡ ਜਾਵੇਗੀ ਅਤੇ ਆਰ ਐੱਸ ਐੱਸ ਆਪਣਾ ਰਸਤਾ ਬਣਾ ਲਵੇਗਾ,' ਸੋਨੀਆ ਕਿਤਾਬ ਵਿੱਚ ਯਾਦ ਕਰਦੀ ਹੈ। ਸੋਨੀਆ ਲਿਖਦੀ ਹੈ ਕਿ ਇੰਦਰਾ ਨੂੰ ਯਕੀਨ ਸੀ ਕਿ ਆਰ ਐੱਸ ਐੱਸ ਕਾਂਗਰਸ ਨੂੰ ਕਮਜ਼ੋਰ ਕਰਨ ਲਈ ਜੈਪ੍ਰਕਾਸ਼ ਨਾਰਾਇਣ ਦੇ ਅੰਦੋਲਨ ਦੀ ਵਰਤੋਂ ਕਰ ਰਹੀ ਸੀ। ਉਨ੍ਹਾ ਨੂੰ ਇਹ ਵੀ ਡਰ ਸੀ ਕਿ ਉਨ੍ਹਾ ਦੀ ਸਰਕਾਰ ਦੀਆਂ ਵਿਰੋਧੀ ਸਿਆਸੀ ਤਾਕਤਾਂ ਪਾਰਟੀ ਨੂੰ ਤੋੜਨ ਲਈ ਦ੍ਰਿੜ੍ਹ ਸਨ।

'ਮੋਦੀ ਅੱਖ ਮਿਲਾਉਣ ਤੋਂ ਬਚਦੈ'

ਸੋਨੀਆ ਗਾਂਧੀ ਨੇ ਲਿਖਿਆ ਹੈ ਕਿ ਪ੍ਰਧਾਨ ਮੰਤਰੀ ਮੋਦੀ ਭਾਰਤ ਬਾਰੇ ਆਪਣੀ ਸੋਚ ਲਈ ਲੜ ਰਹੇ ਹਨ ਅਤੇ ਉਹ ਆਪਣੇ ਦ੍ਰਿਸ਼ਟੀਕੋਣ ਲਈ। ਸੋਨੀਆ ਗਾਂਧੀ ਅਨੁਸਾਰ ਪ੍ਰਧਾਨ ਮੰਤਰੀ ਵਜੋਂ ਮੋਦੀ ਦੇ 12 ਸਾਲਾਂ ਤੋਂ ਵੱਧ ਦੇ ਤੀਜੇ ਕਾਰਜਕਾਲ ਦੌਰਾਨ ਵੀ ਉਨ੍ਹਾ ਦਾ ਆਪਸ ਵਿੱਚ ਕੋਈ ਅਸਲ ਰਾਬਤਾ ਨਹੀਂ ਰਿਹਾ। ਉਹ ਸੰਸਦੀ ਸੈਸ਼ਨਾਂ ਦੇ ਅੰਤ ਵਿੱਚ ਸਪੀਕਰ ਦੇ ਚੈਂਬਰ ਵਰਗੀਆਂ ਅੱਧ-ਸਰਕਾਰੀ ਬੈਠਕਾਂ ਵਿੱਚ ਮਿਲਦੇ ਹਨ, ਪਰ ਆਹਮੋ-ਸਾਹਮਣੇ ਹੋਣ 'ਤੇ ਮੋਦੀ ਸਿਰਫ਼ ਰਸਮੀ 'ਨਮਸਤੇ' ਕਰਦੇ ਹਨ ਅਤੇ ਅੱਖਾਂ ਮਿਲਾਉਣ ਤੋਂ ਬਚਦੇ ਹੋਏ ਪਰ੍ਹੇ ਵੇਖਣ ਲੱਗਦੇ ਹਨ। ਉਨ੍ਹਾ ਕਿਹਾ ਕਿ ਇਹ ਅਤੀਤ ਦੇ ਆਗੂਆਂ ਨਾਲੋਂ ਵੱਖਰਾ ਹੈ, ਜੋ ਵੱਖ-ਵੱਖ ਪਾਰਟੀਆਂ ਦੇ ਹੋਣ ਦੇ ਬਾਵਜੂਦ ਸੁਖਾਵੇਂ ਸੰਬੰਧ ਰੱਖਦੇ ਸਨ।

ਹਸਪਤਾਲ ਤੋਂ ਵਾਪਸੀ ਸਮੇਂ ਮੋਦੀ ਵੱਲੋਂ ਹਾਲ-ਚਾਲ ਪੁੱਛਣ ਅਤੇ ਜਨਮ ਦਿਨ 'ਤੇ ਨਵੇਂ ਸਾਲ ਦੀਆਂ ਸ਼ੁਭਕਾਮਨਾਵਾਂ ਤੋਂ ਇਲਾਵਾ ਉਨ੍ਹਾ ਵਿਚਕਾਰ ਕਦੇ ਕੋਈ ਵਿਸਥਾਰਤ ਗੱਲਬਾਤ ਨਹੀਂ ਹੋਈ। ਕਿਤਾਬ ਵਿੱਚ ਸੋਨੀਆ ਗਾਂਧੀ ਨੇ ਲਿਖਿਆ ਕਿ ਮੋਦੀ ਆਰ ਐੱਸ ਐੱਸ ਦੇ ਵਿਚਾਰਧਾਰਕਾਂ ਅਤੇ ਆਪਣੇ ਪਾਲਣ-ਪੋਸ਼ਣ ਤੋਂ ਤਿਆਰ ਹੋਏ ਅਜਿਹੇ ਦ੍ਰਿਸ਼ਟੀਕੋਣ ਦੀ ਨੁਮਾਇੰਦਗੀ ਕਰਦੇ ਹਨ, ਜਿਸ ਵਿੱਚ ਉਨ੍ਹਾਂ ਦਾ ਧਰਮ ਅਤੇ ਸੱਭਿਆਚਾਰ ਬਾਕੀ ਸਾਰਿਆਂ ਨਾਲੋਂ ਉਪਰ ਹੈ। ਇਸ ਦੇ ਉਲਟ ਉਨ੍ਹਾਂ ਦਾ ਆਪਣਾ ਦ੍ਰਿਸ਼ਟੀਕੋਣ ਪਰਵਾਰ ਦੇ ਦੇਸ਼-ਸਮਰਪਣ ਅਤੇ ਬਹੁ-ਸੱਭਿਆਚਾਰਕ, ਧਰਮ ਨਿਰਪੱਖ ਤੇ ਸਮਾਜਿਕ ਨਿਆਂ ਵਾਲੇ ਭਾਰਤ ਵਿੱਚ ਵਿਸ਼ਵਾਸ 'ਤੇ ਅਧਾਰਤ ਹੈ। ਉਨ੍ਹਾ ਸਪੱਸ਼ਟ ਕੀਤਾ ਕਿ ਇਹ ਕੋਈ ਨਿੱਜੀ ਲੜਾਈ ਨਹੀਂ, ਸਗੋਂ ਭਾਰਤ ਦੇ ਭਵਿੱਖ ਨਾਲ ਜੁੜੀਆਂ ਦੋ ਵੱਖ-ਵੱਖ ਵਿਚਾਰਧਾਰਾਵਾਂ ਦੀ ਲੜਾਈ ਹੈ।



ਪ੍ਰਦੂਸ਼ਣ 'ਚ ਇੰਡੀਆ 'ਵਿਸ਼ਵਗੁਰੂ'

ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)

ਦੁਨੀਆ ਦੇ ਸਭ ਤੋਂ ਵੱਧ ਪ੍ਰਦੂਸ਼ਤ 50 ਸ਼ਹਿਰਾਂ ਵਿੱਚੋਂ 49 ਭਾਰਤ ਦੇ ਹਨ। ਏ ਕਿਊ ਆਈ ਡਾਟ ਇਨ ਦੇ ਅੰਕੜਿਆਂ ਮੁਤਾਬਕ ਮੰਗਲਵਾਰ ਸਵੇਰੇ 9.54 ਵਜੇ ਰਾਜਸਥਾਨ ਦਾ ਸ੍ਰੀਗੰਗਾਨਗਰ 821 ਏਅਰ ਕੁਆਲਿਟੀ ਇੰਡੈਕਸ (ਏ ਕਿਊ ਆਈ) ਨਾਲ ਦੁਨੀਆ ਦਾ ਸਭ ਤੋਂ ਪ੍ਰਦੂਸ਼ਤ ਸ਼ਹਿਰ ਦਰਜ ਕੀਤਾ ਗਿਆ। ਇਸ ਸੂਚੀ ਵਿੱਚ ਭਾਰਤ ਤੋਂ ਇਲਾਵਾ ਸਿਰਫ਼ ਪਾਕਿਸਤਾਨ ਦਾ ਲਾਹੌਰ ਸ਼ਾਮਲ ਹੈ, ਜਿੱਥੇ ਏ ਕਿਊ ਆਈ 430 ਦਰਜ ਕੀਤਾ ਗਿਆ ਅਤੇ ਉਹ 14ਵੇਂ ਸਥਾਨ 'ਤੇ ਰਿਹਾ। ਦੀਵਾਲੀ ਤੋਂ ਬਾਅਦ ਦਿੱਲੀ ਤੋਂ ਲੈ ਕੇ ਮੱਧ ਪ੍ਰਦੇਸ਼ ਤੱਕ ਹਵਾ ਪ੍ਰਦੂਸ਼ਣ ਦੀ ਸਥਿਤੀ ਗੰਭੀਰ ਬਣੀ ਹੋਈ ਹੈ। ਮੰਗਲਵਾਰ ਸਵੇਰੇ 6 ਵਜੇ ਦਿੱਲੀ ਦੇ ਚਾਂਦਨੀ ਚੌਕ ਵਿੱਚ ਏ ਕਿਊ ਆਈ 400 ਤੋਂ ਪਾਰ ਦਰਜ ਕੀਤਾ ਗਿਆ, ਜਦ ਕਿ ਰਾਜਧਾਨੀ ਦੇ ਕਈ ਹੋਰ ਇਲਾਕਿਆਂ ਵਿੱਚ ਵੀ ਇਹ 300 ਤੋਂ ਵੱਧ ਰਿਹਾ। ਮੱਧ ਪ੍ਰਦੇਸ਼ ਦੇ ਭੋਪਾਲ ਅਤੇ ਉਜੈਨ ਤੋਂ ਇਲਾਵਾ ਹਰਿਆਣਾ ਦੇ ਬਹਾਦਰਗੜ੍ਹ ਵਿੱਚ ਏ ਕਿਊ ਆਈ 400 ਤੋਂ ਪਾਰ ਪਹੁੰਚ ਗਿਆ। ਉਤਰ ਪ੍ਰਦੇਸ਼ ਦੇ ਨੋਇਡਾ ਵਿੱਚ ਏ ਕਿਊ ਆਈ 332, ਬੁਲੰਦਸ਼ਹਿਰ ਵਿੱਚ 331 ਅਤੇ ਗਾਜ਼ੀਆਬਾਦ ਵਿੱਚ 324 ਦਰਜ ਕੀਤਾ ਗਿਆ। ਇਸ ਦੌਰਾਨ ਮੱਧ ਪ੍ਰਦੇਸ਼ ਵਿੱਚ ਰਾਤ ਦਾ ਤਾਪਮਾਨ ਡਿੱਗ ਕੇ 11 ਡਿਗਰੀ ਸੈਲਸੀਅਸ ਅਤੇ ਉਤਰ ਪ੍ਰਦੇਸ਼ ਵਿੱਚ 15 ਡਿਗਰੀ ਸੈਲਸੀਅਸ ਤੱਕ ਪਹੁੰਚ ਗਿਆ। ਹਵਾ ਦੀ ਗੁਣਵੱਤਾ ਦੇ ਮਾਪਦੰਡਾਂ ਮੁਤਾਬਕ 201 ਤੋਂ 300 ਤੱਕ ਏ ਕਿਊ ਆਈ ਨੂੰ ਖ਼ਰਾਬ, 301 ਤੋਂ 400 ਤੱਕ ਬਹੁਤ ਖ਼ਰਾਬ ਅਤੇ 401 ਤੋਂ 500 ਤੱਕ • ਬਾਕੀ ਸਫ਼ਾ 2 'ਤੇ

ਵਾਹਨਾਂ ਕਾਰਨ ਪ੍ਰਦੂਸ਼ਣ 'ਚ ਤੇਜ਼ੀ ਨਾਲ ਵਾਧਾ ਹੋਇਆ : ਸੁਪਰੀਮ ਕੋਰਟ

ਨਵੀਂ ਦਿੱਲੀ (ਨਵਾਂ ਜ਼ਮਾਨਾ ਬਿਊਰੋ)

ਸੁਪਰੀਮ ਕੋਰਟ ਨੇ ਦਿੱਲੀ-ਕੌਮੀ ਰਾਜਧਾਨੀ ਖੇਤਰ (ਐੱਨ ਸੀ ਆਰ) ਵਿੱਚ ਵਾਹਨਾਂ ਤੋਂ ਨਿਕਲਣ ਵਾਲੇ ਧੂੰਏਂ ਕਾਰਨ ਵਧ ਰਹੇ ਪ੍ਰਦੂਸ਼ਣ 'ਤੇ ਗੰਭੀਰ ਚਿੰਤਾ ਪ੍ਰਗਟਾਈ ਹੈ। ਅਦਾਲਤ ਨੇ ਕਿਹਾ ਕਿ ਵਾਹਨਾਂ ਦੇ ਪ੍ਰਦੂਸ਼ਣ ਵਿੱਚ ਤੇਜ਼ੀ ਨਾਲ ਹੋ ਰਿਹਾ ਵਾਧਾ ਤੁਰੰਤ ਦਖ਼ਲ ਦੀ ਮੰਗ ਕਰਦਾ ਹੈ। ਇਸ ਸੰਬੰਧੀ ਦਿੱਲੀ, ਉਤਰ ਪ੍ਰਦੇਸ਼, ਹਰਿਆਣਾ ਅਤੇ ਰਾਜਸਥਾਨ ਦੀਆਂ ਸਰਕਾਰਾਂ ਤੋਂ ਪੁਰਾਣੇ ਅਤੇ ਪ੍ਰਦੂਸ਼ਣ ਮਾਪਦੰਡਾਂ 'ਤੇ ਖਰੇ ਨਾ ਉਤਰਨ ਵਾਲੇ ਵਾਹਨਾਂ ਦੀ ਆਵਾਜਾਈ ਰੋਕਣ ਲਈ ਚੁੱਕੇ ਕਦਮਾਂ ਬਾਰੇ ਜਵਾਬ ਮੰਗਿਆ ਗਿਆ ਹੈ। ਚੀਫ਼ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਜੋਇਮਾਲਿਆ ਬਾਗਚੀ ਤੇ ਵੀ. ਮੋਹਨਾ ਦੇ ਬੈਂਚ ਨੇ ਦਿੱਲੀ ਨਗਰ ਨਿਗਮ ਅਤੇ ਦਿੱਲੀ ਪੁਲਸ ਨੂੰ ਵੀ ਵਿਸਥਾਰਤ ਜਵਾਬ ਦਾਖ਼ਲ ਕਰਨ ਦੇ ਨਿਰਦੇਸ਼ ਦਿੱਤੇ ਹਨ। ਅਦਾਲਤ ਨੇ ਕਿਹਾ ਕਿ ਅਧਿਕਾਰੀਆਂ ਨੂੰ ਦੱਸਣਾ ਪਵੇਗਾ ਕਿ ਵਾਹਨਾਂ ਦੇ ਪ੍ਰਦੂਸ਼ਣ ਨੂੰ ਘਟਾਉਣ ਲਈ ਕਿਹੜੇ ਥੋੜ੍ਹੇ ਅਤੇ ਲੰਮੇ ਸਮੇਂ ਦੇ ਉਪਰਾਲੇ ਕੀਤੇ ਜਾ ਰਹੇ ਹਨ। ਬੈਂਚ ਨੇ ਕਿਹਾ ਕਿ ਦਿੱਲੀ ਅਤੇ ਗੁਆਂਢੀ ਸੂਬਿਆਂ ਵਿੱਚ ਪਰਾਲੀ ਸਾੜਨ ਦੀਆਂ • ਬਾਕੀ ਸਫ਼ਾ 2 'ਤੇ

ਲਾਲਜੀਤ ਸਿੰਘ ਭੁੱਲਰ ਵੱਲੋਂ ਚੋਣ ਨਾ ਲੜਨ ਦਾ ਐਲਾਨ



ਚੰਡੀਗੜ੍ਹ : ਪੰਜਾਬ ਦੇ ਸਾਬਕਾ ਮੰਤਰੀ ਅਤੇ ਪੱਟੀ ਤੋਂ 'ਆਪ' ਵਿਧਾਇਕ ਲਾਲਜੀਤ ਸਿੰਘ ਭੁੱਲਰ ਨੇ ਐਲਾਨ ਕੀਤਾ ਹੈ ਕਿ ਉਹ ਆਗਾਮੀ ਵਿਧਾਨ ਸਭਾ ਚੋਣਾਂ ਨਹੀਂ ਲੜਨਗੇ। 'ਆਪ' ਵੱਲੋਂ ਹਾਲ ਹੀ ਵਿੱਚ ਜਸਕੰਵਰ ਸਿੰਘ, ਜਿਨ੍ਹਾ ਨੂੰ 'ਜੱਸਾ ਪੱਟੀ' ਵਜੋਂ ਵੀ ਜਾਣਿਆ ਜਾਂਦਾ ਹੈ, ਨੂੰ ਪੱਟੀ ਹਲਕੇ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਸੀ। ਇਹ ਨਿਯੁਕਤੀ ਭੁੱਲਰ ਦੀ ਗ੍ਰਿਫ਼ਤਾਰੀ ਤੋਂ ਬਾਅਦ ਕੀਤੀ ਗਈ ਸੀ, ਜੋ ਫਿਲਹਾਲ ਅੰਮ੍ਰਿਤਸਰ ਵਿੱਚ ਪੰਜਾਬ ਸਟੇਟ ਵੇਅਰ ਹਾਊਸਿੰਗ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਦੀ ਮੌਤ ਦੇ ਮਾਮਲੇ ਵਿੱਚ ਜੇਲ੍ਹ ਵਿੱਚ ਬੰਦ ਹਨ।

7 ਵਾਹਨ ਆਪਸ 'ਚ ਟਕਰਾਏ, ਇਕ ਹਲਾਕ, 10 ਜ਼ਖਮੀ

ਚੰਡੀਗੜ੍ਹ : ਜਲੰਧਰ-ਮੋਗਾ ਕੌਮੀ ਮਾਰਗ 'ਤੇ ਸ਼ਾਹਕੋਟ ਨੇੜੇ ਮੰਗਲਵਾਰ ਸਵੇਰੇ ਸੰਘਣੀ ਧੁੰਦ ਕਾਰਨ ਵਾਪਰੇ ਸੜਕ ਹਾਦਸੇ ਵਿੱਚ ਇਕ ਵਿਅਕਤੀ ਦੀ ਮੌਤ ਹੋ ਗਈ, ਜਦ ਕਿ ਕਰੀਬ 10 ਹੋਰ ਜ਼ਖ਼ਮੀ ਹੋ ਗਏ। ਹਾਦਸੇ ਦੌਰਾਨ ਅੱਧੀ ਦਰਜਨ ਤੋਂ ਵੱਧ ਵਾਹਨ ਇਕ-ਦੂਜੇ ਨਾਲ ਟਕਰਾ ਗਏ। ਮ੍ਰਿਤਕ ਦੀ ਪਛਾਣ ਡੱਬਵਾਲੀ ਵਾਸੀ ਪ੍ਰਗਟ ਸਿੰਘ ਵਜੋਂ ਹੋਈ ਹੈ। ਜਾਣਕਾਰੀ ਅਨੁਸਾਰ ਸਵੇਰੇ ਮੋਗਾ ਤੋਂ ਜਲੰਧਰ ਵੱਲ ਜਾ ਰਿਹਾ ਇਕ ਟਿੱਪਰ ਸ਼ਾਹਕੋਟ ਦੇ ਪਹਿਲੇ ਫਲਾਈਓਵਰ ਤੋਂ ਉਤਰਦਿਆਂ ਕਿਸੇ ਵੱਡੇ ਵਾਹਨ ਨਾਲ ਟਕਰਾਅ ਗਿਆ ਅਤੇ ਸੜਕ ਵਿਚਕਾਰ ਖੜ੍ਹਾ ਹੋ ਗਿਆ। ਇਸੇ ਦੌਰਾਨ ਇਕ ਕਾਰ ਧੁੰਦ ਕਾਰਨ ਟਿੱਪਰ ਦੇ ਪਿਛਲੇ ਹਿੱਸੇ ਨਾਲ ਜਾ ਟਕਰਾਈ। ਇਸ ਕਾਰ ਨੂੰ ਪ੍ਰਗਟ ਸਿੰਘ ਚਲਾ ਰਿਹਾ ਸੀ। ਇਸ ਕਾਰ ਵਿੱਚ ਚਾਰ ਜਣੇ ਹੋਰ ਵੀ ਸਵਾਰ ਸਨ। ਕਾਰ ਚਾਲਕ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦ ਕਿ ਬਾਕੀ ਸਵਾਰ ਗੰਭੀਰ ਜ਼ਖ਼ਮੀ ਹੋ ਗਏ। ਇਸੇ ਦੌਰਾਨ ਇਕ ਹੋਰ ਆਲਟੋ ਕਾਰ ਵੀ ਟਿੱਪਰ ਨਾਲ ਟਕਰਾਅ ਗਈ। ਇਸ ਹਾਦਸੇ ਵਿੱਚ ਪਰਵਾਰ ਦੇ ਸਾਰੇ ਪੰਜ ਮੈਂਬਰ ਜ਼ਖ਼ਮੀ ਹੋ ਗਏ। ਇਕ ਹੋਰ ਆਲਟੋ ਕਾਰ ਵਾਹਨਾਂ ਨਾਲ ਟਕਰਾਅ ਕੇ ਪਲਟ ਗਈ। ਇਸ ਵਿਚ ਸਵਾਰ ਦੋ ਜਣੇ ਜ਼ਖ਼ਮੀ ਹੋ ਗਏ।

ਘੱਟੋ-ਘੱਟ ਪੈਨਸ਼ਨ 'ਚ ਵਾਧੇ ਦੀ ਉਮੀਦ

ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)-ਕਰਮਚਾਰੀ ਭਵਿੱਖ ਨਿਧੀ ਸੰਗਠਨ (ਈ ਪੀ ਐੱਫ ਓ) ਵੱਲੋਂ 19 ਨਵੰਬਰ ਨੂੰ ਗੁਜਰਾਤ ਦੇ ਗਿਰ ਵਿੱਚ ਹੋਣ ਵਾਲੀ ਕੇਂਦਰੀ ਟਰੱਸਟੀ ਬੋਰਡ ਦੀ ਬੈਠਕ ਵਿੱਚ ਕਰਮਚਾਰੀ ਪੈਨਸ਼ਨ ਸਕੀਮ ਤਹਿਤ ਘੱਟੋ-ਘੱਟ ਮਹੀਨਾਵਾਰ ਪੈਨਸ਼ਨ ਵਧਾਉਣ ਦੀ ਲੰਮੇ ਸਮੇਂ ਤੋਂ ਲਮਕ ਰਹੀ ਤਜਵੀਜ਼ 'ਤੇ ਵਿਚਾਰ ਕੀਤੇ ਜਾਣ ਦੀ ਸੰਭਾਵਨਾ ਹੈ। ਇਹ ਤਜਵੀਜ਼ ਟਰੇਡ ਯੂਨੀਅਨਾਂ ਅਤੇ ਪੈਨਸ਼ਨਰਜ਼ ਐਸੋਸੀਏਸ਼ਨਾਂ ਵੱਲੋਂ ਘੱਟੋ-ਘੱਟ ਪੈਨਸ਼ਨ ਵਿੱਚ ਵੱਡੇ ਵਾਧੇ ਦੀਆਂ ਲਗਾਤਾਰ ਕੀਤੀਆਂ ਜਾ ਰਹੀਆਂ ਮੰਗਾਂ ਦੇ ਮੱਦੇਨਜ਼ਰ ਆਈ ਹੈ, ਜੋ 2014 ਤੋਂ 1,000 ਰੁਪਏ ਪ੍ਰਤੀ ਮਹੀਨਾ 'ਤੇ ਹੀ ਬਰਕਰਾਰ ਹੈ। ਪੈਨਸ਼ਨਰ ਜਥੇਬੰਦੀਆਂ ਅਤੇ ਟਰੇਡ ਯੂਨੀਅਨਾਂ ਘੱਟੋ-ਘੱਟ ਮਹੀਨਾਵਾਰ ਪੈਨਸ਼ਨ ਵਧਾ ਕੇ 7,500 ਰੁਪਏ ਕਰਨ ਅਤੇ ਨਾਲ ਮਹਿੰਗਾਈ ਭੱਤਾ ਦੇਣ ਦੀ ਮੰਗ ਕਰ ਰਹੀਆਂ ਹਨ। ਉਨ੍ਹਾਂ ਦੀ ਦਲੀਲ ਹੈ ਕਿ ਮੌਜੂਦਾ ਰਕਮ ਵਧ ਰਹੀ ਮਹਿੰਗਾਈ ਅਤੇ ਗੁਜ਼ਾਰੇ ਦੇ ਖ਼ਰਚਿਆਂ ਨੂੰ ਪੂਰਾ ਕਰਨ ਲਈ ਬਹੁਤ ਘੱਟ ਹੈ। ਘੱਟੋ-ਘੱਟ ਪੈਨਸ਼ਨ ਸਤੰਬਰ 2014 ਵਿੱਚ 1000 ਰੁਪਏ ਨਿਰਧਾਰਤ ਕੀਤੀ ਗਈ ਸੀ। ਉਸ ਸਮੇਂ ਤੋਂ ਪੈਨਸ਼ਨਰ ਖਾਣ-ਪੀਣ ਦੀਆਂ ਵਸਤੂਆਂ, ਸਿਹਤ ਸੰਭਾਲ, ਦਵਾਈਆਂ ਅਤੇ ਹੋਰ ਜ਼ਰੂਰੀ ਚੀਜ਼ਾਂ 'ਤੇ ਵਧ ਰਹੇ ਖ਼ਰਚਿਆਂ ਦਾ ਹਵਾਲਾ ਦਿੰਦੇ ਹੋਏ ਇਸ ਵਿੱਚ ਵਾਧੇ ਦੀ ਲਗਾਤਾਰ ਮੰਗ ਕਰ ਰਹੇ ਹਨ।

ਮੁਲਾਜ਼ਮਾਂ 'ਤੇ ਚੋਣ ਜ਼ਾਬਤਾ ਲਾਗੂ

ਨਵੀਂ ਦਿੱਲੀ : ਚੋਣ ਕਮਿਸ਼ਨ ਨੇ ਮੰਗਲਵਾਰ ਨੂੰ ਪੰਜਾਬ ਸਮੇਤ 5 ਚੋਣਾਂ ਵਾਲੇ ਸੂਬਿਆਂ ਵਿੱਚ ਸੇਵਾ ਮੁਕਤ ਸਰਕਾਰੀ ਅਧਿਕਾਰੀਆਂ ਅਤੇ ਮੁਲਾਜ਼ਮਾਂ 'ਤੇ ਚੋਣ ਜ਼ਾਬਤੇ ਦੀਆਂ ਪਾਬੰਦੀਆਂ ਲਾਗੂ ਕਰ ਦਿੱਤੀਆਂ ਹਨ। ਇਨ੍ਹਾਂ ਸੂਬਿਆਂ ਵਿੱਚ ਪੰਜਾਬ, ਉੱਤਰ ਪ੍ਰਦੇਸ਼, ਉੱਤਰਾਖੰਡ, ਗੋਆ ਅਤੇ ਮਨੀਪੁਰ ਸ਼ਾਮਲ ਹਨ। ਇਹ ਪਾਬੰਦੀਆਂ ਉਨ੍ਹਾਂ ਸੇਵਾਮੁਕਤ ਅਧਿਕਾਰੀਆਂ ਅਤੇ ਮੁਲਾਜ਼ਮਾਂ 'ਤੇ ਲਾਗੂ ਹੋਣਗੀਆਂ, ਜਿਨ੍ਹਾਂ ਨੂੰ ਸੂਬਾ ਸਰਕਾਰਾਂ ਨੇ ਵੱਖ-ਵੱਖ ਅਹੁਦਿਆਂ 'ਤੇ ਤਾਇਨਾਤ ਕੀਤਾ ਹੋਇਆ ਹੈ। ਕਮਿਸ਼ਨ ਨੇ ਕਿਹਾ ਹੈ ਕਿ ਸਰਕਾਰੀ ਮੁਲਾਜ਼ਮਾਂ ਤੋਂ ਪਹਿਲਾਂ ਹੀ ਉਮੀਦ ਕੀਤੀ ਜਾਂਦੀ ਹੈ ਕਿ ਉਹ ਕਿਸੇ ਵੀ ਚੋਣ ਪ੍ਰਚਾਰ ਜਾਂ ਸਿਆਸੀ ਮੁਹਿੰਮ ਵਿੱਚ ਹਿੱਸਾ ਨਾ ਲੈਣ। ਉਨ੍ਹਾਂ ਨੂੰ ਆਪਣੇ ਨਾਂਅ, ਅਹੁਦੇ ਜਾਂ ਅਧਿਕਾਰ ਦੀ ਵਰਤੋਂ ਕਿਸੇ ਇੱਕ ਸਿਆਸੀ ਪਾਰਟੀ ਜਾਂ ਉਮੀਦਵਾਰ ਦੇ ਹੱਕ ਵਿੱਚ ਨਹੀਂ ਕਰਨੀ ਚਾਹੀਦੀ। ਕਮਿਸ਼ਨ ਨੇ ਕਿਹਾ ਕਿ ਚੋਣ ਜ਼ਾਬਤੇ ਦੀਆਂ ਵਿਵਸਥਾਵਾਂ ਸਰਕਾਰ ਤੋਂ ਪੂਰੀ ਜਾਂ ਅੰਸ਼ਕ ਤੌਰ 'ਤੇ ਵਿੱਤੀ ਸਹਾਇਤਾ ਪ੍ਰਾਪਤ ਕਰਨ ਵਾਲੀਆਂ ਸੰਸਥਾਵਾਂ, ਕਮੇਟੀਆਂ, ਨਿਗਮਾਂ ਅਤੇ ਕਮਿਸ਼ਨਾਂ ਦੇ ਮੁਲਾਜ਼ਮਾਂ 'ਤੇ ਵੀ ਲਾਗੂ ਹੁੰਦੀਆਂ ਹਨ।

ਐੱਮ ਐੱਸ ਪੀ 'ਤੇ ਪਰਾਲੀ ਖਰੀਦਣ ਦਾ ਮਸ਼ਵਰਾ

ਨਵੀਂ ਦਿੱਲੀ (ਨ ਜ਼ ਸ)



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਕਰੀਬੀ ਮੰਨੇ ਜਾਂਦੇ ਸਾਬਕਾ ਰੇਲ ਮੰਤਰੀ ਸੁਰੇਸ਼ ਪ੍ਰਭੂ ਨੇ ਕਣਕ ਅਤੇ ਝੋਨੇ ਦੇ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) ਦੀ ਤਰਜ਼ 'ਤੇ ਪੰਜਾਬ ਦੇ ਕਿਸਾਨਾਂ ਤੋਂ ਪਰਾਲੀ ਦੀ ਖਰੀਦ ਦੀ ਵਕਾਲਤ ਕੀਤੀ ਹੈ। ਉਨ੍ਹਾ ਕਿਹਾ, 'ਪੰਜਾਬ ਵਿੱਚ 15 ਸਤੰਬਰ ਤੋਂ 6 ਨਵੰਬਰ ਤੱਕ ਖੇਤਾਂ ਵਿੱਚ ਅੱਗ ਲੱਗਣ ਦੀਆਂ 3,144 ਘਟਨਾਵਾਂ ਦਰਜ ਕੀਤੀਆਂ ਗਈਆਂ ਹਨ। ਸਰਕਾਰ ਨੂੰ ਕਿਸਾਨਾਂ ਤੋਂ ਐੱਮ ਐੱਸ ਪੀ 'ਤੇ ਪਰਾਲੀ ਖਰੀਦਣੀ ਚਾਹੀਦੀ ਹੈ। ਇਸ ਨਾਲ ਕਿਸਾਨਾਂ ਨੂੰ ਪ੍ਰੋਤਸਾਹਨ ਮਿਲੇਗਾ। ਸਰਕਾਰ ਨੂੰ ਇਸ ਨੂੰ ਖੇਤਾਂ ਤੋਂ ਵੀ ਇਕੱਠਾ ਕਰਨਾ ਚਾਹੀਦਾ ਹੈ ਅਤੇ ਫਿਰ ਇਸ ਨੂੰ ਬਿਜਲੀ ਉਤਪਾਦਨ ਅਤੇ ਹੋਰ ਵਰਤੋਂ ਲਈ ਬਾਇਓਮਾਸ ਵਜੋਂ ਵੇਚਿਆ ਜਾ ਸਕਦਾ ਹੈ। ਇਸ ਨਾਲ ਕਿਸਾਨਾਂ ਦੀ ਆਮਦਨ ਵਧੇਗੀ, ਜੋ ਕਿ ਉਨ੍ਹਾਂ ਲਈ ਅਤੇ ਆਰਥਿਕਤਾ ਲਈ ਚੰਗੀ ਹੈ ਅਤੇ ਚੰਗੇ ਬਾਇਓਮਾਸ ਨੂੰ ਨਹੀਂ ਸਾੜਿਆ ਜਾਵੇਗਾ, ਜੋ ਕਿ ਵਾਤਾਵਰਨ ਲਈ ਚੰਗਾ ਹੈ।'

ਉਨ੍ਹਾ ਪ੍ਰਧਾਨ ਮੰਤਰੀ ਤੇ ਖੇਤੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੂੰ ਦਿੱਤੇ ਸੁਝਾਵਾਂ ਵਿੱਚ ਕਿਹਾ ਕਿ ਕਿਸਾਨਾਂ, ਖੇਤੀਬਾੜੀ ਸੰਸਥਾਵਾਂ, ਰਾਜ ਸਰਕਾਰਾਂ ਅਤੇ ਕੇਂਦਰ ਨੂੰ ਇਸ 'ਤੇ ਮਿਲ ਕੇ ਕੰਮ ਕਰਨਾ ਪਵੇਗਾ। ਇੱਕ ਸਾਫ ਵਾਤਾਵਰਨ ਅਤੇ ਕਿਸਾਨਾਂ ਦੀ ਖ਼ੁਸ਼ਹਾਲੀ ਨਾਲ-ਨਾਲ ਚੱਲਣੀ ਚਾਹੀਦੀ ਹੈ।

ਸੀ ਆਈ ਐੱਸ ਸੀ ਈ ਦੀ 10ਵੀਂ ਦੀ ਪ੍ਰੀਖਿਆ 15 ਫਰਵਰੀ ਤੋਂ

ਨਵੀਂ ਦਿੱਲੀ (ਨ ਜ਼ ਸ)-ਕੌਂਸਲ ਫਾਰ ਦਿ ਇੰਡੀਅਨ ਸਕੂਲ ਸਰਟੀਫਿਕੇਟ ਐਗਜ਼ਾਮੀਨੇਸ਼ਨਜ਼ (ਸੀ ਆਈ ਐੱਸ ਸੀ ਈ) ਦੀਆਂ ਦਸਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ 15 ਫਰਵਰੀ 2027 ਤੋਂ ਸ਼ੁਰੂ ਹੋਣਗੀਆਂ, ਜਦ ਕਿ ਬਾਰ੍ਹਵੀਂ ਜਮਾਤ ਦੀਆਂ ਪ੍ਰੀਖਿਆਵਾਂ 9 ਫਰਵਰੀ ਤੋਂ ਸ਼ੁਰੂ ਹੋਣਗੀਆਂ। ਇਹ ਜਾਣਕਾਰੀ ਕੌਂਸਲ ਦੇ ਮੁੱਖ ਕਾਰਜਕਾਰੀ ਅਧਿਕਾਰੀ ਜੋਸਫ਼ ਇਮੈਨੂਅਲ ਨੇ ਦਿੱਤੀ। ਦਸਵੀਂ ਦੀਆਂ ਪ੍ਰੀਖਿਆਵਾਂ 31 ਮਾਰਚ ਤੱਕ ਅਤੇ ਬਾਰ੍ਹਵੀਂ ਦੀਆਂ ਪ੍ਰੀਖਿਆਵਾਂ 8 ਅਪਰੈਲ 2027 ਤੱਕ ਚੱਲਣਗੀਆਂ। ਵਿਦਿਆਰਥੀ ਵਿਸ਼ੇ ਅਨੁਸਾਰ ਪ੍ਰੀਖਿਆਵਾਂ ਦੀਆਂ ਤਰੀਕਾਂ ਅਤੇ ਸਮਾਂ-ਸਾਰਣੀ ਕੌਂਸਲ ਦੀ ਅਧਿਕਾਰਤ ਵੈੱਬਸਾਈਟ 'ਤੇ ਦੇਖ ਸਕਦੇ ਹਨ।

ਅਮਰੀਕੀ ਅਦਾਲਤ ਵੱਲੋਂ ਡੋਵਾਲ ਤੇ ਗੋਇਲ ਨੂੰ ਸੰਮਨ ਭੇਜਣ ਦੀ ਮਨਜ਼ੂਰੀ

ਸੈਕਰਾਮੈਂਟੋ (ਨਵਾਂ ਜ਼ਮਾਨਾ ਸਰਵਿਸ)

ਇਕ ਅਮਰੀਕੀ ਅਦਾਲਤ ਨੇ ਖ਼ਾਲਿਸਤਾਨੀ ਆਗੂ ਗੁਰਪਤਵੰਤ ਸਿੰਘ ਪੰਨੂ ਵੱਲੋਂ ਦਾਇਰ ਸਿਵਲ ਕੇਸ ਦੇ ਮਾਮਲੇ ਵਿੱਚ ਭਾਰਤ ਦੇ ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਅਤੇ ਖੋਜ ਤੇ ਵਿਸ਼ਲੇਸ਼ਣ ਵਿੰਗ (ਰਾਅ) ਦੇ ਸਾਬਕਾ ਮੁਖੀ ਸਾਮੰਤ ਗੋਇਲ ਨੂੰ ਸੰਮਨ ਭੇਜਣ ਦੀ ਮਨਜ਼ੂਰੀ ਦੇ ਦਿੱਤੀ ਹੈ। ਅਮਰੀਕੀ ਵਿਦੇਸ਼ ਵਿਭਾਗ ਦੇ ਕਾਨੂੰਨੀ ਸਲਾਹਕਾਰ ਦਫ਼ਤਰ ਨੇ ਨਿਊ ਯਾਰਕ ਦੀ ਦੱਖਣੀ ਜ਼ਿਲ੍ਹਾ ਅਦਾਲਤ ਨੂੰ ਦਿੱਤੀ ਜਾਣਕਾਰੀ ਵਿੱਚ ਕਿਹਾ ਕਿ ਮੁਕੱਦਮੇ ਦੇ ਦਸਤਾਵੇਜ਼ ਵਾਸ਼ਿੰਗਟਨ ਡੀ ਸੀ ਸਥਿਤ ਭਾਰਤੀ ਦੂਤਾਵਾਸ ਨੂੰ ਵਿਦੇਸ਼ ਵਿਭਾਗ ਦੇ ਕੂਟਨੀਤਕ ਨੋਟ ਰਾਹੀਂ ਸੌਂਪੇ ਗਏ ਹਨ। ਸਲਾਹਕਾਰ ਮੁਤਾਬਕ ਇਸ ਨੋਟ 'ਤੇ 30 ਸਤੰਬਰ 2020 ਦੀ ਤਰੀਕ ਦਰਜ ਸੀ ਅਤੇ ਇਹ 9 ਅਕਤੂਬਰ 2026 ਨੂੰ ਭਾਰਤੀ ਦੂਤਾਵਾਸ ਨੂੰ ਸੌਂਪਿਆ ਗਿਆ।

ਪੰਨੂ ਨੇ ਆਪਣੇ ਮੁਕੱਦਮੇ ਵਿੱਚ ਗੰਭੀਰ ਮਾਨਸਿਕ ਪੀੜਾ ਪਹੁੰਚਾਉਣ ਦੇ ਬਦਲੇ ਵਿੱਤੀ ਮੁਆਵਜ਼ੇ ਦੀ ਮੰਗ ਕੀਤੀ ਹੈ। ਉਸ ਨੇ ਦੋਸ਼ ਲਾਇਆ ਹੈ ਕਿ ਰਾਅ ਦੇ ਸੀਨੀਅਰ ਅਧਿਕਾਰੀ ਵਿਕਰਮ ਯਾਦਵ ਨੇ ਨਿਖਿਲ ਗੁਪਤਾ ਨੂੰ ਸਿੱਖਸ ਫਾਰ ਜਸਟਿਸ ਦੇ ਜਨਰਲ ਕੌਂਸਲਰ ਦੀ ਹੱਤਿਆ ਕਰਵਾਉਣ ਲਈ ਕਿਰਾਏ ਦੇ ਕਾਤਲਾਂ ਦਾ ਪ੍ਰਬੰਧ ਕਰਨ ਵਾਸਤੇ ਭਰਤੀ ਕੀਤਾ ਸੀ।

'ਆਪ' ਆਗੂ ਵੱਲੋਂ ਛੋਟੇ ਭਰਾ ਦੀ ਗੋਲੀਆਂ ਮਾਰ ਕੇ ਹੱਤਿਆ

ਅੰਮ੍ਰਿਤਸਰ : ਅਟਾਰੀ ਹਲਕੇ ਅਧੀਨ ਆਉਂਦੇ ਪਿੰਡ ਪੰਡੋਰੀ ਵੜੈਚ ਵਿੱਚ ਮੰਗਲਵਾਰ ਨੂੰ ਜ਼ਮੀਨੀ ਵਿਵਾਦ ਕਾਰਨ ਵੱਡੇ ਭਰਾ ਨੇ ਆਪਣੇ ਛੋਟੇ ਭਰਾ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ। ਮ੍ਰਿਤਕ ਦੀ ਪਛਾਣ ਸਿਮਰਦੀਪ ਸਿੰਘ ਵਜੋਂ ਹੋਈ ਹੈ, ਜਦ ਕਿ ਇਸ ਮਾਮਲੇ ਵਿੱਚ ਆਮ ਆਦਮੀ ਪਾਰਟੀ ਦੇ ਬਲਾਕ ਸੰਮਤੀ ਮੈਂਬਰ ਦਾ ਨਾਂਅ ਸਾਹਮਣੇ ਆਇਆ ਹੈ, ਜੋ ਕਿ ਫਰਾਰ ਹੈ। ਪੁਲਸ ਵਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਦੋਵਾਂ ਭਰਾਵਾਂ ਵਿਚਕਾਰ ਪਰਵਾਰਕ ਜ਼ਮੀਨ ਦੀ ਵੰਡ ਨੂੰ ਲੈ ਕੇ ਲੰਮੇ ਸਮੇਂ ਤੋਂ ਵਿਵਾਦ ਚੱਲ ਰਿਹਾ ਸੀ। ਮੰਗਲਵਾਰ ਸਵੇਰੇ ਕਰੀਬ 11.30 ਵਜੇ ਇਸੇ ਮਾਮਲੇ ਨੂੰ ਲੈ ਕੇ ਦੋਵਾਂ ਵਿਚਕਾਰ ਤਕਰਾਰ ਹੋ ਗਈ। ਇਸ ਦੌਰਾਨ ਆਪ ਆਗੂ ਨੇ ਆਪਣੇ ਛੋਟੇ ਭਰਾ 'ਤੇ ਗੋਲੀਆਂ ਚਲਾ ਦਿੱਤੀਆਂ। ਦੋ ਗੋਲੀਆਂ ਵਿੱਚੋਂ ਇਕ ਸਿਮਰਦੀਪ ਦੇ ਸਿਰ ਵਿੱਚ ਅਤੇ ਦੂਜੀ ਛਾਤੀ ਦੇ ਸੱਜੇ ਪਾਸੇ ਲੱਗੀ। ਉਸ ਨੇ ਮੌਕੇ 'ਤੇ ਹੀ ਦਮ ਤੋੜ ਦਿੱਤਾ।

ਪਵਨ ਕਲਿਆਨ ਦਾ ਤੀਜਾ ਤਲਾਕ

ਹੈਦਰਾਬਾਦ : ਆਂਧਰਾ ਪ੍ਰਦੇਸ਼ ਦੇ ਉਪ ਮੁੱਖ ਮੰਤਰੀ ਤੇ ਅਦਾਕਾਰ ਪਵਨ ਕਲਿਆਨ ਅਤੇ ਉਨ੍ਹਾ ਦੀ ਪਤਨੀ ਅੰਨਾ ਕੋਨੀਡੇਲਾ ਨੇ ਆਪਸੀ ਤਲਾਕ ਲਈ ਅਰਜ਼ੀ ਦਾਇਰ ਕੀਤੀ ਹੈ। ਵਿਆਹ ਦੇ 13 ਸਾਲ ਬਾਅਦ, ਜੋੜੇ ਨੇ ਵੱਖ ਹੋਣ ਦਾ ਫੈਸਲਾ ਕੀਤਾ। ਦੋਵਾਂ ਧਿਰਾਂ ਨੇ ਕਿਹਾ ਕਿ ਉਹ ਚੰਗੇ ਦੋਸਤ ਬਣੇ ਰਹਿਣਗੇ। ਪਵਨ ਕਲਿਆਨ ਅਤੇ ਅੰਨਾ ਆਪਣੇ ਬੱਚਿਆਂ ਪ੍ਰਤੀ ਸਮਰਪਤ ਮਾਪਿਆਂ ਦੀ ਭੂਮਿਕਾ ਨਿਭਾਉਂਦੇ ਰਹਿਣਗੇ, ਉਨ੍ਹਾਂ ਦੀ ਖ਼ੁਸ਼ੀ ਅਤੇ ਤੰਦਰੁਸਤੀ ਸਾਂਝੀ ਤਰਜੀਹ ਹੋਵੇਗੀ। ਪਵਨ ਕਲਿਆਨ ਦਾ ਇਹ ਤੀਜਾ ਤਲਾਕ ਹੋਵੇਗਾ। ਪਵਨ ਕਲਿਆਨ ਦੇ ਪਰਵਾਰ ਨੇ ਉਸ ਦੇ ਫਿਲਮਾਂ 'ਚ ਆਉਣ ਤੋਂ ਇੱਕ ਸਾਲ ਬਾਅਦ ਹੀ 1997 ਵਿੱਚ ਨੰਦਿਨੀ ਨਾਲ ਵਿਆਹ ਕਰਵਾ ਦਿੱਤਾ ਸੀ। ਦੋਹਾਂ ਦੀ ਬਹੁਤੀ ਨਹੀਂ ਨਿਭੀ। ਨੰਦਿਨੀ ਨਾਲ ਤਲਾਕ ਲੈਣ ਤੋਂ ਪਹਿਲਾਂ, ਪਵਨ ਆਪਣੀ ਸਹਿ-ਕਲਾਕਾਰ ਰੇਣੂ ਦੇਸਾਈ ਨਾਲ ਲਿਵ-ਇਨ



ਰਿਲੇਸ਼ਨਸ਼ਿਪ 'ਚ ਸੀ। 2004 ਵਿੱਚ, ਰੇਣੂ ਨੇ ਇੱਕ ਪੁੱਤਰ ਅਕੀਰਾ ਨੰਦਨ ਨੂੰ ਜਨਮ ਦਿੱਤਾ। ਨੰਦਿਨੀ ਨੇ ਉਸ ਨੂੰ ਤਲਾਕ ਦਿੱਤੇ ਬਿਨਾਂ ਦੂਜੀ ਮਹਿਲਾ ਨਾਲ ਸੰਬੰਧ ਰੱਖਣ ਦਾ ਪਵਨ 'ਤੇ ਕੇਸ ਕਰ ਦਿੱਤਾ। ਇਸ ਕੇਸ ਤੋਂ ਬਾਅਦ, ਪਵਨ ਨੇ 2007 ਵਿੱਚ ਨੰਦਿਨੀ ਨੂੰ ਤਲਾਕ ਦੇ ਦਿੱਤਾ। ਪਵਨ ਨੇ ਉਸ ਨੂੰ 5 ਕਰੋੜ ਰੁਪਏ ਗੁਜ਼ਾਰਾ ਭੱਤਾ • ਬਾਕੀ ਸਫ਼ਾ 2 'ਤੇ

ਅੱਜ-ਨਾਮਾ

ਸੋਨੀਆ ਗਾਂਧੀ ਦੀ ਨਵੀਂ ਕਿਤਾਬ ਜਿਹੜੀ,
ਲੱਗਦੀ ਪੂਰੀ ਨਹੀਂ ਕਿਸੇ ਵੀ ਪੜ੍ਹੀ ਬੇਲੀ।
ਵਰਕਾ ਫੋਲਦਿਆਂ ਜਿੱਥੇ ਵੀ ਅੱਖ ਅਟਕੀ,
ਉਹ ਹੀ ਤੰਦ ਫਿਰ ਕਿਸੇ ਆ ਫੜੀ ਬੇਲੀ।
ਮਨ ਦੀ ਗੱਲ ਫਿਰ ਸਾਰੇ ਨੇ ਕਹਿਣ ਲੱਗੇ,
ਵੇਖਿਆ ਵਕਤ ਨਾ ਵੇਖੀ ਆ ਘੜੀ ਬੇਲੀ।
ਕੰਮ ਦੀ ਬਾਤ ਦੀ ਚਰਚਾ ਤਾਂ ਘੱਟ ਹੁੰਦੀ,
ਬਾਹਲੀ ਪਈ ਸਿਆਸਤ ਆ ਚੜ੍ਹੀ ਬੇਲੀ।
ਇਹੀਓ ਸਿਆਸਤ ਹੈ ਜੜ੍ਹ ਕੁੜੱਤਣਾਂ ਦੀ,
ਪੁਆੜੇ ਏਸੇ ਨੇ ਪਹਿਲਾਂ ਵੀ ਪਾਏ ਬੇਲੀ।
ਛਿੜੀ ਹੈ ਚਰਚਾ ਬੇਵਕਤ ਕਿਤਾਬ ਵਾਲੀ,
ਚੜ੍ਹ ਰਹੀ ਚੋਣ ਅੱਗੇ ਨਜ਼ਰ ਆਏ ਬੇਲੀ।

-ਤੀਸ ਮਾਰ ਖਾਂ

ਪੰਜਾਬ ਦੇ ਮਰੀਜ਼ ਹਿਮਾਚਲ ਤੋਂ ਦਵਾਈਆਂ ਲਿਆਉਣ ਲਈ ਮਜਬੂਰ

ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)

ਪੰਜਾਬ ਦੇ ਕੈਮਿਸਟਾਂ ਵੱਲੋਂ ਮਨੋਵਿਗਿਆਨਕ (ਸਾਈਕੋਟਰੋਪਿਕ) ਦਵਾਈਆਂ ਦੀ ਸ਼੍ਰੇਣੀ 'ਚ ਆਉਂਦੀਆਂ ਦਵਾਈਆਂ ਦੀ ਵਿਕਰੀ ਨੂੰ ਮੁਅੱਤਲ ਕੀਤਾ ਹੋਇਆ ਹੈ, ਜਿਸ ਦੇ ਚਲਦਿਆਂ ਰੋਪੜ ਤੇ ਹੋਰ ਜ਼ਿਲਿਆਂ ਦੇ ਸਰਹੱਦੀ ਖੇਤਰਾਂ ਦੇ ਮਰੀਜ਼ਾਂ ਨੇ ਆਪਣੇ ਡਾਕਟਰਾਂ ਵੱਲੋਂ ਲਿਖੀਆਂ ਦਵਾਈਆਂ ਪ੍ਰਾਪਤ ਕਰਨ ਲਈ ਗੁਆਂਢੀ ਰਾਜ ਹਿਮਾਚਲ ਪ੍ਰਦੇਸ਼ ਵੱਲ ਜਾਣਾ ਸ਼ੁਰੂ ਕਰ ਦਿੱਤਾ ਹੈ। ਵਿਕਰੀ ਦੀ ਇਸ ਮੁਅੱਤਲੀ,ਜੋ ਕਿ ਆਪਣੇ ਤੀਜੇ ਹਫ਼ਤੇ ਵਿੱਚ ਦਾਖ਼ਲ ਹੋ ਚੁੱਕੀ ਹੈ,ਨੇ ਕਈ ਮਰੀਜ਼ਾਂ ਨੂੰ ਜ਼ਰੂਰੀ ਦਵਾਈਆਂ ਪ੍ਰਾਪਤ ਕਰਨ ਲਈ ਸੰਘਰਸ਼ ਕਰਨ ਲਈ ਮਜਬੂਰ ਕਰ ਦਿੱਤਾ ਹੈ। ਪੰਜਾਬ ਵਿੱਚ ਕੈਮਿਸਟ ਦੀਆਂ ਦੁਕਾਨਾਂ ਵੱਲੋਂ ਇਨ੍ਹਾਂ ਦਵਾਈਆਂ ਨੂੰ ਦੇਣ ਤੋਂ ਇਨਕਾਰ ਕਰਨ ਕਾਰਨ, ਹਿਮਾਚਲ ਦੀ ਸਰਹੱਦ ਦੇ ਨੇੜਲੇ ਸ਼ਹਿਰਾਂ ਵਿੱਚ ਰਹਿਣ ਵਾਲੇ ਮਰੀਜ਼ ਆਪਣੀਆਂ ਡਾਕਟਰੀ ਲੋੜਾਂ ਨੂੰ ਪੂਰਾ ਕਰਨ ਲਈ ਰਾਜ ਦੀ ਹੱਦ ਤੋਂ ਪਾਰ ਦੀਆਂ ਫਾਰਮੇਸੀਆਂ ਵੱਲ ਰੁਖ਼ ਕਰ ਰਹੇ ਹਨ। ਨੰਗਲ ਸ਼ਹਿਰ ਦੇ ਨਿਵਾਸੀ ਅਮਿਤ ਕੌਸ਼ਲ ਅਤੇ ਹਿਮਾਂਸ਼ੂ ਸ਼ਰਮਾ ਨੇ ਦੱਸਿਆ ਕਿ ਉਹ ਅਜਿਹੀਆਂ ਦਵਾਈਆਂ ਪ੍ਰਾਪਤ ਕਰਨ ਲਈ



ਹਿਮਾਚਲ ਪ੍ਰਦੇਸ਼ ਜਾਣ ਲਈ ਮਜਬੂਰ ਹੋਏ ਹਨ। ਇਹ ਸਥਿਤੀ ਪੰਜਾਬ ਕੈਮਿਸਟ ਐਸੋਸੀਏਸ਼ਨ ਦੇ ਉਸ ਫ਼ੈਸਲੇ ਤੋਂ ਬਾਅਦ ਪੈਦਾ ਹੋਈ ਹੈ ਜਿਸ ਵਿੱਚ ਮਨੋਵਿਗਿਆਨਕ ਦਵਾਈਆਂ ਦੀ ਸ਼੍ਰੇਣੀ ਵਿੱਚ ਆਉਂਦੀਆਂ ਦਵਾਈਆਂ ਦੀ ਵਿਕਰੀ ਨੂੰ ਮੁਅੱਤਲ ਕਰ ਦਿੱਤਾ ਗਿਆ ਸੀ। ਉਨ੍ਹਾਂ ਝੂਠਾ ਕਤਲ ਕੇਸ ਤੋਂ ਬਾਅਦ ਕੁਝ ਦਵਾਈਆਂ ਦੀ ਵਿਕਰੀ 'ਤੇ ਲਗਾਈਆਂ ਗਈਆਂ ਪਾਬੰਦੀਆਂ ਅਤੇ ਲਾਗੂ ਕਰਨ ਵਾਲੀਆਂ ਏਜੰਸੀਆਂ ਵੱਲੋਂ ਕਥਿਤ ਤੰਗ ਪਰੇਸ਼ਾਨ ਕਰਨ ਕਾਰਨ ਵਿਕਰੀ ਬੰਦ ਕਰ ਦਿੱਤੀ ਸੀ। ਇਸ ਮੁਅੱਤਲੀ ਨਾਲ ਡਾਇਬੀਟਿਕ ਨਿਊਰੋਪੈਥੀ, ਪੁਰਾਣੀ ਦਰਦ, ਚਿੰਤਾ ਵਿਕਾਰ (ਐਂਜ਼ਾਈਟੀ ਡਿਸਆਰਡਰ) ਅਤੇ ਪੇਟ ਦੀਆਂ ਬਿਮਾਰੀਆਂ ਸਮੇਤ ਹੋਰ ਬਿਮਾਰੀਆਂ ਤੋਂ ਪੀੜਤ ਮਰੀਜ਼ ਪ੍ਰਭਾਵਿਤ ਹੋਏ ਹਨ। ਪ੍ਰੀਗਾਬਾਲਿਨ,ਜੋ ਕਿ ਨਿਊਰੋਪੈਥਿਕ ਦਰਦ, ਖਾਸ ਤੌਰ 'ਤੇ ਡਾਇਬੀਟੀਜ਼ ਨਾਲ ਜੁੜੇ ਨਰਵ ਡੈਮੇਜ ਲਈ ਤਜਵੀਜ਼ ਕੀਤੀ ਜਾਂਦੀ ਹੈ, ਉਨ੍ਹਾਂ ਦਵਾਈਆਂ ਵਿੱਚੋਂ ਇੱਕ ਹੈ ਜਨ੍ਹਾਂ ਨੂੰ ਪ੍ਰਾਪਤ ਕਰਨ ਵਿੱਚ ਮਰੀਜ਼ਾਂ ਨੂੰ ਮੁਸ਼ਕਲ ਆ ਰਹੀ ਹੈ। ਦਰਦ ਪ੍ਰਬੰਧਨ ਲਈ ਟਰਾਮਾਡੋਲ ਅਤੇ ਟਾਪੈਂਟਾਡੋਲ ਤਜਵੀਜ਼ ਕੀਤੀ ਜਾਂਦੀ ਹੈ, ਜਦੋਂ ਕਿ ਕਲੋਨਾਜ਼ੇਪਮ, ਈਟੀਜ਼ੋਲਾਮ ਅਤੇ ਅਲਪ੍ਰੋਜ਼ਾਲਮ ਦੀ ਵਰਤੋਂ ਕੁਝ ਚਿੰਤਾ ਅਤੇ ਦੌਰੇ ਨਾਲ ਜੁੜੀਆਂ ਸਥਿਤੀਆਂ ਵਿੱਚ ਕੀਤੀ ਜਾਂਦੀ ਹੈ। ਪੰਜਾਬ ਕੈਮਿਸਟ ਐਸੋਸੀਏਸ਼ਨ ਦੇ ਸੂਬਾ ਮੀਤ ਪ੍ਰਧਾਨ ਸੁਦਰਸ਼ਨ ਚੌਧਰੀ ਨੇ ਕਿਹਾ ਕਿ ਐਸੋਸੀਏਸ਼ਨ ਦੇ ਫ਼ੈਸਲੇ ਤੋਂ ਬਾਅਦ ਪੰਜਾਬ ਭਰ ਦੇ ਕੈਮਿਸਟਾਂ ਅਤੇ ਥੋਕ ਵਿਕਰੇਤਾਵਾਂ ਨੇ ਮਨੋਵਿਗਿਆਨਕ ਦਵਾਈਆਂ ਦੀ ਸ਼੍ਰੇਣੀ ਵਾਲੀਆਂ ਦਵਾਈਆਂ ਦੀ ਵਿਕਰੀ ਅਤੇ ਸਟਾਕ ਕਰਨਾ ਬੰਦ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਮੁਅੱਤਲੀ ਨੂੰ ਲਗਪਗ ਦੋ ਹਫ਼ਤੇ ਹੋਣ ਦੇ ਬਾਵਜੂਦ ਸਰਕਾਰ ਵੱਲੋਂ ਕਿਸੇ ਵੀ ਨੁਮਾਇੰਦੇ ਨੇ ਇਸ ਮੁੱਦੇ ਨੂੰ ਹੱਲ ਕਰਨ ਲਈ ਐਸੋਸੀਏਸ਼ਨ ਨਾਲ ਗੱਲਬਾਤ ਕਰਨ ਲਈ ਸੰਪਰਕ ਨਹੀਂ ਕੀਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜਾਇਜ਼ ਫਾਰਮਾਸਿਊਟੀਕਲ ਅਤੇ ਫਾਰਮੇਸੀ ਭਾਈਚਾਰੇ ਨੂੰ ਕੁਝ ਵਿਅਕਤੀਆਂ ਵੱਲੋਂ ਦਵਾਈਆਂ ਦੀ ਦੁਰਵਰਤੋਂ ਲਈ ਜ਼ਿੰਮੇਵਾਰ ਨਹੀਂ ਠਹਿਰਾਇਆ ਜਾਣਾ ਚਾਹੀਦਾ।

ਰੇਲਵੇ ਟਿਕਟਾਂ ਬੁੱਕ ਕਰਨ 'ਚ ਤਕਨੀਕੀ ਸਮੱਸਿਆ

ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)

ਇੰਡੀਅਨ ਰੇਲਵੇ ਕੈਟਰਿੰਗ ਐਂਡ ਟੂਰਿਜ਼ਮ ਕਾਰਪੋਰੇਸ਼ਨ (ਆਈ ਆਰ ਸੀ ਟੀ ਸੀ) ਦੀ ਵੈੱਬਸਾਈਟ ਅਤੇ ਐਪ ਰਾਹੀਂ ਰੇਲ ਗੱਡੀਆਂ ਦੀਆਂ ਟਿਕਟਾਂ ਬੁੱਕ ਕਰਨ ਵਿੱਚ ਯਾਤਰੀਆਂ ਨੂੰ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਟਿਕਟ ਬੁੱਕ ਕਰਨ ਸਮੇਂ ਕਈ ਵਰਤੋਂਕਾਰਾਂ ਨੂੰ 'ਹਾਈ ਲੋਡ' ਦਾ ਸੁਨੇਹਾ ਦਿਖਾਈ ਦੇ ਰਿਹਾ ਹੈ।

ਸਭ ਤੋਂ ਵੱਧ ਪ੍ਰੇਸ਼ਾਨੀ ਤਤਕਾਲ ਟਿਕਟਾਂ ਦੀ ਬੁਕਿੰਗ ਦੌਰਾਨ ਆਈ। ਕਈ ਵਰਤੋਂਕਾਰਾਂ ਲਈ ਵੈੱਬਸਾਈਟ ਦਾ ਪੰਨਾ ਖੁੱਲ੍ਹਣਾ ਵੀ ਮੁਸ਼ਕਲ ਹੋ ਗਿਆ ਜਾਂ ਇਸ ਨੂੰ ਖੁੱਲ੍ਹਣ ਵਿੱਚ ਕਾਫ਼ੀ ਸਮਾਂ ਲੱਗਿਆ। ਯੂਜ਼ਰ ਆਈ ਡੀ ਅਤੇ ਪਾਸਵਰਡ ਪਾਉਣ ਮਗਰੋਂ ਲੌਗਇਨ ਕਰਨ ਵਿੱਚ ਵੀ ਸਮੱਸਿਆ ਆਈ। ਕਈ ਯਾਤਰੀਆਂ ਨੇ ਸ਼ਿਕਾਇਤ ਕੀਤੀ ਕਿ ਰੇਲ ਗੱਡੀ ਚੁਣਨ ਅਤੇ ਯਾਤਰੀਆਂ ਦੇ ਵੇਰਵੇ ਭਰਨ ਤੋਂ ਬਾਅਦ ਵੀ ਬੁਕਿੰਗ ਦੀ ਪ੍ਰਕਿਰਿਆ ਅੱਗੇ ਨਹੀਂ ਵਧੀ। ਕੁਝ ਲੋਕਾਂ ਦੇ ਖਾਤਿਆਂ ਵਿੱਚੋਂ ਪੈਸੇ ਕੱਟੇ ਗਏ, ਪਰ ਟਿਕਟ ਪੱਕੀ ਹੋਣ ਦਾ ਸੁਨੇਹਾ ਤੁਰੰਤ ਨਹੀਂ ਮਿਲਿਆ।

ਸਤਪਾਲ ਪੁਨੀਆ ਨੇ ਹਰਿਆਣਾ ਭਾਜਪਾ ਦੇ ਉਪ ਪ੍ਰਧਾਨ ਨਾਲ ਕੀਤੀ ਮੁਲਾਕਾਤ



ਸਨੌਰ (ਰਾਜਿੰਦਰ ਸਿੰਘ ਥਿੰਦ)-ਦੀਵਾਲੀ ਦੇ ਪਾਵਨ ਤਿਉਹਾਰ ਮੌਕੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਤੇ ਹਲਕਾ ਸਨੌਰ ਤੋਂ ਪਾਰਟੀ ਦੇ ਸਰਗਰਮ ਆਗੂ ਸਤਪਾਲ ਸਿੰਘ ਪੁਨੀਆ ਨੇ ਹਰਿਆਣਾ ਭਾਜਪਾ ਦੇ ਉੱਪ-ਪ੍ਰਧਾਨ ਅਸ਼ੋਕ ਗੁੱਜਰ ਦੇ ਨਿਵਾਸ ਸਥਾਨ ਵਿਖੇ ਪਹੁੰਚ ਕੇ ਉਨ੍ਹਾਂ ਨਾਲ ਮੁਲਾਕਾਤ ਕੀਤੀ।ਇਸ ਮੌਕੇ ਉਨ੍ਹਾਂ ਅਸ਼ੋਕ ਗੁੱਜਰ ਨੂੰ ਦੀਵਾਲੀ ਦੇ ਪਵਿੱਤਰ ਤਿਉਹਾਰ ਦੀਆਂ ਦਿਲੋਂ ਲੱਖ-ਲੱਖ ਵਧਾਈਆਂ ਦਿੱਤੀਆਂ ਤੇ ਆਪਸੀ ਖੁਸ਼ੀਆਂ ਸਾਂਝੀਆਂ ਕੀਤੀਆਂ।ਇਸ ਮੁਲਾਕਾਤ ਦੌਰਾਨ ਦੋਵਾਂ ਆਗੂਆਂ ਵਿਚਕਾਰ ਪੰਜਾਬ ਤੇ ਹਰਿਆਣਾ ਦੀ ਸਿਆਸਤ ਨਾਲ ਜੁੜੇ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਹੋਇਆ।ਖ਼ਾਸ ਤੌਰ 'ਤੇ ਸਾਲ 2027 ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਹਾਲਾਤ ਤੇ ਭਾਜਪਾ ਦੀਆਂ ਭਵਿੱਖੀ ਰਣਨੀਤੀਆਂ ਸੰਬੰਧੀ ਵਿਚਾਰ ਸਾਂਝੇ ਕੀਤੇ ਗਏ।ਇਸ ਮੌਕੇ ਸਤਪਾਲ ਸਿੰਘ ਪੁਨੀਆ ਨੇ ਕਿਹਾ ਕਿ ਦੀਵਾਲੀ ਵਰਗੇ ਪਵਿੱਤਰ ਤਿਉਹਾਰ ਸਾਨੂੰ ਆਪਸੀ ਪਿਆਰ, ਸਦਭਾਵਨਾ ਤੇ ਭਾਈਚਾਰਕ ਸਾਂਝ ਦਾ ਸੰਦੇਸ਼ ਦਿੰਦੇ ਹਨ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿਚ ਰੱਖਦਿਆਂ ਪਾਰਟੀ ਦੀ ਮਜ਼ਬੂਤੀ ਲਈ ਹਰ ਪੱਧਰ 'ਤੇ ਸਰਗਰਮ ਰਹਿਣਾ ਸਮੇਂ ਦੀ ਲੋੜ ਹੈ।

ਵਾਰਡ ਨੰਬਰ 15 ਨੂੰ ਮਿਲਿਆ ਸਵਾ ਤਿੰਨ ਕਰੋੜ ਦੇ ਵਿਕਾਸ ਕਾਰਜਾਂ ਦਾ ਤੋਹਫ਼ਾ

ਹਡਾਣਾ ਤੇ ਮੇਅਰ ਗੋਗੀਆ ਵੱਲੋਂ ਇੰਟਰਲਾਕਿੰਗ ਦਾ ਆਗਾਜ਼



ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਹਲਕਾ ਸਨੌਰ ਦੇ ਸਰਬਪੱਖੀ ਵਿਕਾਸ ਤਹਿਤ ਨਗਰ ਨਿਗਮ ਦੇ ਵਾਰਡ ਨੰਬਰ 15 ਰਣਜੀਤ ਵਿਹਾਰ ਵਿਖੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਤੇ ਮੇਅਰ ਕੁੰਦਨ ਗੋਗੀਆ ਨੇ ਸਵਾ ਤਿੰਨ ਕਰੋੜ ਰੁਪਏ ਦੀ ਲਾਗਤ ਵਾਲੇ ਵਿਕਾਸ ਪ੍ਰਾਜੈਕਟਾਂ ਤਹਿਤ ਇੰਟਰਲਾਕਿੰਗ ਟਾਈਲਾਂ ਵਾਲੀਆਂ ਪੱਕੀਆਂ ਗਲੀਆਂ ਦਾ ਨੀਂਹ ਪੱਥਰ ਰੱਖਿਆ, ਜਿਸ ਨਾਲ ਇਲਾਕਾ ਵਾਸੀਆਂ ਨੂੰ ਖ਼ਰਾਬ ਗਲੀਆਂ ਦੀ ਚਿਰੋਕਣੀ ਸਮੱਸਿਆ ਤੋਂ ਪੱਕੀ ਰਾਹਤ ਮਿਲੇਗੀ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸਰਦਾਰ ਰਣਜੋਧ ਸਿੰਘ ਹਡਾਣਾ ਤੇ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਮਾਨ ਸਰਕਾਰ ਹਰ ਵਾਰਡ ਤੇ ਮੁਹੱਲੇ ਦੇ ਸਰਬਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਾਫ਼-ਸੁਥਰਾ ਮਾਹੌਲ ਤੇ ਪੱਕੀਆਂ ਗਲੀਆਂ ਮੁਹੱਈਆ ਕਰਵਾਉਣਾ ਸਰਕਾਰ ਦੀ ਮੁੱਖ ਤਰਜੀਹ ਹੈ।ਇਸ ਮੌਕੇ ਇਲਾਕਾ ਨਿਵਾਸੀਆਂ ਵੱਲੋਂ ਹਲਕਾ ਇੰਚਾਰਜ ਤੇ ਮੇਅਰ ਦਾ ਭਰਵਾਂ ਸਵਾਗਤ ਕਰਦਿਆਂ ਧੰਨਵਾਦ ਪ੍ਰਗਟਾਇਆ ਗਿਆ।ਸਮਾਗਮ ਵਿਚ ਪ੍ਰਿੰਸੀਪਲ ਕਰਮ ਸਿੰਘ, ਚੇਅਰਮੈਨ ਸ਼ਰਨ ਕੌਰ ਸੱਗੂ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਰਾਮ ਇੰਦਰ ਸਿੰਘ ਜਮਨਾ, ਗਗਨ ਸੰਧੂ, ਭੁਪਿੰਦਰ ਸ਼ਿਸ਼ੋਦੀਆ, ਸੁਖਦੇਵ ਸਿੰਘ, ਹਰਜੀਤ ਸਿੰਘ, ਨਗਰ ਨਿਗਮ ਦੇ ਅਧਿਕਾਰੀ, ਸਥਾਨਕ ਆਪ ਆਗੂ ਤੇ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਹਾਜ਼ਰ ਸਨ।

ਸ੍ਰੀ ਵਿਸ਼ਵਕਰਮਾ ਪ੍ਰਬੰਧਕ ਕਮੇਟੀ ਵੱਲੋਂ ਸਿੰਗਲਾ ਤੇ ਬਾਂਸਲ ਦਾ ਸਨਮਾਨ



ਧੂਰੀ (ਮੋਹਿਤ ਗਗਗ, ਮਨੋਹਰ ਸੱਗੂ, ਬਿੰਨੀ ਗਰਗ)-ਸ੍ਰੀ ਵਿਸ਼ਵਕਰਮਾ ਮੰਦਿਰ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਵਿਸ਼ਵਕਰਮਾ ਦਿਹਾੜੇ ਮੌਕੇ ਕਰਵਾਏ ਗਏ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਧੂਰੀ ਦੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਸਿੰਗਲਾ ਸ਼ੈਂਟੀ ਤੇ ਆਗੂ ਰਾਜੇਸ਼ ਬਾਂਸਲ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਮੰਦਿਰ ਪ੍ਰਬੰਧਕਾਂ ਵੱਲੋਂ ਦੋਵਾਂ ਸ਼ਖ਼ਸੀਅਤਾਂ ਨੂੰ ਸਿਰੋਪਾਓ ਭੇਟ ਕਰਕੇ ਉਨ੍ਹਾਂ ਦੀਆਂ ਸਮਾਜਿਕ ਤੇ ਉਦਯੋਗਿਕ ਖੇਤਰ ਵਿੱਚ ਨਿਭਾਈਆਂ ਜਾ ਰਹੀਆਂ ਬਿਹਤਰੀਨ ਸੇਵਾਵਾਂ ਦੀ ਸ਼ਲਾਘਾ ਕੀਤੀ ਗਈ।ਉਕਤ ਦੋਵਾਂ ਧਾਰਮਿਕ ਤੇ ਸਮਾਜਿਕ ਆਗੂਆਂ ਨੇ ਮਿਲੇ ਇਸ ਸਨਮਾਨ ਬਦਲੇ ਪ੍ਰਬੰਧਕ ਕਮੇਟੀ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਬਾਬਾ ਵਿਸ਼ਵਕਰਮਾ ਜੀ ਸਾਰੀ ਦੁਨੀਆ ਦੇ ਸ਼ਿਲਪਕਾਰ ਤੇ ਨਿਰਮਾਣ ਦੇ ਦੇਵਤਾ ਹਨ, ਜਿਨ੍ਹਾਂ ਦੀ ਕਿਰਪਾ ਨਾਲ ਹੀ ਉਦਯੋਗ, ਸ਼ਿਲਪਕਲਾ ਤੇ ਤਕਨੀਕ ਦਾ ਵਿਕਾਸ ਸੰਭਵ ਹੋ ਸਕਿਆ ਹੈ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਇਲਾਕੇ ਦੇ ਉਦਯੋਗਿਕ ਵਿਕਾਸ, ਕਿਰਤੀ ਵਰਗ ਦੀ ਭਲਾਈ ਤੇ ਧਾਰਮਿਕ-ਸਮਾਜਿਕ ਕਾਰਜਾਂ ਵਿੱਚ ਹਮੇਸ਼ਾ ਵੱਧ-ਚੜ੍ਹ ਕੇ ਆਪਣਾ ਯੋਗਦਾਨ ਪਾਉਂਦੇ ਰਹਿਣਗੇ।

ਅਗਰਵਾਲ ਸਭਾ ਨੇ ਏਕਮ ਦਾ ਦਿਹਾੜਾ ਧੂਮਧਾਮ ਨਾਲ ਮਨਾਇਆ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਅਗਰਵਾਲ ਸਭਾ ਸੁਨਾਮ ਵੱਲੋਂ ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ ਹਰ ਦੇਸੀ ਮਹੀਨੇ ਦੀ ਪਹਿਲੀ ਤਾਰੀਖ ਏਕਮ ਦਾ ਦਿਹਾੜਾ ਮਹਾਰਾਜਾ ਅਗਰਸੇਨ ਚੌਕ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਮਹਾਰਾਜਾ ਅਗਰਸੇਨ ਜੀ ਦੀ ਪੂਜਾ ਅਰਚਨਾ ਕੀਤੀ ਗਈ ਤੇ ਪ੍ਰਤਿਮਾ 'ਤੇ ਫੁੱਲ ਮਾਲਾ ਪਾਈ ਗਈ।ਇਸ ਮੌਕੇ ਪੂਜਾ ਪ੍ਰਸਾਦ ਦੀ ਸੇਵਾ ਬੇਟੇ ਸ਼ਸ਼ੀ ਕਾਂਤ ਸਪੁੱਤਰ ਵਿਕਰਮ ਗਰਗ ਵਿੱਕੀ ਪ੍ਰਧਾਨ ਨੇ ਆਪਣੇ ਜਨਮ ਦਿਨ ਦੀ ਖੁਸ਼ੀ ਵਿੱਚ ਅਤੇ ਡਾ. ਰਾਜੀਵ ਸਿੰਗਲਾ ਨੇ ਉਨ੍ਹਾਂ ਦੇ ਸਪੁੱਤਰ ਦੇਵਾਂਗ ਸਿੰਗਲਾ ਵੱਲੋਂ ਆਲ ਇੰਡੀਆ ਏਮਜ਼ ਪੀ ਜੀ ਇੰਟਰੈਂਸ ਟੈਸਟ ਵਿੱਚੋਂ 28ਵਾਂ ਰੈਂਕ ਪ੍ਰਾਪਤ ਕਰਕੇ ਏਮਜ਼ ਦਿੱਲੀ ਵਿੱਚ ਦਾਖਲਾ ਮਿਲਣ ਦੀ ਖੁਸ਼ੀ ਵਿੱਚ ਕੀਤੀ ਗਈ।ਇਸ ਮੌਕੇ ਅਗਰ ਰਤਨ ਸ਼ਾਮ ਲਾਲ ਸਿੰਗਲਾ ਜ਼ਿਲ੍ਹਾ ਪ੍ਰਧਾਨ, ਮਨਪ੍ਰੀਤ ਬਾਂਸਲ ਨਗਰ ਕੌਂਸਲ ਪ੍ਰਧਾਨ, ਅਗਰ ਰਤਨ ਕ੍ਰਿਸ਼ਨ ਸੰਦੋਹਾ ਸੁਪਰਸਤ ਤੇ ਪ੍ਰਧਾਨ ਵਿਕਰਮ ਗਰਗ ਵਿੱਕੀ ਨੇ ਵਧਾਈ ਦਿੱਤੀ।ਇਸ ਮੌਕੇ ਅਗਰਵਾਲ ਸਭਾ ਦੇ ਪ੍ਰਧਾਨ ਵਿਕਰਮ ਗਰਗ ਵਿੱਕੀ, ਅਗਰ ਰਤਨ ਸ਼ਾਮ ਲਾਲ ਸਿੰਗਲਾ ਜ਼ਿਲ੍ਹਾ ਪ੍ਰਧਾਨ, ਨਗਰ ਕੌਂਸਲ ਪ੍ਰਧਾਨ ਮਨਪ੍ਰੀਤ ਬਾਂਸਲ, ਹਰੀ ਦੇਵ ਗੋਇਲ, ਰਵੀ ਕਮਲ ਗੋਇਲ, ਰਾਮ ਲਾਲ ਰਾਮਾ ਆਲਮਪੁਰੀਆ, ਅਗਰ ਰਤਨ ਕ੍ਰਿਸ਼ਨ ਸੰਦੋਹਾ, ਹਕੂਮਤ ਰਾਏ ਜਿੰਦਲ, ਯਸ਼ਪਾਲ ਸਿੰਗਲਾ, ਸ਼ਿਵ ਜਿੰਦਲ. ਡਾ. ਰਾਜੀਵ ਸਿੰਗਲਾ, ਨਰੇਸ਼ ਸਿੰਗਲਾ, ਡਾਕਟਰ ਰੇਣੂ ਸਿੰਗਲਾ, ਹੈਪੀ ਜੈਨ ਤੇ ਮੰਜੂ ਗਰਗ ਸਮੇਤ ਭਾਰੀ ਗਿਣਤੀ ਵਿੱਚ ਅਗਰਵਾਲ ਸਮਾਜ ਦੇ ਭੈਣ-ਭਰਾ ਹਾਜ਼ਰ ਸਨ।

ਸਰਕਾਰ ਬਣਨ 'ਤੇ ਵਪਾਰੀਆਂ ਦੇ ਮਸਲੇ ਪਹਿਲ ਦੇ ਆਧਾਰ 'ਤੇ ਹੱਲ ਕੀਤੇ ਜਾਣਗੇ : ਸੁਖਬੀਰ ਬਾਦਲ



ਮਲੋਟ (ਰਜਿੰਦਰ ਜੁਨੇਜਾ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਤੇ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ ਨੇ ਮਲੋਟ ਦੇ ਇੱਕ ਪੈਲੇਸ ਵਿਖੇ ਸਥਾਨਕ ਵਪਾਰੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ।ਇਸ ਦੌਰਾਨ ਉਨ੍ਹਾਂ ਨੇ ਵਪਾਰੀਆਂ ਦੀਆਂ ਦਰਪੇਸ਼ ਮੁਸ਼ਕਲਾਂ ਨੂੰ ਧਿਆਨ ਨਾਲ ਸੁਣਿਆ ਤੇ ਵਿਸ਼ਵਾਸ ਦਿਵਾਇਆ ਕਿ ਸੂਬੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਆਉਣ 'ਤੇ ਵਪਾਰੀਆਂ ਦੇ ਸਾਰੇ ਮਸਲੇ ਪਹਿਲ ਦੇ ਆਧਾਰ 'ਤੇ ਹੱਲ ਕੀਤੇ ਜਾਣਗੇ।ਮੀਟਿੰਗ ਦੌਰਾਨ ਵਪਾਰ ਮੰਡਲ ਦੇ ਵੱਖ-ਵੱਖ ਅਹੁਦੇਦਾਰਾਂ ਨੇ ਆਪਣੇ ਕਾਰੋਬਾਰਾਂ ਵਿੱਚ ਆ ਰਹੀਆਂ ਦਿੱਕਤਾਂ ਤੇ ਚੁਣੌਤੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਮੰਚ ਦਾ ਸੰਚਾਲਨ ਸਾਬਕਾ ਵਿਧਾਇਕ ਸ. ਹਰਪ੍ਰੀਤ ਸਿੰਘ ਕੋਟਭਾਈ ਨੇ ਬਾਖ਼ੂਬੀ ਨਿਭਾਇਆ।ਉਨ੍ਹਾਂ ਨੇ ਵਪਾਰੀਆਂ ਦੀਆਂ ਕਠਿਨਾਈਆਂ ਨੂੰ ਵਿਸਥਾਰ ਸਹਿਤ ਪਾਰਟੀ ਪ੍ਰਧਾਨ ਦੇ ਸਾਹਮਣੇ ਰੱਖਿਆ।ਇਸ ਇੱਕਠ ਵਿੱਚ ਪੰਜਾਬ ਵਪਾਰ ਮੰਡਲ ਦੇ ਪ੍ਰਧਾਨ, ਅਕਾਲੀ ਆਗੂ ਬਬਰੂ ਵਹੀਨ ਬਾਂਸਲ, ਪ੍ਰਧਾਨ ਪ੍ਰਦੀਪ ਧੀਂਗੜਾ, ਕਲਵਿੰਦਰ ਸਿੰਘ ਪੂਨੀਆਂ, ਰਾਜ ਵਾਟਸ, ਕੁਲਬੀਰ ਕੋਟਭਾਈ, ਲੈਬ ਯੂਨੀਅਨ ਵੱਲੋਂ ਹਰਮੇਸ਼ ਕਮਰਾ ਸਮੇਤ ਸ਼੍ਰੋਮਣੀ ਅਕਾਲੀ ਦਲ ਦੇ ਕਈ ਸੀਨੀਅਰ ਆਗੂ ਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਜੂਏ ਦੇ ਅੱਡੇ ਤੋਂ ਪੁੱਤਰ ਨੂੰ ਲੈਣ ਪਹੁੰਚੇ ਪਿਤਾ ਦੀ ਕੁੱਟਮਾਰ, ਇਲਾਜ ਦੌਰਾਨ ਦਮ ਤੋੜਿਆ

ਪੁਲਸ 'ਤੇ ਸਮੇਂ ਸਿਰ ਕਾਰਵਾਈ ਨਾ ਕਰਨ ਦਾ ਦੋਸ਼



ਰਾਏਕੋਟ (ਸੰਤੋਖ ਗਿੱਲ)-ਕਸਬਾ ਸੁਧਾਰ ਵਿੱਚ ਦੀਵਾਲੀ ਦੀ ਰਾਤ ਜੂਏ ਦੇ ਅੱਡੇ ਤੋਂ ਆਪਣੇ ਵੱਡੇ ਪੁੱਤਰ ਨੂੰ ਲੈਣ ਲਈ ਪਹੁੰਚੇ ਰਘੂ ਕਾਮਥ (45) ਦੀ ਅੰਨ੍ਹੇਵਾਹ ਕੁੱਟਮਾਰ ਕੀਤੀ ਗਈ ਸੀ, ਜਿਸ ਨੇ ਲੁਧਿਆਣਾ ਦੇ ਨਿੱਜੀ ਹਸਪਤਾਲ ਵਿੱਚ ਇਲਾਜ ਦੌਰਾਨ ਅੱਜ ਉਸ ਨੇ ਦਮ ਤੋੜ ਦਿੱਤਾ।ਪਰਿਵਾਰਕ ਮੈਂਬਰਾਂ ਨੇ ਬੇਸਬਾਲ ਨਾਲ ਹਮਲਾ ਕਰਨ ਦੇ ਦੋਸ਼ ਲਾਏ ਹਨ।ਬਿਹਾਰ ਦੇ ਸਹਰਸਾ ਜ਼ਿਲ੍ਹੇ ਦੇ ਸਿਮਰੀ ਬਖ਼ਤਿਆਰਪੁਰ ਇਲਾਕੇ ਦੇ ਪਿੰਡ ਖ਼ੁਜਰੀ ਮਠਿਆਨੀ ਦੇ ਰਹਿਣ ਵਾਲੇ ਰਘੂ ਕਾਮਥ ਕਾਫ਼ੀ ਅਰਸੇ ਤੋਂ ਇੱਥੇ ਟਾਈਲ ਮਿਸਤਰੀ ਦਾ ਕੰਮ ਕਰਦਾ ਸੀ।ਉਹ ਆਪਣੇ ਪਰਵਾਰ ਨਾਲ ਪਿੰਡ ਸੁਧਾਰ ਦੇ ਪੱਤੀ ਗਿੱਲ ਵਿੱਚ ਕਿਰਾਏ ਦੇ ਮਕਾਨ ਵਿੱਚ ਰਹਿੰਦਾ ਸੀ।ਪਰਵਾਰ ਵੱਲੋਂ ਪੁਲਸ ਨੂੰ ਦੀਵਾਲੀ ਵਾਲੀ ਰਾਤ ਹੀ ਸੂਚਨਾ ਮਿਲਣ ਦੇ ਬਾਵਜੂਦ ਕੋਈ ਕਾਰਵਾਈ ਨਾ ਕੀਤੇ ਜਾਣ ਕਾਰਨ ਕਈ ਸਵਾਲ ਖੜ੍ਹੇ ਹੋ ਗਏ ਹਨ।ਪਰਵਾਰ ਅਨੁਸਾਰ ਦੀਵਾਲੀ ਦੀ ਰਾਤ ਜਦੋਂ ਰਘੂ ਦਾ ਵੱਡਾ ਪੁੱਤਰ ਜੈ ਕਾਫ਼ੀ ਦੇਰ ਤੱਕ ਘਰ ਨਾ ਆਇਆ ਤਾਂ ਉਹ ਆਪਣੇ ਦੋ ਛੋਟੇ ਪੁੱਤਰਾਂ ਨਿਤੀਸ਼ ਤੇ ਹਰਮਨ ਨਾਲ ਉਸ ਦੀ ਭਾਲ ਲਈ ਨਿਕਲਿਆ। ਉਨ੍ਹਾਂ ਨੂੰ ਪਤਾ ਲੱਗਾ ਕਿ ਜੈ ਲੁਧਿਆਣਾ-ਬਠਿੰਡਾ ਰਾਜ ਮਾਰਗ ਨੇੜੇ ਇੱਕ ਨਿੱਜੀ ਸਕੂਲ ਕੋਲ ਸਥਿਤ ਰਾਜਸਥਾਨ ਮਾਰਬਲਜ਼ ਵਿੱਚ ਕੁਝ ਲੋਕਾਂ ਨਾਲ ਜੂਆ ਖੇਡ ਰਿਹਾ ਸੀ।ਰਘੂ ਨੇ ਜੈ ਨੂੰ ਘਰ ਚੱਲਣ ਲਈ ਕਿਹਾ ਤਾਂ ਉੱਥੇ ਮੌਜੂਦ ਲੋਕਾਂ ਨੇ ਉਸ ਦੀ ਕੁੱਟਮਾਰ ਕੀਤੀ।ਜ਼ਖ਼ਮੀ ਰਘੂ ਨੂੰ ਪਹਿਲਾਂ ਸੁਧਾਰ ਦੇ ਸਰਕਾਰੀ ਹਸਪਤਾਲ ਲਿਜਾਇਆ ਗਿਆ।ਹਾਲਤ ਵਿਗੜਨ 'ਤੇ ਉਸ ਨੂੰ ਲੁਧਿਆਣਾ ਭੇਜ ਦਿੱਤਾ ਗਿਆ ਤੇ ਇਲਾਜ ਦੌਰਾਨ ਅੱਜ ਸਵੇਰੇ ਉਸ ਦੀ ਮੌਤ ਹੋ ਗਈ।ਲੁਧਿਆਣਾ ਦੇ ਸਿਵਲ ਹਸਪਤਾਲ ਤੋਂ ਪੋਸਟਮਾਰਟਮ ਬਾਅਦ ਲਾਸ਼ ਵਾਰਸਾਂ ਹਵਾਲੇ ਕਰ ਦਿੱਤੀ ਗਈ ਹੈ।ਮ੍ਰਿਤਕ ਦੇ ਭਰਾ ਸੰਜੇ ਕਾਮਥ ਅਨੁਸਾਰ ਘਟਨਾ ਵਾਲੀ ਰਾਤ ਹੀ ਥਾਣਾ ਸੁਧਾਰ ਪੁਲਸ ਨੂੰ ਸੂਚਨਾ ਦੇ ਦਿੱਤੀ ਸੀ।ਹੁਣ ਸੁਧਾਰ ਪੁਲਸ ਨੇ ਕੇਸ ਦਰਜ ਕਰ ਲਿਆ ਹੈ ਤੇ ਸੂਤਰਾਂ ਅਨੁਸਾਰ ਮੁਲਜ਼ਮਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ, ਹਾਲਾਂਕਿ ਪੁਲਸ ਨੇ ਪੁਸ਼ਟੀ ਨਹੀਂ ਕੀਤੀ ਹੈ।ਥਾਣਾ ਮੁਖੀ ਰਾਜਵਿੰਦਰਪਾਲ ਸਿੰਘ ਮਾਮਲੇ ਦੀ ਖ਼ੁਦ ਜਾਂਚ ਕਰ ਰਹੇ ਹਨ।ਪਰਿਵਾਰਕ ਮੈਂਬਰਾਂ ਵੱਲੋਂ ਲਾਏ ਦੋਸ਼ਾਂ ਬਾਰੇ ਪੁਲਸ ਨੇ ਚੁੱਪ ਧਾਰ ਲਈ ਹੈ।

ਪੁਲਸ ਤੇ ਮੋਟਰਸਾਈਕਲ ਸਵਾਰ ਨੌਜਵਾਨਾਂ ਵਿਚਾਲੇ ਮੁਕਾਬਲਾ, ਦੋ ਜ਼ਖ਼ਮੀ



ਮੋਗਾ (ਇਕਬਾਲ ਸਿੰਘ ਖਹਿਰਾ)


ਮੋਗਾ 'ਚ ਪੁਲਸ ਤੇ ਮੋਟਰਸਾਈਕਲ ਸਵਾਰ ਦੋ ਸ਼ੱਕੀ ਨੌਜਵਾਨਾਂ ਵਿਚਾਲੇ ਮੁਕਾਬਲਾ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ।ਇਸ ਦੌਰਾਨ ਦੋਵਾਂ ਪਾਸਿਆਂ ਤੋਂ ਕਈ ਰਾਊਂਡ ਫਾਇਰਿੰਗ ਹੋਈ।ਪੁਲਸ ਦੀ ਜਵਾਬੀ ਕਾਰਵਾਈ ਵਿੱਚ ਦੋਵੇਂ ਨੌਜਵਾਨ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਪਹੁੰਚਾਇਆ ਗਿਆ।ਘਟਨਾ ਤੋਂ ਬਾਅਦ ਪੁਲਿਸ ਨੇ ਪੂਰੇ ਇਲਾਕੇ ਨੂੰ ਘੇਰੇ ਵਿੱਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ।ਫੋਰੈਂਸਿਕ ਸਾਇੰਸ ਦੀ ਟੀਮ ਵੱਲੋਂ ਵੀ ਮੌਕੇ ਤੋਂ ਵਿਗਿਆਨਕ ਤਰੀਕੇ ਨਾਲ ਸਬੂਤ ਇਕੱਠੇ ਕੀਤੇ ਜਾ ਰਹੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸ ਐੱਸ ਪੀ ਮੋਗਾ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਪੁਲਸ ਦੀ ਟੀਮ ਇਲਾਕੇ ਵਿੱਚ ਰੁਟੀਨ ਗਸ਼ਤ ਕਰ ਰਹੀ ਸੀ।ਇਸੇ ਦੌਰਾਨ ਸਾਹਮਣੇ ਤੋਂ ਇੱਕ ਮੋਟਰਸਾਈਕਲ 'ਤੇ ਦੋ ਸ਼ੱਕੀ ਨੌਜਵਾਨ ਆਉਂਦੇ ਦਿਖਾਈ ਦਿੱਤੇ।ਪੁਲਸ ਟੀਮ ਨੇ ਉਨ੍ਹਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਜੋ ਉਨ੍ਹਾਂ ਦੀ ਚੈਕਿੰਗ ਕੀਤੀ ਜਾ ਸਕੇ, ਪਰ ਨੌਜਵਾਨਾਂ ਨੇ ਰੁਕਣ ਦੀ ਬਜਾਏ ਉਥੋਂ ਭੱਜਣ ਦੀ ਕੋਸ਼ਿਸ਼ ਕੀਤੀ।ਇਸ ਦੌਰਾਨ ਉਨ੍ਹਾਂ ਦਾ ਮੋਟਰਸਾਈਕਲ ਤਿਲਕ ਕੇ ਸੜਕ 'ਤੇ ਡਿੱਗ ਪਿਆ। ਇਸ ਤੋਂ ਬਾਅਦ ਨੌਜਵਾਨਾਂ ਨੇ ਪੁਲਸ ਪਾਰਟੀ 'ਤੇ ਫਾਇਰਿੰਗ ਸ਼ੁਰੂ ਕਰ ਦਿੱਤੀ। ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਵੀ ਆਪਣੀ ਸੁਰੱਖਿਆ ਵਿੱਚ ਜਵਾਬੀ ਕਾਰਵਾਈ ਕੀਤੀ ਗਈ, ਜਿਸ ਦੌਰਾਨ ਦੋਵੇਂ ਨੌਜਵਾਨ ਜ਼ਖ਼ਮੀ ਹੋ ਗਏ। ਪੁਲਸ ਮੁਲਾਜ਼ਮਾਂ ਨੇ ਤੁਰੰਤ ਉਨ੍ਹਾਂ ਨੂੰ ਇਲਾਜ ਲਈ ਹਸਪਤਾਲ ਪਹੁੰਚਾਇਆ।ਘਟਨਾ ਦੀ ਸੂਚਨਾ ਮਿਲਣ 'ਤੇ ਉਹ ਖੁਦ ਵੀ ਮੌਕੇ 'ਤੇ ਪਹੁੰਚੇ ਤੇ ਸਥਿਤੀ ਦਾ ਜਾਇਜ਼ਾ ਲਿਆ।ਇਸ ਸਮੇਂ ਪੁਲਸ ਦੇ ਸੀਨੀਅਰ ਅਧਿਕਾਰੀ ਵੀ ਮੌਕੇ 'ਤੇ ਮੌਜੂਦ ਸਨ।

ਐੱਸ ਐੱਸ ਪੀ ਨੇ ਦੱਸਿਆ ਕਿ ਘਟਨਾ ਵਾਲੀ ਥਾਂ ਨੂੰ ਪੂਰੀ ਤਰ੍ਹਾਂ ਘੇਰੇ ਵਿੱਚ ਲਿਆ ਗਿਆ ਹੈ।ਮੌਕੇ ਤੋਂ ਫਾਇਰਿੰਗ ਨਾਲ ਸਬੰਧਤ ਸਬੂਤ ਇਕੱਠੇ ਕੀਤੇ ਜਾ ਰਹੇ ਹਨ।ਉਨ੍ਹਾਂ ਮੁਤਾਬਕ ਕਈ ਰਾਊਂਡ ਫਾਇਰਿੰਗ ਹੋਈ ਹੈ ਤੇ ਨੌਜਵਾਨਾਂ ਕੋਲ ਹੈਂਡਹੈਲਡ ਫਾਇਰ ਆਰਮਜ਼ ਹੋਣ ਦੀ ਗੱਲ ਵੀ ਸਾਹਮਣੇ ਆਈ ਹੈ। ਫੋਰੈਂਸਿਕ ਟੀਮ ਵੱਲੋਂ ਹਰ ਪਹਿਲੂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਦੋਵਾਂ ਨੌਜਵਾਨਾਂ ਦੀ ਪਛਾਣ, ਉਨ੍ਹਾਂ ਦੇ ਪਿਛੋਕੜ ਅਤੇ ਪਹਿਲਾਂ ਦਰਜ ਅਪਰਾਧਿਕ ਮਾਮਲਿਆਂ ਦੀ ਜਾਂਚ ਕੀਤੀ ਜਾ ਰਹੀ ਹੈ।

ਚੰਨੀ ਭਲਕ ਤੋਂ ਸ਼ੁਰੂ ਕਰਨਗੇ ਜਵਾਨੀ ਸੰਭਾਲ ਸਾਈਕਲ ਯਾਤਰਾ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਪੰਜਾਬ ਦੀ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਤੇ ਸੂਬੇ ਦੇ ਲੋਕ ਹਿੱਤ ਵਾਲੇ ਮੁੱਦਿਆਂ ਨੂੰ ਲੈ ਕੇ ਸਾਬਕਾ ਮੁੱਖ ਮੰਤਰੀ, ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਲੋਕ ਸਭਾ ਮੈਂਬਰ ਚਰਨਜੀਤ ਸਿੰਘ ਚੰਨੀ ਪੰਜਾਬ ਦੀ 8 ਦਿਨਾਂ ਯਾਤਰਾ ਸ਼ੁਰੂ ਕਰਨ ਜਾ ਰਹੇ ਹਨ, ਜਿਸ ਦਾ ਨਾਂ 'ਜਵਾਨੀ ਸੰਭਾਲ ਸਾਈਕਲ ਯਾਤਰਾ' ਹੋਵੇਗਾ।ਇਹ ਮੁਹਿੰਮ 12 ਨਵੰਬਰ ਨੂੰ ਚਮਕੌਰ ਸਾਹਿਬ ਤੋਂ ਸ਼ੁਰੂ ਹੋ ਕੇ 19 ਨਵੰਬਰ ਨੂੰ ਖੰਨਾ ਵਿਖੇ ਸਮਾਪਤ ਹੋ ਜਾਵੇਗੀ, ਜੋ ਮਾਲਵਾ ਦੇ 27 ਵਿਧਾਨ ਸਭਾ ਹਲਕਿਆਂ ਵਿੱਚ ਦੀ ਗੁਜ਼ਰਦਿਆਂ 625 ਕਿਲੋਮੀਟਰ ਸਫ਼ਰ ਤੈਅ ਕਰੇਗੀ।ਯਾਤਰਾ ਦੌਰਾਨ ਚੰਨੀ ਤੇ ਪਾਰਟੀ ਦੇ ਹੋਰ ਆਗੂ ਪਿੰਡਾਂ ਸ਼ਹਿਰਾਂ ਵਿੱਚ ਦੀ ਗੁਜ਼ਰਦਿਆਂ ਲੋਕਾਂ ਨਾਲ ਸਿੱਧਾ ਸੰਵਾਦ ਕਰਨਗੇ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਤੋਂ ਵੀ ਜਾਣੂੰ ਹੋਣਗੇ।ਸੂਤਰਾਂ ਅਨੁਸਾਰ ਇਹ ਮੁਹਿੰਮ ਪੰਜਾਬ ਦੇ ਯੂਥ ਨੂੰ ਨਸ਼ਿਆਂ ਤੋਂ ਬਚਾਉਣ, ਬੇਰੋਜ਼ਗਾਰੀ, ਵਿਗੜਦੀ ਕਾਨੂੰਨ ਵਿਵਸਥਾ, ਗੈਂਗਸਟਰਵਾਦ, ਸੂਬੇ 'ਚ ਵਧਦੀ ਅਸੁਰੱਖਿਆ ਦੀ ਭਾਵਨਾ ਤੇ ਭ੍ਰਿਸ਼ਟਾਚਾਰ ਜਿਹੇ ਪ੍ਰਮੁੱਖ ਮੁੱਦਿਆਂ ਦੁਆਲੇ ਕੇਂਦਰਿਤ ਹੋਵੇਗੀ।ਪੰਜਾਬ ਦੇ ਮੌਜੂਦਾ ਸਿਆਸੀ ਹਾਲਾਤਾਂ 'ਤੇ ਚਰਚਾ ਕਰਨਾ ਵੀ ਯਾਤਰਾ ਦਾ ਏਜੰਡਾ ਹੋਵੇਗਾ।ਇਹ ਵੀ ਪਤਾ ਲੱਗਿਆ ਹੈ ਕਿ ਯਾਤਰਾ ਵਿਧਾਨ ਸਭਾ ਹਲਕਾ ਰਾਮਪੁਰਾ ਫੂਲ ਨੂੰ ਵੀ ਕਵਰ ਕਰੇਗੀ, ਜਿੱਥੇ ਸਾਬਕਾ ਵਜ਼ੀਰ ਤੇ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੂਬਾ ਆਗੂ ਗੁਰਪ੍ਰੀਤ ਸਿੰਘ ਕਾਂਗੜ ਪਹਿਲਾਂ ਹੀ ਆਪਣੀ ਚੋਣ ਮੁਹਿੰਮ ਦੀ ਸ਼ੁਰੂਆਤ ਕਰ ਚੁੱਕੇ ਹਨ। ਕਾਂਗੜ ਨੇ ਦੱਸਿਆ ਕਿ ਸ. ਚੰਨੀ 17 ਨਵੰਬਰ ਨੂੰ ਇੱਥੇ ਪੁੱਜ ਕੇ ਰਾਮਪੁਰਾ ਸ਼ਹਿਰ ਤੋਂ 18 ਸਵੇਰ ਨੂੰ ਯਾਤਰਾ ਦੀ ਸ਼ੁਰੂਆਤ ਕਰਨਗੇ।ਇਹ ਵੀ ਦੱਸਿਆ ਗਿਆ ਕਿ ਯਾਤਰਾ ਫੂਲ, ਢਪਾਲੀ, ਫੂਲੇਵਾਲਾ, ਸੰਧੂ ਹੁੰਦੀ ਹੋਈ ਭਦੌੜ ਹਲਕੇ 'ਚ ਦਾਖ਼ਲ ਹੋ ਜਾਵੇਗੀ।

ਪੱਕੇ ਮੋਰਚੇ 'ਚ ਕਨਫੈਡਰੇਸ਼ਨ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ : ਰਾਜ ਕੁਮਾਰ ਅਰੋੜਾ



ਸੰਗਰੂਰ (ਪ੍ਰਵੀਨ ਸਿੰਘ)-ਸਥਾਨਕ ਤਹਿਸੀਲ ਕੰਪਲੈਕਸ ਵਿਖੇ ਪੰਜਾਬ ਸਟੇਟ ਪੈਨਸ਼ਨਰ ਕਨਫੈਡਰੇਸ਼ਨ ਦੇ ਸੂਬਾਈ ਮੁੱਖ ਬੁਲਾਰੇ ਤੇ ਸੀਨੀਅਰ ਮੀਤ ਪ੍ਰਧਾਨ ਰਾਜ ਕੁਮਾਰ ਅਰੋੜਾ, ਜੋ ਕਿ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਦੇ ਵੀ ਪ੍ਰਧਾਨ ਹਨ, ਨੇ ਇੱਥੇ ਦੱਸਿਆ ਕਿ ਪੰਜਾਬ ਸਾਂਝਾ ਮੁਲਾਜ਼ਮ ਮੰਚ ਤੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਮੰਚ ਦੀ ਸੂਬਾ ਪੱਧਰੀ ਤਾਲਮੇਲ ਕਮੇਟੀ ਵੱਲੋਂ ਉਲੀਕੇ ਗਏ ਸੰਘਰਸ਼, ਜਿਸ ਦੌਰਾਨ 13 ਨਵੰਬਰ ਤੋਂ 19 ਨਵੰਬਰ ਤੱਕ ਸੰਗਰੂਰ ਵਿਖੇ ਦਿਨ ਰਾਤ ਦਾ ਪੱਕਾ ਮੋਰਚਾ ਲਗਾਇਆ ਜਾਵੇਗਾ, ਦੌਰਾਨ ਰੈਲੀਆਂ, ਮੁਜ਼ਾਹਰੇ ਤੇ ਰੋਸ ਮਾਰਚ ਕੀਤੇ ਜਾਣਗੇ।ਕਨਫੈਡਰੇਸ਼ਨ ਦੇ ਸੂਬਾ ਪ੍ਰਧਾਨ ਕਰਮ ਸਿੰਘ ਧਨੋਆ, ਜਨਰਲ ਸਕੱਤਰ ਕੁਲਵਰਨ ਸਿੰਘ, ਵਿੱਤ ਸਕੱਤਰ ਮਦਨ ਲਾਲ ਮੈਨਨ, ਸਲਾਹਕਾਰ ਗੁਰਦੀਪ ਸਿੰਘ ਵਾਲੀਆ ਤੇ ਅਜੀਤ ਸਿੰਘ ਫਤਿਹਚੱਕ ਵੱਲੋਂ ਸੂਬਾ ਪੱਧਰ 'ਤੇ ਕਨਫੈਡਰੇਸ਼ਨ ਨਾਲ ਸਬੰਧਤ ਪੈਨਸ਼ਨਰਾਂ ਦੀਆਂ ਜ਼ਿਲ੍ਹਾ ਵਾਈਜ਼ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ ਤੇ ਸ੍ਰੀ ਅਰੋੜਾ ਨੇ ਦੱਸਿਆ ਕਿ ਪੰਜਾਬ ਸਟੇਟ ਪੈਨਸ਼ਨਰ ਕਨਫੈਡਰੇਸ਼ਨ ਨਾਲ ਸਬੰਧਤ ਸਮੁੱਚੇ ਪੰਜਾਬ ਵਿੱਚੋਂ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋ ਪੈਨਸ਼ਨਰਾਂ ਦੀਆਂ ਮੰਗਾਂ ਸੰਬੰਧੀ ਟਾਲ ਮਟੋਲ ਦੀ ਨੀਤੀ ਅਪਨਾ ਰਹੀ ਹੈ।

ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕਰਵਾਉਣ ਤੇ ਹੋਰ ਮੰਗਾਂ ਲਈ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਅਰੋੜਾ ਨੇ ਦੱਸਿਆ ਕਿ 13 ਨਵੰਬਰ ਨੂੰ ਕੀਤੀ ਜਾਣ ਵਾਲੀ ਰੈਲੀ ਜੋ ਕਿ ਡੀ ਸੀ ਰੋਡ ਸੰਗਰੂਰ ਵਿਖੇ ਹੋਵੇਗੀ, ਵਿੱਚ ਕਨਫੈਡਰੇਸ਼ਨ ਤੇ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਨਾਲ ਸੰਬੰਧਤ ਸੰਗਰੂਰ ਜ਼ਿਲ੍ਹੇ ਦੀਆਂ 9 ਯੂਨਿਟਾਂ ਵਿੱਚੋਂ ਪੈਨਸ਼ਨਰ ਆਪਣੀਆਂ ਆਪਣੀਆਂ ਤਹਿਸੀਲਾਂ ਵਿੱਚੋਂ ਸੰਗਰੂਰ ਜ਼ਿਲ੍ਹੇ ਦੇ ਜਨਰਲ ਸਕੱਤਰ ਦਰਸ਼ਨ ਸਿੰਘ ਨੌਰਥ, ਚੇਅਰਮੈਨ ਰਵਿੰਦਰ ਸਿੰਘ ਗੁੱਡੂ, ਵਿੱਤ ਸਕੱਤਰ ਕਰਨੈਲ ਸਿੰਘ ਸੇਖੋਂ, ਸੀਨੀਅਰ ਮੀਤ ਪ੍ਰਧਾਨ ਆਰ ਐੱਲ ਪਾਂਧੀ ਤੇ ਸੰਗਰੂਰ ਦੇ ਪ੍ਰਧਾਨ ਭੁਪਿੰਦਰ ਸਿੰਘ ਜੱਸੀ, ਜਨਰਲ ਸਕੱਤਰ ਅਵਿਨਾਸ਼ ਸ਼ਰਮਾ, ਚੇਅਰਮੈਨ ਜੰਟ ਸਿੰਘ ਭੁੱਲਰ ਸੋਹੀਆਂ, ਸੀਨੀਅਰ ਮੀਤ ਪ੍ਰਧਾਨ ਹਰਵਿੰਦਰ ਸਿੰਘ ਭੱਠਲ, ਗੁਰਦੀਪ ਸਿੰਘ ਮੰਗਵਾਲ, ਗੁਰਦੇਵ ਸਿੰਘ ਲੂੰਬਾ, ਵਿੱਤ ਸਕੱਤਰ ਲਾਭ ਸਿੰਘ, ਸੁਰਿੰਦਰ ਸਿੰਘ ਸੋਢੀ, ਕੰਵਲਜੀਤ ਸਿੰਘ, ਸੁਨਾਮ ਤੋਂ ਪ੍ਰਧਾਨ ਚੇਤ ਰਾਮ ਢਿੱਲੋਂ, ਚੇਅਰਮੈਨ ਪ੍ਰੇਮ ਅਗਰਵਾਲ, ਜਨਰਲ ਸਕੱਤਰ ਸਵਿੰਦਰ ਸਿੰਘ ਚੱਠਾ, ਲਹਿਰਾਗਾਗਾ ਤੋਂ ਪ੍ਰਧਾਨ ਜਰਨੈਲ ਸਿੰਘ, ਜਨਰਲ ਸਕੱਤਰ ਮਦਨ ਲਾਲ ਗਰਗ, ਧੂਰੀ ਤੋਂ ਪ੍ਰਧਾਨ ਸੁਖਦੇਵ ਸ਼ਰਮਾ, ਕਾਰਜਕਾਰੀ ਪ੍ਰਧਾਨ ਜਸਦੇਵ ਸਿੰਘ, ਜਨਰਲ ਸਕੱਤਰ ਡਾ. ਅਮਰਜੀਤ ਸਿੰਘ, ਭਵਾਨੀਗੜ੍ਹ ਤੋਂ ਪ੍ਰਧਾਨ ਸਤਨਾਮ ਸਿੰਘ ਸੰਧੂ, ਜਨਰਲ ਸਕੱਤਰ ਕੇਵਲ ਸਿੰਘ ਸਿੱਧੂ, ਦਿੜ੍ਹਬਾ ਤੋਂ ਪ੍ਰਧਾਨ ਦਰਸ਼ਨ ਸਿੰਘ ਰੋਗਲਾ, ਕ੍ਰਿਸ਼ਨ ਕੁਮਾਰ, ਜਨਰਲ ਸਕੱਤਰ ਕਸ਼ਮੀਰ ਸਿੰਘ ਰੋੜੇਵਾਲ, ਅਮਰਗੜ੍ਹ ਤੋਂ ਰਜਿੰਦਰ ਸਿੰਘ ਸਲਾਰ, ਜਨਰਲ ਸਕੱਤਰ ਦਰਸ਼ਨ ਸਿੰਘ ਬਨਭੌਰਾ, ਨਰਿੰਦਰਜੀਤ ਸਿੰਘ, ਸ਼ੇਰਪੁਰ ਤੋਂ ਵੇਦ ਸਿੰਘ ਸਿੱਧੂ, ਜਨਰਲ ਸਕੱਤਰ ਦੀਵਾਨ ਸਿੰਘ ਮਾਹਮਦਪੁਰ, ਮੂਨਕ ਤੋਂ ਪ੍ਰਧਾਨ ਮੇਘ ਸਿੰਘ, ਜਨਰਲ ਸਕੱਤਰ ਤੇਜਾ ਸਿੰਘ ਦੀ ਅਗਵਾਈ ਵਿੱਚ ਵੱਡੀ ਗਿਣਤੀ ਪੈਨਸ਼ਨਰਾਂ ਦੇ ਕਾਫਿਲੇ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਰੈਲੀ ਵਿੱਚ ਸ਼ਮੂਲੀਅਤ ਕਰਨਗੇ।

ਲੋਕ ਦੇਰ ਸ਼ਾਮ ਨੂੰ ਸੈਰ ਤੇ ਕਸਰਤ ਕਰਨ ਤੋਂ ਗੁਰੇਜ਼ ਕਰਨ : ਸਿਵਲ ਸਰਜਨ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਸਿਵਲ ਸਰਜਨ ਡਾ. ਅਮਰਜੀਤ ਕੌਰ ਨੇ ਜ਼ਿਲ੍ਹਾ ਵਾਸੀਆਂ ਨੂੰ ਹਵਾ ਪ੍ਰਦੂਸ਼ਣ ਦੇ ਮਾੜੇ ਪ੍ਰਭਾਵਾਂ ਤੋਂ ਬਚਣ ਲਈ ਸਿਹਤ ਸਬੰਧੀ ਸਾਵਧਾਨੀਆਂ ਵਰਤਣ ਦੀ ਅਪੀਲ ਕੀਤੀ ਹੈ।ਉਨ੍ਹਾਂ ਕਿਹਾ ਕਿ ਹਵਾ ਪ੍ਰਦੂਸ਼ਣ ਮਨੁੱਖੀ ਸਿਹਤ ਲਈ ਗੰਭੀਰ ਖ਼ਤਰਾ ਹੈ, ਜਿਸ ਨਾਲ ਸਾਹ ਪ੍ਰਣਾਲੀ, ਫੇਫੜਿਆਂ ਤੇ ਦਿਲ ਨਾਲ ਸਬੰਧਤ ਬਿਮਾਰੀਆਂ ਦਾ ਖ਼ਤਰਾ ਵਧ ਸਕਦਾ ਹੈ। ਇਸ ਲਈ ਹਰੇਕ ਵਿਅਕਤੀ ਨੂੰ ਆਪਣੀ ਤੇ ਆਪਣੇ ਪਰਵਾਰ ਦੀ ਸਿਹਤ ਦੀ ਸੁਰੱਖਿਆ ਲਈ ਜਾਗਰੂਕ ਹੋਣਾ ਚਾਹੀਦਾ ਹੈ।ਖ਼ਾਸ ਕਰ ਕੇ ਬੱਚਿਆਂ, ਬਜ਼ੁਰਗਾਂ, ਗਰਭਵਤੀ ਔਰਤਾਂ ਅਤੇ ਦਿਲ ਤੇ ਫੇਫੜਿਆਂ ਦੀਆਂ ਬਿਮਾਰੀਆਂ ਤੋਂ ਪੀੜਤ ਵਿਅਕਤੀਆਂ ਨੂੰ ਹਵਾ ਪ੍ਰਦੂਸ਼ਣ ਤੋਂ ਬਚਣ ਲਈ ਵਧੇਰੇ ਸਾਵਧਾਨੀ ਵਰਤਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਤਕਨੀਕੀ ਦੌਰ ਵਿਚ ਹਵਾ ਗੁਣਵੱਤਾ ਸੂਚਕਾਂਕ ਚੈੱਕ ਕਰਨਾ ਬਹੁਤ ਹੀ ਆਸਾਨ ਹੋ ਗਿਆ ਹੈ ਤੇ ਲੋਕਾਂ ਨੂੰ ਰੋਜ਼ਾਨਾ ਆਪਣੇ ਖੇਤਰ ਦਾ ਏਕਿਊਆਈ ਚੈੱਕ ਕਰਨਾ ਚਾਹੀਦਾ ਹੈ ਅਤੇ ਇਸ ਅਨੁਸਾਰ ਆਪਣੀਆਂ ਬਾਹਰੀ ਗਤੀਵਿਧੀਆਂ ਤੈਅ ਕਰਨੀਆਂ ਚਾਹੀਦੀਆਂ ਹਨ। ਉਨ੍ਹਾਂ ਦੱਸਿਆ ਕਿ ਮਾੜੀ ਹਵਾ ਗੁਣਵੱਤਾ ਵਾਲੇ ਦਿਨਾਂ ਵਿੱਚ ਸਵੇਰੇ ਤੇ ਦੇਰ ਸ਼ਾਮ ਨੂੰ ਸੈਰ, ਦੌੜ ਤੇ ਕਸਰਤ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।ਭਾਰੀ ਆਵਾਜਾਈ ਵਾਲੀਆਂ ਸੜਕਾਂ, ਉਦਯੋਗਿਕ ਖੇਤਰਾਂ ਤੇ ਉਸਾਰੀ ਵਾਲੀਆਂ ਥਾਵਾਂ ਤੋਂ ਦੂਰ ਰਹਿਣਾ ਚਾਹੀਦਾ ਹੈ।ਉਨ੍ਹਾਂ ਲੋਕਾਂ ਨੂੰ ਸਿਗਰਟ, ਬੀੜੀ ਤੇ ਹੋਰ ਤੰਬਾਕੂ ਉਤਪਾਦਾਂ ਦੀ ਵਰਤੋਂ ਛੱਡਣ, ਬੰਦ ਕਮਰਿਆਂ ਵਿੱਚ ਮੱਛਰ ਭਜਾਉਣ ਵਾਲੀਆਂ ਕੁਆਇਲਾਂ ਤੇ ਰੂਮ ਫਰੈਸ਼ਨਰ ਤੇ ਸਪਰੇਅ ਦੀ ਵਰਤੋਂ ਘੱਟ ਕਰਨ ਦੀ ਸਲਾਹ ਦਿੱਤੀ।ਉਨ੍ਹਾਂ ਲੋਕਾਂ ਨੂੰ ਮਾਸਕ ਦੀ ਵਰਤੋਂ ਸਬੰਧੀ ਉਨ੍ਹਾਂ ਕਿਹਾ ਕਿ ਲੋੜ ਪੈਣ 'ਤੇ ਨੱਕ ਤੇ ਮੂੰਹ ਨੂੰ ਚੰਗੀ ਤਰ੍ਹਾਂ ਢਕਣ ਵਾਲਾ ਐੱਨ-95 ਜਾਂ ਐੱਨ-99 ਮਾਸਕ ਪਹਿਨਿਆ ਜਾਵੇ।ਘਰਾਂ ਤੇ ਵਾਹਨਾਂ ਵਿਚ ਏਸੀ ਨੂੰ ਰੀ-ਸਰਕੂਲੇਟ ਮੋਡ 'ਤੇ ਚਲਾਉਣ ਤੇ ਮਾੜੀ ਹਵਾ ਵਾਲੇ ਦਿਨਾਂ ਵਿੱਚ ਵਾਹਨਾਂ ਦੀਆਂ ਖਿੜਕੀਆਂ ਬੰਦ ਰੱਖਣ ਦੀ ਸਲਾਹ ਵੀ ਦਿੱਤੀ।ਡਾ. ਅਮਰਜੀਤ ਕੌਰ ਨੇ ਸਕੂਲਾਂ ਨੂੰ ਵੀ ਅਪੀਲ ਕੀਤੀ ਕਿ ਉਹ ਰੋਜ਼ਾਨਾ ਹਵਾ ਗੁਣਵੱਤਾ ਸੂਚਕਾਂਕ ਪ੍ਰਦਰਸ਼ਤ ਕਰਨ ਤੇ ਵੱਧ ਪ੍ਰਦੂਸ਼ਣ ਵਾਲੇ ਦਿਨਾਂ ਵਿੱਚ ਬਾਹਰੀ ਖੇਡਾਂ ਤੇ ਗਤੀਵਿਧੀਆਂ ਸੀਮਤ ਕਰਨ।ਬੱਚਿਆਂ ਨੂੰ ਅੱਧੀ ਛੁੱਟੀ ਦੌਰਾਨ ਕਲਾਸਾਂ ਅੰਦਰ ਰੱਖਿਆ ਜਾਵੇ, ਕਲਾਸਾਂ ਵਿੱਚ ਗਿੱਲਾ ਪੋਚਾ ਲਗਾਇਆ ਜਾਵੇ।

ਉਨ੍ਹਾਂ ਕਿਹਾ ਕਿ ਸਾਹ ਚੜ੍ਹਨ, ਲਗਾਤਾਰ ਖੰਘ, ਸਾਹ ਵਿੱਚ ਘਰਘਰਾਹਟ, ਛਾਤੀ ਵਿੱਚ ਦਰਦ ਜਾਂ ਜਲਣ, ਅੱਖਾਂ ਵਿੱਚ ਜਲਣ, ਲਾਲੀ ਜਾਂ ਪਾਣੀ ਆਉਣ ਵਰਗੇ ਲੱਛਣਾਂ ਨੂੰ ਨਜ਼ਰ ਅੰਦਾਜ਼ ਨਹੀਂ ਕਰਨਾ ਚਾਹੀਦਾ।ਅਜਿਹੀ ਸਥਿਤੀ ਵਿੱਚ ਤੁਰੰਤ ਨੇੜਲੇ ਸਿਹਤ ਕੇਂਦਰ ਜਾਂ ਡਾਕਟਰ ਨਾਲ ਸੰਪਰਕ ਕੀਤਾ ਜਾਵੇ।ਐਮਰਜੈਂਸੀ ਸਹਾਇਤਾ ਲਈ ਐਂਬੂਲੈਂਸ ਨੰਬਰ 108 ਤੇ ਐਮਰਜੈਂਸੀ ਹੈਲਪਲਾਈਨ 112 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਸਫਾ 1 ਦੇ ਬਾਕੀ...

ਵਾਹਨਾਂ ਕਾਰਨ ਪ੍ਰਦੂਸ਼ਣ...

ਘਟਨਾਵਾਂ ਵਿੱਚ ਕਾਫ਼ੀ ਕਮੀ ਆਈ ਹੈ, ਜੋ ਸ਼ਲਾਘਾਯੋਗ ਹੈ, ਪਰ ਇਸ ਦੇ ਨਾਲ ਹੀ ਵਾਹਨਾਂ ਤੋਂ ਹੋਣ ਵਾਲੇ ਪ੍ਰਦੂਸ਼ਣ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਦਿੱਲੀ ਵਿੱਚ ਸਿਰਫ਼ ਸਥਾਨਕ ਵਾਹਨ ਹੀ ਨਹੀਂ, ਸਗੋਂ ਉਤਰ ਪ੍ਰਦੇਸ਼, ਹਰਿਆਣਾ ਅਤੇ ਰਾਜਸਥਾਨ ਤੋਂ ਆਉਣ ਵਾਲੇ ਵਾਹਨ ਵੀ ਪ੍ਰਦੂਸ਼ਣ ਵਧਾ ਰਹੇ ਹਨ।

ਅਦਾਲਤ ਨੇ ਪੁੱਛਿਆ ਕਿ ਪ੍ਰਦੂਸ਼ਣ ਮਾਪਦੰਡਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੀ ਪਛਾਣ ਅਤੇ ਨਿਗਰਾਨੀ ਕਿਵੇਂ ਕੀਤੀ ਜਾ ਰਹੀ ਹੈ। ਪ੍ਰਦੂਸ਼ਣ ਜਾਂਚ ਸਰਟੀਫਿਕੇਟ ਦੀ ਸ਼ਰਤ ਲਾਗੂ ਕਰਨ ਅਤੇ ਪੁਰਾਣੇ ਵਾਹਨਾਂ ਨੂੰ ਐਨ ਸੀ ਆਰ ਵਿੱਚ ਦਾਖ਼ਲ ਹੋਣ ਤੋਂ ਰੋਕਣ ਲਈ ਕੀ ਪ੍ਰਬੰਧ ਕੀਤੇ ਗਏ ਹਨ। ਅਧਿਕਾਰੀਆਂ ਨੂੰ ਇਹ ਵੀ ਦੱਸਣਾ ਪਵੇਗਾ ਕਿ ਕਿੰਨੇ ਵਾਹਨਾਂ ਦੀ ਜਾਂਚ ਕੀਤੀ ਗਈ, ਕਿੰਨਿਆਂ ਦੇ ਚਲਾਨ ਕੱਟੇ ਗਏ ਅਤੇ ਕਿੰਨਿਆਂ ਨੂੰ ਦਾਖ਼ਲ ਹੋਣ ਤੋਂ ਰੋਕਿਆ ਗਿਆ। ਬੈਂਚ ਨੇ ਦਿੱਲੀ ਅਤੇ ਗੁਆਂਢੀ ਸੂਬਿਆਂ ਵਿਚਾਲੇ ਵਾਹਨਾਂ ਦੀ ਆਵਾਜਾਈ ਨੂੰ ਨਿਯਮਤ ਕਰਨ ਲਈ ਤਾਲਮੇਲ ਦੇ ਪ੍ਰਬੰਧਾਂ ਬਾਰੇ ਵੀ ਜਾਣਕਾਰੀ ਮੰਗੀ ਹੈ। ਇਹ ਹੁਕਮ ਹਵਾ ਪ੍ਰਦੂਸ਼ਣ ਸੰਬੰਧੀ ਆਪਣੇ ਆਪ ਨੋਟਿਸ ਲੈ ਕੇ ਸ਼ੁਰੂ ਕੀਤੇ ਕੇਸ ਦੀ ਸੁਣਵਾਈ ਦੌਰਾਨ ਦਿੱਤੇ ਗਏ। ਅਦਾਲਤ ਨੇ ਵਾਹਨਾਂ ਦੇ ਪ੍ਰਦੂਸ਼ਣ ਨਾਲ ਸੰਬੰਧਤ ਮਾਮਲੇ ਦੀ ਅਗਲੀ ਸੁਣਵਾਈ 23 ਨਵੰਬਰ ਨੂੰ ਰੱਖੀ ਹੈ।

ਪਵਨ ਕਲਿਆਣ ਦਾ...

ਦਿੱਤਾ। ਫਿਰ ਪਵਨ ਨੇ 28 ਜਨਵਰੀ, 2009 ਨੂੰ ਰੇਣੂ ਨਾਲ ਵਿਆਹ ਕਰਵਾ ਲਿਆ। ਵਿਆਹ ਤੋਂ ਬਾਅਦ, ਰੇਣੂ ਨੇ ਇੱਕ ਧੀ, ਆਧਿਆ ਨੂੰ ਜਨਮ ਦਿੱਤਾ। ਖਟਪਟ ਕਾਰਨ ਰੇਣੂ ਨੇ ਵਿਆਹ ਤੋਂ ਸਿਰਫ ਤਿੰਨ ਸਾਲ ਬਾਅਦ 2012 ਵਿੱਚ ਤਲਾਕ ਦੇ ਦਿੱਤਾ। ਤਲਾਕ ਤੋਂ ਸਿਰਫ ਇੱਕ ਸਾਲ ਬਾਅਦ, ਪਵਨ ਨੇ 30 ਸਤੰਬਰ, 2013 ਨੂੰ ਰੂਸੀ ਮਾਡਲ ਅੰਨਾ ਕੋਨੀਡੇਲਾ ਨਾਲ ਵਿਆਹ ਕਰਵਾ ਲਿਆ। ਇਸ ਵਿਆਹ ਰਾਹੀਂ ਧੀ ਪੋਲੇਨਾ ਅੰਜਨਾ ਪਵਾਨੋਵਾ ਅਤੇ ਪੁੱਤਰ ਮਾਰਕ ਸ਼ੰਕਰ ਪਵਾਨੋਵਿਚ ਪੈਦਾ ਹੋਏ। ਪਵਨ ਕਲਿਆਣ ਨੇ 14 ਮਾਰਚ, 2014 ਨੂੰ ਜਨ ਸੈਨਾ ਪਾਰਟੀ ਬਣਾਈ। ਉਸ ਨੇ 2024 ਦੀਆਂ ਵਿਧਾਨ ਸਭਾ ਚੋਣਾਂ ਟੀ ਡੀ ਪੀ ਅਤੇ ਭਾਜਪਾ ਨਾਲ ਗੱਠਜੋੜ ਕਰਕੇ ਲੜੀਆਂ। ਚੋਣਾਂ ਵਿੱਚ ਟੀ ਡੀ ਪੀ ਨੇ ਆਂਧਰਾ ਪ੍ਰਦੇਸ਼ ਦੀਆਂ 175 ਸੀਟਾਂ ਵਿੱਚੋਂ 135 ਸੀਟਾਂ ਜਿੱਤੀਆਂ, ਜਦੋਂ ਕਿ ਜਨ ਸੈਨਾ ਪਾਰਟੀ ਨੇ 21 ਸੀਟਾਂ ਜਿੱਤੀਆਂ ਅਤੇ ਭਾਜਪਾ ਨੇ ਅੱਠ ਸੀਟਾਂ ਜਿੱਤੀਆਂ। ਟੀ ਡੀ ਪੀ ਮੁਖੀ ਚੰਦਰਬਾਬੂ ਨਾਇਡੂ ਰਾਜ ਦੇ ਮੁੱਖ ਮੰਤਰੀ ਬਣੇ ਅਤੇ ਜਨ ਸੈਨਾ ਮੁਖੀ ਪਵਨ ਕਲਿਆਣ ਉਪ ਮੁੱਖ ਮੰਤਰੀ ਬਣੇ।

ਸਿੱਖ ਕਤਲੇਆਮ ਦੇ ...

ਲਈ ਕਿਹਾ ਗਿਆ ਤਾਂ ਉਨ੍ਹਾ ਰਾਜੀਵ ਨੂੰ ਇਹ ਅਹੁਦਾ ਸਵੀਕਾਰ ਨਾ ਕਰਨ ਦੀ ਬੇਨਤੀ ਕੀਤੀ ਸੀ। ਉਨ੍ਹਾ ਨੂੰ ਡਰ ਸੀ ਕਿ ਇੰਦਰਾ ਵਾਂਗ ਰਾਜੀਵ ਨੂੰ ਵੀ ਨਿਸ਼ਾਨਾ ਬਣਾਇਆ ਜਾ ਸਕਦਾ ਹੈ। ਰਾਜੀਵ ਨੇ ਜਵਾਬ ਦਿੱਤਾ ਸੀ, ਉਹ ਮੈਨੂੰ ਵੀ ਮਾਰ ਦੇਣਗੇ।' ਇਸ ਦੇ ਬਾਵਜੂਦ ਰਾਜੀਵ ਨੇ ਉਸੇ ਦਿਨ ਸ਼ਾਮ ਸਾਢੇ ਛੇ ਵਜੇ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕ ਲਈ। ਸੋਨੀਆ ਨੇ ਇੰਦਰਾ ਦੀ ਹੱਤਿਆ ਵਾਲੇ ਦਿਨ ਦੇ ਘਟਨਾਕ੍ਰਮ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਗੋਲੀਆਂ ਚੱਲਣ ਮਗਰੋਂ ਉਹ ਬਾਗ਼ ਵੱਲ ਦੌੜੀ ਅਤੇ ਇੰਦਰਾ ਨੂੰ ਐਂਬੂਲੈਂਸ ਦੀ ਬਜਾਏ ਚਿੱਟੀ ਅੰਬੈਸਡਰ ਕਾਰ ਵਿੱਚ ਹਸਪਤਾਲ ਲਿਜਾਂਦਿਆਂ ਦੇਖਿਆ। ਆਵਾਜਾਈ ਕਾਰਨ ਹਸਪਤਾਲ ਪਹੁੰਚਣ ਵਿੱਚ ਵੀ ਦੇਰੀ ਹੋਈ। ਇੰਦਰਾ ਨੂੰ ਦੁਪਹਿਰ ਦੋ ਵਜੇ ਮ੍ਰਿਤਕ ਐਲਾਨ ਦਿੱਤਾ ਗਿਆ। ਉਨ੍ਹਾ 1989 ਵਿੱਚ ਬਿਹਾਰ ਦੇ ਭਾਗਲਪੁਰ ਦੌਰੇ ਦਾ ਵੀ ਜ਼ਿਕਰ ਕੀਤਾ, ਜਿੱਥੇ ਫ਼ਿਰਕੂ ਹਿੰਸਾ ਦੇ ਪੀੜਤਾਂ ਨੂੰ ਮਿਲ ਕੇ ਉਨ੍ਹਾ ਨੂੰ ਪਹਿਲੀ ਵਾਰ ਇਸ ਤਬਾਹੀ ਦੀ ਡੂੰਘਾਈ ਦਾ ਅਹਿਸਾਸ ਹੋਇਆ। ਹਸਪਤਾਲ ਵਿੱਚ ਜ਼ਖ਼ਮੀ ਔਰਤਾਂ ਅਤੇ ਬੱਚੇ ਫਰਸ਼ 'ਤੇ ਪਏ ਸਨ ਅਤੇ ਕਈ ਔਰਤਾਂ ਆਪਣੇ ਲਾਪਤਾ ਪਰਵਾਰਕ ਮੈਂਬਰਾਂ ਬਾਰੇ ਪੁੱਛ ਰਹੀਆਂ ਸਨ। ਸੋਨੀਆ ਨੇ ਲਿਖਿਆ ਕਿ ਇਸ ਦ੍ਰਿਸ਼ ਨੇ ਉਨ੍ਹਾ ਨੂੰ ਝੰਜੋੜ ਕੇ ਰੱਖ ਦਿੱਤਾ ਸੀ।

ਪ੍ਰਦੂਸ਼ਣ 'ਚ ਇੰਡੀਆ...

ਗੰਭੀਰ ਸ਼੍ਰੇਣੀ ਵਿੱਚ ਰੱਖਿਆ ਜਾਂਦਾ ਹੈ। ਗੰਭੀਰ ਪ੍ਰਦੂਸ਼ਣ ਦਾ ਅਸਰ ਸਿਰਫ਼ ਬਿਮਾਰ ਲੋਕਾਂ 'ਤੇ ਹੀ ਨਹੀਂ, ਸਗੋਂ ਤੰਦਰੁਸਤ ਵਿਅਕਤੀਆਂ ਦੀ ਸਿਹਤ 'ਤੇ ਵੀ ਪੈ ਸਕਦਾ ਹੈ। ਕੌਮੀ ਰਾਜਧਾਨੀ ਵਿੱਚ ਵਧਦੇ ਹਵਾ ਪ੍ਰਦੂਸ਼ਣ ਦੇ ਵਿਚਕਾਰ ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਨੇ ਮੰਗਲਵਾਰ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਦਿੱਲੀ ਦੇ ਹਵਾ ਪ੍ਰਦੂਸ਼ਣ ਵਿੱਚ 'ਵਿਸ਼ਵਗੁਰੂ' ਵਜੋਂ ਉੱਭਰਨ 'ਤੇ ਸਵਾਲ ਉਠਾਏ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਦੇਸ਼ ਨੂੰ 'ਹਵਾ ਦਾ ਹਿਸਾਬ' ਦੇਣ ਦੀ ਚੁਣੌਤੀ ਦਿੱਤੀ।

ਦੀਵਾਲੀ ਤੋਂ ਬਾਅਦ ਦਿੱਲੀ ਵਧਦੇ ਪ੍ਰਦੂਸ਼ਣ ਦੇ ਪੱਧਰ ਨਾਲ ਜੂਝ ਰਹੀ ਹੈ, ਗੁਆਂਢੀ ਰਾਜਾਂ ਵਿੱਚ ਪਰਾਲੀ ਸਾੜਨ ਨਾਲ ਹਾਲਾਤ ਵਿਗੜਨ ਦਾ ਕਾਰਨ ਬਣ ਰਹੇ ਹਨ। ਉਨ੍ਹਾ ਕਿਹਾ, "ਅਸੀਂ ਹਵਾ ਪ੍ਰਦੂਸ਼ਣ ਵਿੱਚ 'ਵਿਸ਼ਵਗੁਰੂ' ਕਿਉਂ ਬਣ ਰਹੇ ਹਾਂ? ਟੁਕੜੇ-ਟੁਕੜੇ ਉਪਾਅ, ਪੀਆਰ ਸਟੰਟ, ਟੁੱਟੇ ਵਾਅਦੇ ਅਤੇ ਦੋਸ਼ ਲਾਉਣ ਦੀਆਂ ਖੇਡਾਂ ਭਾਜਪਾ ਦੀ ਪਛਾਣ ਬਣ ਗਈਆਂ ਹਨ। ਸਾਫ ਹਵਾ ਇੱਕ ਮੌਲਿਕ ਅਧਿਕਾਰ ਹੈ, ਸਰਕਾਰ ਵੱਲੋਂ ਦਿੱਤਾ ਜਾਣ ਵਾਲਾ ਵਿਸ਼ੇਸ਼ ਅਧਿਕਾਰ ਨਹੀਂ।"

ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਲੋਕ ਜਨਸ਼ਕਤੀ ਪਾਰਟੀ ਹੋਈ ਸਰਗਰਮ

ਪੰਜਾਬ ਕਾਰਜਕਾਰਨੀ ਦੀ ਭਲਕੇ ਪਟਿਆਲਾ 'ਚ ਸੱਦੀ ਮੀਟਿੰਗ



ਪਟਿਆਲਾ (ਰਾਜਿੰਦਰ ਥਿੰਦ)-ਲੋਕ ਜਨਸ਼ਕਤੀ ਪਾਰਟੀ (ਰਾਮ ਵਿਲਾਸ) ਪੰਜਾਬ ਪ੍ਰਦੇਸ਼ ਕਮੇਟੀ ਦੇ ਸੀਨੀਅਰ ਨੇਤਾ ਤੇ ਪੰਜਾਬ ਵਪਾਰ ਮੰਡਲ ਦੇ ਸੂਬਾ ਪ੍ਰਧਾਨ ਸੁਖਦੇਵ ਸਿੰਘ ਪੰਜੇਟਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਵਿਧਾਨ ਸਭਾ ਚੋਣਾਂ-2007 ਨੂੰ ਲੈ ਕੇ ਪਾਰਟੀ ਦੀ ਪੰਜਾਬ ਪ੍ਰਦੇਸ਼ ਕਾਰਜਕਾਰਨੀ ਦੀ ਮੀਟਿੰਗ 12 ਨਵੰਬਰ ਵੀਰਵਾਰ ਨੂੰ ਸਵੇਰੇ ਪਟਿਆਲਾ ਦੇ ਐੱਸ. ਐੱਸ. ਟੀ. ਨਗਰ ਵਿਖੇ ਬਣੇ ਹੋਟਲ ਇਕਬਾਲ ਇਨ ਵਿਖੇ ਕੀਤੀ ਜਾ ਰਹੀ ਹੈ।ਲੋਕ ਜਨਸ਼ਕਤੀ ਪਾਰਟੀ ਦੇ ਸੀਨੀਅਰ ਨੇਤਾ ਸੁਖਦੇਵ ਸਿੰਘ ਪੰਜੇਟਾ ਨੇ ਦੱਸਿਆ ਕਿ ਉਕਤ ਮੀਟਿੰਗ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਤੇ ਪੰਜਾਬ ਪ੍ਰਦੇਸ਼ ਤੇ ਯੂ. ਟੀ. ਚੰਡੀਗੜ੍ਹ ਦੇ ਇੰਚਾਰਜ ਡਾ. ਕੇ. ਪੀ. ਚੌਧਰੀ ਦੇ ਜਨਮ ਦਿਨ ਮੌਕੇ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਉਕਤ ਮੀਟਿੰਗ ਵਿੱਚ ਪੰਜਾਬ ਪ੍ਰਦੇਸ਼ ਕਮੇਟੀ, ਜ਼ਿਲ੍ਹਾ ਕਮੇਟੀਆਂ ਦੇ ਸਮੂਹ ਅਹੁਦੇਦਾਰਾਂ ਤੇ ਸਾਰੇ ਪ੍ਰਕੋਸ਼ਠਾਂ ਦੀਆਂ ਪ੍ਰਦੇਸ਼ ਤੇ ਜ਼ਿਲ੍ਹਾ ਕਮੇਟੀਆਂ ਦੇ ਸਮੂਹ ਅਹੁਦੇਦਾਰ ਸ਼ਮੂਲੀਅਤ ਕਰਨਗੇ।ਡਾ. ਕੇ. ਪੀ. ਚੌਧਰੀ ਰਾਸ਼ਟਰੀ ਜਨਰਲ ਸਕੱਤਰ, ਲੋਕ ਜਨਸ਼ਕਤੀ ਪਾਰਟੀ (ਰਾਮ ਵਿਲਾਸ) ਤੇ ਪੰਜਾਬ ਪ੍ਰਦੇਸ਼ ਤੇ ਯੂ. ਟੀ. ਚੰਡੀਗੜ੍ਹ ਦੇ ਇੰਚਾਰਜ ਜਿੱਥੇ ਇਸ ਮੀਟਿੰਗ ਦੀ ਪ੍ਰਧਾਨਗੀ ਕਰਨਗੇ, ਉਥੇ ਪ੍ਰਦੇਸ਼ ਕਾਰਜਕਾਰਨੀ ਦੀ ਇਸ ਮੀਟਿੰਗ ਦੌਰਾਨ ਰਾਸ਼ਟਰੀ ਜਨਰਲ ਸਕੱਤਰ ਡਾ. ਕੇ. ਪੀ. ਚੌਧਰੀ ਵੱਲੋਂ ਪੰਜਾਬ ਵਿੱਚ ਪਾਰਟੀ ਦੇ ਸੰਗਠਨ ਦੀ ਜ਼ਿਲ੍ਹਾ ਵਾਰ ਸਮੀਖਿਆ ਕੀਤੀ ਜਾਵੇਗੀ।ਸੁਖਦੇਵ ਸਿੰਘ ਪੰਜੇਟਾ ਨੇ ਦੱਸਿਆ ਕਿ ਮੀਟਿੰਗ ਵਿਚ ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 2027 ਲਈ ਪਾਰਟੀ ਦੇ ਚੋਣ ਨਿਸ਼ਾਨ ਤੇ ਬੈਨਰ ਹੇਠ ਚੋਣ ਲੜਨ ਵਾਲੇ ਉਮੀਦਵਾਰਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਜਾਵੇਗਾ ਤੇ ਪੰਜਾਬ ਪ੍ਰਭਾਰੀ ਵੱਲੋਂ ਉਮੀਦਵਾਰਾਂ ਦੀ ਸੂਚੀ ਪਾਰਟੀ ਹਾਈਕਮਾਂਡ ਨੂੰ ਭੇਜੀ ਜਾਵੇਗੀ।

ਕਿਸਾਨਾਂ ਨੂੰ ਨਸੀਹਤ ਦੇਣ ਵਾਲੀ ਨਗਰ ਕੌਂਸਲ ਖੁਦ ਫੈਲਾਅ ਰਹੀ ਪ੍ਰਦੂਸ਼ਣ



ਜ਼ੀਰਾ (ਨਰਿੰਦਰ ਅਨੇਜਾ)-ਜਿੱਥੇ ਮਾਨ ਸਰਕਾਰ ਇਸ਼ਤਿਹਾਰਬਾਜ਼ੀ ਰਾਹੀਂ ਲੱਖਾਂ ਰੁਪਏ ਲਗਾ ਕੇ ਕਿਸਾਨਾਂ ਨੂੰ ਸਮਝਾ ਰਹੀ ਹੈ ਕਿ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਓ, ਕਿਉਂਕਿ ਇਸ ਨਾਲ ਵੱਡੇ ਪੱਧਰ 'ਤੇ ਪ੍ਰਦੂਸ਼ਣ ਫੈਲਦਾ ਹੈ। ਪਰਾਲੀ ਨੂੰ ਅੱਗ ਲਾਉਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਘਟਦੀ ਹੈ, ਬਿਮਾਰੀਆਂ ਲੱਗਣ ਦਾ ਖਤਰਾ ਵੀ ਹੁੰਦਾ ਹੈ ਅਤੇ ਆਉਂਦੇ-ਜਾਂਦੇ ਰਾਹੀਆਂ ਨੂੰ ਸਾਹ ਲੈਣ ਵਿੱਚ ਦਿੱਕਤ ਵੀ ਆਉਂਦੀ ਹੈ। ਧੂਆਂ ਕਈ ਵਾਰ ਜ਼ਿਆਦਾ ਹੋਣ ਕਾਰਨ ਐਕਸੀਡੈਂਟ ਦਾ ਖਤਰਾ ਵੀ ਬਣਿਆ ਰਹਿੰਦਾ ਹੈ, ਕਈ ਜਗ੍ਹਾ 'ਤੇ ਐਕਸੀਡੈਂਟ ਦੀਆਂ ਘਟਨਾਵਾਂ ਵਾਪਰ ਵੀ ਚੁੱਕੀਆਂ ਹਨ, ਪਰ ਇਸ ਦੇ ਉਲਟ ਨਗਰ ਕੌਂਸਲ ਜ਼ੀਰਾ ਨੇ ਕਿਸਾਨਾਂ ਨੂੰ ਪਰਾਲੀ ਸਾੜਨ ਤੋਂ ਕੀ ਰੋਕਣਾ ਖੁਦ ਹੀ ਕੂੜੇ ਦੇ ਵੱਡੇ ਵੱਡੇ ਢੇਰਾਂ ਤੇ ਲਿਫਾਫਿਆਂ ਨੂੰ ਅੱਗ ਲਗਾ ਰਹੀ ਹੈ, ਜਿਸ ਨਾਲ ਸ਼ਹਿਰ ਵਿੱਚ ਕਾਫੀ ਪ੍ਰਦੂਸ਼ਣ ਫੈਲ ਰਿਹਾ ਹੈ ਤੇ ਬਿਮਾਰੀ ਫੈਲਣ ਦਾ ਵੀ ਖਤਰਾ ਹੈ। ਹੁਣ ਦੇਖਣਾ ਹੋਵੇਗਾ ਕਿ ਕਿਸਾਨਾਂ ਉੱਪਰ ਝੋਨੇ ਦੀ ਪਰਾਲੀ ਸਾੜਨ ਵਿਰੁੱਧ ਕਾਰਵਾਈ ਕਰਨ ਵਾਲੀ ਨਗਰ ਕੌਂਸਲ ਜ਼ੀਰਾ ਦੇ ਅਧਿਕਾਰੀਆਂ ਵਿਰੁੱਧ ਹੁਣ ਕੌਣ ਕਾਰਵਾਈ ਕਰੇਗਾ ਜਾਂ ਫਿਰ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਬਚਾਉਣ ਵਿੱਚ ਅੱਗੇ ਵਾਂਗ ਹੀ ਉੱਚ ਅਧਿਕਾਰੀ ਅਹਿਮ ਰੋਲ ਅਦਾ ਕਰਨਗੇ?

ਨਗਰ ਪੰਚਾਇਤ ਨੇ ਸਟਾਫ ਨੂੰ ਦਿੱਤੇ ਤੋਹਫੇ



ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਦਿਵਾਲੀ ਤੇ ਬੰਦੀ ਛੋੜ ਦਿਵਸ ਨੂੰ ਸਮਰਪਤ ਨਗਰ ਪੰਚਾਇਤ ਨਿਹਾਲ ਸਿੰਘ ਵਾਲਾ ਦੇ ਦਫ਼ਤਰ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਮੌਕੇ ਨਗਰ ਪੰਚਾਇਤ ਦੇ ਪ੍ਰਧਾਨ ਜਗਦੀਪ ਸਿੰਘ ਗਟਰਾ ਵੱਲੋਂ ਸਮੂਹ ਸਟਾਫ਼ ਤੇ ਸਫ਼ਾਈ ਸੇਵਕ ਯੂਨੀਅਨ ਦੇ ਕਰਮਚਾਰੀਆਂ ਨੂੰ ਤੋਹਫ਼ੇ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਪ੍ਰਧਾਨ ਜਗਦੀਪ ਸਿੰਘ ਗਟਰਾ ਨੇ ਸਮੂਹ ਸਟਾਫ਼ ਤੇ ਸਫ਼ਾਈ ਕਰਮਚਾਰੀਆਂ ਨੂੰ ਦਿਵਾਲੀ ਤੇ ਬੰਦੀ ਛੋੜ ਦਿਵਸ ਦੀਆਂ ਵਧਾਈਆਂ ਦਿੱਤੀਆਂ।ਇਸ ਮੌਕੇ ਜੇ. ਈ. ਸੁਖਦੀਪ ਸਿੰਘ, ਇੰਸਪੈਕਟਰ ਗੁਰਪ੍ਰੀਤ ਸਿੰਘ, ਵਰਕਸ ਕਲਰਕ ਕੁਲਦੀਪ ਸਿੰਘ ਸਮੇਤ ਨਗਰ ਪੰਚਾਇਤ ਦਾ ਸਮੂਹ ਸਟਾਫ਼ ਤੇ ਸਫ਼ਾਈ ਸੇਵਕ ਦੇ ਪ੍ਰਧਾਨ ਰੱਤੀ ਰਾਮ ਤੋਂ ਇਲਾਵਾ ਯੂਨੀਅਨ ਦੇ ਮੈਂਬਰ ਆਦਿ ਹਾਜ਼ਰ ਸਨ।

ਝੋਨੇ ਦੀ ਖ੍ਰੀਦ ਬੰਦ ਕਰਨ ਖਿਲਾਫ ਵਫਦ ਏ ਡੀ ਸੀ ਨੂੰ ਮਿਲਿਆ



ਲੁਧਿਆਣਾ (ਸਤੀਸ਼ ਸਚਦੇਵਾ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਮਲੌਦ ਦਾ ਵਫਦ ਮੰਡੀਆਂ ਵਿੱਚ ਝੋਨੇ ਦੀ ਖ੍ਰੀਦ ਬੰਦ ਕਰਨ ਖਿਲਾਫ ਬਲਾਕ ਸਕੱਤਰ ਨਾਜਰ ਸਿੰਘ ਸਿਆੜ ਤੇ ਸੀਨੀਅਰ ਮੀਤ ਪ੍ਰਧਾਨ ਲਖਵਿੰਦਰ ਸਿੰਘ ਉਕਸੀ ਦੀ ਅਗਵਾਈ ਹੇਠ ਏ ਡੀ ਸੀ ਮੈਡਮ ਸ਼੍ਰੇਆਸ਼ੀ ਜੈਨ ਨੂੰ ਮਿਲਿਆ।ਵਫਦ ਨੇ ਮੰਗ ਕੀਤੀ ਕਿ ਮੰਡੀਆ ਵਿੱਚ ਪਏ ਤੇ ਖੇਤਾਂ ਵਿੱਚ ਖੜੇ ਝੋਨੇ ਦਾ ਦਾਨਾ-ਦਾਨਾ ਖ੍ਰੀਦਿਆ ਜਾਵੇ, ਖ੍ਰੀਦ ਮੁਕੰਮਲ ਹੋਣ ਤੱਕ ਖ੍ਰੀਦ ਏਜੰਸੀਆਂ ਮੰਡੀਆਂ ਵਿੱਚ ਹਾਜ਼ਰ ਰਹਿਣ।ਵਫਦ ਨੇ ਸਬੰਧਤ ਅਧਿਕਾਰੀ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਖ੍ਰੀਦ ਬੰਦ ਕੀਤੀ ਗਈ ਤਾਂ ਕਿਸਾਨ ਤਿੱਖੇ ਸੰਘਰਸ਼ ਲਈ ਮਜਬੂਰ ਹੋਣਗੇ, ਜਿਸ ਤੋਂ ਨਿਕਲਣ ਵਾਲੇ ਸਿੱਟਿਆਂ ਦੀ ਜ਼ੁੰਮੇਵਾਰੀ ਸਰਕਾਰ ਤੇ ਪ੍ਰਸ਼ਾਸਨ ਦੀ ਹੋਵੇਗੀ।ਵਫਦ ਵਿੱਚ ਜ਼ਿਲ੍ਹਾ ਵਿੱਤ ਸਕੱਤਰ ਰਾਜਿੰਦਰ ਸਿੰਘ ਸਿਆੜ, ਮਨੋਹਰ ਸਿੰਘ ਕਲਾਹੜ, ਬਲਵੰਤ ਸਿੰਘ ਘੁਡਾਣੀ ਆਦਿ ਸ਼ਾਮਲ ਸਨ।

11 ਤੱਕ ਰੈਸਟ ਰੂਮ ਖਾਲੀ ਨਾ ਹੋਣ 'ਤੇ ਸੀ ਐੱਚ ਸੀ ਭਵਾਨੀਗੜ੍ਹ ਵਿਖੇ ਲਾਇਆ ਜਾਵੇਗਾ ਧਰਨਾ : ਆਸ਼ਾ ਵਰਕਰਾਂ



ਭਵਾਨੀਗੜ੍ਹ (ਰਾਜ ਖੁਰਮੀ)-ਸੀ.ਐੱਚ.ਸੀ. ਭਵਾਨੀਗੜ੍ਹ ਵਿਖੇ ਆਸ਼ਾ ਵਰਕਰਾਂ ਨੂੰ ਰੈਸਟ ਰੂਮ ਦੀ ਸਹੂਲਤ ਮੁਹੱਈਆ ਕਰਵਾਉਣ ਦਾ ਮਾਮਲਾ ਲਗਾਤਾਰ ਭਖਦਾ ਜਾ ਰਿਹਾ ਹੈ।ਆਸ਼ਾ ਵਰਕਰਾਂ ਵੱਲੋਂ ਸੀਨੀਅਰ ਮੈਡੀਕਲ ਅਫ਼ਸਰ ਕੋਲ ਵਾਰ-ਵਾਰ ਕਮਰੇ ਦੀ ਮੰਗ ਉਠਾਉਣ ਦੇ ਬਾਵਜੂਦ ਕੋਈ ਠੋਸ ਹੱਲ ਨਾ ਨਿਕਲਣ ਕਾਰਨ ਵਰਕਰਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ।ਇਸ ਸਬੰਧੀ ਆਸ਼ਾ ਵਰਕਰ ਯੂਨੀਅਨ ਦੀ ਪ੍ਰਧਾਨ ਰਾਣੋ ਖੇੜੀ ਗਿੱਲ ਨੇ ਕਿਹਾ ਕਿ ਰੈਸਟ ਰੂਮ ਲਈ ਉਨ੍ਹਾਂ ਵੱਲੋਂ ਲਿਖਤੀ ਤੌਰ 'ਤੇ ਵੀ ਬੇਨਤੀ ਕੀਤੀ ਗਈ ਸੀ ਅਤੇ ਇਸ ਸਬੰਧੀ ਦਿੱਤੇ ਗਏ ਸੁਝਾਅ ਨੂੰ ਸਾਰਿਆਂ ਨੇ ਮਨਜ਼ੂਰ ਵੀ ਕੀਤਾ ਸੀ, ਪਰ ਇਸ ਦੇ ਬਾਵਜੂਦ ਅੱਜ ਤੱਕ ਕਮਰੇ ਦੀ ਸਮੱਸਿਆ ਦਾ ਕੋਈ ਹੱਲ ਨਹੀਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਆਸ਼ਾ ਵਰਕਰਾਂ ਲਈ ਰੈਸਟ ਰੂਮ ਦੀ ਮਨਜ਼ੂਰੀ ਪੰਜਾਬ ਸਰਕਾਰ ਵੱਲੋਂ ਸਾਲ 2015 ਵਿੱਚ ਹੀ ਦਿੱਤੀ ਗਈ ਸੀ ਤੇ ਇਸ ਸਬੰਧੀ ਸਾਰੇ ਜ਼ਿਲ੍ਹਿਆਂ ਨੂੰ ਪੱਤਰ ਵੀ ਜਾਰੀ ਕੀਤਾ ਗਿਆ ਸੀ।ਇਸ ਲਈ ਜ਼ਿਲ੍ਹਾ ਸੰਗਰੂਰ ਦੇ ਬਲਾਕ ਭਵਾਨੀਗੜ੍ਹ ਵਿੱਚ ਵੀ ਸਰਕਾਰ ਵੱਲੋਂ ਮਨਜ਼ੂਰ ਕੀਤੇ ਗਏ ਫ਼ੈਸਲੇ ਨੂੰ ਲਾਗੂ ਕੀਤਾ ਜਾਣਾ ਚਾਹੀਦਾ ਹੈ।ਉਨ੍ਹਾਂ ਮੰਗ ਕੀਤੀ ਕਿ ਸੀ.ਐੱਚ.ਸੀ. ਭਵਾਨੀਗੜ੍ਹ ਵਿਖੇ ਪਹਿਲਾਂ ਤੋਂ ਮੌਜੂਦ ਆਸ਼ਾ ਰੈਸਟ ਰੂਮ ਵਾਲੀ ਥਾਂ 'ਤੇ ਹੀ ਨਵਾਂ ਰੈਸਟ ਰੂਮ ਤਿਆਰ ਕਰਵਾਇਆ ਜਾਵੇ, ਤਾਂ ਜੋ ਆਸ਼ਾ ਵਰਕਰਾਂ ਨੂੰ ਆਪਣੀ ਡਿਊਟੀ ਦੌਰਾਨ ਆਰਾਮ ਕਰਨ ਤੇ ਜ਼ਰੂਰੀ ਕੰਮ ਨਿਪਟਾਉਣ ਲਈ ਢੁੱਕਵੀਂ ਸਹੂਲਤ ਮਿਲ ਸਕੇ। ਆਸ਼ਾ ਵਰਕਰਾਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ 11 ਨਵੰਬਰ 2026 ਤੱਕ ਆਸ਼ਾ ਰੈਸਟ ਰੂਮ ਖਾਲੀ ਕਰਵਾ ਕੇ ਵਰਕਰਾਂ ਦੇ ਹਵਾਲੇ ਨਾ ਕੀਤਾ ਗਿਆ ਤਾਂ ਆਉਣ ਵਾਲੀ 13 ਨਵੰਬਰ 2026 ਨੂੰ ਸੀ.ਐੱਚ.ਸੀ. ਭਵਾਨੀਗੜ੍ਹ ਵਿਖੇ ਰੋਸ ਧਰਨਾ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਦੌਰਾਨ ਪੈਦਾ ਹੋਣ ਵਾਲੀ ਕਿਸੇ ਵੀ ਸਥਿਤੀ ਦੀ ਜ਼ਿੰਮੇਵਾਰੀ ਸਬੰਧਤ ਉੱਚ ਅਧਿਕਾਰੀਆਂ ਦੀ ਹੋਵੇਗੀ।ਇਸ ਮੌਕੇ ਸਿੰਦਰਪਾਲ ਕੌਰ, ਸਵਰਨਾ ਕੌਰ, ਸੁਖਵਿੰਦਰ ਕੌਰ ਸਮੇਤ ਵੱਡੀ ਗਿਣਤੀ ਵਿੱਚ ਆਸ਼ਾ ਵਰਕਰਾਂ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਖੇਤ ਬਚਾਓ ਅਭਿਆਨ ਤਹਿਤ ਸਹਿਕਾਰੀ ਸਭਾ ਪਿੰਡ ਲੌਹਕਾ ਵਿਖੇ ਲੱਗਾ ਕਿਸਾਨ ਸਿਖਲਾਈ ਕੈਂਪ

ਪੱਟੀ (ਸ਼ਮਸ਼ੇਰ ਸਿੰਘ ਯੋਧਾ)- ਕਿਸਾਨਾਂ ਨੂੰ ਰਸਾਇਣਿਕ ਖਾਦਾਂ ਦੀ ਸੰਤੁਲਿਤ ਵਰਤੋਂ, ਪਰਾਲੀ ਪ੍ਰਬੰਧਨ, ਖੁੰਬਾਂ ਦੀ ਕਾਸ਼ਤ ਅਤੇ ਖੇਤੀ ਵਿਭਿੰਨਤਾ ਬਾਰੇ ਕੀਤਾ ਜਾਗਰੂਕ ਲੋਹਕਾ: ਖੇਤ ਬਚਾਓ ਅਭਿਆਨ ਤਹਿਤ ਡਿਪਟੀ ਕਮਿਸ਼ਨਰ ਤਰਨ ਤਾਰਨ ਰਾਹੁਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਮੁੱਖ ਖੇਤੀਬਾੜੀ ਅਫ਼ਸਰ ਤਰਨ ਤਾਰਨ ਡਾ. ਤੇਜਬੀਰ ਸਿੰਘ ਭੰਗੂ ਦੀ ਅਗਵਾਈ ਹੇਠ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਸਹਿਕਾਰੀ ਸਭਾ ਪਿੰਡ ਲੋਹਕਾ ਵਿਖੇ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਦੌਰਾਨ ਬਲਾਕ ਖੇਤੀਬਾੜੀ ਅਫ਼ਸਰ ਪੱਟੀ ਡਾ. ਭੁਪਿੰਦਰ ਸਿੰਘ, ਕ੍ਰਿਸ਼ੀ ਵਿਗਿਆਨ ਕੇਂਦਰ ਬੂਹ ਤੋਂ ਡਾ. ਨਵਜੋਤ ਸਿੰਘ ਬਰਾੜ, ਸੂਚਨਾ ਅਫ਼ਸਰ ਡਾ. ਜਸਵਿੰਦਰ ਸਿੰਘ ਭਾਟੀਆ ਅਤੇ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਸ੍ਰੀ ਦਵਿੰਦਰ ਸਿੰਘ ਵੱਲੋਂ ਕਿਸਾਨਾਂ ਨੂੰ ਖੇਤੀਬਾੜੀ ਅਤੇ ਸਹਿਕਾਰਤਾ ਵਿਭਾਗ ਨਾਲ ਸਬੰਧਤ ਵੱਖ-ਵੱਖ ਤਕਨੀਕੀ ਅਤੇ ਵਿਭਾਗੀ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਮਾਹਿਰਾਂ ਨੇ ਕਿਸਾਨਾਂ ਨੂੰ ਰਸਾਇਣਿਕ ਖਾਦਾਂ ਦੀ ਲੋੜ ਤੋਂ ਵੱਧ ਵਰਤੋਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਉਂਦਿਆਂ ਮਿੱਟੀ ਦੀ ਪਰਖ ਦੇ ਆਧਾਰ ਤੇ ਸੰਤੁਲਿਤ ਖਾਦਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਯੂਰੀਆ ਅਤੇ ਡੀ.ਏ.ਪੀ. ਦੀ ਬੇਲੋੜੀ ਵਰਤੋਂ ਨਾਲ ਖੇਤੀ ਲਾਗਤ ਵਿੱਚ ਵਾਧਾ ਹੋਣ ਦੇ ਨਾਲ-ਨਾਲ ਮਿੱਟੀ ਦੀ ਸਿਹਤ ਅਤੇ ਵਾਤਾਵਰਣ ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ। ਕੈਂਪ ਦੌਰਾਨ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਦੇ ਵੱਖ-ਵੱਖ ਵਿਗਿਆਨਕ ਤਰੀਕਿਆਂ ਬਾਰੇ ਜਾਣਕਾਰੀ ਦਿੰਦਿਆਂ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤ ਵਿੱਚ ਹੀ ਸੰਭਾਲਨ ਅਤੇ ਸੁਪਰ ਸੀਡਰ, ਹੈਪੀ ਸੀਡਰ ਤੇ ਸਮਾਰਟ ਸੀਡਰ ਵਰਗੀਆਂ ਆਧੁਨਿਕ ਮਸ਼ੀਨਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਗਿਆ। ਮਾਹਿਰਾਂ ਨੇ ਦੱਸਿਆ ਕਿ ਪਰਾਲੀ ਦਾ ਸੁਚੱਜਾ ਪ੍ਰਬੰਧਨ ਕਰਨ ਨਾਲ ਮਿੱਟੀ ਵਿੱਚ ਜੈਵਿਕ ਕਾਰਬਨ ਅਤੇ ਪੌਸ਼ਟਿਕ ਤੱਤਾਂ ਵਿੱਚ ਵਾਧਾ ਹੁੰਦਾ ਹੈ ਅਤੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਇਆ ਜਾ ਸਕਦਾ ਹੈ। ਇਸ ਤੋਂ ਇਲਾਵਾ ਕਿਸਾਨਾਂ ਨੂੰ ਖੁੰਬਾਂ ਦੀ ਕਾਸ਼ਤ ਅਤੇ ਮੂੰਗੀ, ਮਸਰ ਤੇ ਛੋਲਿਆਂ ਵਰਗੀਆਂ ਦਾਲਾਂ ਵਾਲੀਆਂ ਫ਼ਸਲਾਂ ਨੂੰ ਫ਼ਸਲੀ ਚੱਕਰ ਵਿੱਚ ਸ਼ਾਮਲ ਕਰਨ ਲਈ ਪ੍ਰੇਰਿਤ ਕੀਤਾ ਗਿਆ। ਮਾਹਿਰਾਂ ਨੇ ਦੱਸਿਆ ਕਿ ਦਾਲਾਂ ਵਾਲੀਆਂ ਫ਼ਸਲਾਂ ਜ਼ਮੀਨ ਦੀ ਉਪਜਾਊ ਸ਼ਕਤੀ ਵਧਾਉਣ, ਨਾਈਟ੍ਰੋਜਨ ਦੀ ਕੁਦਰਤੀ ਪੂਰਤੀ ਕਰਨ ਅਤੇ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਖੁੰਬਾਂ ਦੀ ਕਾਸ਼ਤ ਨੂੰ ਸਹਾਇਕ ਕਿੱਤੇ ਵਜੋਂ ਅਪਣਾ ਕੇ ਕਿਸਾਨ ਆਪਣੀ ਆਮਦਨ ਵਿੱਚ ਵੀ ਵਾਧਾ ਕਰ ਸਕਦੇ ਹਨ।ਇਸ ਮੌਕੇ ਕਿਸਾਨਾਂ ਨੂੰ ਸਬਸਿਡੀ ਤੇ ਮੁਹੱਈਆ ਕਰਵਾਏ ਜਾ ਰਹੇ ਕਣਕ ਦੇ ਬੀਜ ਅਤੇ ਜਿਪਸਮ ਸਬੰਧੀ ਵਿਭਾਗੀ ਸਹੂਲਤਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ।ਇਸ ਦੇ ਨਾਲ ਹੀ ਕਿਸਾਨਾਂ ਨੂੰ ਭਵਿੱਖ ਵਿੱਚ ਸਰਕਾਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਖੇਤੀਬਾੜੀ ਸਹੂਲਤਾਂ ਅਤੇ ਸਕੀਮਾਂ ਦਾ ਲਾਭ ਨਿਰਵਿਘਨ ਪ੍ਰਾਪਤ ਕਰਨ ਲਈ ਆਪਣੀ ਕਿਸਾਨ ਆਈ.ਡੀ. ਬਣਵਾਉਣ ਦੀ ਅਪੀਲ ਕੀਤੀ ਗਈ। ਮਾਹਿਰਾਂ ਨੇ ਕਿਸਾਨਾਂ ਨੂੰ ਖਾਦਾਂ ਦੀ ਸਹੀ ਮਾਤਰਾ, ਸਹੀ ਸਮੇਂ ਅਤੇ ਸਹੀ ਢੰਗ ਨਾਲ ਵਰਤੋਂ ਕਰਨ, ਜੈਵਿਕ ਖਾਦਾਂ ਦੀ ਵਰਤੋਂ ਵਧਾਉਣ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫ਼ਾਰਸ਼ਾਂ ਅਨੁਸਾਰ ਖੇਤੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸੰਤੁਲਿਤ ਖਾਦ ਪ੍ਰਬੰਧਨ, ਪਰਾਲੀ ਦੀ ਸੁਚੱਜੀ ਸੰਭਾਲ ਅਤੇ ਫ਼ਸਲੀ ਵਿਭਿੰਨਤਾ ਅਪਣਾਉਣ ਨਾਲ ਖੇਤੀ ਖਰਚੇ ਘਟਾਉਣ ਦੇ ਨਾਲ-ਨਾਲ ਮਿੱਟੀ ਦੀ ਸਿਹਤ ਅਤੇ ਵਾਤਾਵਰਣ ਦੀ ਸੰਭਾਲ ਵੀ ਯਕੀਨੀ ਬਣਾਈ ਜਾ ਸਕਦੀ ਹੈ।ਇਸ ਮੌਕੇ ਸਹਿਕਾਰੀ ਸਭਾ ਦੇ ਸੈਕਟਰੀ ਮਨਜੀਤ ਸਿੰਘ,ਗੁਰਦੇਵ ਸਿੰਘ ਮਾਣਕਪੁਰਾ, ਖੇਤੀ ਤਕਨੀਕ ਪ੍ਰਬੰਧਕ, ਕਿਸਾਨ ਆਗੂ ਹਰਚਰਨ ਸਿੰਘ, ਸ੍ਰੀ ਬਲਕਾਰ ਸਿੰਘ, ਫੀਲਡ ਵਰਕਰ ਫਤਿਹ ਸਿੰਘ ਅਤੇ ਇਲਾਕੇ ਦੇ ਕਿਸਾਨ ਹਾਜ਼ਰ ਸਨ।



ਨਿਹੰਗ ਸਿੰਘ ਦਲਾਂ ਨੇ ਖਾਲਸਾਈ ਜਾਹੋ ਜਲਾਲ ਨਾਲ ਕੱਢਿਆ ਮਹੱਲਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਬੰਦੀ ਛੋੜ ਦਿਵਸ (ਦੀਵਾਲੀ) ਨੂੰ ਸਮਰਪਿਤ ਸਮੂੰਹ ਨਿਹੰਗ ਸਿੰਘ ਦਲਾਂ ਵੱਲੋਂ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ 96ਵੇਂ ਕਰੋੜੀ ਵੱਲੋਂ ਅਰਦਾਸ ਕਰਨ ਉਪਰੰਤ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਲੋਂ ਬਖਸ਼ਿਸ਼ ਨਿਸ਼ਾਨ, ਨਿਗਾਰਿਆਂ ਦੀ ਛਤਰ ਛਾਇਆ ਹੇਠ ਗੁਰਦੁਆਰਾ ਮੱਲ ਅਖਾੜਾ ਸਾਹਿਬ ਪਾਤਸ਼ਾਹੀ ਛੇਵੀਂ, ਬੁਰਜ ਬਾਬਾ ਫੂਲਾ ਸਿੰਘ ਅਕਾਲੀ ਛਾਉਣੀ ਬੁੱਢਾ ਦਲ ਨਿਹੰਗ ਸਿੰਘਾਂ ਤੋਂ ਬਾਬਾ ਬਲਬੀਰ ਸਿੰਘ 96 ਕਰੋੜੀ ਦੀ ਅਗਵਾਈ ਵਿੱਚ ਮਹੱਲਾ ਦੀ ਆਰੰਭਤਾ ਹੋਈ। ਇਸ ਤੋਂ ਪਹਿਲਾਂ ਗੁਰਦੁਆਰਾ ਮੱਲ ਅਖਾੜਾ ਵਿਖੇ ਨਿਹੰਗ ਸਿੰਘਾਂ ਦੀ ਚਲੀ ਆਉਂਦੀ ਮਰਿਯਾਦਾ ਅਨੁਸਾਰ ਅਖੰਡ ਪਾਠਾਂ ਦੇ ਭੋਗ ਪਾਏ ਗਏ। ਬੁੱਢਾ ਦਲ ਦੇ ਹੈੱਡ ਗ੍ਰੰਥੀ ਬਾਬਾ ਮੱਘਰ ਸਿੰਘ, ਨਿਹੰਗ ਬਾਬਾ ਹਰਜੀਤ ਸਿੰਘ ਖੰਡਾ ਖੜਕੇਗਾ ਬਟਾਲਾ ਆਦਿ ਨੇ ਗੁਰਬਾਣੀ ਦਾ ਮਨੋਹਰ ਕੀਰਤਨ ਅਤੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ ਅਤੇ ਸਿੰਘ ਸਾਹਿਬ ਗਿ. ਅਮਰਜੀਤ ਸਿੰਘ ਹੈਡ ਗ੍ਰੰਥੀ ਸ੍ਰੀ ਹਰਿਮੰਦਰ ਸਾਹਿਬ ਦੇ ਇਤਿਹਾਸ ਸਬੰਧੀ ਜਾਣਕਾਰੀ ਸੰਗਤ ਨਾਲ ਸਾਂਝੀ ਕੀਤੀ। ਸਮੂਹ ਦਲਾਂ ਦੇ ਨਿਸ਼ਾਨਾਂ ਨੂੰ ਸਿਰਪਾਓ ਸੁੰਦਰ ਫੁਲਹਾਰਾਂ ਨਾਲ ਸਨਮਾਨਿਆ ਗਿਆ। ਮਹੱਲੇ ਵਿਚ ਸ਼ਾਮਲ ਹੋਣ ਲਈ ਪੁੱਜੇ ਦਲਾਂ ਦੇ ਜਥੇਦਾਰਾਂ ਅਤੇ ਨਿਹੰਗ ਸਿੰਘ ਫੌਜਾਂ ਦਾ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਸਾਰੀਆਂ ਆਈਆਂ ਸੰਗਤਾਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਅਤੇ ਵੱਖ-ਵੱਖ ਨਿਹੰਗ ਸਿੰਘ ਦਲਾਂ ਦੇ ਨਿਸ਼ਾਨਚੀਆਂ, ਨਿਗਾਰਚੀਆਂ, ਚੌਬਦਾਰਾਂ, ਗੁਰਜ ਵਾਲੇ ਸਿੰਘਾਂ, ਗ੍ਰੰਥੀਆਂ, ਕਥਾਵਾਚਕਾਂ ਅਤੇ ਮੁਖੀ ਜਥੇਦਾਰ ਸਾਹਿਬਾਨ ਨੂੰ ਸਨਮਾਨਿਤ ਕੀਤਾ। ਗੁ: ਮੱਲ ਅਖਾੜਾ ਸਾਹਿਬ ਤੋਂ ਮਹੱਲਾ ਅਰੰਭ ਹੋਣ ਸਮੇਂ ਹਾਥੀਆਂ, ਬੈਂਡ ਵਾਜਿਆ ਨੇ ਸਲਾਮੀ ਦਿੱਤੀ।



ਆਈਸੀਆਈਸੀਆਈ ਲਾਈਫ ਵੱਲੋਂ ਨਵਾਂ ਮੂਮੈਂਟਮ ਕੁਆਲਿਟੀ 50 ਇੰਡੈਕਸ ਫੰਡ ਲਾਂਚ

ਅੰਮ੍ਰਿਤਸਰ: ਆਈਸੀਆਈਸੀਆਈ ਲਾਈਫ ਇੰਸ਼ੋਰੈਂਸ ਨੇ 'ਆਈਸੀਆਈਸੀਆਈ ਲਾਈਫ ਬੀਐੱਸਈ 500 ਮੂਮੈਂਟਮ ਕੁਆਲਿਟੀ 50 ਇੰਡੈਕਸ ਫੰਡ' ਲਾਂਚ ਕੀਤਾ ਹੈ, ਜੋ ਕੰਪਨੀ ਦੀਆਂ ਜ਼ਿਆਦਾਤਰ ਯੂਨਿਟ-ਲਿੰਕਡ ਬੀਮਾ ਯੋਜਨਾਵਾਂ (ਯੂਲੀਪ) ਤਹਿਤ ਉਪਲਬਧ ਹੋਵੇਗਾ।

ਇਹ ਫੰਡ ਬੀਐੱਸਈ 500 ਵਿੱਚੋਂ ਚੁਣੀਆਂ ਗਈਆਂ 50 ਅਜਿਹੀਆਂ ਕੰਪਨੀਆਂ ਵਿੱਚ ਨਿਵੇਸ਼ ਕਰੇਗਾ, ਜਿਨ੍ਹਾਂ ਦੀ ਵਿੱਤੀ ਸਥਿਤੀ ਮਜ਼ਬੂਤ ਹੈ ਅਤੇ ਸ਼ੇਅਰਾਂ ਦੀਆਂ ਕੀਮਤਾਂ ਵਿੱਚ ਸਕਾਰਾਤਮਕ ਰੁਝਾਨ ਰਿਹਾ ਹੈ। ਕੰਪਨੀਆਂ ਦੀ ਚੋਣ ਰਿਟਰਨ ਆਨ ਇਕੁਇਟੀ, ਕਰਜ਼ਾ-ਇਕੁਇਟੀ ਅਨੁਪਾਤ ਅਤੇ ਪ੍ਰਤੀ ਸ਼ੇਅਰ ਕਮਾਈ ਵਰਗੇ ਮਾਪਦੰਡਾਂ ਦੇ ਆਧਾਰ 'ਤੇ ਕੀਤੀ ਜਾਵੇਗੀ।

ਇਸ ਮੌਕੇ ਕੰਪਨੀ ਦੇ ਮੁੱਖ ਨਿਵੇਸ਼ ਅਧਿਕਾਰੀ ਮਨੀਸ਼ ਕੁਮਾਰ ਨੇ ਕਿਹਾ ਕਿ ਫੰਡ ਦਾ ਉਦੇਸ਼ ਨਿਵੇਸ਼ਕਾਂ ਨੂੰ ਗੁਣਵੱਤਾ ਅਤੇ ਮੋਮੈਂਟਮ ਦੇ ਆਧਾਰ 'ਤੇ ਚੁਣੀਆਂ ਕੰਪਨੀਆਂ ਰਾਹੀਂ ਲੰਬੇ ਸਮੇਂ ਵਿੱਚ ਦੌਲਤ ਬਣਾਉਣ ਦਾ ਮੌਕਾ ਦੇਣਾ ਹੈ।

'ਮਾਵਾਂ ਧੀਆਂ ਦੀ ਲਲਕਾਰ, ਬੰਦ ਕਰਾਵਾਂਗੇ ਨਸ਼ੇ ਦਾ ਵਪਾਰ' ਰੈਲੀ 13 ਨੂੰ



ਤਰਨ ਤਾਰਨ (ਪ੍ਰਿਤਪਾਲ ਸਿੰਘ)- ਵਿਧਾਨ ਸਭਾ ਹਲਕਾ ਸ੍ਰੀ ਖਡੂਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬੀਬਾ ਰਮਨਦੀਪ ਕੌਰ ਸ਼ੇਰੋਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਆਗੂ ਅਤੇ ਸਾਬਕਾ ਕੇਂਦਰੀ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ ਵੱਲੋਂ ਪੰਜਾਬ ਦੇ ਵੱਖ-ਵੱਖ ਹਲਕਿਆਂ ਵਿੱਚ ਕੀਤੀਆਂ ਜਾ ਰਹੀਆਂ 'ਮਾਵਾਂ ਧੀਆਂ ਦੀ ਲਲਕਾਰ, ਬੰਦ ਕਰਵਾਂਗੇ ਨਸ਼ੇ ਦਾ ਵਪਾਰ' ਰੈਲੀਆਂ ਦੀ ਲੜੀ ਤਹਿਤ 13 ਨਵੰਬਰ, ਦਿਨ ਸ਼ੁੱਕਰਵਾਰ ਨੂੰ ਖਹਿਰਾ ਪੈਲੇਸ ਵਿਖੇ ਵਿਸ਼ਾਲ ਰੈਲੀ ਕੀਤੀ ਜਾਵੇਗੀ। ਇਸ ਰੈਲੀ ਨੂੰ ਬੀਬਾ ਹਰਸਿਮਰਤ ਕੌਰ ਬਾਦਲ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਨਗੇ।ਇਸ ਰੈਲੀ ਵਿੱਚ ਵਿਧਾਨ ਸਭਾ ਹਲਕਾ ਸ੍ਰੀ ਖਡੂਰ ਸਾਹਿਬ ਦੇ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਮਹਿਲਾਵਾਂ ਸ਼ਮੂਲੀਅਤ ਕਰਨਗੀਆਂ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕੇ ਵਿੱਚ ਕਰਵਾਈਆਂ ਜਾਂਦੀਆਂ ਰੈਲੀਆਂ ਨੂੰ ਹਮੇਸ਼ਾ ਲੋਕਾਂ ਦਾ ਭਰਵਾਂ ਹੁੰਗਾਰਾ ਮਿਲਦਾ ਰਿਹਾ ਹੈ ਅਤੇ ਇਸ ਵਾਰ ਵੀ ਇਸਤਰੀ ਅਕਾਲੀ ਦਲ ਵੱਲੋਂ ਨਸ਼ਿਆਂ ਦੇ ਖ਼ਿਲਾਫ਼ ਵੱਡਾ ਇਕੱਠ ਕਰਕੇ ਇਸ ਸਮਾਜਿਕ ਬੁਰਾਈ ਵਿਰੁੱਧ ਆਵਾਜ਼ ਬੁਲੰਦ ਕੀਤੀ ਜਾਵੇਗੀ। ਬੀਬਾ ਰਮਨਦੀਪ ਕੌਰ ਸ਼ੇਰੋਂ ਨੇ ਕਿਹਾ ਕਿ ਨਸ਼ਿਆਂ ਦਾ ਸਭ ਤੋਂ ਵੱਧ ਸੰਤਾਪ ਮਾਵਾਂ ਅਤੇ ਭੈਣਾਂ ਨੂੰ ਆਪਣੇ ਘਰਾਂ ਵਿੱਚ ਹੰਢਾਉਣਾ ਪੈ ਰਿਹਾ ਹੈ। ਅੱਜ ਸਮਾਂ ਆ ਗਿਆ ਹੈ ਕਿ ਔਰਤਾਂ ਆਪਣੇ ਪਰਿਵਾਰਾਂ ਅਤੇ ਆਪਣੇ ਬੱਚਿਆਂ ਦੇ ਭਵਿੱਖ ਨੂੰ ਬਚਾਉਣ ਲਈ ਨਸ਼ਿਆਂ ਵਿਰੁੱਧ ਇਕਜੁੱਟ ਹੋ ਕੇ ਅੱਗੇ ਆਉਣ।ਉਨ੍ਹਾਂ ਕਿਹਾ ਕਿ ਇਹ ਲੜਾਈ ਸਿਰਫ਼ ਕਿਸੇ ਇੱਕ ਪਾਰਟੀ ਦੀ ਨਹੀਂ, ਸਗੋਂ ਪੰਜਾਬ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਬਚਾਉਣ ਦੀ ਲੜਾਈ ਹੈ।

ਕੋਟਲਾ ਭਰਾਵਾਂ ਨੇ ਬਾਪੂ ਤਰਸੇਮ ਸਿੰਘ ਨਾਲ ਕੀਤਾ ਦੁੱਖ ਸਾਂਝਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਬੀਤੇ ਦਿਨ 'ਅਕਾਲੀ ਦਲ ਵਾਰਿਸ ਪੰਜਾਬ ਦੇ' ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਜੀ ਦੇ ਮਾਤਾ ਜੀ ਤੇ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਦਾਦੀ ਜੀ ਮਾਤਾ ਚਰਨ ਕੌਰ ਅਕਾਲ ਚਲਾਣਾ ਕਰ ਗਏ ਸਨ।

ਅਕਾਲੀ ਦਲ ਵਾਰਿਸ ਪਾਰਟੀ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਆਗੂ ਭਾਈ ਬਿਕਰਮਜੀਤ ਸਿੰਘ ਕੋਟਲਾ ਅਤੇ ਸਾਬਕਾ ਵਿਧਾਇਕ ਡਾਕਟਰ ਦਲਬੀਰ ਸਿੰਘ ਕੋਟਲਾ ਭਰਾਵਾਂ ਨੇ ਉਨ੍ਹਾਂ ਦੇ ਗ੍ਰਹਿ ਪਿੰਡ ਜੱਲੂਪੁਰ ਖੇੜਾ ਵਿਖੇ ਪਹੁੰਚ ਕੇ ਬਾਪੂ ਤਰਸੇਮ ਸਿੰਘ ਤੇ ਸਮੂਹ ਪਰਿਵਾਰ ਨਾਲ ਗਹਿਰਾ ਦੁੱਖ ਪ੍ਰਗਟ ਕੀਤਾ। ਉਨ੍ਹਾਂ ਨਾਲ ਧਿਆਨ ਸਿੰਘ ਛੀਨਾ, ਬਲਵੰਤ ਸਿੰਘ ਪੰਡੋਰੀ, ਰਾਜਪਾਲ ਸਿੰਘ ਵੱਲਾ ਅਤੇ ਕੇਵਲ ਸਿੰਘ ਬੰਮਾ ਵੀ ਹਾਜ਼ਰ ਸਨ।

ਰਾਮਗੜ੍ਹੀਆ ਵਿਸ਼ਵਕਰਮਾ ਸਭਾ ਧਾਰੀਵਾਲ ਨੇ ਵਿਸ਼ਵਕਰਮਾ ਦਿਵਸ ਮਨਾਇਆ

ਧਾਰੀਵਾਲ, (ਮਨਦੀਪ ਵਿੱਕੀ)- ਰਾਮਗੜ੍ਹੀਆ ਵਿਸ਼ਵਕਰਮਾ ਸਭਾ ਧਾਰੀਵਾਲ ਵੱਲੋਂ ਬਲਾਕ ਪ੍ਰਧਾਨ ਮੁਖਵੰਤ ਸਿੰਘ ਨਾਗੀ ਦੇ ਸੁਚੱਜੇ ਪ੍ਰਬੰਧਾਂ ਹੇਠ ਨਾਗੀ ਕੰਪਲੈਕਸ, ਧਾਰੀਵਾਲ ਵਿਖੇ ਵਿਸ਼ਵਕਰਮਾ ਦਿਵਸ ਬੜੀ ਹੀ ਸ਼ਰਧਾ, ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਦੌਰਾਨ ਧਾਰਮਿਕ ਮਰਿਆਦਾ ਅਨੁਸਾਰ ਹਵਨ ਯੱਗ ਕਰਵਾਇਆ ਗਿਆ, ਜਿਸ ਵਿੱਚ ਸ਼ਾਸਤਰੀ ਅਮਿਤ ਸ਼ਰਮਾ ਵੱਲੋਂ ਮੰਤਰਾਂ ਦਾ ਉਚਾਰਨ ਕੀਤਾ ਗਿਆ ਅਤੇ ਹਾਜ਼ਰ ਸੰਗਤਾਂ ਕੋਲੋਂ ਪੂਰਨ ਸ਼ਰਧਾ ਨਾਲ ਆਹੂਤੀਆਂ ਪਵਾਈਆਂ ਗਈਆਂ।ਇਸ ਉਪਰੰਤ ਬਾਬਾ ਵਿਸ਼ਵਕਰਮਾ ਜੀ ਦੀ ਤਸਵੀਰ ਦੇ ਸਨਮੁੱਖ ਆਰਤੀ ਕੀਤੀ ਗਈ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਸ਼ੁਭ ਅਵਸਰ 'ਤੇ ਧਾਰਮਿਕ ਸਮਾਗਮ ਵਿੱਚ ਪਹੁੰਚੀਆਂ ਸਮੂਹ ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਬਲਾਕ ਪ੍ਰਧਾਨ ਮੁਖਵੰਤ ਸਿੰਘ ਨਾਗੀ ਅਤੇ ਸਭਾ ਦੇ ਹੋਰ ਆਗੂਆਂ ਨੇ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਵਿਸ਼ਵਕਰਮਾ ਦਿਵਸ ਦੀਆਂ ਵਧਾਈਆਂ ਦਿੱਤੀਆਂ।ਇਸ ਮੌਕੇ ਪੇਡਾ ਦੇ ਸੂਬਾ ਉਪ ਪ੍ਰਧਾਨ ਡਾਕਟਰ ਕਮਲਜੀਤ ਸਿੰਘ, ਨਗਰ ਕੌਂਸਲ ਪ੍ਰਧਾਨ ਅਸ਼ਵਨੀ ਦੁੱਗਲ, ਕੌਂਸਲਰ ਸੁਨੀਲ ਬਲੱਗਣ, ਰਣਜੀਤ ਸਿੰਘ ਨਾਗੀ, ਬਲਕਾਰ ਸਿੰਘ, ਰਾਜੇਸ਼ ਖੰਨਾ, ਗੁਰਨਾਮ ਸਿੰਘ ਨਾਗੀ, ਜੋਨੀ ਨਾਗੀ, ਗੁਰਵਿੰਦਰ ਸਿੰਘ ਨਾਗੀ, ਜਿੰਮੀ ਨਾਗੀ, ਉਮਰਜੀਤ ਨਾਗੀ, ਗੁਰਸਿਦਕ ਸਿੰਘ ਨਾਗੀ, ਗੁਰਸਿੱਖ ਸਿੰਘ ਨਾਗੀ, ਬੱਬੂ ਨਾਗੀ, ਰਵਿੰਦਰ ਭੰਡਾਰੀ, ਕਰਨੈਲ ਸਿੰਘ, ਗੁਰਪਾਲ ਸਿੰਘ, ਮਿੱਠੂ ਮਹਾਜਨ, ਰਾਜੇਸ਼ ਨੰਦਾ, ਕੁਲਭੂਸ਼ਨ, ਜਗਮੋਹਨ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।



ਦਿਵਾਲੀ ਤੇ ਬੰਦੀ ਛੋੜ ਦਿਵਸ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਤਰਸਿੱਕਾ ਇਲਾਕੇ ਦੀ ਨਾਮਵਰ ਵਿਧਅਕ ਸੰਸਥਾ ਸ੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਸੈਦੋਲੇਹਲ ਖਜਾਲਾ ਮਹਿਤਾ ਰੋਡ ਵਿਖੇ ਦਿਵਾਲੀ ਅਤੇ ਬੰਦੀ ਛੋੜ ਦਿਵਸ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਲਈ ਦਿਵਾਲੀ ਬੰਦੀ ਛੋੜ ਦਿਵਸ ਦੇ ਇਤਿਹਾਸ ਅਤੇ ਮਹੱਤਵ ਨਾਲ ਸੰਬੰਧਿਤ ਚਾਰਟ ਮੇਕਿੰਗ ਅਤੇ ਦੀਵਾ ਮੇਕਿੰਗ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਬੱਚਿਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਆਪਣੀ ਕਲਾ ਤੇ ਸਿਰਜਣਾਤਮਕਤਾ ਦਾ ਪ੍ਰਦਰਸ਼ਨ ਕੀਤਾ। ਸਵੇਰ ਦੀ ਪ੍ਰਾਰਥਨਾ ਸਭਾ ਦੌਰਾਨ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਬੰਦੀ ਛੋੜ ਦਿਵਸ ਦੇ ਇਤਿਹਾਸ ਅਤੇ ਇਸ ਨਾਲ ਜੁੜੀਆਂ ਸਿੱਖਿਆਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਗੁਰਬਾਣੀ ਕੀਰਤਨ, ਕਵਿਤਾਵਾਂ, ਕਵੀਸ਼ਰੀ ਅਤੇ ਭਾਸ਼ਣਾਂ ਰਾਹੀਂ ਇਸ ਪਵਿੱਤਰ ਦਿਹਾੜੇ ਦੀ ਮਹੱਤਤਾ ਨੂੰ ਬਿਆਨ ਕੀਤਾ ਗਿਆ। ਬੱਚਿਆਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਜੀਵਨ, ਸਿਧਾਂਤਾਂ ਅਤੇ ਮਨੁੱਖਤਾ ਦੀ ਭਲਾਈ ਦੇ ਸੰਦੇਸ਼ ਨੂੰ ਉਜਾਗਰ ਕੀਤਾ।ਇਸ ਮੌਕੇ ਸਕੂਲ ਦੇ ਡਾਇਰੈਕਟਰ ਡਾਕਟਰ ਇੰਦਰਜੀਤ ਸਿੰਘ ਗਮਟਾਲਾ ਅਤੇ ਪ੍ਰਿੰਸੀਪਲ ਮੈਡਮ ਬਲਵਿੰਦਰ ਕੌਰ ਨੇ ਕਿਹਾ ਕਿ ਦੀਵਾਲੀ ਅਤੇ ਬੰਦੀ ਛੋੜ ਦਿਵਸ ਸਾਨੂੰ ਹੱਕ, ਸੱਚ, ਨਿਆਂ ਅਤੇ ਦੂਜਿਆਂ ਦੀ ਆਜ਼ਾਦੀ ਲਈ ਖੜ੍ਹੇ ਹੋਣ ਦੀ ਪ੍ਰੇਰਨਾ ਦਿੰਦਾ ਹੈ।ਅਜਿਹੇ ਸਮਾਗਮਾਂ ਰਾਹੀਂ ਵਿਦਿਆਰਥੀਆਂ ਨੂੰ ਆਪਣੇ ਇਤਿਹਾਸ ਅਤੇ ਵਿਰਸੇ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਨੈਤਿਕ ਕਦਰਾਂ-ਕੀਮਤਾਂ ਅਤੇ ਸੇਵਾ ਭਾਵਨਾ ਪੈਦਾ ਕਰਨ ਦਾ ਯਤਨ ਕੀਤਾ ਜਾਂਦਾ ਹੈ।



ਬੰਦੀ ਛੋੜ ਦਿਵਸ ਸਬੰਧੀ ਕਰਵਾਏ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਇਨਾਮਾਂ ਨਾਲ ਕੀਤਾ ਸਨਮਾਨਿਤ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)- ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ, ਮੁਖੀ ਦਮਦਮੀ ਟਕਸਾਲ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਨਵੇਂ ਵਿਦਿਅਕ ਅਦਾਰੇ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਵਿਖੇ ਬੰਦੀ ਛੋੜ ਦਿਵਸ ਦੇ ਸ਼ੁਭ ਤਿਉਹਾਰ ਦੇ ਸਬੰਧ ਵਿੱਚ ਕਰਵਾਏ ਗਏ ਦੀਵਾ ਮੇਕਿੰਗ ਅਤੇ ਰੰਗੋਲੀ ਮੇਕਿੰਗ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਕਲਾ, ਮਿਹਨਤ ਅਤੇ ਸਿਰਜਣਾਤਮਕਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਗਏ ਸੁੰਦਰ ਦੀਵਿਆਂ ਅਤੇ ਰੰਗ-ਬਿਰੰਗੀਆਂ ਰੰਗੋਲੀਆਂ ਨੇ ਸਭ ਦਾ ਮਨ ਮੋਹ ਲਿਆ।ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।

ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਨੇ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਅੰਦਰ ਲੁਕੀ ਹੋਈ ਕਲਾ ਅਤੇ ਪ੍ਰਤਿਭਾ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਮਿਹਨਤ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਦੇ ਹਨ। ਸਕੂਲ ਵੱਲੋਂ ਭਵਿੱਖ ਵਿੱਚ ਵੀ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਅਜਿਹੀਆਂ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਰਹਿਣਗੀਆਂ।ਇਸ ਮੌਕੇ ਹੋਰ ਹਾਜ਼ਰ ਸ਼ਖ਼ਸੀਅਤਾਂ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ, ਮੈਡਮ ਮਨਦੀਪ ਕੌਰ, ਮੈਡਮ ਸੁਖਵੰਤ ਕੌਰ,ਮੈਡਮ ਕਿਰਨਪ੍ਰੀਤ ਕੌਰ ਸਮੇਤ ਸਮੂਹ ਸਕੂਲ ਸਟਾਫ਼ ਮੌਜੂਦ ਸੀ।



ਖਾਲਸਾ ਕਾਲਜ 'ਚ ਰਵਾਇਤੀ ਤੇ ਵਾਤਾਵਰਨ ਅਨੁਕੂਲ ਮਨਾਈ ਗ੍ਰੀਨ ਦੀਵਾਲੀ



ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਖਾਲਸਾ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਰਣਜੀਤ ਐਵੀਨਿਊ ਵਿਖੇ ਹੋਸਟਲ ਵਿਦਿਆਰਥੀਆਂ ਅਤੇ ਕਾਲਜ ਪਰਿਵਾਰ ਦੇ ਸਹਿਯੋਗ ਨਾਲ ਰਵਾਇਤੀ ਅਤੇ ਵਾਤਾਵਰਣ—ਅਨੁਕੂਲ ਢੰਗ ਨਾਲ ਗ੍ਰੀਨ ਦੀਵਾਲੀ ਮਨਾਈ ਗਈ। ਕਾਲਜ ਡਾਇਰੈਕਟਰ ਡਾ. ਮੰਜੂ ਬਾਲਾ ਦੀ ਰਹਿਨੁਮਾਈ ਹੇਠ ਕਰਵਾਏ ਗਏ ਉਕਤ ਸਮਾਗਮ ਮੌਕੇ ਕਾਲਜ ਵੱਲੋਂ ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਦੇ ਨਾਲ—ਨਾਲ ਵਾਤਾਵਰਣ ਦੀ ਸੁਰੱਖਿਆ ਪ੍ਰਤੀ ਆਪਣੀ ਵਚਨਬੱਧਤਾ ਦਾ ਵੀ ਪ੍ਰਗਟਾਵਾ ਕੀਤਾ ਗਿਆ। ਇਸ ਦੌਰਾਨ ਖਾਲਸਾ ਯੂਨੀਵਰਸਿਟੀ ਦੇ ਪ੍ਰੋ—ਚਾਂਸਲਰ ਅਤੇ ਖਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਰਵਾਇਤੀ ਕਦਰਾਂ—ਕੀਮਤਾਂ ਨੂੰ ਕਾਇਮ ਰੱਖਣ ਅਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰ ਤਰੀਕੇ ਨਾਲ ਤਿਉਹਾਰ ਮਨਾਉਣ ਨੂੰ ਆਪਣੇ ਜੀਵਨ ਦਾ ਅਹਿਮ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਗ੍ਰੀਨ ਦੀਵਾਲੀ ਦੀ ਅਸਲ ਭਾਵਨਾ ਨੂੰ ਕਾਇਮ ਰੱਖਦਿਆਂ ਪਟਾਕਿਆਂ ਦੀ ਵਰਤੋਂ ਨਹੀਂ ਕੀਤੀ ਗਈ ਅਤੇ ਪ੍ਰੋਗਰਾਮ ਮੌਕੇ ਪ੍ਰਦੂਸ਼ਣ ਮੁਕਤ ਤੇ ਵਾਤਾਵਰਣ ਪ੍ਰਤੀ ਜਾਗਰੂਕ ਤਿਉਹਾਰ ਮਨਾਉਣ ਦਾ ਸੰਦੇਸ਼ ਦਿੱਤਾ ਗਿਆ।

ਕਿਰਤੀਆਂ ਦੀ ਮਿਹਨਤ ਤੇ ਹੁਨਰ ਦਾ ਸਨਮਾਨ ਹੀ ਵਿਸ਼ਵਕਰਮਾ ਦਿਵਸ ਦਾ ਅਸਲ ਸੰਦੇਸ਼ : ਸੀ ਟੀ ਯੂ ਪੰਜਾਬ

ਪਠਾਨਕੋਟ (ਦਵਿੰਦਰ ਸਿੰਘ) ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਸਬੰਧਤ ਸੀ ਟੀ ਯੂ ਪੰਜਾਬ ਵੱਲੋਂ ਯੂਨੀਅਨ ਦਫ਼ਤਰ ਨੇੜੇ ਪੁਰਾਣੀ ਐੱਸ ਡੀ ਐੱਮ ਕੋਰਟ ਕੰਪਲੈਕਸ ਡਲਹੌਜ਼ੀ ਰੋਡ ਪਠਾਨਕੋਟ ਵਿਖੇ ਯੂਨੀਅਨ ਦੇ ਸਿਟੀ ਪ੍ਰਧਾਨ ਸਾਥੀ ਰਾਮ ਬਿਲਾਸ ਠਾਕੁਰ ਤੇ ਸੋਹਨ ਲਾਲ ਦੀ ਅਗਵਾਈ ਹੇਠ ਸ਼ਰਧਾਪੂਰਵਕ ਵਿਸ਼ਵਕਰਮਾ ਦਿਵਸ ਮਨਾਇਆ ਗਿਆ। ਵਿਸ਼ਵਕਰਮਾ ਦਿਵਸ ਮੌਕੇ ਸੀ ਟੀ ਯੂ ਪੰਜਾਬ ਦੇ ਜਨਰਲ ਸਕੱਤਰ ਕਾਮਰੇਡ ਹਰਿੰਦਰ ਸਿੰਘ ਰੰਧਾਵਾ ਅਤੇ ਆਰ ਐੱਮ ਪੀ ਆਈ ਦੇ ਜ਼ਿਲਾ ਪ੍ਰਧਾਨ ਕਾਮਰੇਡ ਸ਼ਿਵ ਕੁਮਾਰ ਨੇ ਸਮੂਹ ਮਿਹਨਤਕਸ਼ ਲੋਕਾਂ, ਕਾਰੀਗਰਾਂ, ਨਿਰਮਾਣ ਮਜ਼ਦੂਰਾਂ, ਭੱਠਾ ਮਜ਼ਦੂਰਾਂ, ਉਦਯੋਗਿਕ ਕਾਮਿਆਂ ਅਤੇ ਹੋਰ ਕਿਰਤੀ ਵਰਗ ਨੂੰ ਹਾਰਦਿਕ ਮੁਬਾਰਕਬਾਦ ਦਿੱਤੀ।ਇਸ ਮੌਕੇ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਦੇਸ਼ ਦੀ ਤਰੱਕੀ ਅਤੇ ਖੁਸ਼ਹਾਲੀ ਦੀ ਅਸਲ ਨੀਂਹ ਮਜ਼ਦੂਰਾਂ ਦੀ ਮਿਹਨਤ, ਹੁਨਰ ਅਤੇ ਪਸੀਨਾ ਹੈ। ਫੈਕਟਰੀਆਂ, ਕਾਰਖਾਨਿਆਂ, ਖੇਤਾਂ, ਇੱਟ ਭੱਠਿਆਂ, ਉਸਾਰੀ ਦੇ ਕੰਮਾਂ ਅਤੇ ਹੋਰ ਉਤਪਾਦਨ ਦੇ ਖੇਤਰਾਂ ਵਿੱਚ ਕੰਮ ਕਰਨ ਵਾਲੇ ਮਿਹਨਤਕਸ਼ ਲੋਕ ਹੀ ਦੇਸ਼ ਦੀ ਆਰਥਿਕਤਾ ਨੂੰ ਚਲਾਉਂਦੇ ਹਨ ਪਰ ਅਫਸੋਸ ਦੀ ਗੱਲ ਹੈ ਕਿ ਅੱਜ ਇਸ ਮਜ਼ਦੂਰ ਵਰਗ ਨੂੰ ਘੱਟੋ-ਘੱਟ ਉਜਰਤ, ਸਮਾਜਿਕ ਸੁਰੱਖਿਆ, ਪੱਕੇ ਰੁਜ਼ਗਾਰ, ਸਿਹਤ ਸਹੂਲਤਾਂ ਅਤੇ ਪੈਨਸ਼ਨ ਵਰਗੇ ਬੁਨਿਆਦੀ ਅਧਿਕਾਰਾਂ ਤੋਂ ਵਾਂਝਾ ਰੱਖਿਆ ਜਾ ਰਿਹਾ ਹੈ। ਮਹਿੰਗਾਈ ਲਗਾਤਾਰ ਵਧ ਰਹੀ ਹੈ ਅਤੇ ਮਜ਼ਦੂਰਾਂ ਦੀ ਆਮਦਨ ਉਸ ਅਨੁਸਾਰ ਨਹੀਂ ਵਧ ਰਹੀ।ਯੂਨੀਅਨ ਨੇ ਸਰਕਾਰਾਂ ਤੋਂ ਮੰਗ ਕੀਤੀ ਕਿ ਤਰੁੰਤ ਮਿਨੀਮਮ ਵੇਜ ਜਾਰੀ ਕਰਕੇ ਮਜ਼ਦੂਰਾਂ ਲਈ ਘੱਟੋ-ਘੱਟ 31000 ਰੁਪਏ ਮਹੀਨਾ ਤਨਖਾਹ ਤੈਅ ਕੀਤੀ ਜਾਵੇ ਅਤੇ ਏਸੇ ਅਨੁਪਾਤ ਨਾਲ ਦਿਹਾੜੀ ਨਿਸਚਿਤ ਕੀਤੀ ਜਾਏ, ਠੇਕਾ ਪ੍ਰਣਾਲੀ ਖਤਮ ਕਰਕੇ ਪੱਕਾ ਰੁਜ਼ਗਾਰ ਦਿੱਤਾ ਜਾਵੇ, ਅੱਠ ਘੰਟੇ ਕੰਮ ਦੇ ਕਾਨੂੰਨ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾਵੇ ਅਤੇ ਮਜ਼ਦੂਰਾਂ ਨੂੰ ਪੈਨਸ਼ਨ ਸਮੇਤ ਸਾਰੀਆਂ ਸਮਾਜਿਕ ਸੁਰੱਖਿਆ ਸਹੂਲਤਾਂ ਦਿੱਤੀਆਂ ਜਾਣ।ਆਗੂਆਂ ਨੇ ਕਿਹਾ ਕਿ ਵਿਸ਼ਵਕਰਮਾ ਦਿਵਸ ਸਾਨੂੰ ਕਿਰਤ ਦੀ ਮਹਾਨਤਾ ਅਤੇ ਕਿਰਤੀ ਵਰਗ ਦੀ ਏਕਤਾ ਦਾ ਸੰਦੇਸ਼ ਦਿੰਦਾ ਹੈ।ਮਜ਼ਦੂਰਾਂ ਦੇ ਹੱਕਾਂ ਦੀ ਰਾਖੀ ਲਈ ਜਥੇਬੰਦ ਹੋ ਕੇ ਸੰਘਰਸ਼ ਕਰਨਾ ਸਮੇਂ ਦੀ ਮੁੱਖ ਲੋੜ ਹੈ। ਕਿਰਤ ਦਾ ਸਤਿਕਾਰ ਕਰੋ, ਕਿਰਤੀ ਦਾ ਸਨਮਾਨ ਕਰੋ।ਇਸ ਮੌਕੇ ਉਪਰੋਕਤ ਤੋਂ ਇਲਾਵਾ ਰਘਬੀਰ ਚੰਦ, ਕੁਲਦੀਪ ਰਾਜ ਮੁਦੇ, ਮਨਹਰਨ, ਯਸ਼ਪਾਲ, ਮਦਨ ਲਾਲ ,ਦਿਲਬਾਗ ਸਿੰਘ, ਯੋਧ ਰਾਜ ਤੇ ਹੋਰ ਸਾਥੀ ਹਾਜ਼ਰ ਸਨ।



ਜੂਨੀਅਰ ਹਾਕੀ 'ਚ ਨੈਸ਼ਨਲ ਚੈਂਪੀਅਨ ਬਣਨ 'ਤੇ ਸ਼ੇਰਸ਼ੁਭਜੀਤ ਸਿੰਘ ਦਾ ਵਿਸ਼ੇਸ਼ ਸਨਮਾਨ



ਬਟਾਲਾ (ਤਰਲੋਕ ਬੱਗਾ)- ਮਾਂ ਬੋਲੀ ਪੰਜਾਬੀ ਵਿਕਾਸ ਮੰਚ ਬਟਾਲਾ ਦੇ ਪ੍ਰਧਾਨ ਕੁਲਦੀਪ ਸਿੰਘ ਹੰਸਪਾਲ, ਜਨਰਲ ਸਕੱਤਰ ਨਿਸ਼ਾਨ ਸਿੰਘ ਜੌੜਾ ਸਿੰਘਾ ਅਤੇ ਸੰਚਾਲਕ ਗੁਰਪ੍ਰੀਤ ਸਿੰਘ ਰੰਗੀਲਪੁਰ ਦੀ ਅਗਵਾਈ ਵਿੱਚ ਇੱਕ ਸਨਮਾਨ ਸਮਾਗਮ ਕੀਤਾ ਗਿਆ ।ਇਸ ਸਨਮਾਨ ਸਮਾਗਮ ਵਿੱਚ ਨੌਜਵਾਨ ਸ਼ੇਰਸ਼ੁਭਜੀਤ ਸਿੰਘ ਪਿਤਾ ਸੁਖਜਿੰਦਰ ਸਿੰਘ ਵਾਸੀ ਪਿੰਡ ਬਾਸਰਪੁਰ ਦਾ ਜੂਨੀਅਰ ਹਾਕੀ ਵਿੱਚ ਨੈਸ਼ਨਲ ਚੈਂਪੀਅਨ ਬਣਨ 'ਤੇ ਵਿਸ਼ੇਸ਼ ਸਨਮਾਨ ਕੀਤਾ ਗਿਆ ।ਆਗੂਆਂ ਕਿਹਾ ਕਿ ਨੌਜਵਾਨ ਸ਼ੇਰਸ਼ੁਭਜੀਤ ਸਿੰਘ ਨੇ ਆਪਣੇ ਪਿਤਾ, ਆਪਣੇ ਪਿੰਡ, ਆਪਣੇ ਸ਼ਹਿਰ, ਆਪਣੇ ਇਲਾਕੇ ਅਤੇ ਆਪਣੇ ਸੂਬੇ ਪੰਜਾਬ ਦਾ ਪੂਰੇ ਭਾਰਤ ਵਿੱਚ ਨਾਮ ਰੌਸ਼ਨ ਕੀਤਾ ਹੈ ।ਇਸ ਨੌਜਵਾਨ ਨੇ ਆਪਣੇ ਵਰਗੇ ਨੌਜਵਾਨਾਂ ਦੇ ਸੇਧ ਪ੍ਰਦਾਨ ਕੀਤੀ ਹੈ ਘੱਟ ਸਾਧਨਾਂ ਵਿੱਚ ਸਖ਼ਤ ਮਿਹਨਤ ਅਤੇ ਪੂਰੀ ਲਗਨ ਨਾਲ ਮੰਜ਼ਿਲ ਵੱਲ ਅੱਗੇ ਵੱਧਿਆ ਜਾ ਸਕਦਾ ਹੈ ।ਆਗੂਆਂ ਨੌਜਵਾਨ ਨੂੰ ਸ਼ਾਬਾਸ਼ ਦਿੱਤੀ ਅਤੇ ਉਸਦੇ ਪਰਿਵਾਰ ਨੂੰ ਵਧਾਈ ਦਿੱਤੀ ।ਇਸ ਮੌਕੇ ਵਿਜੇ ਅਗਨੀਹੋਤਰੀ, ਰਤਨ ਬਟਵਾਲ, ਰਮੇਸ਼ ਤਾਲੋਤਰਾ, ਸੁਖਜਿੰਦਰ ਸਿੰਘ, ਰੂਪ ਲਾਲ, ਹਰਬੰਸ ਸਿੰਘ, ਅਮਿਤ ਕੁਮਾਰ, ਮੁਖਵਿੰਦਰ ਸਿੰਘ ਆਦਿ ਹਾਜ਼ਰ ਸਨ ।

ਜ਼ਿਲ੍ਹਾ ਪ੍ਰਸ਼ਾਸਨ ਦੇ ਭੰਗੂੜੇ ਵਿੱਚ ਮੁੜ ਗੂੰਜੀਆਂ ਨਵ-ਜਾਤ ਬੱਚੀ ਦੀਆਂ ਕਿਲਕਾਰੀਆਂ

ਭੰਗੂੜੇ ਰਾਹੀਂ ਹੁਣ ਤੱਕ 198 ਬੱਚਿਆਂ ਦੀ ਸੁਰੱਖਿਆ ਅਤੇ ਸੰਭਾਲ ਲਈ ਕੀਤੇ ਗਏ ਉਪਰਾਲੇ: ਡਿਪਟੀ ਕਮਿਸ਼ਨਰ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)- ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਵੱਲੋਂ ਲਗਾਏ ਗਏ ਭੰਗੂੜੇ ਵਿੱਚ ਇੱਕ ਵਾਰ ਫਿਰ ਨਵਜਾਤ ਬੱਚੀ ਦੀਆਂ ਕਿਲਕਾਰੀਆਂ ਗੂੰਜੀਆਂ ਹਨ। ਬੀਤੀ 5 ਨਵੰਬਰ ਨੂੰ ਭੰਗੂੜੇ ਵਿੱਚ ਇੱਕ ਨਵਜਾਤ ਬੱਚੀ ਆਈ ਹੈ, ਜਿਸ ਨਾਲ ਭੰਗੂੜੇ ਰਾਹੀਂ ਹੁਣ ਤੱਕ ਆਏ ਬੱਚਿਆਂ ਦੀ ਗਿਣਤੀ 198 ਹੋ ਗਈ ਹੈ।ਬੱਚੀ ਦੀ ਸੁਰੱਖਿਆ ਅਤੇ ਸਿਹਤ ਨੂੰ ਮੁੱਖ ਰੱਖਦਿਆਂ ਰੈੱਡ ਕਰਾਸ ਸੁਸਾਇਟੀ ਵੱਲੋਂ ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਰੈੱਡ ਕਰਾਸ ਸੁਸਾਇਟੀ, ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ, ਆਈ.ਏ.ਐੱਸ. ਦੀ ਅਗਵਾਈ ਹੇਠ ਪਰਵਤੀ ਦੇਵੀ ਹਸਪਤਾਲ ਵਿਖੇ ਉਸ ਦਾ ਇਲਾਜ ਅਤੇ ਲੋੜੀਂਦੀ ਡਾਕਟਰੀ ਦੇਖਭਾਲ ਕਰਵਾਈ ਗਈ।

ਡਾਕਟਰੀ ਜਾਂਚ ਉਪਰੰਤ ਬੱਚੀ ਪੂਰੀ ਤਰ੍ਹਾਂ ਤੰਦਰੁਸਤ ਪਾਈ ਗਈ।ਬੱਚੀ ਦੀ ਸਿਹਤਯਾਬੀ ਅਤੇ ਸੁਰੱਖਿਅਤ ਸੰਭਾਲ ਲਈ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਪਰਵਤੀ ਦੇਵੀ ਹਸਪਤਾਲ ਦੇ ਸਟਾਫ ਵੱਲੋਂ ਨਿਭਾਈ ਗਈ ਸੇਵਾ ਦੀ ਸ਼ਲਾਘਾ ਕੀਤੀ।ਚਾਈਲਡ ਪ੍ਰੋਟੈਕਸ਼ਨ ਕਮੇਟੀ ਵੱਲੋਂ ਬੱਚੀ ਦਾ ਨਾਮ ਸੀਤਾ ਰੱਖਿਆ ਗਿਆ ਹੈ। ਬੱਚੀ ਨੂੰ ਬਿਹਤਰ ਦੇਖਭਾਲ, ਸੁਰੱਖਿਆ ਅਤੇ ਉੱਜਵਲ ਭਵਿੱਖ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸਵਾਮੀ ਗੰਗਾ ਨੰਦ ਭੂਰੀ ਵਾਲੇ ਫਾਊਂਡੇਸ਼ਨ ਧਾਮ, ਪਿੰਡ ਤਲਵੰਡੀ ਖੁਰਦ, ਲੁਧਿਆਣਾ ਵਿਖੇ ਭੇਜਿਆ ਗਿਆ ਹੈ। ਇਸ ਮੌਕੇ ਹਰਪ੍ਰੀਤ ਕੌਰ, ਲੇਡੀ ਪ੍ਰਧਾਨ, ਰੈੱਡ ਕਰਾਸ ਸੁਸਾਇਟੀ ਅਤੇ ਪਲਵੀ ਮਿਸ਼ਰਾ, ਆਈ.ਏ.ਐੱਸ., ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਸੀਨੀਅਰ ਉਪ ਪ੍ਰਧਾਨ, ਰੈੱਡ ਕਰਾਸ ਸੁਸਾਇਟੀ ਵੱਲੋਂ ਬੱਚੀ ਦੇ ਚੰਗੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ।

ਇਸ ਮੌਕੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਵੱਲੋਂ ਸਥਾਪਤ ਭੰਗੂੜੇ ਰਾਹੀਂ ਹੁਣ ਤੱਕ 198 ਬੱਚਿਆਂ ਨੂੰ ਸੁਰੱਖਿਆ ਅਤੇ ਸੰਭਾਲ ਪ੍ਰਦਾਨ ਕਰਨ ਦੇ ਉਪਰਾਲੇ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦਾ ਮੁੱਖ ਉਦੇਸ਼ ਹਰ ਬੱਚੇ ਦੀ ਜਾਨ ਦੀ ਰੱਖਿਆ ਕਰਨਾ ਅਤੇ ਉਸ ਨੂੰ ਸੁਰੱਖਿਅਤ ਮਾਹੌਲ ਅਤੇ ਬਿਹਤਰ ਭਵਿੱਖ ਦੇ ਮੌਕੇ ਪ੍ਰਦਾਨ ਕਰਨਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਅਣਸੁਖਾਵੀਂ ਸਥਿਤੀ ਵਿੱਚ ਨਵਜਾਤ ਬੱਚਿਆਂ ਨੂੰ ਲਾਵਾਰਸ ਛੱਡਣ ਦੀ ਬਜਾਏ ਭੰਗੂੜੇ ਵਿੱਚ ਛੱਡਿਆ ਜਾਵੇ, ਤਾਂ ਜੋ ਉਨ੍ਹਾਂ ਦੀ ਜਾਨ ਅਤੇ ਸੁਰੱਖਿਆ ਯਕੀਨੀ ਬਣਾਈ ਜਾ ਸਕੇ।ਇਸ ਮੌਕੇ ਸੈਮਸਨ ਮਸੀਹ, ਕਾਰਜਕਾਰੀ ਸਕੱਤਰ, ਰੈੱਡ ਕਰਾਸ ਸੁਸਾਇਟੀ, ਅੰਮ੍ਰਿਤਸਰ ਨੇ ਵੀ ਬੱਚੀ ਦੀ ਸਿਹਤ ਅਤੇ ਉੱਜਵਲ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।ਉਨ੍ਹਾਂ ਦੱਸਿਆ ਕਿ ਬੱਚੀ ਦੀ ਦੇਖਭਾਲ ਅਤੇ ਗੋਦ ਲੈਣ ਦੀ ਪ੍ਰਕਿਰਿਆ ਸਬੰਧੀ ਅਗਲੀ ਕਾਰਵਾਈ ਨਿਯਮਾਂ ਅਨੁਸਾਰ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਬੱਚੀ ਦੀ ਸੁਰੱਖਿਆ ਅਤੇ ਬਿਹਤਰ ਭਵਿੱਖ ਨੂੰ ਯਕੀਨੀ ਬਣਾਉਣ ਲਈ ਰੈੱਡ ਕਰਾਸ ਸੁਸਾਇਟੀ ਵੱਲੋਂ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ।



ਪੱਤਰਕਾਰ ਭਾਈਚਾਰੇ ਨਾਲ ਰੂਬਰੂ ਹੋਏ ਰਮਨਦੀਪ ਕੌਰ ਤੇ ਅਵਤਾਰ ਸਿੰਘ ਬਿੱਲਾ ਸ਼ੇਰੋਂ



ਤਰਨ ਤਾਰਨ (ਪ੍ਰਿਤਪਾਲ ਸਿੰਘ)- ਵਿਧਾਨ ਸਭਾ ਹਲਕਾ ਸ੍ਰੀ ਖਡੂਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬੀਬਾ ਰਮਨਦੀਪ ਕੌਰ ਸ਼ੇਰੋਂ ਅਤੇ ਸਰਪੰਚ ਅਵਤਾਰ ਸਿੰਘ ਬਿੱਲਾ ਸ਼ੇਰੋਂ ਨੇ ਬੀਤੇ ਕੱਲ੍ਹ ਪੱਤਰਕਾਰ ਭਾਈਚਾਰੇ ਨਾਲ ਮੁਲਾਕਾਤ ਕੀਤੀ।ਇਸ ਦੌਰਾਨ ਉਨ੍ਹਾਂ ਨੇ ਪੱਤਰਕਾਰਾਂ ਨਾਲ ਹਲਕੇ ਦੇ ਵੱਖ-ਵੱਖ ਮਸਲਿਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਅਤੇ ਉਨ੍ਹਾਂ ਦੇ ਕੀਮਤੀ ਸੁਝਾਅ ਵੀ ਲਏ।ਇਸ ਮੌਕੇ ਬੀਬਾ ਰਮਨਦੀਪ ਕੌਰ ਸ਼ੇਰੋਂ ਅਤੇ ਅਵਤਾਰ ਸਿੰਘ ਬਿੱਲਾ ਸ਼ੇਰੋਂ ਨੇ ਕਿਹਾ ਕਿ ਪੱਤਰਕਾਰ ਭਾਈਚਾਰਾ ਭਾਰਤੀ ਲੋਕਤੰਤਰ ਦਾ ਅਹਿਮ ਥੰਮ੍ਹ ਹੈ। ਪੱਤਰਕਾਰ ਆਪਣੀ ਕਲਮ ਰਾਹੀਂ ਲੋਕਾਂ ਦੀਆਂ ਸਮੱਸਿਆਵਾਂ, ਸਮਾਜਿਕ ਮੁੱਦਿਆਂ ਅਤੇ ਲੋਕਾਂ ਦੀ ਆਵਾਜ਼ ਨੂੰ ਸਰਕਾਰ ਤੇ ਪ੍ਰਸ਼ਾਸਨ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਪੱਤਰਕਾਰਾਂ ਨਾਲ ਅਜਿਹੀਆਂ ਮੁਲਾਕਾਤਾਂ ਰਾਹੀਂ ਜਿੱਥੇ ਵਿਚਾਰਾਂ ਦਾ ਅਦਾਨ-ਪ੍ਰਦਾਨ ਹੁੰਦਾ ਹੈ, ਉੱਥੇ ਹੀ ਸਮਾਜ ਦੇ ਵੱਖ-ਵੱਖ ਮੁੱਦਿਆਂ ਨੂੰ ਸਮਝਣ ਦਾ ਮੌਕਾ ਵੀ ਮਿਲਦਾ ਹੈ।ਅਖੀਰ ਵਿੱਚ ਉਨ੍ਹਾਂ ਨੇ ਸਮੂਹ ਪੱਤਰਕਾਰ ਭਾਈਚਾਰੇ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਬੰਦੀ ਛੋੜ ਦਿਵਸ ਅਤੇ ਦੀਵਾਲੀ ਦੇ ਪਵਿੱਤਰ ਤਿਉਹਾਰ ਦੀਆਂ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ।

ਰਹਿੰਦ-ਖੂੰਹਦ ਨੂੰ ਅੱਗ ਲਗਾਏ ਬਿਨਾਂ ਖੇਤਾਂ 'ਚ ਸੁਪਰਸੀਡਰ ਮਸ਼ੀਨ ਨਾਲ ਕਣਕ ਦੀ ਬਿਜਾਈ ਜਾਰੀ

ਬਟਾਲਾ, (ਡਾ. ਮਲਵਿੰਦਰ ਸਿੰਘ)- ਖੇਤੀਬਾੜੀ ਕਰਦਿਆਂ ਹਰੇਕ ਕਿਸਾਨ ਦੀ ਇਹੀ ਕੋਸ਼ਿਸ਼ ਹੁੰਦੀ ਹੈ ਕਿ ਫ਼ਸਲ ਦੀ ਉਤਪਾਦਨ ਲਾਗਤ ਘੱਟ ਹੋਵੇ ਅਤੇ ਆਮਦਨ ਵਿੱਚ ਵਾਧਾ ਹੋਵੇ।ਇਹ ਟੀਚਾ ਆਧੁਨਿਕ ਖੇਤੀ ਤਕਨੀਕਾਂ ਨੂੰ ਅਪਣਾ ਕੇ ਅਤੇ ਉਨ੍ਹਾਂ ਦੀ ਸਹੀ ਵਰਤੋਂ ਕਰਕੇ ਹੀ ਪ੍ਰਾਪਤ ਕੀਤਾ ਜਾ ਸਕਦਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਲੱਸਟਰ ਇੰਚਾਰਜ ਖੇਤੀਬਾੜੀ ਵਿਸਥਾਰ ਅਫਸਰ ਕੁਲਵਿੰਦਰ ਕੌਰ ਨੇ ਪਿੰਡ ਤਲਵੰਡੀ ਲਾਲ ਸਿੰਘ ਵਿਖੇ ਸੁਪਰ ਸੀਡਰ ਮਸ਼ੀਨ ਨਾਲ ਕੀਤੀ ਕਣਕ ਦੀ ਬਿਜਾਈ ਵੇਖਣ ਉਪਰੰਤ ਕੀਤਾ।ਇਸ ਮੌਕੇ ਕਿਸਾਨਾਂ ਨੇ ਆਪਣੇ ਤਜਰਬੇ ਸਾਂਝੇ ਕਰਦਿਆਂ ਦੱਸਿਆ ਕਿ ਪਰਾਲੀ ਪ੍ਰਬੰਧਨ ਕੋਈ ਮੁਸ਼ਕਲ ਕੰਮ ਨਹੀਂ, ਸਗੋਂ ਇਸ ਦੇ ਸੁਚੱਜੇ ਪ੍ਰਬੰਧਨ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਸੁਧਾਰ ਹੋਇਆ ਹੈ ਅਤੇ ਫ਼ਸਲ ਦਾ ਝਾੜ ਵੀ ਵਧੀਆ ਮਿਲ ਰਿਹਾ ਹੈ।ਸੁਪਰ ਸੀਡਰ ਤਕਨੀਕ ਦੇ ਫ਼ਾਇਦਿਆਂ ਬਾਰੇ ਜਾਣਕਾਰੀ ਦਿੰਦਿਆਂ ਕਲੱਸਟਰ ਇੰਚਾਰਜ ਨੇ ਦੱਸਿਆ ਕਿ ਇਹ ਕਣਕ ਦੀ ਬਿਜਾਈ ਲਈ ਸੌਖੀ ਅਤੇ ਕਿਫ਼ਾਇਤੀ ਤਕਨੀਕ ਹੈ। ਇਸ ਨਾਲ ਝੋਨੇ ਅਤੇ ਬਾਸਮਤੀ ਦੀ ਕਟਾਈ ਤੋਂ ਬਾਅਦ ਖੇਤ ਵਿੱਚ ਮੌਜੂਦ ਵੱਤਰ ਦੀ ਵਰਤੋਂ ਕਰਕੇ ਸਿੱਧੀ ਬਿਜਾਈ ਕੀਤੀ ਜਾ ਸਕਦੀ ਹੈ। ਇਸ ਤਰ੍ਹਾਂ ਬਿਜਾਈ ਤੋਂ ਪਹਿਲਾਂ ਕੀਤੀ ਜਾਣ ਵਾਲੀ ਰੌਣੀ ਲਈ ਵਰਤੇ ਜਾਂਦੇ ਪਾਣੀ ਦੀ ਵੱਡੀ ਬੱਚਤ ਹੁੰਦੀ ਹੈ ਅਤੇ ਸਮੇਂ ਦੀ ਵੀ ਬਚਤ ਹੁੰਦੀ ਹੈ। ਇਸ ਤੋਂ ਇਲਾਵਾ ਖੇਤਾਂ ਵਿੱਚ ਨਦੀਨਾਂ ਦੀ ਸਮੱਸਿਆ ਵੀ ਘੱਟ ਹੁੰਦੀ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਈ ਜਾਵੇ, ਕਿਉਂਕਿ ਪਰਾਲੀ ਸਾੜਨ ਨਾਲ ਮਿੱਟੀ ਦੀ ਉਪਰਲੀ ਪਰਤ ਦਾ ਤਾਪਮਾਨ ਵਧ ਜਾਂਦਾ ਹੈ, ਜਿਸ ਕਾਰਨ ਮਿੱਟੀ ਦੀ ਨਮੀ ਅਤੇ ਇਸ ਵਿੱਚ ਮੌਜੂਦ ਲਾਹੇਵੰਦ ਸੂਖਮ ਜੀਵਾਂ ਦੀ ਗਿਣਤੀ ਘਟਦੀ ਹੈ। ਇਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਤੇ ਮਾੜਾ ਅਸਰ ਪੈਂਦਾ ਹੈ।ਇਸ ਲਈ ਕਿਸਾਨਾਂ ਨੂੰ ਆਧੁਨਿਕ ਮਸ਼ੀਨਰੀ ਦੀ ਵਰਤੋਂ ਕਰਕੇ ਫ਼ਸਲਾਂ ਦੀ ਰਹਿੰਦ-ਖੂੰਹਦ ਦਾ ਸੁਚੱਜਾ ਪ੍ਰਬੰਧਨ ਕਰਨਾ ਚਾਹੀਦਾ ਹੈ।



ਦੀਵਾਲੀ ਅਤੇ ਬੰਦੀ ਛੋੜ ਦਿਵਸ ਮਨਾਇਆ

ਆਦਮਪੁਰ (ਪਰਮਜੀਤ ਸਿੰਘ)- ਦੀ ਇੰਪੀਰੀਅਲ ਸਕੂਲ ਗ੍ਰੀਨ ਕੈਂਪਸ ਆਦਮਪੁਰ ਵਿਖੇ ਦੀਵਾਲੀ ਅਤੇ ਬੰਦੀ ਛੋੜ ਦਿਵਸ ਦਾ ਪਵਿੱਤਰ ਤਿਉਹਾਰ ਬੜੇ ਹੀ ਉਤਸ਼ਾਹ, ਖੁਸ਼ੀ ਅਤੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵਿਸ਼ੇਸ਼ ਸਵੇਰ ਦੀ ਸਭਾ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਸੱਭਿਆਚਾਰਕ ਅਤੇ ਧਾਰਮਿਕ ਪੇਸ਼ਕਾਰੀਆਂ ਰਾਹੀਂ ਭਾਰਤੀ ਸੱਭਿਆਚਾਰ, ਪਰੰਪਰਾਵਾਂ, ਆਪਸੀ ਪਿਆਰ, ਭਾਈਚਾਰੇ, ਏਕਤਾ ਅਤੇ ਅਜ਼ਾਦੀ ਦੇ ਮਹੱਤਵ ਨੂੰ ਬਹੁਤ ਹੀ ਸੁੰਦਰ ਢੰਗ ਨਾਲ ਦਰਸਾਇਆ। ਪ੍ਰੋਗਰਾਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਮੰਚ ਸੰਚਾਲਨ, ਪ੍ਰਾਰਥਨਾ ਦੀ ਰਸਮ ਨਾਲ ਕੀਤੀ ਗਈ। ਇਸ ਤੋਂ ਬਾਅਦ ਮਹਿਮਾਨਾਂ ਦਾ ਰਵਾਇਤੀ ਢੰਗ ਨਾਲ ਸਵਾਗਤ ਅਤੇ ਸਨਮਾਨ ਕੀਤਾ ਗਿਆ। ਸਵੇਰ ਦੀ ਸਭਾ ਦੌਰਾਨ ਵਿਚਾਰ ਅਤੇ ਸ਼ਬਦ ਰਾਹੀਂ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕੀਤਾ ਗਿਆ। ਪ੍ਰੋਗਰਾਮ ਦਾ ਮੁੱਖ ਆਕਰਸ਼ਣ ਰਾਮਾਇਣ 'ਤੇ ਆਧਾਰਿਤ ਰਾਮਲੀਲਾ ਰਹੀ, ਜਿਸ ਵਿੱਚ ਵਿਦਿਆਰਥੀਆਂ ਨੇ ਭਗਵਾਨ ਸ੍ਰੀ ਰਾਮ ਦੇ ਆਦਰਸ਼ਾਂ, ਮਰਿਆਦਾ, ਸੱਚਾਈ ਅਤੇ ਧਰਮ ਦੀ ਜਿੱਤ ਦਾ ਸੰਦੇਸ਼ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ। ਦੀਵਾਲੀ ਦੇ ਮਹੱਤਵ ਬਾਰੇ ਹਿੰਦੀ ਵਿੱਚ ਭਾਸ਼ਣ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ, ਸਮੂਹ ਗੀਤ ਨੇ ਤਿਉਹਾਰ ਦੇ ਮਾਹੌਲ ਨੂੰ ਹੋਰ ਵੀ ਮਨਮੋਹਕ ਬਣਾ ਦਿੱਤਾ। ਇਸ ਮੌਕੇ ਸਕੂਲ ਦੇ ਹੈੱਡ ਬੁਆਏ ਧਰੁਵ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਇਸ ਤੋਂ ਬਾਅਦ ਚੌਥੀ ਜਮਾਤ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਨਾਚ ਪੇਸ਼ ਕਰਕੇ ਦਰਸ਼ਕਾਂ ਦੀਆਂ ਖ਼ੂਬ ਤਾੜੀਆਂ ਬਟੋਰੀਆਂ। ਬੰਦੀ ਛੋੜ ਦਿਵਸ ਦੇ ਇਤਿਹਾਸਕ ਅਤੇ ਅਧਿਆਤਮਿਕ ਮਹੱਤਵ ਬਾਰੇ ਪੰਜਾਬੀ ਭਾਸ਼ਾ ਵਿੱਚ ਭਾਸ਼ਣ ਪੇਸ਼ ਕੀਤਾ ਗਿਆ। ਅੰਮ੍ਰਿਤਵੀਰ ਵੱਲੋਂ ਪੇਸ਼ ਕੀਤੇ ਗਏ ਸ਼ਬਦ ਨੇ ਸਾਰੇ ਮਾਹੌਲ ਨੂੰ ਭਗਤੀ ਭਾਵਨਾ ਨਾਲ ਭਰ ਦਿੱਤਾ। ਇਸ ਵਿਸ਼ੇਸ਼ ਮੌਕੇ 'ਤੇ ਮੁੱਖ ਮਹਿਮਾਨ ਵਜੋਂ ਪੁਸ਼ਪੇਂਦਰ ਕੁਮਾਰ ਨਿਰਾਲਾ, ਡਾਇਰੈਕਟਰ, ਏਅਰਪੋਰਟ ਅਥਾਰਟੀ ਅਤੇ ਰਮਨ ਦਵੇਸਰ ਸੰਪਾਦਕ ਰੋਜ਼ਾਨਾ ਅਜੀਤ ਆਦਮਪੁਰ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਉਨ੍ਹਾਂ ਦੇ ਨਾਲ ਸਕੂਲ ਦੇ ਪ੍ਰਧਾਨ ਜਗਦੀਸ਼ ਲਾਲ, ਡਾਇਰੈਕਟਰ ਜਗਮੋਹਨ ਅਰੋੜਾ, ਸੀ ਈ ਓ ਨਿਖਿਲ ਪਸਰੀਚਾ, ਸੀ ਓ ਓ ਸੁਖਦੇਵ ਅਰੋੜਾ, ਪ੍ਰਿੰਸੀਪਲ ਰਾਜਵਿੰਦਰ ਪਾਲ ਅਤੇ ਵਾਈਸ ਪ੍ਰਿੰਸੀਪਲ ਪੂਜਾ ਠਾਕੁਰ ਦੀ ਹਾਜ਼ਰੀ ਨੇ ਸਮਾਗਮ ਦੀ ਸ਼ੋਭਾ ਵਧਾਈ। ਆਪਣੇ ਸੰਬੋਧਨ ਦੌਰਾਨ ਮੁੱਖ ਮਹਿਮਾਨਾਂ ਨੇ ਵਿਦਿਆਰਥੀਆਂ ਦੀ ਪ੍ਰਤਿਭਾ, ਆਤਮ-ਵਿਸ਼ਵਾਸ ਅਤੇ ਅਨੁਸ਼ਾਸਨ ਦੀ ਭਰਪੂਰ ਸ਼ਲਾਘਾ ਕੀਤੀ। ਵਿਸ਼ੇਸ਼ ਤੌਰ 'ਤੇ ਉਨ੍ਹਾਂ ਨੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀ ਗਈ ਰਾਮਲੀਲਾ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੇ ਭਗਵਾਨ ਸ੍ਰੀ ਰਾਮ ਦੇ ਜੀਵਨ ਆਦਰਸ਼ਾਂ ਅਤੇ ਰਾਮਾਇਣ ਦੇ ਪ੍ਰੇਰਨਾਦਾਇਕ ਪ੍ਰਸੰਗਾਂ ਨੂੰ ਬਹੁਤ ਹੀ ਸੁੰਦਰ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਮੰਚ 'ਤੇ ਜੀਵੰਤ ਕੀਤਾ। ਪ੍ਰੋਗਰਾਮ ਦੀ ਸਮਾਪਤੀ ਰਾਸ਼ਟਰੀ ਗਾਣ ਨਾਲ ਹੋਈ।



ਗੁਰਦੇਵ ਸਿੰਘ ਸ਼ਾਹੀ ਨੇ ਭਾਈ ਅੰਮ੍ਰਿਤਪਾਲ ਸਿੰਘ ਦੇ ਪਰਿਵਾਰ ਨਾਲ ਕੀਤਾ ਦੁੱਖ ਸਾਂਝਾ

ਧਾਰੀਵਾਲ (ਜਲੂਪੁਰ ਖੇੜਾ) (ਮਨਦੀਪ ਵਿੱਕੀ)- ਵਾਰਿਸ ਪੰਜਾਬ ਦੇ ਪਾਰਟੀ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਸੀਨੀਅਰ ਮੀਤ ਪ੍ਰਧਾਨ ਗੁਰਦੇਵ ਸਿੰਘ ਸ਼ਾਹੀ ਅੱਜ ਆਪਣੇ ਸਾਥੀਆਂ ਸਮੇਤ ਵਿਸ਼ੇਸ਼ ਤੌਰ ਤੇ ਪਿੰਡ ਜਲੂਪੁਰ ਖੇੜਾ ਵਿਖੇ ਪਹੁੰਚੇ। ਉੱਥੇ ਉਨ੍ਹਾਂ ਨੇ ਹਲਕਾ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ (ਐਮ.ਪੀ.) ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਦਾਦੀ ਅਤੇ ਬਾਪੂ ਤਰਸੇਮ ਸਿੰਘ ਦੇ ਮਾਤਾ ਜੀ ਦੇ ਬੀਤੇ ਦਿਨੀਂ ਹੋਏ ਅਚਾਨਕ ਸੰਸਾਰਿਕ ਵਿਛੋੜੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਗੁਰਦੇਵ ਸਿੰਘ ਸ਼ਾਹੀ ਅਤੇ ਉਨ੍ਹਾਂ ਦੇ ਸਾਥੀਆਂ ਨੇ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਅਤੇ ਸਮੁੱਚੇ ਪਰਿਵਾਰ ਨਾਲ ਮੁਲਾਕਾਤ ਕਰਕੇ ਹਮਦਰਦੀ ਪ੍ਰਗਟਾਈ। ਉਨ੍ਹਾਂ ਕਿਹਾ ਕਿ ਮਾਤਾ ਜੀ ਦਾ ਚਲੇ ਜਾਣਾ ਪਰਿਵਾਰ ਅਤੇ ਪੰਥ ਲਈ ਇੱਕ ਅਸਹਿ ਘਾਟਾ ਹੈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਗੁਰਦੇਵ ਸਿੰਘ ਸ਼ਾਹੀ ਨੇ ਸਰਕਾਰ ਅਤੇ ਪ੍ਰਸ਼ਾਸਨ ਕੋਲੋਂ ਪੁਰਜ਼ੋਰ ਮੰਗ ਕੀਤੀ ਕਿ ਜੇਲ੍ਹ ਵਿੱਚ ਨਜ਼ਰਬੰਦ ਐਮ.ਪੀ. ਭਾਈ ਅੰਮ੍ਰਿਤਪਾਲ ਸਿੰਘ ਨੂੰ ਤੁਰੰਤ ਪੈਰੋਲ ਦਿੱਤੀ ਜਾਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਇਹ ਪਰਿਵਾਰਕ ਅਤੇ ਭਾਵਨਾਤਮਕ ਪੱਖ ਤੋਂ ਬਹੁਤ ਜ਼ਰੂਰੀ ਹੈ ਤਾਂ ਜੋ ਭਾਈ ਅੰਮ੍ਰਿਤਪਾਲ ਸਿੰਘ ਆਪਣੀ ਸਵਰਗਵਾਸੀ ਦਾਦੀ ਜੀ ਦੇ ਆਖਰੀ ਦਰਸ਼ਨ ਕਰ ਸਕਣ ਅਤੇ ਆਪਣੇ ਹੱਥਾਂ ਨਾਲ ਉਨ੍ਹਾਂ ਦਾ ਅੰਤਿਮ ਸੰਸਕਾਰ ਕਰਕੇ ਪੋਤਰਾ ਹੋਣ ਦਾ ਫਰਜ਼ ਨਿਭਾ ਸਕਣ।ਇਸ ਮੌਕੇ ਉਨ੍ਹਾਂ ਦੇ ਨਾਲ ਜਥੇਬੰਦੀ ਦੇ ਕਈ ਹੋਰ ਪ੍ਰਮੁੱਖ ਸਾਥੀ ਅਤੇ ਇਲਾਕਾ ਨਿਵਾਸੀ ਵੀ ਮੌਜੂਦ ਸਨ, ਜਿਨ੍ਹਾਂ ਨੇ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ।



ਨਵਾਂ ਜ਼ਮਾਨਾ

ਬੁੱਧਵਾਰ, 11 ਨਵੰਬਰ 2026

ਨੋਟਬੰਦੀ ਨੇ ਤਬਾਹੀ ਹੀ ਲਿਆਂਦੀ

ਨੋਟਬੰਦੀ ਦੇ ਦਸ ਸਾਲ ਬਾਅਦ ਵੀ ਰਿਜ਼ਰਵ ਬੈਂਕ ਆਫ ਇੰਡੀਆ (ਆਰ ਬੀ ਆਈ) ਦੇ ਅੰਕੜੇ ਦਰਸਾਉਂਦੇ ਹਨ ਕਿ ਸਰਕੂਲੇਸ਼ਨ ਵਿੱਚ ਨਕਦੀ ਨੂੰ ਘਟਾਉਣ ਦਾ ਟੀਚਾ ਪ੍ਰਾਪਤ ਨਹੀਂ ਹੋਇਆ। ਨਕਦੀ ਦੀ ਵਰਤੋਂ ਨੋਟਬੰਦੀ ਤੋਂ ਪਹਿਲਾਂ ਦੇ ਪੱਧਰ 'ਤੇ ਹੀ ਹੈ। ਇਸ ਦੌਰਾਨ, 500 ਰੁਪਏ ਦੇ ਨਕਲੀ ਨਵੇਂ ਨੋਟਾਂ ਦੀ ਗਿਣਤੀ ਵਿੱਚ ਵੀ ਵਾਧਾ ਹੋਇਆ ਹੈ। 2015-16 ਵਿੱਚ ਦੇਸ਼ ਦੇ ਕੁੱਲ ਘਰੇਲੂ ਉਤਪਾਦ (ਜੀ ਡੀ ਪੀ) ਦੇ ਪ੍ਰਤੀਸ਼ਤ ਵਜੋਂ ਲੋਕਾਂ ਕੋਲ ਨਕਦੀ ਦਾ ਹਿੱਸਾ 11.9 ਫੀਸਦੀ ਸੀ। 31 ਮਾਰਚ, 2026 ਤੱਕ ਇਹ ਅੰਕੜਾ 12.1 ਫੀਸਦੀ ਤੱਕ ਵਧ ਗਿਆ ਸੀ। ਇਸ ਦਾ ਮਤਲਬ ਹੈ ਕਿ ਨੋਟਬੰਦੀ ਤੋਂ ਬਾਅਦ ਕੋਈ ਮਹੱਤਵਪੂਰਨ ਕਮੀ ਨਹੀਂ ਆਈ।

ਇਸ ਦੇ ਉਲਟ ਜੀ ਡੀ ਪੀ ਦੇ ਪ੍ਰਤੀਸ਼ਤ ਵਜੋਂ ਯੂ ਪੀ ਆਈ (ਯੂਨੀਫਾਈਡ ਪੇਮੈਂਟਸ ਇੰਟਰਫੇਸ) ਲੈਣ-ਦੇਣ ਦਾ ਮੁੱਲ 2016-17 ਵਿੱਚ ਜ਼ੀਰੋ ਤੋਂ ਵਧ ਕੇ 2025-26 ਵਿੱਚ ਲੱਗਭੱਗ 91 ਪ੍ਰਤੀਸ਼ਤ ਹੋ ਗਿਆ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 8 ਨਵੰਬਰ, 2016 ਨੂੰ ਨੋਟਬੰਦੀ ਦਾ ਐਲਾਨ ਕਰਦੇ ਹੋਏ ਕਿਹਾ ਸੀ ਕਿ ਸਰਕੂਲੇਸ਼ਨ ਵਿੱਚ ਵਾਧੂ ਨਕਦੀ ਸਿੱਧੇ ਤੌਰ 'ਤੇ ਭ੍ਰਿਸ਼ਟਾਚਾਰ ਨਾਲ ਜੁੜੀ ਹੋਈ ਹੈ। ਇਸ ਨੇ ਹਵਾਲਾ ਲੈਣ-ਦੇਣ, ਕਾਲਾ ਧਨ ਅਤੇ ਗੈਰ-ਕਾਨੂੰਨੀ ਹਥਿਆਰਾਂ ਦੇ ਵਪਾਰ ਤੇ ਦਹਿਸ਼ਤਗਰਦੀ ਨੂੰ ਉਤਸ਼ਾਹਤ ਕੀਤਾ। ਨੋਟਬੰਦੀ ਦੇ ਮੁੱਖ ਉਦੇਸ਼ਾਂ ਵਿੱਚੋਂ ਇੱਕ ਦੇਸ਼ ਨੂੰ ਘੱਟ ਨਕਦੀ-ਸੰਵੇਦਨਸ਼ੀਲ ਅਰਥਵਿਵਸਥਾ ਬਣਾਉਣਾ ਸੀ। ਹਾਲਾਂਕਿ ਆਰ ਬੀ ਆਈ ਦੇ ਅੰਕੜੇ ਦਰਸਾਉਂਦੇ ਹਨ ਕਿ ਇਹ ਟੀਚਾ ਅਜੇ ਤੱਕ ਪ੍ਰਾਪਤ ਨਹੀਂ ਹੋਇਆ। ਨੋਟਬੰਦੀ ਦਾ ਇੱਕ ਹੋਰ ਉਦੇਸ਼ ਨਕਲੀ ਕਰੰਸੀ ਨੂੰ ਰੋਕਣਾ ਸੀ। ਇਸ ਉਦੇਸ਼ ਲਈ ਸਰਕਾਰ ਨੇ 500 ਅਤੇ 2,000 ਰੁਪਏ ਦੇ ਨਵੇਂ ਨੋਟ ਜਾਰੀ ਕੀਤੇ। ਦਾਅਵਾ ਇਹ ਸੀ ਕਿ ਇਨ੍ਹਾਂ ਨੋਟਾਂ ਦੀ ਨਕਲ ਮੁਸ਼ਕਲ ਹੋਵੇਗੀ। ਹਾਲਾਂਕਿ, 500 ਰੁਪਏ ਦੇ ਨਵੇਂ ਨੋਟਾਂ ਸੰਬੰਧੀ ਆਰ ਬੀ ਆਈ ਦੇ ਅੰਕੜੇ ਇਸ ਦਾਅਵੇ 'ਤੇ ਸਵਾਲ ਖੜ੍ਹੇ ਕਰਦੇ ਹਨ। ਆਰ ਬੀ ਆਈ ਮੁਤਾਬਕ 2015-16 ਵਿੱਚ, ਪ੍ਰਚਲਨ ਵਿੱਚ ਹਰ ਇੱਕ ਕਰੋੜ ਨੋਟਾਂ ਪਿੱਛੇ 70.1 ਨਕਲੀ ਨੋਟ ਫੜੇ ਗਏ ਸਨ। ਇਹ ਗਿਣਤੀ 2025-26 ਵਿੱਚ ਘਟ ਕੇ 13.4 ਰਹਿ ਗਈ। ਇਸ ਦਾ ਮਤਲਬ ਹੈ ਕਿ ਸਾਰੇ ਮੁੱਲਾਂ ਵਿੱਚ ਨਕਲੀ ਨੋਟਾਂ ਦੀ ਗਿਣਤੀ ਘਟ ਗਈ ਹੈ, ਪਰ ਨਵੇਂ 500 ਰੁਪਏ ਦੇ ਨੋਟਾਂ ਦੀ ਤਸਵੀਰ ਵੱਖਰੀ ਹੈ। ਜਦੋਂ ਇਹ ਨੋਟ 2016-17 ਵਿੱਚ ਜਾਰੀ ਕੀਤੇ ਗਏ ਸਨ, ਤਾਂ ਹਰ ਇੱਕ ਕਰੋੜ ਨੋਟਾਂ 'ਚ 0.3 ਨਕਲੀ ਨੋਟ ਪਾਏ ਗਏ ਸਨ। ਇਹ ਅੰਕੜਾ 2025-26 ਵਿੱਚ ਵਧ ਕੇ 20.1 ਹੋ ਗਿਆ। 2,000 ਰੁਪਏ ਦੇ ਨੋਟਾਂ ਦੇ ਮਾਮਲੇ ਵਿੱਚ ਸਿੱਧੀ ਤੁਲਨਾ ਕਰਨਾ ਮੁਸ਼ਕਲ ਹੈ। ਆਰ ਬੀ ਆਈ ਨੇ 2023 ਵਿੱਚ ਇਨ੍ਹਾਂ ਨੋਟਾਂ ਨੂੰ ਵਾਪਸ ਲੈਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਸੀ। ਅੰਕੜਿਆਂ ਮੁਤਾਬਕ ਇਸ ਪ੍ਰਕਿਰਿਆ ਦੇ ਸ਼ੁਰੂ ਹੋਣ ਤੋਂ ਬਾਅਦ 2,000 ਰੁਪਏ ਦੇ ਨਕਲੀ ਨੋਟਾਂ ਦੀ ਗਿਣਤੀ ਵਿੱਚ ਵੀ ਤੇਜ਼ੀ ਨਾਲ ਵਾਧਾ ਹੋਇਆ। ਹਾਲਾਂਕਿ ਨਕਲੀ ਨੋਟਾਂ ਦੀ ਪਛਾਣ ਵਿੱਚ ਵਾਧਾ ਦੋ ਕਾਰਕਾਂ ਕਰਕੇ ਹੋ ਸਕਦਾ ਹੈ : ਪਹਿਲਾ, ਸਰਕੂਲੇਸ਼ਨ ਵਿੱਚ ਨਕਲੀ ਨੋਟਾਂ ਦੀ ਗਿਣਤੀ ਵਧੀ ਹੋ ਸਕਦੀ ਹੈ। ਦੂਜਾ, ਖੋਜ ਪ੍ਰਣਾਲੀ ਵਿੱਚ ਸੁਧਾਰ ਹੋ ਸਕਦਾ ਹੈ। ਆਰ ਬੀ ਆਈ ਡਾਟਾ ਸਪੱਸ਼ਟ ਤੌਰ 'ਤੇ ਇਹ ਨਹੀਂ ਦਰਸਾਉਂਦਾ ਕਿ ਇਨ੍ਹਾਂ ਵਿੱਚੋਂ ਕਿਹੜਾ ਕਾਰਕ ਇਸ ਵਾਧੇ ਲਈ ਜ਼ਿੰਮੇਵਾਰ ਹੈ। ਪ੍ਰਧਾਨ ਮੰਤਰੀ ਦੇ ਦਾਅਵਿਆਂ ਦੇ ਬਾਵਜੂਦ ਨੋਟਬੰਦੀ ਦੇਸ਼ਵਾਸੀਆਂ ਲਈ ਆਰਥਕ ਆਫਤ ਹੀ ਸਾਬਤ ਹੋਈ ਹੈ। ਲੋਕ ਕਈ-ਕਈ ਦਿਨ ਲਾਈਨਾਂ ਵਿੱਚ ਲੱਗੇ ਰਹੇ। ਕਈ ਤਾਂ ਲਾਈਨਾਂ ਵਿੱਚ ਦਮ ਤੋੜ ਗਏ। ਨੋਟਬੰਦੀ ਦੇ ਜਿਹੜੇ ਉਦੇਸ਼ ਦੱਸੇ ਗਏ ਸਨ, ਉਨ੍ਹਾਂ ਵਿੱਚੋਂ ਕੋਈ ਵੀ ਪ੍ਰਾਪਤ ਨਹੀਂ ਹੋਇਆ।

ਅਸੁਰੱਖਿਅਤ ਖੇਤੀ ਦਾ ਭਵਿੱਖ



ਗੁਰਮੀਤ ਸਿੰਘ ਪਲਾਹੀ

ਵਿਕਾਸ ਦੇ ਨਾਂਅ 'ਤੇ ਖੇਤ ਸਿਮਟਦੇ ਜਾ ਰਹੇ ਹਨ, ਖੇਤੀ ਤੋਂ ਆਮਦਨੀ ਘਟ ਰਹੀ ਹੈ ਅਤੇ ਨਵੀਂ ਪੀੜ੍ਹੀ ਖੇਤੀ ਤੋਂ ਦੂਰ ਹੋ ਰਹੀ ਹੈ। ਅੱਜ ਹਾਲਾਤ ਇਹ ਬਣ ਚੁੱਕੇ ਹਨ ਕਿ ਕਿਸਾਨ ਆਪਣੀ ਖੇਤੀ ਅਤੇ ਆਪਣੀ ਪੁਸ਼ਤੈਨੀ ਜ਼ਮੀਨ ਛੱਡ ਕੇ ਦੂਜੇ ਸੂਬਿਆਂ ਵਿੱਚ ਢਿੱਡ ਭਰਨ ਲਈ ਮਜ਼ਦੂਰੀ ਕਰਨ ਵਾਸਤੇ ਜਾਣ ਲਈ ਮਜਬੂਰ ਹਨ।

ਦਰਅਸਲ, ਵਿਕਾਸ ਦੇ ਨਾਂ 'ਤੇ ਖੇਤਾਂ ਦਾ ਇਸ ਤਰ੍ਹਾਂ ਸਿਮਟਣਾ, ਖੇਤੀ ਤੋਂ ਲਗਾਤਾਰ ਘਟ ਰਹੀ ਆਮਦਨ ਅਤੇ ਨਵੀਂ ਪੀੜ੍ਹੀ ਦਾ ਇਸ ਕਿੱਤੇ ਤੋਂ ਮੂੰਹ ਮੋੜ ਲੈਣਾ ਮਹਿਜ਼ ਇੱਕ ਸਾਧਾਰਨ ਆਰਥਿਕ ਬਦਲਾਅ ਨਹੀਂ, ਸਗੋਂ ਇਹ ਸਿੱਧੇ ਤੌਰ 'ਤੇ ਦੇਸ਼ ਦੀ ਸੁਰੱਖਿਆ ਅਤੇ ਖੇਤੀ ਦੇ ਆਉਣ ਵਾਲੇ ਭਵਿੱਖ ਨਾਲ ਜੁੜਿਆ ਇੱਕ ਬਹੁਤ ਹੀ ਗੰਭੀਰ ਅਤੇ ਪੀੜਾਦਾਇਕ ਸਵਾਲ ਹੈ।

ਦੇਸ਼ ਵਿੱਚ ਵਿਕਾਸ ਲਈ ਵੱਡੇ-ਵੱਡੇ ਐਕਸਪ੍ਰੈੱਸ-ਵੇਅ, ਉਦਯੋਗਿਕ ਗਲਿਆਰੇ ਅਤੇ ਕਈ ਨਵੇਂ ਸ਼ਹਿਰ ਬਣਾਏ ਜਾ ਰਹੇ ਹਨ, ਪਰ ਇਸ ਸਾਰੇ ਵਧਦੇ ਵਿਕਾਸ ਦੀ ਭਾਰੀ ਕੀਮਤ ਖੇਤੀ ਦੀ ਉਪਜਾਊ ਜ਼ਮੀਨ ਨੂੰ ਚੁਕਾਉਣੀ ਪੈ ਰਹੀ ਹੈ। ਸੜਕਾਂ ਅਤੇ ਉਦਯੋਗਾਂ ਲਈ ਖੇਤੀ ਦੇ ਹਰੇ-ਭਰੇ ਖੇਤ ਖਰੀਦੇ ਅਤੇ ਅਧਿਗ੍ਰਹਿਣ ਕੀਤੇ ਜਾ ਰਹੇ ਹਨ, ਜਿਸ ਨਾਲ ਖੇਤੀਯੋਗ ਜ਼ਮੀਨ ਦਾ ਰਕਬਾ ਲਗਾਤਾਰ ਘਟ ਰਿਹਾ ਹੈ। ਇਸ ਤੋਂ ਇਲਾਵਾ ਕਿਸਾਨ ਪਰਵਾਰਾਂ ਕੋਲ ਜੋ ਬਚੀ-ਖੁਚੀ ਜ਼ਮੀਨ ਹੈ, ਉਹ ਪਰਿਵਾਰਕ ਵੰਡ ਕਾਰਨ ਹੋਰ ਵੀ ਛੋਟੀ ਹੁੰਦੀ ਜਾ ਰਹੀ ਹੈ। ਅੰਕੜਿਆਂ ਦੀ ਗੱਲ ਕਰੀਏ ਤਾਂ 2015-16 ਦੀ ਖੇਤੀ ਜਨਗਣਨਾ ਵਿੱਚ ਵੇਖਿਆ ਗਿਆ ਕਿ ਪ੍ਰਤੀ ਕਿਸਾਨ ਖੇਤੀਯੋਗ ਜ਼ਮੀਨ ਘਟ ਕੇ ਮਹਿਜ਼ 1.08 ਹੈਕਟੇਅਰ (ਲਗਭਗ 2.5 ਏਕੜ) ਰਹਿ ਗਈ, ਜੋ 1970-71 ਵਿੱਚ ਦੇਸ਼ ਵਿੱਚ 2.28 ਹੈਕਟੇਅਰ (ਲਗਭਗ 5.6 ਏਕੜ) ਹੁੰਦੀ ਸੀ। ਕੁੱਲ ਕਿਸਾਨਾਂ ਵਿੱਚੋਂ ਛੋਟੇ ਅਤੇ ਸੀਮਾਂਤ ਕਿਸਾਨਾਂ ਦੀ ਹਿੱਸੇਦਾਰੀ 86.2 ਫ਼ੀਸਦੀ ਤੱਕ ਪਹੁੰਚ ਚੁੱਕੀ ਹੈ। ਇਨ੍ਹਾਂ ਕਿਸਾਨਾਂ ਦੀ ਦਸ਼ਾ ਬੀਜ, ਖਾਦ, ਕੀਟਨਾਸ਼ਕ, ਡੀਜ਼ਲ ਅਤੇ ਮਜ਼ਦੂਰੀ ਦੀਆਂ ਲਗਾਤਾਰ ਵਧਦੀਆਂ ਕੀਮਤਾਂ ਨੇ ਬਹੁਤ ਖਰਾਬ ਕਰ ਦਿੱਤੀ ਹੈ ਅਤੇ ਉਨ੍ਹਾਂ ਲਈ ਜ਼ਿੰਦਗੀ ਜਿਊਣੀ ਮੁਸ਼ਕਲ ਕਰ ਦਿੱਤੀ ਹੈ।

ਫ਼ਸਲ ਤਿਆਰ ਹੋਣ 'ਤੇ ਕਿਸਾਨ ਨੂੰ ਕਦੇ ਵੀ ਉਸ ਦੀ ਉਚਿਤ ਕੀਮਤ ਦੀ ਕੋਈ ਪੱਕੀ ਗਾਰੰਟੀ ਨਹੀਂ ਮਿਲਦੀ। ਭੰਡਾਰਨ ਅਤੇ ਬਾਜ਼ਾਰ ਤੱਕ ਸੀਮਤ ਪਹੁੰਚ ਨੇ ਛੋਟੇ ਕਿਸਾਨਾਂ ਲਈ ਵੱਡੀ ਬੇਚੈਨੀ ਪੈਦਾ ਕੀਤੀ ਹੈ, ਕਿਉਂਕਿ ਮਿਹਨਤ ਨਾਲ ਫ਼ਸਲ ਉਪਜ ਤਾਂ ਜਾਂਦੀ ਹੈ, ਪਰ ਉਸ ਨੂੰ ਸਾਂਭਣ ਦਾ ਕੋਈ ਯੋਗ ਸਾਧਨ ਨਹੀਂ ਹੁੰਦਾ ਅਤੇ ਫ਼ਸਲ ਦਾ ਸਹੀ ਮੁੱਲ ਵੀ ਨਸੀਬ ਨਹੀਂ ਹੁੰਦਾ। ਛੋਟੀ ਜੋਤ ਅਤੇ ਘਟਦੀ ਆਮਦਨ ਆਖਿਰਕਾਰ ਕਿਸਾਨ ਨੂੰ ਆਪਣੀ ਪੁਸ਼ਤੈਨੀ ਜ਼ਮੀਨ ਵੇਚਣ ਦੇ ਦੁਖਦਾਈ ਰਾਹ ਵੱਲ ਧੱਕਦੀ ਹੈ। ਪਰਿਵਾਰ ਦੀਆਂ ਮੁੱਢਲੀਆਂ ਲੋੜਾਂ ਅਤੇ ਆਰਥਿਕ ਸੰਕਟ ਦੇ ਅੱਗੇ ਖੇਤ ਦਾ ਛੋਟਾ ਜਿਹਾ ਟੁਕੜਾ ਹੀ ਉਸ ਕੋਲ ਆਖਰੀ ਵਿਕਲਪ ਬਚਦਾ ਹੈ। ਜਦੋਂ ਜ਼ਮੀਨ ਹੱਥ ਵਿੱਚੋਂ ਨਿਕਲ ਜਾਂਦੀ ਹੈ ਤਾਂ ਕਿਸਾਨ ਦੀ ਆਪਣੀ ਸਮਾਜਿਕ ਪਛਾਣ ਵੀ ਗੁਆਚ ਜਾਂਦੀ ਹੈ। ਅਜਿਹੇ ਦਰਦਨਾਕ ਸਮੇਂ ਵਿੱਚ ਇਹ ਸਵਾਲ ਪੈਦਾ ਹੁੰਦਾ ਹੈ ਕਿ ਵਧਦੀ ਹੋਈ ਲਾਗਤ, ਅਨਿਸਚਿਤ ਕੀਮਤਾਂ ਅਤੇ ਛੋਟੀ ਜੋਤ ਦੇ ਹੁੰਦਿਆਂ ਕਿਸਾਨ ਆਪਣੀ ਆਮਦਨ ਕਿਵੇਂ ਵਧਾਏਗਾ? ਖੇਤੀ ਦੀ ਜ਼ਮੀਨ ਅਤੇ ਜੋਤਾਂ ਦੇ ਲਗਾਤਾਰ ਸੁੰਗੜਨ ਨਾਲ ਦੇਸ਼ ਵਿੱਚ ਖੇਤੀ ਦਾ ਭਵਿੱਖ ਬਹੁਤ ਹੀ ਹਨੇਰੇ ਵਿੱਚ ਜਾਪਦਾ ਹੈ।

ਆਰਥਕ ਅੰਕੜੇ ਦੱਸਦੇ ਹਨ ਕਿ 2018-19 ਵਿੱਚ ਇੱਕ ਖੇਤੀ ਪਰਿਵਾਰ ਦੀ ਔਸਤ ਮਾਸਿਕ ਆਮਦਨ ਮਹਿਜ਼ 10, 218 ਰੁਪਏ ਸੀ, ਜਿਸ ਵਿੱਚੋਂ ਫ਼ਸਲ ਦੀ ਖੇਤੀ ਤੋਂ 3,798 ਰੁਪਏ ਅਤੇ ਪਸ਼ੂ ਪਾਲਣ ਵਿੱਚੋਂ 1,582 ਰੁਪਏ ਮਿਲਦੇ ਸਨ। ਯਾਨੀ ਖੇਤੀ ਅਤੇ ਪਸ਼ੂ ਪਾਲਣ ਦੀ ਕੁੱਲ ਆਮਦਨ ਮਹਿਜ਼ 5,380 ਰੁਪਏ ਰਹੀ, ਜਦੋਂ ਕਿ ਬਾਕੀ ਆਮਦਨ ਮਜ਼ਦੂਰੀ, ਵੇਤਨ ਜਾਂ ਗੈਰ-ਖੇਤੀ ਕੰਮਾਂ ਤੋਂ ਆਉਂਦੀ ਸੀ। ਇਹ ਅੰਕੜੇ ਸਾਫ਼ ਦਰਸਾਉਂਦੇ ਹਨ ਕਿ ਖੇਤੀ ਹੁਣ ਕਿਸਾਨ ਪਰਿਵਾਰ ਦੀ ਰੋਜ਼ੀ-ਰੋਟੀ ਦਾ ਪੂਰਾ ਆਧਾਰ ਨਹੀਂ ਰਹੀ। ਅਜਿਹੇ ਹਾਲਾਤ ਵਿੱਚ ਮਜਬੂਰ ਹੋ ਕੇ ਕਿਸਾਨ ਪਰਿਵਾਰਾਂ ਦੇ ਜਵਾਨ ਪੁੱਤਰ ਰੁਜ਼ਗਾਰ ਲਈ ਦੂਸਰੇ ਸੂਬਿਆਂ ਜਾਂ ਵਿਦੇਸ਼ਾਂ ਵੱਲ ਜਾਣ ਲਈ ਤੋਰ ਦਿੱਤੇ ਗਏ ਹਨ। ਬੱਚੇ ਆਪਣੇ ਮਾਪਿਆਂ ਦੀ ਦਿਨ-ਰਾਤ ਦੀ ਹੱਡ ਭੰਨਵੀਂ ਮਿਹਨਤ ਦੇ ਬਾਵਜੂਦ ਸਿਰ 'ਤੇ ਚੜ੍ਹਿਆ ਕਰਜ਼ਾ ਦੇਖ ਕੇ ਖੇਤੀ ਛੱਡਣ ਲਈ ਮਜਬੂਰ ਹੋ ਰਹੇ ਹਨ।

ਜ਼ਮੀਨ ਦੇ ਅਧਿਗ੍ਰਹਿਣ ਨਾਲ ਕਿਸਾਨਾਂ ਨੂੰ ਦੋਹਰੀ ਮਾਰ ਪੈਂਦੀ ਹੈ, ਕਿਉਂਕਿ ਉਨ੍ਹਾਂ ਨੂੰ ਉਨ੍ਹਾਂ ਦੀ ਜ਼ਮੀਨ ਦਾ ਬਣਦਾ ਠੀਕ ਮੁਆਵਜ਼ਾ ਵੀ ਨਹੀਂ ਮਿਲਦਾ। 2013 ਦੇ ਭੂਮੀ ਅਧਿਗ੍ਰਹਿਣ ਕਾਨੂੰਨ ਵਿੱਚ ਬਹੁ-ਫ਼ਸਲੀ ਸੰਚਿਤ ਜ਼ਮੀਨ ਦੇ ਅਧਿਗ੍ਰਹਿਣ'ਤੇ ਵਿਸ਼ੇਸ਼ ਪ੍ਰਤੀਬੰਧ ਸਨ, ਹਾਲਾਂਕਿ ਸੜਕਾਂ, ਰੇਲਵੇ ਅਤੇ ਰਾਜਮਾਰਗਾਂ ਵਰਗੀਆਂ ਪ੍ਰਯੋਜਨਾਵਾਂ ਲਈ ਇਨ੍ਹਾਂ ਤੋਂ ਛੋਟ ਦਿੱਤੀ ਗਈ ਹੈ, ਜਿਸ ਕਾਰਨ ਸਾਲ ਵਿੱਚ ਦੋ-ਤਿੰਨ ਫਸਲਾਂ ਦੇਣ ਵਾਲੀ ਉਪਜਾਊ ਜ਼ਮੀਨ ਵੀ ਜਬਰਨ ਖੋਹ ਲਈ ਜਾਂਦੀ ਹੈ। ਕਿਸਾਨਾਂ ਨੇ ਇਸ ਧੱਕੇਸ਼ਾਹੀ ਵਿਰੁੱਧ ਦੇਸ਼ ਭਰ ਵਿੱਚ ਥਾਂ-ਥਾਂ ਧਰਨੇ-ਮੁਜ਼ਾਹਰੇ ਕੀਤੇ ਅਤੇ ਬੇਮਿਸਾਲ ਸੰਘਰਸ਼ ਲੜੇ।

ਦੇਸ਼ ਭਰ ਵਿੱਚ ਕਿਸਾਨਾਂ ਨੇ ਆਪਣੀ ਹੋਂਦ ਅਤੇ ਹੱਕਾਂ ਨੂੰ ਬਚਾਉਣ ਲਈ ਵੱਖ-ਵੱਖ ਥਾਵਾਂ 'ਤੇ ਅਸਾਧਾਰਨ ਸੰਘਰਸ਼ ਕੀਤੇ ਹਨ। ਪੰਜਾਬ, ਹਰਿਆਣਾ, ਪੱਛਮੀ ਉੱਤਰ ਪ੍ਰਦੇਸ਼ ਤੋਂ ਲੈ ਕੇ ਦੱਖਣੀ ਭਾਰਤ ਅਤੇ ਮਹਾਰਾਸ਼ਟਰ ਤੱਕ ਦੇ ਕਿਸਾਨਾਂ ਨੇ ਸੜਕਾਂ 'ਤੇ ਉਤਰ ਕੇ ਸਰਕਾਰਾਂ ਨੂੰ ਹਲੂਣਾ ਦਿੱਤਾ ਹੈ। ਮਹਾਰਾਸ਼ਟਰ ਦੇ ਨਾਸਿਕ ਤੋਂ ਮੁੰਬਈ ਤੱਕ ਹਜ਼ਾਰਾਂ ਕਿਸਾਨਾਂ ਦਾ ਨੰਗੇ ਪੈਰੀਂ ਲੰਮਾ ਮਾਰਚ ਕੱਢਣਾ, ਕਰਨਾਟਕ ਅਤੇ ਤਾਮਿਲਨਾਡੂ ਵਿੱਚ ਸੋਕੇ ਤੇ ਕਰਜ਼ੇ ਤੋਂ ਤੰਗ ਆ ਕੇ ਜੰਤਰ-ਮੰਤਰ ਜਾਂ ਵਿਧਾਨ ਸਭਾਵਾਂ ਅੱਗੇ ਅਨੋਖੇ ਪ੍ਰਦਰਸ਼ਨ ਕਰਨਾ (ਜਿਵੇਂ ਖੁਦਕੁਸ਼ੀ ਕਰ ਚੁੱਕੇ ਕਿਸਾਨਾਂ ਦੀਆਂ ਹੱਡੀਆਂ ਜਾਂ ਖਾਲੀ ਖੋਪੜੀਆਂ ਲੈ ਕੇ ਪ੍ਰਦਰਸ਼ਨ ਕਰਨਾ), ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਕਿਸਾਨ ਕਿੰਨੇ ਅਤਿਅੰਤ ਮਾਨਸਿਕ ਅਤੇ ਆਰਥਿਕ ਦਬਾਅ ਹੇਠ ਜੀਅ ਰਹੇ ਹਨ। ਇਨ੍ਹਾਂ ਸੰਘਰਸ਼ਾਂ ਨੇ ਸਾਬਤ ਕਰ ਦਿੱਤਾ ਹੈ ਕਿ ਭਾਰਤੀ ਕਿਸਾਨ ਆਪਣੀ ਮਿੱਟੀ ਨਾਲੋਂ ਟੁੱਟਣ ਲਈ ਤਿਆਰ ਨਹੀਂ, ਭਾਵੇਂ ਉਸ ਨੂੰ ਕਿੰਨੀਆਂ ਵੀ ਵੱਡੀਆਂ ਪ੍ਰਸਥਿਤੀਆਂ ਦਾ ਸਾਹਮਣਾ ਕਿਉਂ ਨਾ ਕਰਨਾ ਪਵੇ।

ਕੇਂਦਰ ਦੀ ਮੋਦੀ ਸਰਕਾਰ ਵੱਲੋਂ ਖੇਤੀ ਦੇ ਖੇਤਰ ਵਿੱਚ ਨਿੱਜੀ ਨਿਵੇਸ਼ ਅਤੇ ਵੱਡੀਆਂ ਕੰਪਨੀਆਂ ਦੀ ਭਾਗੀਦਾਰੀ ਵਧਾਉਣ ਲਈ 2020 ਵਿੱਚ ਤਿੰਨ ਕਾਲੇ ਖੇਤੀ ਕਾਨੂੰਨ ਬਣਾਏ ਗਏ ਸਨ। ਕਿਸਾਨਾਂ ਦੇ ਮਨਾਂ ਵਿੱਚ ਡਰ ਸੀ ਕਿ ਇਹ ਕਾਨੂੰਨ ਖੇਤੀ ਦੀ ਜ਼ਮੀਨ ਅਤੇ ਮੰਡੀ ਪ੍ਰਨਾਲੀ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਕੇ ਉਨ੍ਹਾਂ ਦੀਆਂ ਜ਼ਮੀਨਾਂ ਹੜੱਪਣ ਦੇ ਰਾਹ ਖੋਲ੍ਹ ਦੇਣਗੇ। ਇਸ ਦੇ ਵਿਰੋਧ ਵਿੱਚ ਦੇਸ਼ ਭਰ ਦੇ ਕਿਸਾਨਾਂ ਨੇ ਇਤਿਹਾਸਕ ਅੰਦੋਲਨ ਕੀਤਾ, ਕੜਾਕੇ ਦੀ ਠੰਢ ਅਤੇ ਤਪਦੀ ਧੁੱਪ ਵਿੱਚ ਦਿੱਲੀ ਦੀਆਂ ਸਰਹੱਦਾਂ 'ਤੇ ਲੰਮਾ ਸਮਾਂ ਡੇਰੇ ਲਾ ਕੇ ਰੱਖੇ। ਆਖਰਕਾਰ ਸੈਂਕੜੇ ਕਿਸਾਨਾਂ ਦੀ ਸ਼ਹਾਦਤ ਅਤੇ ਭਾਰੀ ਵਿਰੋਧ ਅੱਗੇ ਝੁਕਦਿਆਂ ਸਰਕਾਰ ਨੂੰ ਉਹ ਕਾਨੂੰਨ ਵਾਪਸ ਲੈਣੇ ਪਏ ਅਤੇ ਕਿਸਾਨਾਂ 'ਤੇ ਦਰਜ ਕੀਤੇ ਝੂਠੇ ਕੇਸ ਵੀ ਖਤਮ ਕਰਨੇ ਪਏ। ਬਾਵਜੂਦ 700 ਤੋਂ ਵੱਧ ਕਿਸਾਨਾਂ ਦੀਆਂ ਸ਼ਹੀਦੀਆਂ ਦੇ ਉਹਨਾਂ ਦੇ ਹੌਸਲੇ ਅਟੁੱਟ ਰਹੇ। 2018 ਵਿੱਚ ਵੀ ਰਾਜਾਂ ਲਈ ਮਾਡਲ ਕੰਟਰੈਕਟ ਫਾਰਮਿੰਗ ਐਕਟ ਜਾਰੀ ਕੀਤਾ ਗਿਆ ਸੀ। ਇਸ ਵਿੱਚ ਕਿਸਾਨ ਅਤੇ ਕੰਪਨੀ ਦੇ ਦਰਮਿਆਨ ਫ਼ਸਲ ਦੀ ਮਾਤਰਾ, ਗੁਣਵੱਤਾ ਅਤੇ ਕੀਮਤ ਨੂੰ ਲੈ ਕੇ ਪਹਿਲਾਂ ਹੀ ਸਮਝੌਤੇ ਅਧੀਨ ਕੰਪਨੀ ਵੱਲੋਂ ਤਹਿ ਉਪਜ ਦੀ ਖਰੀਦ ਅਤੇ ਵਿਵਾਦ ਨਿਪਟਾਉਣ ਦੀ ਵਿਵਸਥਾ ਕੀਤੀ ਗਈ, ਪਰ ਨਾਲ ਹੀ ਕੰਪਨੀ ਨੂੰ ਕਿਸਾਨ ਦੀ ਜ਼ਮੀਨ ਦਾ ਮਾਲਕਾਨਾ ਹੱਕ ਜਾਂ ਕਬਜ਼ਾ ਲੈਣ ਦੀ ਰੋਕ ਸੀ, ਪਰ ਬਾਵਜੂਦ ਇਸ ਦੇ ਕਿ ਮਾਲਕਾਨਾ ਹੱਕ ਬਰਕਰਾਰ ਸੀ, ਪਰ ਕਿਸਾਨ ਦੀ ਖੇਤਾਂ ਜਾਂ ਖੇਤੀ ਸਬੰਧੀ ਕੋਈ ਫ਼ੈਸਲਾ ਲੈਣਾ ਦੀ ਸੁਤੰਤਰਤਾ ਗਾਇਬ ਸੀ। ਸਿੱਟਾ ਕਿਸਾਨਾਂ 'ਚ ਨਿਰਾਸ਼ਤਾ ਵਧੀ।

ਅਮਰੀਕਾ, ਆਸਟ੍ਰੇਲੀਆ ਅਤੇ ਪੱਛਮੀ ਦੇਸ਼ਾਂ ਦੀ ਉਦਾਹਰਨ ਸਾਹਮਣੇ ਹੈ, ਜਿੱਥੇ ਖੇਤੀ ਦਾ ਵੱਡੇ ਪੱਧਰ 'ਤੇ ਨਿਗਮੀਕਰਨ ਹੋ ਚੁੱਕਾ ਹੈ। 'ਦਿ ਲੈਂਡ ਰਿਪੋਰਟ' (2021) ਅਨੁਸਾਰ ਅਮਰੀਕਾ ਵਿੱਚ ਬਿਲ ਗੇਟਸ ਵਰਗੇ ਕਾਰਪੋਰੇਟ ਦਿੱਗਜ਼ਾਂ ਕੋਲ ਲੱਖਾਂ ਏਕੜ ਖੇਤੀ ਜ਼ਮੀਨ ਦਾ ਮਾਲਕਾਨਾ ਹੱਕ ਹੈ। ਵਿਦੇਸ਼ਾਂ (ਜਿਵੇਂ ਅਮਰੀਕਾ ਅਤੇ ਆਸਟ੍ਰੇਲੀਆ) ਵਿੱਚ ਵੀ ਪਰਿਵਾਰਕ ਕਿਸਾਨ ਬੈਂਕਾਂ ਦੇ ਕਰਜ਼ਿਆਂ, ਵੱਡੀਆਂ ਖੇਤੀ ਕਾਰਪੋਰੇਸ਼ਨਾਂ ਦੀ ਹਿੱਸੇਦਾਰੀ ਅਤੇ ਲਾਗਤ ਦੇ ਮੁਕਾਬਲੇ ਘੱਟ ਰੇਟ ਮਿਲਨ ਕਾਰਨ ਗੰਭੀਰ ਸੰਕਟ ਅਤੇ ਮਾਨਸਿਕ ਤਣਾਅ ਦਾ ਸ਼ਿਕਾਰ ਹਨ। ਉੱਥੇ ਵੀ ਕਿਸਾਨਾਂ ਨੂੰ ਆਤਮਹੱਤਿਆਵਾਂ ਅਤੇ ਖੇਤੀ ਛੱਡਣ ਵਰਗੇ ਵਰਤਾਰਿਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਭਾਰਤੀ ਕਿਸਾਨ ਦੀ ਆਪਣੀ ਇੱਕ ਨਿਵੇਕਲੀ ਸਮਾਜਿਕ ਅਤੇ ਸੱਭਿਆਚਾਰਕ ਦਿੱਖ ਹੈ; ਉਹ ਸਿਰਫ਼ ਇੱਕ ਆਰਥਿਕ ਇਕਾਈ ਨਹੀਂ, ਸਗੋਂ ਆਪਣੀ ਵਿਰਾਸਤ, ਸਵੈ-ਮਾਣ ਅਤੇ ਮਿੱਟੀ ਨਾਲ ਜੁੜੇ ਹੋਏ ਹਨ। ਇਸੇ ਵਿਲੱਖਣ ਦਿੱਖ ਅਤੇ ਪਛਾਣ ਨੂੰ ਬਣਾਈ ਰੱਖਣ ਲਈ ਭਾਰਤੀ ਕਿਸਾਨ ਲਗਾਤਾਰ ਜੂਝ ਰਿਹਾ ਹੈ ਅਤੇ ਯਤਨਸ਼ੀਲ ਹੈ।

ਜੇਕਰ ਇਤਿਹਾਸ ਵੱਲ ਝਾਕੀਏ ਤਾਂ 1960 ਦੇ ਦਹਾਕੇ ਵਿੱਚ ਦੇਸ਼ ਦੇ ਸਾਹਮਣੇ ਕਰੋੜਾਂ ਭੁੱਖੇ ਲੋਕਾਂ ਦਾ ਪੇਟ ਭਰਨ ਦੀ ਵੱਡੀ ਚੁਣੌਤੀ ਸੀ। ਸੁੱਕੇ ਅਤੇ ਅਨਾਜ ਦੇ ਸੰਕਟ ਵੇਲੇ ਦੇਸ਼ ਵਿਦੇਸ਼ੀ ਸਹਾਇਤਾ 'ਤੇ ਨਿਰਭਰ ਸੀ, ਪਰ ਭਾਰਤ ਦੇ ਮਿਹਨਤੀ ਕਿਸਾਨਾਂ, ਖ਼ਾਸ ਕਰਕੇ ਪੰਜਾਬ ਅਤੇ ਉਤਰੀ ਭਾਰਤ ਦੇ ਕਿਸਾਨਾਂ ਨੇ ਆਪਣੀ ਖ਼ੂਨ-ਪਸੀਨੇ ਦੀ ਕਮਾਈ ਨਾਲ 'ਹਰੀ ਕ੍ਰਾਂਤੀ' ਲਿਆ ਕੇ ਦੇਸ਼ ਨੂੰ ਅਨਾਜ ਦੇ ਮਾਮਲੇ ਵਿੱਚ ਆਤਮ-ਨਿਰਭਰ ਬਣਾਇਆ। ਸੀਮਾਂਤ ਕਿਸਾਨਾਂ ਦਾ ਇਸ ਵਿੱਚ ਸਭ ਤੋਂ ਵੱਡਾ ਯੋਗਦਾਨ ਸੀ।

ਵਿਕਾਸ ਦੇ ਨਾਂਅ 'ਤੇ ਖੇਤੀ ਦਾ ਸੁੰਗੜਨਾ ਅਤੇ ਕਿਸਾਨਾਂ ਨੂੰ ਉਨ੍ਹਾਂ ਦੀ ਹੀ ਜ਼ਮੀਨ ਤੋਂ ਬੇਦਖ਼ਲ ਕਰਕੇ ਮਜ਼ਦੂਰੀ ਵੱਲ ਧੱਕਣਾ ਕਿਸੇ ਵੀ ਤਰ੍ਹਾਂ ਮਾਨਵੀ ਜਾਂ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਜਿਸ ਕਿਸਾਨ ਨੇ ਆਪਣੀ ਮਿਹਨਤ ਨਾਲ ਇਸ ਦੇਸ਼ ਨੂੰ ਭੁੱਖਮਰੀ ਤੋਂ ਬਚਾਇਆ ਸੀ, ਅੱਜ ਉਸੇ ਦੀ ਆਪਣੀ ਹੋਂਦ ਅਤੇ ਖੇਤੀ ਦਾ ਭਵਿੱਖ ਸਭ ਤੋਂ ਵੱਧ ਅਸੁਰੱਖਿਅਤ ਹੈ। ਜੇਕਰ ਸਮਾਂ ਰਹਿੰਦਿਆਂ ਸਰਕਾਰਾਂ ਨੇ ਆਪਣੀਆਂ ਕਾਰਪੋਰੇਟ ਪੱਖੀ ਨੀਤੀਆਂ ਨਾ ਬਦਲੀਆਂ ਅਤੇ ਕਿਸਾਨਾਂ ਨੂੰ ਗਲੇ ਨਾ ਲਾਇਆ, ਤਾਂ ਉਹ ਦਿਨ ਦੂਰ ਨਹੀਂ, ਜਦੋਂ ਇਸ ਦੇਸ਼ ਦਾ ਅੰਨਦਾਤਾ ਪੂਰੀ ਤਰ੍ਹਾਂ ਤਬਾਹ ਹੋ ਜਾਵੇਗਾ।

 # ਸੰਪਰਕ : 98158-02070

ਛਿੜਾਂ ਤੋਂ ਸਰਿੰਜਾਂ ਤੱਕ



ਜਗਦੇਵ ਸ਼ਰਮਾ ਬੁਗਰਾ

ਪੰਜਾਬ ਗੁਰੂਆਂ, ਪੀਰਾਂ ਅਤੇ ਸੂਰਬੀਰਾਂ ਦੀ ਧਰਤੀ ਰਿਹਾ ਹੈ । ਸਭ ਤੋਂ ਪੁਰਾਣੇ ਵੇਦ 'ਰਿਗਵੇਦ' ਦੀ ਰਚਨਾ ਇਸੇ ਧਰਤੀ ਉੱਤੇ ਹੀ ਹੋਈ ਸੀ । ਸ੍ਰੀ ਕ੍ਰਿਸ਼ਨ ਨੇ ਅਰਜਨ ਨੂੰ ਗੀਤਾ ਉਪਦੇਸ਼ ਕੁਰੂਕਸ਼ੇਤਰ , ਜਿਹੜਾ ਕਿਸੇ ਵੇਲੇ ਪੰਜਾਬ ਦਾ ਹੀ ਹਿੱਸਾ ਹੁੰਦਾ ਸੀ, ਵਿਖੇ ਹੀ ਦਿੱਤਾ ਸੀ । ਦੁਨੀਆਂ ਨੂੰ ਜੀਵਨ ਜਾਚ ਸਿਖਾਉਣ ਵਾਲੇ ਗੁਰੂ ਗ੍ਰੰਥ ਸਾਹਿਬ ਦੀ ਸਥਾਪਨਾ ਇਸ ਮੁਕੱਸ ਧਰਤੀ 'ਤੇ ਹੀ ਹੋਈ ਸੀ । ਨਿਰਾਲੀ ਫੌਜ, ਖਾਲਸਾ ਪੰਥ ਦਸਵੇਂ ਪਾਤਸ਼ਾਹ ਨੇ ਇੱਥੇ ਹੀ ਸਾਜੀ ਸੀ । ਹਰੀ ਸਿੰਘ ਨਲੂਆ , ਬਾਬਾ ਬੰਦਾ ਸਿੰਘ ਬਹਾਦਰ ਅਤੇ ਸ਼ਹੀਦ ਬਾਬਾ ਦੀਪ ਸਿੰਘ ਜਿਹੇ ਯੋਧੇ ਪੰਜਾਬ ਨੇ ਪੈਦਾ ਕੀਤੇ ਹਨ । ਸਪਤ ਸਿੰਧੂ ਦੇ ਨਾਂਅ ਨਾਲ ਜਾਣੇ ਜਾਂਦੇ ਇਸ ਪੰਜਾਬ ਦੀ ਮਿੱਟੀ ਜ਼ਰਖੇਜ ਹੀ ਨਹੀਂ, ਇਥੋਂ ਦਾ ਪੌਣ-ਪਾਣੀ , ਦਰਿਆਵਾਂ ਦਾ ਜਾਲ ,ਹਿਮਾਲਿਆ ਦੇ ਪੈਰਾਂ ਵਿੱਚ ਵਸੇ ਹੋਏ ਪੰਜਾਬ ਦੀਆਂ ਦੇਸ਼-ਵਿਦੇਸ਼ ਵਿੱਚ ਧੁੰਮਾ ਹੁੰਦੀਆਂ ਸਨ । ਪੰਜਾਬੀ ਹੱਡ-ਭੰਨਵੀਂ ਕਮਾਈ ਕਰਕੇ ਤਕੜੇ ਜੁੱਸੇ ਬਣਾਉਂਦੇ । ਮਨੋਰੰਜਨ ਦੇ ਨਾਂਅ 'ਤੇ ਰਿਵਾਇਤੀ ਗਾਉਣ-ਵਜਾਉਣ ਤੋਂ ਇਲਾਵਾ ਖੇਡਾਂ ਵੀ ਰਿਵਾਇਤੀ ਹੀ ਹੁੰਦੀਆਂ ਸਨ । ਓਦੋਂ ਜਵਾਨ ਮੁੰਡੇ ਮੁਗਧਰ ਚੁੱਕਦੇ, ਕੁਝ ਕਬੱਡੀ ਖੇਡਦੇ ਅਤੇ ਕੁੱਝ ਅਖਾੜਿਆਂ ਵਿੱਚ ਜ਼ੋਰ-ਅਜ਼ਮਾਈ ਕਰਦੇ । ਛਿੰਝਾਂ ਵਿੱਚ ਲਿਸ਼ਕਾਂ ਮਾਰਦੇ ਸਰੀਰ ਕਿਸੇ ਨਸ਼ੇ ਨਾਲ ਨਹੀਂ, ਸਗੋਂ ਦੁੱਧ ਮੱਖਣਾਂ ਨਾਲ ਪਾਲੇ ਹੁੰਦੇ ਸਨ। ਥਕਾਵਟ ਨੇੜੇ ਨਹੀਂ ਸੀ ਢੁਕਦੀ ।

ਰਾਸ਼ਟਰੀ, ਅੰਤਰਰਾਸ਼ਟਰੀ ਖੇਡਾਂ ਵਿਚ ਪੰਜਾਬੀਆਂ ਦਾ ਬੋਲਬਾਲਾ ਹੁੰਦਾ ਸੀ ।ਜੂੜਿਆਂ ਉਪਰ ਚਿੱਟੀਆਂ ਰੁਮਾਲਾਂ ਬੰਨ੍ਹੇ ਜਵਾਨਾਂ ਦੀ ਹਾਕੀ ਦੇ ਮੈਦਾਨਾਂ ਵਿੱਚ ਭਰਮਾਰ ਹੁੰਦੀ ਸੀ । ਉਡਣਾ ਸਿੱਖ ਮਿਲਖਾ ਸਿੰਘ , ਵਰਲ ਕੁਸ਼ਤੀ ਦਾ ਚਮਕਦਾ ਸਿਤਾਰਾ ਦਾਰਾ ਸਿੰਘ ਅਤੇ ਹਾਕੀ ਦਾ ਜਾਦੂਗਰ ਧਿਆਨ ਚੰਦ ਉਸ ਸਮੇਂ ਦੀ ਪੈਦਾਵਾਰ ਹੋਏ ਹਨ । 2001 ਰਾਸ਼ਟਰੀ ਖੇਡਾਂ ਵਿਚ ਪੰਜਾਬ ਦੀ ਪਹਿਲੀ ਪੁਜ਼ੀਸ਼ਨ ਸੀ, ਜਿਹੜੀ ਖਿਸਕਦੀ-ਖਿਸਕਦੀ 2022 ਵਿੱਚ 10ਵੀਂ ,2023 ਵਿੱਚ 11 ਵੀਂ ਅਤੇ 2025 ਵਿੱਚ 9 ਵੀਂ ਰਹੀ, ਜਦਕਿ 1966 ਵਿੱਚ ਪੰਜਾਬ ਤੋਂ ਵੱਖ ਹੋਏ ਹਰਿਆਣੇ ਦੀ ਪੁਜ਼ੀਸ਼ਨ ਇਹਨਾਂ ਤਿੰਨਾਂ ਸਾਲਾਂ ਦੌਰਾਨ ਤੀਜੀ ਰਹੀ ।

ਸਮਾਂ ਲੰਘਿਆ, ਜ਼ਰਦਾ, ਬੀੜੀ, ਸਿਗਰਟ, ਘਰ ਦੀ ਕੱਢੀ ਦਾਰੂ, ਭੁੱਕੀ ਪੋਸਤ,ਅਫੀਮ ਤੋਂ ਹੁੰਦੇ ਹੋਏ ਅੱਜ ਪੰਜਾਬ ਨਸ਼ਿਆਂ ਦੀ ਦਲਦਲ ਵਿੱਚ ਧਸ ਚੁੱਕਿਆ ਹੈ । ਹਰ ਗਲੀ ਦੇ ਹਰ ਮੋੜ 'ਤੇ ਸਿੰਥੈਟਿਕ ਨਸ਼ੇ ਜਿਵੇਂ ਕਿ ਚਿੱਟਾ, ਹੈਰੋਇਨ, ਆਈਸ, ਭੰਗ, ਵਗੈਰਾ ਆਮ ਮਿਲਦੇ ਹਨ।ਕੁੱਝ ਚਿਰ ਪਹਿਲਾਂ ਤਾਂ ਕਾਲਜਾਂ ਯੂਨੀਵਰਸਿਟੀਆਂ ਦੇ ਵਿਦਿਆਰਥੀ ਕਿਰਲੀਆਂ ਤੱਕ ਮਾਰ ਕੇ ਖਾ ਜਾਂਦੇ ਸਨ । ਬੇੜਾ ਇਥੋਂ ਤੱਕ ਗਰਕ ਚੁੱਕਿਆ ਹੈ ਕਿ ਬੂਟਾਂ ਨੂੰ ਚਮਕਾਉਣ ਵਾਲੀ ਪਾਲਸ਼ ਬਰੈਂਡਾਂ ਉਤੇ ਲਾ ਕੇ ਖਾ ਲਈ ਜਾਂਦੀ ਸੀ । ਫਿਰ ਜ਼ਮਾਨਾ ਆਇਆ ਕਿ ਮਰੀਜ਼ ਨੂੰ ਨੀਂਦ ਲਿਆਉਣ ਲਈ ਵਰਤੀਆਂ ਜਾਣ ਵਾਲੀਆਂ ਗੋਲੀਆਂ ਅਤੇ ਖੰਘ ਦੀਆਂ ਦਵਾਈਆਂ ਨੂੰ ਨਸ਼ੇ ਦੇ ਤੌਰ 'ਤੇ ਵਰਤਿਆ ਜਾਣ ਲੱਗਿਆ । ਕੌਡੀਨ ਯਾਨੀ ਕਿ ਅਫੀਮ ਯੁਕਤ ਖੰਘ ਦੀ ਦਵਾਈ ਦੀ ਲਗਾਤਾਰ ਵਰਤੋਂ ਬੰਦੇ ਨੂੰ ਨਸ਼ੇ ਦਾ ਆਦੀ ਬਣਾ ਦਿੰਦੀ ਹੈ ਅਤੇ ਇਸ ਦੀ ਲਗਾਤਾਰ ਜ਼ਿਆਦਾ ਮਾਤਰਾ ਵਿੱਚ ਵਰਤੋਂ ਮੌਤ ਦਾ ਕਾਰਨ ਵੀ ਬਣ ਸਕਦੀ ਹੈ ।ਅਖੀਰ ਨੂੰ ਇਹਨਾਂ ਸਾਰੇ ਨਸ਼ਿਆਂ ਦਾ ਤੋੜ ਲੱਭਿਆ ਚਿੱਟੇ ਦੇ ਰੂਪ ਵਿੱਚ । ਥੋੜ੍ਹ ਸਮੇਂ ਦੇ ਲੋਰ ਨੇ ਘਰਾਂ ਦੀਆਂ ਖੁਸ਼ੀਆਂ ਖੋਹ ਲਈਆਂ ਹਨ, ਰਸਦੇ-ਵਸਦੇ ਘਰ ਨਸ਼ਾ ਤਸਕਰਾਂ ਨੇ ਲੁੱਟ ਲਏ ਹਨ, ਜਵਾਨੀਆਂ ਖਾ ਲਈਆਂ ਹਨ, ਘਰ-ਘਰ ਸੱਥਰ ਵਿਛਣ ਲੱਗੇ ਹਨ, ਸੁਹਾਗਣਾਂ ਰੰਡੀਆਂ ਹੋਣ ਲੱਗੀਆਂ ਹਨ ਅਤੇ ਬੱਚੇ ਅਨਾਥ ਹੋਣ ਲੱਗੇ ਹਨ । ਮਾਵਾਂ ਦੇ ਕੀਰਨੇ ਸੁਣੇ ਨਹੀਂ ਜਾਂਦੇ । ਬੁੱਢੇ ਮਾਪੇ ਪੁੱਤਰਾਂ ਦੀਆਂ ਅਰਥੀਆਂ ਢੋਹ ਰਹੇ ਹਨ । ਇਕੱਲੇ ਨੌਜਵਾਨ ਹੀ ਨਹੀਂ, ਮੁਟਿਆਰਾਂ ਨੂੰ ਵੀ ਇਸ ਵਬਾ ਨੇ ਆਪਣੀ ਲਪੇਟ ਵਿੱਚ ਲੈ ਲਿਆ ਹੈ । ਇਕੱਲੀਆਂ ਮੌਤਾਂ ਹੀ ਨਹੀਂ, ਦਿਨ-ਬ-ਦਿਨ ਵਧ ਰਹੀਆਂ ਲੁੱਟ-ਖੋਹ ਦੀਆਂ ਵਾਰਦਾਤਾਂ , ਗੈਂਗਵਾਦ , ਫ਼ਿਰੌਤੀਆਂ ਲਈ ਕਾਲਾਂ ਅਤੇ ਕਤਲ ਅਤੇ ਪੰਜਾਬ ਵਿੱਚ ਕਾਨੂੰਨ ਵਿਵਸਥਾ ਨੂੰ ਖਤਰਾ ਵੀ ਨਸ਼ੇ ਦੀ ਹੀ ਦੇਣ ਹੈ ।ਪਦਾਰਥਵਾਦ ਨੇ ਸਮਾਜ ਨੂੰ ਛੇਤੀ ਅਮੀਰ ਬਣਨ ਵੱਲ ਧੱਕਿਆ । ਪੰਜਾਬੀਆਂ ਦੀ ਖੁਰਾਕ ਦੁੱਧ ਢੋਲਾਂ ਦਾ ਸ਼ਿੰਗਾਰ ਬਣਨ ਲੱਗਿਆ ਹੈ। ਥੱਕਿਆ-ਹਾਰਿਆ ਕਿਸਾਨ-ਮਜ਼ਦੂਰ ਥਕੇਵਾਂ ਦੂਰ ਕਰ ਲਈ ਨਸ਼ਿਆਂ 'ਤੇ ਲੱਗ ਗਿਆ । ਨਸ਼ਾ ਤਸਕਰਾਂ ਨੇ ਵੀ ਮੌਕਾ ਸਾਂਭਣ ਨੂੰ ਫੋਰਾ ਨਹੀਂ ਲਾਇਆ । ਛੋਟੇ ਮੋਟੇ ਨਸ਼ੇ ਵੇਚਣ ਵਾਲਿਆਂ ਨੂੰ ਮਗਰਮੱਛਾਂ ਨੇ ਸਿੰਥੈਟਿਕ ਨਸ਼ੇ ਵੇਚਣ ਲਈ ਉਕਸਾਇਆ । ਦਿਨਾਂ ਵਿੱਚ ਹੀ ਕਾਰਾਂ, ਕੋਠੀਆਂ ਦੇ ਮਾਲਕ ਬਣਦਿਆਂ ਦੇਖ ਲਾਲਚੀ ਕਿਸਮ ਦੇ ਲੋਕ ਇਸ ਧੰਦੇ ਵਿੱਚ ਰਲਣ ਲੱਗੇ । ਏਜੰਟ ਪਾਲੇ ਜਾਣ ਲੱਗੇ । ਸਕੂਲਾਂ, ਕਾਲਜਾਂ , ਯੂਨੀਵਰਸਿਟੀਆਂ ਦੇ ਬਾਹਰ ਘੁੰਮਦੇ ਇਹਨਾਂ ਦਲਾਲਾਂ ਨੇ ਨਸ਼ੇ ਦੇ ਖਰੀਦਦਾਰ ਤਿਆਰ ਕੀਤੇ ।ਬੱਚੇ, ਬੱਚੀਆਂ ਵੀ ਨਹੀਂ ਬਖਸ਼ੇ ਗਏ । ਜਦੋਂ ਇੱਕ ਗ੍ਰਾਮ ਹੈਰੋਇਨ ਦਾ ਅੰਤਰਰਾਸ਼ਟਰੀ ਮੁੱਲ 80,000/- ਰੁਪਏ ਹੋਵੇ, ਕੌਣ ਨਹੀਂ ਚਾਹੇਗਾ ਵਗਦੀ ਗੰਗਾ ਵਿੱਚ ਹੱਥ ਰੰਗਣੇ । ਕਾਲੀਆਂ ਭੇਡਾਂ ਕਿੱਥੇ ਨਹੀਂ ਮਿਲਦੀਆਂ । ਚੋਣਵੇਂ ਰਾਜਨੀਤਕ ਲੋਕਾਂ ਦੀ ਸਰਪ੍ਰਸਤੀ ਅਤੇ ਉੱਚ ਪੁਲਸ ਅਫਸਰਾਂ ਦੀ ਮਿਲੀਭੁਗਤ ਨੇ ਨਸ਼ਾਖੋਰੀ ਨੂੰ ਉਤਸ਼ਾਹਤ ਕੀਤਾ । ਬੇਰੁਜ਼ਗਾਰੀ ਤੋਂ ਨਿਰ ਉਤਸ਼ਾਹਤ ਬੱਚੇ ਨਿਰਾਸਾ ਦੇ ਆਲਮ ਤੋਂ ਨਿਜਾਤ ਪਾਉਣ ਲਈ ਨਸ਼ੇ ਦਾ ਸਹਾਰਾ ਲੈਣ ਲੱਗੇ ।

ਇਹ ਇੱਕ ਸਰਬ-ਵਿਆਪਕ ਤੱਥ ਹੈ ਕਿ ਪੜ੍ਹਾਈ ਨਾਲ ਜਾਗਰੂਕਤਾ ਵਧਦੀ ਹੈ । ਇਨਸਾਨ ਆਪਣਾ ਚੰਗਾ-ਮਾੜਾ ਸੋਚਣ ਦੇ ਸਮਰੱਥ ਹੋ ਜਾਂਦਾ ਹੈ, ਪ੍ਰੰਤੂ ਨਸ਼ਿਆਂ ਦੇ ਫਰੰਟ ਉਪਰ ਇਸ ਦੇ ਉਲਟ ਪਾਇਆ ਗਿਆ ਹੈ । ਪੰਜਾਬ ਵਿੱਚ ਅੱਜ ਸਾਖਰਤਾ ਦਰ 75.84 ਫੀਸਦੀ ਹੈ । ਕੇਰਲਾ ਨੂੰ ਪਛਾੜ ਕੇ ਪੰਜਾਬ, ਸਕੂਲ ਸਿੱਖਿਆ ਵਿੱਚ ਸਾਰੇ ਦੇਸ਼ ਵਿੱਚੋਂ ਨੰਬਰ 1 'ਤੇ ਹੈ । ਸਕੂਲਾਂ ਵਿਚ ਏ ਆਈ ਦੀ ਸਿੱਖਿਆ ਦਾ ਵਿਸ਼ਾ ਸ਼ੁਰੂ ਕਾਰਨ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ । ਜਿੱਥੇ ਸਿੱਖਿਆ ਦੇ ਮਾਮਲੇ ਵਿੱਚ ਸਾਡੀ ਸਥਿਤੀ ਸੰਤੋਸ਼ਜਨਕ ਹੈ, ਓਥੇ ਹੀ ਪੰਜਾਬ ਨਸ਼ਿਆਂ ਦੇ ਸੇਵਨ ਲਈ ਸੰਸਾਰ ਪ੍ਰਸਿੱਧ ਹੋ ਗਿਆ ਹੈ ।ਮਾੜੀਆਂ ਤੋਂ ਮਾੜੀਆਂ ਪ੍ਰਸਥਿਤੀਆਂ ਵਿੱਚੋਂ ਵੀ ਵੋਟਾਂ ਲੱਭਣ ਦੀ ਪ੍ਰਵਿਰਤੀ ਨੇ ਸਾਡੀ ਸਿਆਸਤ ਨੂੰ ਗੰਧਲਾ ਕਰ ਦਿੱਤਾ ਹੈ । ਹਰੇਕ ਪਾਰਟੀ ਆਪਣੀ ਜ਼ੁੰਮੇਵਾਰੀ ਤੋਂ ਕਿਨਾਰਾ ਕਰਦਿਆਂ ਦੂਜੇ ਉਪਰ ਚਿੱਕੜ ਉਛਾਲੀ ਕਰਨ ਨੂੰ ਤਰਜੀਹ ਦਿੰਦੀ ਹੈ । ਪੰਜਾਬ ਵਿੱਚ ਆਏ ਚਿੱਟੇ ਲਈ ਸਾਰੇ ਹੀ ਇੱਕ ਖਾਸ ਪਾਰਟੀ ਨੂੰ ਜ਼ਿੰਮੇਵਾਰ ਮੰਨਦੇ ਹਨ । ਉਸ ਵਕਤ ਪੰਜਾਬ ਦੀ ਵਿਗੜਦੀ ਹਾਲਤ ਉਪਰ 'ਉੜਤਾ ਪੰਜਾਬ' ਵਰਗੀਆਂ ਫਿਲਮਾਂ ਵੀ ਬਣੀਆਂ ਸਨ । ਨਸ਼ੇ ਉਪਰ ਤਾਂ ਕੋਈ ਲਗਾਮ ਨਹੀਂ ਲੱਗੀ, ਪ੍ਰੰਤੂ ਫਿਲਮ ਬਣਾਉਣ ਵਾਲਿਆਂ ਨੂੰ ਭੰਡਣ ਉਪਰ ਬਹੁਤ ਜ਼ੋਰ ਲਾਇਆ ਗਿਆ । ਸਰਕਾਰ ਬਦਲੀ, ਪਰ ਹਾਲਾਤ ਨਹੀਂ ਬਦਲੇ । ਸਰਕਾਰ ਪ੍ਰਮੁੱਖ ਨੇ ਹੱਥ ਵਿੱਚ ਗੁਟਕਾ ਸਾਹਿਬ ਲੈ ਕੇ ਲੋਕਾਂ ਨੂੰ ਭਾਵਨਾਤਮਿਕ ਤੌਰ 'ਤੇ ਬਲੈਕਮੇਲ ਕਰਕੇ ਵੋਟਾਂ ਬਟੋਰ ਲਈਆਂ ਅਤੇ ਸੱਤਾ ਹਥਿਆ ਲਈ, ਪ੍ਰੰਤੂ ਨਸ਼ੇ ਕਾਰਨ ਹੋਣ ਵਾਲੀਆਂ ਮੌਤਾਂ ਨੂੰ ਕੋਈ ਫਰਕ ਨਹੀਂ ਪਿਆ । ਤੀਜੀ ਵਾਰ ਅੱਕੇ ਹੋਏ ਲੋਕਾਂ ਨੇ ਵਰਤਮਾਨ ਸਰਕਾਰ ਨੂੰ ਰਿਕਾਰਡ ਤੋੜ ਸੀਟਾਂ ਜਿਤਾ ਕੇ ਸੱਤਾ ਸੌਂਪ ਦਿੱਤੀ । ਬੇਸ਼ੱਕ ਹੁਣ ਵਾਲੀ ਸਰਕਾਰ ਪਹਿਲੇ ਦਿਨ ਤੋਂ ਹੀ ਨਸ਼ਿਆਂ ਦੇ ਖਾਤਮੇ ਲਈ ਜੂਝ ਰਹੀ ਹੈ, ਪ੍ਰੰਤੂ ਪਰਨਾਲਾ ਉਥੇ ਦਾ ਉਥੇ ਹੀ ਹੈ ।ਹਾਲਾਤ ਸੁਧਰਨ ਦੀ ਬਜਾਏ ਵਿਗੜੇ ਹੀ ਹਨ । ਇਹ ਸਰਕਾਰ ਇਹ ਕਹਿੰਦਿਆਂ ਨਹੀਂ ਥੱਕਦੀ ਕਿ ਉਹ ਤਾਂ ਪਿਛਲੀਆਂ ਸਰਕਾਰਾਂ ਦੇ ਬੀਜੇ ਕੰਡੇ ਹੀ ਚੁਗ ਰਹੀ ਹੈ। ਸਭ ਜਾਣਦੇ ਹਨ ਕਿ ਹੈਰੋਇਨ ਵਰਗੇ ਨਸ਼ੇ ਪੰਜਾਬ ਵਿੱਚ ਤਾਂ ਨਹੀਂ ਬਣਦੇ ਅਤੇ ਨਾ ਹੀ ਅਸਮਾਨੋਂ ਗਿਰਦੇ ਹਨ, ਸਗੋਂ ਪਾਕਿਸਤਾਨ ਦੇ ਜ਼ਰੀਏ ਅਫ਼ਗਾਨਿਸਤਾਨ ਵਗੈਰਾ ਤੋਂ ਆਉਂਦੇ ਹਨ । ਕਿਸੇ ਸਮੇਂ ਸਰਕਾਰ ਦੀ ਭਾਈਵਾਲ ਰਹੀ ਕੇਂਦਰ ਵਿੱਚ ਸੱਤਾਧਾਰੀ ਪਾਰਟੀ ਦੋ ਸਵਾਲਾਂ ਦੇ ਜਵਾਬ ਦੇਣ ਤੋਂ ਕੰਨੀਂ ਕਤਰਾਉਂਦੀ ਨਜ਼ਰ ਆਉਂਦੀ ਹੈ। ਪਹਿਲਾ ਸਵਾਲ ਕਿ ਬਾਰਡਰ ਤੋਂ ਪੰਜਾਹ ਕਿਲੋਮੀਟਰ ਤੱਕ ਦਾ ਇਲਾਕਾ ਬੀ ਐੱਸ ਐੱਫ ਦੇ ਕੰਟਰੋਲ ਹੇਠ ਆਉਂਦਾ ਹੈ ਅਤੇ ਬੀ ਐੱਸ ਐੱਫ ਕੇਂਦਰ ਦੇ ਅਧੀਨ ਹੈ । ਇਸ ਤਰਾਂ ਸਰਹੱਦ ਪਾਰੋਂ ਆਉਂਦਾ ਨਸ਼ਾ ਰੋਕਣ ਦੀ ਜ਼ੁੰਮੇਵਾਰੀ ਕੇਂਦਰ ਸਰਕਾਰ ਦੀ ਬਣਦੀ ਹੈ । ਦੂਜਾ ਸਵਾਲ ਸਿੰਥੈਟਿਕ ਨਸ਼ੇ ਦੀਆਂ ਵੱਡੀਆਂ ਖੇਪਾਂ ਗੁਜਰਾਤ ਦੇ ਇੱਕ ਸਮੁੰਦਰੀ ਬੰਦਰਗਾਹ ਤੋਂ ਫੜੀਆਂ ਜਾਂਦੀਆਂ ਹਨ । ਇੱਕ ਕਸੂਰਵਾਰ ਧਿਰ ਹੈ, ਅਫ਼ਸਰਸ਼ਾਹੀ । ਪੁਲਸ ਅਫਸਰਾਂ ਅਤੇ ਡਰੱਗ ਮਹਿਕਮੇ ਦੇ ਅਫ਼ਸਰਾਂ ਦੀ ਧਾੜ ਦੇ ਨੱਕ ਥੱਲੇ ਨਸ਼ੇ ਦੁਕਾਨਾਂ 'ਤੇ ਆਮ ਵਿਕ ਰਹੇ ਹਨ । ਆਪਣੀ ਡਿਊਟੀ ਪ੍ਰਤੀ ਅਣਗਹਿਲੀ ਵਰਤਦਿਆਂ ਅਜਿਹੇ ਅਸਮਾਜਿਕ ਅਨਸਰਾਂ ਦੀ ਲੋਕਾਂ ਦੇ ਪੁੱਤ ਮਰਦਿਆਂ ਦੇਖ ਜ਼ਮੀਰ ਕਿਉਂ ਨਹੀਂ ਜਾਗਦੀ? ਜਿਹੜੇ ਅਫ਼ਸਰਾਂ ਦੇ ਇਲਾਕੇ ਨਸ਼ਾ ਤਸਕਰੀ ਲਈ ਬਦਨਾਮ ਹਨ , ਨਸ਼ੇੜੀ ਦੀ ਮੌਤ ਹੋ ਜਾਣ 'ਤੇ ਅਫ਼ਸਰ ਉਪਰ ਵੀ ਧਾਰਾ 302 ਤਹਿਤ ਮੁਕੱਦਮਾ ਚੱਲਣਾ ਚਾਹੀਦਾ ਹੈ ।

ਪੰਜਾਬ ਦੀ ਜਵਾਨੀ ਨੂੰ ਨੌਜਵਾਨ ਹੀ ਬਚਾ ਸਕਦੇ ਹਨ ।ਸੋ ਬੱਚਿਓ, ਬੱਚੀਓ ! ਆਓ, ਸਰਿੰਜਾਂ ਨੂੰ ਤਿਆਗੀਏ ਅਤੇ ਮੁੜ ਤੋਂ ਛਿੰਝਾਂ ਲਈ ਜਾਣੇ ਜਾਂਦੇ ਪੰਜਾਬ ਦੀ ਸਿਰਜਣਾ ਕਰੀਏ । ਪੰਜਾਬੀ ਪੁੱਤ ਬਣੀਏ ਨਾ ਕਿ ਪੈਸੇ ਦੇ ਪੁੱਤ ।

 # ਸੰਪਰਕ : 98727-87243

ਚਮਕਦੀਆਂ ਸਕਰੀਨਾਂ 'ਚ ਗੁਆਚਦਾ ਭਵਿੱਖ

ਰਮਨਦੀਪ ਸਿੰਘ

ਜੇਕਰ ਅਸੀਂ ਅੱਜ ਦੇ ਸਮਾਜ ਦੀ ਸਭ ਤੋਂ ਸੱਚੀ ਅਤੇ ਤਲਖ਼ ਤਸਵੀਰ ਦੇਖਣੀ ਹੋਵੇ, ਤਾਂ ਆਪਣੇ ਆਲੇ-ਦੁਆਲੇ ਝਾਤੀ ਮਾਰੋ। ਭਾਵੇਂ ਕੋਈ ਬੱਸ ਅੱਡਾ ਹੋਵੇ, ਰੇਲਵੇ ਸਟੇਸ਼ਨ, ਪਾਰਕ ਦੀ ਬੈਂਚ ਹੋਵੇ ਜਾਂ ਫਿਰ ਸਾਡੇ ਆਪਣੇ ਘਰਾਂ ਦੇ ਡਰਾਇੰਗ ਰੂਮ—ਤੁਹਾਨੂੰ ਇੱਕੋ ਜਿਹਾ ਦ੍ਰਿਸ਼ ਦੇਖਣ ਨੂੰ ਮਿਲੇਗਾ। ਸਿਰ ਝੁਕੇ ਹੋਏ, ਅੱਖਾਂ ਛੇ ਇੰਚ ਦੀ ਚਮਕਦੀ ਸਕ੍ਰੀਨ 'ਤੇ ਟਿਕੀਆਂ ਹੋਈਆਂ ਅਤੇ ਉਂਗਲਾਂ ਲਗਾਤਾਰ ਸਕ੍ਰੋਲ ਕਰਦੀਆਂ ਹੋਈਆਂ । ਇਹ 'ਡਿਜੀਟਲ ਸੰਮੋਹਨ' ਅੱਜ ਸਾਡੀ ਜ਼ਿੰਦਗੀ ਦਾ ਸਭ ਤੋਂ ਵੱਡਾ ਸੱਚ ਬਣ ਚੁੱਕਾ ਹੈ, ਪਰ ਜਦੋਂ ਅਸੀਂ ਇਸ ਖ਼ਤਰਨਾਕ ਵਰਤਾਰੇ ਦਾ ਸ਼ਿਕਾਰ ਸਕੂਲਾਂ ਅਤੇ ਕਾਲਜਾਂ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਨੂੰ ਹੁੰਦਿਆਂ ਦੇਖਦੇ ਹਾਂ, ਤਾਂ ਇਹ ਮਹਿਜ਼ ਇੱਕ ਆਦਤ ਨਹੀਂ ਰਹਿੰਦੀ, ਸਗੋਂ ਆਉਣ ਵਾਲੀਆਂ ਨਸਲਾਂ ਦੇ ਭਵਿੱਖ ਨੂੰ ਲੱਗੀ ਇੱਕ ਅਜਿਹੀ ਸਿਉਂਕ ਬਣ ਜਾਂਦੀ ਹੈ, ਜੋ ਸਾਡੇ ਸਮਾਜ ਦੀਆਂ ਬੌਧਿਕ ਅਤੇ ਮਾਨਸਿਕ ਜੜ੍ਹਾਂ ਨੂੰ ਅੰਦਰੋ-ਅੰਦਰੀ ਖੋਖਲਾ ਕਰ ਰਹੀ ਹੈ।

ਮੋਬਾਇਲ ਫੋਨ ਕਦੇ ਸੰਚਾਰ ਦਾ ਇੱਕ ਸਾਧਨ ਹੁੰਦਾ ਸੀ, ਪਰ ਅੱਜ ਇਹ ਵਿਦਿਆਰਥੀਆਂ ਲਈ ਇੱਕ ਅਜਿਹਾ 'ਡਿਜੀਟਲ ਨਸ਼ਾ' ਬਣ ਚੁੱਕਾ ਹੈ, ਜਿਸ ਨੇ ਚਿੱਟੇ ਜਾਂ ਸ਼ਰਾਬ ਦੇ ਨਸ਼ੇ ਤੋਂ ਵੀ ਵੱਧ ਭਿਆਨਕ ਰੂਪ ਧਾਰਨ ਕਰ ਲਿਆ ਹੈ। ਇਸ ਨਸ਼ੇ ਦੀ ਸਭ ਤੋਂ ਖ਼ਤਰਨਾਕ ਗੱਲ ਇਹ ਹੈ ਕਿ ਇਸ ਨੂੰ ਸਮਾਜਿਕ ਪ੍ਰਵਾਨਗੀ ਮਿਲੀ ਹੋਈ ਹੈ।

ਸਭ ਤੋਂ ਵੱਡਾ ਅਤੇ ਗੰਭੀਰ ਨੁਕਸਾਨ ਵਿਦਿਆਰਥੀਆਂ ਦੇ ਮਾਨਸਿਕ ਢਾਂਚੇ ਅਤੇ ਉਨ੍ਹਾਂ ਦੀ ਇਕਾਗਰਤਾ ਨੂੰ ਹੋਇਆ ਹੈ। ਅੱਜ ਦਾ ਵਿਦਿਆਰਥੀ ਇੰਸਟਾਗ੍ਰਾਮ ਦੀਆਂ 'ਰੀਲ੍ਹਾਂ' ਅਤੇ ਯੂਟਿਊਬ ਦੇ 'ਸ਼ਾਰਟਸ' ਦਾ ਗੁਲਾਮ ਹੋ ਚੁੱਕਾ ਹੈ। ਇਹਨਾਂ 15 ਤੋਂ 30 ਸਕਿੰਟਾਂ ਦੇ ਵੀਡੀਓਜ਼ ਨੇ ਬੱਚਿਆਂ ਦੇ ਦਿਮਾਗ ਦੀ ਬਣਤਰ ਨੂੰ ਬਦਲ ਕੇ ਰੱਖ ਦਿੱਤਾ ਹੈ। ਮਨੋਵਿਗਿਆਨਕ ਭਾਸ਼ਾ ਵਿੱਚ ਇਸ ਨੂੰ 'ਡੋਪਾਮਾਈਨ ਲੂਪ' ਕਿਹਾ ਜਾਂਦਾ ਹੈ, ਜਿੱਥੇ ਦਿਮਾਗ ਨੂੰ ਹਰ ਕੁਝ ਸਕਿੰਟਾਂ ਬਾਅਦ ਇੱਕ ਨਵੀਂ ਉਤੇਜਨਾ ਜਾਂ ਖੁਸ਼ੀ ਦੀ ਲੋੜ ਪੈਂਦੀ ਹੈ। ਨਤੀਜੇ ਵਜੋਂ, ਜਦੋਂ ਇਹੀ ਵਿਦਿਆਰਥੀ ਕਲਾਸਰੂਮ ਵਿੱਚ ਬੈਠ ਕੇ ਅਧਿਆਪਕ ਦਾ 40 ਮਿੰਟ ਦਾ ਲੈਕਚਰ ਸੁਣਦਾ ਹੈ ਜਾਂ ਘਰ ਬੈਠ ਕੇ ਕਿਤਾਬ ਦਾ ਕੋਈ ਪਾਠ ਪੜ੍ਹਨ ਦੀ ਕੋਸ਼ਿਸ਼ ਕਰਦਾ ਹੈ, ਤਾਂ ਉਸ ਦਾ ਦਿਮਾਗ ਬਾਗੀ ਹੋ ਜਾਂਦਾ ਹੈ, ਉਸ ਨੂੰ ਪੜ੍ਹਾਈ ਬੋਰੀਅਤ ਭਰੀ ਅਤੇ ਥਕਾਊ ਲੱਗਣ ਲੱਗਦੀ ਹੈ। ਡੂੰਘਾ ਚਿੰਤਨ ਜੋ ਕਿ ਸਿੱਖਿਆ ਦਾ ਅਸਲ ਮਨੋਰਥ ਹੈ, ਇਸ ਪੀੜ੍ਹੀ ਵਿੱਚੋਂ ਲਗਭਗ ਖਤਮ ਹੁੰਦਾ ਜਾ ਰਿਹਾ ਹੈ। ਸਾਹਿਤ, ਇਤਿਹਾਸ ਜਾਂ ਵਿਗਿਆਨ ਦੀਆਂ ਗੁੰਝਲਾਂ ਨੂੰ ਧੀਰਜ ਨਾਲ ਸਮਝਣ ਦੀ ਆਦਤ ਹੁਣ ਗਵਾਚ ਚੁੱਕੀ ਹੈ। ਵਿਦਿਆਰਥੀਆਂ ਨੂੰ ਹੁਣ ਹਰ ਚੀਜ਼ ਦਾ 'ਸ਼ਾਰਟਕੱਟ' ਚਾਹੀਦਾ ਹੈ।

ਅਕਾਦਮਿਕ ਨਿਘਾਰ ਦਾ ਦੂਜਾ ਵੱਡਾ ਕਾਰਨ ਮੋਬਾਇਲ ਦੁਆਰਾ ਪੈਦਾ ਕੀਤੀ ਗਈ 'ਕਾਪੀ-ਪੇਸਟ' ਬਿਰਤੀ ਹੈ। ਅੱਜ ਜਦੋਂ ਸਕੂਲੋਂ ਕੋਈ ਪ੍ਰੋਜੈਕਟ ਜਾਂ ਹੋਮਵਰਕ ਮਿਲਦਾ ਹੈ, ਤਾਂ ਵਿਦਿਆਰਥੀ ਆਪਣਾ ਦਿਮਾਗ ਲੜਾਉਣ ਦੀ ਬਜਾਏ ਗੂਗਲ ਦੀ ਸ਼ਰਨ ਲੈਂਦੇ ਹਨ। ਬਣੀ-ਬਣਾਈ ਜਾਣਕਾਰੀ ਨੂੰ ਹੂ-ਬ-ਹੂ ਕਾਪੀ ਕਰਕੇ ਪਰੋਸ ਦਿੱਤਾ ਜਾਂਦਾ ਹੈ। ਇਸ ਨਾਲ ਬੱਚਿਆਂ ਦੀ ਆਪਣੀ ਸਿਰਜਣਾਤਮਕਤਾ ਅਤੇ ਮੌਲਿਕਤਾ ਬੁਰੀ ਤਰ੍ਹਾਂ ਮਰ ਚੁੱਕੀ ਹੈ। ਭਾਸ਼ਾ ਅਤੇ ਵਿਆਕਰਣ ਉੱਤੇ ਮੋਬਾਇਲ ਕਲਚਰ ਨੇ ਜੋ ਕੁਹਾੜਾ ਚਲਾਇਆ ਹੈ, ਉਹ ਵੀ ਕਿਸੇ ਤੋਂ ਲੁਕਿਆ ਨਹੀਂ । ਵਟਸਐਪ ਅਤੇ ਸਨੈਪਚੈਟ ਉੱਤੇ ਚੈਟਿੰਗ ਕਰਦਿਆਂ ਵਰਤੀ ਜਾਂਦੀ ਟੁੱਟੀ-ਭੱਜੀ ਅਤੇ ਸੰਖੇਪ ਭਾਸ਼ਾ ਨੇ ਵਿਦਿਆਰਥੀਆਂ ਦੇ ਸ਼ਬਦ-ਭੰਡਾਰ ਨੂੰ ਬਹੁਤ ਗਰੀਬ ਕਰ ਦਿੱਤਾ ਹੈ। ਹਾਲਤ ਇਹ ਹੈ ਕਿ ਵਿਦਿਆਰਥੀ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਵੀ ਪੂਰੇ ਵਾਕ ਲਿਖਣ ਦੀ ਬਜਾਏ ਸ਼ਾਰਟਕੱਟ ਸ਼ਬਦਾਂ ਦੀ ਵਰਤੋਂ ਕਰਨ ਲੱਗ ਪਏ ਹਨ। ਖੂਬਸੂਰਤ ਲਿਖਾਈ ਅਤੇ ਲਿਖਣ ਦਾ ਅਭਿਆਸ, ਜੋ ਕਦੇ ਵਿਦਿਆਰਥੀ ਦਾ ਗਹਿਣਾ ਹੁੰਦਾ ਸੀ, ਹੁਣ ਡਿਜੀਟਲ ਕੀ-ਬੋਰਡ ਦੀ ਭੇਟ ਚੜ੍ਹ ਚੁੱਕਾ ਹੈ।ਮਾਨਸਿਕ ਸਿਹਤ ਦੇ ਪੱਖੋਂ ਦੇਖਿਆ ਜਾਵੇ ਤਾਂ ਮੋਬਾਇਲ ਫੋਨ ਨੇ ਵਿਦਿਆਰਥੀਆਂ ਦੀ ਜ਼ਿੰਦਗੀ ਨੂੰ ਨਰਕ ਬਣਾ ਦਿੱਤਾ ਹੈ। ਸੋਸ਼ਲ ਮੀਡੀਆ ਨੇ ਬੱਚਿਆਂ ਨੂੰ ਇੱਕ ਅਜਿਹੀ ਝੂਠੀ ਅਤੇ ਦਿਖਾਵੇ ਵਾਲੀ ਦੁਨੀਆ ਵਿੱਚ ਧੱਕ ਦਿੱਤਾ ਹੈ, ਜਿੱਥੇ ਹਰ ਕੋਈ ਆਪਣੀ ਜ਼ਿੰਦਗੀ ਨੂੰ ਦੂਜਿਆਂ ਨਾਲੋਂ ਬਿਹਤਰ ਦਿਖਾਉਣ ਦੀ ਹੋੜ ਵਿੱਚ ਹੈ। ਲਾਈਕਸ, ਕੁਮੈਂਟਸ ਅਤੇ ਫਾਲੋਅਰਜ਼ ਬੱਚਿਆਂ ਦੇ ਸਵੈ-ਮਾਣ ਦਾ ਪੈਮਾਨਾ ਬਣ ਗਏ ਹਨ। ਜਦੋਂ ਇੱਕ ਆਮ ਪਰਵਾਰ ਦਾ ਵਿਦਿਆਰਥੀ ਇੰਸਟਾਗ੍ਰਾਮ ਉੱਤੇ ਦੂਜਿਆਂ ਦੀਆਂ ਮਹਿੰਗੀਆਂ ਗੱਡੀਆਂ, ਬ੍ਰਾਂਡਿਡ ਕੱਪੜਿਆਂ ਅਤੇ ਸ਼ਾਨਦਾਰ ਪਾਰਟੀਆਂ ਦੀਆਂ ਤਸਵੀਰਾਂ ਦੇਖਦਾ ਹੈ, ਤਾਂ ਉਹ ਅੰਦਰੋਂ-ਅੰਦਰੀਂ ਹੀਣ ਭਾਵਨਾ ਦਾ ਸ਼ਿਕਾਰ ਹੋਣ ਲੱਗਦਾ ਹੈ । ਉਸ ਨੂੰ ਆਪਣੀ ਅਸਲੀ ਜ਼ਿੰਦਗੀ ਕੋਝੀ ਅਤੇ ਅਧੂਰੀ ਲੱਗਣ ਲੱਗਦੀ ਹੈ। ਇਸ ਵਰਤਾਰੇ ਨੇ ਵਿਦਿਆਰਥੀਆਂ ਵਿੱਚ 'ਫੋਮੋ' ਵਰਗੀਆਂ ਭਿਆਨਕ ਮਾਨਸਿਕ ਬਿਮਾਰੀਆਂ ਪੈਦਾ ਕਰ ਦਿੱਤੀਆਂ ਹਨ। ਅੱਜ ਦੇ ਬੱਚਿਆਂ ਵਿੱਚ ਚਿੜਚਿੜਾਪਨ, ਗੁੱਸਾ, ਇਕੱਲਤਾ ਅਤੇ ਡਿਪ੍ਰੈਸ਼ਨ ਦੇ ਮਾਮਲੇ ਜਿੰਨੀ ਤੇਜ਼ੀ ਨਾਲ ਵਧ ਰਹੇ ਹਨ, ਉਸ ਦਾ ਸਿੱਧਾ ਤਾਰ ਮੋਬਾਈਲ ਦੀ ਅੰਨ੍ਹੀ ਵਰਤੋਂ ਨਾਲ ਜੁੜਿਆ ਹੋਇਆ ਹੈ।

ਇਸ ਤੋਂ ਇਲਾਵਾ 'ਸਾਈਬਰ ਬੁਲਿੰਗ' ਇੱਕ ਅਜਿਹਾ ਕੋਹੜ ਹੈ, ਜਿਸ ਨੇ ਵਿਦਿਆਰਥੀਆਂ ਦਾ ਜਿਊਣਾ ਦੁੱਭਰ ਕੀਤਾ ਹੋਇਆ ਹੈ। ਪੁਰਾਣੇ ਸਮਿਆਂ ਵਿੱਚ ਜੇਕਰ ਸਕੂਲ ਵਿੱਚ ਕਿਸੇ ਬੱਚੇ ਨੂੰ ਸਾਥੀਆਂ ਦੁਆਰਾ ਤੰਗ ਕੀਤਾ ਜਾਂਦਾ ਸੀ, ਤਾਂ ਘਰ ਆ ਕੇ ਉਹ ਬੱਚਾ ਸੁਰੱਖਿਅਤ ਮਹਿਸੂਸ ਕਰਦਾ ਸੀ, ਪਰ ਅੱਜ ਡਿਜੀਟਲ ਯੁੱਗ ਵਿੱਚ ਇਹ ਮਾਨਸਿਕ ਤਸ਼ੱਦਦ ਬੱਚੇ ਦੇ ਬੈੱਡਰੂਮ ਤੱਕ ਪਹੁੰਚ ਚੁੱਕਾ ਹੈ। ਵਟਸਐਪ ਗਰੁੱਪਾਂ ਵਿੱਚ ਮਜ਼ਾਕ ਉਡਾਉਣਾ, ਕਿਸੇ ਦੀਆਂ ਫੋਟੋਆਂ ਵਿਗਾੜ ਕੇ ਵਾਇਰਲ ਕਰਨਾ ਜਾਂ ਭੱਦੀਆਂ ਟਿੱਪਣੀਆਂ ਕਰਨਾ ਆਮ ਗੱਲ ਹੋ ਗਈ ਹੈ। ਇਸ ਡਿਜੀਟਲ ਬੇਇੱਜ਼ਤੀ ਦਾ ਸ਼ਿਕਾਰ ਹੋਏ ਕਈ ਵਿਦਿਆਰਥੀ ਏਨੇ ਤਣਾਅ ਵਿੱਚ ਆ ਜਾਂਦੇ ਹਨ ਕਿ ਉਹ ਖ਼ੁਦਕੁਸ਼ੀਆਂ ਵਰਗੇ ਖੌਫ਼ਨਾਕ ਕਦਮ ਚੁੱਕਣ ਲਈ ਮਜਬੂਰ ਹੋ ਰਹੇ ਹਨ।ਖੇਡਾਂ ਹੁਣ ਸਿਰਫ਼ ਬੰਦ ਕਮਰਿਆਂ ਵਿੱਚ ਸੋਫੇ 'ਤੇ ਲੇਟ ਕੇ ਪੱਬ-ਜੀ ਫ੍ਰੀ-ਫਾਇਰ ਜਾਂ ਹੋਰ ਵੀਡੀਓ ਗੇਮਾਂ ਖੇਡਣ ਤੱਕ ਸਿਮਟ ਗਈਆਂ ਹਨ। ਸਰੀਰਕ ਗਤੀਵਿਧੀਆਂ ਬਿਲਕੁਲ ਖਤਮ ਹੋਣ ਕਾਰਨ ਬੱਚਿਆਂ ਵਿੱਚ ਮੋਟਾਪਾ, ਸ਼ੂਗਰ ਅਤੇ ਸੁਸਤੀ ਵਧ ਰਹੀ ਹੈ। ਲਗਾਤਾਰ ਮੋਬਾਇਲ ਵੱਲ ਝੁਕ ਕੇ ਦੇਖਣ ਕਾਰਨ ਬੱਚਿਆਂ ਦੀਆਂ ਧੌਣਾਂ ਅਤੇ ਗੀੜ੍ਹ ਦੀ ਹੱਡੀ ਵਿੱਚ ਦਰਦ ਆਮ ਹੋ ਗਿਆ ਹੈ। ਛੋਟੀ ਉਮਰੇ ਹੀ ਬੱਚਿਆਂ ਦੀਆਂ ਅੱਖਾਂ ਉੱਤੇ ਮੋਟੇ ਸ਼ੀਸ਼ਿਆਂ ਵਾਲੀਆਂ ਐਨਕਾਂ ਚੜ੍ਹ ਗਈਆਂ ਹਨ।ਸਭ ਤੋਂ ਵੱਧ ਨੁਕਸਾਨ ਵਿਦਿਆਰਥੀਆਂ ਦੀ ਨੀਂਦ ਦਾ ਹੋਇਆ ਹੈ। ਦੇਰ ਰਾਤ ਤੱਕ ਰਜਾਈਆਂ ਵਿੱਚ ਮੂੰਹ ਦੇ ਕੇ ਮੋਬਾਇਲ ਦੀਆਂ ਸਕ੍ਰੀਨਾਂ ਨੂੰ ਸਕ੍ਰੋਲ ਕਰਨਾ ਹਰ ਵਿਦਿਆਰਥੀ ਦਾ ਰੋਜ਼ਾਨਾ ਦਾ ਨੇਮ ਬਣ ਗਿਆ ਹੈ। ਸਕ੍ਰੀਨ ਵਿੱਚੋਂ ਨਿਕਲਣ ਵਾਲੀ ਨੀਲੀ ਰੋਸ਼ਨੀ ਦਿਮਾਗ ਦੇ ਸੌਣ ਵਾਲੇ ਹਾਰਮੋਨ ਨੂੰ ਖਤਮ ਕਰ ਦਿੰਦੀ ਹੈ, ਜਿਸ ਕਾਰਨ ਬੱਚਿਆਂ ਨੂੰ ਨੀਂਦ ਨਾ ਆਉਣ ਦੀ ਬਿਮਾਰੀ ਲੱਗ ਰਹੀ ਹੈ। ਜਦੋਂ ਰਾਤ ਨੂੰ ਤਿੰਨ-ਤਿੰਨ ਵਜੇ ਤੱਕ ਮੋਬਾਇਲ ਚਲਾਉਣ ਵਾਲਾ ਵਿਦਿਆਰਥੀ ਸਵੇਰੇ ਅਧੂਰੀ ਨੀਂਦ ਨਾਲ ਉੱਠ ਕੇ ਸਕੂਲ ਜਾਂਦਾ ਹੈ, ਤਾਂ ਉਸ ਦਾ ਦਿਮਾਗ ਥੱਕਿਆ ਹੁੰਦਾ ਹੈ।

ਸਮਾਜਿਕ ਅਤੇ ਪਰਿਵਾਰਕ ਰਿਸ਼ਤਿਆਂ ਵਿੱਚ ਜੋ ਦਰਾੜ ਇਸ ਮੋਬਾਇਲ ਨੇ ਪਾਈ ਹੈ, ਉਹ ਸ਼ਾਇਦ ਇਤਿਹਾਸ ਦੀ ਸਭ ਤੋਂ ਵੱਡੀ ਤ੍ਰਾਸਦੀ ਹੈ। ਅੱਜ ਪਰਵਾਰ ਦੇ ਚਾਰ ਜੀਅ ਇੱਕੋ ਕਮਰੇ ਵਿੱਚ ਬੈਠੇ ਹੁੰਦੇ ਹਨ, ਪਰ ਉਹਨਾਂ ਵਿਚਕਾਰ ਕੋਈ ਗੱਲਬਾਤ ਨਹੀਂ ਹੁੰਦੀ। ਹਰ ਕੋਈ ਆਪਣੇ ਫੋਨ ਦੀ ਦੁਨੀਆ ਵਿੱਚ ਗੁਆਚਾ ਹੋਇਆ ਹੈ। ਵਿਦਿਆਰਥੀ ਆਪਣੇ ਮਾਪਿਆਂ, ਦਾਦਾ-ਦਾਦੀ ਨਾਲ ਦੁੱਖ-ਸੁੱਖ ਸਾਂਝਾ ਕਰਨ ਦੀ ਬਜਾਏ ਆਨਲਾਈਨ ਦੁਨੀਆ ਦੇ ਅਣਜਾਣ ਲੋਕਾਂ ਨਾਲ ਚੈਟਿੰਗ ਕਰਨ ਨੂੰ ਪਹਿਲ ਦਿੰਦੇ ਹਨ। ਇਸ ਕਾਰਨ ਬੱਚਿਆਂ ਵਿੱਚ ਸਮਾਜਿਕ ਹੁਨਰ ਅਤੇ ਭਾਵਨਾਤਮਕ ਸੂਝ ਖਤਮ ਹੁੰਦੀ ਜਾ ਰਹੀ ਹੈ। ਉਹਨਾਂ ਨੂੰ ਇਮੋਜੀ ਰਾਹੀਂ ਆਪਣੀਆਂ ਭਾਵਨਾਵਾਂ ਪ੍ਰਗਟਾਉਣੀਆਂ ਤਾਂ ਆਉਂਦੀਆਂ ਹਨ, ਪਰ ਅਸਲ ਜ਼ਿੰਦਗੀ ਵਿੱਚ ਕਿਸੇ ਰਿਸ਼ਤੇਦਾਰ ਜਾਂ ਮਹਿਮਾਨ ਨਾਲ ਅੱਖ ਮਿਲਾ ਕੇ ਗੱਲ ਕਰਨ ਵਿੱਚ ਉਹਨਾਂ ਨੂੰ ਝਿਜਕ ਮਹਿਸੂਸ ਹੁੰਦੀ ਹੈ।

ਇਸ ਤਬਾਹੀ ਲਈ ਇਕੱਲੇ ਬੱਚੇ ਜ਼ਿੰਮੇਵਾਰ ਨਹੀਂ ਹਨ, ਸਗੋਂ ਅਸੀਂ ਮਾਪੇ, ਅਧਿਆਪਕ ਅਤੇ ਪੂਰਾ ਸਮਾਜ ਵੀ ਬਰਾਬਰ ਦੇ ਭਾਈਵਾਲ ਹਾਂ । ਮਾਪੇ ਬੱਚੇ ਦੇ ਰੋਣ ਨੂੰ ਚੁੱਪ ਕਰਾਉਣ ਲਈ ਛੋਟੀ ਉਮਰੇ ਹੀ ਉਸ ਦੇ ਹੱਥ ਵਿੱਚ ਮੋਬਾਈਲ ਫੜਾ ਦਿੰਦੇ ਹਨ। ਜਿਹੜੇ ਮਾਪੇ ਖੁਦ ਸਾਰਾ ਦਿਨ ਫੋਨ ਵਿੱਚ ਖੁੱਭੇ ਰਹਿੰਦੇ ਹਨ, ਉਹ ਬੱਚਿਆਂ ਨੂੰ ਕੀ ਸਿੱਖਿਆ ਦੇਣਗੇ? ਬੱਚੇ ਭਾਸ਼ਣ ਨਹੀਂ ਸੁਣਦੇ, ਉਹ ਤਾਂ ਆਪਣੇ ਆਲੇ-ਦੁਆਲੇ ਦੀ ਨਕਲ ਕਰਦੇ ਹਨ।ਸਮਾਂ ਆ ਗਿਆ ਹੈ ਕਿ ਇਸ 'ਡਿਜੀਟਲ ਮਹਾਂਮਾਰੀ' ਵਿਰੁੱਧ ਜੰਗੀ ਪੱਧਰ 'ਤੇ ਕਦਮ ਚੁੱਕੇ ਜਾਣ । ਸਾਨੂੰ 'ਡਿਜੀਟਲ ਡੀਟੌਕਸ' ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣਾ ਪਵੇਗਾ। ਘਰਾਂ ਵਿੱਚ ਸਖ਼ਤ ਨਿਯਮ ਬਣਾਉਣੇ ਪੈਣਗੇ ਕਿ ਖਾਣਾ ਖਾਣ ਸਮੇਂ ਅਤੇ ਸੌਣ ਤੋਂ ਘੱਟੋ-ਘੱਟ ਦੋ ਘੰਟੇ ਪਹਿਲਾਂ ਕੋਈ ਵੀ ਮੋਬਾਇਲ ਦੀ ਵਰਤੋਂ ਨਹੀਂ ਕਰੇਗਾ। ਮਾਪਿਆਂ ਨੂੰ ਬੱਚਿਆਂ ਲਈ ਸਮਾਂ ਕੱਢਣਾ ਪਵੇਗਾ, ਉਹਨਾਂ ਨਾਲ ਗੱਲਾਂ ਕਰਨੀਆਂ ਪੈਣਗੀਆਂ ਅਤੇ ਉਹਨਾਂ ਨੂੰ ਮੁੜ ਖੇਡ ਮੈਦਾਨਾਂ ਵੱਲ ਧੱਕਣਾ ਪਵੇਗਾ। ਸਕੂਲਾਂ ਨੂੰ ਵੀ ਸਿਰਫ਼ ਕਿਤਾਬੀ ਗਿਆਨ ਦੇਣ ਦੀ ਬਜਾਏ ਬੱਚਿਆਂ ਦੇ ਸਕ੍ਰੀਨ ਟਾਈਮ ਬਾਰੇ ਉਹਨਾਂ ਦੀ ਕਾਊਂਸਲਿੰਗ ਕਰਨੀ ਪਵੇਗੀ।

ਮੋਬਾਇਲ ਫੋਨ ਇੱਕ ਤਕਨੀਕੀ ਸੰਦ ਹੈ, ਜਿਸ ਦਾ ਕੰਮ ਸਾਡੀ ਸਹੂਲਤ ਲਈ ਹੋਣਾ ਚਾਹੀਦਾ ਹੈ, ਪਰ ਅੱਜ ਇਹ ਸਾਡਾ ਮਾਲਕ ਬਣ ਬੈਠਾ ਹੈ ਅਤੇ ਸਾਡੇ ਵਿਦਿਆਰਥੀ ਇਸ ਦੇ ਗੁਲਾਮ । ਜੇਕਰ ਅੱਜ ਵੀ ਅਸੀਂ ਇਸ ਡਿਜੀਟਲ ਨਸ਼ੇ ਦੀ ਭਿਆਨਕਤਾ ਨੂੰ ਨਾ ਸਮਝਿਆ ਅਤੇ ਆਪਣੇ ਵਿਦਿਆਰਥੀਆਂ ਨੂੰ ਇਸ ਦੀ ਗ੍ਰਿਫ਼ਤ ਵਿੱਚੋਂ ਬਾਹਰ ਨਾ ਕੱਢਿਆ, ਤਾਂ ਆਉਣ ਵਾਲੇ ਸਮੇਂ ਵਿੱਚ ਸਾਡੇ ਕੋਲ ਉੱਚ-ਡਿਗਰੀਆਂ ਵਾਲੇ ਨੌਜਵਾਨ ਤਾਂ ਹੋਣਗੇ, ਪਰ ਉਹ ਮਾਨਸਿਕ ਤੌਰ 'ਤੇ ਖੋਖਲੇ, ਸਰੀਰਕ ਤੌਰ 'ਤੇ ਬਿਮਾਰ ਅਤੇ ਸਮਾਜਿਕ ਤੌਰ 'ਤੇ ਇਕੱਲੇ ਹੋਣਗੇ। ਬੱਚਿਆਂ ਦੇ ਹੱਥਾਂ ਵਿੱਚੋਂ ਸਕ੍ਰੀਨਾਂ ਖੋਹ ਕੇ ਉਹਨਾਂ ਦੇ ਹੱਥਾਂ ਵਿੱਚ ਖੇਡਾਂ, ਕਿਤਾਬਾਂ ਅਤੇ ਅਸਲੀ ਰਿਸ਼ਤਿਆਂ ਦੀ ਨਿੱਘ ਦੇਣ ਦਾ ਵੇਲਾ ਆ ਗਿਆ ਹੈ, ਇਸ ਤੋਂ ਪਹਿਲਾਂ ਕਿ ਬਹੁਤ ਦੇਰ ਹੋ ਜਾਵੇ।

 # ਸੰਪਰਕ : 84378-13558

ਪਟਿਆਲਾ ਪੀ ਸੀ ਐੱਸ ਮੇਨ ਨਤੀਜਿਆਂ 'ਚ ਧਾਂਦਲੀ ਦੇ ਦੋਸ਼

ਉਮੀਦਵਾਰਾਂ ਵੱਲੋਂ ਪੀ ਪੀ ਐੱਸ ਸੀ ਦਫ਼ਤਰ ਅੱਗੇ ਧਰਨਾ ਤੇ ਨਾਅਰੇਬਾਜ਼ੀ

ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਪੰਜਾਬ ਸਿਵਲ ਸੇਵਾਵਾਂ (ਪੀ.ਸੀ.ਐੱਸ.) ਮੇਨਜ਼ ਪ੍ਰੀਖਿਆ ਦੇ ਨਤੀਜਿਆਂ ਵਿੱਚ ਕਥਿਤ ਧਾਂਦਲੀ ਤੇ ਬੇਨਿਯਮੀਆਂ ਦੇ ਗੰਭੀਰ ਦੋਸ਼ ਲਾਉਂਦਿਆਂ ਮੰਗਲਵਾਰ ਨੂੰ ਪ੍ਰੀਖਿਆਰਥੀਆਂ ਵੱਲੋਂ ਪੰਜਾਬ ਲੋਕ ਸੇਵਾ ਕਮਿਸ਼ਨ (ਪੀ.ਪੀ.ਐੱਸ.ਸੀ.) ਦੇ ਮੁੱਖ ਦਫ਼ਤਰ ਅੱਗੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਗੁੱਸੇ ਵਿੱਚ ਆਏ ਉਮੀਦਵਾਰਾਂ ਨੇ ਕਮਿਸ਼ਨ ਦੇ ਮੁੱਖ ਗੇਟ ਅੱਗੇ ਦਰੀਆਂ ਵਿਛਾ ਕੇ ਧਰਨਾ ਦਿੱਤਾ ਤੇ ਪ੍ਰਸ਼ਾਸਨ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ।ਪ੍ਰਦਰਸ਼ਨਕਾਰੀ ਉਮੀਦਵਾਰਾਂ ਦਾ ਦੋਸ਼ ਹੈ ਕਿ ਹਾਲ ਹੀ ਵਿੱਚ ਐਲਾਨੇ ਗਏ ਮੇਨਜ਼ ਪ੍ਰੀਖਿਆ ਦੇ ਨਤੀਜਿਆਂ ਵਿੱਚ ਪਾਰਦਰਸ਼ਤਾ ਦੀ ਭਾਰੀ ਘਾਟ ਰਹੀ ਹੈ।ਉਨ੍ਹਾਂ ਮੁਤਾਬਕ ਯੋਗ ਤੇ ਮਿਹਨਤੀ ਉਮੀਦਵਾਰਾਂ ਨੂੰ ਅਣਗੌਲਿਆ ਕਰਕੇ ਮੁਲਾਂਕਣ ਪ੍ਰਕਿਰਿਆ ਵਿੱਚ ਗੜਬੜੀ ਕੀਤੀ ਗਈ ਹੈ।ਉਮੀਦਵਾਰਾਂ ਨੇ ਮੰਗ ਕੀਤੀ ਕਿ ਪ੍ਰੀਖਿਆ ਦੀਆਂ ਉੱਤਰ-ਕਾਪੀਆਂ ਦੀ ਮੁੜ ਜਾਂਚ (ਰੀ-ਇਵੈਲੂਏਸ਼ਨ) ਕਰਵਾਈ ਜਾਵੇ, ਕੱਟ-ਆਫ਼ ਅੰਕ ਤੇ ਵਿਸਥਾਰਤ ਮਾਰਕਸ਼ੀਟਾਂ ਜਨਤਕ ਕੀਤੀਆਂ ਜਾਣ, ਤਾਂ ਜੋ ਹਰ ਵਿਦਿਆਰਥੀ ਦੇ ਸਾਹਮਣੇ ਸੱਚਾਈ ਆ ਸਕੇ।ਮੁੱਖ ਗੇਟ ਬੰਦ ਹੋਣ ਕਾਰਨ ਦਫ਼ਤਰ ਦੇ ਅਧਿਕਾਰੀਆਂ ਤੇ ਮੁਲਾਜ਼ਮਾਂ ਦੀ ਆਵਾਜਾਈ ਵਿੱਚ ਵਿਘਨ ਪਿਆ।ਸਥਿਤੀ ਨੂੰ ਦੇਖਦਿਆਂ ਮੌਕੇ 'ਤੇ ਪੁਲਸ ਪ੍ਰਸ਼ਾਸਨ ਤਾਇਨਾਤ ਕੀਤਾ ਗਿਆ।ਅਧਿਕਾਰੀਆਂ ਨੇ ਉਮੀਦਵਾਰਾਂ ਨੂੰ ਸ਼ਾਂਤ ਕਰਵਾਉਣ ਤੇ ਗੱਲਬਾਤ ਰਾਹੀਂ ਮਸਲਾ ਹੱਲ ਕਰਨ ਦੀ ਕੋਸ਼ਿਸ਼ ਕੀਤੀ, ਪਰ ਵਿਦਿਆਰਥੀ ਠੋਸ ਭਰੋਸਾ ਮਿਲਣ ਤੱਕ ਧਰਨਾ ਜਾਰੀ ਰੱਖਣ ਦੀ ਜ਼ਿੱਦ 'ਤੇ ਅੜੇ ਰਹੇ।ਉਮੀਦਵਾਰਾਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਕਮਿਸ਼ਨ ਨੇ ਉਨ੍ਹਾਂ ਦੇ ਇਤਰਾਜ਼ਾਂ ਦੀ ਸੁਣਵਾਈ ਕਰਦਿਆਂ ਉੱਚ ਪੱਧਰੀ ਜਾਂਚ ਨਾ ਕਰਵਾਈ, ਤਾਂ ਉਹ ਇਸ ਸੰਘਰਸ਼ ਨੂੰ ਹੋਰ ਤੇਜ਼ ਕਰਨਗੇ ਤੇ ਅਦਾਲਤ ਦਾ ਬੂਹਾ ਖੜਕਾਉਣ ਤੋਂ ਵੀ ਗੁਰੇਜ਼ ਨਹੀਂ ਕਰਨਗੇ।ਖ਼ਬਰ ਲਿਖੇ ਜਾਣ ਤੱਕ ਅੱਜ ਦੇ ਪੀ.ਪੀ.ਐੱਸ.ਸੀ. ਵੱਲੋਂ ਇਸ ਮਾਮਲੇ 'ਤੇ ਕੋਈ ਅਧਿਕਾਰੀ ਸਾਹਮਣੇ ਨਹੀਂ ਆਇਆ।




ਮਮਦੋਟ ਖਾਈ ਟੀ ਪੁਆਇੰਟ 'ਤੇ ਪਰਾਲੀ ਦੇ ਡੰਪ ਨੂੰ ਭਿਆਨਕ ਅੱਗ

ਕਾਰ ਹਾਦਸਗ੍ਰਸਤ ਹੋਣ ਕਾਰਨ ਲੋਕਾਂ ਦੇ ਜ਼ਖ਼ਮੀ ਹੋਣ ਦੀ ਸੂਚਨਾ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਮਮਦੋਟ ਦੇ ਖਾਈ ਟੀ ਪੁਆਇੰਟ 'ਤੇ ਸਥਿਤ ਬੀਤੀ ਰਾਤ ਪਰਾਲੀ ਦੇ ਡੰਪ ਨੂੰ ਅਚਾਨਕ ਭਿਆਨਕ ਅੱਗ ਲੱਗਣ ਦੀ ਘਟਨਾ ਸਾਹਮਣੇ ਆਈ ਹੈ। ਅੱਗ ਇੰਨੀ ਭਿਆਨਕ ਹੈ ਕਿ ਇਹ ਲਗਾਤਾਰ ਬੇਕਾਬੂ ਹੁੰਦੀ ਜਾ ਰਹੀ ਹੈ ਤੇ ਇਸ ਦੇ ਵਧਣ ਕਾਰਨ ਆਲੇ-ਦੁਆਲੇ ਦੇ ਇਲਾਕੇ ਵਿਚ ਸੰਘਣੇ ਧੂੰਏਂ ਦਾ ਪ੍ਰਕੋਪ ਬਹੁਤ ਜ਼ਿਆਦਾ ਵੱਧ ਗਿਆ ਹੈ। ਇਸ ਭਾਰੀ ਧੂੰਏਂ ਅਤੇ ਘੱਟ ਵਿਜ਼ਿਬਿਲਟੀ ਕਾਰਨ ਆਮ ਲੋਕਾਂ ਤੇ ਰਾਹਗੀਰਾਂ ਨੂੰ ਆਵਾਜਾਈ ਵਿਚ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੌਕੇ 'ਤੇ ਪਹੁੰਚ ਗਈਆਂ ਹਨ ਤੇ ਅੱਗ ਉੱਤੇ ਕਾਬੂ ਪਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਸਨ, ਪਰ ਅੱਗ ਦੀ ਤੀਬਰਤਾ ਜ਼ਿਆਦਾ ਹੋਣ ਕਾਰਨ ਇਹ ਆਸਾਨੀ ਨਾਲ ਰੁਕਣ ਦਾ ਨਾਮ ਨਹੀਂ ਲੈ ਰਹੀ ਸੀ। ਇਸ ਘਟਨਾ ਦੇ ਨਾਲ ਹੀ ਇਕ ਹੋਰ ਖ਼ਬਰ ਸਾਹਮਣੇ ਆਈ ਹੈ ਕਿ ਇਸ ਭਿਆਨਕ ਅੱਗ ਤੋਂ ਪੈਦਾ ਹੋਏ ਭਾਰੀ ਧੂੰਏਂ ਤੇ ਧੁੰਦ ਵਰਗੇ ਹਾਲਾਤ ਕਾਰਨ ਇਕ ਕਾਰ ਦਾ ਭਿਆਨਕ ਹਾਦਸਾ ਵਾਪਰ ਗਿਆ ਹੈ। ਇਸ ਕਾਰ ਹਾਦਸੇ ਵਿਚ ਕਾਰ ਸਵਾਰ ਲੋਕਾਂ ਨੂੰ ਕਾਫੀ ਗੰਭੀਰ ਸੱਟਾਂ ਲੱਗੀਆਂ ਹਨ, ਜਿਨ੍ਹਾਂ ਨੂੰ ਸਥਾਨਕ ਲੋਕਾਂ ਦੀ ਮੱਦਦ ਨਾਲ ਸੰਭਾਲਿਆ ਗਿਆ। ਇਸ ਤੋਂ ਇਲਾਵਾ ਇਹ ਵੀ ਜਾਣਕਾਰੀ ਸਾਹਮਣੇ ਆ ਰਹੀ ਹੈ ਕਿ ਇਸ ਹਾਦਸੇ ਦੌਰਾਨ ਜਾਂ ਬਚਾਅ ਕਾਰਜਾਂ ਵਿਚ ਕਿਸੇ ਵਿਅਕਤੀ ਨੂੰ ਕਰੰਟ ਵੀ ਲੱਗ ਗਿਆ ਹੈ।

ਹਾਲਾਂਕਿ ਇਸ ਕਰੰਟ ਲੱਗਣ ਦੀ ਘਟਨਾ ਸਬੰਧੀ ਪ੍ਰਸ਼ਾਸਨਕ ਜਾਂ ਕਿਸੇ ਵੀ ਅਧਿਕਾਰੀ ਵੱਲੋਂ ਅਜੇ ਤੱਕ ਅਧਿਕਾਰਤ ਤੌਰ 'ਤੇ ਪੁਸ਼ਟੀ ਨਹੀਂ ਕੀਤੀ ਗਈ ਹੈ, ਪਰ ਮੁੱਢਲੀ ਜਾਣਕਾਰੀ ਮੁਤਾਬਕ ਹਾਲਤ ਕਾਫੀ ਨਾਜ਼ੁਕ ਦੱਸੀ ਜਾ ਰਹੀ ਹੈ। ਸਥਾਨਕ ਨਿਵਾਸੀਆਂ ਤੇ ਪ੍ਰਭਾਵਿਤ ਲੋਕਾਂ ਨੇ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਹੈ ਕਿ ਅਜਿਹੇ ਡੰਪਾਂ ਦੀ ਸੁਰੱਖਿਆ ਤੇ ਸਾਂਭ-ਸੰਭਾਲ ਵੱਲ ਸਖ਼ਤ ਧਿਆਨ ਦਿੱਤਾ ਜਾਵੇ ਤਾਂ ਜੋ ਭਵਿੱਖ ਵਿੱਚ ਅਜਿਹੇ ਖ਼ਤਰਨਾਕ ਹਾਦਸਿਆਂ ਨੂੰ ਰੋਕਿਆ ਜਾ ਸਕੇ ਤੇ ਜਾਨ-ਮਾਲ ਦਾ ਨੁਕਸਾਨ ਹੋਣ ਤੋਂ ਬਚਾਇਆ ਜਾ ਸਕੇ।



ਖਰੀਦ ਕੇਂਦਰਾਂ 'ਚ ਪਈਆਂ ਝੋਨੇ ਦੀਆਂ ਲੱਖਾਂ ਬੋਰੀਆਂ ਦੀ ਲਿਫਟਿੰਗ ਨਾ ਹੋਣ ਕਾਰਨ ਆੜ੍ਹਤੀ ਤੇ ਕਿਸਾਨ ਪ੍ਰੇਸ਼ਾਨ

ਡੀ ਸੀ, ਐੱਸ ਡੀ ਐੱਮ ਤੇ ਮਾਰਕੀਟ ਕਮੇਟੀ ਦੇ ਅਧਿਕਾਰੀਆਂ ਨੂੰ ਮੰਗ ਪੱਤਰ ਭੇਜ ਕੇ ਸਮੱਸਿਆਵਾਂ ਦੇ ਹੱਲ ਦੀ ਕੀਤੀ ਮੰਗ

ਜਗਰਾਉਂ (ਸੰਜੀਵ ਅਰੋੜਾ)

ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਘਨ੍ਹੱਈਆ ਗੁਪਤਾ ਬਾਂਕਾ ਨੇ ਜਾਣਕਾਰੀ ਦੌਰਾਨ ਦੱਸਿਆ ਕਿ ਜਗਰਾਉਂ ਦੀ ਮੁੱਖ ਅਨਾਜ ਮੰਡੀ ਤੇ ਇਸ ਦੇ ਅਧੀਨ ਆਉਂਦੇ 15 ਖਰੀਦ ਕੇਂਦਰਾਂ ਵਿੱਚ ਸਰਕਾਰੀ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੀਆਂ ਗਈਆਂ ਝੋਨੇ ਦੀਆਂ ਲਗਭਗ 20 ਤੋਂ 22 ਲੱਖ ਬੋਰੀਆਂ ਦੀ ਲਿਫਟਿੰਗ ਬਹੁਤ ਹੀ ਮੱਠੀ ਰਫ਼ਤਾਰ ਨਾਲ ਹੋਣ ਕਾਰਨ ਆੜ੍ਹਤੀਆਂ ਤੇ ਕਿਸਾਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਗੰਭੀਰ ਸਮੱਸਿਆ ਨੂੰ ਲੈ ਕੇ ਆੜ੍ਹਤੀਆ ਐਸੋਸੀਏਸ਼ਨ ਜਗਰਾਉਂ ਵੱਲੋਂ ਡਿਪਟੀ ਕਮਿਸ਼ਨਰ ਲੁਧਿਆਣਾ, ਐੱਸ.ਡੀ.ਐੱਮ. ਜਗਰਾਉਂ, ਜ਼ਿਲ੍ਹਾ ਫੂਡ ਕੰਟਰੋਲਰ ਲੁਧਿਆਣਾ, ਚੇਅਰਮੈਨ ਮਾਰਕੀਟ ਕਮੇਟੀ ਜਗਰਾਉਂ, ਸਕੱਤਰ ਮਾਰਕੀਟ ਕਮੇਟੀ ਜਗਰਾਉਂ ਅਤੇ ਡੀ.ਐੱਮ.ਓ. ਜਗਰਾਉਂ ਨੂੰ ਮੰਗ ਪੱਤਰ ਭੇਜ ਕੇ ਇਸ ਸਮੱਸਿਆ ਦਾ ਤੁਰੰਤ ਹੱਲ ਕਰਨ ਦੀ ਮੰਗ ਕੀਤੀ ਗਈ ਹੈ। ਐਸੋਸੀਏਸ਼ਨ ਨੇ ਆਪਣੇ ਮੰਗ ਪੱਤਰ ਵਿੱਚ ਦੱਸਿਆ ਕਿ ਮੰਡੀਆਂ ਵਿੱਚ ਝੋਨੇ ਦੀ ਲਿਫਟਿੰਗ ਦੀ ਚਾਲ ਬਹੁਤ ਹੀ ਕਮਜ਼ੋਰ ਹੋਣ ਕਾਰਨ ਖੁੱਲ੍ਹੇ ਆਸਮਾਨ ਹੇਠਾਂ ਲੱਖਾਂ ਬੋਰੀਆਂ ਪਈਆਂ ਹਨ। ਇਸ ਕਾਰਨ ਮੌਸਮ ਦੀ ਖਰਾਬੀ ਤੇ ਬੇਮੌਸਮੀ ਬਾਰਿਸ਼ ਨਾਲ ਝੋਨੇ ਦੇ ਨੁਕਸਾਨ ਦਾ ਖਦਸ਼ਾ ਬਣਿਆ ਹੋਇਆ ਹੈ। ਇਸ ਤੋਂ ਇਲਾਵਾ ਮੰਡੀਆਂ ਵਿੱਚ ਝੋਨੇ ਦੀ ਸੰਭਾਲ ਲਈ ਆੜ੍ਹਤੀਆਂ ਨੂੰ ਵਾਧੂ ਪ੍ਰਬੰਧ ਕਰਨੇ ਪੈ ਰਹੇ ਹਨ, ਜਿਸ ਨਾਲ ਉਨ੍ਹਾਂ ਦੀਆਂ ਮੁਸ਼ਕਲਾਂ ਹੋਰ ਵਧ ਰਹੀਆਂ ਹਨ। ਮੰਗ ਪੱਤਰ ਵਿੱਚ ਐਸੋਸੀਏਸ਼ਨ ਵੱਲੋਂ ਚਾਰ ਮੁੱਖ ਸਮੱਸਿਆਵਾਂ ਵੱਲ ਅਧਿਕਾਰੀਆਂ ਦਾ ਧਿਆਨ ਦਿਵਾਇਆ ਗਿਆ ਹੈ। ਪਹਿਲੀ ਸਮੱਸਿਆ ਮੌਸਮ ਦੀ ਖਰਾਬੀ ਕਾਰਨ ਖਰੀਦ ਕੀਤੇ ਝੋਨੇ ਦੀ ਸੰਭਾਲ ਕਰਨ ਦੀ ਹੈ। ਦੂਜੀ ਸਮੱਸਿਆ ਮੰਡੀਆਂ ਵਿੱਚ ਰਾਤ ਸਮੇਂ ਚੋਰੀ ਦੀਆਂ ਵਾਰਦਾਤਾਂ ਵਾਪਰਨ ਦੀ ਹੈ। ਐਸੋਸੀਏਸ਼ਨ ਅਨੁਸਾਰ ਰਾਤ ਸਮੇਂ ਮਜ਼ਦੂਰਾਂ ਦੇ ਸੌਂ ਜਾਣ ਕਾਰਨ ਚੋਰੀ ਦੀਆਂ ਘਟਨਾਵਾਂ ਦਾ ਖਤਰਾ ਬਣਿਆ ਰਹਿੰਦਾ ਹੈ। ਤੀਜੀ ਸਮੱਸਿਆ ਬਾਰੇ ਦੱਸਦਿਆਂ ਆੜ੍ਹਤੀਆਂ ਨੇ ਕਿਹਾ ਕਿ ਮੌਸਮ ਗਰਮ ਹੋਣ ਕਾਰਨ ਝੋਨਾ ਸੁੱਕ ਜਾਂਦਾ ਹੈ, ਜਿਸ ਨਾਲ ਉਸ ਦੇ ਵਜ਼ਨ ਵਿੱਚ ਕਮੀ ਆ ਜਾਂਦੀ ਹੈ। ਇਸ ਦਾ ਸਿੱਧਾ ਆਰਥਿਕ ਨੁਕਸਾਨ ਲੇਬਰ ਤੇ ਆੜ੍ਹਤੀਆਂ ਨੂੰ ਝੱਲਣਾ ਪੈਂਦਾ ਹੈ। ਚੌਥੀ ਸਮੱਸਿਆ ਪਰਵਾਸੀ ਮਜ਼ਦੂਰਾਂ ਦੀ ਘਾਟ ਨਾਲ ਸਬੰਧਤ ਹੈ। ਮਜ਼ਦੂਰਾਂ ਦੀ ਕਮੀ ਕਾਰਨ ਖਰੀਦੇ ਹੋਏ ਝੋਨੇ ਦੀ ਸੰਭਾਲ ਤੇ ਨਵੀਂ ਆਉਣ ਵਾਲੀ ਫ਼ਸਲ ਦੀ ਨਿਕਾਸੀ ਲਈ ਵਾਧੂ ਲੇਬਰ ਦਾ ਪ੍ਰਬੰਧ ਕਰਨਾ ਪੈਂਦਾ ਹੈ, ਜਿਸ ਨਾਲ ਆੜ੍ਹਤੀਆਂ ਤੇ ਲੇਬਰ ਉੱਪਰ ਆਰਥਿਕ ਬੋਝ ਵਧ ਰਿਹਾ ਹੈ। ਆੜ੍ਹਤੀਆ ਐਸੋਸੀਏਸ਼ਨ ਜਗਰਾਉਂ ਨੇ ਪ੍ਰਸ਼ਾਸਨਕ ਅਧਿਕਾਰੀਆਂ ਨੂੰ ਅਪੀਲ ਕੀਤੀ ਹੈ ਕਿ ਝੋਨੇ ਦੀ ਲਿਫਟਿੰਗ ਵਿੱਚ ਤੇਜ਼ੀ ਲਿਆਂਦੀ ਜਾਵੇ, ਮੰਡੀਆਂ ਵਿੱਚ ਪਈ ਫ਼ਸਲ ਦੀ ਸੁਰੱਖਿਆ ਲਈ ਢੁੱਕਵੇਂ ਪ੍ਰਬੰਧ ਕੀਤੇ ਜਾਣ ਅਤੇ ਮੌਸਮ ਦੀ ਖਰਾਬੀ ਕਾਰਨ ਹੋਣ ਵਾਲੇ ਸੰਭਾਵੀ ਨੁਕਸਾਨ ਤੋਂ ਬਚਾਉਣ ਲਈ ਤੁਰੰਤ ਕਦਮ ਚੁੱਕੇ ਜਾਣ। ਐਸੋਸੀਏਸ਼ਨ ਨੇ ਕਿਹਾ ਕਿ ਜੇਕਰ ਲਿਫਟਿੰਗ ਦੀ ਸਮੱਸਿਆ ਦਾ ਜਲਦੀ ਹੱਲ ਨਾ ਕੀਤਾ ਗਿਆ ਤਾਂ ਆੜ੍ਹਤੀਆਂ, ਮਜ਼ਦੂਰਾਂ ਤੇ ਕਿਸਾਨਾਂ ਦੀਆਂ ਮੁਸ਼ਕਲਾਂ ਹੋਰ ਵਧ ਸਕਦੀਆਂ ਹਨ।



ਕਾਤਰਾਂ

ਹੈਰੋਇਨ ਦਾ ਸੇਵਨ ਕਰਨ ਦੇ ਦੋਸ਼ 'ਚ ਇਕ ਗ੍ਰਿਫ਼ਤਾਰ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਹੈਰੋਇਨ ਦਾ ਸੇਵਨ ਕਰਨ 'ਤੇ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਏ.ਐੱਸ.ਆਈ. ਸੁਨੀਲ ਕੁਮਾਰ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਪੁਰਾਣਾ ਸ੍ਰੀ ਮੁਕਤਸਰ ਸਾਹਿਬ ਬੱਸ ਅੱਡਾ ਫਲਾਈ ਓਵਰ ਦੇ ਹੇਠਾਂ ਜਲਾਲਾਬਾਦ ਪੁੱਜੇ ਤਾਂ ਇੱਕ ਵਿਅਕਤੀ ਪੁਲਸ ਪਾਰਟੀ ਨੂੰ ਵੇਖ ਕੇ ਮੌਕੇ ਤੋਂ ਖਿਸਕਣ ਲੱਗਾ, ਜਿਸ ਨੂੰ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕੀਤਾ ਤੇ ਇਕ ਲਾਇਟਰ, ਸਿਲਵਰ ਪੰਨੀ, ਜਿਸ 'ਤੇ ਹੈਰੋਇਨ ਚਿਪਕੀ ਹੋਈ ਤੇ ਸੜੀ ਹੋਈ ਅਤੇ ਪਾਇਪਨੁਮਾ 10 ਰੁਪਏ ਦਾ ਭਾਰਤੀ ਕਰੰਸੀ ਨੋਟ ਬਰਾਮਦ ਹੋਣ 'ਤੇ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

ਬਾਪੂ ਕੁਲਵੰਤ ਸਿੰਘ ਢਿੱਲੋਂ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪ੍ਰੈੱਸ ਕਲੱਬ ਮਹਿਲ ਕਲਾਂ ਦੇ ਪ੍ਰਧਾਨ ਬਲਜਿੰਦਰ ਸਿੰਘ ਢਿੱਲੋਂ, ਪ੍ਰਿੰਸੀਪਲ ਭੁਪਿੰਦਰ ਸਿੰਘ ਢਿੱਲੋਂ ਤੇ ਕਰਮ ਸਿੰਘ ਢਿੱਲੋਂ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੇ ਸਤਿਕਾਰਯੋਗ ਪਿਤਾ ਬਾਪੂ ਕੁਲਵੰਤ ਸਿੰਘ ਢਿੱਲੋਂ ਅਕਾਲ ਚਲਾਣਾ ਕਰ ਗਏ।ਉਨ੍ਹਾਂ ਦੇ ਵਿਛੋੜੇ ਦੀ ਖ਼ਬਰ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ।ਇਸ ਦੁੱਖ ਦੀ ਘੜੀ ਵਿੱਚ ਪੰਜਾਬ ਵਿਧਾਨ ਸਭਾ ਦੀ ਵਿਸ਼ੇਸ਼ ਅਧਿਕਾਰ ਕਮੇਟੀ ਦੇ ਚੇਅਰਮੈਨ ਤੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਤੇ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਸਮੇਤ ਵੱਖ-ਵੱਖ ਸਿਆਸੀ, ਧਾਰਮਿਕ, ਸਮਾਜਿਕ ਤੇ ਵਿੱਦਿਅਕ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਢਿੱਲੋਂ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਸਮੂਹ ਪੱਤਰਕਾਰ ਭਾਈਚਾਰੇ, ਨਗਰ ਪੰਚਾਇਤਾਂ ਤੇ ਵੱਖ-ਵੱਖ ਯੂਥ ਕਲੱਬਾਂ ਦੇ ਆਗੂਆਂ ਨੇ ਵੀ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਬਾਪੂ ਕੁਲਵੰਤ ਸਿੰਘ ਢਿੱਲੋਂ ਦਾ ਅਕਾਲ ਚਲਾਣਾ ਪਰਿਵਾਰ ਤੇ ਇਲਾਕੇ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੈ

14 ਤੋਂ ਮੁੱਖ ਮੰਤਰੀ ਦੇ ਧੂਰੀ ਦਫ਼ਤਰ ਅੱਗੇ ਵੀ ਲੱਗੇਗਾ ਮੋਰਚਾ : ਬੇਰੁਜ਼ਗਾਰ ਅਧਿਆਪਕ

ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)-ਸਿੱਖਿਆ ਤੇ ਸਿਹਤ ਵਿਭਾਗ ਵਿੱਚ ਰੁਜ਼ਗਾਰ ਦੀ ਮੰਗ ਨੂੰ ਲੈ ਕੇ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਪਿਛਲੇ 320 ਦਿਨਾਂ ਤੋਂ ਪੱਕਾ ਮੋਰਚਾ ਲਗਾਈ ਬੈਠੇ ਬੇਰੁਜ਼ਗਾਰ ਸਾਂਝੇ ਮੋਰਚੇ ਨੇ 14 ਨਵੰਬਰ ਤੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਧੂਰੀ ਸਥਿਤ ਦਫ਼ਤਰ ਅੱਗੇ ਵੀ ਪੱਕਾ ਮੋਰਚਾ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ।ਆਗੂਆਂ ਸੁਖਵਿੰਦਰ ਸਿੰਘ ਢਿੱਲਵਾਂ, ਰਮਨ ਕੁਮਾਰ ਮਲੋਟ, ਅਮਨ ਸੇਖਾ, ਹਰਜਿੰਦਰ ਝੁਨੀਰ ਤੇ ਗੁਰਪ੍ਰੀਤ ਸਿੰਘ ਪੱਕਾ ਕਲਾਂ ਨੇ ਕਿਹਾ ਕਿ ਸਰਕਾਰ ਨੇ ਸਾਢੇ ਚਾਰ ਸਾਲਾਂ ਵਿੱਚ ਮਾਸਟਰ ਕੇਡਰ ਦੀ ਇੱਕ ਵੀ ਨਵੀਂ ਅਸਾਮੀ ਜਾਰੀ ਨਹੀਂ ਕੀਤੀ। ਉਨ੍ਹਾਂ 55 ਫ਼ੀਸਦੀ ਅੰਕਾਂ ਦੀ ਸ਼ਰਤ ਰੱਦ ਕਰਨ ਤੇ ਉਮਰ ਹੱਦ ਵਿੱਚ ਛੋਟ ਦੇਣ ਦੀ ਮੰਗ ਕੀਤੀ।ਉਨ੍ਹਾਂ ਮਾਸਟਰ ਕੇਡਰ ਦੀਆਂ 15 ਹਜ਼ਾਰ ਅਸਾਮੀਆਂ, ਸਿਹਤ ਵਰਕਰਾਂ ਦੀ ਭਰਤੀ ਤੇ ਹੋਰ ਮੰਗਾਂ ਪੂਰੀਆਂ ਕਰਨ ਦੀ ਮੰਗ ਕਰਦਿਆਂ ਬੇਰੁਜ਼ਗਾਰਾਂ ਨੂੰ 14 ਨਵੰਬਰ ਸਵੇਰੇ 11 ਵਜੇ ਧੂਰੀ ਪਹੁੰਚਣ ਦੀ ਅਪੀਲ ਕੀਤੀ।।

ਪੈਨਸ਼ਨਰਜ਼ ਵੱਲੋਂ ਡੀ ਸੀ ਦਫਤਰ ਅੱਗੇ ਸਰਕਾਰ ਵਿਰੁੱਧ ਰੋਸ ਰੈਲੀ



ਸੰਗਰੂਰ (ਪ੍ਰਵੀਨ ਸਿੰਘ)-ਆਲ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਸੰਗਰੂਰ ਦੇ ਬੈਨਰ ਹੇਠ ਸੈਂਕੜੇ ਪੈਨਸ਼ਨਰਜ਼ ਵੱਲੋਂ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਸਰਪ੍ਰਸਤ ਜਗਦੀਸ਼ ਸ਼ਰਮਾ, ਪ੍ਰਧਾਨ ਸੁਰਿੰਦਰ ਬਾਲੀਆਂ, ਸੀਨੀ. ਮੀਤ. ਪ੍ਰਧਾਨ ਬਿੱਕਰ ਸਿੰਘ ਸਿਬੀਆਂ, ਜਨਰਲ ਸਕੱਤਰ ਬਲਵੰਤ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਡੀ ਸੀ ਦਫਤਰ ਸੰਗਰੂਰ ਅੱਗੇ ਸਰਕਾਰ ਵਿਰੁੱਧ ਰੋਸ ਰੈਲੀ ਕੀਤੀ ਗਈ ਤੇ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਇਸ ਮੌਕੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਜ਼ ਮੰਗਾਂ ਸਬੰਧੀ ਦਿਖਾਈ ਬੇਰੁਖੀ ਤੇ ਲਾਪ੍ਰਵਾਹੀ ਵਿਰੁੱਧ ਰੋਸ ਪ੍ਰਗਟਾਵਾ ਕਰਦਿਆਂ ਕਿਹਾ ਕਿ ਸਰਕਾਰ ਦੇ ਪੂਰੇ ਪੰਜ ਸਾਲ ਗੁਜ਼ਰਨ ਦੇ ਨੇੜੇ ਹਨ, ਪਰ ਉਨ੍ਹਾਂ ਵੱਲੋਂ ਪੈਨਸ਼ਨਰਜ਼ ਦਾ 21% ਡੀ.ਏ, 2.59 ਦਾ ਗੁਣਾਂਕ ਅੰਕ, 213 ਮਹੀਨਿਆਂ ਦਾ ਬਕਾਇਆ ਮੈਡੀਕਲ ਭੱਤੇ ਵਿੱਚ ਵਾਧਾ ਨਹੀਂ ਕੀਤਾ ਗਿਆ।ਐਸੋਸੀਏਸ਼ਨ ਵੱਲੋਂ ਸੂਬੇ ਦੇ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਫੈਸਲੇ ਅਨੁਸਾਰ 13/11/26 ਤੋਂ 19/11/26 ਤੱਕ ਦੇ ਪੱਕੇ ਮੋਰਚੇ ਵਿੱਚ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ।ਰੈਲੀ ਨੂੰ ਸੰਬੋਧਨ ਕਰਦਿਆਂ ਮੇਲਾ ਸਿੰਘ ਪੁੰਨਾਂਵਾਲ, ਸੀਤਾ ਰਾਮ ਸ਼ਰਮਾ, ਜੈ ਸਿੰਘ, ਮੋਹਨ ਸਿੰਘ ਬਾਵਾ ਨੇ ਕਿਹਾ ਕਿ ਸਰਕਾਰ ਦੀ ਮੁਲਾਜ਼ਮਾਂ ਵਿਰੁੱਧ ਕੀਤੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ, ਆਪਣੇ ਹੱਕ ਪ੍ਰਾਪਤ ਕਰਨ ਲਈ ਲੰਮੇ ਸੰਘਰਸ਼ ਕੀਤੇ ਜਾਣਗੇ।ਇਹ ਵੀ ਫੈਸਲਾ ਕੀਤਾ ਕਿ 16 ਦਸੰਬਰ ਨੂੰ ਪੈਨਸ਼ਨਰ ਦਿਹਾੜਾ ਧੂਮਧਾਮ ਨਾਲ ਮਨਾਇਆ ਜਾਵੇਗਾ ਤੇ 75 ਸਾਲਾ ਪੈਨਸ਼ਨਰਜ਼ ਨੂੰ ਸਨਮਾਨਤ ਕੀਤਾ ਜਾਵੇਗਾ।ਇਸ ਮੌਕੇ ਗੁਰਤੇਜ ਸ਼ਰਮਾ, ਕੁਲਵੰਤ ਸਿੰਘ, ਰਜਿੰਦਰ ਕੁਮਾਰ, ਰਾਮ ਲਾਲ ਸ਼ਰਮਾ, ਮੰਗਲ ਰਾਣਾ, ਵੇਦ ਪ੍ਰਕਾਸ਼, ਮਲਕੀਤ ਸਿੰਘ, ਜਗਦੇਵ ਸਿੰਘ ਤੂੰਗਾਂ, ਰੂਪ ਸਿੰਘ ਚਾਂਗਲੀ, ਪਿਆਰਾ ਸਿੰਘ, ਭਗਵਾਨ ਦਾਸ, ਭੋਲਾ ਸਿੰਘ ਘਨੌਰੀ, ਚੰਦਰ ਪ੍ਰਕਾਸ਼, ਕੌਸ਼ੱਲ ਸ਼ਰਮਾ ਆਦਿ ਹਾਜ਼ਰ ਸਨ।

ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਨੇ ਵਿਸ਼ਵਕਰਮਾ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

ਜਗਰਾਉਂ (ਅਮਿਤ ਖੰਨਾ)-ਜਗਰਾਉਂ ਦੀ ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਵੱਲੋਂ ਜਗਤ ਗੁਰੂ ਬਾਬਾ ਵਿਸ਼ਵਕਰਮਾ ਜੀ ਦਾ ਆਗਮਨ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸਥਾਨਕ ਗੁਰਦੁਆਰਾ ਸ੍ਰੀ ਵਿਸ਼ਵਕਰਮਾ ਮੰਦਰ ਪੁਰਾਣਾ ਅੱਡਾ ਰਾਏਕੋਟ ਵਿਖੇ ਵਿਸ਼ਵਕਰਮਾ ਚੌਕ ਗੁਰਦੁਆਰਾ ਸ੍ਰੀ ਵਿਸ਼ਵਕਰਮਾ ਮੰਦਰ ਪ੍ਰਬੰਧਕ ਕਮੇਟੀ, ਰਾਮਗੜ੍ਹੀਆ ਵੈੱਲਫੇਅਰ ਕੌਂਸਲ ਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਵੱਲੋਂ ਜਗਤ ਗੁਰੂ ਬਾਬਾ ਸ੍ਰੀ ਵਿਸ਼ਵਕਰਮਾ ਜੀ ਦਾ ਪਵਿੱਤਰ ਆਗਮਨ ਦਿਹਾੜਾ ਮਨਾਉਣ ਲਈ ਕਰਵਾਏ ਸਮਾਗਮ 'ਚ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦਾ ਭੋਗ ਸਵੇਰੇ ਪਾਉਣ ਤੋਂ ਬਾਅਦ ਪਵਿੱਤਰ ਹਵਨ ਤੇ ਨਿਸ਼ਾਨ ਸਾਹਿਬ 'ਤੇ ਝੰਡਾ ਲਹਿਰਾਉਣ ਦੀ ਰਸਮ ਨਿਭਾਈ ਗਈ।

ਸਮਾਗਮ 'ਚ ਭਾਈ ਰਵਿੰਦਰ ਸਿੰਘ ਜੋਨੀ ਬਾਬਾ ਤਖਾਣਵੱਧ ਵਾਲਿਆਂ ਨੇ ਕਥਾ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕਰਦਿਆਂ ਗੁਰੂ ਦੇ ਲੜ ਲੱਗਣ ਲਈ ਪ੍ਰੇਰਿਤ ਕੀਤਾ ਤੇ ਬਾਬਾ ਵਿਸ਼ਵਕਰਮਾ ਦੀ ਮਹਿਮਾ ਦਾ ਗੁਣਗਾਨ ਕੀਤਾ।ਸਮਾਗਮ 'ਚ ਰਾਗੀ ਜਥਾ ਭਾਈ ਸਰਦਾਰਾ ਸਿੰਘ ਲੱਖੇ ਵਾਲੇ ਆਰਤੀ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।ਸਮਾਗਮ 'ਚ ਵਿਸ਼ੇਸ਼ ਤੌਰ 'ਤੇ ਸੁਰਜੀਤ ਸਿੰਘ ਖੁਰਲ ਯੂਨਾਈਟਿਡ ਬਾਡੀ ਸ਼ਾਪ ਥਰੈਂਪਟਨ ਕੈਨੇਡਾ ਦੇ ਪਰਿਵਾਰਕ ਮੈਂਬਰਾਂ ਦਾ ਸਨਮਾਨ ਕੀਤਾ ਗਿਆ।ਸਮਾਗਮ ਵਿੱਚ ਵਿਧਾਇਕਾ ਸਰਬਜੀਤ ਕੌਰ ਮਾਣੂਕੇ, ਸਾਬਕਾ ਵਿਧਾਇਕ ਐੱਸ ਆਰ ਕਲੇਰ, ਸਾਬਕਾ ਵਿਧਾਇਕ ਜਗਤਾਰ ਸਿੰਘ ਜੱਗਾ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਓਬੀਸੀ ਡਿਪਾਰਟਮੈਂਟ ਕਾਂਗਰਸ ਦੇ ਚੇਅਰਮੈਨ ਰਾਜੇਸ਼ ਇੰਦਰ ਸਿੰਘ ਸਿੱਧੂ ਨੇ ਭਗਵਾਨ ਵਿਸ਼ਵਕਰਮਾ ਦੇ ਅਵਤਾਰ ਦਿਹਾੜੇ 'ਤੇ ਸਾਰਿਆਂ ਨੂੰ ਵਧਾਈ ਦਿੱਤੀ।ਇਸ ਮੌਕੇ ਕਾਂਗਰਸੀ ਆਗੂ ਪ੍ਰੇਮ ਸਿੰਘ ਭੰਗੂ, ਬਲਾਕ ਕਾਂਗਰਸ ਦੇ ਸ਼ਹਿਰੀ ਪ੍ਰਧਾਨ ਹਰਪ੍ਰੀਤ ਸਿੰਘ ਧਾਲੀਵਾਲ, ਨਗਰ ਕੌਂਸਲ ਪ੍ਰਧਾਨ ਕੰਵਰਪਾਲ ਸਿੰਘ, ਭਾਜਪਾ ਸੂਬਾ ਕਾਰਜਕਾਰਨੀ ਮੈਂਬਰ ਸਤੀਸ਼ ਪੱਪੂ, ਕੌਂਸਲਰ ਗੁਰਪ੍ਰੀਤ ਸਿੰਘ ਨੋਨੀ, ਡਾ. ਨਰਿੰਦਰ ਸਿੰਘ, ਪ੍ਰਹਿਲਾਦ ਪੱਪੂ ਤੋਂ ਇਲਾਵਾ ਗੁਰਦੁਆਰਾ ਸਾਹਿਬ ਦੇ ਸਰਪ੍ਰਸਤ ਦਵਿੰਦਰ ਸਿੰਘ ਸੱਗੂ, ਦਰਸ਼ਨ ਸਿੰਘ ਉੱਭੀ, ਪ੍ਰਧਾਨ ਜਸਵੰਤ ਸਿੰਘ ਸੱਗੂ, ਜਗਦੇਵ ਸਿੰਘ ਮਠਾੜੂ, ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਦੇ ਪ੍ਰਧਾਨ ਰਾਜਿੰਦਰ ਸਿੰਘ ਰਿੰਕੂ, ਕੁਲਵੰਤ ਸਿੰਘ ਜਗਦੇ, ਬਾਬਾ ਮੋਹਨ ਸਿੰਘ ਸੱਗੂ, ਹਰਜਿੰਦਰ ਸਿੰਘ ਗੁੱਲੂ, ਸੋਹਣ ਸਿੰਘ ਸੱਗੂ, ਸਤਵਿੰਦਰ ਸਿੰਘ ਸੱਗੂ, ਰੁਪਿੰਦਰ ਸਿੰਘ ਸੱਗੂ, ਜਥੇਦਾਰ ਭੁਪਿੰਦਰ ਸਿੰਘ, ਹਾਕਮ ਸਿੰਘ ਮੀਰਪੁਰ ਹਾਂਸ, ਰਾਜਵਿੰਦਰ ਸਿੰਘ ਪਾਸੀ, ਗੁਰਮੇਲ ਸਿੰਘ ਸਮਾਧੀਆਂ ਆਦਿ ਹਾਜ਼ਰ ਸਨ।



ਪ੍ਰਸ਼ਾਸਨ ਦੀ ਮਿਲੀਭੁਗਤ ਨਾਲ ਸਰਕਾਰੀ ਥਾਂ 'ਤੇ ਰੱਖੇ ਮੀਟ ਦੇ ਖੋਖੇ



ਜ਼ੀਰਾ (ਨਰਿੰਦਰ ਜੁਨੇਜਾ)

ਬੇਸ਼ੱਕ ਪੰਜਾਬ ਦੀ ਮਾਨ ਸਰਕਾਰ ਨਜਾਇਜ਼ ਕਬਜ਼ੇ ਕਰਨ ਵਾਲਿਆਂ ਨੂੰ ਸਖ਼ਤ ਹਦਾਇਤਾਂ ਦਿੰਦੀ ਰਹਿੰਦੀ ਹੈ ਸਰਕਾਰੀ ਜਗ੍ਹਾ ਤੇ ਕਬਜ਼ਾ ਨਾ ਕਰੋ ਵਰਨਾ ਸਰਕਾਰੀ ਜ਼ਮੀਨ ਤੇ ਸਰਕਾਰ ਦਾ ਬਲਡੋਜ਼ਰ ਚਲਾ ਦਿੱਤਾ ਜਾਊਗਾ, ਜੋ ਵੀ ਤੁਹਾਡੀ ਟੁੱਟ-ਭੰਨ ਹੋਵੇਗੀ, ਉਸ ਦੀ ਜ਼ਿੰਮੇਵਾਰੀ ਤੁਹਾਡੀ ਹੋਵੇਗੀ, ਪਰ ਮਾਨ ਸਰਕਾਰ ਦੀਆਂ ਹਦਾਇਤਾਂ ਨੂੰ ਨਗਰ ਕੌਂਸਲ ਜ਼ੀਰਾ ਛਿੱਕੇ ਟੰਗ ਕੇ ਮੀਟ ਕੱਟਣ ਵਾਲਿਆਂ ਨਾਲ ਰਲ ਕੇ ਕਾਫੀ ਲੰਬੇ ਸਮੇਂ ਤੋਂ ਪੱਕੇ ਤੌਰ 'ਤੇ ਤਲਵੰਡੀ ਰੋਡ ਤੇ ਖੋਖੇ ਰਖਵਾ ਦਿੱਤੇ ਹਨ, ਜਿਸ ਨਾਲ ਆਉਂਦੇ ਜਾਂਦੇ ਰਾਹੀਆਂ ਨੂੰ ਗੰਦਗੀ ਤੇ ਬਦਬੂ ਦਾ ਸਾਹਮਣਾ ਕਰਨਾ ਪੈਂਦਾ ਹੈ, ਉੱਥੇ ਮੀਟ ਕੱਟਣ ਨਾਲ ਜਿੱਥੇ ਮੁਰਗਿਆਂ ਤੇ ਬੱਕਰੇ ਦੀਆਂ ਖ਼ੱਲਾਂ ਤੇ ਫਾਲਤੂ ਚਰਬੀ ਹੁੰਦੀ ਹੈ, ਉਸ ਕਾਰਨ ਕੁੱਤੇ ਵੀ ਬਹੁਤ ਆ ਜਾਂਦੇ ਹਨ, ਝਟਕਈ ਖੱਲਾਂ ਨੂੰ ਜ਼ਮੀਨ ਵਿੱਚ ਦੱਬਣ ਦੀ ਬਜਾਏ ਕੁੱਤਿਆਂ ਨੂੰ ਪਾ ਦਿੰਦੇ ਹਨ। ਕੁੱਤਿਆਂ ਨੂੰ ਮਾਸ ਦੀ ਲੱਗੀ ਲੱਤ ਕਾਰਨ ਆਉਂਦੇ-ਜਾਂਦੇ ਰਾਹੀਆਂ ਨੂੰ ਕੱਟਣ ਦੀ ਕੋਸ਼ਿਸ਼ ਕਰਦੇ ਹਨ। ਮੋਟਰਸਾਈਕਲ 'ਤੇ ਜਾਂਦੇ ਲੋਕ ਕਈ ਵਾਰ ਘਬਰਾ ਜਾਂਦੇ ਹਨ ਤਾਂ ਮੋਟਰਸਾਇਕਲ ਤੋਂ ਡਿੱਗ ਵੀ ਪੈਂਦੇ ਹਨ, ਪਰ ਜ਼ੀਰਾ ਨਗਰ ਕੌਂਸਲ ਮੂਕ ਦਰਸ਼ਕ ਬਣੀ ਹੋਈ ਹੈ ਜਾਂ ਉਹ ਕਿਸੇ ਵੱਡੇ ਭਿਆਨਕ ਹਾਦਸੇ ਦਾ ਇੰਤਜ਼ਾਰ ਕਰ ਰਹੀ ਹੈ। ਸ਼ਹਿਰ ਨਿਵਾਸੀਆਂ ਨੇ ਉੱਚ ਅਧਿਕਾਰੀਆਂ ਕੋਲੋਂ ਮੰਗ ਕਰਦੇ ਹੋਏ ਕਿਹਾ ਕਿ ਨਗਰ ਕੌਂਸਲ ਜ਼ੀਰਾ ਜਲਦ ਤੋਂ ਜਲਦ ਸਰਕਾਰੀ ਜ਼ਮੀਨ ਵੇਹਲੀ ਕਰਾਵੇ ਤੇ ਮੀਟ ਵਾਲੇ ਖੋਖੇ ਇਥੋਂ ਚੁਕਾਵੇ ਤਾਂ ਜੋ ਕਿਸੇ ਵੱਡੀ ਅਨਹੋਣੀ ਘਟਨਾ ਤੋਂ ਬਚਾਅ ਹੋ ਸਕੇ। ਜਦੋਂ ਇਸ ਬਾਬਤ ਈ ਓ ਸਾਹਿਬ ਦਾ ਪੱਖ ਜਾਨਣਾ ਚਾਹਿਆ ਤਾਂ ਉਨ੍ਹਾਂ ਨੇ ਫੋਨ ਚੁੱਕਣਾ ਵੀ ਮੁਨਾਸਬ ਨਹੀਂ ਸਮਝਿਆ।

ਜ਼ਮੀਨੀ ਵਿਵਾਦ 'ਚ ਫਾਇਰਿੰਗ ਕਰਨ ਵਾਲੇ 11 ਵਿਅਕਤੀ ਕਾਬੂ, 4 ਪਿਸਤੌਲ ਬਰਾਮਦ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸ੍ਰੀ ਅਭਿਮਨਿਊ ਰਾਣਾ ਆਈ.ਪੀ.ਐੱਸ., ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਜ਼ਿਲ੍ਹੇ ਅੰਦਰ ਅਮਨ-ਕਾਨੂੰਨ ਦੀ ਸਥਿਤੀ ਬਰਕਰਾਰ ਰੱਖਣ ਤੇ ਸ਼ਰਾਰਤੀ ਅਨਸਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।ਇਸੇ ਲੜੀ ਤਹਿਤ ਸ੍ਰੀ ਅਸ਼ੋਕ ਮੀਨਾ ਆਈ.ਪੀ.ਐੱਸ., ਐੱਸ.ਪੀ. (ਡੀ) ਤੇ ਸ੍ਰੀ ਬਚਨ ਸਿੰਘ, ਡੀ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਇੰਸਪੈਕਟਰ ਹਰਪ੍ਰੀਤ ਸਿੰਘ, ਮੁੱਖ ਅਫ਼ਸਰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਦੀ ਪੁਲਸ ਵੱਲੋਂ ਜ਼ਮੀਨੀ ਵਿਵਾਦ ਨੂੰ ਲੈ ਕੇ ਫਾਇਰਿੰਗ ਕਰਨ ਤੇ ਜਾਨੋਂ ਮਾਰਨ ਦੀ ਨੀਅਤ ਨਾਲ ਹਮਲਾ ਕਰਨ ਦੇ ਮਾਮਲੇ ਵਿੱਚ 11 ਵਿਅਕਤੀਆਂ ਨੂੰ ਕਾਬੂ ਕੀਤਾ ਤੇ 7/8 ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮੁਕੱਦਮਾ ਦਰਜ ਕੀਤਾ ਗਿਆ ਹੈ।ਮਿਲੀ ਜਾਣਕਾਰੀ ਅਨੁਸਾਰ ਮੁਦਈ ਪ੍ਰਗਟ ਸਿੰਘ ਵਾਸੀ ਪਿੰਡ ਸਦਰਵਾਲਾ ਦੀ ਕਰੀਬ 8 ਕਨਾਲ ਜ਼ਮੀਨ ਪਿੰਡ ਕਬਰਵਾਲਾ ਵਿਖੇ ਸਥਿਤ ਹੈ, ਜਿਸ ਸਬੰਧੀ ਮਨਜੀਤ ਸਿੰਘ ਵਾਸੀ ਪਿੰਡ ਕਬਰਵਾਲਾ ਨਾਲ ਵਿਵਾਦ ਚੱਲ ਰਿਹਾ ਸੀ।ਮੁਦਈ ਅਨੁਸਾਰ ਮਨਜੀਤ ਸਿੰਘ ਵੱਲੋਂ ਇੱਕ ਕਨਾਲ ਜ਼ਮੀਨ ਖਰੀਦੀ ਗਈ ਸੀ, ਜਦਕਿ ਬਾਕੀ ਰਹਿੰਦੀ 7 ਕਨਾਲ ਜ਼ਮੀਨ 'ਤੇ ਵੀ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ।ਮਿਤੀ 09 ਨਵੰਬਰ 2026 ਨੂੰ ਕਰੀਬ 3 ਵਜੇ ਦੁਪਹਿਰ ਜਦੋਂ ਮੁਦਈ ਆਪਣੀ ਜ਼ਮੀਨ ਵਿੱਚ ਗਿਆ ਤਾਂ ਮਨਜੀਤ ਸਿੰਘ ਸਮੇਤ ਹੋਰ ਵਿਅਕਤੀ ਕਾਰਾਂ ਅਤੇ ਦੋ ਟਰੈਕਟਰਾਂ 'ਤੇ ਸਵਾਰ ਹੋ ਕੇ ਪਿਸਤੌਲਾਂ ਨਾਲ ਲੈਸ ਹੋ ਕੇ ਉੱਥੇ ਪਹੁੰਚੇ।ਇਸ ਦੌਰਾਨ ਮਨਜੀਤ ਸਿੰਘ ਵੱਲੋਂ ਮੁਦਈ ਨੂੰ ਜਾਨੋਂ ਮਾਰਨ ਦੀ ਨੀਅਤ ਨਾਲ ਫਾਇਰ ਕੀਤਾ ਗਿਆ, ਪਰ ਮੁਦਈ ਨੇ ਜ਼ਮੀਨ 'ਤੇ ਲੇਟ ਕੇ ਆਪਣੀ ਜਾਨ ਬਚਾਈ।ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਵਿਖੇ ਮੁਦਈ ਪ੍ਰਗਟ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਮੁਕੱਦਮਾ ਦਰਜ ਕਰਕੇ ਮਨਜੀਤ ਸਿੰਘ ਪੁੱਤਰ ਲਹੌਰਾ ਸਿੰਘ ਵਾਸੀ ਪਿੰਡ ਕਬਰਵਾਲਾ, ਸੁਖਵਿੰਦਰ ਸਿੰਘ ਉਰਫ਼ ਸ਼ੈਂਕੀ ਪੁੱਤਰ ਕੁਲਦੀਪ ਸਿੰਘ ਵਾਸੀ ਗਿੱਲ ਪੱਤੀ ਮਲੋਟ, ਗੁਰਨਾਮ ਸਿੰਘ ਉਰਫ਼ ਗੁਰੀ ਪੁੱਤਰ ਗੁਰਦੇਵ ਸਿੰਘ ਵਾਸੀ ਮੁਹੱਲਾ ਸੇਠੀਆਂ ਫਰੀਦਕੋਟ, ਗੁਰਪਾਲ ਸਿੰਘ ਪੁੱਤਰ ਮੰਗਲ ਸਿੰਘ ਵਾਸੀ ਪਿੰਡ ਸਦਰਵਾਲਾ, ਦਲਜੀਤ ਸਿੰਘ ਉਰਫ਼ ਬਾਵਾ ਪੁੱਤਰ ਰਣਜੀਤ ਸਿੰਘ ਵਾਸੀ ਬਲਬੀਰ ਬਸਤੀ ਫਰੀਦਕੋਟ, ਸੰਜੀਵ ਕੁਮਾਰ ਉਰਫ਼ ਸੰਜੂ ਪੁੱਤਰ ਸੁਖਦੇਵ ਪਾਲ ਵਾਸੀ ਭਗਤ ਸਿੰਘ ਨਗਰ ਫਰੀਦਕੋਟ, ਜਸਵਿੰਦਰ ਸਿੰਘ ਪੁੱਤਰ ਜੋਨੂੰ ਵਾਸੀ ਭਾਨ ਸਿੰਘ ਕਲੋਨੀ ਫਰੀਦਕੋਟ, ਲਵਜੀਤ ਸਿੰਘ ਉਰਫ਼ ਲਵ ਪੁੱਤਰ ਜਸਵਿੰਦਰ ਸਿੰਘ ਵਾਸੀ ਪਿੰਡ ਚਹਿਲ ਜ਼ਿਲ੍ਹਾ ਫਰੀਦਕੋਟ, ਸੁਨੀਲ ਸ਼ਰਮਾ ਉਰਫ਼ ਸਾਹਿਲ ਪੁੱਤਰ ਸੁਰਿੰਦਰ ਕੁਮਾਰ ਵਾਸੀ ਸੰਜੇ ਨਗਰ ਫਰੀਦਕੋਟ, ਅਕਾਸ਼ਦੀਪ ਸਿੰਘ ਉਰਫ਼ ਅਕਾਸ਼ ਪੁੱਤਰ ਕਰਮਜੀਤ ਸਿੰਘ ਵਾਸੀ ਢਿੱਲਵਾਂ ਖੁਰਦ ਜ਼ਿਲ੍ਹਾ ਫਰੀਦਕੋਟ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਤੇ ਇਸ ਤੋਂ ਇਲਾਵਾ 7/8 ਅਣਪਛਾਤੇ ਵਿਅਕਤੀ ਵੀ ਮੁਕੱਦਮੇ ਵਿੱਚ ਨਾਮਜ਼ਦ ਹਨ।

ਫਰਦ ਕੇਂਦਰ ਮੁਲਾਜ਼ਮਾਂ ਵੱਲੋਂ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ

ਮੰਗਾਂ ਨਾ ਮੰਨੇ ਜਾਣ 'ਤੇ ਤਿੱਖੇ ਸੰਘਰਸ਼ ਤੇ ਹੜਤਾਲ ਦੀ ਚੇਤਾਵਨੀ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫਰਦ ਕੇਂਦਰ ਯੂਨੀਅਨ ਦੇ ਮੈਂਬਰਾਂ ਵੱਲੋਂ ਪੰਜਾਬ ਪੱਧਰ 'ਤੇ ਇਕੱਤਰ ਹੋ ਕੇ ਸਰਕਾਰ ਵੱਲੋਂ ਮੀਟਿੰਗ ਦੀ ਮਿਤੀ 6 ਨਵੰਬਰ ਤੋਂ ਵਧਾ ਕੇ 12 ਨਵੰਬਰ ਕਰਨ ਦੀ ਸਖ਼ਤ ਨਿੰਦਾ ਕੀਤੀ ਗਈ। ਸਰਕਾਰ ਤੇ ਵਿਭਾਗ ਦੀ ਇਸ ਬੇਵਜ੍ਹਾ ਦੇਰੀ ਤੇ ਟਾਲ-ਮਟੋਲ ਦੀ ਨੀਤੀ ਦੇ ਵਿਰੋਧ ਵਜੋਂ ਫਰਦ ਕੇਂਦਰ ਮੁਲਾਜ਼ਮਾਂ ਵੱਲੋਂ ਇਸ ਵਾਰ ਦੀਵਾਲੀ 'ਕਾਲੀ ਦੀਵਾਲੀ' ਵਜੋਂ ਮਨਾਈ ਗਈ ਤੇ ਪੰਜਾਬ ਸਰਕਾਰ ਦਾ ਪੁਤਲਾ ਵੀ ਸਾੜਿਆ ਗਿਆ। ਯੂਨੀਅਨ ਦੇ ਆਗੂਆਂ ਨੇ ਦੋਸ਼ ਲਾਇਆ ਕਿ ਸਰਕਾਰ ਤੇ ਸੰਬੰਧਤ ਵਿਭਾਗ ਦੀ ਬਦਨੀਤੀ ਕਾਰਨ ਹਾਲੇ ਤੱਕ ਪਰਸੋਨਲ ਵਿਭਾਗ ਨੂੰ ਡੇਟਾ ਐਂਟਰੀ ਆਪ੍ਰੇਟਰਾਂ ਦਾ ਲੋੜੀਂਦਾ ਡੇਟਾ ਮੁਹੱਈਆ ਨਹੀਂ ਕਰਵਾਇਆ ਗਿਆ ਹੈ। ਵਾਰ-ਵਾਰ ਕਹਿਣ ਤੇ ਯਾਦ ਪੱਤਰ ਜਾਰੀ ਹੋਣ ਦੇ ਬਾਵਜੂਦ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਅਧਿਕਾਰੀਆਂ ਵੱਲੋਂ ਜਾਣ-ਬੁੱਝ ਕੇ ਦੇਰੀ ਕੀਤੀ ਜਾ ਰਹੀ ਹੈ। ਅਧਿਕਾਰੀਆਂ ਵੱਲੋਂ ਵੱਖੋ-ਵੱਖਰੇ ਬਹਾਨੇ ਬਣਾ ਕੇ ਸਿੱਧੇ ਤੇ ਸਾਦੇ ਕੰਮ ਨੂੰ ਜਾਣਬੁੱਝ ਕੇ ਉਲਝਾਇਆ ਜਾ ਰਿਹਾ ਹੈ, ਜਿਸ ਕਾਰਨ ਸਮੂਹ ਆਪ੍ਰੇਟਰਾਂ ਵਿੱਚ ਸਰਕਾਰ ਤੇ ਪ੍ਰਸ਼ਾਸਨ ਪ੍ਰਤੀ ਭਾਰੀ ਰੋਹ ਪਾਇਆ ਜਾ ਰਿਹਾ ਹੈ। ਆਗੂਆਂ ਨੇ ਸਪੱਸ਼ਟ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਕਿ ਜੇਕਰ ਮੰਗਲਵਾਰ ਸ਼ਾਮ ਤੱਕ ਡੇਟਾ ਪ੍ਰੋਸੈਸ ਕਰਕੇ ਮਸਲਾ ਹੱਲ ਨਾ ਕੀਤਾ ਗਿਆ, ਤਾਂ ਇਸ ਦੇ ਵਿਰੁੱਧ ਵੱਡਾ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ ਅਤੇ ਲੋੜ ਪੈਣ 'ਤੇ ਸੂਬਾ ਪੱਧਰ 'ਤੇ ਹੜਤਾਲ ਦਾ ਰਾਹ ਵੀ ਅਪਣਾਇਆ ਜਾਵੇਗਾ। ਇਸ ਰੋਸ ਪ੍ਰਦਰਸ਼ਨ ਤੇ ਮੀਟਿੰਗ ਦੌਰਾਨ ਵੱਡੀ ਗਿਣਤੀ ਵਿੱਚ ਸਮੂਹ ਫਰਦ ਕੇਂਦਰ ਆਪ੍ਰੇਟਰ ਤੇ ਸੂਬਾ ਬਾਡੀ ਦੇ ਅਹੁਦੇਦਾਰ ਮੌਜੂਦ ਸਨ।



ਕੁਲਵੰਤ ਮਲੂਕਾ ਦੀ ਅਗਵਾਈ 'ਚ 50 ਪਰਵਾਰ ਕਾਂਗਰਸ 'ਚ ਸ਼ਾਮਲ

ਰਾਹੁਲ ਸਾਡੇ ਨੇਤਾ ਤੇ ਕਾਂਗਰਸ ਗਰੀਬਾਂ ਦੀ ਹਮਦਰਦ : ਮਲੂਕਾ



ਬਠਿੰਡਾ (ਰਾਜੀਵ ਗੋਇਲ)

ਜਿਉਂ-ਜਿਉਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ, ਤਿਉਂ-ਤਿਉਂ ਆਮ ਲੋਕਾਂ ਵੱਲੋਂ ਨਵੀਆਂ ਸਿਆਸੀ ਪਾਰਟੀਆਂ ਨੂੰ ਜੁਆਇਨ ਕੀਤਾ ਜਾ ਰਿਹਾ ਹੈ ਅਤੇ ਹੇਠਲੇ ਪੱਧਰ ਦੇ ਲੋਕ ਆਪਣੇ ਹਰਮਨ ਪਿਆਰੇ ਨੇਤਾ ਨੂੰ ਚੁਣਦੇ ਹੋਏ ਉਸੇ ਪਾਰਟੀ 'ਚ ਸ਼ਾਮਲ ਹੋਣਾ ਵਾਜਿਬ ਮੰਨ ਰਹੇ ਹਨ। ਇਸੇ ਹੀ ਲੜੀ ਤਹਿਤ ਹਲਕਾ ਬਾਘਾ ਪੁਰਾਣਾ ਤੋਂ ਕਾਂਗਰਸ ਪਾਰਟੀ ਲਈ ਵੱਡੇ ਪੱਧਰ 'ਤੇ ਪ੍ਰਚਾਰ ਕਰ ਰਹੇ ਮੁੱਖ ਸੇਵਾਦਾਰ ਕੁਲਵੰਤ ਸਿੰਘ ਮਲੂਕਾ ਵੱਲੋਂ ਵੱਖੋ-ਵੱਖ ਪਾਰਟੀਆਂ ਨੂੰ ਸੰਨ ਲਾਉਂਦੇ ਹੋਏ ਢਿੱਲਵਾਂ ਵਾਲਾ ਪਿੰਡ ਦੇ ਕਰੀਬ 50 ਪਰਵਾਰਾਂ ਨੂੰ ਪਾਰਟੀ 'ਚ ਸ਼ਾਮਲ ਕਰਦੇ ਹੋਏ ਉਨ੍ਹਾਂ ਦਾ ਹੱਥ ਕਾਂਗਰਸ ਦੇ ਪੰਜੇ ਨਾਲ ਮਿਲਾਇਆ। ਇਸ ਮੌਕੇ ਗੱਲਬਾਤ ਕਰਦਿਆਂ ਮਲੂਕਾ ਨੇ ਕਿਹਾ ਕਿ ਰਾਹੁਲ ਗਾਂਧੀ ਉਨ੍ਹਾਂ ਦੇ ਨੇਤਾ ਹਨ ਤੇ ਕਾਂਗਰਸ ਪਾਰਟੀ ਗਰੀਬਾਂ ਦੀ ਹਮਦਰਦ ਪਾਰਟੀ ਹੈ। ਇਸ ਮੌਕੇ ਉਨ੍ਹਾਂ ਵੱਲੋਂ ਸ਼ਾਮਲ ਪਰਵਾਰਾਂ ਨੂੰ ਪਾਰਟੀ 'ਚ ਬਣਦਾ ਮਾਨ ਸਨਮਾਨ ਦੇਣ ਦੀ ਗੱਲ ਆਖੀ ਗਈ। ਦੱਸਣਾ ਬਣਦਾ ਹੈ ਕਿ ਪਾਰਟੀ 'ਚ ਸ਼ਾਮਲ ਹੋਣ ਵਾਲੇ ਬੋਰੀਆ ਸਿੱਖ ਪਰਵਾਰਾਂ ਦਾ ਕਾਫੀ ਵੱਡਾ ਅਧਾਰ ਹੈ ਤੇ ਇਹ ਪਰਵਾਰ ਹਲਕਾ ਬਾਘਾ ਪੁਰਾਣਾ ਦੇ ਕਰੀਬ ਅੱਧੀ ਦਰਜਨ ਪਿੰਡਾਂ ਵਿੱਚ ਆਪਣਾ ਅਸਰ ਰਸੂਖ ਰੱਖਦੇ ਹਨ, ਜਿਸ ਕਾਰਨ ਕਾਂਗਰਸ ਨੂੰ ਵੱਡਾ ਸਾਥ ਤੇ ਬਲ ਮਿਲੇਗਾ, ਜਿਸ ਦਾ ਸਿਹਰਾ ਕੁਲਵੰਤ ਮਲੂਕਾ ਦੇ ਸਿਰ ਹੀ ਸਜੇਗਾ। ਸ਼ਾਮਲ ਹੋਣ ਵਾਲੇ ਪਰਵਾਰਾਂ ਵਿੱਚ ਬਲਦੇਵ ਸਿੰਘ ਮੈਂਬਰ, ਕਰਨੈਲ ਸਿੰਘ, ਚੰਨੂ ਸਿੰਘ, ਗਿੰਦਰ ਸਿੰਘ, ਆਤਮਾ ਸਿੰਘ, ਭਗਵਾਨ ਸਿੰਘ, ਰਾਜੂ ਸਿੰਘ, ਗੁਰਤੇਜ ਸਿੰਘ, ਸੁਖਮੰਦਰ ਸਿੰਘ, ਜੋਗਿੰਦਰ ਸਿੰਘ, ਗੁਰਪ੍ਰੀਤ ਸਿੰਘ, ਕਪੂਰ ਸਿੰਘ, ਗੁਰਦੀਪ ਸਿੰਘ, ਜੋਗਿੰਦਰ ਸਿੰਘ, ਫਕੀਰ ਚੰਦ, ਜਗਤਾਰ ਸਿੰਘ, ਹਰਬੰਸ ਸਿੰਘ, ਕ੍ਰਿਸ਼ਨ ਸਿੰਘ, ਅੰਗਰੇਜ਼ ਸਿੰਘ, ਕੁਲਵਿੰਦਰ ਸਿੰਘ, ਕਾਲੂ ਸਿੰਘ, ਜਗਸੀਰ ਸਿੰਘ, ਹਰਪ੍ਰੀਤ ਸਿੰਘ ਸਮੇਤ ਕਾਫੀ ਹੋਰ ਪਰਵਾਰ ਸ਼ਾਮਲ ਹਨ।

ਧੀਆਂ ਦੀ ਪ੍ਰਤਿਭਾ ਨਿਖਾਰਨ ਲਈ ਖੇਡ ਮੈਦਾਨ ਬਣ ਰਹੇ ਮਜ਼ਬੂਤ ਮੰਚ : ਚਹਿਲ

70ਵੀਆਂ ਸੂਬਾ ਪੱਧਰੀ ਸਕੂਲ ਖੇਡਾਂ ਦੇ ਨੈੱਟਬਾਲ ਮੁਕਾਬਲਿਆਂ ਦਾ ਆਗਾਜ਼



ਮਾਨਸਾ (ਆਤਮਾ ਸਿੰਘ ਪਮਾਰ)

ਸਕੂਲ ਸਿੱਖਿਆ ਵਿਭਾਗ ਪੰਜਾਬ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਨੀਲਮ ਰਾਣੀ ਦੇ ਦਿਸ਼ਾ-ਨਿਰਦੇਸ਼ਾਂ ਹੇਠ 70ਵੀਆਂ ਸੂਬਾ ਪੱਧਰੀ ਸਕੂਲ ਖੇਡਾਂ ਅੰਡਰ-17 ਕੁੜੀਆਂ ਦੇ ਨੈੱਟਬਾਲ ਮੁਕਾਬਲਿਆਂ ਦੀ ਸ਼ਾਨਦਾਰ ਸ਼ੁਰੂਆਤ ਬਾਬਾ ਜੋਗੀਪੀਰ ਪਬਲਿਕ ਸਕੂਲ ਰੱਲਾ ਵਿਖੇ ਹੋਈ। ਇਨ੍ਹਾਂ ਖੇਡ ਮੁਕਾਬਲਿਆਂ ਦਾ ਉਦਘਾਟਨ ਜ਼ਿਲ੍ਹਾ ਪ੍ਰੀਸ਼ਦ ਦੇ ਮਾਨਸਾ ਚੇਅਰਮੈਨ ਚੁਸਪਿੰਦਰਵੀਰ ਸਿੰਘ ਚਹਿਲ ਨੇ ਕੀਤਾ। ਇਸ ਮੌਕੇ ਖਿਡਾਰਨਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਧੀਆਂ ਦੀ ਪ੍ਰਤਿਭਾ ਨੂੰ ਨਿਖਾਰਨ ਤੇ ਉਨ੍ਹਾਂ ਨੂੰ ਆਪਣੀ ਕਾਬਲੀਅਤ ਸਾਬਿਤ ਕਰਨ ਦੇ ਮੌਕੇ ਪ੍ਰਦਾਨ ਕਰਨ ਲਈ ਖੇਡ ਮੈਦਾਨ ਮਜ਼ਬੂਤ ਮੰਚ ਸਾਬਿਤ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ 'ਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਹ ਨਾ ਸਿਰਫ਼ ਸਰੀਰਕ ਤੇ ਮਾਨਸਿਕ ਤੰਦਰੁਸਤੀ ਨੂੰ ਬਰਕਰਾਰ ਰੱਖਦੀਆਂ ਹਨ, ਸਗੋਂ ਅਨੁਸ਼ਾਸਨ, ਆਪਸੀ ਸਹਿਯੋਗ, ਟੀਮ ਭਾਵਨਾ ਤੇ ਮਿਹਨਤ ਕਰਨ ਦਾ ਜਜ਼ਬਾ ਵੀ ਪੈਦਾ ਕਰਦੀਆਂ ਹਨ। ਉਨ੍ਹਾਂ ਖਿਡਾਰਨਾਂ ਨੂੰ ਅਪੀਲ ਕੀਤੀ ਕਿ ਉਹ ਪੂਰੀ ਮਿਹਨਤ, ਲਗਨ ਤੇ ਖੇਡ ਭਾਵਨਾ ਨਾਲ ਮੁਕਾਬਲਿਆਂ 'ਚ ਹਿੱਸਾ ਲੈਣ ਅਤੇ ਆਪਣੇ ਜ਼ਿਲ੍ਹੇ, ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ ਕਰਨ। ਇਸ ਮੌਕੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਡਾ. ਪਰਮਜੀਤ ਸਿੰਘ ਭੋਗਲ ਨੇ ਕਿਹਾ ਕਿ ਅਜਿਹੇ ਸੂਬਾ ਪੱਧਰੀ ਖੇਡ ਮੁਕਾਬਲੇ ਵਿਦਿਆਰਥਣਾਂ ਨੂੰ ਆਪਣੀ ਖੇਡ ਪ੍ਰਤਿਭਾ ਦਿਖਾਉਣ ਦੇ ਨਾਲ-ਨਾਲ ਅੱਗੇ ਵਧਣ ਤੇ ਉੱਚ ਪੱਧਰ 'ਤੇ ਆਪਣੀ ਪਛਾਣ ਬਣਾਉਣ ਦਾ ਮੌਕਾ ਵੀ ਪ੍ਰਦਾਨ ਕਰਦੇ ਹਨ। ਇਸ ਮੌਕੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਬਠਿੰਡਾ ਚਮਕੌਰ ਸਿੰਘ ਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਬਠਿੰਡਾ ਜਸਵੀਰ ਸਿੰਘ ਗਿੱਲ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਖੇਡਾਂ ਦੇ ਸੁਚੱਜੇ ਤੇ ਸਫ਼ਲ ਆਯੋਜਨ ਲਈ ਪ੍ਰਬੰਧਕਾਂ ਦੀ ਸ਼ਲਾਘਾ ਕੀਤੀ ਅਤੇ ਖਿਡਾਰਨਾਂ ਨੂੰ ਪੂਰੇ ਜੋਸ਼, ਜਜ਼ਬੇ ਅਤੇ ਖੇਡ ਭਾਵਨਾ ਨਾਲ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।

ਅੱਜ ਹੋਏ ਮੁਕਾਬਲਿਆਂ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਅੰਮ੍ਰਿਤਪਾਲ ਸਿੰਘ ਲੱਧੜ ਨੇ ਦੱਸਿਆ ਕਿ ਖਿਆਲਾ ਕਲਾਂ ਵਿੰਗ ਨੇ ਪਟਿਆਲਾ ਨੂੰ, ਬਰਨਾਲਾ ਨੇ ਮਲੇਰਕੋਟਲਾ ਨੂੰ, ਸ੍ਰੀ ਮੁਕਤਸਰ ਸਾਹਿਬ ਨੇ ਸੰਗਰੂਰ ਨੂੰ, ਬਠਿੰਡਾ ਨੇ ਸ੍ਰੀ ਫ਼ਤਹਿਗੜ੍ਹ ਸਾਹਿਬ ਨੂੰ, ਫਰੀਦਕੋਟ ਨੇ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ, ਬਰਨਾਲਾ ਨੇ ਫਾਜ਼ਿਲਕਾ ਨੂੰ, ਰੂਪਨਗਰ ਨੇ ਤਰਨਤਾਰਨ ਨੂੰ ਹਰਾਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੁੱਖ ਅਧਿਆਪਕ ਮੁਨੀਸ਼ ਕੁਮਾਰ, ਲੈਕਚਰਾਰ ਸ਼ਮਸੇਰ ਸਿੰਘ, ਰਛਪਾਲ ਸਿੰਘ ਅਬਜ਼ਰਵਰ, ਲੈਕਚਰਾਰ ਹਰਪ੍ਰੀਤ ਸਿੰਘ, ਲੈਕਚਰਾਰ ਮਹਿੰਦਰ ਕੌਰ ਤੇ ਵਿਨੋਦ ਕੁਮਾਰ ਹਾਜ਼ਰ ਸਨ।

ਭਾਜਪਾ ਹਮੇਸ਼ਾ ਪੰਜਾਬ ਦੇ ਕਿਸਾਨਾਂ ਨੂੰ ਬਦਨਾਮ ਕਰਨ ਦੇ ਮੌਕੇ ਲੱਭਦੀ : ਬਲਤੇਜ ਪੰਨੂ

ਭਾਜਪਾ ਆਗੂ ਦਿੱਲੀ ਦੇ ਪ੍ਰਦੂਸ਼ਣ ਲਈ ਪੰਜਾਬ ਦੇ ਕਿਸਾਨਾਂ ਨੂੰ ਦੋਸ਼ ਦੇਣਾ ਬੰਦ ਕਰਨ ਤੇ ਆਪਣੀਆਂ ਨਾਕਾਮੀਆਂ ਦਾ ਜਵਾਬ ਦੇਣ

ਪਟਿਆਲਾ (ਰਾਜਿੰਦਰ ਸਿੰਘ ਥਿੰਦ)



ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਆਗੂਆਂ ਵੱਲੋਂ ਪੰਜਾਬ ਦੇ ਕਿਸਾਨਾਂ ਨੂੰ ਪ੍ਰਦੂਸ਼ਣ ਦੇ ਨਾਂ 'ਤੇ ਲਗਾਤਾਰ ਨਿਸ਼ਾਨਾ ਬਣਾਉਣ ਤੇ ਬਦਨਾਮ ਕਰਨ ਲਈ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਜੇ ਝੋਨੇ ਦੀ ਵਾਢੀ ਸ਼ੁਰੂ ਵੀ ਨਹੀਂ ਹੋਈ ਸੀ, ਉਦੋਂ ਤੋਂ ਹੀ ਦਿੱਲੀ ਦੇ ਭਾਜਪਾ ਨੇਤਾਵਾਂ ਨੇ ਇੱਕੋ ਰਾਗ ਅਲਾਪਣਾ ਸ਼ੁਰੂ ਕਰ ਦਿੱਤਾ ਸੀ ਕਿ ਦਿੱਲੀ ਵਿੱਚ ਧੂੰਆਂ ਪੰਜਾਬ ਤੋਂ ਆ ਰਿਹਾ ਹੈ।ਦੀਵਾਲੀ ਉੱਤੇ ਦਿੱਲੀ ਵਿੱਚ ਬਣੇ ਗੈਸ ਚੈਂਬਰ ਵਰਗੇ ਹਾਲਾਤ ਤੇ ਆਪਣੀਆਂ ਪ੍ਰਸ਼ਾਸਨਿਕ ਨਾਕਾਮੀਆਂ ਨੂੰ ਛੁਪਾਉਣ ਲਈ ਭਾਜਪਾ ਆਗੂ ਹਰ ਰੋਜ਼ ਨਵੇਂ ਮਨਘੜਤ ਦੋਸ਼ ਲਗਾ ਰਹੇ ਹਨ।ਭਾਜਪਾ ਆਗੂ ਕਪਿਲ ਮਿਸ਼ਰਾ ਦੇ ਬਿਆਨਾਂ 'ਤੇ ਪਲਟਵਾਰ ਕਰਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਰਾਤੋ-ਰਾਤ 1200 ਲੋਕਾਂ ਵੱਲੋਂ ਪਰਾਲੀ ਸਾੜਨ ਦਾ ਦਾਅਵਾ ਪੂਰੀ ਤਰ੍ਹਾਂ ਬੇਬੁਨਿਆਦ ਤੇ ਹਾਸੋਹੀਣਾ ਹੈ। ਜੇਕਰ ਕਪਿਲ ਮਿਸ਼ਰਾ ਦੇ ਦਾਅਵਿਆਂ ਵਿੱਚ ਕੋਈ ਸੱਚਾਈ ਹੈ, ਤਾਂ ਉਨ੍ਹਾਂ ਨੂੰ ਆਪਣੇ ਹੀ ਆਗੂ ਮਨਜਿੰਦਰ ਸਿੰਘ ਸਿਰਸਾ ਤੋਂ ਜਵਾਬ ਮੰਗਣਾ ਚਾਹੀਦਾ ਹੈ, ਜੋ ਕਈ ਦਿਨਾਂ ਤੋਂ ਪੰਜਾਬ ਤੋਂ ਧੂੰਆਂ ਆਉਣ ਦੀ ਬਿਆਨਬਾਜ਼ੀ ਕਰ ਰਹੇ ਸਨ।ਪੰਨੂ ਨੇ ਸਪੱਸ਼ਟ ਕੀਤਾ ਕਿ ਇਸ ਸਾਲ ਪੰਜਾਬ ਨੇ ਪਰਾਲੀ ਸਾੜਨ ਦੀਆਂ ਘਟਨਾਵਾਂ 'ਤੇ 90% ਤੱਕ ਕੰਟਰੋਲ ਹਾਸਲ ਕਰ ਲਿਆ ਹੈ, ਜਦਕਿ ਪਿਛਲੇ ਸਾਲ 80% ਕਮੀ ਦਰਜ ਕੀਤੀ ਗਈ ਸੀ, ਜਿਸ ਦਾ ਸਬੂਤ ਖੁਦ ਸੰਸਦ ਦੇ ਅਧਿਕਾਰਤ ਰਿਕਾਰਡ ਵਿੱਚ ਦਰਜ ਕੇਂਦਰ ਸਰਕਾਰ ਦੇ ਜਵਾਬ ਵਿੱਚ ਮੌਜੂਦ ਹੈ।ਭਾਜਪਾ ਦੀ ਕਿਸਾਨ-ਵਿਰੋਧੀ ਮਾਨਸਿਕਤਾ 'ਤੇ ਹਮਲਾ ਬੋਲਦਿਆਂ ਪੰਨੂ ਨੇ ਕਿਹਾ ਕਿ ਦਿੱਲੀ ਸਰਹੱਦਾਂ 'ਤੇ ਕਾਲੇ ਖੇਤੀ ਕਾਨੂੰਨਾਂ ਵਿਰੁੱਧ ਅੰਦੋਲਨ ਦੌਰਾਨ ਸ਼ਹੀਦ ਹੋਏ 750 ਦੇ ਕਰੀਬ ਕਿਸਾਨਾਂ ਬਾਰੇ ਭਾਜਪਾ ਨੇ ਅੱਜ ਤੱਕ ਕੋਈ ਜਵਾਬ ਨਹੀਂ ਦਿੱਤਾ।ਹਰ ਰੋਜ਼ ਕੋਈ ਨਾ ਕੋਈ ਭਾਜਪਾ ਆਗੂ ਆ ਕੇ ਪੰਜਾਬ ਦੇ ਮਿਹਨਤੀ ਕਿਸਾਨਾਂ ਨੂੰ ਬਦਨਾਮ ਕਰਨ ਦੀ ਨਾਕਾਮ ਕੋਸ਼ਿਸ਼ ਕਰਦਾ ਹੈ।ਪੰਜਾਬ ਨੇ ਲਗਭਗ ਮੁਕੰਮਲ ਤੌਰ 'ਤੇ ਪਰਾਲੀ ਸਾੜਨ ਦੀਆਂ ਘਟਨਾਵਾਂ 'ਤੇ ਨਕੇਲ ਪਾ ਲਈ ਹੈ, ਇਸ ਲਈ ਭਾਜਪਾ ਨੂੰ ਝੂਠੀ ਬਿਆਨਬਾਜ਼ੀ ਬੰਦ ਕਰਕੇ ਆਪਣੀਆਂ ਨਾਕਾਮੀਆਂ ਵੱਲ ਧਿਆਨ ਦੇਣਾ ਚਾਹੀਦਾ ਹੈ।

ਸਰਕਾਰ ਨੂੰ ਨੱਥ ਨਾ ਪਾਈ ਤਾਂ ਮੁਲਾਜ਼ਮ ਪੈਨਸ਼ਨ ਤੋਂ ਵਾਂਝੇ ਹੋ ਜਾਣਗੇ : ਸਿਕੰਦਰ ਸਿੰਘ

ਸਮਰਾਲਾ (ਸੁਰਜੀਤ ਸਿੰਘ)



ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਜੇਕਰ ਮੁਲਾਜ਼ਮ, ਪੈਨਸ਼ਨਰਜ਼ ਤੇ ਲੋਕ ਸ਼ਕਤੀ ਵੱਲੋਂ ਨੱਥ ਨਾ ਪਾਈ ਗਈ ਤਾਂ ਮੁਲਾਜ਼ਮ ਤੇ ਪੈਨਸ਼ਨਰਜ਼ ਭਵਿੱਖ ਵਿੱਚ ਪੈਨਸ਼ਨ ਤੋਂ ਵਾਂਝੇ ਹੋ ਜਾਣਗੇ।ਇਹ ਵਿਚਾਰ ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਸਮਰਾਲਾ ਮੰਡਲ ਦੇ ਪ੍ਰਧਾਨ ਸਿਕੰਦਰ ਸਿੰਘ ਨੇ ਮਾਸਿਕ ਮੀਟਿੰਗ ਦੌਰਾਨ ਇਕੱਤਰ ਹੋਏ ਪੈਨਸ਼ਨਰਜ਼ ਨੂੰ ਸੰਬੋਧਨ ਕਰਦਿਆਂ ਕਹੀ।ਉਨ੍ਹਾਂ ਕਿਹਾ ਕਿ ਜਿਹੜੀ ਸਰਕਾਰ ਮਾਣਯੋਗ ਅਦਾਲਤ ਦੇ ਹੁਕਮਾਂ ਵਿੱਚ ਅਣਚਾਹੀ ਰੁਕਾਵਟਾਂ ਖੜ੍ਹੀ ਕਰ ਰਹੀ ਹੈ, ਉਸ ਦੀ ਸਰਕਾਰ ਦੀ ਰੀੜ੍ਹ ਦੀ ਹੱਡੀ ਸਮਝੀ ਜਾਣ ਵਾਲੀ ਮੁਲਾਜ਼ਮ ਜਮਾਤ ਪ੍ਰਤੀ ਨੀਤ ਸਾਫ ਨਹੀਂ ਹੈ।ਉਨ੍ਹਾਂ ਕਿਹਾ ਕਿ ਸਰਕਾਰ ਪੰਜਾਬ ਦੀ ਜਨਤਾ ਵਿੱਚ ਬੇਲੋੜਾ ਭੁਲੇਖਾ ਪੈਦਾ ਕਰਕੇ ਦੱਸ ਰਹੀ ਹੈ ਕਿ ਮੁਲਾਜ਼ਮ ਬਾਕੀ ਸੂਬਿਆਂ ਨਾਲੋਂ ਵੱਧ ਤਨਖਾਹਾਂ ਲੈ ਰਹੇ ਹਨ, ਜਦਕਿ ਸਰਕਾਰ ਦੇ ਪ੍ਰਾਪੇਗੰਡੇ ਦੇ ਵਿਰੁੱਧ ਨਵੇਂ ਭਰਤੀ ਕਰਮਚਾਰੀਆਂ ਨੂੰ ਪੰਜਾਹ ਹਜ਼ਾਰ ਦੀ ਥਾਂ ਮਹਿਜ਼ ਸਤਾਰਾਂ ਹਾਜ਼ਰ ਹੀ ਤਨਖਾਹ ਮਿਲਦੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੇ ਮੰਤਰੀ ਝੂਠ ਬੋਲ ਕੇ ਜਨਤਾ ਨੂੰ ਗੁੰਮਰਾਹ ਕਰ ਰਹੇ ਹਨ। ਮੁਲਾਜ਼ਮ ਆਗੂ ਨੇ ਕਿਹਾ ਕਿ ਜੇਕਰ ਇਹ ਸਰਕਾਰ ਦੁਬਾਰਾ ਆ ਗਈ ਤਾਂ ਉਨ੍ਹਾਂ ਦੀਆਂ ਤਨਖਾਹਾਂ ਤੇ ਪੈਨਸ਼ਨਾਂ ਨੂੰ ਭਾਰੀ ਖਤਰਾ ਪੈਦਾ ਹੋ ਜਾਵੇਗਾ, ਇਸ ਲਈ ਮੁਲਾਜ਼ਮਾਂ ਤੇ ਸੂਬੇ ਦੇ ਲੋਕਾਂ ਦੀ ਭਲਾਈ ਲਈ ਇਹ ਬਿਹਤਰ ਹੋਵੇਗਾ ਕਿ ਮੁਲਾਜ਼ਮ ਦੋਖੀ ਸਰਕਾਰ ਨੂੰ ਚਲਦਾ ਕੀਤਾ ਜਾਵੇ।ਮੁਲਾਜ਼ਮਾਂ ਦੇ ਸਾਂਝੇ ਮੋਰਚੇ ਵੱਲੋਂ ਦਿੱਤੇ ਪ੍ਰੋਗਰਾਮ ਅਨੁਸਾਰ ਸਰਕਾਰ ਵਿਰੁੱਧ 13 ਤੋਂ 19 ਨਵੰਬਰ ਤੱਕ ਡੀ. ਸੀ. ਦਫਤਰ ਸੰਗਰੂਰ ਵਿਖੇ ਲਗਾਤਾਰ ਧਰਨਾ ਦਿੱਤਾ ਜਾਵੇਗਾ, ਜਿਸ ਵਿੱਚ ਰੋਪੜ ਸਰਕਲ 16 ਨਵੰਬਰ ਨੂੰ ਆਪਣਾ ਵੱਡਾ ਜਥਾ ਲੈ ਕੇ ਸੰਘਰਸ਼ ਵਿੱਚ ਸ਼ਾਮਲ ਹੋਵੇਗਾ।

ਉਨ੍ਹਾਂ ਦੱਸਿਆ ਕਿ ਸੰਘਰਸ਼ਾਂ ਦੀ ਲੜੀ ਨੂੰ ਅੱਗੇ ਤੋਰਦੇ ਹੋਏ 6 ਦਸੰਬਰ ਨੂੰ ਲੁਧਿਆਣਾ ਵਿਖੇ ਬੁੱਢੇ ਨਾਲੇ ਵਿੱਚ ਪੰਜਾਬ ਸਰਕਾਰ ਦੇ ਫੁੱਲ ਪਾਏ ਜਾਣਗੇ।ਸੰਘਰਸ਼ਾਂ ਨੂੰ ਚਾਲੂ ਰੱਖਦੇ ਸ਼ੰਭੂ ਬਾਰਡਰ ਤੋਂ ਲੈ ਕੇ ਅਟਾਰੀ ਬਾਰਡਰ ਤੱਕ 270 ਕਿਲੋਮੀਟਰ ਦੀ ਮਨੁੱਖੀ ਚੇਨ ਬਣਾ ਕੇ ਪ੍ਰਦਰਸ਼ਨ ਮਾਰਚ ਕੀਤਾ ਜਾਵੇਗਾ, ਜੋ ਪੰਜਾਬ ਸਰਕਾਰ ਦੀਆਂ ਜੜ੍ਹਾਂ ਉਖੇੜ ਦੇਵੇਗਾ।ਸਿਕੰਦਰ ਸਿੰਘ ਨੇ ਦੱਸਿਆ ਕਿ ਪੈਨਸ਼ਨਰਜ਼ ਦੀਆਂ ਲੰਮੇ ਸਮੇਂ ਤੋਂ ਲਟਕ ਰਹੀਆਂ ਜਾਇਜ਼ ਮੰਗਾਂ ਨੂੰ ਵੀ ਸਰਕਾਰ ਲਮਕ ਅਵਸਥਾ ਵਿੱਚ ਰੱਖ ਕੇ ਆਪਣਾ ਟਾਇਮ ਪਾਸ ਕਰ ਰਹੀ ਹੈ।ਜੇਕਰ ਸਰਕਾਰ ਨੇ ਜਲਦੀ ਹੀ ਇਸ ਸਬੰਧੀ ਕੋਈ ਫੈਸਲਾ ਨਾ ਕੀਤਾ ਤਾਂ ਪਾਵਰਕਾਮ ਦੇ ਪੈਨਸ਼ਨਰਾਂ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕਰਕੇ ਸਰਕਾਰ ਨੂੰ ਗੋਡਿਆਂ ਭਾਰ ਲਿਆਂਦਾ ਜਾਵੇਗਾ।

ਮੀਟਿੰਗ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਇੰਜ: ਪ੍ਰੇਮ ਸਿੰਘ ਸਾਬਕਾ ਐੱਸ. ਡੀ. ਓ., ਇੰਜ: ਜੁਗਲ ਕਿਸ਼ੋਰ ਸਾਹਨੀ, ਰਾਜਿੰਦਰਪਾਲ ਵਡੇਰਾ ਡਿਪਟੀ ਸੀ. ਏ. ਓ., ਜਗਤਾਰ ਸਿੰਘ ਪ੍ਰੈੱਸ ਸਕੱਤਰ, ਦਰਸ਼ਨ ਸਿੰਘ ਕੋਟਾਲਾ, ਇੰਜ: ਦਰਸ਼ਨ ਸਿੰਘ ਗੜ੍ਹੀ ਵਿੱਤ ਸਕੱਤਰ, ਜਸਵੰਤ ਸਿੰਘ ਢੰਡਾ, ਪ੍ਰੇਮ ਚੰਦ ਭਲਾ ਲੋਕ, ਅਮਰੀਕ ਸਿੰਘ ਖਮਾਣੋਂ ਆਦਿ ਨੇ ਸੰਬੋਧਨ ਕੀਤਾ।ਸਟੇਜ ਸਕੱਤਰ ਦੀ ਭੂਮਿਕਾ ਇੰਜ: ਭਰਪੂਰ ਸਿੰਘ ਮਾਂਗਟ ਸਕੱਤਰ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਉਂਦੇ ਹੋਏ ਨਾਲ ਨਾਲ ਆਪਣੇ ਵਿਚਾਰ ਵੀ ਰੱਖਦੇ ਰਹੇ।ਇਸ ਤੋਂ ਪਹਿਲਾਂ ਸਮੂਹ ਪੈਨਸ਼ਨਰਾਂ ਨੇ ਵਿੱਛੜੇ ਸਾਥੀਆਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਧਾਰਨ ਕਰਕੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ।

ਹਰਕਿਰਤ ਸਿੰਘ ਬਲਾਕ ਯੂਥ ਕਾਂਗਰਸ ਦੇ ਪ੍ਰਧਾਨ ਚੁਣੇ



ਜਲਾਲਾਬਾਦ (ਜੀਤ ਕੁਮਾਰ)-ਯੂਥ ਕਾਂਗਰਸ ਪਾਰਟੀ ਬਲਾਕ ਜਲਾਲਾਬਾਦ ਦਾ ਹਰਕੀਰਤ ਸਿੰਘ (ਕੀਰਤ ਕੁੱਕੜ) ਨੂੰ ਪ੍ਰਧਾਨ ਲਗਾਇਆ ਗਿਆ। ਨਵ-ਨਿਯੁਕਤ ਯੂਥ ਬਲਾਕ ਪ੍ਰਧਾਨ ਕੀਰਤ ਕੁੱਕੜ ਨੇ ਕਿਹਾ ਕਿ ਉਹ ਪਾਰਟੀ ਦੀਆਂ ਗਤੀਵਿਧੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਹਰ ਸੰਭਵ ਕੋਸ਼ਿਸ਼ ਕਰਨਗੇ। ਉਨ੍ਹਾਂ ਕਿਹਾ ਕਿ ਅਗਾਮੀ ਚੋਣਾਂ ਵਿੱਚ ਯੂਥ ਅਹਿਮ ਭੂਮਿਕਾ ਨਿਭਾਏਗਾ। ਅੱਜ ਕਾਂਗਰਸ ਪਾਰਟੀ ਦੇ ਸੀਨੀਅਰ ਯੂਥ ਨੇਤਾ ਗੁਰਜੋਤ ਸਿੰਘ ਸੰਧੂ ਨੇ ਨਵੇਂ ਚੁਣੇ ਗਏ ਬਲਾਕ ਦੇ ਯੂਥ ਪ੍ਰਧਾਨ ਹਰਕਿਰਤ ਸਿੰਘ ਕੁੱਕੜਨੂੰ ਨੂੰ ਵਧਾਈ ਦਿੱਤੀ ਤੇ ਪਾਰਟੀ ਲਈ ਪੂਰੀ ਤਨਦੇਹੀ ਦੇ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ।

ਕਿਸਾਨਾਂ ਨਾਲ ਧੱਕੇਸ਼ਾਹੀ ਕਰਨ ਵਾਲੇ ਪੁਲਸ ਅਧਿਕਾਰੀਆਂ ਵਿਰੁੱਧ ਹੋਵੇ ਸਖ਼ਤ ਕਾਰਵਾਈ : ਦੌਲਤਪੁਰਾ



ਮੋਗਾ (ਇਕਬਾਲ ਸਿੰਘ ਖਹਿਰਾ)-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਪੰਜਾਬ ਪੁਲਸ ਦੇ ਕੁਝ ਅਧਿਕਾਰੀਆਂ ਵੱਲੋਂ ਕਿਸਾਨਾਂ ਨਾਲ ਕੀਤੇ ਜਾ ਰਹੇ ਧੱਕੇਸ਼ਾਹੀ ਭਰੇ ਵਤੀਰੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਬਿਨਾਂ ਵਜ੍ਹਾ ਪ੍ਰੇਸ਼ਾਨ ਕਰਨਾ ਤੇ ਉਨ੍ਹਾਂ ਉੱਤੇ ਜ਼ੋਰ-ਜ਼ਬਰਦਸਤੀ ਕਰਨਾ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਮਾਣਯੋਗ ਸੁਪਰੀਮ ਕੋਰਟ ਤੇ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਵੱਲੋਂ ਪਰਾਲੀ ਪ੍ਰਬੰਧਨ ਸਬੰਧੀ ਤੈਅ ਕੀਤੇ ਗਏ ਨਿਯਮਾਂ ਤੇ ਹਦਾਇਤਾਂ ਦੀ ਪਾਲਣਾ ਕਰਵਾਉਣਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ। ਜੇਕਰ ਸਰਕਾਰ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਨਿਰਧਾਰਤ ਮੁਆਵਜ਼ਾ ਜਾਂ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ ਤੇ ਇਸ ਦੇ ਬਾਵਜੂਦ ਕੋਈ ਕਿਸਾਨ ਨਿਯਮਾਂ ਦੀ ਉਲੰਘਣਾ ਕਰਦਾ ਹੈ ਤਾਂ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾ ਸਕਦੀ ਹੈ, ਪਰ ਜੇਕਰ ਸਰਕਾਰ ਨੇ ਕਿਸਾਨ ਨੂੰ ਬਣਦੀ ਸਹਾਇਤਾ ਜਾਂ ਮੁਆਵਜ਼ਾ ਹੀ ਨਹੀਂ ਦਿੱਤਾ ਤਾਂ ਕਿਸਾਨ ਨੂੰ ਸਮਝਾਉਣ ਤੇ ਸਹਿਯੋਗ ਨਾਲ ਮਸਲੇ ਦਾ ਹੱਲ ਕਰਨ ਦੀ ਬਜਾਏ ਉਸ ਨਾਲ ਧੱਕੇਸ਼ਾਹੀ ਕਰਨਾ ਕਿੱਥੋਂ ਤੱਕ ਜਾਇਜ਼ ਹੈ? ਉਨ੍ਹਾਂ ਕਿਹਾ ਕਿ ਪੁਲਸ ਦਾ ਫਰਜ਼ ਲੋਕਾਂ ਦੀ ਸੁਰੱਖਿਆ ਕਰਨਾ ਤੇ ਕਾਨੂੰਨ ਦੀ ਪਾਲਣਾ ਕਰਵਾਉਣਾ ਹੈ, ਨਾ ਕਿ ਕਿਸਾਨਾਂ ਨੂੰ ਡਰਾ-ਧਮਕਾ ਕੇ ਉਨ੍ਹਾਂ ਦੀ ਆਵਾਜ਼ ਦਬਾਉਣਾ।ਦੌਲਤਪੁਰਾ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਕਿਸਾਨਾਂ ਨਾਲ ਧੱਕੇਸ਼ਾਹੀ ਕਰਨ ਦੇ ਦੋਸ਼ਾਂ ਦਾ ਗੰਭੀਰ ਨੋਟਿਸ ਲੈਂਦਿਆਂ ਸਬੰਧਤ ਪੁਲਸ ਅਧਿਕਾਰੀ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਤੇ ਦੋਸ਼ ਸਾਬਿਤ ਹੋਣ 'ਤੇ ਉਸ ਵਿਰੁੱਧ ਸਖ਼ਤ ਕਾਨੂੰਨੀ ਤੇ ਵਿਭਾਗੀ ਕਾਰਵਾਈ ਕੀਤੀ ਜਾਵੇ।ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪ੍ਰਸ਼ਾਸਨ ਨੇ ਜਲਦ ਇਸ ਮਾਮਲੇ ਵਿੱਚ ਕੋਈ ਠੋਸ ਕਾਰਵਾਈ ਨਾ ਕੀਤੀ ਤਾਂ ਸਬੰਧਤ ਪੁਲਸ ਅਧਿਕਾਰੀਆਂ ਤੇ ਪ੍ਰਸ਼ਾਸਨ ਵਿਰੁੱਧ ਘਿਰਾਓ ਸਮੇਤ ਤਿੱਖੇ ਸੰਘਰਸ਼ ਦੀ ਰੂਪ-ਰੇਖਾ ਉਲੀਕੀ ਜਾਵੇਗੀ, ਜਿਸ ਦੀ ਸਾਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਅਨੁਸ਼ਾਸਨੀ ਕਮੇਟੀ ਮੈਂਬਰ ਹਰਜੀਤ ਸਿੰਘ ਮਨਾਵਾਂ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸੁਖਦੇਵ ਸਿੰਘ ਚੋਟੀਆਂ ਖੁਰਦ, ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ ਆਦਿ ਹਾਜ਼ਰ ਸਨ।

ਹਰਸਿਮਰਤ ਵੱਲੋਂ 16 ਨੂੰ ਜਗਰਾਉਂ 'ਚ 'ਮਾਵਾਂ-ਧੀਆਂ ਦੀ ਲਲਕਾਰ' ਰੈਲੀ

ਪਿੰਡ-ਪਿੰਡ ਰੈਲੀ ਲਈ ਦਿੱਤਾ ਸੱਦਾ, ਸਬ-ਅਰਬਨ ਸਰਕਲ ਦੇ ਪਿੰਡਾਂ 'ਚ ਵਰਕਰਾਂ ਤੇ ਬੀਬੀਆਂ 'ਚ ਭਾਰੀ ਉਤਸ਼ਾਹ

ਜਗਰਾਉਂ (ਸੰਜੀਵ ਅਰੋੜਾ)

ਸ਼੍ਰੋਮਣੀ ਅਕਾਲੀ ਦਲ ਵੱਲੋਂ 16 ਨਵੰਬਰ ਨੂੰ ਜਗਰਾਉਂ ਵਿਖੇ ਕਰਵਾਈ ਜਾ ਰਹੀ 'ਮਾਵਾਂ-ਧੀਆਂ ਦੀ ਲਲਕਾਰ' ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਹਲਕਾ ਜਗਰਾਉਂ ਵਿੱਚ ਪਾਰਟੀ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਹਰਸਿਮਰਤ ਕੌਰ ਬਾਦਲ ਦੀ ਸ਼ਮੂਲੀਅਤ ਵਾਲੀ ਇਸ ਰੈਲੀ ਨੂੰ ਲੈ ਕੇ ਪਿੰਡ-ਪਿੰਡ ਬੀਬੀਆਂ ਤੇ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਇਸੇ ਤਹਿਤ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਸ. ਐੱਸ. ਆਰ. ਕਲੇਰ ਸਾਬਕਾ ਵਿਧਾਇਕ ਤੇ ਮੈਡਮ ਰਣਵੀਰ ਕੌਰ ਕਲੇਰ ਵੱਲੋਂ ਸਬ-ਅਰਬਨ ਸਰਕਲ ਜਗਰਾਉਂ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ। ਇਹ ਦੌਰਾ ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ ਦੀ ਅਗਵਾਈ ਹੇਠ ਕੀਤਾ ਗਿਆ। ਇਸ ਦੌਰਾਨ ਐੱਸ. ਆਰ. ਕਲੇਰ ਤੇ ਮੈਡਮ ਰਣਵੀਰ ਕੌਰ ਕਲੇਰ ਵੱਲੋਂ ਪਾਰਟੀ ਵਰਕਰਾਂ, ਅਹੁਦੇਦਾਰਾਂ ਤੇ ਬੀਬੀਆਂ ਨਾਲ ਰਾਬਤਾ ਕਰਦਿਆਂ 16 ਨਵੰਬਰ ਨੂੰ ਹੋਣ ਵਾਲੀ ਰੈਲੀ ਸਬੰਧੀ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਵੱਲੋਂ ਸਮੂਹ ਬੀਬੀਆਂ ਤੇ ਪਾਰਟੀ ਵਰਕਰਾਂ ਨੂੰ 16 ਨਵੰਬਰ ਨੂੰ ਸਨੇਮੌਨ ਹੋਟਲ ਲੁਧਿਆਣਾ ਰੋਡ ਜਗਰਾਉਂ ਵਿਖੇ ਸਵੇਰੇ 11 ਵਜੇ ਹੋਣ ਵਾਲੀ 'ਮਾਵਾਂ-ਧੀਆਂ ਦੀ ਲਲਕਾਰ' ਰੈਲੀ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚਣ ਦਾ ਸੱਦਾ ਦਿੱਤਾ ਗਿਆ। ਇਸ ਮੌਕੇ ਆਗੂਆਂ ਨੇ ਕਿਹਾ ਕਿ ਬੀਬਾ ਹਰਸਿਮਰਤ ਕੌਰ ਬਾਦਲ ਦੀ ਜਗਰਾਉਂ ਫੇਰੀ ਨੂੰ ਲੈ ਕੇ ਹਲਕੇ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਹੈ। ਪਿੰਡਾਂ ਵਿੱਚ ਬੀਬੀਆਂ ਵੱਲੋਂ ਮਿਲ ਰਿਹਾ ਪਿਆਰ ਤੇ ਭਰਵਾਂ ਹੁੰਗਾਰਾ ਇਹ ਦਰਸਾਉਂਦਾ ਹੈ ਕਿ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਮਹਿਲਾਵਾਂ ਸ਼ਮੂਲੀਅਤ ਕਰਨਗੀਆਂ। ਮੈਡਮ ਰਣਵੀਰ ਕੌਰ ਕਲੇਰ ਨੇ ਕਿਹਾ ਕਿ 'ਮਾਵਾਂ-ਧੀਆਂ ਦੀ ਲਲਕਾਰ' ਰੈਲੀ ਮਹਿਲਾ ਵਰਗ ਦੀ ਆਵਾਜ਼ ਨੂੰ ਹੋਰ ਮਜ਼ਬੂਤੀ ਨਾਲ ਉਭਾਰਨ ਦਾ ਮੰਚ ਬਣੇਗੀ। ਉਨ੍ਹਾਂ ਕਿਹਾ ਕਿ ਬੀਬਾ ਹਰਸਿਮਰਤ ਕੌਰ ਬਾਦਲ ਵੱਲੋਂ ਰੈਲੀ ਦੌਰਾਨ ਮਹਿਲਾਵਾਂ ਨਾਲ ਸਿੱਧਾ ਸੰਵਾਦ ਕਰਕੇ ਉਨ੍ਹਾਂ ਦੇ ਮੁੱਦਿਆਂ ਤੇ ਹੱਕਾਂ ਬਾਰੇ ਆਪਣੀ ਗੱਲ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਹਲਕਾ ਜਗਰਾਉਂ ਦੇ ਹਰ ਪਿੰਡ ਤੋਂ ਬੀਬੀਆਂ ਦੀ ਵੱਡੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਪਾਰਟੀ ਦੇ ਅਹੁਦੇਦਾਰਾਂ ਤੇ ਵਰਕਰਾਂ ਵੱਲੋਂ ਘਰ-ਘਰ ਸੰਪਰਕ ਕੀਤਾ ਜਾ ਰਿਹਾ ਹੈ। ਉਨ੍ਹਾਂ ਸਮੂਹ ਬੀਬੀਆਂ ਨੂੰ ਅਪੀਲ ਕੀਤੀ ਕਿ ਉਹ 16 ਨਵੰਬਰ ਨੂੰ ਸਨੇਮੌਨ ਹੋਟਲ, ਲੁਧਿਆਣਾ ਰੋਡ, ਜਗਰਾਉਂ ਵਿਖੇ ਸਵੇਰੇ 11 ਵਜੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਰੈਲੀ ਨੂੰ ਸਫ਼ਲ ਬਣਾਉਣ ਇਸ ਮੌਕੇ ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਇਸਤਰੀ ਵਿੰਗ ਹਲਕਾ ਪ੍ਰਧਾਨ ਬੀਬੀ ਸਤਪਾਲ ਕੌਰ ਗਰੇਵਾਲ, ਬਲਰਾਜ ਸਿੰਘ ਗਰੇਵਾਲ, ਜਗਰੂਪ ਸਿੰਘ ਕੋਠੇ ਅੱਠ ਚੱਕ ਤੇ ਪਾਰਟੀ ਦੇ ਅਹੁਦੇਦਾਰ, ਆਗੂ ਤੇ ਵਰਕਰ ਹਾਜ਼ਰ ਸਨ।



ਸੁਖਬੀਰ ਨੇ ਵਪਾਰੀਆਂ ਨਾਲ ਕੀਤੀ ਮੀਟਿੰਗ

ਰੋਜ਼ੀ ਬਰਕੰਦੀ ਦੀ ਅਗਵਾਈ 'ਚ ਹੋਇਆ ਪ੍ਰੋਗਰਾਮ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਸ੍ਰੀ ਮੁਕਤਸਰ ਸਾਹਿਬ ਵਿਖੇ ਪਹੁੰਚ ਕੇ ਵਪਾਰੀਆਂ ਦੀਆਂ ਮੰਗਾਂ ਨੂੰ ਜਾਣਨ ਤੇ ਮੁਸ਼ਕਲਾਂ ਨੂੰ ਸੁਣਨ ਲਈ ਬਾਜ਼ਾਰ ਵਿੱਚ ਪ੍ਰੋਗਰਾਮ ਰੱਖਿਆ ਗਿਆ, ਜਿਸ ਦੀ ਅਗਵਾਈ ਸਾਬਕਾ ਵਿਧਾਇਕ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਵੱਲੋਂ ਕੀਤੀ ਗਈ।ਇਸ ਵਿੱਚ ਵਪਾਰ ਮੰਡਲ ਤੋਂ ਇਲਾਵਾ ਵੱਖ-ਵੱਖ ਟ੍ਰੇਡ ਜਥੇਬੰਦੀਆਂ ਸ਼ਾਮਲ ਹੋਈਆਂ।ਇਸ ਮੌਕੇ ਇੰਦਰਜੀਤ ਬਾਂਸਲ ਪ੍ਰਧਾਨ ਵਪਾਰ ਮੰਡਲ ਤੇ ਦਵਿੰਦਰ ਰਾਜ ਦੇ ਵੱਲੋਂ ਵਪਾਰੀਆਂ ਦੁਕਾਨਦਾਰਾਂ ਤੇ ਹੋਰ ਕਾਰੋਬਾਰ ਕਰਨ ਵਾਲਿਆਂ ਦੀਆਂ ਮੰਗਾਂ ਨੂੰ ਸੁਖਬੀਰ ਸਿੰਘ ਬਾਦਲ ਦੇ ਧਿਆਨ ਵਿੱਚ ਲਿਆਂਦਾ ਗਿਆ।ਇਸ ਤੋਂ ਇਲਾਵਾ ਪੰਡਾਲ ਵਿੱਚ ਮੌਜੂਦ ਦੁਕਾਨਦਾਰਾਂ ਤੇ ਹੋਰ ਕਾਰੋਬਾਰ ਮਾਲਕਾਂ ਵੱਲੋਂ ਵੀ ਮਾਈਕ ਰਾਹੀਂ ਆਪਣੀਆਂ ਮੁਸ਼ਕਲਾਂ ਨੂੰ ਰੱਖਿਆ ਗਿਆ।ਇਸ ਮੌਕੇ ਬੋਲਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਤੇ ਸਾਰੀਆਂ ਮੁਸ਼ਕਲਾਂ ਦਾ ਹੱਲ ਕੀਤਾ ਜਾਵੇਗਾ ਤੇ ਮੰਗਾਂ ਨੂੰ ਪ੍ਰਵਾਨ ਕੀਤਾ ਜਾਵੇਗਾ।ਵਪਾਰੀਆਂ ਨੂੰ ਆ ਰਹੀਆਂ ਤੰਗੀਆਂ ਬਿਲਕੁਲ ਦੂਰ ਕਰ ਦਿੱਤੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਕਾਂਗਰਸ ਤੇ ਆਮ ਆਦਮੀ ਪਾਰਟੀ ਨੇ ਵਪਾਰੀਆਂ ਦੀਆਂ ਮੁਸ਼ਕਲਾਂ ਵੱਲ ਧਿਆਨ ਨਹੀਂ ਦਿੱਤਾ, ਜਿਸ ਕਰਕੇ ਮੁਸ਼ਕਲਾਂ ਵੱਧ ਗਈਆਂ ਹਨ ਤੇ ਕਾਰੋਬਾਰ 'ਤੇ ਅਸਰ ਪਿਆ ਹੈ।ਉਨ੍ਹਾਂ ਕਿਹਾ ਕਿ ਤੁਸੀਂ ਸਾਰੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਯੋਗਦਾਨ ਪਾਓ ਤੇ ਸਰਕਾਰ ਬਣਨ ਤੇ ਸਾਰੀਆਂ ਮੁਸ਼ਕਲਾਂ ਨੂੰ ਦੂਰ ਕਰ ਦਿੱਤਾ ਜਾਵੇਗਾ।ਜੀਐੱਸਟੀ ਸਮੇਤ ਹੋਰ ਜੋ ਮੁਸ਼ਕਲਾਂ ਹਨ, ਉਸ ਦਾ ਹੱਲ ਕੱਢਿਆ ਜਾਵੇਗਾ।ਇਸ ਮੌਕੇ ਵਪਾਰ ਵੰਡਲ ਵੱਲੋਂ ਸੁਖਬੀਰ ਸਿੰਘ ਬਾਦਲ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਕਸ਼ਮੀਰ ਸਿੰਘ ਕੱਪੜੇ ਵਾਲੇ, ਬੰਟੀ ਖੇੜਾ, ਮਨਜਿੰਦਰ ਸਿੰਘ ਬਿੱਟੂ, ਜਗਜੀਤ ਸਿੰਘ ਬਰਾੜ ਹਣੀ, ਬਿੰਦਰ ਗੋਨਿਆਣਾ, ਪੱਪੂ ਕੁਮਾਰ ਅਹੂਜਾ, ਭਾਰਤ ਭੂਸ਼ਣ, ਹਰਬਲਾਸ ਸਿੰਘ, ਪਰਮਵੀਰ ਸਿੰਘ, ਸੁਨੀਲ ਬਾਂਸਲ, ਸੌਰਵ ਰਾਜਦੇਵ, ਜੈ ਗੋਪਾਲ, ਮਨੋਹਰ ਸਿੰਘ, ਰਹਾਉਲ ਸੱਚਦੇਵਾ, ਕਾਲਾ ਧੂੜੀਆ, ਟੇਕ ਚੰਦ ਬੱਤਰਾ ਆਦਿ ਹਾਜ਼ਰ ਸਨ।

ਮਹੇਸਰੀ ਦੀ ਕੋਆਪ੍ਰੇਟਿਵ ਸੁਸਾਇਟੀ 'ਚ ਹੋਈ ਗੜਬੜੀ ਦੀ ਸਰਕਾਰ ਕਰੇ ਉੱਚ ਪੱਧਰੀ ਜਾਂਚ : ਤੇਜਾ ਸਿੰਘ, ਬਲਦੇਵ ਸਿੰਘ

ਗਬਨ ਦੀ ਵਸੂਲੀ ਸਰਕਾਰ ਅਧਿਕਾਰੀਆਂ ਪਾਸੋਂ ਕਰੇ : ਸੁਖਜਿੰਦਰ ਮਹੇਸਰੀ



ਮੋਗਾ (ਇਕਬਾਲ ਸਿੰਘ ਖਹਿਰਾ)-ਪਿੰਡ ਮਹੇਸਰੀ ਦੇ ਕਿਸਾਨਾਂ ਨੇ ਪਿੰਡ ਦੀ ਕੋਆਪ੍ਰੇਟਿਵ ਸੁਸਾਇਟੀ ਦੇ ਅਧਿਕਾਰੀਆਂ ਉੱਤੇ ਸੁਸਾਇਟੀ ਦੇ ਲੈਣ ਦੇਣ ਵਿੱਚ ਕਥਿਤ ਗਬਨ ਦੇ ਦੋਸ਼ ਲਗਾਏ ਹਨ। ਅੱਜ ਕੋਆਪ੍ਰੇਟਿਵ ਸੁਸਾਇਟੀ ਵਿੱਚ ਕਿਸਾਨਾਂ ਨੇ ਇਕੱਠੇ ਹੋ ਕੇ ਕਿਹਾ ਕਿ ਪਿੰਡ ਦੇ ਵੱਡੀ ਗਿਣਤੀ ਵਿੱਚ ਕਿਸਾਨਾਂ ਨੂੰ ਉਨ੍ਹਾਂ ਵੱਲੋਂ ਪੰਦਰਾਂ, ਵੀਹ, ਤੀਹ ਸਾਲ ਪਹਿਲਾਂ ਮੋੜੇ ਗਏ ਕਰਜ਼ਿਆਂ ਦੀ ਦੁਬਾਰਾ ਵਸੂਲੀ ਦੇ ਨੋਟਿਸ ਕੱਢੇ ਜਾ ਰਹੇ ਹਨ।ਅੱਜ ਇੱਥੇ ਇਕੱਠੇ ਹੋਏ ਕਿਸਾਨ ਤੇਜਾ ਸਿੰਘ, ਬਲਦੇਵ ਸਿੰਘ, ਪਰਮਜੀਤ ਸਿੰਘ ਪੰਮਾ ਤੇ ਸੁਖਜਿੰਦਰ ਮਹੇਸਰੀ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਸੁਸਾਇਟੀ ਦੇ ਹਿਸਾਬ ਕਿਤਾਬ ਵਿੱਚ ਵੱਡੇ ਪੱਧਰ ਉੱਤੇ ਗੜਬੜੀ ਦਾ ਖ਼ਦਸ਼ਾ ਹੈ।ਉਨ੍ਹਾਂ ਕਿਹਾ ਕਿ ਅਸੀਂ ਇਸ ਸਬੰਧੀ ਡਿਪਟੀ ਰਜਿਸਟਰਾਰ ਨੂੰ ਦਰਖ਼ਾਸਤ ਦੇ ਕੇ ਇਸ ਦੀ ਪੜਤਾਲ ਕਰਨ ਲਈ ਵੀ ਕਿਹਾ ਹੈ, ਪਰ ਅਜੇ ਤੱਕ ਕੋਈ ਕਾਰਵਾਈ ਨਜ਼ਰ ਨਹੀਂ ਆਉਂਦੀ।ਪੜਤਾਲ ਵਿੱਚ ਸੁਸਾਇਟੀ ਦੇ ਪਿਛਲੇ ਰਿਕਾਰਡ ਨੂੰ ਚੈੱਕ ਕਰਕੇ ਵੱਡੇ ਘੁਟਾਲਿਆਂ ਨੂੰ ਲੱਭਿਆ ਜਾ ਸਕਦਾ ਹੈ।ਕਿਸਾਨਾਂ ਦਾ ਕਹਿਣਾ ਹੈ ਕਿ ਸੁਸਾਇਟੀ ਦੇ ਅਧਿਕਾਰੀ ਆਪਣੇ ਭ੍ਰਿਸ਼ਟ ਕੰਮਾਂ ਉੱਤੇ ਪਰਦਾ ਪਾਉਣ ਲਈ, ਉਲਟਾ ਨੋਟਿਸ ਕਿਸਾਨਾਂ ਨੂੰ ਭੇਜ ਰਹੇ ਹਨ।ਚਾਹੀਦਾ ਤਾਂ ਇਹ ਹੈ ਕਿ ਕੋਆਪ੍ਰੇਟਿਵ ਸੁਸਾਇਟੀ ਦੇ ਗਬਨ ਦੀ ਵਸੂਲੀ ਉਨ੍ਹਾਂ ਅਧਿਕਾਰੀਆਂ ਤੋਂ ਕੀਤੀ ਜਾਵੇ, ਜੋ ਇਸ ਦੇ ਜ਼ਿੰਮੇਵਾਰ ਹਨ।ਕਿਸਾਨਾਂ ਨੇ ਮੰਗ ਕੀਤੀ ਕੇ ਪਿਛਲੇ ਤੀਹ ਸਾਲਾਂ ਵਿੱਚ ਸੁਸਾਇਟੀ ਨਾਲ ਸਬੰਧਤ ਰਹੇ ਅਧਿਕਾਰੀਆਂ ਦੀ ਜਾਇਦਾਦ ਤੁਰੰਤ ਸੀਜ਼ ਕੀਤੀ ਜਾਵੇ ਤੇ ਜਿਹੜਾ ਜਿੰਨਾ ਇਸ ਦਾ ਕਸੂਰਵਾਰ ਹੈ, ਉਸ ਤੋਂ ਵਸੂਲੀ ਕੀਤੀ ਜਾਵੇ।


ਇਕੱਠੇ ਹੋਏ ਕਿਸਾਨਾਂ ਨੇ ਇਹ ਵੀ ਕਿਹਾ ਕਿ ਸੁਸਾਇਟੀ ਨੂੰ ਚੂਨਾ ਲਾਉਣ ਵਾਲੇ ਅਧਿਕਾਰੀਆਂ ਵਿਰੁੱਧ ਅਗਰ ਜਲਦੀ ਕਾਰਵਾਈ ਨਹੀਂ ਹੁੰਦੀ ਤਾਂ ਉਹ ਭ੍ਰਿਸ਼ਟ ਅਧਿਕਾਰੀਆਂ ਨੂੰ ਪਿੰਡ ਵਿੱਚ ਸਨਮਾਨਤ ਕਰਕੇ ਦੱਸਣਗੇ ਤੇ ਪੰਜਾਬ ਦੇ ਸਹਿਕਾਰੀ ਅਦਾਰਿਆਂ ਦਾ ਭੱਠਾ ਬਿਠਾਉਣ ਵਾਲਿਆਂ ਪ੍ਰਤੀ ਸਰਕਾਰ ਤੇ ਪ੍ਰਸ਼ਾਸਨ ਦਿਆਲੂ ਹੈ ਤੇ ਗਬਨ ਕਰਨ ਵਾਲਿਆਂ ਨੂੰ ਸਨਮਾਨ ਦੇਣ ਲਈ ਲੋਕ ਮਜਬੂਰ ਹਨ।ਇਸ ਮੌਕੇ ਕੇਵਲ ਸਿੰਘ ਖ਼ਾਲਸਾ, ਗੁਰਦੌਰ ਸਿੰਘ, ਗੁਰਵਿੰਦਰ ਸਿੰਘ, ਜਸਵੰਤ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਬਲਜੀਤ ਸਿੰਘ ਆਦਿ ਹਾਜ਼ਰ ਸਨ।

ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਸਿਟੀ ਮੋਗਾ ਦੀ ਮੀਟਿੰਗ



ਮੋਗਾ (ਇਕਬਾਲ ਸਿੰਘ ਖਹਿਰਾ)-ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਐਂਡ ਟਰਾਂਸਕੋ ਸਿਟੀ ਮੰਡਲ ਮੋਗਾ ਦੀ ਮਹੀਨਾਵਾਰ ਜਨਰਲ ਮੀਟਿੰਗ ਸਾਥੀ ਬਲੌਰ ਸਿੰਘ ਪ੍ਰਧਾਨ ਦੀ ਪ੍ਰਧਾਨਗੀ ਹੇਠ ਰੈਸਟ ਹਾਊਸ ਮੋਗਾ ਵਿਖੇ ਹੋਈ, ਜਿਸ ਵਿੱਚ ਪੈਨਸ਼ਨਰਜ਼ ਸਾਥੀਆਂ ਵੱਲੋਂ ਭਰਵੀ ਸ਼ਮੂਲੀਅਤ ਕੀਤੀ ਗਈ। ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦੇ ਹੋਏ ਸਾਥੀ ਬਲਵਿੰਦਰ ਸਿੰਘ ਦਾਤੇਵਾਲ ਸਕੱਤਰ ਸਿਟੀ ਮੋਗਾ ਨੇ ਮੁਲਾਜ਼ਮ ਤੇ ਪੈਨਸ਼ਨਰ ਸਾਥੀਆਂ ਦੀਆਂ ਜਾਇਜ਼ ਮੰਗਾਂ ਲਈ ਪੰਜਾਬ ਸਰਕਾਰ ਵਿਰੁਧ ਚੱਲ ਰਹੇ ਸੰਘਰਸ਼ ਸਬੰਧੀ ਜਾਣਕਾਰੀ ਸਾਂਝੀ ਕੀਤੀ ਤੇ ਪੈਨਸ਼ਨ ਦਿਵਸ ਮਨਾਉਣ ਲਈ ਵਿਚਾਰ ਚਰਚਾ ਕੀਤੀ। ਸਾਥੀ ਬਲੌਰ ਸਿੰਘ ਪ੍ਰਧਾਨ, ਸਾਥੀ ਜਗੀਰ ਸਿੰਘ ਸਰਪ੍ਰਸਤ ਨੇ ਸਾਥੀਆਂ ਨਾਲ ਆਪਣੀਆਂ ਹੱਕੀ ਮੰਗਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਤੇ ਦੱਸਿਆ ਕਿ ਪਿਛਲੇ ਸਮੇਂ ਵਿੱਚ ਮਾਣਯੋਗ ਹਾਈਕੋਰਟ ਨੇ ਪੰਜਾਬ ਦੇ ਸਮੁੱਚੇ ਮੁਲਾਜ਼ਮ ਤੇ ਪੈਨਸ਼ਨਰ ਨੂੰ ਡੀ ਏ ਦੀਆਂ ਬਕਾਇਆ ਕਿਸ਼ਤਾਂ ਤੇ ਏਰੀਆ ਦੇਣ ਲਈ ਹੁਕਮ ਜਾਰੀ ਕੀਤਾ ਸੀ, ਪਰ ਸਰਕਾਰ ਵੱਲੋਂ ਉਸ ਹੁਕਮ ਨੂੰ ਛਿੱਕੇ ਟੰਗਦੇ ਹੋਏ ਆਪਣੇ ਤੌਰ 'ਤੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਮਹਿੰਗਾਈ ਭੱਤੇ ਦੀ 8% ਕਿਸ਼ਤ ਜਾਰੀ ਕਰ ਦਿੱਤੀ, ਜਿਸ ਨੂੰ ਸਾਂਝੀ ਤਾਲਮੇਲ ਕਮੇਟੀ ਵੱਲੋਂ ਰੱਦ ਕੀਤਾ ਗਿਆ ਅਤੇ ਮੰਗ ਕੀਤੀ ਗਈ ਕਿ ਮਾਨਯੋਗ ਹਾਈਕੋਰਟ ਦੇ ਫੈਸਲੇ ਨੂੰ ਲਾਗੂ ਕਰਦੇ ਹੋਏ ਮਹਿੰਗਾਈ ਭੱਤੇ ਦੀਆਂ ਸਾਰੀਆਂ ਕਿਸ਼ਤਾਂ ਤੇ ਏਰੀਆਰ ਜਾਰੀ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ, ਪੈਨਸ਼ਨਰਜ਼ ਦੀ ਪੈਨਸ਼ਨ 2.59 ਦਾ ਫੈਕਟਰ ਲਾ ਕੇ ਸੋਧੀ ਜਾਵੇ, ਆਊਟਸੋਰਸ ਭਰਤੀ ਬੰਦ ਕੀਤੀ ਜਾਵੇ, 17-7-2020 ਦਾ ਨੋਟੀਫਿਕੇਸ਼ਨ ਰੱਦ ਕੀਤਾ ਜਾਵੇ। ਸਾਥੀ ਪ੍ਰਗਟ ਸਿੰਘ, ਸਾਥੀ ਰਣਜੀਤ ਸਿੰਘ, ਸਾਥੀ ਰੇਸ਼ਮ ਸਿੰਘ ਨੇ ਦੱਸਿਆ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਸਾਂਝੀ ਤਾਲਮੇਲ ਕਮੇਟੀ ਨਾਲ ਮੀਟਿੰਗ ਕਰਕੇ ਉਪਰੋਕਤ ਮੰਗਾਂ ਸਬੰਧੀ ਕੋਈ ਸਾਰਥਕ ਹੱਲ ਨਾ ਕੱਢਿਆ ਤਾਂ ਸਾਂਝੀ ਤਾਲਮੇਲ ਕਮੇਟੀ ਵੱਲੋਂ ਦਿੱਤੇ ਸੰਘਰਸ਼ ਪ੍ਰੋਗਰਾਮ ਮੁਤਾਬਕ 13 ਨਵੰਬਰ ਤੋਂ 19 ਨਵੰਬਰ ਤੱਕ ਸੰਗਰੂਰ ਵਿਖੇ ਦਿਨ ਰਾਤ ਦਾ ਪੱਕਾ ਧਰਨਾ ਦਿੱਤਾ ਜਾਵੇਗਾ। ਇੱਕ ਦਸੰਬਰ ਤੋਂ ਪੰਜ ਦਸੰਬਰ ਤੱਕ ਆਪ ਸਰਕਾਰ ਦੇ ਵਿਧਾਇਕਾਂ ਦੇ ਪੁਤਲੇ ਫੂਕੇ ਜਾਣਗੇ ਅਤੇ 6 ਦਸੰਬਰ ਨੂੰ ਪੰਜਾਬ ਦੇ ਸਮੂਹ ਮੁਲਾਜ਼ਮ ਤੇ ਪੈਨਸ਼ਨ ਫੂਕੇ ਪੁਤਲਿਆਂ ਦੀ ਰਾਖ ਨੂੰ ਲੁਧਿਆਣਾ ਵਿਖੇ ਬੁੱਢੇ ਨਾਲੇ ਵਿੱਚ ਪਾਉਣਗੇ ਅਤੇ 13 ਦਸੰਬਰ ਨੂੰ ਸ਼ੰਭੂ ਬਾਰਡਰ ਤੋਂ ਲੈ ਕੇ ਵਾਘਾ ਬਾਰਡਰ ਤੱਕ 250 ਕਿਲੋਮੀਟਰ ਤੱਕ ਪੰਜਾਬ ਦੇ ਸਮੂਹ ਮੁਲਾਜ਼ਮ ਤੇ ਪੈਨਸ਼ਨਰਾਂ ਵੱਲੋਂ ਮਨੁੱਖੀ ਕੜੀ ਬਣਾਈ ਜਾਵੇਗੀ। ਸਾਥੀ ਕੁਲਦੀਪ ਕੁਮਾਰ, ਸਾਥੀ ਪਿਆਰਾ ਸਿੰਘ, ਸਾਥੀ ਜਗਰਾਜ ਸਿੰਘ ਦੱਸਿਆ ਕਿ ਸਿਟੀ ਮੰਡਲ ਮੋਗਾ ਦੇ ਪੈਨਸ਼ਨ ਸਾਥੀਆਂ ਵੱਲੋਂ ਦਿੱਤੇ ਗਏ ਸੰਘਰਸ਼ ਪ੍ਰੋਗਰਾਮ ਵਿੱਚ ਪੂਰੀ ਦ੍ਰਿੜਤਾ ਨਾਲ ਸ਼ਮੂਲੀਅਤ ਕੀਤੀ ਜਾਵੇਗੀ। ਮੀਟਿੰਗ ਵਿੱਚ ਸਾਥੀ ਲਖਬੀਰ ਸਿੰਘ ਸਾਥੀ, ਪ੍ਰੀਤਮ ਸਿੰਘ, ਤਰਸੇਮ ਲਾਲ, ਦਲੀਪ ਸਿੰਘ, ਸਵਰਨ ਸਿੰਘ, ਛਿੰਦਰ ਪਾਲ ਕੌਰ, ਪਰਵਿੰਦਰ ਕੌਰ ਤੇ ਹੋਰ ਫੈਮਿਲੀ ਪੈਨਸ਼ਨਰਜ਼ ਨੇ ਸ਼ਮੂਲੀਅਤ ਕੀਤੀ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਅੰਤਰ-ਜਮਾਤੀ ਮੂਟ ਕੋਰਟ ਮੁਕਾਬਲੇ ਕਰਵਾਏ



ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਦੇ ਯੂਨੀਵਰਸਿਟੀ ਸਕੂਲ ਆਫ਼ ਲਾਅ ਵੱਲੋਂ ਦੂਜੇ ਅੰਤਰ-ਜਮਾਤੀ ਮੂਟ ਕੋਰਟ ਮੁਕਾਬਲੇ-2026 ਦਾ ਦੋ ਰੋਜ਼ਾ ਆਯੋਜਨ ਕੀਤਾ ਗਿਆ।ਇਸ ਦਾ ਉਦੇਸ਼ ਵਿਦਿਆਰਥੀਆਂ ਨੂੰ ਅਦਾਲਤੀ ਕਾਰਵਾਈ, ਕਾਨੂੰਨੀ ਤਰਕ, ਵਕਾਲਤੀ ਹੁਨਰ ਤੇ ਪੇਸ਼ੇਵਰ ਨੈਤਿਕਤਾ ਦਾ ਵਿਹਾਰਕ ਅਨੁਭਵ ਪ੍ਰਦਾਨ ਕਰਨਾ ਸੀ।ਮੁਕਾਬਲੇ ਵਿੱਚ ਦਸ ਟੀਮਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਛੇ ਟੀਮਾਂ ਕੁਆਰਟਰ ਫਾਈਨਲ, ਚਾਰ ਟੀਮਾਂ ਸੈਮੀਫਾਈਨਲ ਤੇ ਦੋ ਬਿਹਤਰੀਨ ਟੀਮਾਂ ਫਾਈਨਲ ਗੇੜ ਵਿੱਚ ਪਹੁੰਚੀਆਂ।ਇਹ ਮੁਕਾਬਲਾ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਦੀ ਸਰਪ੍ਰਸਤੀ ਤੇ ਯੂਨੀਵਰਸਿਟੀ ਸਕੂਲ ਆਫ਼ ਲਾਅ ਦੇ ਡੀਨ ਅਤੇ ਮੁਖੀ ਪ੍ਰੋ. (ਡਾ.) ਸੱਤਿਆਪਾਲ ਸਿੰਘ ਸਲੂਜਾ ਦੀ ਅਗਵਾਈ ਹੇਠ ਕਰਵਾਇਆ ਗਿਆ।ਫਾਈਨਲ ਮੁਕਾਬਲਿਆਂ ਲਈ ਐਡਵੋਕੇਟ ਅਮਰਜੀਤ ਸਿੰਘ ਚੀਮਾ ਜ਼ਿਲ੍ਹਾ ਤੇ ਸੈਸ਼ਨ ਅਦਾਲਤ ਫਤਹਿਗੜ੍ਹ ਸਾਹਿਬ, ਐਡਵੋਕੇਟ ਪੰਕਜ ਰਹੇਜਾ ਤੇ ਐਡਵੋਕੇਟ ਗੁਰਜੋਤ ਸਿੰਘ ਨੇ ਜੱਜਾਂ ਵਜੋਂ ਭੂਮਿਕਾ ਨਿਭਾਈ।ਬੀ.ਏ., ਐੱਲ.ਐੱਲ.ਬੀ. (ਆਨਰਜ਼) ਸਮੈਸਟਰ ਪਹਿਲਾ ਦੀ ਜੇਤੂ ਟੀਮ ਯੂ ਐੱਸ ਓ ਐੱਲ 101 ਵਿੱਚ ਸਹਿਜਵੀਰ ਕੌਰ, ਸਮਨਪ੍ਰੀਤ ਕੌਰ ਤੇ ਸਿਮਰਨਜੋਤ ਕੌਰ ਸ਼ਾਮਲ ਸਨ।ਯੂਐੱਸਓਐੱਲ 104 ਦੀ ਟੀਮ, ਜਿਸ ਵਿੱਚ ਸ਼ਵਨ ਕੁਮਾਰ, ਰਮਨਜੋਤ ਕੌਰ ਤੇ ਨਵਪ੍ਰੀਤ ਕੌਰ ਸ਼ਾਮਲ ਸਨ, ਨੇ ਬੈਸਟ ਮੈਮੋਰੀਅਲ ਪੁਰਸਕਾਰ ਪ੍ਰਾਪਤ ਕੀਤਾ।ਬੀ.ਏ., ਐੱਲ.ਐੱਲ.ਬੀ. ਸਮੈਸਟਰ ਪੰਜਵਾਂ ਦੀ ਪ੍ਰਨੀਤ ਕੌਰ ਨੂੰ ਬੈਸਟ ਸਪੀਕਰ ਤੇ ਅਮਨਦੀਪ ਸਿੰਘ ਨੂੰ ਬੈਸਟ ਰਿਸਰਚਰ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ।ਇਸ ਮੁਕਾਬਲੇ ਦੇ ਕਨਵੀਨਰ ਡਾ. ਨਵਨੀਤ ਕੌਰ ਸਨ, ਜਦਕਿ ਡਾ. ਮੋਹਲੀਨ ਕੌਰ ਤੇ ਮਿਸ ਸਾਬੀਆ ਨੇ ਕੋਆਰਡੀਨੇਟਰ ਵਜੋਂ ਭੂਮਿਕਾ ਨਿਭਾਈ।ਅੰਤ ਵਿੱਚ ਜੱਜਾਂ, ਭਾਗੀਦਾਰਾਂ ਤੇ ਅਧਿਆਪਕਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ ਗਈ।

ਹਲਕਾ ਸ਼ੁਤਰਾਣਾ 'ਚ ਛਾਪੇਮਾਰੀ ਨੂੰ ਲੈ ਕੇ ਸਿਆਸਤ ਤੇਜ਼

ਜਥੇਦਾਰ ਹਰਿਆਊ ਵੱਲੋਂ ਡੀ ਟੀ ਓ ਕਰਨ ਸਿੰਘ ਦੇ ਇਲਜ਼ਾਮਾਂ ਦਾ ਠੋਕਵਾਂ ਜਵਾਬ



ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)

ਸ਼੍ਰੋਮਣੀ ਅਕਾਲੀ ਦਲ ਦੀ ਟਿਕਟ ਜਿੱਤ ਕੇ ਜ਼ਿਲ੍ਹਾ ਪ੍ਰੀਸ਼ਦ ਪਟਿਆਲਾ ਦੇ ਮੈਂਬਰ ਬਣੇ ਬੀਬੀ ਗੁਰਜੀਤ ਕੌਰ ਦੇ ਸਪੁੱਤਰ ਤੇ ਅਕਾਲੀ ਦਲ ਯੂਥ ਵਿੰਗ ਦੇ ਕੌਮੀ ਮੀਤ ਪ੍ਰਧਾਨ ਬਚਿੱਤਰ ਸਿੰਘ ਵੜੈਚ ਦੇ ਕਾਰੋਬਾਰਾਂ ਉੱਤੇ ਹੋਈ ਛਾਪੇਮਾਰੀ ਨੂੰ ਲੈ ਕੇ ਅਕਾਲੀ ਦਲ ਵੱਲੋਂ ਹਲਕਾ ਸ਼ੁਤਰਾਣਾ ਦੀ ਸਾਬਕਾ ਵਿਧਾਇਕਾ ਬੀਬੀ ਵਨਿੰਦਰ ਕੌਰ ਲੂੰਬਾ ਦੇ ਪਤੀ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਡੀਟੀਓ ਕਰਨ ਸਿੰਘ ਉਤੇ ਛਾਪੇਮਾਰੀ ਕਰਵਾਉਣ ਦੇ ਲਗਾਏ ਗਏ ਇਲਜ਼ਾਮਾਂ ਨੂੰ ਲੈ ਕੇ ਡੀਟੀਓ ਕਰਨ ਸਿੰਘ ਵੱਲੋਂ ਕੀਤੀ ਗਈ ਪ੍ਰੈੱਸ ਕਾਨਫਰੰਸ ਵਿੱਚ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ ਦੇ ਪਰਵਾਰ 'ਤੇ ਗੰਭੀਰ ਇਲਜ਼ਾਮ ਲਗਾਏ ਸਨ।ਦੋਵਾਂ ਧੜਿਆਂ ਵੱਲੋਂ ਇੱਕ ਦੂਜੇ ਵਿਰੁੱਧ ਕੀਤੀ ਗਈ ਸਿਆਸੀ ਇਲਜ਼ਾਮਬਾਜ਼ੀ ਨੂੰ ਲੈ ਕੇ ਹਲਕਾ ਸ਼ੁਤਰਾਣਾ ਦੀ ਸਿਆਸਤ ਵਿੱਚ ਆਈ ਗਰਮੀ ਦੇ ਚੱਲਦਿਆਂ ਸੋਮਵਾਰ ਨੂੰ ਜਥੇਦਾਰ ਜਗਮੀਤ ਸਿੰਘ ਹਰਿਆਊ ਨੇ ਜਿੱਥੇ ਡੀਟੀਓ ਕਰਨ ਸਿੰਘ ਨੂੰ ਠੋਕਵੇਂ ਰੂਪ ਵਿੱਚ ਜਵਾਬ ਦਿੱਤੇ, ਉੱਥੇ ਘਟੀਆ ਰਾਜਨੀਤੀ ਦੇ ਦੋਸ਼ ਲਗਾਉਂਦਿਆਂ ਸੁਖਬੀਰ ਸਿੰਘ ਬਾਦਲ ਨੂੰ ਬਦਨਾਮ ਕਰਨ ਲਈ ਵਰਤੀਆਂ ਜਾ ਰਹੀਆਂ ਚਾਲਾਂ ਦੱਸਿਆ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ ਤੇ ਹਲਕਾ ਇੰਚਾਰਜ ਸ਼ੁਤਰਾਣਾ ਬਾਬੂ ਕਬੀਰ ਦਾਸ ਨੇ ਕਿਹਾ ਕਿ 2012 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਸ਼੍ਰੋਮਣੀ ਅਕਾਲੀ ਦਲ ਨੇ ਬੀਬੀ ਵਨਿੰਦਰ ਕੌਰ ਲੂੰਬਾ ਨੂੰ ਜਿਤਾ ਕੇ ਵਿਧਾਨ ਸਭਾ ਵਿੱਚ ਭੇਜਿਆ।ਹਲਕੇ ਦੇ ਲੋਕ ਜਾਣਦੇ ਹਨ ਕਿ ਬਤੌਰ ਵਿਧਾਇਕ ਹਲਕੇ ਵਿੱਚ ਕੌਣ ਕੰਮ ਕਰਦਾ ਸੀ।ਉਨ੍ਹਾਂ ਕਿਹਾ ਕਿ ਸਮੇਂ ਦੇ ਗੇੜ ਮੁਤਾਬਿਕ ਦੋ ਵਾਰ ਹਾਰ ਜਾਣ ਮਗਰੋਂ ਡੀਟੀਓ ਕਰਨ ਸਿੰਘ ਪਹਿਲਾਂ ਚਮਕੌਰ ਸਾਹਿਬ ਗਏ ਤੇ ਫਿਰ ਪੁਨਰ ਸੁਰਜੀਤ ਅਕਾਲੀ ਦਲ ਦੇ ਗਠਨ ਵਿੱਚ ਮੋਹਰੀ ਹੋ ਕੇ ਸੁਖਬੀਰ ਸਿੰਘ ਬਾਦਲ ਖਿਲਾਫ ਪ੍ਰਾਪੇਗੰਡਾ ਕੀਤਾ।ਉਨ੍ਹਾਂ ਕਿਹਾ ਕਿ ਪੰਜ ਮਹੀਨੇ ਪਹਿਲਾਂ ਆਮ ਆਦਮੀ ਪਾਰਟੀ ਵਿੱਚ ਆ ਕੇ ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਖਿਲਾਫ ਆਪਣੇ ਪ੍ਰਾਪੇਗੰਡੇ ਨੂੰ ਹੋਰ ਤੇਜ਼ ਕੀਤਾ ਹੈ।ਉਨ੍ਹਾਂ ਕਿਹਾ ਕਿ ਆਪਣੇ ਇਸ ਪੰਜ ਮਹੀਨਿਆਂ ਦੇ ਸਮੇਂ ਦੌਰਾਨ ਡੀਟੀਓ ਕਰਨ ਸਿੰਘ ਨੇ ਹਲਕੇ ਵਿੱਚ ਕੀਤਾ ਇੱਕ ਵੀ ਕੰਮ ਲੋਕਾਂ ਨੂੰ ਦੱਸਣ।ਜਥੇਦਾਰ ਹਰਿਆਊ ਨੇ ਕਿਹਾ ਕਿ ਇਲਾਕੇ ਦੇ ਲੋਕ ਸਭ ਜਾਣਦੇ ਹਨ ਕਿ ਕੌਣ ਕਿਸ ਤਰ੍ਹਾਂ ਦਾ ਵਿਵਹਾਰ ਲੋਕਾਂ ਨਾਲ ਕਰਦਾ ਹੈ।

ਉਨ੍ਹਾਂ ਦਾਅਵਾ ਕੀਤਾ ਕਿ ਨਕਲੀ ਆਈਡੀਆਂ ਬਣਾ ਕੇ ਅਕਾਲੀ ਦਲ ਤੇ ਸੁਖਬੀਰ ਸਿੰਘ ਬਾਦਲ ਨੂੰ ਬਦਨਾਮ ਕਰਨ ਦੀਆਂ ਲਗਾਤਾਰ ਚਾਲਾਂ ਚੱਲੀਆਂ ਜਾ ਰਹੀਆਂ ਹਨ, ਜਿਸ ਦਾ ਪੰਜਾਬ ਦੇ ਲੋਕ ਮੂੰਹ ਤੋੜ ਜਵਾਬ ਦੇਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਯੋਜਨਾ ਬੋਰਡ ਦੇ ਸਾਬਕਾ ਚੇਅਰਮੈਨ ਮਹਿੰਦਰ ਸਿੰਘ ਲਾਲਵਾ, ਜ਼ਿਲ੍ਹਾ ਪ੍ਰੀਸ਼ਦ ਪਟਿਆਲਾ ਦੇ ਮੈਂਬਰ ਬਚਿੱਤਰ ਸਿੰਘ ਵੜੈਚ, ਪੀਏਡੀਬੀ ਪਾਤੜਾਂ ਦੇ ਸਾਬਕਾ ਚੇਅਰਮੈਨ ਗੁਰਬਚਨ ਸਿੰਘ ਮੌਲਵੀਵਾਲਾ, ਜਥੇਦਾਰ ਸੰਤੋਖ ਸਿੰਘ ਕਲਵਾਣੂ, ਪ੍ਰਿੰਸੀਪਲ ਨਿਧਾਨ ਸਿੰਘ ਜੈਖਰ, ਰਣਜੀਤ ਸਿੰਘ ਸ਼ਾਹੀ ਘੱਗਾ, ਸਰਪੰਚ ਗੱਜਣ ਸਿੰਘ ਹਰਿਆਊ ਤੇ ਅਮਨ ਘੱਗਾ ਆਦਿ ਹਾਜ਼ਰ ਸਨ।

ਸੁਖਵਿੰਦਰ ਸਿੰਘ ਸੁੱਖਾ ਦੀ ਮੁੜ ਕਾਂਗਰਸ 'ਚ ਵਾਪਸੀ

ਪਿਛਲੇ ਦਿਨੀਂ ਅਕਾਲੀ ਦਲ ਬਾਦਲ 'ਚ ਹੋ ਗਏ ਸਨ ਸ਼ਾਮਲ



ਜਲਾਲਾਬਾਦ (ਬਲਵਿੰਦਰ ਸਿੰਘ)-ਹਲਕਾ ਜਲਾਲਾਬਾਦ ਦੀ ਸਿਆਸਤ ਵਿੱਚ ਪਾਰਟੀਆਂ ਬਦਲਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ।ਇਸੇ ਕੜੀ ਤਹਿਤ ਪਿਛਲੇ ਦਿਨੀਂ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ (ਬਾਦਲ) ਵਿੱਚ ਸ਼ਾਮਲ ਹੋਏ ਸੁਖਵਿੰਦਰ ਸਿੰਘ ਸੁੱਖਾ ਮੈਂਬਰ ਪੰਚਾਇਤ ਪਿੰਡ ਪਾਲੀਵਾਲਾਂ ਨੇ ਇੱਕ ਵਾਰ ਫਿਰ ਕਾਂਗਰਸ ਪਾਰਟੀ ਵਿੱਚ ਵਾਪਸੀ ਕਰ ਲਈ ਹੈ। ਉਨ੍ਹਾਂ ਨੂੰ ਕਾਂਗਰਸ ਪਾਰਟੀ ਵਿੱਚ ਸ਼ਾਮਲ ਕਰਵਾਉਣ ਦੀ ਰਸਮ ਛਿੰਦਰ ਸਿੰਘ ਮਹਾਲਮ ਬਲਾਕ ਪ੍ਰਧਾਨ ਕਾਂਗਰਸ ਪਾਰਟੀ ਦਿਹਾਤੀ ਦੀ ਅਗਵਾਈ ਹੇਠ ਨਿਭਾਈ ਗਈ।ਇਸ ਮੌਕੇ ਛਿੰਦਰ ਸਿੰਘ ਮਹਾਲਮ ਨੇ ਕਿਹਾ ਕਿ ਸੁਖਵਿੰਦਰ ਸਿੰਘ ਸੁੱਖਾ ਨੂੰ ਪੂਰੇ ਮਾਣ-ਸਤਿਕਾਰ ਨਾਲ ਮੁੜ ਕਾਂਗਰਸ ਪਾਰਟੀ ਵਿੱਚ ਸ਼ਾਮਲ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਸੁੱਖਾ ਦੇ ਪਾਰਟੀ ਵਿੱਚ ਆਉਣ ਨਾਲ ਪਿੰਡ ਪਾਲੀਵਾਲਾਂ ਦੇ ਨਾਲ-ਨਾਲ ਆਸ-ਪਾਸ ਦੇ ਪਿੰਡਾਂ ਵਿੱਚ ਵੀ ਕਾਂਗਰਸ ਪਾਰਟੀ ਨੂੰ ਮਜ਼ਬੂਤੀ ਮਿਲੇਗੀ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਆਪਣੇ ਵਰਕਰਾਂ ਤੇ ਆਗੂਆਂ ਨੂੰ ਬਣਦਾ ਮਾਣ-ਸਤਿਕਾਰ ਦਿੰਦੀ ਹੈ ਅਤੇ ਪਾਰਟੀ ਦੀ ਮਜ਼ਬੂਤੀ ਲਈ ਹਰ ਵਰਗ ਦੇ ਲੋਕਾਂ ਨੂੰ ਨਾਲ ਲੈ ਕੇ ਚੱਲਿਆ ਜਾ ਰਿਹਾ ਹੈ।ਮਹਾਲਮ ਨੇ ਕਿਹਾ ਕਿ ਪਿੰਡਾਂ ਵਿੱਚ ਪਾਰਟੀ ਦਾ ਜਥੇਬੰਦਕ ਢਾਂਚਾ ਮਜ਼ਬੂਤ ਕਰਨਾ ਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਠਾਉਣਾ ਉਨ੍ਹਾਂ ਦੀ ਪਹਿਲ ਰਹੇਗੀ।ਉਨ੍ਹਾਂ ਉਮੀਦ ਜਤਾਈ ਕਿ ਸੁਖਵਿੰਦਰ ਸਿੰਘ ਸੁੱਖਾ ਦੀ ਵਾਪਸੀ ਨਾਲ ਕਾਂਗਰਸ ਪਾਰਟੀ ਦੀਆਂ ਸਰਗਰਮੀਆਂ ਨੂੰ ਹੋਰ ਹੁਲਾਰਾ ਮਿਲੇਗਾ।ਸਿਆਸੀ ਤੌਰ 'ਤੇ ਇਸ ਘਟਨਾਕ੍ਰਮ ਨੂੰ ਇਸ ਕਰਕੇ ਵੀ ਅਹਿਮ ਮੰਨਿਆ ਜਾ ਰਿਹਾ ਹੈ, ਕਿਉਂਕਿ ਕੁਝ ਦਿਨ ਪਹਿਲਾਂ ਹੀ ਸੁਖਵਿੰਦਰ ਸਿੰਘ ਸੁੱਖਾ ਨੇ ਅਕਾਲੀ ਦਲ ਬਾਦਲ ਦਾ ਪੱਲਾ ਫੜਿਆ ਸੀ ਤੇ ਹੁਣ ਮੁੜ ਕਾਂਗਰਸ ਵਿੱਚ ਸ਼ਾਮਲ ਹੋ ਗਏ ਹਨ।


ਜ਼ਿਲਾ, ਬਲਾਕ ਤੇ ਮੰਡਲ ਕਮੇਟੀਆਂ ਕਾਂਗਰਸ ਸਰਕਾਰ ਬਣਾਉਣ ਲਈ ਜੁੱਟ ਜਾਣ : ਨਰੇਸ਼ ਦੁੱਗਲ

ਨਗਰ ਨਿਗਮ ਚੋਣਾਂ 'ਚ ਕਾਂਗਰਸ ਸ਼ਾਨਦਾਰ ਜਿੱਤ ਹਾਸਲ ਕਰੇਗੀ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਪ੍ਰਧਾਨ ਨਰੇਸ਼ ਦੁੱਗਲ ਦੀ ਅਗਵਾਈ ਹੇਠ ਕਾਂਗਰਸੀ ਵਰਕਰਾਂ ਨੇ ਦੀਵਾਲੀ ਮੌਕੇ ਸਾਬਕਾ ਕੈਬਨਿਟ ਮੰਤਰੀ ਤੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਮੈਂਬਰ ਬ੍ਰਹਮ ਮਹਿੰਦਰਾ ਤੇ ਪਟਿਆਲਾ ਦੇ ਐੱਮ. ਪੀ. ਡਾ. ਧਰਮਵੀਰ ਗਾਂਧੀ ਨਾਲ ਮੁਲਾਕਾਤ ਕਰ ਕੇ ਉਨ੍ਹਾਂ ਨੂੰ ਦੀਵਾਲੀ ਦੀਆਂ ਮੁਬਾਰਕਾਂ ਦਿੱਤੀਆਂ।ਇਸ ਮੌਕੇ ਪਾਰਟੀ ਦੇ ਸਪੋਕਸਪਰਸਨ ਹਰਵਿੰਦਰ ਸਿੰਘ ਨਿੱਪੀ, ਬਲਾਕ ਪ੍ਰਧਾਨ ਰਾਜੇਸ਼ ਮੰਡੋਰਾ ਤੇ ਪਾਰਟੀ ਦੇ ਜ਼ਿਲ੍ਹਾ ਤੇ ਬਲਾਕ ਆਗੂ ਹਾਜ਼ਰ ਸਨ।ਇਸ ਦੌਰਾਨ ਪ੍ਰਧਾਨ ਨਰੇਸ਼ ਦੁੱਗਲ ਤੇ ਹਰਵਿੰਦਰ ਨਿੱਪੀ ਨੇ ਕਿਹਾ ਕਿ ਵਿਧਾਨ ਸਭਾ ਚੋਣਾਂ ਵਿੱਚ ਸਿਰਫ 60 ਦਿਨ ਬਾਕੀ ਰਹਿ ਗਏ ਹਨ।ਇਸ ਲਈ ਜ਼ਿਲ੍ਹਾ ਕਮੇਟੀ, ਬਲਾਕ ਕਮੇਟੀਆਂ ਤੇ ਮੰਡਲ ਕਮੇਟੀਆਂ ਕਾਂਗਰਸ ਦੀ ਜਿੱਤ ਲਈ ਮੈਦਾਨ ਵਿੱਚ ਜੁੱਟ ਜਾਣ। ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਨਰੇਸ਼ ਦੁੱਗਲ, ਹਰਵਿੰਦਰ ਨਿੱਪੀ ਨੇ ਕਿਹਾ ਕਿ ਪਟਿਆਲਾ ਨਗਰ ਨਿਗਮ ਚੋਣਾਂ 'ਚ ਕਾਂਗਰਸ ਸ਼ਾਨਦਾਰ ਜਿੱਤ ਹਾਸਲ ਕਰੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦਾ ਰਾਜਨੀਤਕ ਮਾਹੌਲ ਪੂਰੀ ਤਰ੍ਹਾਂ ਕਾਂਗਰਸ ਪਾਰਟੀ ਦੇ ਹੱਕ ਵਿੱਚ ਹੈ।ਲੋਕ ਮੌਜੂਦਾ ਪੰਜਾਬ ਸਰਕਾਰ ਤੇ ਕੇਂਦਰ ਦੀ ਮੋਦੀ ਸਰਕਾਰ ਤੋਂ ਬੇਹੱਦ ਦੁਖੀ ਹਨ।ਜ਼ਿਲ੍ਹਾ ਪ੍ਰਧਾਨ ਨਰੇਸ਼ ਦੁੱਗਲ ਤੇ ਹਰਵਿੰਦਰ ਨਿੱਪੀ ਨੇ ਕਿਹਾ ਕਿ ਜ਼ਿਲ੍ਹਾ ਕਾਂਗਰਸ ਕਮੇਟੀ ਦੀ ਸਮੁੱਚੀ ਟੀਮ ਕਾਂਗਰਸ ਦੀ ਮਜ਼ਬੂਤੀ ਲਈ ਦਿਨ-ਰਾਤ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲਾ ਸਮਾਂ ਕਾਂਗਰਸ ਪਾਰਟੀ ਲਈ ਸ਼ੁੱਭ ਹੈ ਤੇ ਪੰਜਾਬ ਦੇ ਲੋਕ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣਗੇ।

ਭਗਵਾਨ ਵਿਸ਼ਵਕਰਮਾ ਦੇ ਭਵਨ ਦਾ ਨਿਰਮਾਣ ਕਾਂਗਰਸ ਸਰਕਾਰ ਬਣਨ 'ਤੇ ਕਰਵਾਇਆ ਜਾਵੇਗਾ ਪੂਰਾ : ਸੰਜੀਵ ਬਿੱਟੂ



ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਭਗਵਾਨ ਵਿਸ਼ਵਕਰਮਾ ਜੀ ਦੇ ਪਾਵਨ ਪ੍ਰਕਾਸ਼ ਪੁਰਬ ਮੌਕੇ ਸਾਬਕਾ ਮੇਅਰ ਪਟਿਆਲਾ ਸੰਜੀਵ ਸ਼ਰਮਾ ਬਿੱਟੂ ਨੇ ਸ਼ਹਿਰ ਦੀਆਂ ਵੱਖ-ਵੱਖ ਸੰਸਥਾਵਾਂ ਤੇ ਮੰਦਰਾਂ ਵਿੱਚ ਪਹੁੰਚ ਕੇ ਆਪਣੀ ਹਾਜ਼ਰੀ ਲਗਵਾਈ ਤੇ ਭਗਵਾਨ ਵਿਸ਼ਵਕਰਮਾ ਜੀ ਅੱਗੇ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਵੱਖ-ਵੱਖ ਸੰਸਥਾਵਾਂ ਵੱਲੋਂ ਉਨ੍ਹਾਂ ਦਾ ਸਨਮਾਨ ਵੀ ਕੀਤਾ ਗਿਆ।ਇਸ ਮੌਕੇ ਸੰਜੀਵ ਬਿੱਟੂ ਨੇ ਕਿਹਾ ਕਿ ਉਨ੍ਹਾਂ ਦੇ ਮੇਅਰ ਕਾਰਜਕਾਲ ਦੌਰਾਨ ਭਗਵਾਨ ਵਿਸ਼ਵਕਰਮਾ ਜੀ ਦੇ ਭਵਨ ਦੀ ਉਸਾਰੀ ਲਈ ਨਗਰ ਨਿਗਮ ਵੱਲੋਂ ਜ਼ਮੀਨ ਅਲਾਟ ਕਰਵਾਈ ਗਈ ਸੀ। ਇਸ ਮਹੱਤਵਪੂਰਨ ਪ੍ਰੋਜੈਕਟ ਲਈ ਲਗਭਗ ਇੱਕ ਕਰੋੜ ਰੁਪਏ ਦਾ ਟੈਂਡਰ ਜਾਰੀ ਕੀਤਾ ਗਿਆ ਤੇ ਕਰੀਬ 45 ਲੱਖ ਰੁਪਏ ਦੀ ਰਕਮ ਵੀ ਜਮ੍ਹਾਂ ਕਰਵਾਈ ਗਈ ਸੀ, ਤਾਂ ਜੋ ਕਿਰਤੀ ਤੇ ਸ਼ਿਲਪਕਾਰ ਸਮਾਜ ਨੂੰ ਆਪਣਾ ਇੱਕ ਮਾਣਮੱਤਾ ਭਵਨ ਮਿਲ ਸਕੇ, ਪਰ ਉਨ੍ਹਾਂ ਨੇ ਅਫ਼ਸੋਸ ਜ਼ਾਹਰ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਇਸ ਪੂਰੇ ਪ੍ਰੋਜੈਕਟ ਨੂੰ ਅੱਗੇ ਵਧਾਉਣ ਦੀ ਬਜਾਏ ਰੋਕ ਦਿੱਤਾ ਗਿਆ।ਜਿਹੜਾ ਕੰਮ ਕਿਰਤੀ ਸਮਾਜ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਸ਼ੁਰੂ ਕੀਤਾ ਗਿਆ ਸੀ, ਉਸ ਨੂੰ ਸਰਕਾਰ ਦੀ ਬੇਰੁਖ਼ੀ ਕਾਰਨ ਅਧੂਰਾ ਛੱਡ ਦਿੱਤਾ ਗਿਆ।ਇਹ ਸਿਰਫ਼ ਇੱਕ ਭਵਨ ਦਾ ਕੰਮ ਰੁਕਣਾ ਨਹੀਂ, ਸਗੋਂ ਮਿਹਨਤਕਸ਼ ਤੇ ਸ਼ਿਲਪਕਾਰ ਸਮਾਜ ਦੀਆਂ ਭਾਵਨਾਵਾਂ ਨਾਲ ਜੁੜੇ ਇੱਕ ਮਹੱਤਵਪੂਰਨ ਪ੍ਰੋਜੈਕਟ ਦੀ ਅਣਦੇਖੀ ਹੈ।ਸੰਜੀਵ ਬਿੱਟੂ ਨੇ ਕਿਰਤੀ ਸਮਾਜ ਨੂੰ ਭਰੋਸਾ ਦਿਵਾਇਆ ਕਿ ਉਹ ਇਸ ਮਾਮਲੇ ਨੂੰ ਲਗਾਤਾਰ ਉਠਾਉਂਦੇ ਰਹਿਣਗੇ ਤੇ ਪੰਜਾਬ ਵਿੱਚ ਕਾਂਗਰਸ ਸਰਕਾਰ ਬਣਨ 'ਤੇ ਭਗਵਾਨ ਵਿਸ਼ਵਕਰਮਾ ਜੀ ਦੇ ਭਵਨ ਦਾ ਨਿਰਮਾਣ ਕਾਰਜ ਪਹਿਲ ਦੇ ਆਧਾਰ 'ਤੇ ਮੁੜ ਸ਼ੁਰੂ ਕਰਵਾ ਕੇ ਪੂਰਾ ਕਰਵਾਉਣ ਲਈ ਵਚਨਬੱਧ ਰਹਿਣਗੇ।ਉਨ੍ਹਾਂ ਕਿਹਾ ਕਿ ਜਿਸ ਸਮਾਜ ਦੇ ਹੱਥਾਂ ਵਿੱਚ ਹੁਨਰ ਹੁੰਦਾ ਹੈ, ਉਹ ਸਮਾਜ ਕਦੇ ਕਮਜ਼ੋਰ ਨਹੀਂ ਹੋ ਸਕਦਾ।ਉਨ੍ਹਾਂ ਕਿਹਾ ਕਿ ਕਿਰਤੀ ਸਮਾਜ ਨੂੰ ਸਿਰਫ਼ ਆਰਥਿਕ ਹੀ ਨਹੀਂ, ਸਗੋਂ ਸਮਾਜਿਕ ਤੇ ਰਾਜਨੀਤਕ ਖੇਤਰ ਵਿੱਚ ਵੀ ਪੂਰਾ ਮਾਣ-ਸਨਮਾਨ ਮਿਲਣਾ ਚਾਹੀਦਾ ਹੈ।

ਕਾਂਗਰਸ ਪਾਰਟੀ ਨੇ ਹਮੇਸ਼ਾ ਮਿਹਨਤਕਸ਼ ਤੇ ਕਿਰਤੀ ਵਰਗ ਦੀ ਪ੍ਰਤਿਭਾ ਨੂੰ ਸਨਮਾਨ ਦਿੱਤਾ ਹੈ।ਅੰਤ ਵਿੱਚ ਸੰਜੀਵ ਬਿੱਟੂ ਨੇ ਸਮੂਹ ਕਿਰਤੀ, ਸ਼ਿਲਪਕਾਰ ਤੇ ਮਿਹਨਤਕਸ਼ ਸਮਾਜ ਨੂੰ ਭਗਵਾਨ ਵਿਸ਼ਵਕਰਮਾ ਜੀ ਦੇ ਪ੍ਰਕਾਸ਼ ਪੁਰਬ ਦੀਆਂ ਲੱਖ-ਲੱਖ ਵਧਾਈਆਂ ਦਿੰਦਿਆਂ ਕਿਹਾ ਕਿ ਉਹ ਇਸ ਸਮਾਜ ਦੇ ਮਾਣ-ਸਨਮਾਨ, ਹੱਕਾਂ ਤੇ ਵਿਕਾਸ ਲਈ ਹਮੇਸ਼ਾ ਉਨ੍ਹਾਂ ਦੇ ਨਾਲ ਖੜ੍ਹੇ ਰਹਿਣਗੇ।

ਇੱਟਾਂ-ਰੋੜੇ ਮਾਰ ਕੇ ਵਿਅਕਤੀ ਦੀ ਕੀਤੀ ਹੱਤਿਆ, ਕੇਸ ਦਰਜ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਗੋਬਿੰਦ ਨਗਰੀ ਜਲਾਲਾਬਾਦ ਵਿਖੇ ਇੱਟਾਂ-ਰੋੜੇ ਮਾਰਨ 'ਤੇ ਵਿਅਕਤੀ ਦੀ ਮੌਤ ਹੋ ਜਾਣ ਤੇ ਇਕ ਵਿਅਕਤੀ ਦੇ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਏ.ਐੱਸ.ਆਈ. ਸੁਨੀਲ ਕੁਮਾਰ ਨੇ ਦੱਸਿਆ ਕਿ ਸ਼ਿਕਾਇਤਕਰਤਾ ਕੁਲਦੀਪ ਕੌਰ ਪਤਨੀ ਬਲਵਿੰਦਰ ਸਿੰਘ ਵਾਸੀ ਗੋਬਿੰਦ ਨਗਰੀ ਜਲਾਲਾਬਾਦ ਵੱਲੋਂ ਪੁਲਸ ਦੇ ਕੋਲ ਸੁਖਚੈਨ ਸਿੰਘ ਪੁੱਤਰ ਭਜਨ ਸਿੰਘ ਵਾਸੀ ਦੁੱਲੇਕੇ ਨੱਥੂ ਕੇ (ਗੁਰੂ ਹਰਸਹਾਏ) ਵਿਰੁੱਧ ਬਿਆਨ ਦਿੱਤੇ ਗਏ ਹਨ ਕਿ 8 ਨਵੰਬਰ 2026 ਨੂੰ ਦੇਰ ਰਾਤ 11 ਵਜੇ ਉਸ ਦੇ ਪਤੀ ਬਲਵਿੰਦਰ ਸਿੰਘ ਨੂੰ ਉਸ ਦੇ ਜਵਾਈ ਸੁਖਚੈਨ ਸਿੰਘ ਨੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਅਤੇ ਉਪਰੰਤ ਉਨ੍ਹਾਂ ਵੱਲੋਂ ਇੱਟਾਂ ਰੋੜੇ ਮਾਰਨ ਕਰਕੇ ਉਸ ਦੇ ਪਤੀ ਬਲਵਿੰਦਰ ਸਿੰਘ ਦੀ ਮੌਤ ਹੋ ਗਈ। ਜਿਸ 'ਤੇ ਪੁਲਸ ਵੱਲੋਂ ਥਾਣਾ ਸਿਟੀ ਜਲਾਲਾਬਾਦ ਵਿਖੇ ਸੁਖਚੈਨ ਸਿੰਘ ਵਿਰੁੱਧ ਮੁਕੱਦਮਾ ਨੰਬਰ 224 ਮਿਤੀ 09-11-2026 ਨੂੰ ਧਾਰਾ 105,351(3) ਅਧੀਨ ਦਰਜ ਕੀਤਾ ਗਿਆ ਹੈ।

ਭਾਜਪਾਈ ਬਣੇ ਜੌੜਾਮਾਜਰਾ ਨੇ ਪ੍ਰਨੀਤ ਕੌਰ ਨਾਲ ਕੀਤੀ ਮੁਲਾਕਾਤ




ਸਮਾਣਾ (ਇਕਬਾਲ ਸਿੰਘ ਬੱਲ)-ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਹਲਕਾ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਜ਼ਿਲ੍ਹਾ ਪਟਿਆਲਾ ਵਿਖੇ ਭਾਜਪਾ ਦੀ ਸੀਨੀਅਰ ਆਗੂ ਤੇ ਸਾਬਕਾ ਵਿਦੇਸ਼ ਮੰਤਰੀ ਮਹਾਰਾਣੀ ਪ੍ਰਨੀਤ ਕੌਰ ਅਤੇ ਭਾਜਪਾ ਜ਼ਿਲ੍ਹਾ ਪਟਿਆਲਾ ਸਾਊਥ ਦੇ ਪ੍ਰਧਾਨ ਸ੍ਰੀ ਹਰਮੇਸ਼ ਗੋਇਲ ਨਾਲ ਵਿਸ਼ੇਸ਼ ਮੁਲਾਕਾਤ ਕੀਤੀ।ਇਸ ਮੌਕੇ ਆਗੂਆਂ ਵਿਚਕਾਰ ਪਾਰਟੀ ਦੀਆਂ ਗਤੀਵਿਧੀਆਂ, ਸੰਗਠਨ ਦੀ ਮਜ਼ਬੂਤੀ ਤੇ ਹਲਕਾ ਸਮਾਣਾ ਨਾਲ ਜੁੜੇ ਵੱਖ-ਵੱਖ ਅਹਿਮ ਮੁੱਦਿਆਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਦੇ ਨਾਲ ਹੀ ਹਲਕਾ ਸਮਾਣਾ ਦੇ ਸਰਬਪੱਖੀ ਵਿਕਾਸ, ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਤੇ ਇਲਾਕੇ ਵਿੱਚ ਤਰੱਕੀ ਦੇ ਨਵੇਂ ਮੌਕੇ ਪੈਦਾ ਕਰਨ ਸਬੰਧੀ ਵੀ ਵਿਚਾਰ ਸਾਂਝੇ ਕੀਤੇ ਗਏ।ਮੁਲਾਕਾਤ ਦੌਰਾਨ ਪੰਜਾਬ ਦੇ ਵਿਕਾਸ, ਸੂਬੇ ਦੀ ਖੁਸ਼ਹਾਲੀ ਤੇ ਆਉਣ ਵਾਲੇ ਸਮੇਂ ਵਿੱਚ ਲੋਕਾਂ ਦੀ ਭਲਾਈ ਲਈ ਕੀਤੇ ਜਾਣ ਵਾਲੇ ਉਪਰਾਲਿਆਂ ਬਾਰੇ ਵੀ ਚਰਚਾ ਹੋਈ।ਇਸ ਮੌਕੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੇ ਨਾਲ ਮਾਰਕੀਟ ਕਮੇਟੀ ਦੇ ਚੇਅਰਮੈਨ ਸ੍ਰ. ਬਲਕਾਰ ਸਿੰਘ ਗੱਜੂ ਮਾਜਰਾ ਤੇ ਉਨ੍ਹਾਂ ਦੀ ਸਮੁੱਚੀ ਟੀਮ ਵੀ ਮੌਜੂਦ ਸੀ।ਇਹ ਮੁਲਾਕਾਤ ਹਲਕਾ ਸਮਾਣਾ ਦੇ ਵਿਕਾਸ ਤੇ ਭਾਜਪਾ ਦੇ ਸੰਗਠਨਾਤਮਕ ਕੰਮਾਂ ਨੂੰ ਹੋਰ ਮਜ਼ਬੂਤ ਕਰਨ ਦੇ ਪੱਖੋਂ ਅਹਿਮ ਰਹੀ।

ਪੀ ਜੀ ਆਈ ਘਾਬਦਾਂ 'ਚ ਓ ਪੀ ਡੀ ਤੇ ਐਮਰਜੈਂਸੀ ਸੇਵਾਵਾਂ ਸ਼ੁਰੂ ਕੀਤੀਆਂ ਜਾਣ : ਬਜਾਜ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਪੰਜਾਬ ਪ੍ਰਦੇਸ਼ ਵਪਾਰ ਮੰਡਲ ਦੇ ਜ਼ਿਲ੍ਹਾ ਜਨਰਲ ਸਕੱਤਰ ਤੇ ਧੂਰੀ ਵਿਕਾਸ ਮੰਚ ਦੇ ਸਕੱਤਰ ਜਨਰਲ ਹੰਸ ਰਾਜ ਬਜਾਜ ਨੇ ਕੇਂਦਰ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਪੀ.ਜੀ.ਆਈ. ਸੈਟੇਲਾਈਟ ਸੈਂਟਰ ਘਾਬਦਾਂ ਵਿਖੇ ਸਾਰੀਆਂ ਓ.ਪੀ.ਡੀ. ਤੇ ਐਮਰਜੈਂਸੀ 24 ਘੰਟੇ ਸੇਵਾਵਾਂ ਤੁਰੰਤ ਪ੍ਰਭਾਵ ਨਾਲ ਸ਼ੁਰੂ ਕੀਤੀਆਂ ਜਾਣ।ਮੀਡੀਆ ਨਾਲ ਗੱਲਬਾਤ ਕਰਦਿਆਂ ਆਗੂ ਹੰਸ ਰਾਜ ਬਜਾਜ ਨੇ ਆਖਿਆ ਕਿ ਵਰ੍ਹਿਆਂ ਪਹਿਲਾਂ ਮਾਲਵਾ ਖੇਤਰ ਦੇ ਲੋਕਾਂ ਨੂੰ ਸੁਚੱਜੀਆਂ ਤੇ ਆਧੁਨਿਕ ਸਿਹਤ ਸਹੂਲਤਾਂ ਦੇਣ ਦੇ ਦਾਅਵੇ ਨਾਲ ਇਸ ਪੀ.ਜੀ.ਆਈ. ਕੇਂਦਰ ਦਾ ਨਿਰਮਾਣ ਕੀਤਾ ਗਿਆ ਸੀ।ਉਸ ਵੇਲੇ ਇਲਾਕੇ ਦੇ ਗਰੀਬ ਤੇ ਲੋੜਵੰਦ ਲੋਕਾਂ ਨੂੰ ਇੱਕ ਵੱਡੀ ਆਸ ਬੱਝੀ ਸੀ ਕਿ ਹੁਣ ਉਨ੍ਹਾਂ ਨੂੰ ਇਲਾਜ ਲਈ ਚੰਡੀਗੜ੍ਹ ਜਾਂ ਦੂਰ-ਦੁਰਾਡੇ ਦੇ ਮਹਿੰਗੇ ਹਸਪਤਾਲਾਂ ਦੇ ਗੇੜੇ ਨਹੀਂ ਮਾਰਨੇ ਪੈਣਗੇ, ਪ੍ਰੰਤੂ ਅਫ਼ਸੋਸ ਦੀ ਗੱਲ ਹੈ ਕਿ ਸਾਲਾਂ ਬੀਤ ਜਾਣ ਦੇ ਬਾਵਜੂਦ ਕੁਝ ਗਿਣੀਆਂ-ਚੁਣੀਆਂ ਓ.ਪੀ.ਡੀ. ਸੇਵਾਵਾਂ ਨੂੰ ਛੱਡ ਕੇ ਇਸ ਵਿਸ਼ਾਲ ਇਮਾਰਤ ਦਾ ਪੂਰਾ ਲਾਹਾ ਇਲਾਕੇ ਦੇ ਪੀੜਤਾਂ ਨੂੰ ਨਹੀਂ ਮਿਲ ਰਿਹਾ, ਜਿਸ ਕਰਕੇ ਇਲਾਕੇ ਦੀਆਂ ਸੰਗਤਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਬਜਾਜ ਨੇ ਕੇਂਦਰੀ ਸਿਹਤ ਮੰਤਰਾਲੇ ਤੇ ਉੱਚ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਉਹ ਖੇਤਰ ਦੇ ਗਰੀਬ ਤੇ ਮੱਧਮ ਵਰਗ ਦੇ ਮਰੀਜ਼ਾਂ ਦੀ ਖੱਜਲ-ਖੁਆਰੀ ਨੂੰ ਵੇਖਦਿਆਂ ਇੱਥੇ ਲੋੜੀਂਦੇ ਮਾਹਿਰ ਡਾਕਟਰ, ਨਰਸਿੰਗ ਸਟਾਫ਼ ਅਤੇ ਐਮਰਜੈਂਸੀ ਸਾਜ਼ੋ-ਸਾਮਾਨ ਤੁਰੰਤ ਮੁਹੱਈਆ ਕਰਵਾਉਣ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਕੇਂਦਰ ਸਰਕਾਰ ਨੇ ਜਲਦ ਹੀ ਇਸ ਸੈਂਟਰ ਵਿੱਚ ਤਮਾਮ ਸੇਵਾਵਾਂ ਪੂਰਨ ਰੂਪ ਵਿੱਚ ਚਾਲੂ ਨਾ ਕੀਤੀਆਂ, ਤਾਂ ਧੂਰੀ ਵਿਕਾਸ ਮੰਚ ਤੇ ਇਲਾਕਾ ਨਿਵਾਸੀਆਂ ਨੂੰ ਨਾਲ ਲੈ ਕੇ ਸੰਘਰਸ਼ ਵਿੱਢਣ ਲਈ ਮਜਬੂਰ ਹੋਣਾ ਪਵੇਗਾ।

ਨੈਸ਼ਨਲ ਕੈਂਸਰ ਜਾਗਰੂਕਤਾ ਦਿਵਸ ਦੇ ਸੰਬੰਧ 'ਚ ਜ਼ਿਲ੍ਹਾ ਪੱਧਰੀ ਜਾਗਰੂਕਤਾ ਸਮਾਗਮ



ਫਾਜ਼ਿਲਕਾ (ਨਿਸ਼ਾ ਸ਼ਰਮਾ)-ਸਿਹਤ ਵਿਭਾਗ ਪੰਜਾਬ ਮਾਨਯੋਗ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਅਗਵਾਈ ਵਿੱਚ ਰਾਜ ਦੇ ਵਸਨੀਕਾਂ ਨੂੰ ਵਧੀਆ ਸਿਹਤ ਸਹੂਲਤਾਂ ਉਪਲਬਧ ਕਰਵਾਉਣ ਲਈ ਵਚਨਬੱਧ ਹੈ।ਸਿਹਤ ਸੰਸਥਾਵਾਂ ਵਿੱਚ ਵਧੀਆ ਇਲਾਜ ਦੇਣ ਦੇ ਨਾਲ ਨਾਲ ਸਿਹਤ ਕਰਮੀ ਬਿਮਾਰੀਆਂ ਤੋਂ ਬਚਣ ਲਈ ਜਾਗਰੂਕ ਵੀ ਕਰ ਰਹੇ ਹਨ ਤਾਂ ਕਿ ਬਿਮਾਰੀ ਹੋਣ ਹੀ ਨਾ ਦਿੱਤੀ ਜਾਵੇ ਜਾਂ ਬਿਮਾਰੀ ਦੀ ਜਲਦੀ ਪਹਿਚਾਣ ਕਰਕੇ ਇਸ ਦਾ ਇਲਾਜ ਕੀਤਾ ਜਾ ਸਕੇ।ਡਾ. ਕਵਿਤਾ ਸਿੰਘ ਸਿਵਲ ਸਰਜਨ ਫਾਜ਼ਿਲਕਾ ਦੀ ਅਗਵਾਈ ਵਿੱਚ ਤੇ ਡਾ. ਏਰਿਕ ਸੀਨੀਅਰ ਮੈਡੀਕਲ ਅਫ਼ਸਰ ਦੀ ਦੇਖ-ਰੇਖ ਵਿੱਚ ਨੈਸ਼ਨਲ ਕੈਂਸਰ ਜਾਗਰੂਕਤਾ ਦਿਵਸ ਦੇ ਸਬੰਧ ਵਿੱਚ ਜ਼ਿਲ੍ਹਾ ਪੱਧਰੀ ਜਾਗਰੂਕਤਾ ਸਮਾਗਮ ਕੈਂਸਰ ਹਸਪਤਾਲ ਫਾਜ਼ਿਲਕਾ ਵਿਖੇ ਆਯੋਜਿਤ ਕੀਤਾ ਗਿਆ ਤੇ ਜਾਗਰੂਕਤਾ ਪ੍ਰਿੰਟਿੰਗ ਸਮੱਗਰੀ ਦਫਤਰ ਸਿਵਲ ਸਰਜਨ ਵਿਖੇ ਰਿਲੀਜ਼ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਕਵਿਤਾ ਸਿੰਘ ਨੇ ਦੱਸਿਆ ਕਿ ਹਰੇਕ ਸਾਲ 7 ਨਵੰਬਰ ਨੂੰ ਨੈਸ਼ਨਲ ਕੈਂਸਰ ਜਾਗਰੂਕਤਾ ਦਿਵਸ ਦੇ ਤੌਰ 'ਤੇ ਮਨਾਇਆ ਜਾਂਦਾ ਹੈ।ਸਮੂਹ ਸਿਹਤ ਸਟਾਫ਼ ਵੱਲੋਂ ਵੱਖ ਵੱਖ ਜਗ੍ਹਾ 'ਤੇ ਸਮਾਗਮ ਕਰਕੇ ਕੈਂਸਰ ਦੀ ਬਿਮਾਰੀ ਤੋਂ ਬਚਣ, ਇਲਾਜ ਤੇ ਪ੍ਰਹੇਜ਼ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ।

ਇਸ ਮੌਕੇ ਡਾ. ਸੁਮਿਤ ਕਟਾਰੀਆ, ਅਮਿਤ ਕਟਾਰੀਆ ਨੇ ਦੱਸਿਆ ਕਿ ਜੇਕਰ ਅਸੀਂ ਕੈਂਸਰ ਦੀ ਜਲਦੀ ਪਛਾਣ ਕਰ ਲੈਂਦੇ ਹਾਂ ਤਾਂ ਇਸ ਦਾ ਇਲਾਜ ਸੰਭਵ ਹੈ।ਉਹਨਾਂ ਕਿਹਾ ਕਿ ਜੇਕਰ ਕੈਂਸਰ ਸਬੰਧੀ ਕੋਈ ਵੀ ਨਿਸ਼ਾਨੀਆਂ ਨਜ਼ਰ ਆਉਂਦੀਆਂ ਹਨ ਤਾਂ ਜਲਦੀ ਤੋਂ ਜਲਦੀ ਮਾਹਰ ਡਾਕਟਰ ਦੀ ਸਲਾਹ ਲਈ ਜਾਵੇ।

ਮਾਸ ਮੀਡੀਆ ਵਿੰਗ ਤੋਂ ਵਿਨੋਦ ਖੁਰਾਣਾ ਤੇ ਦਿਵਸ਼ ਕੁਮਾਰ ਨੇ ਦੱਸਿਆ ਕਿ ਇਸ ਬਿਮਾਰੀ ਲਈ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਪੰਜਾਬ ਕੈਂਸਰ ਰਾਹਤ ਕੋਸ਼ ਤਹਿਤ ਸਾਰੇ ਮੈਡੀਕਲ ਕਾਲਜਾਂ (ਅੰਮ੍ਰਿਤਸਰ, ਫਰੀਦਕੋਟ, ਪਟਿਆਲਾ), ਪੰਜਾਬ ਸਾਰੇ ਸਰਕਾਰੀ ਹਸਪਤਾਲ, ਮੈਕਸ ਹਸਪਤਾਲ ਤੇ ਅਡਵਾਂਸ ਕੈਂਸਰ ਹਸਪਤਾਲ ਬਠਿੰਡਾ, ਹੋਮੀ ਭਾਬਾ ਕੈਂਸਰ ਹਸਪਤਾਲ ਸੰਗਰੂਰ, ਏਮਜ਼ ਦਿੱਲੀ, ਪੀ. ਜੀ. ਆਈ. ਚੰਡੀਗੜ੍ਹ, ਮੈਡੀਕਲ ਕਾਲਜ ਤੇ ਹਸਪਤਾਲ ਸੈਕਟਰ 32 ਡੀ, ਅਚਾਰਿਆ ਤੁਲਸੀ ਰੀਜ਼ਨਲ ਕੈਂਸਰ ਸੈਂਟਰ ਬੀਕਾਨੇਰ ਤੋਂ ਇਲਾਵਾ ਮਾਨਤਾ ਪ੍ਰਾਪਤ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ ਡੇਢ ਲੱਖ ਰੁਪਏ ਤੱਕ ਮੁਫਤ ਇਲਾਜ ਕਰਾਉਣ ਲਈ ਸੰਬੰਧਤ ਹਸਪਤਾਲਾਂ ਨੂੰ ਮਰੀਜ਼ ਦੇ ਨਾਂ ਤੋਂ ਮਾਲੀ ਸਹਾਇਤਾ ਦਿੱਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਸਰਕਾਰੀ ਤੇ ਮਾਨਤਾ ਪ੍ਰਾਪਤ ਹਸਪਤਾਲਾਂ ਵਿੱਚ ਕੈਂਸਰ ਦੇ ਮਰੀਜ਼ਾਂ ਦਾ ਇਲਾਜ ਮੁਫ਼ਤ ਕੀਤਾ ਜਾਂਦਾ ਹੈ।ਐੱਨ ਸੀ ਡੀ ਸਕੀਮ ਅਧੀਨ ਵੀ ਸਰਕਾਰੀ ਹਸਪਤਾਲਾਂ ਵਿੱਚ ਕੈਂਸਰ ਦੇ ਮਰੀਜ਼ਾਂ ਦਾ ਇਲਾਜ ਮੁਫ਼ਤ ਕੀਤਾ ਜਾਂਦਾ ਹੈ।

ਝੋਨੇ ਦੀ ਸਰਕਾਰੀ ਖਰੀਦ ਮੁੜ ਸ਼ੁਰੂ ਕਰਨ ਦੀ ਮੰਗ



ਦਿੜ੍ਹਬਾ (ਜਸਵੀਰ ਲਾਡੀ)-ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਬਲਾਕ ਦਿੜ੍ਹਬਾ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਮੰਗ ਪੱਤਰ ਦਿੜ੍ਹਬਾ ਦੇ ਐੱਸ ਡੀ ਐੱਮ ਰਾਹੀਂ ਦਿੱਤਾ ਗਿਆ, ਜਿਸ ਵਿੱਚ ਪੰਜਾਬ ਦੀਆਂ ਸਮੂਹ ਖਰੀਦ ਏਜੰਸੀਆਂ ਵੱਲੋਂ ਪੰਜਾਬ ਦੀਆਂ ਮੰਡੀਆਂ ਵਿੱਚ ਝੋਨਾ (ਜ਼ੀਰੀ) ਦੀ ਖ਼ਰੀਦ ਬੰਦ ਕਰ ਦਿੱਤੀ ਗਈ ਹੈ, ਜਿਸ ਦਾ ਕਾਰਨ ਖਰੀਦ ਦਾ ਟੀਚਾ ਪੂਰਾ ਹੋਣਾ ਮੰਨਿਆ ਜਾ ਰਿਹਾ ਹੈ, ਪ੍ਰੰਤੂ ਖੇਤੀਬਾੜੀ ਵਿਭਾਗ ਵੱਲੋਂ ਫ਼ਸਲ ਦੀ ਬਿਜਾਈ ਤੋਂ ਲੈ ਕੇ ਪ੍ਰਤੀ ਏਕੜ ਝਾੜ ਤੱਕ ਸਮੇਂ ਸਮੇਂ 'ਤੇ ਸਰਕਾਰ ਨੂੰ ਦੱਸਿਆ ਜਾਂਦਾ ਹੈ, ਇਸ ਵਾਰ ਕੁਦਰਤ ਦੀ ਕ੍ਰਿਪਾ ਕਰਕੇ ਫ਼ਸਲ ਦਾ ਕੁੱਝ ਝਾੜ ਪਿਛਲੇ ਸਾਲਾਂ ਦੇ ਮੁਕਾਬਲੇ ਵੱਧ ਹੈ, ਅੱਜ ਵੀ ਮੰਡੀਆਂ ਵਿੱਚ 10 ਤੋਂ 15% ਫ਼ਸਲ ਵਿਕਣ ਤੋਂ ਪਈ ਹੈ, ਜਿਸ ਕਾਰਨ ਪੰਜਾਬ ਦੇ ਕਿਸਾਨ ਨਿਰਾਸ਼ਾ ਵਿੱਚ ਹਨ। ਸੋ ਅਸੀਂ ਆਪਣੀ ਜਥੇਬੰਦੀ ਵੱਲੋਂ ਮੁੱਖ ਮੰਤਰੀ ਤੇ ਖ਼ੁਰਾਕ ਸਪਲਾਈ ਵਿਭਾਗ ਦੇ ਮੰਤਰੀ ਨੂੰ ਬੇਨਤੀ ਕਰਦੇ ਹਾਂ ਕਿ ਕਿਸਾਨਾਂ ਦੀ ਮੁਸ਼ਕਲ ਨੂੰ ਸਮਝਦੇ ਹੋਏ ਦੁਬਾਰਾ ਖਰੀਦ ਸ਼ੁਰੂ ਕੀਤੀ ਜਾਵੇ। ਇਸ ਮੌਕੇ ਜ਼ਿਲ੍ਹਾ ਆਗੂ ਗੁਰਮੇਲ ਸਿੰਘ ਕੈਂਪਰ ਤੋਂ ਇਲਾਵਾ ਬਲਾਕ ਦਿੜ੍ਹਬਾ ਦੇ ਪ੍ਰਧਾਨ ਨਾਇਬ ਸਿੰਘ ਗੁੱਜਰਾਂ ਤੇ ਬਲਾਕ ਆਗੂ ਚਰਨਜੀਤ ਸਿੰਘ ਘਨੌੜ ਸੰਤਪੁਰਾ, ਰਣਬੀਰ ਸਿੰਘ ਬਘਰੋਲ ਤੇ ਬੁੱਧ ਸਿੰਘ ਸਿੱਧੜਾ, ਹਰਪ੍ਰੀਤ ਸਿੰਘ ਬੱਬੂ, ਸਤਪਾਲ ਸਿੰਘ ਹਰੀਗੜ੍ਹ ਆਦਿ ਹਾਜ਼ਰ ਸਨ।

ਝੋਨੇ ਦੀ ਖਰੀਦ ਬੰਦ ਕਰਕੇ ਸਰਕਾਰ ਕਿਸਾਨਾਂ ਦਾ ਸ਼ੋਸ਼ਣ ਕਰ ਰਹੀ : ਲੱਖੋਵਾਲ

ਸਮਰਾਲਾ (ਸੁਰਜੀਤ ਸਿੰਘ)-ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੀ ਮਾਸਿਕ ਮੀਟਿੰਗ ਯੂਨੀਅਨ ਦੇ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਕਿਸਾਨੀ ਮੁੱਦਿਆਂ ਤੇ ਵਿਚਾਰਾਂ ਕੀਤੀਆਂ ਗਈਆਂ। ਮੀਟਿੰਗ ਦੀ ਜਾਣਕਾਰੀ ਪ੍ਰੈੱਸ ਨੂੰ ਦਿੰਦੇ ਹੋਏ ਯੂਨੀਅਨ ਦੇ ਸਰਪ੍ਰਸਤ ਅਵਤਾਰ ਸਿੰਘ ਮੇਹਲੋਂ ਤੇ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਨੇ ਸਾਂਝਾ ਬਿਆਨ ਦਿੰਦਿਆਂ ਕਿਹਾ ਕਿ ਪੰਜਾਬ ਦੀਆਂ ਬਹੁਤ ਸਾਰੀਆਂ ਮੰਡੀਆਂ ਵਿੱਚ ਸਰਕਾਰ ਨੇ ਬਹਾਨਾ ਲਾ ਕੇ ਝੋਨੇ ਦੀ ਖਰੀਦ ਬੰਦ ਕੀਤੀ ਹੋਈ ਹੈ।ਸਰਕਾਰ ਤਰਕ ਦੇ ਰਹੀ ਹੈ ਖਰੀਦ ਤੈਅ ਲਿਮਟ ਤੋਂ ਜ਼ਿਆਦਾ ਹੋ ਚੁੱਕੀ ਹੈ, ਜਿਸ ਕਾਰਨ ਮੰਡੀਆਂ ਵਿੱਚ ਝੋਨੇ ਦੀ ਖਰੀਦ ਨਹੀਂ ਕੀਤੀ ਜਾ ਰਹੀ ਤੇ ਕਿਸਾਨਾਂ ਨੂੰ ਇਸ ਵਾਰ ਦੀਵਾਲੀ ਮੰਡੀਆਂ ਵਿੱਚ ਹੀ ਮਨਾਉਣੀ ਪਈ ਤੇ ਪਿਛਲੇ ਕਈ ਦਿਨਾਂ ਤੋਂ ਵੇਚੀ ਝੋਨੇ ਦੀ ਫਸਲ ਦੇ ਪੈਸੇ ਵੀ ਕਿਸਾਨਾਂ ਦੇ ਖਾਤਿਆਂ ਵਿੱਚ ਨਹੀਂ ਆਏ, ਜਦਕਿ ਸਰਕਾਰ ਦਾਅਵਾ ਕਰਦੀ ਹੈ ਕਿ 24 ਘੰਟਿਆਂ ਅੰਦਰ ਅਦਾਇਗੀ ਕਿਸਾਨਾਂ ਦੇ



ਖਾਤਿਆਂ ਵਿੱਚ ਆਵੇਗੀ ਮੰਡੀਆਂ ਵਿਚ ਖਰੀਦ ਬੰਦ ਹੋਣ ਕਾਰਨ ਕਿਸਾਨਾਂ ਦੇ ਤਿਉਹਾਰ ਵੀ ਫਿੱਕੇ ਰਹੇ ਤੇ ਇਸ ਦਾ ਫਾਇਦਾ ਕਥਿਤ ਤੌਰ 'ਤੇ ਪ੍ਰਾਈਵੇਟ ਵਪਾਰੀ ਚੁੱਕ ਰਹੇ ਹਨ।ਆਪਣੀ ਮਰਜ਼ੀ ਨਾਲ ਉਹ ਰੇਟ ਲਾ ਕੇ ਕਿਸਾਨਾਂ ਦੀ ਫਸਲ ਕਥਿਤ ਲੁੱਟ ਰਹੇ ਹਨ।ਸ਼ੈਲਰ ਵਾਲਿਆਂ ਦੀ ਇਸ ਸਮੇਂ ਪੂਰੀ ਚਾਂਦੀ ਬਣੀ ਹੋਈ ਹੈ।ਉਨ੍ਹਾਂ ਦੋਸ਼ ਲਾਇਆ ਕਿ ਉਹ ਤੈ- ਸ਼ੁਦਾ ਭਾਰ ਤੋਂ ਵੱਧ ਭਰਾਈ ਕਰਕੇ ਕਿਸਾਨਾਂ ਦੀ ਫਸਲ ਲੁੱਟ ਰਹੇ ਹਨ, ਜਿਸ ਨਾਲ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ।ਲੱਖੋਵਾਲ ਨੇ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਫੌਰੀ ਤੌਰ ਤੇ ਝੋਨੇ ਦੀ ਬੰਦ ਪਈ ਖਰੀਦ ਸ਼ੁਰੂ ਕਰਨ ਲਈ ਕਿਹਾ ਤਾਂ ਕਿ ਕਿਸਾਨਾਂ ਦੀ ਹੋਰ ਆਰਥਿਕ ਲੁੱਟ ਨਾ ਹੋ ਸਕੇ ਤੇ ਨਾਲ ਹੀ ਝੋਨੇ ਦੀ ਬਕਾਇਆ ਰਾਸ਼ੀ ਵੀ ਤੁਰੰਤ ਉਨ੍ਹਾਂ ਦੇ ਖਾਤਿਆਂ ਵਿੱਚ ਪਾਈ ਜਾਵੇ। ਮੀਟਿੰਗ ਵਿੱਚ ਹਾਜ਼ਰ ਬੁਲਾਰਿਆਂ ਨੇ ਕਿਹਾ ਕਿ ਖਾਦ ਕੰਪਨੀਆਂ ਵੱਲੋਂ ਐੱਨ.ਪੀ.ਕੇ. ਖਾਦ ਦੀ ਕੀਮਤ ਵਿੱਚ ਕਥਿਤ ਤੌਰ 'ਤੇ 500 ਰੁ: ਪ੍ਰਤੀ ਕੁਇੰਟਲ ਦਾ ਵਾਧਾ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਜਿੱਥੇ ਦੇਸ਼ ਦੇ ਕਿਸਾਨ ਡੀਏਪੀ ਖਾਦ ਨਾਲੋਂ ਐੱਨ ਪੀ ਕੇ ਖਾਦ ਦੀ ਵਰਤੋਂ ਕਰਦੇ ਹਨ, ਉਥੇ ਪੰਜਾਬ ਦਾ ਕਿਸਾਨ ਵੀ ਇਸ ਸਮੇਂ ਡੀਏਪੀ ਖਾਦ ਦੀ ਘਾਟ ਕਾਰਨ ਇਸ ਖਾਦ ਦੀ ਕਣਕ ਦੀ ਬਿਜਾਈ ਲਈ ਵਰਤੋਂ ਕਰਦੇ ਹਨ।ਉਨ੍ਹਾਂ ਕਿਹਾ ਕਿ ਹਰ ਸਾਲ ਖਾਦਾਂ, ਦਵਾਈਆਂ, ਬੀਜ਼ਾਂ, ਤੇਲ ਦੀਆਂ ਕੀਮਤਾਂ ਵਿੱਚ ਤਾਂ ਭਾਰੀ ਵਾਧਾ ਕੀਤਾ ਜਾਂਦਾ ਹੈ, ਪਰ ਕਿਸਾਨਾਂ ਦੀ ਜਿਣਸ ਦੇ ਭਾਅ ਵਿੱਚ ਮਾਮੂਲੀ ਵਾਧਾ ਕੀਤਾ ਜਾਂਦਾ ਹੈ, ਜਿਸ ਕਾਰਨ ਦੇਸ਼ ਦੀ ਕਿਸਾਨੀ ਤਬਾਅ ਹੋਣ ਦੇ ਕੰਡੇ 'ਤੇ ਖੜੀ ਹੈ।ਸਾਡੀ ਮੰਗ ਹੈ ਕਿ ਸਰਕਾਰ ਸਬਸਿਡੀਆਂ ਵਿੱਚ ਵਾਧਾ ਕਰਕੇ ਖਾਦਾਂ ਦੀਆਂ ਕੀਮਤਾਂ ਨੂੰ ਕੰਟਰੋਲ ਕਰੇ ਤੇ ਖਾਦ ਕੰਪਨੀਆਂ ਦੁਆਰਾ ਕੀਤਾ ਗਿਆ ਵਾਧਾ ਵਾਪਸ ਕਰਵਾਏ।ਇਸੇ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਗੰਨੇ ਦੀਆਂ ਮਿੱਲਾਂ ਚੱਲਣ ਲਈ ਤਿਆਰ ਹਨ ਪੀੜਾਈ ਦਾ ਸੀਜ਼ਨ ਸ਼ੁਰੂ ਹੋਣ ਵਾਲਾ ਹੈ, ਪਰ ਪੰਜਾਬ ਸਰਕਾਰ ਨੇ ਅਜੇ ਤੱਕ ਗੰਨੇ ਦੇ ਭਾਅ ਵਿੱਚ ਵਾਧੇ ਦਾ ਕੋਈ ਐਲਾਨ ਨਹੀਂ ਕੀਤਾ। ਸਾਡੀ ਪੰਜਾਬ ਸਰਕਾਰ ਨੂੰ ਚੇਤਾਵਨੀ ਹੈ ਕਿ ਜੇਕਰ ਸਰਕਾਰ ਨੇ 18 ਨਵੰਬਰ ਤੱਕ ਰੇਟ ਵਿੱਚ ਵਾਧਾ ਨਹੀਂ ਕੀਤਾ ਤਾਂ 20 ਨਵੰਬਰ ਨੂੰ ਸਰਕਾਰ ਖਿਲਾਫ ਵੱਡਾ ਅੰਦੋਲਨ ਸ਼ੁਰੂ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

3 ਨਾਬਾਲਗਾਂ ਸਮੇਤ 7 ਵਿਅਕਤੀ ਕਾਬੂ

ਆਰਪੀ ਜੀ, 2 ਪਿਸਤੌਲ, 7.9 ਕਿਲੋ ਹੈਰੋਇਨ, 5 ਕਿਲੋ ਅਫੀਮ ਤੇ 2.3 ਕਿਲੋ ਆਈ ਸੀ ਈ ਬਰਾਮਦ

ਛੇਹਰਟਾ/ਖਾਸਾ, ਅਟਾਰੀ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ/ਸਤਬੀਰ ਭੀਲ) : ਅੰਮ੍ਰਿਤਸਰ ਦਿਹਾਤੀ ਪੁਲਸ ਨੇ ਕੇਂਦਰੀ ਏਜੰਸੀ ਨਾਲ ਸਾਂਝੇ ਆਪ੍ਰੇਸ਼ਨ ਦੌਰਾਨ ਸੱਤ ਵਿਅਕਤੀਆਂ, ਜਿਨ੍ਹਾਂ ਵਿਚ ਤਿੰਨ ਨਾਬਾਲਗ ਵੀ ਸ਼ਾਮਲ ਹਨ, ਨੂੰ ਇਕ ਰਾਕੇਟ ਪ੍ਰੋਪੈਲਡ ਗ੍ਰਨੇਡ (ਆਰਪੀਜੀ) - 22 ਨੈਟੋ ਐਂਟੀ-ਟੈਂਕ ਮਿਜ਼ਾਈਲ ਲਾਂਚਰ, ਦੋ 9ਐੱਮਐੱਮ ਗਲੌਕ ਪਿਸਤੌਲਾਂ, 7.9 ਕਿਲੋ ਹੈਰੋਇਨ, 5.1 ਕਿਲੋ ਅਫੀਮ ਤੇ 2.3 ਕਿਲੋ ਆਈਸੀਈ (ਮੈਥਾਮਫੇਟਾਮਾਈਨ) ਸਮੇਤ ਗ੍ਰਿਫ਼ਤਾਰ ਕਰਕੇ ਗੈਰ-ਕਾਨੂੰਨੀ ਹਥਿਆਰ ਅਤੇ ਨਸ਼ਾ ਤਸਕਰੀ ਕਰਨ ਵਾਲੇ ਕਈ ਨੈੱਟਵਰਕਾਂ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਡਾਇਰੈਕਟਰ ਜਨਰਲ ਆਫ ਪੁਲਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੁਰਕਿਰਪਾਲ ਸਿੰਘ ਉਰਫ਼ ਗੁਰਪਾਲ (20) ਵਾਸੀ ਪਿੰਡ ਚੀਚਾ; ਲਵਪ੍ਰੀਤ ਸਿੰਘ ਉਰਫ਼ ਨਵਪ੍ਰੀਤ ਸਿੰਘ ਉਰਫ਼ ਨਵ (25) ਵਾਸੀ ਪਿੰਡ ਧਾਰੀਵਾਲ, ਲੋਪੋਕੇ; ਬਲਕਾਰ ਸਿੰਘ (41) ਵਾਸੀ ਕੋਟਲੀ ਦੁਸਾਂਧੀ; ਸੁਖਜੀਤ ਸਿੰਘ (19) ਵਾਸੀ ਅਜਨਾਲਾ ਤੇ ਤਿੰਨ ਨਾਬਾਲਗਾਂ ਵਜੋਂ ਹੋਈ ਹੈ। ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਇੰਸਪੈਕਟਰ ਜਨਰਲ ਆਫ ਪੁਲਸ (ਆਈ.ਜੀ.ਪੀ.) ਬਾਰਡਰ ਰੇਂਜ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪਹਿਲੇ ਆਪ੍ਰੇਸ਼ਨ ਵਿਚ ਅੰਮ੍ਰਿਤਸਰ ਦਿਹਾਤੀ ਤੇ ਕੇਂਦਰੀ ਏਜੰਸੀਆਂ ਦੀ ਸਾਂਝੀ ਟੀਮ ਨੇ 22 ਨੈਟੋ ਆਰਪੀਜੀ ਐਂਟੀ-ਟੈਂਕ ਮਿਜ਼ਾਈਲ ਲਾਂਚਰ ਸਮੇਤ ਗੁਰਕਿਰਪਾਲ ਸਿੰਘ ਉਰਫ਼ ਗੁਰਪਾਲ ਤੇ ਉਸ ਦੇ ਨਾਬਾਲਗ ਸਾਥੀ ਨੂੰ ਗ੍ਰਿਫ਼ਤਾਰ ਕੀਤਾ ਹੈ। ਦੂਜੇ ਆਪ੍ਰੇਸ਼ਨ ਬਾਰੇ ਉਨ੍ਹਾਂ ਦੱਸਿਆ ਕਿ ਥਾਣਾ ਲੋਪੋਕੇ ਦੀਆਂ ਟੀਮਾਂ ਨੇ ਬੀ.ਐੱਸ.ਐੱਫ



ਨਾਲ ਮਿਲ ਕੇ ਬਾਰਡਰ ਆਊਟਪੋਸਟ (ਬੀਓਪੀ) ਉੱਤਰ ਧਾਰੀਵਾਲ ਅਧੀਨ ਆਉਂਦੇ ਇਲਾਕੇ ਵਿਚ ਇਕ ਸਾਂਝੀ ਤਲਾਸ਼ੀ ਮੁਹਿੰਮ ਚਲਾਈ ਤੇ ਦੋ 9 ਐੱਮਐੱਮ ਗਲੌਕ ਪਿਸਤੌਲਾਂ, ਦੋ ਮੈਗਜ਼ੀਨਾਂ ਤੇ ਅਸਲੇ ਸਮੇਤ ਲਵਪ੍ਰੀਤ ਸਿੰਘ ਉਰਫ਼ ਨਵਪ੍ਰੀਤ ਨੂੰ ਗ੍ਰਿਫ਼ਤਾਰ ਕੀਤਾ। ਗ੍ਰਿਫ਼ਤਾਰ ਮੁਲਜ਼ਮ ਦੇ ਦੋ ਹੋਰ ਸਾਥੀਆਂ ਦੀ ਵੀ ਪਛਾਣ ਕਰ ਲਈ ਗਈ ਹੈ ਤੇ ਉਨ੍ਹਾਂ ਨੂੰ ਕਾਬੂ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਆਈਜੀਪੀ ਨੇ ਦੱਸਿਆ ਕਿ ਤੀਜੇ ਆਪ੍ਰੇਸ਼ਨ ਵਿਚ ਥਾਣਾ ਭਿੰਡੀ ਸੈਦਾਂ ਦੀਆਂ ਟੀਮਾਂ ਨੇ ਬੀ.ਐੱਸ.ਐੱਫ ਨਾਲ ਮਿਲ ਕੇ 2.3 ਕਿਲੋ ਆਸੀਈ ਡਰੱਗ ਬਰਾਮਦ ਸਮੇਤ ਬਲਕਾਰ ਸਿੰਘ, ਸੁਖਜੀਤ ਸਿੰਘ ਤੇ ਦੋ ਨਾਬਾਲਗਾਂ ਨੂੰ ਗ੍ਰਿਫ਼ਤਾਰ ਕਰਕੇ ਆਸੀਈ ਡਰੱਗ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ। ਜਾਂਚ ਤੋਂ ਪਤਾ ਲੱਗਾ ਹੈ ਕਿ ਬਲਕਾਰ ਸਿੰਘ, ਜਿਸ ਦੀ ਖੇਤੀਬਾੜੀ ਜ਼ਮੀਨ ਅੰਤਰਰਾਸ਼ਟਰੀ ਸਰਹੱਦੀ ਵਾੜ ਨਾਲ ਲੱਗਦੀ ਹੈ, ਨੇ ਸਰਹੱਦ ਪਾਰੋਂ ਡਰੋਨ ਰਾਹੀਂ ਨਸ਼ਾ ਸੁਟਵਾਉਣ ਦਾ ਪ੍ਰਬੰਧ ਕੀਤਾ ਸੀ ਅਤੇ ਇਸ ਨੂੰ ਅੱਗੇ ਵੰਡਣ ਲਈ ਅਜਨਾਲਾ ਦੇ ਸਥਾਨਕ ਨੌਜਵਾਨਾਂ ਨੂੰ ਸ਼ਾਮਲ ਕੀਤਾ ਸੀ। ਸੀਨੀਅਰ ਸੁਪਰਡੈਂਟ ਆਫ ਪੁਲਿਸ (ਐੱਸ.ਐੱਸ.ਪੀ.) ਅੰਮ੍ਰਿਤਸਰ ਦਿਹਾਤੀ ਕੰਵਲਪ੍ਰੀਤ ਸਿੰਘ ਚਾਹਲ ਨੇ ਦੱਸਿਆ ਕਿ ਇਸ ਤੋਂ ਇਲਾਵਾ ਥਾਣਾ ਭਿੰਡੀ ਸੈਦਾਂ ਦੀਆਂ ਟੀਮਾਂ ਵੱਲੋਂ ਸਰਹੱਦੀ ਖੇਤਰ 'ਚ ਚਲਾਈਆਂ ਗਈਆਂ ਦੋ ਹੋਰ ਬਰਾਮਦਗੀ ਮੁਹਿੰਮਾਂ ਦੌਰਾਨ ਪਿੰਡ ਅਵਾਨ ਲੱਖਾ ਸਿੰਘ ਨੇੜਿਓਂ ਡਰੋਨ ਰਾਹੀਂ ਸੁੱਟੀ ਗਈ 7.904 ਕਿੱਲੋ ਹੈਰੋਇਨ ਅਤੇ ਇਕ ਟਰੈਕਰ ਯੰਤਰ ਬਰਾਮਦ ਕੀਤਾ ਗਿਆ। ਬੀ.ਐੱਸ.ਐੱਫ ਨਾਲ ਬੀਓਪੀ ਫਤਿਹਪੁਰ ਦੇ ਇਲਾਕੇ ਵਿਚ ਰਾਤ ਨੂੰ ਕੀਤੀ ਸਾਂਝੀ ਤਲਾਸ਼ੀ ਦੌਰਾਨ 5.152 ਕਿੱਲੋ ਅਫ਼ੀਮ ਦਾ ਪੈਕਟ ਵੀ ਜ਼ਬਤ ਕੀਤਾ ਗਿਆ। ਇਸ ਸਬੰਧੀ ਪੰਜ ਵੱਖ-ਵੱਖ ਮਾਮਲੇ ਥਾਣਾ ਘਰਿੰਡਾ, ਥਾਣਾ ਲੋਪੋਕੇ ਤੇ ਥਾਣਾ ਭਿੰਡੀ ਸੈਦਾਂ ਵਿਚ ਦਰਜ ਕੀਤੇ ਗਏ ਹਨ।

ਵਿਸ਼ਵਕਰਮਾ ਦਿਵਸ ਮਨਾਇਆ



ਛੇਹਰਟਾ, (ਮਨੋਜ ਕੁਮਾਰ) : ਰਾਸ਼ਟਰੀਆ ਬਿਹਾਰ ਵਿਕਾਸ ਮੰਚ ਦੇ ਚੇਅਰਮੈਨ ਡਾਕਟਰ ਮਹੀਪਾਲ ਸਿੰਘ ਤੇ ਅਰਜੁਨ ਯਾਦਵ ਦੀ ਅਗਵਾਈ ਹੇਠ ਵਿਸ਼ਵਕਰਮਾ ਦਿਵਸ ਫੋਕਲ ਪੁਆਇੰਟ ਅੰਮ੍ਰਿਤਸਰ ਵਿਚ ਹਰ ਸਾਲ ਦੀ ਤਰ੍ਹਾਂ ਮਨਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਐੱਸ. ਸੀ. ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰ ਪਾਲ ਵਿਸ਼ੇਸ਼ ਤੌਰ 'ਤੇ ਪੁੱਜੇ। ਉਨ੍ਹਾਂ ਨੇ ਇਸ ਮੌਕੇ ਸਾਰਿਆਂ ਨੂੰ ਵਿਸ਼ਵਕਰਮਾ ਦਿਵਸ ਦੀਆਂ ਵਧਾਈਆਂ ਦਿੱਤੀਆਂ।

ਇਸ ਮੌਕੇ ਡਾਕਟਰ ਇੰਦਰਪਾਲ, ਰਮੇਸ਼ ਥਾਪਾ, ਸਾਹਿਬ ਸਿੰਘ ਤੇ ਉਨ੍ਹਾਂ ਦੀ ਟੀਮ ਨੂੰ ਸਨਮਾਨਿਤ ਵੀ ਕੀਤਾ ਗਿਆ।

ਸ਼੍ਰੋਮਣੀ ਅਕਾਲੀ ਦਲ ਵੱਲੋਂ ਨਵੀਆਂ ਨਿਯੁਕਤੀਆਂ ਦਾ ਐਲਾਨ



ਡੇਰਾ ਬੱਸੀ (ਵਿਨੈ ਕੁਮਾਰ ਜੈਨ)- ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਖ਼ਜ਼ਾਨਚੀ ਅਤੇ ਸਾਬਕਾ ਵਿਧਾਇਕ ਐੱਨ ਕੇ ਸ਼ਰਮਾ ਨੇ ਹਲਕਾ ਡੇਰਾ ਬੱਸੀ ਅੰਦਰ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਨਵੀਂ ਰਫ਼ਤਾਰ ਤੇ ਮਜ਼ਬੂਤੀ ਦਿੰਦਿਆਂ ਲੰਮੇ ਅਰਸੇ ਤੋਂ ਪਾਰਟੀ ਦੀ ਚੜ੍ਹਦੀ ਕਲਾ ਲਈ ਡਟੇ ਟਕਸਾਲੀ ਅਤੇ ਮਿਹਨਤੀ ਆਗੂਆਂ ਨੂੰ ਅਹਿਮ ਜ਼ਿੰਮੇਵਾਰੀਆਂ ਸੌਂਪ ਕੇ ਵਿਸ਼ੇਸ਼ ਮਾਣ ਬਖ਼ਸ਼ਿਆ। ਇੱਥੇ ਕਰਵਾਏ ਗਏ ਇੱਕ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਐੱਨ ਕੇ ਸ਼ਰਮਾ ਨੇ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਦੀ ਅਸਲ ਤਾਕਤ ਇਸ ਦੇ ਉਹ ਜੁਝਾਰੂ ਅਤੇ ਵਫ਼ਾਦਾਰ ਵਰਕਰ ਹਨ, ਜਿਨ੍ਹਾਂ ਨੇ ਹਰ ਔਖੇ-ਸੌਖੇ ਵੇਲੇ ਪਾਰਟੀ ਦਾ ਝੰਡਾ ਬੁਲੰਦ ਰੱਖਿਆ ਹੈ। ਉਨ੍ਹਾਂ ਕਿਹਾ ਕਿ ਜ਼ਮੀਨੀ ਪੱਧਰ 'ਤੇ ਲੋਕਾਂ ਦੇ ਦੁੱਖ-ਸੁੱਖ ਵਿੱਚ ਖੜ੍ਹਨ ਵਾਲੇ ਅਤੇ ਪੂਰੀ ਇਮਾਨਦਾਰੀ ਨਾਲ ਪਾਰਟੀ ਸੇਵਾ ਨਿਭਾਉਣ ਵਾਲੇ ਆਗੂਆਂ ਨੂੰ ਬਣਦਾ ਮਾਣ-ਸਤਿਕਾਰ ਦੇਣਾ ਪਾਰਟੀ ਦੀ ਮੁੱਢਲੀ ਤਰਜੀਹ ਹੈ। ਇਸ ਮੌਕੇ ਪਾਰਟੀ ਹਾਈਕਮਾਂਡ ਦੀ ਅਗਵਾਈ ਹੇਠ ਹੇਠ ਲਿਖੀਆਂ ਨਵੀਆਂ ਨਿਯੁਕਤੀਆਂ ਦਾ ਰਸਮੀ ਐਲਾਨ ਕੀਤਾ ਗਿਆ, ਜਤਿੰਦਰ ਸਿੰਘ ਪਨੇਸਰ-ਸੀਨੀਅਰ ਮੀਤ ਪ੍ਰਧਾਨ, ਓ ਬੀ ਸੀ ਵਿੰਗ ਪੰਜਾਬ, ਜਗਦੀਪ ਸਿੰਘ ਮਿੰਟੂ-ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ, ਪ੍ਰਿਤਪਾਲ ਸਿੰਘ ਵਿੱਕੀ-ਜਨਰਲ ਸਕੱਤਰ, ਸ਼੍ਰੋਮਣੀ ਅਕਾਲੀ ਦਲ, ਹਲਕਾ ਡੇਰਾ ਬੱਸੀ, ਅਮਰਜੀਤ ਸਿੰਘ ਲੱਕੀ-ਮੀਤ ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ, ਹਲਕਾ ਡੇਰਾ ਬੱਸੀ,ਰਜਿੰਦਰ ਸਿੰਘ ਲਾਡਾ-ਜ਼ਿਲ੍ਹਾ ਮੀਤ ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ। ਸ਼ਰਮਾ ਨੇ ਸਾਰੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਸਿਰੋਪਾਓ ਅਤੇ ਸਨਮਾਨ ਪੱਤਰ ਭੇਟ ਕਰਦਿਆਂ ਮੁਬਾਰਕਬਾਦ ਦਿੱਤੀ ਅਤੇ ਉਮੀਦ ਜਤਾਈ ਕਿ ਇਹ ਸਾਰੇ ਆਗੂ ਆਪਣੀ ਨਵੀਂ ਭੂਮਿਕਾ ਵਿੱਚ ਪਾਰਟੀ ਦੀਆਂ ਨੀਤੀਆਂ ਤੇ ਲੋਕ-ਪੱਖੀ ਸੋਚ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਮੋਹਰੀ ਰੋਲ ਅਦਾ ਕਰਨਗੇ।

ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਕੀਰਤਨ ਦਰਬਾਰ ਕਰਵਾਇਆ





ਦੁਸਾਂਝ ਕਲਾਂ (ਸੁਰਿੰਦਰਪਾਲ ਕੁੱਕੂ)-ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਦੀ ਪ੍ਰਬੰਧਕ ਕਮੇਟੀ ਅੰਦਰਲੀ ਆਬਾਦੀ ਮਾਤਾ ਕਲਸਾਂ ਦਰਵਾਜ਼ਾ ਪਿੰਡ ਦੁਸਾਂਝ ਕਲਾਂ ਵੱਲੋਂ ਪਿੰਡ ਵਾਸੀਆਂ ਅਤੇ ਐਨ ਆਰ ਆਈਜ਼ ਦੇ ਸਹਿਯੋਗ ਨਾਲ ਕੀਰਤਨੀ ਦਰਬਾਰ ਕਰਵਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ, ਉਪਰੰਤ ਭਾਈ ਮਨਦੀਪ ਸਿੰਘ ਦੇ ਕੀਰਤਨੀਏ ਜਥੇ ਨੇ ਆਈਆਂ ਸੰਗਤਾਂ ਨੂੰ ਗੁਰੂ ਰਵਿਦਾਸ ਮਹਾਰਾਜ ਦੀ ਬਾਣੀ ਤੇ ਇਤਿਹਾਸ ਨਾਲ ਜੋੜਿਆ। ਇਸ ਮੌਕੇ ਖੇਡਾਂ ਵਿਚ ਪੰਜਾਬ ਪੱਧਰ ਤੇ ਮੱਲਾ ਮਾਰਨ ਵਾਲੀਆਂ ਖਿਡਾਰਣਾ ਨੂੰ ਸਨਮਾਨਤ ਕੀਤਾ ਗਿਆ। ਇਸ ਕੀਰਤਨ ਦਰਬਾਰ ਵਿੱਚ ਸਹਿਯੋਗ ਦੇਣ ਵਾਲੇ ਦਾਨੀ ਸੱਜਣਾਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਮੱਖਣ ਰਾਮ, ਸੈਕਟਰੀ ਮਨੋਹਰ ਲਾਲ, ਖਜ਼ਾਨਚੀ ਮਾ. ਸੋਮ ਨਾਥ, ਸਰਪੰਚ ਨਿਰਮਲ ਕੁਮਾਰ, ਸਤ ਪਾਲ ਸੱਤੀ, ਸੁਰਜੀਤ ਰਾਮ, ਸਰਬਜੀਤ, ਹਰਮੇਸ਼ ਲਾਲ ਵਿਰਦੀ, ਸੁਰਿੰਦਰ ਪਾਲ ਛਿੰਦੀ, ਜਸਪਾਲ ਭੁੱਟਾ, ਬਲਵੀਰ ਰਾਮ, ਸਰਪੰਚ ਨਿਰਮਲ ਕੁਮਾਰ, ਹਰਮੇਸ਼ ਵਿਰਦੀ, ਹੈਂਡੀ ਗੁੰਬੀ ਮੱਖਣ ਸਿੰਘ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

ਗੁਰਨਾਮ ਸਿੰਘ ਗੋਲਡੀ ਨੂੰ ਸਦਮਾ, ਮਾਤਾ ਦਾ ਦੇਹਾਂਤ

ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)-ਸ੍ਰੀ ਹੇਮਕੁੰਡ ਸਾਹਿਬ ਲੰਗਰ ਸੇਵਾ ਸੋਸਾਇਟੀ ਅਜਨਾਲਾ ਜੋ ਹਰ ਸਾਲ ਯਾਤਰਾ ਦੌਰਾਨ ਅਜਨਾਲੇ ਤੋਂ ਹੇਮਕੁੰਡ ਸਾਹਿਬ ਦੇ ਰਸਤੇ ਵਿੱਚ ਲੰਗਰ ਦੀ ਸੇਵਾ ਕਰਦੀ ਹੈ, ਸੁਸਾਇਟੀ ਦੇ ਸੇਵਾਦਾਰ ਸਰਦਾਰ ਗੁਰਨਾਮ ਸਿੰਘ ਨਿੱਝਰ ਗੋਲਡੀ ਅਮਰੀਕਾ ਦੇ ਮਾਤਾ ਅਜੀਤ ਕੌਰ ਜੋ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਹਨ। ਇਸ ਮੌਕੇ ਸੋਸਾਇਟੀ ਦੇ ਸੇਵਾਦਾਰ ਸਰਵਣ ਸਿੰਘ ਨੇਪਾਲ, ਅਮਰਜੀਤ ਸਿੰਘ ਬਾਜਵਾ ਨੇ ਬਹੁਤ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਨੇ ਦੱਸਿਆ ਕਿ ਮਾਤਾ ਅਜੀਤ ਕੌਰ ਸ੍ਰੀ ਹੇਮਕੁੰਡ ਸਾਹਿਬ ਯਾਤਰਾ ਦੌਰਾਨ ਲੰਗਰ ਵਿੱਚ ਜਾ ਕੇ ਆਪਣੇ ਹੱਥੀ ਸੇਵਾ ਕਰਦੇ ਸਨ ਅਤੇ ਉਨ੍ਹਾਂ ਦੇ ਸਪੁੱਤਰ ਭਾਵੇਂ ਵਿਦੇਸ਼ ਵਿੱਚ ਰਹਿੰਦੇ ਹਨ ਪਰ ਉਹ ਸੁਸਾਇਟੀ ਨੂੰ ਹਰ ਸਾਲ ਬਹੁਤ ਜ਼ਿਆਦਾ ਯੋਗਦਾਨ ਭੇਜਦੇ ਹਨ। ਉਨ੍ਹਾਂ ਨੇ ਕਿਹਾ ਕਿ ਮਾਤਾ ਜੀ ਦੇ ਚਲੇ ਜਾਣ ਨਾਲ ਪਰਿਵਾਰ ਨੂੰ ਅਤੇ ਸੁਸਾਇਟੀ ਨੂੰ ਬਹੁਤ ਵੱਡਾ ਘਾਟਾ ਪਿਆ ਹੈ।ਉਨ੍ਹਾਂ ਦਾ ਸਸਕਾਰ ਅਜਨਾਲਾ ਦੇ ਸ਼ਮਸ਼ਾਨਘਾਟ ਵਿਖੇ ਕਰ ਦਿੱਤਾ ਗਿਆ। ਇਸ ਮੌਕੇ ਸਰਵਣ ਸਿੰਘ ਨੇਪਾਲ, ਅਮਰਜੀਤ ਸਿੰਘ ਬਾਜਵਾ, ਬਾਬਾ ਮਹਿੰਦਰ ਸਿੰਘ ਸੁਰੇਪੁਰ ਵਾਲੇ, ਪਰਮਜੀਤ ਸਿੰਘ ਪੰਮਾ, ਬਾਬਾ ਲਾਡੀ, ਜਸਬੀਰ ਸਿੰਘ ਢਿੱਲੋਂ, ਇੰਦਰਜੀਤ ਸਿੰਘ ਨਿੱਕੋਸਰਾਂ, ਤਜਿੰਦਰ ਸਿੰਘ ਸੋਨੂੰ ਚੱਕੀ ਵਾਲੇ ਆਦਿ ਹਾਜ਼ਰ ਸਨ।



COURT NOTICE

In the Court of
Ms. Armaan Sandhu
Judicial Magistrate-1st Class
Ludhiana
CNR No. PBLD03-015310-2025
Next Date :- 10-12-2026
Kotak Mahindra Bank
Vs.
Jagdeep Singh
Detail of offence :-
Notice To :
Jagdeep Singh Village Naraingarh, Tehsil Bhawanigarh, Sangrur-148026, Punjab

In above titled case, the accused could not be served. It is ordered that accused should appear in person or through counsel on 10-12-2026 at 10:00 A.M.

For details logon to https://highcourtchd.gov.in/?mod=district_notice&district=mogacourt

Judicial Magistrate-1st Class
Ludhiana
Dated, this day of 10.11.2026

ਕਲਾਸੀਫਾਈਡ ਇਸ਼ਤਿਹਾਰ

Change of Name

I, hitherto known as Manpreet Pal S/o Sh. Joginder Pal R/o VPO. Samipur, District Jalandhar, Punjab-144026 have changed my name and shall hereafter be known as Pal Manpreet.

I, Monica Rani Wife of Abdul Masih R/O V.P.O. Killi, Tehsil Shahkot, Distt. Jalandhar, Punjab-144702, India have changed my name Monica Rani to Monica Rai . Note Please.

I, Rajbir Kaur W/o Gulzar Singh R/o VPO Gaggar Bhana, Tehsil Baba Bakala, Distt. Amritsar, Punjab, have changed my name from Rajbir Kaur to Rajbir is given name and Kaur is surname. Concerned note please.

I, Varinder Singh S/o Anokh Singh R/o Village Bhandala, PO Lakhna Tehsil Patti District Tarn Taran have declare that Varinder is my Given name and Singh is my Surname.

I, Sehajpreet Kaur W/o Jagdeep Singh Sandhu R/o VPO Malsian Kalan, Tehsil Zira District Ferozepur have declare that Sehajpreet is my Given name and Kaur is my Surname.

I, Lovepreet Singh S/o Harcharan Singh R/o VPO Sohian Kalan, Amritsar have declare that Lovepreet is my given name and Singh is my Surname.

I, Gursharn Singh S/o Pishora Singh R/o Vill Wara Sher Singh PO Algon Kothi The Patti, Tarn Taran Punjab-143401 have declare that Gursharn is my Given name and Singh is my Surname.

I, Yoginder Kumar S/o Sukhdev Raj R/o 108, Gurbax Nagar, Amritsar have changed my name to Yoginder Kumar Sharma. All Concerned Please Note.

I, Krishana Sharma W/o Neel Mani R/o H.No.29-a, Gali No.5, Block-A, Guru Amar Dass Avenue, Ajnala Road, Amritsar have changed my name from Krishana Sharma to Krishna Sharma.

I, Kanu Marwaha and Gopika Nayyar W/o Ajay Marwaha R/o H.No.17, Gali No.1, Model Town, Amritsar have declare that above both names are mine one and same person.

I, Priya D/o Joginder Pal and W/o Sukhbir Singh resident of VPO Jaito Sarja, Tehsil Batala, District Gurdaspur, have changed my name from Priya to Priya Kaur. Concerned please note.

I, Prabhjot Singh S/O Satnam Singh R/O Near Post Office, Nangal Shama Po. Ladhewali,Jalandhar, Pin: 144101, Punjab, India have changed my name from Prabhjot Singh to Prabhjot as given name and Singh as surname. All concerned please note.

I Sonali D/o Jagdish Lal R/o H.No. 324 Jallowal Abadi, Boota Mandi, Jalandhar-144003, Punjab, India, have changed my name Sonali to Sonali Suman. All please note.

I, Jaspreet Grewal W/o Sarandeep Singh Athwal R/o H. No. H.No. 58, Rajinder Nagar, Near New Courts, Jalandhar - 144001, Punjab have changed my name from Jaspreet Grewal to Jaspreet Kaur Grewal. All concerned please note.

I, Sarbjit Kaur W/o Yoginder Kumar Sharma R/o 108, Gurbax Nagar, Amritsar have changed my name To Sarbjit Sharma. All Concerned Please Note

I, Harmandeep Singh S/o Hira Singh R/o Village Bhaini Gurmukh Singh PO Hargindpura Tehsil Patti, Tarn Taran Punjab-143401 have declare that Harmandeep is my Given name and Singh is my Surname.

I, hitherto known as Maninder Kaur W/o Sukhjinder Singh R/o Village Dandian, Post Office Baddon, Distt. Hoshiarpur, Punjab-144406 have changed my name and shall hereafter be known as Maninder Kaur Doad.

Change of Name

I, Dharam Paul S/o Chura Ram R/o VPO. Dhak Pandori, Tehsil Phagwara, Distt. Kapurthala-144401, Punjab have changed my name to Dharam Pal. All concerned please note.

I, Ram Dulari Nischal Wife Of Inderjit Nischal R/O H.No. Ws-4, Basti Sheikh, Jalandhar, Punjab Have Changed My Name From Ram Dulari Nischal To Ram Lubhai. All Concerned Please Note.

I, Didar Singh Wariah S/o Harbhajan Singh R/o VPO. Nanda Chaur, Distt. Hoshiarpur have changed my name from Didar Singh Wariah to Didar Singh. Concerned Note.

I, Harbhajan Singh Wariah S/o Sohan Singh R/o VPO. Nanda Chaur, Distt. Hoshiarpur have changed my name from Harbhajan Singh Wariah to Harbhajan Singh. Concerned Note.

I, Soni Kaur W/o Harjinder Singh R/o Hadaitpur, VTC Bhilowal, PO Bhilowal, Distt. Amritsar, Punjab-143504 have changed my name from Soni Kaur to Soni.

I, Parmjit Singh S/o Raghbir Singh R/o Village Gopalpura, PO Kathunangal, Distt. Amritsar, Punjab-143502 have changed my name from Parmjit Singh to Paramjit Singh.

I, Parmjit Kaur W/o Paramjit Singh R/o Village Gopalpura, PO Kathunangal, Distt. Amritsar, Punjab-143502 have changed my name from Parmjit Kaur to Paramjit Kaur.

I, Yasmeen d/o Bagh Singh r/o H.No. 207, Kot Ram Dass Chogitti, Jalandhar have changed my name from Yasmeen to Yasmeen Kaur. All Please Note.

I, Dilpreet Singh S/o Paramjit Singh R/o Vill.Chak Guru, Po.Sarhala Ranua, SBS Nagar have changed my name to Given name as Dilpreet & Surname as Singh. All Please Note.

I, Sukhvinder Kaur w/o Kuldip Singh r/o Vill. Chak Vendal, Teh.Nakodar, Distt. Jalandhar have changed my name from Sukhvinder Kaur to Sukhwinder Kaur. All Please Note.

I, Vandana w/o Mathew Hans d/o Rakesh Kumar r/o VPO. Gakhal, Distt. Jalandhar have changed my name from Vandana to Vandana Hans, After Marriage. All Please Note.

I, Ashni Kumar S/o Naseeb Chand R/o B-1, H.No. 280, Panj Pipla, Bahadurpur, Distt. Hoshiarpur, Punjab have changed my name from Ashni Kumar to Ashwani Kumar. All Please Note.

ਬੇਦਖਲੀ ਨੋਟਿਸ

ਅਸੀਂ ਰਾਜਵਿੰਦਰ ਸਿੰਘ ਪੁੱਤਰ ਸੁੱਚਾ ਸਿੰਘ ਅਤੇ ਰਣਜੀਤ ਕੌਰ ਪਤਨੀ ਰਾਜਵਿੰਦਰ ਸਿੰਘ ਵਾਸੀਆਨ ਪਿੰਡ ਕਾਂਸਤੀਵਾਲ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਜਗਜੀਤ ਸਿੰਘ ਅਤੇ ਸਾਡੀ ਨੂੰਹ ਨੀਲਮ ਦੋਵੇਂ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਬਲਵਿੰਦਰ ਕੌਰ ਪਤਨੀ ਬਲਕਾਰ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਪਤਿਆਲ, ਜ਼ਿਲ੍ਹਾ ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਹਰਦੀਪ ਸਿੰਘ ਸ਼ਾਦੀਸ਼ੁਦਾ ਵਾ ਉਸ ਦੀ ਪਤਨੀ ਬੱਬਲਦੀਪ ਕੌਰ ਅਤੇ ਉਨ੍ਹਾਂ ਦਾ ਲੜਕਾ ਅਵੀਤਾਜ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਕਿਉਂਕਿ ਮੇਰਾ ਇਨ੍ਹਾਂ ਨਾਲ ਕੋਈ ਸੰਬੰਧ-ਵਾਸਤਾ ਨਹੀਂ ਰਿਹਾ। ਸੰਬੰਧਤ ਨੋਟ ਕਰਨ।

ਮੈਂ, ਅਸ਼ਵਨੀ ਕੁਮਾਰ ਪੁੱਤਰ ਰਾਮ ਨਰਾਇਣ ਵਾਸੀ ਮਕਾਨ ਨੰ. 80-ਬੀ, ਫਤਿਹ ਸਿੰਘ ਕਾਲੋਨੀ, ਗਲੀ ਨੰ: 10, ਗੁਰਦੁਆਰੇ ਵਾਲੀ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸ਼ਿਵਮ ਕੁਮਾਰ ਉਰਫ ਸ਼ਿਵਜੀਤ ਸਿੰਘ ਅਤੇ ਮੇਰੀ ਲੜਕੀ ਲਕਸ਼ਿਕਤਾ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਲੜਾਈ-ਝਗੜਾ ਕਰਦੇ ਰਹਿੰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਅਤੇ ਰਿਸ਼ਤੇ-ਨਾਤਿਆਂ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜ਼ਿੰਮੇਵਾਰ ਹੋਣਗੇ। ਮੇਰਾ ਤੇ ਮੇਰੇ ਪਰਵਾਰ ਦਾ ਉਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਬੇਦਖਲੀ ਨੋਟਿਸ

ਅਸੀਂ, ਮੇਵਾ ਰਾਮ ਪੁੱਤਰ ਸ਼੍ਰੀ ਭਗਤ ਰਾਮ ਅਤੇ ਪਰਵੀਨ ਕੁਮਾਰੀ ਪਤਨੀ ਸ਼੍ਰੀ ਮੇਵਾ ਰਾਮ ਵਾਸੀਆਨ ਪਿੰਡ ਤੇ ਡਾਕਖਾਨਾ ਮਾਣਕ ਰਾਏ ਜਿਲਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਕਰਮ ਚੰਦ ਅਤੇ ਨੂੰਹ ਵਿਜੈ ਲਕਸ਼ਮਣੀ ਅਤੇ ਉਸਦਾ ਪਰਿਵਾਰ ਸਾਡੇ ਕਹਿਣੇ ਤੋਂ ਬਾਹਰ ਹੋਣ ਕਾਰਨ ਅਸੀਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਹੁਣ ਉਹਨਾਂ ਦਾ ਸਾਡੇ ਅਤੇ ਸਾਡੇ ਪਰਿਵਾਰ ਨਾਲ ਕੋਈ ਸਬੰਧ ਨਹੀਂ ਹੈ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਰਾਕੇਸ਼ ਕੁਮਾਰ ਪੁੱਤਰ ਲੇਟ ਕਮਲ ਕਿਸ਼ੋਰ ਵਾਸੀ 75/1, ਗਲੀ ਭਾਟੀਆਂ, ਕਟੜਾ ਕਰਮ ਸਿੰਘ, ਅੰਮ੍ਰਿਤਸਰ ਇਹ ਬਿਆਨ ਕਰਦਾ ਹਾਂ ਕਿ ਮੇਰੇ ਦੋਵੇਂ ਪੁੱਤਰ ਕੁਨਾਲ ਬੱਬਰ ਅਤੇ ਸਾਹਿਲ ਬੱਬਰ ਬੁਰੀ ਸੰਗਤ ਵਿਚ ਹਨ ਤੇ ਮੇਰੇ ਕਹਿਣੇ ਤੋਂ ਬਾਹਰ ਹਨ। ਮੈ ਅਪਣੀ ਚੱਲ ਅਤੇ ਅਚੱਲ ਜਾਇਦਾਦ ਤੋ ਬੇਦਖਲ ਕਰਦਾ ਹਾਂ ਤੇ ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਕਸ਼ਮੀਰ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਮੱਲੂ ਨੰਗਲ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਸ਼ਾਦੀਸ਼ੁਦਾ ਲੜਕਾ ਸਾਹਿਲਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਹੈ।

ਮੈਂ, ਚਰਨ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਬਾਬੇ ਕੀ ਬਸਤੀ ਹਿੰਮਤਪੁਰਾ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕੋਮਲਪ੍ਰੀਤ ਸਿੰਘ (ਕੁਆਰਾ) ਜੋ ਮੇਰੇ ਕਹਿਣੇ ਤੋਂ ਬਾਹਰ ਹੈ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਊਸ਼ਾ ਰਾਣੀ ਵਿਧਵਾ ਕੁਲਵੰਤ ਰਾਏ ਵਾਸੀ ਜੈਮਲ ਵਾਲਾ, ਤਹਿ: ਵਾ ਜ਼ਿਲ੍ਹਾ ਫਿਰੋਜ਼ਪੁਰ ਦੀ ਹਾਂ। ਮੇਰਾ ਲੜਕਾ ਵਿਜੇ ਕੁਮਾਰ ਬੁਰੀ ਸੰਗਤ ਦਾ ਸ਼ਿਕਾਰ ਹੈ ਤੇ ਮੇਰੇ ਕਹਿਣੇ ਤੋਂ ਬਾਹਰ ਹੈ, ਮੈਂ ਇਸ ਨੂੰ ਆਪਣੀ ਚੱਲ -ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਮੇਰਾ ਜਾਂ ਮੇਰੇ ਕਿਸੇ ਵੀ ਪਰਿਵਾਰਕ ਮੈਂਬਰ ਦਾ ਕੋਈ ਰਿਸ਼ਤਾ-ਨਾਤਾ ਨਹੀਂ ਰਿਹਾ ਹੈ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਵਿਜੇ ਕੁਮਾਰ ਪੁੱਤਰ ਜਨਕ ਰਾਮ ਅਤੇ ਮੀਨਾ ਕੁਮਾਰੀ ਪਤਨੀ ਵਿਜੇ ਕੁਮਾਰ ਵਾਸੀਆਨ ਮਕਾਨ ਨੰਬਰ 1235, ਗਲੀ ਰਾਜਪੁਰਾ, ਨੇੜੇ ਕੇਸਰ ਦਾ ਢਾਬਾ, ਚੌਕ ਪਾਸੀਆਂ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਸਿਯਾ, ਜੋ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਬਾਕੀ ਪਰਵਾਰਕ ਮੈਂਬਰਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਅਤੇ ਸਾਡੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਜਰਨੈਲ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਪਿੰਡ ਹਰਸ਼ਾ ਛੀਨਾ ਸੁਬਾਜਪੁਰ, ਸਬ-ਤਹਿਸੀਲ ਰਾਜਾਸਾਂਸੀ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਅਨਮੋਲਪ੍ਰੀਤ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਮੇਰੀ ਕੋਈ ਗੱਲ ਨਹੀਂ ਮੰਨਦੀ। ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜ਼ਿੰਮੇਵਾਰ ਹੋਵੇਗੀ। ਮੇਰਾ ਅਤੇ ਮੇਰੇ ਪਰਵਾਰ ਦਾ ਉਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਗੁਰਦੀਪ ਸਿੰਘ ਬੇਦੀ ਪੁੱਤਰ ਚਰਨ ਸਿੰਘ ਬੇਦੀ ਵਾਸੀ ਮਕਾਨ ਨੰਬਰ 29/1 ਨਜ਼ਦੀਕ ਇੰਪਰੂਵਮੈਂਟ ਟਰੱਸਟ ਕਾਲੋਨੀ ਸਕੀਮ ਨੰਬਰ 5, ਜੇਲ੍ਹ ਰੋਡ ਗੁਰਦਾਸਪੁਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਹਨੀ ਬੇਦੀ, ਜੋ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ।

ਮੈਂ, ਅਮਰਜੀਤ ਵਿਧਵਾ ਸੁੱਚਾ ਵਾਸੀ ਪਿੰਡ ਚੌਰਾਂਵਾਲੀ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਮਨਪ੍ਰੀਤ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

PUBLIC NOTICE

I, Suresh Puri S/o Pyara Lal R/o Mojo Majara Thakkarwal, Hoshiarpur, Punjab-146103 declare that Vishal Kumar Puri is my son, is a holder of Indian Passport bearing No. H1313934. That the present address of my son 13117 3rd ave SE, Everetta WA 98208. That my son is currently single, unmarried, and holds a bachelor status. He has never been married to anyone in India or abroad till date.

I, Tarsem Singh S/o Gurmit Singh R/o tal wal mohalla, Raipur Rasulpur, Distt. Jalandhar, Punjab declare that my son Gurmit Singh is out of my control. I disinherit him from my movable and immovable properties. I and my family shall not be held responsible for any of his acts deeds and things. All please note.

ਨਾਂਅ ਦੀ ਬਦਲੀ

ਮੈਂ, ਮੋਹਨ ਲਾਲ ਸਿੰਗਲਾ ਪੁੱਤਰ ਰਾਮ ਲਾਲ, ਵਾਸੀ ਮਕਾਨ ਨੰਬਰ 29, ਵਾਰਡ ਨੰਬਰ 7-ਬੀ, ਟੈਲੀਫੋਨ ਐਕਸਚੇਂਜ ਦੇ ਨੇੜੇ, ਧੂਰੀ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਮੋਹਨ ਲਾਲ ਰੱਖ ਲਿਆ ਹੈ।

ਮੈਂ, ਆਯੂਸ਼, ਪੁੱਤਰ ਧਰਮਿੰਦਰ ਸ਼ਰਮਾ, ਵਾਸੀ 1157/8, ਗਲੀ ਨੰਬਰ 2, ਇਸਲਾਮਾਬਾਦ, ਅੰਮ੍ਰਿਤਸਰ, ਨੇ ਆਪਣਾ ਨਾਮ ਆਯੂਸ਼ ਤੋਂ ਬਦਲ ਕੇ ਆਯੂਸ਼ ਸ਼ਰਮਾ ਰੱਖ ਲਿਆ ਹੈ।

ਮੈਂ ਨਿਰਵੈਰ ਸਿੰਘ ਪੁੱਤਰ ਤਾਰਾ ਸਿੰਘ ਵਾਸੀ ਪਿੰਡ ਮੀਰਪੁਰ ਤਹਿਸੀਲ ਸੁਲਤਾਨਪੁਰ ਲੋਧੀ ਜ਼ਿਲ੍ਹਾ ਕਪੂਰਥਲਾ। ਇਹ ਹੈ ਕਿ ਮੇਰਾ ਲੜਕਾ ਲੜਕਾ ਪਰਵਿੰਦਰ ਸਿੰਘ ਜੋ ਮੇਰੇ ਕਹਿਣੇਕਾਰ ਤੋਂ ਬਾਹਰ ਹੈ। ਮੈਂ ਉਸਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ।ਉਸ ਨਾਲ ਲੈਣ ਦੇਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਜਸਵਿੰਦਰ ਪੁੱਤਰ ਮੰਗਤ ਰਾਮ ਵਾਸੀ ਪਿੰਡ ਈਸਪੁਰ ਡਾਕਖਾਨਾ ਮਖਸੂਸਪੁਰ ਤਹਿਸੀਲ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਨੇ ਆਪਣਾ ਨਾਮ ਬਦਲ ਕੇ ਜਸਵਿੰਦਰ ਸਿੰਘ ਰੱਖ ਲਿਆ ਹੈ। ਸਬੰਧਤ ਨੋਟ ਕਰਨ।

ਮੈਂ, ਪਰਮਜੀਤ ਕੌਰ ਪਤਨੀ ਲੇਟ ਨਿਰਮਲ ਸਿੰਘ ਬੱਲ, ਵਾਸੀ ਪਿੰਡ ਹੱਬੋਵਾਲ, ਡਾਕਖਾਨਾ ਢਿੱਲਵਾਂ, ਤਹਿਸੀਲ ਭੁਲੱਥ, ਜ਼ਿਲ੍ਹਾ ਕਪੂਰਥਲਾ, ਪੰਜਾਬ, ਬਿਆਨ ਕਰਦੀ ਹਾਂ ਕਿ ਮੈਂ ਆਪਣਾ ਨਾਂ ਪਰਮਜੀਤ ਕੌਰ ਤੋਂ ਬਦਲ ਕੇ ਪਰਮਜੀਤ ਕੌਰ ਬੱਲ ਰੱਖ ਲਿਆ ਹੈ। ਸਾਰੇ ਸਬੰਧਤ ਨੋਟ ਕਰਨ।

ਮੈਂ ਗੁਰਦੀਪ ਸਿੰਘ ਪੁੱਤਰ ਰਸ਼ਪਾਲ ਸਿੰਘ ਵਾਸੀ ਘੱਗਾ ਤਹਿਸੀਲ ਪਾਤੜਾਂ (ਪਟਿਆਲਾ) ਨੇ ਆਪਣਾ ਨਾਮ ਬਦਲ ਕੇ ਗੁਰਵੀਰ ਸਿੰਘ ਰੱਖ ਲਿਆ ਹੈ।

ਮੈਂ ਜਸਵਿੰਦਰ ਕੌਰ ਦੇਹੜ ਪਤਨੀ ਕੁਲਵੰਤ ਸਿੰਘ ਵਾਸੀ ਪੰਡੋਰੀ (ਬਰਨਾਲਾ) ਨੇ ਆਪਣਾ ਨਾਂ ਬਦਲ ਕੇ ਜਸਵਿੰਦਰ ਕੌਰ ਰੱਖ ਲਿਆ ਹੈ।

ਮੈਂ, ਨਰਿੰਦਰ ਸਿੰਘ ਪੁੱਤਰ ਮਹਿੰਗਾ ਸਿੰਘ ਵਾਸੀ ਪਿੰਡ ਬਾਹਗਾ, ਡਾਕਖਾਨਾ ਗੜ੍ਹਦੀਵਾਲਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਦਾ ਵਸਨੀਕ ਹਾਂ ਮੇਰਾ ਵਾਕਿਆ ਰਕਬਾ ਪਿੰਡ ਗਾਲੋਵਾਲ/40, ਵਿਖੇ ਸਥਿਤ ਹੈ। ਮਹਿਕਮਾ ਮਾਲ ਵਿੱਚ ਮੇਰਾ ਨਾਮ ਸੁਰਿੰਦਰ ਸਿੰਘ ਪੁੱਤਰ ਮਹਿੰਗਾ ਲਿਖ ਦਿੱਤਾ ਹੈ ਜੋ ਕਿ ਗਲਤ ਹੈ ਮੇਰਾ ਸਹੀ ਨਾਮ ਨਰਿੰਦਰ ਸਿੰਘ ਪੁੱਤਰ ਮਹਿੰਗਾ ਸਿੰਘ ਹੈ ਜਿਸਨੂੰ ਪਿੰਡ ਗਾਲੋਵਾਲ/40 ਦੇ ਮਾਲ ਮਹਿਕਮਾ ਰਿਕਾਰਡ ਵਿੱਚ ਸਹੀ ਕੀਤਾ ਜਾਵੇ।

ਆਮ ਸੂਚਨਾ

ਮੈਂ ਕਵਲਜੀਤ ਸਿੰਘ ਪੁੱਤਰ ਮੋਹਿੰਦਰ ਸਿੰਘ ਵਾਸੀ ਮਕਾਨ ਨੰਬਰ ਜੀ8-16950, ਹਰਗੋਬਿੰਦ ਐਵੀਨਿਊ, ਸ਼ੇਰ ਸ਼ਾਹ ਸੂਰੀ ਰੋਡ, ਛੇਹਰਟਾ ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ Kawaljit Singh (ਕਵਲਜੀਤ ਸਿੰਘ) ਅਤੇ Kanwaljit Singh (ਕੰਵਲਜੀਤ ਸਿੰਘ) ਦੋਨੋਂ ਮੇਰੇ ਇੱਕ ਹੀ ਸ਼ਖ਼ਸ਼ ਦੇ ਨਾਮ ਹਨ। ਸੰਬੰਧਤ ਨੋਟ ਕਰੋ।

ਕਪੂਰ ਸਿੰਘ ਪੁੱਤਰ ਵਿਸਾਖਾ ਸਿੰਘ ਰਕਬਾ ਸ਼ੁਤਰਾਣਾ 3004332681 ਦਾ ਨਾਂਅ ਬਦਲੀ ਕਰਕੇ ਕਸ਼ਮੀਰ ਸਿੰਘ ਪੁੱਤਰ ਕਪੂਰ ਸਿੰਘ ਦੇ ਨਾਂਅ 'ਤੇ ਕੀਤਾ ਜਾ ਰਿਹਾ ਹੈ। ਜੇਕਰ ਇਸ ਸੰਬੰਧੀ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਇਸ ਸੰਬੰਧੀ ਸਹਾਇਕ ਇੰਜ: ਸ਼ੁਤਰਾਣਾ ਨੂੰ ਇਤਰਾਜ਼ ਪੇਸ਼ ਕਰ ਸਕਦਾ ਹੈ, 15 ਦਿਨਾਂ ਦੇ ਅੰਦਰ-ਅੰਦਰ।

ਮੈਂ, ਬਲਵਿੰਦਰ ਸਿੰਘ ਪੁੱਤਰ ਸ਼੍ਰੀ ਮਿਲਖਾ ਸਿੰਘ, ਵਾਸੀ ਡਾਕਖਾਨਾ ਸਰੋਬਾਦ, ਕੋਟਲੀ ਅਰਾਈਆਂ, ਜਲੰਧਰ ਬਿਆਨ ਕਰਦਾ ਹਾਂ ਕਿ ਮੈਂ ਇਕ ਹਲਫੀਆ ਬਿਆਨ ਬਾਬਤ ਬੇਦਖਲੀ ਮੇਰੇ ਲੜਕੇ ਕੁਲਵੰਤ ਸਿੰਘ ਤੇ ਉਸ ਦੀ ਪਤਨੀ ਮਨਵੀਰ ਕੌਰ ਦੇ ਸੰਬੰਧ ਵਿਚ ਮਿਤੀ 30.05.2026 ਨੂੰ ਅਖਬਾਰ 'ਨਵਾਂ ਜ਼ਮਾਨਾ' ਵਿਚ ਪ੍ਰਕਾਸ਼ਤ ਕਰਵਾਇਆ ਸੀ। ਪਰ ਉਸ ਵਿਚ ਮੇਰੇ ਲੜਕੇ ਕੁਲਵੰਤ ਸਿੰਘ ਦਾ ਨਾਂਅ ਠੀਕ ਛਪ ਗਿਆ ਸੀ, ਪਰ ਕੁਲਵੰਤ ਸਿੰਘ ਦੀ ਪਤਨੀ ਦਾ ਨਾਂਅ ਗਲਤੀ ਨਾਲ ਮਨਵੀਰ ਕੌਰ ਛਪ ਗਿਆ, ਜੋ ਕਿ ਗਲਤ ਸੀ ਪਰ ਉਸ ਦਾ ਸਹੀ ਨਾਂਅ ਮਨਦੀਪ ਕੌਰ ਪਤਨੀ ਕੁਲਵੰਤ ਸਿੰਘ ਹੈ।

ਮੈਂ, ਇਕਬਾਲ ਸਿੰਘ ਪੁੱਤਰ ਪਰਗਨ ਸਿੰਘ ਵਾਸੀ 3644ਏ/19, ਗੇਟ ਭਗਤਾਂ ਵਾਲਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਦੁਕਾਨ ਦੀ ਪੁਰਾਣੀ ਅਸਲ ਰਜਿਸਟਰੀ ਜਿਸ ਦਾ ਕੁੱਲ ਰਕਬਾ 25.42 ਵਰਗ ਗਜ਼, ਵਸੀਕਾ ਨੰ: 1357, ਤਸਦੀਕ ਮਿਤੀ 29.04.2013, ਜੋ ਸੁਲਤਾਨਵਿੰਡ, ਸਬ-ਅਰਬਨ ਅਬਾਦੀ, ਜਵਾਹਰ ਨਗਰ ਵਿਖੇ ਸਥਿਤ ਹੈ, ਜਿਸ ਦੀ ਮਾਲਕੀ ਜਸਪਾਲ ਕੌਰ ਪਤਨੀ ਸੁਖਵਿੰਦਰ ਸਿੰਘ ਵਾਸੀ ਰਾਮ ਤੀਰਥ ਰੋਡ ਅੰਮ੍ਰਿਤਸਰ, ਜੋ 01.08.2026 ਨੂੰ ਗੁੰਮ ਹੋ ਗਈ ਹੈ, ਜਿਸ ਦੀ ਐੱਫ. ਆਈ.ਆਰ. 10.11.2026 ਨੂੰ ਥਾਣਾ ਬੀ-ਡਵੀਜ਼ਨ ਅੰਮ੍ਰਿਤਸਰ ਵਿਖੇ ਦਰਜ ਕਰਵਾ ਦਿੱਤੀ ਹੈ, ਜਿਸ ਦਾ ਐੱਲ.ਆਈ. ਆਰ. ਨੰ: 825544 ਹੈ, ਜੇ ਕਿਸੇ ਨੂੰ ਮਿਲੇ ਤਾਂ ਉਪਰੋਕਤ ਪਤੇ 'ਤੇ ਸੰਪਰਕ ਕਰੇ।

ਮੈਂ, ਚਰਨੋ ਪਤਨੀ ਸ੍ਰੀ ਹਰਬਲਾਗ ਸਿੰਘ ਵਾਸੀ ਪਿੰਡ ਰਾਮ ਨਗਰ ਚੁੰਨੀਵਾਲਾ ਉਰਫ ਦੇਵੀਗੜ੍ਹ, ਤਹਿਸੀਲ ਦੂਧਨ ਸਾਧਾਂ, ਜ਼ਿਲ੍ਹਾ ਪਟਿਆਲਾ ਦੀ ਹਾਂ। ਮੇਰਾ ਆਧਾਰ ਕਾਰਡ ਨੰਬਰ 2773 7558 6863 ਹੈ। ਮੈਂ ਬਿਆਨ ਕਰਦੀ ਹਾਂ ਕਿ ਮੇਰੇ ਪਤੀ ਹਰਬਲਾਗ ਸਿੰਘ ਦੀ ਮੌਤ 05.09.2026 ਨੂੰ ਹੋ ਚੁੱਕੀ ਹੈ। ਇਹ ਕਿ ਗੁਰਮੀਤ ਸਿੰਘ ਪੁੱਤਰ ਹਰਬਲਾਗ ਸਿੰਘ ਸਾਡੀ ਇਕਲੌਤੀ ਔਲਾਦ ਹੈ। ਇਹ ਕਿ ਮੇਰਾ ਬੇਟਾ ਗੁਰਮੀਤ ਸਿੰਘ ਮੇਰੀ ਅਤੇ ਮੇਰੇ ਪਰਵਾਰ ਦੀ ਦੇਖ-ਭਾਲ ਅਤੇ ਆਗਿਆ ਦਾ ਪਾਲਣ ਕਰ ਰਿਹਾ ਹੈ। ਇਹ ਕਿ ਗੁਰਮੀਤ ਸਿੰਘ ਭਵਿੱਖ ਵਿਚ ਸਾਡੀ ਚੱਲ-ਅਚੱਲ ਜਾਇਦਾਦ ਦਾ ਹੱਕਦਾਰ ਹੋਵੇਗਾ। ਸੰਬੰਧਤ ਨੋਟ ਕਰਨ।

ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

ਅਦਾਲਤੀ ਇਸ਼ਤਿਹਾਰ

ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਨਵਾਂਸ਼ਹਿਰ

ਮਿਸਲ ਨੰ 20 ਐਨ.ਟੀ ਕਿਸਮ-: ਤਕਸੀਮ
ਦਾਇਰ ਮਿਤੀ : 14/9/2026 ਫੈਸਲਾ ਮਿਤੀ-
ਪਿੰਡ : ਬਰਨਾਲਾ ਕਲਾਂ-2
ਅਨੁਵਾਨ ਮੁਕੱਦਮਾ-: ਜਸਵੰਤ ਕੌਰ ਬਨਾਮ ਮਲਕੀਤ ਸਿੰਘ ਵਗੈਰਾ

1. ਜਸਵੰਤ ਕੌਰ ਪਤਨੀ ਸੋਹਨ ਸਿੰਘ ਪੁੱਤਰ ਅਮਰਨਾਥ ਵਾਸੀ ਪਿੰਡ ਬਰਨਾਲਾ ਕਲਾਂ, ਤਹਿ. ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। ....ਫਰੀਕ ਅੱਵਲ

ਬਨਾਮ

1. ਮਲਕੀਤ ਸਿੰਘ ਪੁੱਤਰ ਪ੍ਰਤਾਪ ਸਿੰਘ ਪੁੱਤਰ ਰੂਲੀਆ 2. ਤਰਲੋਕ ਸਿੰਘ ਪੁੱਤਰ ਪ੍ਰਤਾਪ ਸਿੰਘ ਪੁੱਤਰ ਰੂਲੀਆ ਏ. ਰੂਪੀ ਪੁੱਤਰੀ ਬੀ. ਸਨਦੀਪ ਪੁੱਤਰੀ ਸੀ. ਹੇਮਾ ਪੁੱਤਰੀ 3. ਸੇਵਾ ਸਿੰਘ ਪੁੱਤਰ ਪ੍ਰਤਾਪ ਸਿੰਘ ਪੁੱਤਰ ਰੂਲੀਆ 4. ਤਾਰਾ ਸਿੰਘ ਪੁੱਤਰ ਪ੍ਰਤਾਪ ਸਿੰਘ ਪੁੱਤਰ ਰੂਲੀਆ 5. ਜਸਵਿੰਦਰ ਸਿੰਘ ਪੁੱਤਰ ਗੁਰਮੇਲ ਸਿੰਘ ਪੁੱਤਰ ਪ੍ਰਤਾਪ ਸਿੰਘ।

........ਫਰੀਕ ਦੋਇਮ

ਦਰਖਾਸਤ ਕੀਏ ਜਾਣ ਤਕਸੀਮ ਅਰਾਜੀ ਖੇਵਟ ਨੰ. 290 ਖਤੌਨੀ ਨੰ. 363 (ਰਕਬਾ 25 ਕਨਾਲ 11 ਮਰਲੇ), ਬਰੂਏ ਜਮ੍ਹਾਂਬੰਦੀ ਸਾਲ 2022-2023.

ਉਕਤ ਮੁਕੱਦਮੇ ਵਿੱਚ ਅਦਾਲਤ ਨੂੰ ਪੂਰਾ ਯਕੀਨ ਹੋ ਚੁੱਕਾ ਹੈ ਕਿ ਮੁਦਾਇਲਾ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ। ਇਸ ਲਈ ਮਿਤੀ 18/11/2026 ਦੀ ਤਾਰੀਖ ਪੇਸ਼ੀ ਨਿਸ਼ਚਿਤ ਕਰਕੇ ਇਸ ਇਸ਼ਤਿਹਾਰ ਰਾਹੀਂ ਮੁਦਾਇਲਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਤਾਰੀਖ ਪੇਸ਼ੀ 'ਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆਉਣ, ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 04/11/2026 ਨੂੰ ਮੇਰੇ ਦਸਤਖਤ ਅਤੇ ਮੋਹਰ ਅਦਾਲਤ ਨਾਲ ਇਹ ਪਬਲੀਕੇਸ਼ਨ ਨੋਟਿਸ ਜਾਰੀ ਕੀਤਾ ਜਾਂਦਾ ਹੈ।

ਸਹੀ/-ਨਾਇਬ-ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ ਅੱਵਲ, ਨਵਾਂਸ਼ਹਿਰ
ਪੱਤਰ ਨੰ: 245 ਆਰ-2 ਮਿਤੀ 4/11/26

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀਮਤੀ ਮਨਜੀਤ ਕੌਰ, ਪੀ.ਸੀ.ਐੱਸ, ਉਪ-ਮੰਡਲ ਮੈਜਿਸਟਰੇਟ, ਭਵਾਨੀਗੜ੍ਹ

ਤਾਰੀਖ ਪੇਸ਼ੀ : 26.11.2026
ਵਿਸ਼ਾ: ਮਿਸਲ ਨੰਬਰ 10, ਰਜੂਆ 01.09.2026
ਕੇਸ : ਫੱਕ ਉੱਲ ਰਹਿਣ (ਪਿੰਡ ਝਨੇੜੀ)
ਲਖਵਿੰਦਰ ਕੌਰ ਬਨਾਮ ਚਰੰਜੀ ਲਾਲ ਉਰਫ ਚਰੰਜੀ ਮੱਲ

ਉਕਤ ਕੇਸ ਵਿੱਚ ਇਸ ਅਦਾਲਤ ਨੂੰ ਯਕੀਨ ਹੋ ਗਿਆ ਹੈ ਕਿ ਰੈਸਪਾਡੈਂਟ ਦੀ ਇਤਲਾਹ ਆਸਾਨੀ ਨਾਲ ਨਹੀਂ ਹੋ ਸਕਦੀ। ਇਸ ਲਈ Section 22 of PLRA ਅਧੀਨ ਇਹ ਅਦਾਲਤੀ ਇਸ਼ਤਿਹਾਰ ਜਾਰੀ ਕਰਕੇ ਰੈਸਪਾਡੈਂਟ ਨੂੰ ਇਤਲਾਹ ਦਿੱਤੀ ਜਾਂਦੀ ਹੈ ਕਿ ਉਹ ਤਾਰੀਖ ਪੇਸ਼ੀ ਮਿਤੀ 26.11.2026 ਨੂੰ ਬਾਅਦ ਦੁਪਹਿਰ 02.30 ਵਜੇ ਅਸਾਲਤਨ ਜਾਂ ਵਕਾਲਤਨ ਨਿਮਨਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋ ਕਰ ਕੇਸ ਦੀ ਪੈਰਵੀ ਕਰ ਸਕਦੀ ਹੈ। ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਰੈਸਪਾਡੈਂਟ ਦੇ ਵਿਰੁੱਧ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

1) ਚਰੰਜੀ ਲਾਲ ਉਰਫ ਚਰੰਜੀ ਮੱਲ ਪੁੱਤਰ ਬ੍ਰਹਮੀ ਮੱਲ ਵਾਸੀ ਪਿੰਡ ਝਨੇੜੀ ਤਹਿਸੀਲ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ।

ਰੈਸਪੋਡੈਂਟ

ਅੱਜ ਮਿਤੀ 05 ਨਵੰਬਰ, 2026 ਨੂੰ ਇਹ ਅਦਾਲਤੀ ਇਸ਼ਤਿਹਾਰ ਮੇਰੇ ਹਸਤਾਖਰਾਂ ਬਾ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹੀ/-ਕੁਲੈਕਟਰ, ਉਪ ਮੰਡਲ ਮੈਜਿਸਟਰੇਟ, ਭਵਾਨੀਗੜ੍ਹ
ਨੰ: 331/ਅਮਿ. ਮਿਤੀ: 05-11-2026

COURT NOTICE

(U/o 5 Rule 20 CPC)
In the Court of Ms. Reena Rani
Civil Judge (Junior Division), Phul
CS/602/2026
CNR No. PBBTB0-000838-2026
Next Date:- 01-12-2026
Labh Kaur Vs. General Public

Suit For Declaration Nachattar Singh Son of Preetam Singh, resident of Balianwali, Tehsil Mour, District Bathinda. was approximately 5 feet 8 inch tall, had a wheatish complexion, kept a beard and uncut hair, and had a slim and agile physique. He was addicated to intoxicants. in the year 2016, at about 5:00 PM, he left his house without informing anyone and did not return thereafter. Since then, nobody has seen Nachattar Singh Son of Pritam Singh, Alive.

Publication Issued To:
General Public
:- General Public

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 01-12-2026 at 10:00 a.m.

For details logon to https://highcourtchd.gov.in/?mod=district_notice&district=Bathinda

Civil Judge (Junior Division), Phul
Dated, this day of 07-11-2026

COURT NOTICE

(U/o 5 Rule 20 CPC)
(Succession Case)
In the Court of Mamta Kakkar
Additional Civil Judge Senior Division-1, Moga
CNR No. PBMO02-002388-2026
Next Date :- 23-11-2026
Bhupinder Singh
Vs.
General Public
Notice To : General Public : GP

In above titled case the defendant(s)/ respondent(s) could not be served. It is ordered that defendant(s)/ respondent(s) should appear in person or through counsel on 23.11.2026 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge Senior Division-1, Moga
Dated this day of 05-11-2026

ਬਾ- ਅਦਾਲਤ ਸ੍ਰੀ ਲਖਵਿੰਦਰ ਸਿੰਘ ਸਬ ਰਜਿਸਟਰਾਰ ਅੰਮ੍ਰਿਤਸਰ -1

ਵਿਸ਼ਾ: ਵਸੀਅਤ ਜ਼ੇਰ ਧਾਰਾ 40 ਇੰਡੀਅਨ ਰਜਿਸਟਰੇਸ਼ਨ ਐਕਟ ਅਧੀਨ ਤਸਦੀਕ ਕਰਨ ਬਾਰੇ।

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਅਸੀਂ ਜਸਬੀਰ ਸਿੰਘ ਪੁੱਤਰ ਜੋਗਿੰਦਰ ਸਿੰਘ ਅਤੇ ਹਰਜੀਤ ਸਿੰਘ, ਹਰਜੋਤ ਸਿੰਘ, ਹਰਕੀਰਤ ਸਿੰਘ ਹਰਸਿਮਰਨ ਸਿੰਘ ਵਾਸੀ 370/11 ਰਾਧਾ ਸਵਾਮੀ ਸਤਸੰਗ ਮਾਰਗ, ਮਾਲ ਰੋਡ ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਨੇ ਇੱਕ ਦਰਖਾਸਤ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਕੀਤੀ ਅਨਰਜਿਸਟਰਡ ਵਸੀਅਤ ਨਾਲ ਨੱਥੀ ਕੀਤੀ ਅਤੇ ਆਪਣੀ ਦਰਖਾਸਤ ਵਿੱਚ ਲਿਖਿਆ ਹੈ ਮੇਰੀ ਦਾਦੀ/ ਮਾਤਾ ਸੁਰਜੀਤ ਕੌਰ ਲੇਟ ਸ: ਜੋਗਿੰਦਰ ਸਿੰਘ ਦੀ ਮੌਤ ਹੋ ਚੁੱਕੀ ਹੈ ਅਤੇ ਉਨ੍ਹਾਂ ਨੇ ਆਪਣੀ ਮੌਤ ਤੋਂ ਪਹਿਲਾਂ ਇੱਕ ਅਨਰਜਿਸਟਰਡ ਵਸੀਅਤ ਮਿਤੀ 19-12-1998 ਨੂੰ ਆਪਣੇ (ਪੁੱਤਰ/ਪੋਤਰੇ/ਪੜਪੋਤਰੇ) ਜਸਬੀਰ ਸਿੰਘ ਪੁੱਤਰ ਜੋਗਿੰਦਰ ਸਿੰਘ ਅਤੇ ਹਰਜੀਤ ਸਿੰਘ, ਹਰਜੋਤ ਸਿੰਘ, ਹਰਕੀਰਤ ਸਿੰਘ, ਹਰਸਿਮਰਨ ਸਿੰਘ ਦੇ ਹੱਕ ਵਿਚ ਲਿਖਾਈ ਸੀ, ਜੋ ਕਿ ਕਿਸੇ ਕਾਰਨ ਉਹ ਰਜਿਸਟਰਡ ਨਹੀਂ ਕਰਵਾ ਸਕੇ। ਉਹ ਸੁਰਜੀਤ ਕੌਰ ਵੱਲੋਂ ਕਰਵਾਈ ਗਈ ਅਨਰਜਿਸਟਰਡ ਵਸੀਅਤ ਨੂੰ ਇੰਡੀਅਨ ਰਜਿਸਟਰੇਸ਼ਨ ਐਕਟ ਦਫਾ-40 ਤਹਿਤ ਰਜਿਸਟਰੇਸ਼ਨ ਕਰਵਾਉਣਾ ਚਾਹੁੰਦੇ ਹਨ। ਸੁਰਜੀਤ ਕੌਰ ਦੇ ਵਾਰਸ: ਅਤੇ ਆਮ ਜਨਤਾ ਦੀ ਜਾਣਕਾਰੀ ਲਈ ਅਖਬਾਰ ਵਿੱਚ ਇਸ਼ਤਿਹਾਰ ਦਿੱਤਾ ਜਾਵੇ ਕਿ ਇਹ ਵਸੀਅਤ ਜ਼ੇਰ ਧਾਰਾ-40 ਭਾਰਤੀ ਰਜਿਸਟਰੇਸ਼ਨ ਐਕਟ ਅਧੀਨ ਤਸਦੀਕ ਹੋਣ ਵਿੱਚ ਕਿਸੇ ਨੂੰ ਕੋਈ ਇਤਰਾਜ਼ ਤਾਂ ਨਹੀਂ ਹੈ, ਜੇਕਰ ਕਿਸੇ ਧਿਰ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਇਸ਼ਤਿਹਾਰ ਜਾਰੀ ਹੋਣ ਤੋਂ 21 ਦਿਨ ਦੇ ਅੰਦਰ ਹਾਜ਼ਰ ਹੋ ਕੇ ਉਜ਼ਰ ਪੇਸ਼ ਕਰ ਸਕਦਾ ਹੈ। ਬਾਅਦ ਵਿੱਚ ਕੋਈ ਇਤਰਾਜ਼ ਨਹੀਂ ਸੁਣਿਆ ਜਾਵੇਗਾ ਅਤੇ ਬਾਅਦ ਗੁਜ਼ਰਨੇ ਮਿਆਦ ਵਸੀਅਤ ਤਸਦੀਕ ਕਰ ਦਿੱਤੀ ਜਾਵੇਗੀ। ਇਹ ਅਖਬਾਰ ਵਿੱਚ ਇਸ਼ਤਿਹਾਰ ਮਿਤੀ 2-11- 2026 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹੀ/-ਸਬ ਰਜਿਸਟਰਾਰ, ਅੰਮ੍ਰਿਤਸਰ-1

ਪਬਲੀਕੇਸ਼ਨ ਨੋਟਿਸ

ਬਾ ਅਦਾਲਤ ਜ਼ਿਲ੍ਹਾ ਮਾਲ ਅਫਸਰ ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐੱਨ.ਆਰ.ਆਈਜ਼. ਜਲੰਧਰ

ਮਿਸਲ ਨੰਬਰ: 11/FTC/NRI ਪਿੰਡ ਹੇਰ

ਗੁਰਦਿਆਲ ਸਿੰਘ ਪੁੱਤਰ ਅਮਰ ਸਿੰਘ ਪੁੱਤਰ ਰਾਮ ਸਿੰਘ 2. ਗੁਰਨਾਮ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਕਿਸ਼ਨ ਸਿੰਘ ਵਾਸੀ 197 Taralake Manor NE Calgary AB T3J 0N1 ਫਰੀਕ ਅੱਵਲ

ਬਨਾਮ

ਨੋਟਿਸ ਬਨਾਮ

1. ਚਰਨ ਸਿੰਘ ਪੁੱਤਰ ਅਮਰ ਸਿੰਘ ਪੁੱਤਰ ਰਾਮ ਸਿੰਘ 2. ਮੁਖਤਿਆਰ ਸਿੰਘ ਪੁੱਤਰ ਅਮਰ ਸਿੰਘ ਪੁੱਤਰ ਰਾਮ ਸਿੰਘ 3. ਕਸ਼ਮੀਰ ਸਿੰਘ ਪੁੱਤਰ ਅਮਰ ਸਿੰਘ ਪੁੱਤਰ ਰਾਮ ਸਿੰਘ 4. ਬਹਾਦਰ ਸਿੰਘ ਪੁੱਤਰ ਦਲਬੀਰ ਸਿੰਘ ਪੁੱਤਰ ਨਰੈਣ ਸਿੰਘ 5. ਹਰਬਿੰਦਰ ਸਿੰਘ ਪੁੱਤਰ ਪਾਲ ਸਿੰਘ ਪੁੱਤਰ ਈਸ਼ਰ ਸਿੰਘ 6. ਤਰਸੇਮ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਕਿਸ਼ਨ ਸਿੰਘ 7. ਗੁਰਨਾਮ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਕਿਸ਼ਨ ਸਿੰਘ 8. ਸਵਰਨ ਸਿੰਘ ਪੁੱਤਰ ਗੇਂਦਾ ਸਿੰਘ ਪੁੱਤਰ ਨੱਥਾ ਸਿੰਘ 9. ਹਰਨੇਕ ਸਿੰਘ ਪੁੱਤਰ ਗੁਰਦੀਪ ਸਿੰਘ ਪੁੱਤਰ ਦਰਸ਼ਨ ਸਿੰਘ 10. ਬਲਵੀਰ ਸਿੰਘ ਪੁੱਤਰ ਜੋਗਿੰਦਰ ਸਿੰਘ ਪੁੱਤਰ ਅਮਰ ਸਿੰਘ 11. ਸਰਬਜੀਤ ਸਿੰਘ ਹੇਅਰ ਪੁੱਤਰ ਜੋਗਿੰਦਰ ਸਿੰਘ ਪੁੱਤਰ ਅਮਰ ਸਿੰਘ 12. ਚਰਨ ਕੌਰ ਵਿਧਵਾ ਜੋਗਿੰਦਰ ਸਿੰਘ ਪੁੱਤਰ ਅਮਰ ਸਿੰਘ 13. ਅਵਤਾਰ ਸਿੰਘ ਪੁੱਤਰ ਪਾਲ ਸਿੰਘ ਪੁੱਤਰ ਈਸ਼ਰ ਸਿੰਘ 14. ਹਰਵਿੰਦਰ ਸਿੰਘ ਪੁੱਤਰ ਪਾਲ ਸਿੰਘ ਪੁੱਤਰ ਈਸ਼ਰ ਸਿੰਘ 15. ਰਛਪਾਲ ਕੌਰ ਪਤਨੀ ਹਜ਼ੂਰਾ ਸਿੰਘ ਪੁੱਤਰ ਗੁਲਜ਼ਾਰ ਸਿੰਘ 16. ਬਲਵੰਤ ਸਿੰਘ ਪੁੱਤਰ ਗੁਰਦੀਪ ਸਿੰਘ ਪੁੱਤਰ ਦਰਸ਼ਨ ਸਿੰਘ 17. ਤਰਲੋਚਨ ਸਿੰਘ ਉਰਫ ਖੇਮ ਸਿੰਘ ਪੁੱਤਰ ਮਲਕੀਤ ਸਿੰਘ ਪੁੱਤਰ ਨਰੈਣ ਸਿੰਘ 18. ਗੁਰਦੇਵ ਸਿੰਘ ਪੁੱਤਰ ਮਲਕੀਤ ਸਿੰਘ ਪੁੱਤਰ ਨਰੈਣ ਸਿੰਘ 19. ਲਵਪ੍ਰੀਤ ਸਿੰਘ ਪੁੱਤਰ ਬਹਾਦਰ ਸਿੰਘ ਪੁੱਤਰ ਦਲਬੀਰ ਸਿੰਘ 20. ਜੋਗਿੰਦਰ ਸਿੰਘ ਪੁੱਤਰ ਲਛਮਣ ਸਿੰਘ ਪੁੱਤਰ ਜਵਾਲਾ ਸਿੰਘ 21. ਮਹਿੰਦਰ ਸਿੰਘ ਪੁੱਤਰ ਲਛਮਣ ਸਿੰਘ ਪੁੱਤਰ ਜਵਾਲਾ ਸਿੰਘ 22. ਹਰਵਿੰਦਰ ਸਿੰਘ ਪੁੱਤਰ ਲਛਮਣ ਸਿੰਘ ਪੁੱਤਰ ਜਵਾਲਾ ਸਿੰਘ 23. ਦਲਬੀਰ ਕੌਰ ਪੁੱਤਰੀ ਲਛਮਣ ਸਿੰਘ ਪੁੱਤਰ ਜਵਾਲਾ ਸਿੰਘ 24. ਗੁਰਪ੍ਰੀਤ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਲਛਮਣ ਸਿੰਘ 25. ਪਰਮਜੀਤ ਸਿੰਘ ਪੁੱਤਰ ਗੁਰਦੀਪ ਸਿੰਘ ਪੁੱਤਰ ਦਰਸ਼ਨ ਸਿੰਘ 26. ਗੁਰਨਾਮ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਰਿਖਬ ਦਾਸ 27. ਤਰਸੇਮ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਰਿਖਬ ਦਾਸ 28. ਸਰਦਾਰਾ ਸਿੰਘ ਪੁੱਤਰ ਸ਼ਾਮ ਸਿੰਘ ਪੁੱਤਰ ਭਗਤਾ 29. ਗੁਰਦੇਵ ਸਿੰਘ ਪੁੱਤਰ ਕਰਤਾਰ ਸਿੰਘ ਪੁੱਤਰ ਸ਼ਾਮ ਸਿੰਘ 30. ਸੁਰਜਨ ਸਿੰਘ ਪੁੱਤਰ ਕਰਤਾਰ ਸਿੰਘ ਪੁੱਤਰ ਸ਼ਾਮ ਸਿੰਘ 31. ਛਿੰਦਰਪਾਲ ਸਿੰਘ ਪੁੱਤਰ ਨਰੰਜਣ ਪਾਲ ਪੁੱਤਰ ਕਿਸ਼ਨ ਦਾਸ ਸਾਰੇ ਵਾਸੀਆਨ ਪਿੰਡ ਹੇਰ ਤਹਿਸੀਲ ਨਕੋਦਰ ਜ਼ਿਲ੍ਹਾ ਜਲੰਧਰ 32. ਪੰਜਾਬ ਨੈਸ਼ਨਲ ਬੈਂਕ ਬਰਾਂਚ ਹੇਰ 33. ਇੰਡੀਅਨ ਬੈਂਕ ਬਰਾਂਚ ਨੂਰਪੁਰ।

ਫਰੀਕ ਦੋਇਮ

ਦਰਖਾਸਤ ਤਕਸੀਮ ਅਰਾਜੀ ਖੇਵਟ ਨੰਬਰ 613, 639, 642, 651 ਵਾਕਿਆ ਰਕਬਾ ਪਿੰਡ ਹੇਰ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ, ਜਮ੍ਹਾਂਬੰਦੀ ਸਾਲ 2019-2020.

ਉਕਤ ਅਨੁਵਾਨ ਕੇਸ ਤਕਸੀਮ ਕੇਸ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਚੱਲ ਰਿਹਾ ਹੈ। ਇਸ ਅਦਾਲਤ ਨੂੰ ਯਕੀਨ ਹੋ ਚੁੱਕਾ ਹੈ ਕਿ ਫਰੀਕੈਨ ਦੋਮ ਦੀ ਤਲਬੀ ਅਸਾਨ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਇਸ਼ਤਿਹਾਰ ਰਾਹੀਂ ਫਰੀਕੈਨ ਦੋਮ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਕੇਸ ਵਿੱਚ ਨਿਸ਼ਚਿਤ ਮਿਤੀ 18.11.2016 ਨੂੰ ਸਮਾਂ 2:00 ਵਜੇ ਦੁਪਹਿਰ ਨਿਮਨ-ਹਸਤਾਖਰ ਦੀ ਅਦਾਲਤ ਵਿੱਚ ਅਸਾਲਤਨ/ਵਕਾਲਤਨ ਜਾਂ ਕਿਸੇ ਮੁਖਤਾਰ ਰਾਹੀਂ ਹਾਜ਼ਰ ਹੋ ਕੇ ਆਪਣੇ ਕੇਸ ਦੀ ਪੈਰਵਾਈ ਕਰ ਸਕਦੇ ਹਨ। ਨਿਸ਼ਚਿਤ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਫਰੀਕੈਨ ਦੋਮ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਨੋਟਿਸ ਅੱਜ ਮਿਤੀ 10.11.26 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਜਾਰੀ ਹੋਇਆ।

ਸਹੀ/-ਜ਼ਿਲ੍ਹਾ ਮਾਲ ਅਫਸਰ ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐੱਨ.ਆਰ.ਆਈਜ਼. ਜਲੰਧਰ
ਨੰਬਰ 395/ਰੀਡਰ ਮਿਤੀ : 10/11/26

ਪਬਲੀਕੇਸ਼ਨ ਨੋਟਿਸ

ਬਾ ਅਦਾਲਤ ਜ਼ਿਲ੍ਹਾ ਮਾਲ ਅਫਸਰ ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐੱਨ.ਆਰ.ਆਈਜ਼. ਜਲੰਧਰ

ਮਿਸਲ ਨੰਬਰ: 10/FTC/NRI ਪਿੰਡ ਲਿੱਤਰਾਂ

ਗਿਆਨ ਸਿੰਘ ਪੁੱਤਰ ਕਰਤਾਰ ਸਿੰਘ ਪੁੱਤਰ ਭਗਤ ਸਿੰਘ ਵਾਸੀ 314 SPRING LANE, LAMBLEY, NOTTINGHAM, NG3 5RQ, UK .....ਫਰੀਕ ਅੱਵਲ

ਬਨਾਮ

ਨੋਟਿਸ ਬਨਾਮ

1. ਗੁਰਮੇਜ ਸਿੰਘ ਪੁੱਤਰ ਕਰਤਾਰ ਸਿੰਘ ਪੁੱਤਰ ਭਗਤ ਸਿੰਘ 2. ਬਲਵੀਰ ਕੌਰ ਵਿਧਵਾ ਭਜਨ ਸਿੰਘ ਪੁੱਤਰ ਪਾਖਰ ਸਿੰਘ 3. ਜਸਵਿੰਦਰ ਸਿੰਘ ਪੁੱਤਰ ਭਜਨ ਸਿੰਘ ਪੁੱਤਰ ਪਾਖਰ ਸਿੰਘ 4. ਸੁਖਵਿੰਦਰ ਸਿੰਘ ਪੁੱਤਰ ਭਜਨ ਸਿੰਘ ਪੁੱਤਰ ਪਾਖਰ ਸਿੰਘ 5. ਬਲਵਿੰਦਰ ਸਿੰਘ ਪੁੱਤਰ ਭਜਨ ਸਿੰਘ ਪੁੱਤਰ ਪਾਖਰ ਸਿੰਘ 6. ਉਮਕਾਰ ਸਿੰਘ ਪੁੱਤਰ ਭਜਨ ਸਿੰਘ ਪੁੱਤਰ ਪਾਖਰ ਸਿੰਘ 7. ਸੁਰਿੰਦਰ ਕੌਰ ਵਿਧਵਾ ਸੰਤੋਖ ਸਿੰਘ ਪੁੱਤਰ ਪਾਖਰ ਸਿੰਘ 8. ਸਰਬਜੀਤ ਕੌਰ ਪੁੱਤਰੀ ਸੰਤੋਖ ਸਿੰਘ ਪੁੱਤਰ ਪਾਖਰ ਸਿੰਘ 9. ਕੁਲਵੰਤ ਕੌਰ ਪੁੱਤਰੀ ਸੰਤੋਖ ਸਿੰਘ ਪੁੱਤਰ ਪਾਖਰ ਸਿੰਘ 10. ਪ੍ਰਤਾਪੀ ਵਿਧਵਾ ਉਜਾਗਰ ਸਿੰਘ ਪੁੱਤਰ ਚੂਹੜ ਸਿੰਘ 11. ਨਸੀਬ ਕੌਰ ਪੁੱਤਰੀ ਉਜਾਗਰ ਸਿੰਘ ਪੁੱਤਰ ਚੂਹੜ ਸਿੰਘ 12. ਹਰਬੰਸ ਕੌਰ ਪਤਨੀ ਸੁਖਦੇਵ ਸਿੰਘ ਪੁੱਤਰ ਕਰਤਾਰ ਸਿੰਘ 13. ਗੁਰਬਚਨ ਕੌਰ ਵਿਧਵਾ ਦਰਸ਼ਨ ਸਿੰਘ ਪੁੱਤਰ ਕਰਤਾਰ ਸਿੰਘ 14. ਕੁਲਦੀਪ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਕਰਤਾਰ ਸਿੰਘ 15. ਰਨਜੀਤ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਕਰਤਾਰ ਸਿੰਘ 16. ਪਰਮਜੀਤ ਕੌਰ ਪੁੱਤਰੀ ਦਰਸ਼ਨ ਸਿੰਘ ਪੁੱਤਰ ਕਰਤਾਰ ਸਿੰਘ 17. ਕੁਲਵੰਤ ਕੌਰ ਪੁੱਤਰੀ ਦਰਸ਼ਨ ਸਿੰਘ ਪੁੱਤਰ ਕਰਤਾਰ ਸਿੰਘ 18. ਸੁਖਦੇਵ ਸਿੰਘ ਪੁੱਤਰ ਕਰਤਾਰ ਸਿੰਘ ਪੁੱਤਰ ਭਗਤ ਸਿੰਘ 19. ਸੁਰਜੀਤ ਸਿੰਘ ਪੁੱਤਰ ਪਾਖਰ ਸਿੰਘ ਪੁੱਤਰ ਬੁੜ ਸਿੰਘ 20. ਚਰਨ ਕੌਰ ਵਿਧਵਾ ਦਰਸ਼ਨ ਸਿੰਘ ਪੁੱਤਰ ਕਰਤਾਰ ਸਿੰਘ 21. ਗੁਰਮੇਜ ਕੌਰ ਵਿਧਵਾ ਸੁਰਜੀਤ ਸਿੰਘ ਪੁੱਤਰ ਪਾਖਰ ਸਿੰਘ 22. ਮਨੀ ਪੁੱਤਰ ਸੰਤੋਖ ਸਿੰਘ ਪੁੱਤਰ ਪਾਖਰ ਸਿੰਘ 23. ਸਤਨਾਮ ਸਿੰਘ ਪੁੱਤਰ ਮੋਹਨ ਸਿੰਘ ਪੁੱਤਰ ਮਹਿੰਗਾ ਸਿੰਘ 24. ਭੁਪਿੰਦਰ ਸਿੰਘ ਪੁੱਤਰ ਮੋਹਨ ਸਿੰਘ ਪੁੱਤਰ ਮਹਿੰਗਾ ਸਿੰਘ 25. ਮੱਖਣ ਸਿੰਘ ਪੁੱਤਰ ਮੋਹਨ ਸਿੰਘ ਪੁੱਤਰ ਮਹਿੰਗਾ ਸਿੰਘ 26. ਸੁਲੱਖਣ ਸਿੰਘ ਪੁੱਤਰ ਮੋਹਨ ਸਿੰਘ ਪੁੱਤਰ ਮਹਿੰਗਾ ਸਿੰਘ 27. ਗੁਰਮੁੱਖ ਸਿੰਘ ਪੁੱਤਰ ਮੋਹਨ ਸਿੰਘ ਪੁੱਤਰ ਮਹਿੰਗਾ ਸਿੰਘ 28. ਸੁਰਿੰਦਰ ਸਿੰਘ ਪੁੱਤਰ ਬਾਵਾ ਸਿੰਘ ਪੁੱਤਰ ਘਨੱਈਆ 29. ਜਰਨੈਲ ਪੁੱਤਰ ਦੌਲਤ ਰਾਮ ਪੁੱਤਰ ਭਾਗਾ ਰਾਮ 30. ਨਰੰਜਣ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਸੁੰਦਰ ਸਿੰਘ 31. ਸੁਰਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਸੁੰਦਰ ਸਿੰਘ 32. ਮਹਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਸੁੰਦਰ ਸਿੰਘ 33. ਅਮਨਪ੍ਰੀਤ ਸਿੰਘ ਪੁੱਤਰ ਸਤਨਾਮ ਸਿੰਘ ਪੁੱਤਰ ਮੋਹਨ ਸਿੰਘ 34. ਬਲਵੀਰ ਕੌਰ ਪਤਨੀ ਭੁਪਿੰਦਰ ਸਿੰਘ ਪੁੱਤਰ ਮੋਹਨ ਸਿੰਘ 35. ਨਰਿੰਦਰ ਸਿੰਘ ਪੁੱਤਰ ਸੁਰਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ 36. ਸੰਤੋਖ ਸਿੰਘ ਪੁੱਤਰ ਚੰਨਣ ਰਾਮ ਪੁੱਤਰ ਰੋਣਕੀ ਰਾਮ 37. ਪ੍ਰਤਾਪੀ ਵਿਧਵਾ ਉਜਾਗਰ ਸਿੰਘ ਪੁੱਤਰ ਬੂੜ ਸਿੰਘ 38. ਬਾਵਾ ਸਿੰਘ ਪੁੱਤਰ ਅਤਰ ਸਿੰਘ ਪੁੱਤਰ ਸ਼ੇਰ ਸਿੰਘ 39. ਭੁਵਿੰਦਰ ਸਿੰਘ ਪੁੱਤਰ ਸੁਖਦੇਵ ਸਿੰਘ ਪੁੱਤਰ ਸ਼ੰਕਰ ਸਿੰਘ 40. ਨਿਰਮਲ ਸਿੰਘ ਪੁੱਤਰ ਸੁਖਦੇਵ ਸਿੰਘ ਪੁੱਤਰ ਸ਼ੰਕਰ ਸਿੰਘ 41. ਗੁਰਦੇਵ ਸਿੰਘ ਪੁੱਤਰ ਗੁਰਬਚਨ ਸਿੰਘ ਪੁੱਤਰ ਜਵਾਲਾ ਸਿੰਘ 42. ਸੁਖਦੇਵ ਸਿੰਘ ਪੁੱਤਰ ਗੁਰਬਚਨ ਸਿੰਘ ਪੁੱਤਰ ਜਵਾਲਾ ਸਿੰਘ 43. ਭਜਨ ਕੌਰ ਉਰਫ ਭਜਨੀ ਪੁੱਤਰੀ ਸਵਰਨ ਸਿੰਘ ਪੁੱਤਰ ਜਵਾਲਾ ਸਿੰਘ 44. ਜਸਵੀਰ ਸਿੰਘ ਪੁੱਤਰ ਸਵਰਨ ਸਿੰਘ ਪੁੱਤਰ ਜਵਾਲਾ ਸਿੰਘ 45. ਨਾਮੀ ਵਿਧਵਾ ਸਾਧੂ ਸਿੰਘ ਪੁੱਤਰ ਈਸ਼ਰ ਸਿੰਘ 46. ਮਲਕੀਤ ਸਿੰਘ ਪੁੱਤਰ ਸਾਧੂ ਸਿੰਘ ਪੁੱਤਰ ਈਸ਼ਰ ਸਿੰਘ 47. ਮਹਿੰਦਰ ਕੌਰ ਪੁੱਤਰੀ ਸਾਧੂ ਸਿੰਘ ਪੁੱਤਰ ਈਸ਼ਰ ਸਿੰਘ 48. ਜੋਗਿੰਦਰ ਕੌਰ ਪੁੱਤਰੀ ਸਾਧੂ ਸਿੰਘ ਪੁੱਤਰ ਈਸ਼ਰ ਸਿੰਘ 49. ਕਰਤਾਰ ਸਿੰਘ ਪੁੱਤਰ ਭਗਤ ਸਿੰਘ ਪੁੱਤਰ ਅਮਰ ਸਿੰਘ 50. ਚੇਤ ਕੌਰ ਮਾਤਾ ਦਰਸ਼ਨ ਸਿੰਘ ਪੁੱਤਰ ਕਰਤਾਰ ਸਿੰਘ 51. ਗੁਰਮੇਜ ਕੌਰ ਪੁੱਤਰੀ ਕਰਤਾਰ ਸਿੰਘ ਪੁੱਤਰ ਭਗਤ ਸਿੰਘ 52. ਹਰਬੰਸ ਸਿੰਘ ਪੁੱਤਰ ਬੀਰ ਸਿੰਘ ਮੁਤਬੰਨਾ ਪੁੱਤਰ ਸੋਹਨ ਸਿੰਘ 53. ਦਰਸ਼ਨ ਸਿੰਘ ਪੁੱਤਰ ਬੀਰ ਸਿੰਘ ਮੁਤਬੰਨਾ ਪੁੱਤਰ ਸੋਹਨ ਸਿੰਘ 54. ਮੋਹਨ ਸਿੰਘ ਪੁੱਤਰ ਬੀਰ ਸਿੰਘ ਮੁਤਬੰਨਾ ਪੁੱਤਰ ਸੋਹਣ ਸਿੰਘ 55. ਨਾਮੀ ਪੁੱਤਰੀ ਬੀਰ ਸਿੰਘ ਮੁਤਬੰਨਾ ਪੁੱਤਰ ਸੋਹਨ ਸਿੰਘ 56. ਆਤਮਾ ਸਿੰਘ ਪੁੱਤਰ ਨੰਦ ਸਿੰਘ ਪੁੱਤਰ ਮੁਹੱਬਤ ਸਿੰਘ 57. ਪਰਮਜੀਤ ਕੌਰ ਪਤਨੀ ਮੁਖਤਾਰ ਸਿੰਘ ਪੁੱਤਰ ਮਹਿੰਦਰ ਸਿੰਘ 58. ਜਤਿੰਦਰ ਸਿੰਘ ਪੁੱਤਰ ਗੁਰਦਾਵਰ ਸਿੰਘ ਪੁੱਤਰ ਪ੍ਰੀਤਮ ਸਿੰਘ 59. ਤਰਮੇਸ਼ ਸਿੰਘ ਪੁੱਤਰ ਜਸਵੰਤ ਸਿੰਘ ਪੁੱਤਰ ਪ੍ਰੀਤਮ ਸਿੰਘ 60. ਬਸੰਤ ਰਾਮ ਪੁੱਤਰ ਕਰਤਾਰਾ ਸਿੰਘ ਪੁੱਤਰ ਲਾਲਜੀ ਰਾਮ 61. ਸਾਧੂ ਰਾਮ ਪੁੱਤਰ ਜਗਤ ਰਾਮ ਪੁੱਤਰ ਲਾਲਜੀ ਰਾਮ 62. ਅੱਕੀ ਪੁੱਤਰੀ ਜਗਤ ਰਾਮ ਪੁੱਤਰ ਲਾਲਜੀ ਰਾਮ 63. ਮਾਇਆ ਪੁੱਤਰੀ ਜਗਤ ਰਾਮ ਪੁੱਤਰੀ ਲਾਲਜੀ ਰਾਮ 64. ਮੰਗਲ ਸਿੰਘ ਪੁੱਤਰ ਜਗਤ ਸਿੰਘ ਪੁੱਤਰ ਗੰਗਾ ਸਿੰਘ 65. ਸੰਤੋਖ ਸਿੰਘ ਪੁੱਤਰ ਜਗਤ ਸਿੰਘ ਪੁੱਤਰ ਗੰਗਾ ਸਿੰਘ 66. ਭਗਵਾਨ ਸਿੰਘ ਪੁੱਤਰ ਗੁਰਦਿੱਤ ਸਿੰਘ ਪੁੱਤਰ ਬੀਰ ਸਿੰਘ 67. ਗੁਰਦਾਸ ਪੁੱਤਰ ਰਾਮ ਰੱਖਾ ਪੁੱਤਰ ਈਸ਼ਰ 68. ਤਰਸੇਮ ਲਾਲ ਪੁੱਤਰ ਦੁਰਗਾ ਦਾਸ ਪੁੱਤਰ ਰਾਮ ਰੱਖਾ 69. ਸ਼ਾਮ ਲਾਲ ਪੁੱਤਰ ਦੁਰਗਾ ਦਾਸ ਪੁੱਤਰ ਰਾਮ ਰੱਖਾ 70. ਦੌਲਤ ਰਾਮ ਪੁੱਤਰ ਈਸ਼ਰ ਰਾਮ ਪੁੱਤਰ ਸੈਹਜੂ ਰਾਮ 71. ਅਵਤਾਰ ਸਿੰਘ ਪੁੱਤਰ ਕਰਮ ਸਿੰਘ ਪੁੱਤਰ ਹਰੀ ਸਿੰਘ 72. ਕੁਲਵੰਤ ਕੌਰ ਪੁੱਤਰੀ ਦਰਸ਼ਨ ਸਿੰਘ ਪੁੱਤਰ ਚੰਨਣ ਸਿੰਘ 73. ਕੁਲਵਿੰਦਰ ਕੌਰ ਪਤਨੀ ਮਨਜੀਤ ਸਿੰਘ ਪੁੱਤਰ ਦਰਸ਼ਨ ਸਿੰਘ 74. ਜਸਵੀਰ ਕੌਰ ਪੁੱਤਰੀ ਬਲਵਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ 75. ਸਰਬਜੀਤ ਕੌਰ ਪੁੱਤਰੀ ਬਲਵਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ 76. ਮਨਜੀਤ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਚੰਨਣ ਸਿੰਘ 77. ਹਰਜਿੰਦਰ ਸਿੰਘ ਪੁੱਤਰ ਮਨਜੀਤ ਸਿੰਘ ਪੁੱਤਰ ਦਰਸ਼ਨ ਸਿੰਘ 78. ਗੁਰਨੇਕ ਸਿੰਘ ਪੁੱਤਰ ਮਨਜੀਤ ਸਿੰਘ ਪੁੱਤਰ ਦਰਸ਼ਨ ਸਿੰਘ 79. ਗੁਰਦੀਪ ਸਿੰਘ ਪੁੱਤਰ ਮਨਜੀਤ ਸਿੰਘ ਪੁੱਤਰ ਦਰਸ਼ਨ ਸਿੰਘ 80. ਸਰਬਜੀਤ ਕੌਰ ਪੁੱਤਰੀ ਦਰਸ਼ਨ ਸਿੰਘ ਪੁੱਤਰ ਕਰਤਾਰ ਸਿੰਘ ਸਾਰੇ ਵਾਸੀਆਨ ਪਿੰਡ ਲਿੱਤਰਾਂ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ 81. ਨਰਿੰਦਰ ਸਿੰਘ ਪੁੱਤਰ ਕਰਤਾਰ ਸਿੰਘ ਪੁੱਤਰ ਭਗਤ ਸਿੰਘ 3 FALCON CLOSE LUTTER-WORTH CV11 6TE UNITED KINGDOM

ਫਰੀਕ ਦੋਇਮ

ਦਰਖਾਸਤ ਤਕਸੀਮ ਅਰਾਜੀ ਖੇਵਟ ਨੰਬਰ 108, 110, 111, 112, 113, 114, 116, 117, 118, 119, 120, 180, 196, 197, 409, 410, 411, 414, 468, 469, 470, 471, 472, 670, 671 ਵਾਕਿਆ ਰਕਬਾ ਪਿੰਡ ਲਿੱਤਰਾਂ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ, ਜਮ੍ਹਾਂਬੰਦੀ ਸਾਲ 2019-2020.

ਉਕਤ ਅਨੁਵਾਨ ਕੇਸ ਤਕਸੀਮ ਕੇਸ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਚੱਲ ਰਿਹਾ ਹੈ। ਇਸ ਅਦਾਲਤ ਨੂੰ ਯਕੀਨ ਹੋ ਚੁੱਕਾ ਹੈ ਕਿ ਫਰੀਕੈਨ ਦੋਮ ਦੀ ਤਲਬੀ ਅਸਾਨ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਇਸ਼ਤਿਹਾਰ ਰਾਹੀਂ ਫਰੀਕੈਨ ਦੋਮ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਕੇਸ ਵਿੱਚ ਨਿਸ਼ਚਿਤ ਮਿਤੀ 18.11.2026 ਨੂੰ ਸਮਾਂ 2:00 ਵਜੇ ਦੁਪਹਿਰ ਨਿਮਨ-ਹਸਤਾਖਰ ਦੀ ਅਦਾਲਤ ਵਿੱਚ ਅਸਾਲਤਨ/ਵਕਾਲਤਨ ਜਾਂ ਕਿਸੇ ਮੁਖਤਾਰ ਰਾਹੀਂ ਹਾਜ਼ਰ ਹੋ ਕੇ ਆਪਣੇ ਕੇਸ ਦੀ ਪੈਰਵਾਈ ਕਰ ਸਕਦੇ ਹਨ। ਨਿਸ਼ਚਿਤ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਫਰੀਕੈਨ ਦੋਮ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਨੋਟਿਸ ਅੱਜ ਮਿਤੀ 10.11.26 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਜਾਰੀ ਹੋਇਆ।

ਸਹੀ/-ਜ਼ਿਲ੍ਹਾ ਮਾਲ ਅਫਸਰ ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐੱਨ.ਆਰ.ਆਈਜ਼. ਜਲੰਧਰ
ਨੰਬਰ 394/ਰੀਡਰ ਮਿਤੀ : 10/11/26

YES BANK

ਰਜਿਸਟਰਡ ਅਤੇ ਕਾਰਪੋਰੇਟ ਆਫਿਸ : ਯੈੱਸ ਬੈਂਕ ਹਾਊਸ, ਆਫ ਵੈੱਸਟਰਨ ਐੱਕਸਪ੍ਰੈੱਸ ਹਾਈਵੇ, ਸਾਂਤਾਕਰੂਜ਼ (ਈਸਟ), ਮੁੰਬਈ-400055 ਇੰਡੀਆ। ਵੈੱਬਸਾਈਟ : www.yesbank.in

[ਰੂਲ-8 (1)] ਕਬਜ਼ਾ ਨੋਟਿਸ

ਜਦੋਂ ਕਿ ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮਿਟਡ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (2002 ਦਾ 54) ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ (1) ਸੁਬੋਧ ਠਾਕੁਰ ਪੁੱਤਰ ਚੰਨਣ ਠਾਕੁਰ ਪਤਾ : ਲੋਹਾਰਾ ਅਜ਼ਾਦ ਨਗਰ, ਨੇੜੇ ਸ਼ਿਵ ਸ਼ਕਤੀ ਸਕੂਲ, ਗਲੀ ਨੰ. 3, ਲੁਧਿਆਣਾ (ਪੰਜਾਬ)-141001, ਨਾਲ ਹੀ : ਮਕਾਨ ਨੰ. ਬੀ29/212/26-ਸੀ/2095, ਗਲੀ ਨੰ. 3, ਨਿਊ ਅਜ਼ਾਦ ਨਗਰ, ਲੋਹਾਰਾ, ਲੁਧਿਆਣਾ, ਪੰਜਾਬ-141016 (2) ਤੁਨੀਆ ਦੇਵੀ ਪਤਨੀ ਸੁਬੋਧ ਠਾਕੁਰ ਪਤਾ : ਲੋਹਾਰਾ, ਅਜ਼ਾਦ ਨਗਰ, ਨੇੜੇ ਸ਼ਿਵ ਸ਼ਕਤੀ ਸਕੂਲ, ਗਲੀ ਨੰ. 3, ਲੁਧਿਆਣਾ (ਪੰਜਾਬ)-141001, ਨਾਲ ਹੀ : ਮਕਾਨ ਨੰ. ਬੀ29/212/26-ਸੀ/2095, ਗਲੀ ਨੰ. 3, ਨਿਊ ਅਜ਼ਾਦ ਨਗਰ, ਲੋਹਾਰਾ, ਲੁਧਿਆਣਾ, ਪੰਜਾਬ-141016 ਨੂੰ 3 ਅਗਸਤ 24 ਨੂੰ ਉਕਤ ਨੋਟਿਸ 'ਚ ਦਰਸਾਈ ਰਕਮ ਰੁਪਏ 19,72,676.65/- (ਉੱਨੀ ਲੱਖ ਬਹੱਤਰ ਹਜ਼ਾਰ ਛੇ ਸੌ ਛਿਹੱਤਰ ਰੁਪਏ ਅਤੇ ਪੈਂਹਠ ਪੈਸੇ ਕੇਵਲ) ਸਮੇਤ 10 ਨਵੰਬਰ 2026 ਤੋਂ ਇਸ 'ਤੇ ਅਗਲਾ ਵਿਆਜ ਅਤੇ ਹੋਰ ਚਾਰਜਿਜ਼ ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੰਦਾ ਡਿਮਾਂਡ ਨੋਟਿਸ 03 ਅਗਸਤ 2024 ਨੂੰ ਜਾਰੀ ਕੀਤਾ ਸੀ। ਕਰਜ਼ਦਾਰ ਅਤੇ ਗਰੰਟਰ ਮੁਕੰਮਲ ਬਕਾਇਆ ਅਦਾ ਕਰਨ 'ਚ ਅਸਫਲ ਰਹੇ ਹਨ। ਕਰਜ਼ਦਾਰ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਰੂਲ ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਜਾਇਦਾਦਾਂ ਦਾ 10 ਨਵੰਬਰ 2026 ਨੂੰ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਉਕਤ ਜਾਇਦਾਦ ਸੰਬੰਧੀ ਸੌਦੇਬਾਜ਼ੀ ਕਰਨ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਉਕਤ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਯੈੱਸ ਬੈਂਕ ਲਿਮਿਟਡ ਦੀ 03 ਅਗਸਤ 24 ਨੂੰ ਬਕਾਇਆ ਰੁਪਏ 19,72,676.65/- (ਉੱਨੀ ਲੱਖ ਬਹੱਤਰ ਹਜ਼ਾਰ ਛੇ ਸੌ ਛਿਹੱਤਰ ਰੁਪਏ ਅਤੇ ਪੈਂਹਠ ਪੈਸੇ ਕੇਵਲ) ਅਤੇ ਇਸ ਉਪਰ ਵਿਆਜ ਅਤੇ ਲਾਗਤਾਂ ਦੀ ਵਸੂਲੀ ਹੇਠ ਹੋਵੇਗੀ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 8 ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਅਚੱਲ ਜਾਇਦਾਦ ਦਾ ਵੇਰਵਾ

ਰਹਿਣ ਕੀਤੀ ਜਾਇਦਾਦ ਦਾ ਵੇਰਵਾ	ਰਹਿਣਕਾਰ
ਗੈਰ-ਖੇਤੀਬਾੜੀ ਵਾਲੀ ਜਾਇਦਾਦ ਰਕਬਾ 100 ਵਰਗ ਗਜ਼, ਲੋਹਾਰਾ, ਲੁਧਿਆਣਾ ਵਿਖੇ ਸਥਿਤ ਨਾਲ ਸੰਬੰਧਤ ਸਭ ਕੁੱਝ, ਖੱਤਾ ਨੰ. 110/122, ਖਸਰਾ ਨੰ. 889, ਜਮ੍ਹਾਂਬੰਦੀ ਸਾਲ 2004-05, ਹੱਦਬਸਤ ਨੰ. 260, ਪਿੰਡ ਲੋਹਾਰਾ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ। ਹੱਦਾਂ ਹੇਠ ਅਨੁਸਾਰ (ਸਾਈਟ ਅਨੁਸਾਰ) ਪੂਰਬ : ਸੰਤ ਰਾਮ 42'-9'' ਤੱਕ, ਪੱਛਮ : ਕੁਲਦੀਪ ਸਿੰਘ 42'-9'' ਤੱਕ, ਉੱਤਰ : ਗਲੀ 20' ਚੌੜੀ 21'-0'' ਤੱਕ, ਦੱਖਣ : ਗਿਆਨ ਚੰਦ 21'-0'' ਤੱਕ।	ਸੁਬੋਧ ਠਾਕੁਰ ਪੁੱਤਰ ਚਨਣ ਠਾਕੁਰ

ਮਿਤੀ : 11.11.2026, ਸਥਾਨ : ਲੁਧਿਆਣਾ ਯੈੱਸ ਬੈਂਕ ਲਿਮਿਟਡ, ਅਧਿਕਾਰਤ ਅਫਸਰ

ਸੀ ਪੀ ਆਈ ਐੱਮ ਦੀ ਤਹਿਸੀਲ ਕਮੇਟੀ ਬੰਗਾ ਦੀ ਮੀਟਿੰਗ

ਬੰਗਾ (ਅਵਤਾਰ ਕਲੇਰ)- ਸੀ ਪੀ ਆਈ ਐਮ ਦੀ ਮੀਟਿੰਗ ਮੰਢਾਲੀ ਭਵਨ ਬੰਗਾ ਵਿਖੇ ਹੁਸਨ ਸਿੰਘ ਮਾਂਗਟ ਦੀ ਪ੍ਰਧਾਨਗੀ ਹੇਠ ਕੀਤੀ ਗਈ।ਮੀਟਿੰਗ ਵਿਚ ਬਲਵੀਰ ਸਿੰਘ ਮੰਢਾਲੀ ਨੂੰ ਸ਼ਰਧਾਜਲੀ ਭੇਟ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਸੂਬਾ ਕਮੇਟੀ ਮੈਂਬਰ ਰਾਮ ਸਿੰਘ ਨੂਰਪੁਰੀ ਨੇ ਕਿਹਾ ਕਿ ਇੰਡੀਆ ਬਲਾਕ ਦੀ ਕੇਂਦਰ ਪੱਧਰ ਦੀ ਰੈਲੀ ਨੇ ਭਾਜਪਾ ਤੇ ਆਰ ਐਸ ਐਸ ਵਿਰੋਧੀ ਲਹਿਰ ਨੂੰ ਤਕੜਾ ਕੀਤਾ ਹੈ। ਮੋਦੀ ਸਰਕਾਰ ਦੀਆਂ ਲੋਕ ਵਿਰਧੀ ਨੀਤੀਆਂ, ਫਿਰਕਾਪ੍ਰਸਤੀ, ਫਾਸ਼ਵਾਦੀ ਨੀਤੀਆਂ ਅਤੇ ਦੇਸ਼ ਅੰਦਰ ਤਾਨਾਸ਼ਾਹੀ ਵਿਰੁੱਧ ਤਿਖੇ ਸੰਘਰਸ਼ ਦਾ ਸੰਕਲਪ ਲਿਆ ਹੈ ਜਿਸ ਨਾਲ ਦੇਸ਼ ਭਗਤ ਸ਼ਕਤੀਆਂ ਵੋਟ ਬਚਾਉ ਸੰਵਿਧਾਨ ਬਚਾਉ ਨੂੰ ਕਾਇਮ ਰੱਖਣ ਲਈ ਲੋਕਾਂ ਵਿਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਵਿਚ ਵੀ ਇਨ੍ਹਾਂ ਫਿਰਕੂ ਫਾਸੀਵਾਦੀ ਅਤੇ ਤਾਨਾਸ਼ਾਹ ਹਕੂਮਤ ਨੂੰ ਮੂੰਹ ਦੀ ਖਾਣੀ ਪਵੇਗੀ।



ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਤਹਿਸੀਲ ਦੇ ਐਕਟਿੰਗ ਸਕੱਤਰ ਕੁਲਦੀਪ ਝਿੰਗੜ ਨੇ ਦੱਸਿਆ ਕਿ 15 ਨਵੰਬਰ ਨੂੰ ਮਨਰੇਗਾ ਔਰਤਾਂ ਦੀ ਕੰਨਵੈਨਸ਼ਨ ਪਿੰਡ ਕੰਗਰੌੜ ਵਿਖੇ ਹੋਵੇਗੀ ਜਿਸ ਦੀਆਂ ਤਿਆਰੀਆਂ ਸਾਥੀ ਜੋਰਾਂ ਨਾਲ ਕਰ ਰਹੇ ਹਨ। ਮੀਟਿੰਗ ਵਿਚ 7 ਨਵੰਬਰ ਨੂੰ ਕਾਮਰੇਡਾਂ ਦੇ ਘਰਾਂ ਤੇ ਝੁਲਾਏ ਲਾਲ ਝੰਡੇ ਦਾ ਰਵਿਊ ਕੀਤਾ ਗਿਆ ਜਿਸ ਵਿਚ ਤਸੱਲੀ ਪ੍ਰਗਟ ਕੀਤੀ ਗਈ। ਮੀਟਿੰਗ ਵਿਚ ਲੋਕ ਲਹਿਰ ਨੂੰ ਵਧਾਉਣ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਤੇ ਕਮਲਜੀਤ ਰੱਕੜ, ਬਲਵਿੰਦਰ ਹੀਉਂ, ਗੁਰਦੀਪ ਗਲਾਟੀ, ਲਾਲ ਚੰਦ ਗੁਣਾਚੌਰ, ਨਿਰਮਲ ਨੂਰਪੁਰ, ਬੱਗਾ ਸਿੰਘ ਕੰਗਰੌੜ ਅਤੇ ਤਰਸੇਮ ਸਿੰਘ ਜੇ ਈ ਆਦਿ ਵੀ ਹਾਜ਼ਰ ਸਨ।

ਵਿਸ਼ਵਕਰਮਾ ਦਿਵਸ ਮੌਕੇ ਵਿਧਾਇਕ ਨੇ ਸਮਾਗਮ 'ਚ ਕੀਤੀ ਸ਼ਿਰਕਤ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)- ਵਿਸ਼ਵਕਰਮਾ ਦਿਵਸ ਦੇ ਪਵਿੱਤਰ ਮੌਕੇ 'ਤੇ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਹੁਸ਼ਿਆਰਪੁਰ ਦੇ ਲੇਬਰ ਸ਼ੈੱਡ ਅਤੇ ਪਿੰਡ ਠਰੋਲੀ ਵਿਖੇ ਕਰਵਾਏ ਗਏ ਸਮਾਗਮਾਂ ਵਿੱਚ ਸ਼ਿਰਕਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਭਗਵਾਨ ਵਿਸ਼ਵਕਰਮਾ ਦੇ ਚਰਨਾਂ ਵਿੱਚ ਨਤਮਸਤਕ ਹੁੰਦਿਆਂ ਸਮੂਹ ਕਾਮਿਆਂ, ਕਾਰੀਗਰਾਂ ਅਤੇ ਮਜ਼ਦੂਰਾਂ ਨੂੰ ਵਿਸ਼ਵਕਰਮਾ ਦਿਵਸ ਦੀਆਂ ਦਿਲੋਂ ਵਧਾਈਆਂ ਦਿੱਤੀਆਂ। ਇਸ ਮੌਕੇ ਵਿਧਾਇਕ ਜਿੰਪਾ ਨੇ ਕਿਹਾ ਕਿ ਭਗਵਾਨ ਵਿਸ਼ਵਕਰਮਾ ਨੂੰ ਸਿਰਜਣਾ, ਨਿਰਮਾਣ ਅਤੇ ਸ਼ਿਲਪਕਲਾ ਦਾ ਪ੍ਰਤੀਕ ਮੰਨਿਆ ਜਾਂਦਾ ਹੈ।



ਉਨ੍ਹਾਂ ਦਾ ਜੀਵਨ ਅਤੇ ਸਿੱਖਿਆਵਾਂ ਸਾਨੂੰ ਮਿਹਨਤ, ਲਗਨ, ਹੁਨਰ ਅਤੇ ਇਮਾਨਦਾਰੀ ਨਾਲ ਆਪਣਾ ਕੰਮ ਕਰਨ ਦੀ ਪ੍ਰੇਰਨਾ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਕਿਸੇ ਵੀ ਦੇਸ਼ ਅਤੇ ਸਮਾਜ ਦੀ ਤਰੱਕੀ ਵਿੱਚ ਮਜ਼ਦੂਰਾਂ, ਕਾਰੀਗਰਾਂ ਅਤੇ ਮਿਹਨਤਕਸ਼ ਲੋਕਾਂ ਦੀ ਅਹਿਮ ਭੂਮਿਕਾ ਹੁੰਦੀ ਹੈ।

ਉਨ੍ਹਾਂ ਦੀ ਮਿਹਨਤ ਅਤੇ ਹੁਨਰ ਨਾਲ ਹੀ ਵਿਕਾਸ ਦੀ ਨੀਂਹ ਮਜ਼ਬੂਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਮਜ਼ਦੂਰ ਵਰਗ ਸਮਾਜ ਅਤੇ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਹੈ ਅਤੇ ਇਨ੍ਹਾਂ ਦੇ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਸਾਨੂੰ ਮਜ਼ਦੂਰਾਂ ਦੇ ਸਨਮਾਨ, ਅਧਿਕਾਰਾਂ ਅਤੇ ਬਿਹਤਰ ਜੀਵਨ ਪੱਧਰ ਨੂੰ ਯਕੀਨੀ ਬਣਾਉਣ ਲਈ ਹਮੇਸ਼ਾ ਯਤਨਸ਼ੀਲ ਰਹਿਣਾ ਚਾਹੀਦਾ ਹੈ। ਵਿਧਾਇਕ ਜਿੰਪਾ ਨੇ ਕਿਹਾ ਕਿ ਅਜਿਹੇ ਧਾਰਮਿਕ ਅਤੇ ਸਮਾਜਿਕ ਸਮਾਗਮ ਆਪਸੀ ਭਾਈਚਾਰੇ, ਏਕਤਾ ਅਤੇ ਸਦਭਾਵਨਾ ਨੂੰ ਮਜ਼ਬੂਤ ਕਰਦੇ ਹਨ।

ਉਨ੍ਹਾਂ ਨੇ ਸਾਰਿਆਂ ਦੇ ਜੀਵਨ ਵਿੱਚ ਸੁੱਖ-ਸਮਿੱਧੀ, ਖੁਸ਼ਹਾਲੀ ਅਤੇ ਤਰੱਕੀ ਦੀ ਕਾਮਨਾ ਵੀ ਕੀਤੀ। ਇਸ ਮੌਕੇ ਮੇਅਰ ਪ੍ਰਵੀਨ ਸੈਣੀ, ਵਰਿੰਦਰ ਸ਼ਰਮਾ, ਸੁਦਰਸ਼ਨ ਧੀਰ ਚੇਅਰਮੈਨ ਸਵਰਨਕਾਰ ਵੈਲਫੇਅਰ ਬੋਰਡ, ਕ੍ਰਿਸ਼ਨ ਗੋਪਾਲ ਜ਼ਿਲ੍ਹਾ ਕੋਆਰਡੀਨੇਟਰ, ਸਿੱਖਿਆ, ਮਨੋਜ ਦੱਤਾ, ਸਰਪੰਚ ਠਰੋਲੀ ਰੀਨਾ ਅਤੇ ਬਾਬਾ ਵਿਨੋਦ ਵੀ ਮੌਜੂਦ ਸਨ।

..... ਜਦੋਂ ਸ਼ੇਰੋਵਾਲੀਆ ਦੀਆਂ ਅੱਖਾਂ 'ਚੋਂ ਅੱਥਰੂ ਛਲਕ ਪਏ

ਸ਼ਾਹਕੋਟ (ਗਿਆਨ ਸੈਦਪੁਰੀ)- ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੇ ਚਚੇਰੇ ਭਾਈ ਅਤੇ ਖਹਿਰਾ ਫਾਰਮ ਐਂਡ ਰਿਜੋਰਟਸ ਦੇ ਮਾਲਕ ਸੰਦੀਪ ਸਿੰਘ ਖਹਿਰਾ ਤੇ ਜਗਵਿੰਦਰ ਸਿੰਘ ਸ਼ੇਰੋਵਾਲੀਆ ਦੇ ਪਿਤਾ ਹੀਰਾ ਸਿੰਘ ਸ਼ੇਰੋਵਾਲੀਆਂ ਨੂੰ ਵੱਖ ਵੱਖ ਸਿਆਸੀ, ਸਮਾਜੀ ਤੇ ਧਾਰਮਿਕ ਸ਼ਖ਼ਸੀਅਤਾਂ ਵੱਲੋਂ ਭਰਪੂਰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਉਹ ਪਿਛਲੇ ਦਿਨੀ ਅਮਰੀਕਾ ਵਿਖੇ ਸਦੀਵੀ ਵਿਛੋੜਾ ਦੇ ਗਏ ਸਨ। ਮੰਗਲਵਾਰ ਨੂੰ ਉਹਨਾਂ ਦੇ ਗ੍ਰਹਿ ਵਿਖੇ ਸਹਿਜ ਪਾਠ ਦੇ ਭੋਗ ਪਾਏ ਗਏ। ਰਵਿੰਦਰ ਪਾਲ ਸਿੰਘ ਹਜ਼ੂਰੀ ਰਾਗੀ ਅਤੇ ਰਣਜੀਤ ਸਿੰਘ ਮਲਸੀਆਂ ਵਾਲੇ ਕੀਰਤਨੀ ਜਥਿਆਂ ਵੱਲੋਂ ਵੈਰਾਗਮਈ ਕੀਰਤਨ ਕੀਤਾ ਗਿਆ। ਜਥਿਆਂ ਨੇ ਜ਼ਿੰਦਗੀ ਮੌਤ ਦੇ ਫਲਸਫੇ ਦੀ ਵਿਆਖਿਆ ਭਾਵਪੂਰਤ ਸ਼ਬਦਾਂ ਰਾਹੀਂ ਕੀਤੀ। ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆਂ ਨੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਹੀਰਾ ਸਿੰਘ ਨਾਂਇ ਦੇ ਹੀ ਨਹੀਂ ਸਗੋਂ ਦਿਲ ਦੇ ਵੀ ਹੀਰਾ ਸਨ। ਉਹਨਾਂ ਦੀ ਅਚਨਚੇਤ ਮੌਤ ਦਾ ਜ਼ਿਕਰ ਕਰਦਿਆਂ ਸ਼ੇਰੋਵਾਲੀਆ ਦਾ ਗੱਚ ਭਰ ਆਇਆ। ਉਹਨਾਂ ਕਿਹਾ ਕਿ ਉਹ ਇੱਕ ਅਦੁੱਤੀ ਸ਼ਖ਼ਸੀਅਤ ਸਨ। ਉਨਾਂ ਨੇ ਆਪਣੇ ਪਰਵਾਰ ਨੂੰ ਹਰ ਖੇਤਰ ਵਿੱਚ ਬੁਲੰਦੀਆਂ 'ਤੇ ਪਹੁੰਚਾਇਆ। ਇਕ ਸਾਲ ਪਹਿਲਾਂ ਸੰਦੀਪ ਸਿੰਘ ਖਹਿਰਾ ਦੀ ਪਤਨੀ ਰਮਨਦੀਪ ਕੌਰ ਦੇ ਤੁਰ ਜਾਣ ਦਾ ਜ਼ਿਕਰ ਕਰਦਿਆਂ ਇੱਕ ਵਾਰ ਫਿਰ ਉਹਨਾਂ ਦੀਆਂ ਅੱਖਾਂ ਵਿੱਚ ਅੱਥਰੂ ਛਲਕ ਪਏ। ਸ਼ੇਰੋਵਾਲੀਆ ਨੇ ਸਭ ਦਾ ਧੰਨਵਾਦ ਵੀ ਕੀਤਾ। ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਹੀਰਾ ਸਿੰਘ ਵਰਗੇ ਵਿਅਕਤੀ ਸਮਾਜ ਦਾ ਸਰਮਾਇਆ ਹੁੰਦੇ ਹਨ। ਹਲਕਾ ਬਾਬਾ ਬਕਾਲਾ ਦੇ ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ ਨੇ ਵੀ ਭਾਵਪੂਰਤ ਸ਼ਬਦਾਂ ਵਿੱਚ ਸ਼ਰਧਾ ਦੇ ਫੁੱਲ ਭੇਟ ਕੀਤੇ। ਉਨ੍ਹਾਂ ਨੇ ਹੀਰਾ ਸਿੰਘ ਦੇ ਵਿਅਕਤੀਤਵ ਦੀਆਂ ਵਿਸ਼ੇਸ਼ਤਾਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਹ ਕੋਮਲ ਭਾਵੀ ਤਾਂ ਸਨ ਹੀ ਨਾਲ ਹੀ ਕਿਸੇ ਲੋੜਵੰਦ ਦੇ ਕੰਮ ਆ ਸਕਣ ਦੀ ਲੋਚਾ ਉਹਨਾਂ ਦੇ ਵਡੱਪਣ ਦਾ ਇੱਕ ਹੋਰ ਗੁਣ ਸੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀਬੀ ਸੁਖਜੀਤ ਕੌਰ (ਪਤਨੀ ਹੀਰਾ ਸਿੰਘ), ਬੀਬੀ ਪ੍ਰਭਜੋਤ ਕੌਰ (ਪਤਨੀ ਸਵਰਗੀ ਦਰਬਾਰਾ ਸਿੰਘ ਗਵਰਨਰ ਰਾਜਸਥਾਨ), ਪ੍ਰਭਦੇਵ ਸਿੰਘ ਖਹਿਰਾ, ਅਸ਼ਵਿੰਦਰ ਪਾਲ ਸਿੰਘ ਖਹਿਰਾ ਸਾਬਕਾ ਚੇਅਰਮੈਨ ਸ਼ੂਗਰ ਮਿੱਲ, ਗੁਰਿੰਦਰ ਸਿੰਘ ਬਹੁਗੁਣ, ਤਰਮਿੰਦਰ ਸਿੰਘ ਕਾਹਨਾ ਢੇਸੀਆਂ, ਅੰਮ੍ਰਿਤਪਾਲ ਸਿੰਘ ਜਿਲਾ ਅਟਾਰਨੀ, ਜਗੀਰ ਸਿੰਘ ਸਾਬਕਾ ਸਰਪੰਚ ਮੱਲੀਵਾਲ, ਲਖਵਿੰਦਰ ਸਿੰਘ ਲੱਖਾ ਮੱਲੀਵਾਲ, ਗੁਲਜਾਰ ਸਿੰਘ ਬਿੰਦ ਪ੍ਰਧਾਨ ਨਗਰ ਪੰਚਾਇਤ ਸ਼ਾਹਕੋਟ, ਸੁਰਿੰਦਰਜੀਤ ਸਿੰਘ ਚੱਠਾ ਬਲਾਕ ਪ੍ਰਧਾਨ ਸ਼ਾਹਕੋਟ ਕਾਂਗਰਸ, ਮਹਿੰਦਰ ਪਾਲ ਸਿੰਘ ਟੁਰਨਾ ਬਲਾਕ ਪ੍ਰਧਾਨ ਮਹਿਤਪੁਰ ਕਾਂਗਰਸ, ਗੁਰਦੀਪ ਸਿੰਘ ਜੱਕੋਪੁਰ ਕਲਾਂ ਬਲਾਕ ਪ੍ਰਧਾਨ ਲੋਹੀਆ ਕਾਂਗਰਸ, ਹਰਦੇਵ ਸਿੰਘ ਅੌਜਲਾ, ਕੁਲਬੀਰ ਸਿੰਘ ਮਹਿਸਮਪੁਰ, ਸੋਨੂੰ ਕੰਗ ਪੀਏ, ਬੰਟੀ ਬੱਠਲਾ ਜਿਲਾ ਵਾਈਸ ਪ੍ਰਧਾਨ ਕਾਂਗਰਸ, ਡਾ. ਰਾਜੇਸ਼, ਪਵਨ ਅਗਰਵਾਲ ਸਾਬਕਾ ਪ੍ਰਧਾਨ ਕੱਚਾ ਆੜਤੀਆ ਐਸੋਸੀਏਸ਼ਨ, ਟਿੰਪੀ ਕੁਮਰਾ, ਸੋਨੂ ਮਿੱਤਲ, ਰਾਜੇਸ਼ ਗੁਪਤਾ, ਜਸਵੰਤ ਸਿੰਘ ਜੋਸਨ, ਹੈਪੀ ਸੰਧੂ ਪ੍ਰਧਾਨ ਟਰੱਕ ਯੂਨੀਅਨ, ਗੁਰਦੀਪ ਸਿੰਘ ਥੰਮਣਵਾਲ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਬਿਲਗਾ, ਹਰਮੇਸ਼ ਮਹੇਸ਼ ਸਾਬਕਾ ਪ੍ਰਧਾਨ ਨਗਰ ਪੰਚਾਇਤ ਮਹਿਤਪੁਰ, ਗੁਰਜੀਤ ਸਿੰਘ ਕੰਗ ਸਾਬਕਾ ਮੈਂਬਰ ਨਗਰ ਪੰਚਾਇਤ ਲੋਹੀਆ, ਹਰਜਿੰਦਰ ਸਿੰਘ ਨਕੋਦਰ, ਹਰਦੇਵ ਸਿੰਘ ਪੀਟਾ, ਯਸ਼ਪਾਲ ਗੁਪਤਾ, ਜਗਤਾਰ ਸਿੰਘ ਖਾਲਸਾ, ਪਹਿਲਵਾਨ ਲੈਹਿਬੰਰ ਸਿੰਘ, ਪਹਿਲਵਾਨ ਮਜੀਦਾ, ਆਦਿ ਮੌਜੂਦ ਸਨ।



ਸੈਣੀ ਨਾਲ ਰਾਜਵਿੰਦਰ ਸਿੰਘ ਲੱਕੀ ਨੇ ਕੀਤੀ ਵਿਸ਼ੇਸ਼ ਮੁਲਾਕਾਤ



ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ, ਰਾਮ ਲਾਲ)- ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਨੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਜੀ ਨਾਲ ਮੁੱਖ ਮੰਤਰੀ ਨਿਵਾਸ ਵਿਖੇ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ ਨਵਾਂਸ਼ਹਿਰ, ਬਲਾਚੌਰ ਅਤੇ ਬੰਗਾ ਵਿਧਾਨ ਸਭਾ ਹਲਕਿਆਂ ਦੀ ਮੌਜੂਦਾ ਰਾਜਨੀਤਿਕ ਸਥਿਤੀ ਅਤੇ ਭਾਰਤੀ ਜਨਤਾ ਪਾਰਟੀ ਦੀਆਂ ਜਥੇਬੰਦਕ ਗਤੀਵਿਧੀਆਂ ਸੰਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਪੰਜਾਬ ਵਿੱਚ ਭਾਜਪਾ ਦੀ ਮਜ਼ਬੂਤੀ ਅਤੇ ਆਉਣ ਵਾਲੇ ਦਿਨਾਂ ਦੌਰਾਨ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਬਲਾਚੌਰ, ਨਵਾਂਸ਼ਹਿਰ ਅਤੇ ਬੰਗਾ ਵਿਖੇ ਹੋਣ ਵਾਲੇ ਸੰਭਾਵਿਤ ਦੌਰਿਆਂ ਅਤੇ ਪਾਰਟੀ ਪ੍ਰੋਗਰਾਮਾਂ ਸੰਬੰਧੀ ਵੀ ਸਲਾਹ-ਮਸ਼ਵਰਾ ਕੀਤਾ ਗਿਆ। ਇਨ੍ਹਾਂ ਪ੍ਰੋਗਰਾਮਾਂ ਦੀ ਰੂਪ-ਰੇਖਾ, ਸਥਾਨਾਂ ਅਤੇ ਜਥੇਬੰਦਕ ਤਿਆਰੀਆਂ ਬਾਰੇ ਵਿਚਾਰ ਸਾਂਝੇ ਕੀਤੇ ਗਏ ਰਾਜਵਿੰਦਰ ਸਿੰਘ ਲੱਕੀ ਨੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਸਮਾਂ ਦੇਣ ਅਤੇ ਪੰਜਾਬ ਦੇ ਰਾਜਨੀਤਿਕ ਤੇ ਜਥੇਬੰਦਕ ਮਾਮਲਿਆਂ ਵਿੱਚ ਦਿਲਚਸਪੀ ਲੈਣ ਲਈ ਧੰਨਵਾਦ ਕੀਤਾ। ਇਸ ਮੌਕੇ ਸੰਜੀਵ ਚੌਧਰੀ ਪਿੰਟੂ ਸੀਨੀਅਰ ਭਾਜਪਾ ਆਗੂ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

13 ਕਿੱਲੋ 170 ਗ੍ਰਾਮ ਗਾਂਜੇ ਸਮੇਤ 2 ਵਿਅਕਤੀ ਕਾਬੂ



ਬੰਗਾ (ਅਵਤਾਰ ਕਲੇਰ)- ਪੰਜਾਬ ਸਰਕਾਰ ਦੀਆਂ ਹਦਾਇਤਾਂ ਅਤੇ ਪੁਲਸ ਵਲੋਂ ਨਸ਼ਿਆਂ ਖ਼ਿਲਾਫ਼ ਮੁਹਿੰਮ ਨੂੰ ਉਸ ਵੇਲੇ ਕਾਮਯਾਬੀ ਮਿਲੀ ਜਦੋਂ ਥਾਣਾ ਬਹਿਰਾਮ ਅਧੀਨ ਆਉਂਦੇ ਹਾਈਟੈਕ ਨਾਕਾ ਮੇਹਲੀ ਵਿਖੇ ਚੈਕਿੰਗ ਦੌਰਾਨ 13 ਕਿੱਲੋ 170 ਗਰਾਮ ਗਾਂਜਾ ਬਰਾਮਦ ਹੋਇਆ। ਐਸ.ਐਚ.ਓ ਬਹਿਰਾਮ ਰਾਮ ਪਾਲ ਨੇ ਦੱਸਿਆ ਕਿ ਤਿਉਹਾਰਾਂ ਦੇ ਮੱਦੇਨਜ਼ਰ ਮੇਹਲੀ ਚੌਂਕੀ 'ਤੇ ਨਾਕਾ ਲਗਾਇਆ ਹੋਇਆ ਸੀ। ਸ਼ਾਮ ਵੇਲੇ ਇਕ ਆਟੋ ਰਿਕਸ਼ਾ ਫਗਵਾੜਾ ਸਾਈਡ ਤੋਂ ਆ ਰਿਹਾ ਸੀ, ਜਿਸ ਨੂੰ ਨਵਨੀਤ ਪਾਠਕ ਉਰਫ ਰਾਜਾ ਪੁੱਤਰ ਰੂਪ ਕਾਂਤ ਪਾਠਕ ਵਾਸੀ ਕ੍ਰਿਸ਼ਨਾ ਨਗਰ ਭਾਮੀਆਂ ਖੁਰਦ ਮੁੰਡੀਆਂ ਕਲਾਂ ਥਾਣਾ ਜਮਾਲਪੁਰ ਲੁਧਿਆਣਾ ਚਲਾ ਰਿਹਾ ਸੀ। ਨਾਲ ਬੈਠਾ ਸਾਥੀ ਵਿਜੇ ਕੁਮਾਰ ਪੁੱਤਰ ਮੰਗਤ ਰਾਮ ਵਾਸੀ ਮਕਾਨ ਨੰਬਰ 1688 ਵਾਰਡ ਨੰ: 43 ਹਸ਼ੀਸ਼ ਗੰਜ ਥਾਣਾ ਡਵੀਜਨ ਨੰ: 2 ਲੁਧਿਆਣਾ ਨੂੰ ਚੈਕਿੰਗ ਕਰਨ ਲਈ ਰੋਕਿਆ, ਜਿਸ ਵਿਚੋਂ 13 ਕਿਲੋ 170 ਗ੍ਰਾਮ ਗਾਂਜਾ ਬਰਾਮਦ ਹੋਇਆ। ਕਥਿਤ ਮੁਲਜ਼ਮਾਂ ਨੂੰ ਕਾਬੂ ਕੀਤਾ ਤੇ ਪਰਚਾ ਦਰਜ ਕੀਤਾ ਗਿਆ । ਇਸ ਮੌਕੇ ਐਸ.ਐਚ.ਓ ਬਹਿਰਾਮ ਰਾਮ ਪਾਲ, ਏ.ਐਸ ਆਈ ਗੁਰਦੀਪ ਸਿੰਘ, ਏ.ਐਸ ਆਈ ਸ਼ਿੰਦਰਪਾਲ, ਕਾਂਸਟੇਬਲ ਗਗਨਦੀਪ ਤੇ ਧੰਨਰਾਜ ਸਿੰਘ ਹਾਜ਼ਰ ਸਨ।

ਪੁਲਸ ਕਮਿਸ਼ਨਰ ਵੱਲੋਂ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ

ਜਲੰਧਰ (ਸ਼ੈਲੀ ਐਲਬਰਟ) ਪੁਲਸ ਕਮਿਸ਼ਨਰ ਸਤਿੰਦਰ ਸਿੰਘ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ, 2023 ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਮਿਸ਼ਨਰੇਟ ਪੁਲਿਸ ਜਲੰਧਰ ਦੀ ਹੱਦ ਅੰਦਰ ਕਿਸੇ ਕਿਸਮ ਦਾ ਹਥਿਆਰ ਜਿਵੇਂ ਕਿ ਬੇਸਬਾਲ, ਤੇਜ਼ ਹਥਿਆਰ, ਨੋਕੀਲਾ ਹਥਿਆਰ ਜਾਂ ਕੋਈ ਵੀ ਜਾਨਲੇਵਾ ਹਥਿਆਰ ਗੱਡੀ ਵਿੱਚ ਰੱਖ ਕੇ ਚੱਲਣ 'ਤੇ ਪਾਬੰਦੀ ਲਗਾ ਦਿੱਤੀ ਗਈ ਹੈ। ਇਸੇ ਤਰ੍ਹਾਂ ਕਮਿਸ਼ਨਰੇਟ ਪੁਲਸ ਦੀ ਹੱਦ ਅੰਦਰ ਕਿਸੇ ਕਿਸਮ ਦਾ ਜਲੂਸ ਕੱਢਣ, ਕਿਸੇ ਸਮਾਗਮ/ਜਲੂਸ ਵਿੱਚ ਹਥਿਆਰ ਲੈ ਕੇ ਚੱਲਣ, ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੀ ਇਕੱਤਰਤਾ ਅਤੇ ਨਾਅਰੇਬਾਜ਼ੀ ਕਰਨ 'ਤੇ ਵੀ ਪਾਬੰਦੀ ਲਗਾਈ ਗਈ ਹੈ। ਪੁਲਸ ਕਮਿਸ਼ਨਰ ਵੱਲੋਂ ਇਕ ਹੋਰ ਹੁਕਮ ਰਾਹੀਂ ਕਮਿਸ਼ਨਰੇਟ ਜਲੰਧਰ ਦੀ ਹੱਦ ਅੰਦਰ ਆਉਂਦੇ ਸਾਰੇ ਮੈਰਿਜ ਪੈਲਸਾਂ/ਹੋਟਲਾਂ ਦੇ ਦਾਅਵਤ ਹਾਲਾਂ, ਵਿਆਹ-ਸ਼ਾਦੀਆਂ ਦੇ ਪ੍ਰੋਗਰਾਮਾਂ ਅਤੇ ਹੋਰ ਸਮਾਜਿਕ ਪ੍ਰੋਗਰਾਮਾਂ ਵਿੱਚ ਪਬਲਿਕ ਵੱਲੋਂ ਹਥਿਆਰ ਲੈ ਕੇ ਜਾਣ 'ਤੇ ਪਾਬੰਦੀ ਲਗਾਈ ਗਈ ਹੈ ਅਤੇ ਮੈਰਿਜ ਪੈਲੇਸਾਂ ਅਤੇ ਦਾਅਵਤ ਹਾਲਾਂ ਦੇ ਮਾਲਕਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਮੈਰਿਜ ਪੈਲੇਸਾਂ/ਦਾਅਵਤ ਹਾਲਾਂ ਵਿੱਚ ਸੀ ਸੀ ਟੀ ਵੀ ਕੈਮਰੇ ਲਗਾਉਣ ਦੇ ਜ਼ਿੰਮੇਵਾਰ ਹੋਣਗੇ। ਪੁਲਸ ਕਮਿਸ਼ਨਰ ਵੱਲੋਂ ਜਾਰੀ ਇਕ ਹੋਰ ਹੁਕਮ ਅਨੁਸਾਰ ਮਕਾਨ ਮਾਲਕ ਘਰਾਂ ਵਿੱਚ ਕਿਰਾਏਦਾਰ, ਪੀ ਜੀ ਮਾਲਕ ਪੀ ਜੀਅਤੇ ਆਮ ਲੋਕ ਘਰਾਂ ਵਿੱਚ ਨੌਕਰ ਅਤੇ ਹੋਰ ਕਾਮੇ ਆਪਣੇ ਨੇੜੇ ਦੇ ਪੰਜਾਬ ਪੁਲਸ ਦੇ ਸਾਂਝ ਕੇਂਦਰ ਵਿੱਚ ਜਾਣਕਾਰੀ/ਇਤਲਾਹ ਦਿੱਤੇ ਬਿਨ੍ਹਾਂ ਨਹੀਂ ਰੱਖਣਗੇ। ਪੁਲਸ ਕਮਿਸ਼ਨਰ ਵਲੋਂ ਜਾਰੀ ਇਕ ਹੋਰ ਹੁਕਮ ਅਨੁਸਾਰ ਕੋਈ ਵੀ ਹੋਟਲ/ਮੋਟਲ/ਗੈਸਟ ਹਾਊਸ ਅਤੇ ਸਰ੍ਹਾਵਾਂ ਆਦਿ ਦੇ ਮਾਲਕ/ਪ੍ਰਬੰਧਕ ਕਿਸੇ ਵੀ ਵਿਅਕਤੀ/ਯਾਤਰੀ ਨੂੰ ਉਸ ਦੀ ਸ਼ਨਾਖਤ ਕੀਤੇ ਬਿਨ੍ਹਾਂ ਨਹੀਂ ਠਹਿਰਾਉਣਗੇ। ਹੋਟਲ/ਮੋਟਲ/ਗੈਸਟ ਹਾਊਸ ਅਤੇ ਸਰ੍ਹਾਵਾਂ ਆਦਿ ਵਿਚ ਠਹਿਰਣ ਵਾਲੇ ਹਰੇਕ ਵਿਅਕਤੀ/ਯਾਤਰੀ ਦਾ ਵੈਲਿਡ ਫੋਟੋ ਸ਼ਨਾਖਤੀ ਕਾਰਡ, ਜੋ ਸਮਰੱਥ ਅਧਿਕਾਰੀ ਵੱਲੋਂ ਉਸ ਨੂੰ ਜਾਰੀ ਕੀਤਾ ਗਿਆ ਹੋਵੇ, ਦੀ ਉਸ ਵਿਅਕਤੀ/ਯਾਤਰੀ ਵੱਲੋਂ ਸਵੈ-ਤਸਦੀਕਸ਼ੁਦਾ ਫੋਟੋ ਕਾਪੀ ਬਤੌਰ ਰਿਕਾਰਡ ਰੱਖਣਗੇ ਅਤੇ ਵਿਅਕਤੀ/ਯਾਤਰੀ ਦਾ ਮੋਬਾਇਲ ਨੰਬਰ ਤਸਦੀਕ ਕਰਨ ਤੋਂ ਇਲਾਵਾ ਠਹਿਰਣ ਵਾਲੇ ਵਿਅਕਤੀ/ਯਾਤਰੀ ਦਾ ਰਿਕਾਰਡ ਦਿੱਤੇ ਗਏ ਪ੍ਰੋਫਾਰਮੇ ਵਿੱਚ ਰਜਿਸਟਰ 'ਤੇ ਮੇਨਟੇਨ ਕਰਨਗੇ। ਹੋਟਲ/ਮੋਟਲ/ਗੈਸਟ ਹਾਊਸ ਅਤੇ ਸਰ੍ਹਾਵਾਂ ਆਦਿ ਵਿਚ ਠਹਿਰੇ ਵਿਅਕਤੀਆਂ/ਯਾਤਰੀਆਂ ਸਬੰਧੀ ਜਾਣਕਾਰੀ ਰੋਜ਼ਾਨਾ ਸਵੇਰੇ 10 ਵਜੇ ਸਬੰਧਿਤ ਮੁੱਖ ਅਫ਼ਸਰ ਥਾਣਾ ਨੂੰ ਭੇਜਣਗੇ ਤੇ ਠਹਿਰੇ ਵਿਅਕਤੀਆਂ/ਯਾਤਰੀਆਂ ਸਬੰਧੀ ਰਜਿਸਟਰ ਵਿਚ ਦਰਜ ਰਿਕਾਰਡ ਨੂੰ ਹਰੇਕ ਸੋਮਵਾਰ ਨੂੰ ਸਬੰਧਿਤ ਮੁੱਖ ਅਫ਼ਸਰ ਥਾਣਾ ਪਾਸੋਂ ਤਸਦੀਕ ਕਰਵਾਉਣਗੇ ਅਤੇ ਲੋੜ ਪੈਣ 'ਤੇ ਰਿਕਾਰਡ ਪੁਲਿਸ ਨੂੰ ਮੁਹੱਈਆ ਕਰਵਾਉਣਗੇ।



ਆਪੀ ਚੈਰੀਟੇਬਲ 'ਚ ਦੀਵਾਲੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ

ਕਰਤਾਰਪੁਰ (ਹਰਮੇਸ਼ ਦੱਤ)- ਆਪੀ ਚੈਰੀਟੇਬਲ ਹਸਪਤਾਲ ਕਰਤਾਰਪੁਰ ਵਿਖੇ ਮੈਡਮ ਸੁਮਨ ਲਤਾ ਕਲਹਣ ਅਤੇ ਪ੍ਰਧਾਨ ਬਿਮਲ ਜੈਨ ਦੀ ਦੇਖ ਰੇਖ ਹੇਠ ਦੀਵਾਲੀ ਦਾ ਤਿਉਹਾਰ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ।



ਇਸ ਦੌਰਾਨ ਆਪੀ ਚੈਰੀਟੇਬਲ ਸਟਾਫ, ਕਰਮਚਾਰੀਆਂ ਅਤੇ ਕੀਮਤ ਐਜੂਕੇਸ਼ਨ ਦੇ ਵਿਦਿਆਰਥੀਆਂ ਨੂੰ ਗਿਫਟ ਦੇ ਕੇ ਸਨਮਾਨਤ ਕੀਤਾ ਗਿਆ। ਆਪੀ ਹਸਪਤਾਲ ਦੀ ਐਜੂਕੇਸ਼ਨ ਸੰਸਥਾ ਕੀਮਤ ਦੇ ਵਿਦਿਆਰਥੀਆਂ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ। ਇਸ ਮੌਕੇ ਲੋਕ ਗਾਇਕ ਦਲਵਿੰਦਰ ਦਿਆਲਪੁਰੀ ਨੇ ਵੀ ਆਪਣੀ ਹਾਜ਼ਰੀ ਭਰੀ। ਪ੍ਰਧਾਨ ਵਿਮਲ ਜੈਨ ਅਤੇ ਸੁਮਨ ਲਤਾ ਕਲਹਣ ਨੇ ਸਾਰਿਆਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਰਜਨੀ ਲਾਂਬਾ ਮਲਹੋਤਰਾ ਨੇ ਸਟੇਜ ਦੀ ਭੂਮਿਕਾ ਨਿਭਾਈ। ਇਸ ਮੌਕੇ ਪ੍ਰਧਾਨ ਬਿਮਲ ਜੈਨ, ਸੁਮਨ ਲਤਾ ਕਲਹਣ, ਐਨ.ਆਰ.ਆਈ ਜਗਜੀਤ ਸਿੰਘ ਮੁਲਤਾਨੀ, ਰਾਜ ਕੌਰ ਮੁਲਤਾਨੀ, ਡਾ. ਪੰਕਜ ਮਹਾਜਨ, ਡਾ. ਵਿਨੋਦ ਬੱਗਾ, ਡਾ. ਵਿਕਾਸ ਗੁਪਤਾ, ਡਾ. ਬੌਬੀ ਵਰਮਾ, ਡਾ. ਨੀਰਜ ਕੁਮਾਰ, ਡਾ. ਅਮਨਦੀਪ ਭੱਲਾ, ਡਾ. ਰੋਹਿਤ ਡੋਗਰ, ਰਜਨੀ ਲਾਂਬਾ ਮਲਹੋਤਰਾ, ਸੋਢੀ ਸਿੰਘ, ਸਰਬਜੀਤ ਕੌਰ ਅਤੇ ਆਪੀ ਸਟਾਫ ਹਾਜ਼ਰ ਸੀ।

ਵਜੀਦੋਵਾਲ ਵਿਖੇ ਕੁਸ਼ਤੀ ਦੰਗਲ 15 ਨੂੰ



ਬੰਗਾ (ਅਵਤਾਰ ਕਲੇਰ)- ਭਗਵਾਨ ਸ੍ਰੀ ਪਰਸ਼ੁਰਾਮ ਨੂੰ ਸਮਰਪਿਤ ਪਹਿਲਾ ਕੁਸ਼ਤੀ ਦੰਗਲ ਪਿੰਡ ਵਜੀਦੋਵਾਲ ਵਿਖੇ 15 ਨਵੰਬਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕੁਸ਼ਤੀ ਦੰਗਲ ਦੇ ਮੁੱਖ ਪ੍ਰਬੰਧਕ ਰਿੰਪਲ ਕੁਮਾਰ ਸਰਪੰਚ ਨੇ ਦੱਸਿਆ ਕਿ ਕੁਸ਼ਤੀ ਦੰਗਲ ਸਮੂਹ ਨਗਰ ਨਿਵਾਸੀਆਂ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਫਰੀ ਸਟਾਈਲ ਮੁਕਾਬਲੇ ਹੋਣਗੇ। ਕੁਸ਼ਤੀਆਂ ਦੇ ਮੁਕਾਬਲੇ ਅੰਤਰਰਾਸ਼ਟਰੀ ਨਿਯਮਾਂ ਮੁਤਾਬਕ ਹੋਣਗੇ। ਉਹਨਾਂ ਦੱਸਿਆ ਕਿ ਲੜਕੀਆਂ ਦੇ ਮੁਕਾਬਲੇ ਵੀ ਕਰਵਾਏ ਜਾਣਗੇ। ਉਹਨਾਂ ਖੇਡ ਪ੍ਰੇਮੀਆਂ ਨੂੰ ਪਹੁੰਚਣ ਦੀ ਅਪੀਲ ਕੀਤੀ।

ਭਗਵਾਨ ਵਿਸ਼ਵਕਰਮਾ ਦਾ ਜਨਮ ਉਤਸਵ ਮਨਾਇਆ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਵਿਸ਼ਵਕਰਮਾ ਸਭਾ ਮੋਰਿੰਡਾ ਵਲੋ ਭਗਵਾਨ ਵਿਸ਼ਵਕਰਮਾ ਦਾ ਜਨਮ ਦਿਵਸ ਮੋਰਿੰਡਾ ਵਿਖੇ ਬਹੁਤ ਹੀ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆ ਸਭਾ ਦੇ ਪ੍ਰਧਾਨ ਪਵਨ ਕੁਮਾਰ ਸਾਬਕਾ ਕੌਂਸਲਰ ਨੇ ਦੱਸਿਆ ਕਿ ਇਸ ਮੋਕੇ ਵਿਸ਼ਵਕਰਮਾ ਭਵਨ ਮੋਰਿੰਡਾ ਵਿਖੇ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਮੁਖ ਮਹਿਮਾਨ ਵਜੋਂ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਪਹੁੰਚੇ।ਉਹਨਾ ਭਗਵਾਨ ਵਿਸ਼ਵਕਰਮਾ ਦੇ ਦਰਬਾਰ ਵਿੱਚ ਹਾਜ਼ਰੀ ਲਗਵਾਉਂਦਿਆਂ ਸਮੂਹ ਰਾਮਗੜ੍ਹੀਆ ਭਾਈਚਾਰੇ ਨੂੰ ਵਧਾਈਆਂ ਦਿਤੀਆਂ।ਉਹਨਾ ਆਪਣੇ ਅਖਤਿਆਰੀ ਫੰਡ ਵਿਚੋਂ 5 ਲਖ ਰੁਪਏ ਪ੍ਰਬੰਧਕ ਕਮੇਟੀ ਨੂੰ ਦੇਣ ਦਾ ਐਲਾਨ ਕੀਤਾ। ਇਸ ਮੌਕੇ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਅਤੇ ਬਹਾਦਰ ਸਿੰਘ ਪ੍ਰਧਾਨ ਨਗਰ ਕੌਂਸਲ ਕੁਰਾਲੀ ਨੇ ਵੀ ਵਿਸ਼ੇਸ਼ ਤੌਰ ਤੇ ਹਾਜਰੀ ਲਗਵਾਈ। ਇਸ ਮੌਕੇ ਹੋਰਨਾ ਤੋ ਇਲਾਵਾ ਕੌਂਸਲਰ ਹਰਜੀਤ ਸਿੰਘ ਸੋਢੀ, ਕੌਂਸਲਰ ਅਮ੍ਰਿਤਪਾਲ ਸਿੰਘ ਖਟੜਾ, ਰੁਪਿੰਦਰ ਸਿੰਘ ਨੰਬਰਦਾਰ, ਚੁਰੂ ਸੂਦ, ਕੌਂਸਲਰ ਮਨਦੀਪ ਸਿੰਘ ਬਾਜਵਾ, ਕੌਂਸਲਰ ਮਹਿੰਦਰ ਸਿੰਘ ਢਿਲੋਂ, ਕਾਂਗਰਸ ਕਮੇਟੀ ਦੇ ਸ਼ਹਿਰੀ ਪ੍ਰਧਾਨ ਰਾਹੁਲ ਸ਼ਰਮਾ, ਕੇਸਰ ਸਿੰਘ ਸਮਾਣਾ, ਕਸ਼ਮੀਰ ਸਿੰਘ ਆਦਿ ਪਤਵੰਤੇ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ।ਇਸ ਮੌਕੇ ਪ੍ਰਬੰਧਕ ਪਵਨ ਧੀਮਾਨ, ਜਨਰਲ ਸਕੱਤਰ ਹਰਜੀਤ ਸਿੰਘ ਸੱਲ੍ਹ, ਕੁਲਵੀਰ ਸਿੰਘ ਸੋਨੂ, ਗੁਰਿੰਦਰ ਸਿੰਘ ਗੋਗੀ ਸਾਬਕਾ ਪ੍ਰਧਾਨ, ਹਰਮੀਤ ਸਿੰਘ ਸੱਲ੍ਹ ਸਾਬਕਾ ਪ੍ਰਧਾਨ, ਗੁਰਿੰਦਰ ਸਿੰਘ ਸੋਨੀ, ਗੁਰਜੀਤ ਸਿੰਘ, ਅਮਰੀਕ ਸਿੰਘ ਡੱਫੂ, ਸਤਨਾਮ ਸਿੰਘ ਨੇ ਸਮਾਗਮ ਵਿੱਚ ਹਾਜਰੀ ਲਗਵਾਉਣ ਵਾਲੇ ਮਹਿਮਾਨਾਂ ਦਾ ਸਨਮਾਨ ਕੀਤਾ ਗਿਆ।



ਸਿਟੀ ਡਵੀਜ਼ਨ ਹੁਸ਼ਿਆਰਪੁਰ ਪੈਨਸ਼ਨਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸਿਟੀ ਡਵੀਜ਼ਨ ਹੁਸ਼ਿਆਰਪੁਰ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਾਸਿਕ ਮੀਟਿੰਗ ਸਿਟੀ ਡਵੀਜ਼ਨ ਹੁਸ਼ਿਆਰਪੁਰ ਦੇ ਪ੍ਰਧਾਨ ਖੁਸ਼ੀ ਰਾਮ ਧੀਮਾਨ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਖੁਸ਼ੀ ਰਾਮ ਧੀਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਕਰਮਚਾਰੀ ਯੂਨੀਅਨਾਂ ਅਤੇ ਪੈਨਸ਼ਨਰਜ਼ ਐਸੋਸੀਏਸ਼ਨ ਦੇ ਆਗੂਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਦੀਆਂ ਮੰਗਾਂ ਦਾ ਹੱਲ ਕਰਨਾ ਚਾਹੀਦਾ ਹੈ। ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਲਾਗੂ ਨਹੀਂ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਅਸ਼ਵਨੀ ਕੁਮਾਰ, ਗੁਰਮੀਤ ਪਾਲ ਸਿੰਘ, ਦੀਦਾਰ ਸਿੰਘ, ਵਿਜੇ ਕੁਮਾਰ, ਜੈਦੇਵ, ਗੀਤਪਾਲ ਸਿੰਘ, ਬਲਵੰਤ ਸਿੰਘ, ਮੰਗਲ ਸਿੰਘ, ਮਲਕੀਤ ਸਿੰਘ ਅਤੇ ਕਾਮਰੇਡ ਗੁਰਮੇਲ ਸਿੰਘ ਨੇ ਵੀ ਕਿਹਾ ਕਿ ਪੰਜਾਬ ਸਰਕਾਰ ਨੂੰ ਕਰਮਚਾਰੀ ਯੂਨੀਅਨਾਂ ਨਾਲ ਵਿਚਾਰ-ਵਟਾਂਦਰਾ ਕਰਨਾ ਚਾਹੀਦਾ ਹੈ ਅਤੇ ਸਾਰੀਆਂ ਮੰਗਾਂ ਨੂੰ ਲਾਗੂ ਕਰਨਾ ਚਾਹੀਦਾ ਹੈ। ਜੇਕਰ ਸਰਕਾਰ ਕਰਮਚਾਰੀ ਯੂਨੀਅਨਾਂ ਨਾਲ ਵਿਚਾਰ-ਵਟਾਂਦਰਾ ਕਰਕੇ ਮੰਗਾਂ ਦਾ ਹੱਲ ਨਹੀਂ ਕਰਦੀ ਹੈ, ਤਾਂ ਇਸ ਨੂੰ 2027 ਵਿੱਚ ਨਤੀਜੇ ਭੁਗਤਣੇ ਪੈਣਗੇ। ਸਰਕਾਰ ਦੀ ਬੇਈਮਾਨੀ ਦਾ ਅੰਦਾਜ਼ਾ ਵਾਰ-ਵਾਰ ਮੀਟਿੰਗਾਂ ਦੇ ਕੇ ਅਤੇ ਉਨ੍ਹਾਂ ਨੂੰ ਮੁਲਤਵੀ ਕਰਨ ਤੋਂ ਲਗਾਇਆ ਜਾ ਸਕਦਾ ਹੈ। ਬੁਲਾਰਿਆਂ ਨੇ ਮੰਗ ਕੀਤੀ ਕਿ 1/1/2016 ਤੋਂ ਪਹਿਲਾਂ ਸੇਵਾਮੁਕਤ ਹੋਏ ਕਰਮਚਾਰੀਆਂ ਨੂੰ ਉਨ੍ਹਾਂ ਦੇ ਬਕਾਏ ਇੱਕਮੁਸ਼ਤ ਦਿੱਤੇ ਜਾਣ। 1/1/2016 ਤੋਂ ਬਾਅਦ ਸੇਵਾਮੁਕਤ ਹੋਏ ਕਰਮਚਾਰੀਆਂ ਨੂੰ ਉਨ੍ਹਾਂ ਦੀ ਛੁੱਟੀ ਦਾ ਕੈਸ਼ਮੈਂਟ ਅਤੇ ਬਕਾਇਆ ਇੱਕਮੁਸ਼ਤ ਦਿੱਤਾ ਜਾਵੇ। ਮਹਿੰਗਾਈ ਭੱਤਾ ਕੇਂਦਰ ਸਰਕਾਰ ਦੇ ਕਰਮਚਾਰੀਆਂ ਦੇ ਬਰਾਬਰ ਕੀਤਾ ਜਾਵੇ। ਡਾਕਟਰੀ ਭੱਤਾ ਵਧਾ ਕੇ 2000 ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇ। ਮੈਡੀਕਲ ਕੈਸ਼ਲੈੱਸ ਸਕੀਮ ਲਾਗੂ ਕੀਤੀ ਜਾਵੇ। ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ। ਸੀ ਐਚ ਬੀ ਅਤੇ ਆਊਟਸੋਰਸ ਕੀਤੇ ਕਰਮਚਾਰੀਆਂ ਨੂੰ ਤੁਰੰਤ ਸਥਾਈ ਕੀਤਾ ਜਾਵੇ ।

ਐਡਵੋਕੇਟ ਨਰਿੰਦਰ ਸਿੰਘ ਵੱਲੋਂ ਕਰਵਾਈ ਜਾ ਰਹੀ ਹੈ ਡਰਾਇੰਗ ਪ੍ਰਤੀਯੋਗਤਾ

ਚੰਡੀਗੜ੍ਹ (ਸੁਰਜੀਤ ਸੁਮਨ)- ਐਡਵੋਕੇਟ ਨਰਿੰਦਰ ਸਿੰਘ ਤਹਿਸੀਲ ਕੰਪਲੈਕਸ ਖਰੜ ਵਿਖੇ ਕੰਮ ਕਰ ਰਹੀ ਅਜਿਹੀ ਵਾਹਦ ਸ਼ਖ਼ਸੀਅਤ ਹਨ ਜੋ ਨਿਰਸਵਾਰਥ ਢੰਗ ਨਾਲ ਕੁਦਰਤ ਪੌਣ-ਪਾਣੀ, ਵਿੱਦਿਆ ਤੇ ਸਭਿਆਚਾਰ ਨੂੰ ਬਚਾਉਣ ਲਈ ਅਣਥੱਕ ਤੇ ਬੇਰੋਕ ਮਦਦ ਕਰਨ ਵਿੱਚ ਵਿਸ਼ਵਾਸ ਰਖਦੇ ਹਨ।



ਉਨ੍ਹਾਂ ਦੇ ਪਿਤਾ ਗੁਰਮੁਖ ਸਿੰਘ, ਸਥਾਨਕ ਨਗਰ ਕੌਂਸਲ ਦੇ ਸਾਬਕਾ ਸੀਨੀਅਰ ਮੀਤ ਪ੍ਰਧਾਨ ਰਹਿ ਚੁੱਕੇ ਹਨ, ਜੋ ਸਮਾਜ ਨੂੰ ਨੇੜਿਉਂ ਜਾਣਦੇ ਤੇ ਸਮਝਦੇ ਹਨ। ਉਨ੍ਹਾਂ ਦੀ ਪਤਨੀ ਡਾ. ਮਨਦੀਪ ਕੌਰ ਵੀ ਸਮਾਜ ਸੇਵੀ ਕੰਮਾਂ ਵਿੱਚ ਮਸ਼ਰੂਫ ਰਹਿੰਦੇ ਹਨ। ਐਡਵੋਕੇਟ ਨਰਿੰਦਰ ਸਿੰਘ ਨੇ ਗੱਲਬਾਤ ਕਰਦਿਆਂ ਕਿਹਾ ਕਿ ਉਹ ਜਲਦ ਹੀ ਇੱਕ ਡਰਾਇੰਗ ਪ੍ਰਤੀਯੋਗਤਾ ਕਰਵਾ ਰਹੇ ਹਨ, ਜਿਸ ਦੀਆਂ ਤਾਰੀਕਾਂ ਤਹਿ ਕਰਕੇ ਸੂਚਿਤ ਕੀਤਾ ਜਾਵੇਗਾ। ਇਸ ਡਰਾਇੰਗ ਪ੍ਰਤੀਯੋਗਤਾ ਵਿੱਚ 5 ਤੋਂ 9, 9 ਤੋਂ 13 ਅਤੇ 13 ਤੋਂ 17 ਸਾਲਾਂ ਦੇ ਵਿਦਿਆਰਥੀ ਭਾਗ ਲੈ ਸਕਦੇ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀ ਇਸ ਪ੍ਰਤੀਯੋਗਤਾ ਵੇਲੇ ਆਪਣਾ ਡਰਾਇੰਗ ਮਟੀਰੀਅਲ ਜਿਵੇਂ ਸ਼ੀਟਸ, ਪੈਂਨਸਿਲ, ਰੇਜ਼ਰ, ਸ਼ਾਪਨਰ, ਕਾਰਡ ਬੋਰਡ ਆਦਿ ਨਾਲ ਲੈ ਕੇ ਆਉਣ। ਉਨ੍ਹਾਂ ਕਿਹਾ ਕਿ ਇਸ ਡਰਾਇੰਗ ਪ੍ਰਤੀਯੋਗਤਾ ਵਿੱਚ ਭਾਗ ਲੈਣ ਵਾਲ਼ੇ ਵਿਦਿਆਰਥੀ 98155 81673 'ਤੇ ਮੁਫ਼ਤ ਰਜਿਸਟਰੇਸ਼ਨ ਕਰਵਾ ਸਕਦੇ ਹਨ। ਉਨ੍ਹਾਂ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਇਸ ਪ੍ਰਤੀਯੋਗਤਾ ਵਿੱਚ ਭਾਗ ਜ਼ਰੂਰ ਲੈਣ।

ਤਰੁਣ ਚੁੱਘ ਨਾਲ ਡਾ. ਹਰਸਿਮਰਤ ਸਿੰਘ ਸਾਹੀ ਦੀ ਅਹਿਮ ਮੁਲਾਕਾਤ

ਦਸੂਹਾ (ਕਰਨੈਲ ਮਾਂਗਟ)- ਭਾਰਤੀ ਜਨਤਾ ਪਾਰਟੀ ਦੇ ਸੂਬਾ ਕਾਰਜਕਾਰਨੀ ਮੈਂਬਰ ਅਤੇ ਦਸੂਹਾ ਦੇ ਸੀਨੀਅਰ ਭਾਜਪਾ ਆਗੂ ਡਾ. ਹਰਸਿਮਰਤ ਸਿੰਘ ਸਾਹੀ (ਸੰਨੀ ਸਾਹੀ) ਨੇ ਮੈਂਬਰ ਪਾਰਲੀਮੈਂਟ ਅਤੇ ਕੌਮੀ ਦਫ਼ਤਰ ਇੰਚਾਰਜ ਭਾਜਪਾ ਤੇ ਸਾਬਕਾ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨਾਲ ਇੱਕ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਅਹਿਮ ਮੀਟਿੰਗ ਦੌਰਾਨ ਡਾ. ਸਾਹੀ ਨੇ ਦਸੂਹਾ ਵਿਧਾਨ ਸਭਾ ਹਲਕੇ ਦੇ ਮੁੱਦਿਆਂ ਦੇ ਨਾਲ-ਨਾਲ ਖਾਸ ਕਰਕੇ ਕਿਸਾਨਾਂ ਅਤੇ ਅਜੋਕੇ ਸਮੇਂ ਵਿੱਚ ਮੰਡੀਆਂ ਦੇ ਪ੍ਰਬੰਧਾਂ ਨੂੰ ਲੈ ਕੇ ਆ ਰਹੀਆਂ ਮੁਸ਼ਕਲਾਂ ਨੂੰ ਪਾਰਟੀ ਹਾਈਕਮਾਂਡ ਦੇ ਧਿਆਨ ਵਿੱਚ ਬੜੀ ਬੇਬਾਕੀ ਅਤੇ ਪ੍ਰਮੁੱਖਤਾ ਨਾਲ ਲਿਆਂਦਾ। ਮੀਟਿੰਗ ਦੌਰਾਨ ਡਾ. ਸਾਹੀ ਨੇ ਮੰਡੀਆਂ ਵਿੱਚ ਫਸਲ ਵੇਚਣ ਸਮੇਂ ਕਿਸਾਨਾਂ ਨੂੰ ਆ ਰਹੀਆਂ ਦਿੱਕਤਾਂ ਦਾ ਮੁੱਦਾ ਜ਼ੋਰ-ਸ਼ੋਰ ਨਾਲ ਉਠਾਇਆ। ਉਨ੍ਹਾਂ ਖ਼ਾਸ ਕਰਕੇ ਦਸੂਆ ਖੇਤਰ ਦੇ ਕਿਸਾਨਾਂ ਨੂੰ ਪੇਸ਼ ਆ ਰਹੀਆਂ ਜ਼ਮੀਨੀ ਮੁਸ਼ਕਲਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਦੇਸ਼ ਦਾ ਢਿੱਡ ਭਰਨ ਵਾਲੇ ਅੰਨਦਾਤੇ ਦੀ ਮੰਡੀਆਂ ਵਿੱਚ ਖੱਜਲ-ਖੁਆਰੀ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ ਅਤੇ ਕੇਂਦਰ ਸਰਕਾਰ ਦੇ ਪੱਧਰ 'ਤੇ ਇਸ ਦੇ ਠੋਸ ਹੱਲ ਲਈ ਤੁਰੰਤ ਕਦਮ ਚੁੱਕੇ ਜਾਣ।



ਇਸ ਦੇ ਨਾਲ ਹੀ ਡਾ. ਸਾਹੀ ਨੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ, ਸਿਹਤ ਤੇ ਸਿੱਖਿਆ ਸਹੂਲਤਾਂ ਵਿੱਚ ਸੁਧਾਰ ਲਿਆਉਣ ਅਤੇ ਦਸੂਹਾ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਜ਼ੋਰਦਾਰ ਪੈਰਵੀ ਕੀਤੀ। ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਬੂਥ ਪੱਧਰ 'ਤੇ ਹੋਰ ਮਜ਼ਬੂਤ ਕਰਨ ਅਤੇ ਕੇਂਦਰ ਸਰਕਾਰ ਦੀਆਂ ਲੋਕ-ਭਲਾਈ ਸਕੀਮਾਂ ਨੂੰ ਹਲਕੇ ਦੇ ਘਰ-ਘਰ ਪਹੁੰਚਾਉਣ ਦੀ ਰਣਨੀਤੀ 'ਤੇ ਵੀ ਗੰਭੀਰ ਚਰਚਾ ਹੋਈ। ਡਾ. ਸਾਹੀ ਵੱਲੋਂ ਕਿਸਾਨਾਂ ਅਤੇ ਹਲਕੇ ਦੇ ਮਸਲਿਆਂ ਨੂੰ ਜਿਸ ਦਰਦ ਅਤੇ ਗੰਭੀਰਤਾ ਨਾਲ ਰੱਖਿਆ ਗਿਆ, ਤਰੁਣ ਚੁੱਘ ਨੇ ਉਸ ਦੀ ਭਰਪੂਰ ਸ਼ਲਾਘਾ ਕੀਤੀ।

ਸੜਕ ਹਾਦਸੇ ਕਾਰਨ ਵਿਧਾਇਕ ਦੇ ਗੰਨਮੈਨ ਦੀ ਮੌਤ

ਅੱਡਾ ਸਰਾਂ (ਜਸਵੀਰ ਕਾਜਲ)- ਬੀਤੀ ਦੇਰ ਸ਼ਾਮ ਹਾਦਸੇ ਕਾਰਨ ਟਾਂਡਾ ਤੋਂ ਵਿਧਾਇਕ ਦੇ ਨੌਜਵਾਨ ਗੰਨਮੈਨ ਦੀ ਮੌਤ ਹੋ ਗਈ। ਮੌਤ ਦਾ ਸ਼ਿਕਾਰ ਹੋਏ ਗੰਨਮੈਨ ਦੀ ਪਛਾਣ ਮੁੱਖ ਸਿਪਾਹੀ ਬਲਜਿੰਦਰ ਸਿੰਘ ਪੁੱਤਰ ਦਿਲਬਾਗ ਸਿੰਘ ਵਾਸੀ ਪਿੰਡ ਨੱਥੂਪੁਰ ਦੇ ਰੂਪ ਵਿਚ ਹੋਈ ਹੈ । ਹਾਦਸਾ ਉਸ ਵੇਲੇ ਵਾਪਰਿਆ ਜਦੋ ਗੰਨਮੈਨ ਦੀ ਕਾਰ ਬੇਕਾਬੂ ਹੋ ਕੇ ਪਿੰਡ ਜਹੂਰਾ ਦੀ ਫੈਕਟਰੀ ਦੇ ਕੰਧ ਨਾਲ ਟਕਰਾ ਗਈ ਜਿਸ ਦੇ ਕਾਰਨ ਇਹ ਗੰਭੀਰ ਜਖਮੀ ਹੋ ਗਿਆ । ਉਸ ਨੂੰ ਇਲਾਜ ਲਈ ਸਿਵਲ ਹਸਪਤਾਲ ਟਾਂਡਾ ਲਿਆਂਦਾ ਗਿਆ ਜਿੱਥੇ ਡਾਕਟਰਾਂ ਵੱਲੋਂ ਮੁੱਢਲੀ ਮੈਡੀਕਲ ਮਦਦ ਤੋਂ ਬਾਅਦ ਹਾਲਤ ਗੰਭੀਰ ਹੋਣ ਕਾਰਨ ਜਲੰਧਰ ਦਾ ਰੈਫਰ ਕੀਤਾ ਗਿਆ ਜਿੱਥੇ ਦੇਰ ਰਾਤ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ।



ਅੰਨਕੂਟ ਉਤਸਵ ਧੂਮਧਾਮ ਨਾਲ ਮਨਾਇਆ

ਡੇਰਾਬਸੀ (ਵਿਨੈ ਕੁਮਾਰ ਜੈਨ)- ਸਦੀਆਂ ਪੁਰਾਣੀ ਧਾਰਮਿਕ ਪਰੰਪਰਾ ਦੀ ਪਾਲਣਾ ਕਰਦੇ ਹੋਏ ਮੁੱਖ ਬਾਜ਼ਾਰ ਵਿੱਚ ਸਥਿਤ ਪ੍ਰਾਚੀਨ ਸ੍ਰੀ ਹਨੂੰਮਾਨ ਮੰਦਰ, ਠਾਕੁਰਦੁਆਰਾ ਵਿਖੇ ਗੋਵਰਧਨ ਪੂਜਾ ਦੇ ਸ਼ੁਭ ਮੌਕੇ 'ਤੇ ਅੰਨਕੂਟ ਉਤਸਵ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਗਿਆ। ਸਵੇਰ ਤੋਂ ਹੀ ਮੰਦਰ ਵਿੱਚ ਸ਼ਰਧਾਲੂਆਂ ਦਾ ਹੜ੍ਹ ਜਾਰੀ ਰਿਹਾ। ਭਗਤਾਂ ਨੇ ਰਾਮਸੇਵਕ ਹਨੂੰਮਾਨ ਦੇ ਚਰਨਾਂ ਵਿੱਚ ਸਿਰ ਝੁਕਾਇਆ ਅਤੇ ਆਪਣੇ ਪਰਵਾਰਾਂ ਦੀ ਭਲਾਈ, ਖੁਸ਼ਹਾਲੀ ਅਤੇ ਤੰਦਰੁਸਤੀ ਲਈ ਪ੍ਰਾਰਥਨਾ ਕੀਤੀ। ਇਸ ਮੌਕੇ 'ਤੇ ਮਹੰਤ ਸਿਧਾਰਥ ਵੈਸ਼ਨਵ ਨੇ ਮੰਦਰ ਦੇ ਇਤਿਹਾਸਕ ਅਤੇ ਧਾਰਮਿਕ ਮਹੱਤਵ 'ਤੇ ਚਾਨਣਾ ਪਾਇਆ, ਇਹ ਦੱਸਦੇ ਹੋਏ ਕਿ ਪ੍ਰਾਚੀਨ ਸ੍ਰੀ ਹਨੂੰਮਾਨ ਮੰਦਰ ਲਗਭਗ 500 ਸਾਲ ਪੁਰਾਣਾ ਹੈ। ਉਨ੍ਹਾਂ ਦੇ ਪੁਰਖੇ ਅਨਾਦਿ ਕਾਲ ਤੋਂ ਹਨੂੰਮਾਨ ਜੀ ਦੀ ਸੇਵਾ ਕਰਦੇ ਆ ਰਹੇ ਹਨ। ਰਾਸ਼ਟਰੀ ਹਿੰਦੂ ਸ਼ਕਤੀ ਸੰਗਠਨ ਦੇ ਕੌਮੀ ਉਪ ਪ੍ਰਧਾਨ ਅਤੇ ਸ੍ਰੀ ਸਨਾਤਨ ਧਰਮ ਪ੍ਰਚਾਰ ਸਭਾ, ਡੇਰਾਬਸੀ ਦੇ ਪ੍ਰਧਾਨ ਰਵਿੰਦਰ ਵੈਸ਼ਨਵ ਲਵਲੀ ਭਾਜਪਾ ਆਗੂ ਨੇ ਕਿਹਾ ਕਿ ਸ਼ਰਧਾਲੂਆਂ ਦਾ ਇਸ ਪ੍ਰਾਚੀਨ ਤੀਰਥ ਸਥਾਨ ਵਿੱਚ ਅਟੁੱਟ ਵਿਸ਼ਵਾਸ ਹੈ। ਦੂਰ-ਦੂਰ ਤੋਂ ਸ਼ਰਧਾਲੂ ਆਪਣੀਆਂ ਇੱਛਾਵਾਂ ਲੈ ਕੇ ਇੱਥੇ ਆਉਂਦੇ ਹਨ।ਹਨੂੰਮਾਨ ਨੂੰ ਮੱਥਾ ਟੇਕਣ ਅਤੇ ਇੱਛਾਵਾਂ ਕਰਨ ਲਈ ਆਉਣ ਵਾਲੇ ਲੋਕਾਂ ਦੀ ਇੱਕ ਲੰਬੀ ਸੂਚੀ ਹੈ। ਮੰਦਰ ਨਾਲ ਜੁੜੀਆਂ ਧਾਰਮਿਕ ਮਾਨਤਾਵਾਂ ਅਤੇ ਪੀੜ੍ਹੀਆਂ ਪੁਰਾਣੀਆਂ ਪਰੰਪਰਾਵਾਂ ਲੋਕਾਂ ਨੂੰ ਇਸ ਤੀਰਥ ਸਥਾਨ ਨਾਲ ਜੋੜਦੀਆਂ ਰਹਿੰਦੀਆਂ ਹਨ।



ਸੁੱਚਾ ਸਿੰਘ ਦਾ ਹੋਇਆ ਅੰਤਿਮ ਸੰਸਕਾਰ, ਅੰਤਿਮ ਅਰਦਾਸ 14 ਨੂੰ



ਸ਼ਾਹਕੋਟ (ਗਿਆਨ ਸੈਦਪੁਰੀ)- ਸੁੱਚਾ ਸਿੰਘ ਆੜ੍ਹਤੀ ਦਾ ਮੰਗਲਵਾਰ ਸੈਦਪੁਰ ਝਿੜੀ ਦੇ ਸ਼ਮਸ਼ਾਨ ਘਾਟ ਵਿੱਚ ਅੰਤਿਮ ਸਸਕਾਰ ਕੀਤਾ ਗਿਆ। ਉਹ 4 ਨਵੰਬਰ ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਉਹਨਾਂ ਦੇ ਵੱਡੇ ਭਰਾ ਤੇ ਹੋਰ ਰਿਸ਼ਤੇਦਾਰਾਂ ਦੇ ਵਿਦੇਸ਼ ਤੋਂ ਇੱਥੇ ਪਹੁੰਚਣ 'ਤੇ ਅੰਤਿਮ ਸਸਕਾਰ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਰਿਸ਼ਤੇਦਾਰ, ਪਰਿਵਾਰ, ਆੜ੍ਹਤੀ ਸਾਹਿਬਾਨ ਤੇ ਹੋਰ ਲੋਕ ਮੌਜੂਦ ਸਨ। ਇਹਨਾਂ ਵਿੱਚ ਉੱਘੇ ਖੇਡ ਪ੍ਰਮੋਟਰ ਹਰਬੰਸ ਸਿੰਘ ਚੰਦੀ, ਕੰਵਰਜੀਤ ਸਿੰਘ ਚੰਦੀ, ਮਾਰਕੀਟ ਕਮੇਟੀ ਦੇ ਸਾਬਕਾ ਵਾਇਸ ਚੇਅਰਮੈਨ ਕਪਿਲ ਕੁਮਾਰ ਗੁਪਤਾ, ਵਿੱਕੀ ਗੋਇਲ, ਗੁਰਨਾਮ ਸਿੰਘ ਚੱਠਾ, ਜੀਵਨ ਗੁਪਤਾ, ਬਲਵਿੰਦਰ ਸਿੰਘ (ਸੀਆਈਡੀ), ਗੁਰਮੁਖ ਸਿੰਘ ਸੰਧੂ, ਮੋਹਿਤ ਜਿੰਦਲ , ਸੰਜੀਵ ਅਰੋੜਾ, ਤਰਸੇਮ ਸਿੰਘ ਧੰਜੂ ਸਰਪੰਚ ਸੈਦਪੁਰ ਝਿੜੀ, ਗੁਰਮੀਤ ਸਿੰਘ ਆੜ੍ਹਤੀ ਨਕੋਦਰ, ਤਲਵਿੰਦਰ ਸਿੰਘ ਧੰਜੂ, ਬਲਜੀਤ ਸਿੰਘ ਜੰਮੂ, ਅਮਰਜੀਤ ਸਿੰਘ ਸਾਬਕਾ ਸਰਪੰਚ ਹਾਜੀਪੁਰ ਸ਼ਾਮਿਲ ਸਨ। ਸੁੱਚਾ ਸਿੰਘ ਨਮਿਤ ਪਾਠ ਦੇ ਭੋਗ ਤੇ ਅੰਤਿਮ ਅਰਦਾਸ 14 ਨਵੰਬਰ ਨੂੰ ਗੁਰਦੁਆਰਾ ਸਿੰਘ ਸਭਾ ਸ਼ਾਹਕੋਟ ਵਿਖੇ 12 ਵਜੇ ਹੋਵੇਗੀ।

ਬੰਦੀ ਛੋੜ ਦਿਵਸ ਸ਼ਰਧਾ ਨਾਲ ਮਨਾਇਆ

ਮੁਹਾਲੀ (ਗੁਰਜੀਤ ਬਿੱਲਾ)- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਬੰਦੀ ਛੋੜ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ। ਇਸ ਦਿਵਸ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਸਤਨਾਮ ਸਿੰਘ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਮੀਰੀ ਪੀਰੀ ਦੇ ਮਾਲਕ, ਛੇਵੇਂ ਪਾਤਿਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਵੱਲੋ ਗਵਾਲੀਅਰ ਦੇ ਕਿਲੇ ਵਿੱਚੋਂ 52 ਪਹਾੜੀ ਰਾਜਿਆਂ ਨੂੰ ਮੁਗਲ ਬਾਦਸ਼ਾਹ ਜਹਾਂਗੀਰ ਦੀ ਕੈਦ ਵਿੱਚੋਂ ਮੁਕਤ ਕਰਾਉਣ ਦੇ ਪ੍ਰਸੰਗ ਨੂੰ ਢਾਡੀ ਵਾਰਾਂ ਵਿੱਚ ਸੰਗਤਾਂ ਨੂੰ ਵਿਸਥਾਰ ਵਿੱਚ ਸੁਣਾਇਆ। ਭਾਈ ਗੁਰਵਿੰਦਰ ਸਿੰਘ ਜੀ ਹਜ਼ੂਰੀ ਰਾਗੀ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਵਾਲਿਆਂ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀ ਸੰਗਤਾਂ ਨੂੰ ਇਲਾਹੀ ਬਾਣੀ ਨਾਲ, ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਮੇਜਰ ਸਿੰਘ ਜੀ ਸ੍ਰੀ ਤਰਨ ਤਾਰਨ ਸਾਹਿਬ ਵਾਲਿਆਂ ਨੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਗੁਰੂ ਸਾਹਿਬ ਦੇ ਗਵਾਲੀਅਰ ਤੋਂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਪਹੁੰਚਣ ਤੇ ਸੰਗਤਾਂ ਵੱਲੋਂ ਕੀਤੀ ਦੀਪਮਾਲਾ ਕਰਨ ਦਾ ਪ੍ਰਸੰਗ ਵਿਸਥਾਰ ਸਹਿਤ ਸੁਣਾਇਆ। ਇਸ ਤੋਂ ਇਲਾਵਾ ਭਾਈ ਬਲਵਿੰਦਰ ਸਿੰਘ ਜੀ ਕੁਤਵਾਲੀ ਸਾਹਿਬ ਮੋਰਿੰਡਾ, ਭਾਈ ਗੁਰਜੰਟ ਸਿੰਘ ਜੀ ਪਟਿਆਲਾ, ਭਾਈ ਬਲਜਿੰਦਰ ਸਿੰਘ ਸ੍ਰੀ ਫਤਿਹਗੜ੍ਹ ਸਾਹਿਬ, ਸ਼ੇਰੇ ਪੰਜਾਬ ਕਵੀਸ਼ਰੀ ਜੱਥਾ, ਭਾਈ ਰਾਜਿਵੰਦਰ ਸਿੰਘ ਜੀ ਸਮਰਾਲੇ ਵਾਲੇ, ਭਾਈ ਗੁਰਸੇਵਕ ਸਿੰਘ ਜੀ ਨਾਢਾ ਸਾਹਿਬ ਵਾਲੇ, ਭਾਈ ਸੁਖਵਿੰਦਰ ਸਿੰਘ ਜੀ ਮੀਰੀ ਪੀਰੀ ਕੀਰਤਨੀ ਜੱਥਾ, ਭਾਈ ਜਸਵਿੰਦਰ ਸਿੰਘ ਦੇ ਜਥਿਆਂ ਤੋਂ ਇਲਾਵਾ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਜੱਥੇ ਭਾਈ ਜਸਵੰਤ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਗੁਰਮੀਤ ਸਿੰਘ ਅਤੇ ਭਾਈ ਹਰਬਖਸ਼ ਸਿੰਘ ਦੇ ਜੱਥਿਆਂ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਨਿਹਾਲ ਕੀਤਾ । ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਬੰਦੀ ਛੋੜ ਦਿਵਸ ਦੀ ਖੁਸ਼ੀ ਵਿੱਚ ਦਰਬਾਰ ਸਾਹਿਬ ਜੀ ਦੀ ਫੁੱਲਾਂ ਨਾਲ ਅੰਦਰੋ ਵਿਸ਼ੇਸ਼ ਸਜਾਵਟ ਕੀਤੀ ਗਈ ਸੀ । ਸ੍ਰੀ ਦਰਬਾਰ ਸਾਹਿਬ ਜੀ ਨੂੰ ਬਾਹਰੋ ਅਤੇ ਗੇਟ ਤੱਕ ਕੇ ਰਸਤੇ ਨੂੰ ਰੰਗ ਬਿਰੰਗੀਆਂ ਲਾਈਟਾ ਨਾਲ ਸਜਾਇਆ ਗਿਆ ਸੀ । ਹਜ਼ਾਰਾਂ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਗੁਰੂ ਕਾ ਲੰਗਰ ਇਸ ਮੌਕੇ ਸੰਗਤਾਂ ਨੂੰ ਅਤੁੱਟ ਵਰਤਾਇਆ ਗਿਆ।



ਲੋੜਵੰਦ ਮਰੀਜ਼ ਦੀ ਕੀਤੀ ਵਿੱਤੀ ਮਦਦ

ਚੰਡੀਗੜ੍ਹ (ਸੁਰਜੀਤ ਸੁਮਨ)- ਪਰਮ ਸੇਵਾ ਵੈੱਲਫੇਅਰ ਸੋਸਾਇਟੀ (ਰਜਿ.) ਦੇ ਧਿਆਨ ਵਿੱਚ ਆਉਣ 'ਤੇ ਸੋਸਾਇਟੀ ਦੇ ਪ੍ਰਧਾਨ ਸੋਮ ਨਾਥ ਭੱਟ ਵੱਲੋਂ ਲੋੜਵੰਦ ਮਰੀਜ਼ ਰਘੁਨਾਥ ਮਹਾਜਨ, ਵਾਸੀ ਮਕਾਨ ਨੰ: 4041, ਗਲੀ ਨੰ: 6.5, ਸੰਤੋਖ ਨਗਰ, ਲੁਧਿਆਣਾ, ਜੋ ਲੰਮੇ ਸਮੇਂ ਤੋਂ ਗੁਰਦਿਆਂ ਦੀ ਬਿਮਾਰੀ ਤੋਂ ਪੀੜਤ ਹੈ, ਦੇ ਇਲਾਜ ਲਈ ਉਸ ਦੀ ਪਤਨੀ ਬਬੀਤਾ ਮਹਾਜਨ ਨੂੰ ਇਹ ਵਿੱਤੀ ਸਹਾਇਤਾ ਦਿੱਤੀ ਗਈ। ਦੱਸਣਯੋਗ ਹੈ ਕਿ ਇਸ ਮਰੀਜ਼ ਦਾ ਲੰਮੇ ਸਮੇਂ ਤੋਂ ਡਾਇਲਸਸ ਹੋ ਰਿਹਾ ਹੈ। ਇਸ ਦਾ ਪਰਵਾਰ ਕਿਰਾਏ ਦੇ ਮਕਾਨ ਵਿੱਚ ਰਹਿ ਰਿਹਾ ਹੈ ਤੇ ਇਸ ਦੇ ਦੋ ਛੋਟੇ ਛੋਟੇ ਬੱਚੇ ਹਨ। ਇਸ ਦੀ ਆਮਦਨੀ ਦਾ ਵੀ ਕੋਈ ਸਾਧਨ ਨਹੀਂ ਹੈ, ਜਿਸ ਕਾਰਨ ਇਹ ਮਰੀਜ਼ ਆਪਣਾ ਇਲਾਜ ਕਰਵਾਉਣ ਤੋਂ ਅਸਮਰਥ ਹੈ। ਸੋਸਾਇਟੀ ਦੇ ਪ੍ਰਧਾਨ ਸੋਮ ਨਾਥ ਭੱਟ ਅਤੇ ਜਨਰਲ ਸਕੱਤਰ ਸੁਰਜੀਤ ਸੁਮਨ ਵੱਲੋਂ ਦੱਸਿਆ ਗਿਆ ਕਿ ਸੋਸਾਇਟੀ ਮੈਂਬਰਾਂ ਦੀ ਨਿਰਸਵਾਰਥ ਸੁਚੱਜੀ ਸੋਚ ਕਰਕੇ ਸਮਾਜ ਭਲਾਈ ਦੇ ਖੇਤਰ ਵਿੱਚ ਅੱਗੇ ਵਧ ਰਹੀ ਹੈ। ਉਨ੍ਹਾਂ ਕਿਹਾ ਕਿ ਸੋਸਾਇਟੀ ਇਸ ਨੇਕ ਕਾਰਜ ਵਿੱਚ ਜੁਟੀ ਹੋਈ ਹੈ, ਜਿਸ ਦਾ ਸਿਹਰਾ ਸਾਡੇ ਸੁਹਿਰਦ ਮੈਂਬਰਾਂ ਸਿਰ ਹੀ ਬੱਝਦਾ ਹੈ, ਜੋ ਦਿਨ ਰਾਤ ਇਸ ਸੇਵਾ ਲਈ ਤਤਪਰ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਇਸ ਨੇਕ ਕੰਮ ਵਿੱਚ ਸੋਸਾਇਟੀ ਦੇ ਸਰਗਰਮ ਮੈਂਬਰ, ਜਿਨ੍ਹਾਂ ਵਿੱਚ ਡਾ. ਸੰਤ ਸੁਰਿੰਦਰ ਪਾਲ ਸਿੰਘ, ਨਿਰਮਲ ਸਿੰਘ, ਲਖਵੀਰ ਸਿੰਘ, ਸੁਰਜੀਤ ਮੰਡ, ਸੁਰਿੰਦਰ ਸਿੰਘ ਚੰਡੀਗੜ੍ਹ, ਸਮਰੱਥ ਸਿੰਘ, ਹਰਬੰਸ ਸਿੰਘ, ਗੁਰਸ਼ਰਨਜੀਤ ਸਿੰਘ, ਬਲਜਿੰਦਰ ਸਿੰਘ, ਸੁਦੇਸ਼ ਗੌਤਮ, ਬਲਵੰਤ ਸਿੰਘ, ਜਸਵੀਰ ਸਿੰਘ, ਮਦਨ ਲਾਲ ਸ਼ਰਮਾ, ਮਾਸਟਰ ਲਛਮਣ ਸਿੰਘ, ਵਿਨੋਦ ਮਹਾਜਨ, ਰਮੇਸ਼ ਚੰਦਰ ਭੱਲਾ, ਚਰਨਜੀਤ ਸਿੰਘ, ਸਤੀਸ਼ ਕੁਮਾਰ, ਅਨਿਲ ਕੁਮਾਰ, ਰਾਕੇਸ਼ ਕੁਮਾਰ, ਰਵਿੰਦਰ ਕੌਸ਼ਲ, ਨਰੇਸ਼ ਕੁਮਾਰ, ਕਰਨਵੀਰ ਸਿੰਘ, ਅਰਮਾਨ ਸਿੰਘ, ਮਾਸਟਰ ਰਵਿੰਦਰ ਸਿੰਘ, ਸੁਨੀਲ ਕੁਮਾਰ ਸ਼ਰਮਾ, ਗੁਰਸ਼ਰਨ ਸਿੰਘ, ਪੰਕਜ ਪ੍ਰਧਾਨ, ਧਰਮਪਾਲ ਸ਼ਰਮਾ, ਸੁਰਿੰਦਰ ਸਿੰਘ ਰੋਪੜ, ਨਰੇਸ਼ ਕਟੋਚ, ਪ੍ਰਿੰ. ਕੁਲਦੀਪ ਕੌਰ, ਸੁਰਿੰਦਰ ਕੌਰ, ਪ੍ਰਵੀਨ ਭੱਟ, ਆਰਤੀ ਸਹਿਗਲ, ਸੋਨੀਆ ਮਹਾਜਨ, ਸੁਚਿਤਾ ਤਿਵਾੜੀ, ਮਿਨਾਕਸ਼ੀ ਕੌਸ਼ਲ, ਵਨੀਤਾ ਪੰਚਕੂਲਾ, ਸੁਨੀਤਾ ਗੌਤਮ, ਕਮਲੇਸ਼ ਕਾਲਕਾ, ਮਮਤਾ, ਅੰਜੂ ਛਾਬੜਾ, ਨਲਿਨੀ ਬੰਗਾ, ਰਾਜ ਕੁਮਾਰੀ, ਮਮਤਾ ਗੌਤਮ, ਸੁਖਵੰਤ ਕੌਰ, ਚੰਦਰ ਕਾਂਤਾ, ਮੀਨੂੰ ਕਾਮਰਾ ਅਤੇ ਮਿਸ ਹਰਸ਼ਦੀਪ ਕੌਰ ਆਦਿ ਸ਼ਾਮਿਲ ਹਨ, ਜੋ ਇਸ ਨੇਕ ਕਾਰਜ ਹਿੱਤ ਸੋਸਾਇਟੀਦੀ ਸੇਵਾ ਲਈ ਹਮੇਸ਼ਾ ਤਤਪਰ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਇਸ ਨੇਕ ਕੰਮ ਹਿੱਤ ਪਰਵਾਰ ਵੱਲੋਂ ਸੋਸਾਇਟੀ ਦਾ ਦਿਲੋਂ ਧੰਨਵਾਦ ਕੀਤਾ ਗਿਆ।



ਜਨਮ ਦਿਨ ਮੁਬਾਰਕ



ਗੁਰਬਾਜ ਸਿੰਘ
ਪਿੰਡ ਨਾਥਪੁਰ ਕਾਦੀਆਂ



ਗੁਰਵਾਕ ਸਿੰਘ
ਅੰਮ੍ਰਿਤਸਰ

ਵਰ੍ਹੇਗੰਢ ਮੁਬਾਰਕ




ਸੁਰਿੰਦਰ ਗੋਇਲ ਅਤੇ ਵੀਨਾ ਗੋਇਲ ਵਾਸੀ ਬਰਨਾਲਾ ਨੇ ਵਿਆਹ ਦੀ 19ਵੀਂ ਵਰ੍ਹੇਗੰਢ ਮਨਾਈ।

ਮੁਬਾਰਕਾਂ



ਡਾ. ਅਕਾਸ਼ਦੀਪ ਸਿੰਘ ਵਾਹੀ ਦਾ ਸ਼ੁੱਭ ਵਿਆਹ ਡਾ. ਨਵਨੀਤ ਕੌਰ ਨਾਲ ਹੋਇਆ।

ਖ਼ੂਨਦਾਨ ਤੇ ਸਿਹਤ ਜਾਂਚ ਕੈਂਪ ਸੰਪੰਨ



ਦਸੂਹਾ (ਕਰਨੈਲ ਮਾਂਗਟ) ਆਈ ਕੇ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਜਲੰਧਰ ਦੇ ਅਧੀਨ ਅਤੇ ਬੀਬੀ ਅਮਰ ਕੌਰ ਜੀ ਐਜੂਕੇਸ਼ਨਲ ਸੁਸਾਇਟੀ ਵੱਲੋਂ ਸਥਾਪਿਤ ਕੇ ਐਮ ਐਸ ਕਾਲਜ ਆਫ਼ ਆਈ ਟੀ ਐਂਡ ਮੈਨੇਜਮੈਂਟ ਦਸੂਹਾ ਵਿਖੇ ਡਾ. ਸ਼ਬਨਮ ਕੌਰ ਦੇ ਜਨਮਦਿਨ ਦੇ ਸੰਬੰਧ ਵਿੱਚ ਪਹਿਲਾ ਸਾਲਾਨਾ ਖ਼ੂਨਦਾਨ ਅਤੇ ਸਿਹਤ ਜਾਂਚ ਕੈਂਪ ਲਗਾਇਆ ਗਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਮਾਨਵ ਸੈਣੀ, ਡੀਨ ਅਕਾਦਮਿਕ ਡਾ. ਰਾਜੇਸ਼ ਕੁਮਾਰ, ਦਸੂਹਾ ਦੇ ਵਿਧਾਇਕ ਐਡਵੋਕੇਟ ਕਰਮਵੀਰ ਸਿੰਘ ਘੁੰਮਣ, ਨਗਰ ਕੌਂਸਲ ਪ੍ਰਧਾਨ ਅਮਰਪ੍ਰੀਤ ਸਿੰਘ ਸੋਨੂੰ ਖਾਲਸਾ, ਬਲਦੇਵ ਠਾਕੁਰ, ਹੈਪੀ ਦਸੂਹਾ, ਡਾ. ਦਿਲਬਾਗ ਸਿੰਘ ਹੁੰਦਲ, ਸਮਾਜ ਸੇਵਕ ਮਦਨ ਮੋਹਨ, ਸਾਬਕਾ ਐਮ ਸੀ ਰਮੇਸ਼ ਸ਼ਰਮਾ, ਡਾ. ਵਿਵੇਕ ਗੁਪਤਾ, ਮੈਨੇਜਿੰਗ ਕਮੇਟੀ ਮੈਂਬਰ ਸਤੀਸ਼ ਕਾਲੀਆ, ਮੋਹਿੰਦਰ ਪਾਲ ਰਿਖੀ, ਰਵਿੰਦਰ ਕੁਮਾਰ, ਗੁਰਪ੍ਰਤਾਪ ਸਿੰਘ, ਡਾ. ਰਾਜੇਸ਼ ਕੁਮਾਰ ਬੱਗਾ ਅਤੇ ਸਰਦਾਰ ਜਗਦੀਸ਼ ਸਿੰਘ ਸੋਹੀ ਵਿਸ਼ੇਸ ਤੌਰ ਤੇ ਸ਼ਾਮਲ ਹੋਏ। ਕੈਂਪ ਦਾ ਆਯੋਜਨ ਦੋਆਬਾ ਹਸਪਤਾਲ ਬਲੱਡ ਸੈਂਟਰ ਜਲੰਧਰ ਅਤੇ ਬਲੱਡ ਡੋਨਰ ਵੈਲਫੇਅਰ ਸੋਸਾਇਟੀ ਦਸੂਹਾ ਦੇ ਸਹਿਯੋਗ ਨਾਲ ਕੀਤਾ ਗਿਆ। ਦੋਆਬਾ ਹਸਪਤਾਲ ਵੱਲੋਂ ਡਾ. ਮਨਪ੍ਰੀਤ ਕਟਾਰੀਆ, ਮਿਸਟਰ ਗੁਰਪ੍ਰੀਤ ਸਿੰਘ, ਮਿਸਟਰ ਰੋਹਿਤ ਅਤੇ ਮਿਸਟਰ ਵਿੱਕੀ ਨੇ ਖ਼ੂਨਦਾਨ ਕੈਂਪ ਦੀਆਂ ਸੇਵਾਵਾਂ ਨਿਭਾਈਆਂ। ਸੋਸਾਇਟੀ ਦੇ ਪ੍ਰਧਾਨ ਮਨੀਸ਼ ਚੌਧਰੀ, ਚੇਅਰਮੈਨ ਸੌਰਵ ਪੌਲ, ਬਲਵਿੰਦਰ ਕੌਰ, ਪਰਮਿੰਦਰ ਬੱਬਲੂ ਅਤੇ ਸਿਮਰਨ ਸੰਧੂ ਨੇ ਵੀ ਵਿਸ਼ੇਸ਼ ਸਹਿਯੋਗ ਦਿੱਤਾ। ਖ਼ੂਨਦਾਨ ਦੇ ਨਾਲ-ਨਾਲ ਕੈਂਪ ਵਿੱਚ ਖੂਨ ਦੇ ਟੈਸਟ, ਦੰਦਾਂ ਦੀ ਜਾਂਚ, ਅੱਖਾਂ ਦੀ ਜਾਂਚ ਅਤੇ ਜਨਰਲ ਹੈਲਥ ਚੈੱਕਅਪ ਦੀਆਂ ਸਹੂਲਤਾਂ ਵੀ ਮੁਹੱਈਆ ਕਰਵਾਈਆਂ ਗਈਆਂ। ਇਸ ਕੈਂਪ ਵਿੱਚ ਵੱਖ-ਵੱਖ ਪਿੰਡਾਂ ਤੋਂ ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ ਅਤੇ ਮੁਫ਼ਤ ਸਿਹਤ ਜਾਂਚ ਦੀਆਂ ਸਹੂਲਤਾਂ ਦਾ ਲਾਭ ਉਠਾਇਆ। ਦੰਦਾਂ ਦੀ ਜਾਂਚ ਦਸੂਹਾ ਡੈਂਟਲ ਕਲੀਨਿਕ ਦੇ ਡਾ. ਗਗਨਦੀਪ ਸਿੰਘ, ਡਾ. ਗੁਲਵੀਨ ਅੱਸੀ ਅਤੇ ਅਸਿਸਟੈਂਟ ਕੋਮਲ ਤੇ ਰਾਹੁਲ ਦੀ ਟੀਮ ਵੱਲੋਂ ਕੀਤੀ ਗਈ। ਅੱਖਾਂ ਦੀ ਜਾਂਚ ਸਿਵਲ ਹਸਪਤਾਲ, ਦਸੂਹਾ ਦੇ ਓਫਥੈਲਮਿਕ ਅਫ਼ਸਰ ਰਣਜੀਤ ਸਿੰਘ ਭਾਰਤੀ ਨੇ ਕੀਤੀ। ਖ਼ੂਨ ਦੇ ਟੈਸਟ ਗਿੱਲ ਕਲੀਨਿਕਲ ਲੈਬ, ਮੁਕੇਰੀਆਂ ਦੇ ਲੈਬ ਟੈਕਨੀਸ਼ੀਅਨ ਖੇਤਾਬ ਗਿੱਲ, ਉਦੈਸ਼ ਜਰਿਆਲ ਅਤੇ ਅਕਸ਼ੈ ਜਰਿਆਲ ਦੀ ਟੀਮ ਵੱਲੋਂ ਕੀਤੇ ਗਏ।

ਇਸ ਮੌਕੇ ਵਿਧਾਇਕ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਨੇ ਕਾਲਜ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਖ਼ੂਨਦਾਨ ਮਨੁੱਖਤਾ ਦੀ ਸੱਚੀ ਸੇਵਾ ਹੈ, ਜਿਸ ਨਾਲ ਕਈ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ।

ਬੂਥਗੜ੍ਹ ਦੀ ਸਿਹਤ ਟੀਮ ਨੇ ਬੱਚੇ ਦੇ ਦਿਲ 'ਚ ਨੁਕਸ ਦਾ ਮੁਫ਼ਤ ਇਲਾਜ ਕਰਵਾਇਆ

ਮੁਹਾਲੀ (ਗੁਰਜੀਤ ਬਿੱਲਾ)- ਪ੍ਰਾਇਮਰੀ ਹੈਲਥ ਸੈਂਟਰ ਬੂਥਗੜ੍ਹ ਦੀ ਆਰ ਬੀ ਐੱਸ ਕੇ ਟੀਮ (ਰਾਸ਼ਟਰੀ ਬਾਲ ਸਵਾਸਥਯ ਕਾਰਿਆਕ੍ਰਮ ਟੀਮ) ਨੇ ਬੱਚੇ ਦੇ ਦਿਲ ਵਿਚਲੇ ਜਮਾਂਦਰੂ ਨੁਕਸ ਦਾ ਸਫ਼ਲਤਾਪੂਰਵਕ ਆਪਰੇਸ਼ਨ ਕਰਵਾਇਆ ਹੈ। ਸੀਨੀਅਰ ਮੈਡੀਕਲ ਅਫ਼ਸਰ ਡਾ. ਅਲਕਜੋਤ ਕੌਰ ਨੇ ਦੱਸਿਆ ਕਿ ਕੁਰਾਲੀ ਵਾਸੀ ਤਿੰਨ ਸਾਲਾ ਨਵਦੀਪ ਸਿੰਘ ਦੇ ਦਿਲ ਵਿਚ ਜਮਾਂਦਰੂ ਨੁਕਸ ਸੀ। ਉਨ੍ਹਾਂ ਦੀ ਸਿਹਤ ਟੀਮ ਨੇ ਬੱਚੇ ਦੇ ਘਰ ਜਾ ਕੇ ਉਸ ਦੀ ਜਾਂਚ ਕੀਤੀ ਅਤੇ ਇਲਾਜ ਦੇ ਸਾਰੇ ਕਾਗਜ਼-ਪੱਤਰ ਤਿਆਰ ਕੀਤੇ। ਫਿਰ ਉਸ ਨੂੰ ਅਗਲੇਰੀ ਜਾਂਚ ਲਈ ਜ਼ਿਲ੍ਹਾ ਹਸਪਤਾਲ ਮੋਹਾਲੀ ਵਿਚ ਭੇਜ ਦਿਤਾ ਗਿਆ। ਡਾ. ਅਲਕਜੋਤ ਕੌਰ ਨੇ ਦੱਸਿਆ ਕਿ ਬੱਚੇ ਦੇ ਜ਼ਰੂਰੀ ਟੈਸਟ ਕਰਨ ਉਪਰੰਤ ਉਸ ਨੂੰ ਆਪਰੇਸ਼ਨ ਲਈ ਪੀ ਜੀ ਆਈ ਰੈਫ਼ਰ ਕਰ ਦਿਤਾ ਗਿਆ। ਉਨ੍ਹਾਂ ਦੱਸਿਆ ਕਿ ਕੁਝ ਦਿਨ ਪਹਿਲਾਂ ਬੱਚੇ ਦਾ ਸਫ਼ਲਤਾਪੂਰਵਕ ਆਪਰੇਸ਼ਨ ਹੋਇਆ ਹੈ ਅਤੇ ਬੱਚਾ ਹੁਣ ਪੂਰੀ ਤਰ੍ਹਾਂ ਤੰਦਰੁਸਤ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇਹ ਸਾਰਾ ਇਲਾਜ ਮੁਫ਼ਤ ਹੋਇਆ ਹੈ, ਜਿਸ ਕਾਰਨ ਪਰਿਵਾਰ ਦਾ ਕਾਫ਼ੀ ਖ਼ਰਚਾ ਬਚਿਆ ਹੈ। ਡਾਕਟਰਾਂ ਦੀ ਟੀਮ ਵਿਚ ਡਾ.ਵਿਕਾਸ ਸਹਿਦੇਵ, ਡਾ. ਰੋਹਿਨੀ ਅਤੇ ਹੋਰ ਸਟਾਫ਼ ਸ਼ਾਮਲ ਸੀ। ਐਸ.ਐਮ.ਓ. ਨੇ ਦੱਸਿਆ ਕਿ ਰਾਸ਼ਟਰੀ ਬਾਲ ਸਵਾਸਥਯ ਕਾਰਿਆਕ੍ਰਮ (ਆਰ.ਬੀ.ਐਸ.ਕੇ.) ਤਹਿਤ ਬੱਚਿਆਂ ਦਾ ਕਈ ਬੀਮਾਰੀਆਂ ਦਾ ਬਿਲਕੁਲ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਰਵਾਰ ਨੂੰ ਇਲਾਜ ਲਈ ਕੋਈ ਪੈਸਾ ਦੇਣ ਦੀ ਲੋੜ ਨਹੀਂ ਪੈਂਦੀ। ਹਸਪਤਾਲ ਵੱਲੋਂ ਹੀ ਮਾਲੀ ਸਹਾਇਤਾ ਲਈ ਕਾਗਜ਼ ਤਿਆਰ ਕੀਤੇ ਜਾਂਦੇ ਹਨ।ਉਨ੍ਹਾਂ ਆਰ.ਬੀ.ਐਸ.ਕੇ ਦੀ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੇ ਯਤਨਾਂ ਸਦਕਾ ਬੱਚੇ ਦਾ ਮੁਫ਼ਤ ਆਪਰੇਸ਼ਨ ਸੰਭਵ ਹੋਇਆ ਹੈ ਅਤੇ ਪਰਵਾਰ ਦਾ ਕਾਫ਼ੀ ਖ਼ਰਚਾ ਬਚਿਆ ਹੈ।



ਗੁਰੂ ਨਾਨਕ ਸਪੋਰਟਸ ਕਲੱਬ ਨੇ ਗਰੀਨ ਦੀਵਾਲੀ ਮਨਾਈ



ਬਿਲਗਾ (ਵਿਜੇ ਕੁਮਾਰ)- ਕੋਚ ਬਲਵਿੰਦਰ ਸਿੰਘ ਲਾਲੀ ਨੇ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਚੌਧਰੀ ਸੰਤਾ ਸਿੰਘ ਸਮਾਰਟ ਸੀਨੀਅਰ ਸੈਕੰਡਰੀ ਸਕੂਲ ਬਿਲਗਾ ਦੇ ਖੇਡ ਮੈਦਾਨ ਵਿੱਚ ਹਰ ਸਾਲ ਦੀ ਤਰ੍ਹਾਂ ਗੁਰੂ ਨਾਨਕ ਸਪੋਰਟਸ ਕਲੱਬ ਦੇ ਮੈਂਬਰਾਂ ਵੱਲੋਂ ਗੁਰਦੀਪ ਸਿੰਘ ਨੰਨਰਾ ਦੀ ਯਾਦ ਵਿੱਚ ਅਮਰਜੀਤ ਸਿੰਘ ਨੰਨਰਾ, ਕੁਲਵੰਤ ਸਿੰਘ ਪਲਾਹਾ ਅਤੇ ਬਲਵੀਰ ਸਿੰਘ ਬੀਰੀ ਦੀ ਨਿੱਘੀ ਯਾਦ ਵਿੱਚ ਪਟਾਕਾ ਰਹਿਤ ਪ੍ਰਦੂਸ਼ਣ ਰਹਿਤ ਦੀਵਾਲੀ ਖਿਡਾਰੀਆਂ ਨਾਲ ਮਿਲ ਕੇ ਮਨਾਈ ਗਈ। ਇਸ ਸਾਲ ਵੱਡੀ ਗਿਣਤੀ ਵਿੱਚ ਖਿਡਾਰੀਆਂ ਨੂੰ ਸਕੂਲ ਦੀ ਗਰਾਊਂਡ ਵਿੱਚ ਦੇਖ ਕੇ ਕਲੱਬ ਦੇ ਮੈਂਬਰ ਬਹੁਤ ਖੁਸ਼ ਹੋਏ ਅਤੇ ਉਨ੍ਹਾਂ ਨੇ ਖਿਡਾਰੀਆਂ ਦੇ ਨਾਲ ਮਿਲ ਕੇ ਦੀਵਾਲੀ ਮਨਾਈ ਅਤੇ ਖਿਡਾਰੀਆਂ ਨੂੰ ਫਲ ਫਰੂਟ ਅਤੇ ਖੇਡ ਕਿੱਟਾਂ ਵੰਡੀਆਂ ਅਤੇ ਵਿਸ਼ਵਾਸ ਦਵਾਇਆ।

ਇਸੇ ਤਰ੍ਹਾਂ ਖਿਡਾਰੀਆਂ ਦੀ ਮਦਦ ਕਰਦੇ ਰਹਿਣਗੇ ਅਤੇ ਖਿਡਾਰੀਆਂ ਨੇ ਵੀ ਕਲੱਬ ਮੈਂਬਰਾਂ ਨੂੰ ਵਿਸ਼ਵਾਸ ਦਵਾਇਆ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਇਮਾਨਦਾਰੀ ਤੇ ਲੱਗਨ ਨਾਲ ਖੇਡਣਗੇ ਅਤੇ ਹੋਰ ਖਿਡਾਰੀਆਂ ਨੂੰ ਆਪਣੇ ਨਾਲ ਜੋੜਨਗੇ ਤਾਂ ਜੋ ਇੱਕ ਤੰਦਰੁਸਤ ਸਮਾਜ ਦੀ ਸਿਰਜਣਾ ਹੋ ਸਕੇ। ਕਲੱਬ ਦੇ ਪ੍ਰਧਾਨ ਬਲਵਿੰਦਰ ਸਿੰਘ ਨੇ ਖਿਡਾਰੀਆਂ, ਕਲੱਬ ਮੈਂਬਰਾਂ ਅਤੇ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ।

ਪੰਜ ਦਹਾਕਿਆਂ ਦਾ ਕਾਨੂੰਨੀ ਸਫ਼ਰ ਨਵੀਂ ਪੀੜ੍ਹੀ ਦੇ ਵਕੀਲਾਂ ਲਈ ਪ੍ਰੇਰਨਾ-ਸਰੋਤ : ਅਜੈ ਕੁਮਾਰ

ਫ਼ਿਲੌਰ (ਹਰਜਿੰਦਰ ਕੌਰ ਚਾਹਲ)- ਐਡਵੋਕੇਟ ਪਰਸ਼ੋਤਮ ਸਿੰਘ ਗਿੱਲ ਅਤੇ ਐਡਵੋਕੇਟ ਚੰਦਰ ਮਣੀ ਦੇ ਵਕਾਲਤ ਦੇ ਖੇਤਰ ਵਿੱਚ 50 ਸਾਲਾਂ ਦਾ ਸ਼ਾਨਦਾਰ ਅਤੇ ਮਾਣਮੱਤਾ ਸਫ਼ਰ ਪੂਰਾ ਕਰਨ 'ਤੇ ਬਾਰ ਐਸੋਸ਼ੀਏਸ਼ਨ ਫਿਰ ਵਿਖੇ ਇਕ ਪ੍ਰਭਾਵਸ਼ਾਲੀ ਪ੍ਰੋਗਰਾਮ ਉਲੀਕਿਆ



ਗਿਆ । ਇਸ ਮੌਕੇ ਐਡਵੋਕੇਟ ਪਰਸ਼ੋਤਮ ਸਿੰਘ ਗਿੱਲ ਅਤੇ ਐਡਵੋਕੇਟ ਚੰਦਰ ਮਣੀ ਨੂੰ ਵਧਾਈ ਦਿੰਦਿਆਂ ਬਾਰ ਐਸੋਸੀਏਸ਼ਨ ਫ਼ਿਲੌਰ ਦੇ ਪ੍ਰਧਾਨ ਐਡਵੋਕੇਟ ਅਜੈ ਕੁਮਾਰ ਨੇ ਕਿਹਾ ਕਿ ਦੋਵੇਂ ਸੀਨੀਅਰ ਵਕੀਲਾਂ ਵੱਲੋਂ ਕਾਨੂੰਨੀ ਖੇਤਰ ਵਿੱਚ ਪੰਜ ਦਹਾਕਿਆਂ ਤੱਕ ਨਿਭਾਈਆਂ ਗਈਆਂ ਸੇਵਾਵਾਂ ਬੇਹੱਦ ਮਾਣ ਅਤੇ ਸਤਿਕਾਰ ਵਾਲੀ ਗੱਲ ਹੈ। ਉਨ੍ਹਾਂ ਦਾ ਲੰਮਾ ਤਜਰਬਾ, ਕਾਨੂੰਨ ਪ੍ਰਤੀ ਸਮਰਪਣ, ਮਿਹਨਤ ਅਤੇ ਇਮਾਨਦਾਰੀ ਨੌਜਵਾਨ ਵਕੀਲਾਂ ਲਈ ਇੱਕ ਵੱਡੀ ਪ੍ਰੇਰਨਾ ਹੈ। ਪ੍ਰਧਾਨ ਐਡਵੋਕੇਟ ਅਜੈ ਕੁਮਾਰ ਨੇ ਕਿਹਾ ਕਿ ਵਕਾਲਤ ਸਿਰਫ਼ ਇੱਕ ਪੇਸ਼ਾ ਹੀ ਨਹੀਂ, ਸਗੋਂ ਨਿਆਂ, ਸੱਚਾਈ ਅਤੇ ਲੋਕਾਂ ਦੇ ਹੱਕਾਂ ਦੀ ਰਾਖੀ ਕਰਨ ਦੀ ਇੱਕ ਮਹੱਤਵਪੂਰਨ ਜ਼ਿੰਮੇਵਾਰੀ ਹੈ। ਇਸ ਖੇਤਰ ਵਿੱਚ 50 ਸਾਲਾਂ ਤੱਕ ਲਗਾਤਾਰ ਸੇਵਾਵਾਂ ਦੇਣਾ ਆਪਣੇ ਆਪ ਵਿੱਚ ਇੱਕ ਵੱਡੀ ਪ੍ਰਾਪਤੀ ਹੈ। ਇਸ ਮੌਕੇ ਐਡਵੋਕੇਟ ਸੁਰਜੀਤ ਖੇਤਾਨ ਸੀਨੀਅਰ ਵਾਈਸ ਪ੍ਰੈਜ਼ੀਡੈਂਟ, ਐਡਵੋਕੇਟ ਬਲਦੀਪ ਕੁਮਾਰ ਜੁਆਇੰਟ ਸਕੱਤਰ, ਐਡਵੋਕੇਟ ਮਨਪ੍ਰੀਤ ਕੌਰ ਅਸੀਸਟੈਂਟ ਸਕੱਤਰ, ਐਡਵੋਕੇਟ ਕਸ਼ਮੀਰ ਸਿੰਘ ਮੱਲ੍ਹੀ, ਐਡਵੋਕੇਟ ਰਵੀ ਪਰਕਾਸ਼ ਸ਼ਰਮਾ, ਐਡਵੋਕੇਟ ਰਾਜ ਕੁਮਾਰ, ਐਡਵੋਕੇਟ ਜਸਪਿੰਦਰ ਕੌਰ ਧਾਲੀਵਾਲ, ਐਡਵੋਕੇਟ ਨਵਜੋਤ ਸਿੰਘ ਸਮਰਾ, ਐਡਵੋਕੇਟ ਜਸਪਾਲ ਕਲੇਰ,ਐਡਵੋਕੇਟ ਅਮਰਿੰਦਰ ਸਿੰਘ, ਐਡਵੋਕੇਟ ਨਵਜੋਤ ਖੈਹਰਾ, ਐਡਵੋਕੇਟ ਅਸ਼ਵਨੀ ਕੁਮਾਰ, ਐਡਵੋਕੇਟ ਦਿਨੇਸ਼, ਲਖਨਪਾਲ, ਐਡਵੋਕੇਟ ਸੁਖਪਾਲ ਦਾਹਰੀ, ਐਡਵੋਕੇਟ ਮੋਹਨ ਲਾਲ ਬੋਪਾਰਾਏ, ਐਡਵੋਕੇਟ ਐੱਸ ਐਨ ਅਗਰਵਾਲ, ਐਡਵੋਕੇਟ ਅਮਿਤ ਸ਼ਰਮਾ, ਐਡਵੋਕੇਟ ਗੌਰਵ ਕੌਸ਼ਲ, ਐਡਵੋਕੇਟ ਭਵਲੀਨ ਗੈਰੀ, ਐਡਵੋਕੇਟ ਪੰਕਜ ਸ਼ਰਮਾ ਨੇ ਦੋਵੇਂ ਸੀਨੀਅਰ ਵਕੀਲਾਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਦੀ ਚੰਗੀ ਸਿਹਤ, ਲੰਬੀ ਉਮਰ, ਖੁਸ਼ਹਾਲੀ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਕਾਨੂੰਨੀ ਖੇਤਰ ਵਿੱਚ ਆਪਣਾ ਕੀਮਤੀ ਯੋਗਦਾਨ ਪਾਉਂਦੇ ਰਹਿਣ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਐਡਵੋਕੇਟ ਪਰਸ਼ੋਤਮ ਸਿੰਘ ਗਿੱਲ ਅਤੇ ਐਡਵੋਕੇਟ ਚੰਦਰ ਮਣੀ ਵਰਗੀਆਂ ਸ਼ਖ਼ਸੀਅਤਾਂ ਦਾ ਪੰਜ ਦਹਾਕਿਆਂ ਦਾ ਕਾਨੂੰਨੀ ਸਫ਼ਰ ਵਕੀਲ ਭਾਈਚਾਰੇ ਲਈ ਇੱਕ ਮਿਸਾਲ ਹੈ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਨੂੰ ਹਮੇਸ਼ਾ ਮਾਣ ਅਤੇ ਸਤਿਕਾਰ ਨਾਲ ਯਾਦ ਕੀਤਾ ਜਾਵੇਗਾ।

ਸਵੀਪ ਗਤੀਵਿਧੀਆਂ ਤਹਿਤ ਵਿਦਿਆਰਥੀਆਂ ਨੂੰ ਐਸੀਨੈੱਟ ਐਪ ਬਾਰੇ ਕੀਤਾ ਜਾਗਰੂਕ

ਜਲੰਧਰ (ਸ਼ੈਲੀ ਐਲਬਰਟ)- ਕਾਲਜ ਵਿਖੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਅਗਵਾਈ ਹੇਠ ਸਵੀਪ ਗਤੀਵਿਧੀਆਂ ਤਹਿਤ



ਵਿਦਿਆਰਥੀਆਂ ਨੂੰ ਭਾਰਤ ਚੋਣ ਕਮਿਸ਼ਨ ਵੱਲੋਂ ਸ਼ੁਰੂ ਕੀਤੀ ਗਈ ਐਸੀਨੈਟ ਐਪ ਬਾਰੇ ਜਾਣਕਾਰੀ ਦਿੱਤੀ ਗਈ।

ਇਸ ਮੌਕੇ ਮੈਡਮ ਪ੍ਰੀਤ ਕੰਵਲ, ਨੋਡਲ ਅਫ਼ਸਰ ਨੇ ਵਿਦਿਆਰਥੀਆਂ ਨੂੰ ਇਸ ਐਪ ਦੀ ਉਪਯੋਗਤਾ ਅਤੇ ਇਸ ਦੀਆਂ ਮੁੱਖ ਵਿਸ਼ੇਸ਼ਤਾਵਾਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਡਿਜੀਟਲ ਮਾਧਿਅਮਾਂ ਰਾਹੀਂ ਚੋਣਾਂ ਨਾਲ ਸੰਬੰਧਤ ਜਾਣਕਾਰੀ ਪ੍ਰਾਪਤ ਕਰਨਾ ਅਤੇ ਵੋਟਰ ਸੇਵਾਵਾਂ ਤੱਕ ਪਹੁੰਚ ਕਰਨਾ ਵਧੇਰੇ ਸੁਵਿਧਾਜਨਕ ਹੋ ਸਕਦਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਜਿਹੜੇ ਵਿਦਿਆਰਥੀ ਨਿਰਧਾਰਤ ਯੋਗਤਾ ਦੀਆਂ ਸ਼ਰਤਾਂ ਪੂਰੀਆਂ ਕਰਦੇ ਹਨ ਅਤੇ ਹਾਲੇ ਤੱਕ ਵੋਟਰ ਵਜੋਂ ਰਜਿਸਟਰਡ ਨਹੀਂ ਹੋਏ, ਉਹ ਨਵੇਂ ਵੋਟਰ ਵਜੋਂ ਆਪਣੀ ਰਜਿਸਟ੍ਰੇਸ਼ਨ ਕਰਵਾਉਣ। ਇਸ ਦੇ ਨਾਲ ਹੀ, ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਪਰਿਵਾਰਕ ਮੈਂਬਰਾਂ ਅਤੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਵੋਟਰ ਰਜਿਸਟ੍ਰੇਸ਼ਨ ਅਤੇ ਵੋਟ ਦੇ ਅਧਿਕਾਰ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਲਈ ਉਤਸ਼ਾਹਿਤ ਕੀਤਾ।ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਅਗਵਾਈ ਹੇਠ ਕਰਵਾਈ ਗਈ ਇਸ ਗਤੀਵਿਧੀ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਵਿੱਚ ਚੋਣਾਂ ਪ੍ਰਤੀ ਜਾਗਰੂਕਤਾ ਵਧਾਉਣਾ, ਨਵੇਂ ਵੋਟਰਾਂ ਨੂੰ ਰਜਿਸਟ੍ਰੇਸ਼ਨ ਲਈ ਪ੍ਰੇਰਿਤ ਕਰਨਾ ਅਤੇ ਲੋਕਤੰਤਰੀ ਪ੍ਰਕਿਰਿਆ ਵਿੱਚ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਨੂੰ ਯਕੀਨੀ ਬਣਾਉਣਾ ਸੀ।

ਵਰਿੰਦਰ ਲਗਵਾਲ ਪੰਜਾਬ ਵਪਾਰ ਸੈੱਲ ਦੇ ਸੂਬਾ ਉਪ ਪ੍ਰਧਾਨ ਨਿਯੁਕਤ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸ਼੍ਰੋਮਣੀ ਅਕਾਲੀ ਦਲ ਦੇ ਸਨਅਤ ਅਤੇ ਵਪਾਰਕ ਸੈੱਲ ਦੇ ਪੰਜਾਬ ਪ੍ਰਧਾਨ ਐਨ. ਕੇ. ਸ਼ਰਮਾ ਵੱਲੋਂ ਪਾਰਟੀ ਦੇ ਪੰਜਾਬ ਪ੍ਰਧਾਨ ਸੁਖਬੀਰ ਸਿੰਘ



ਬਾਦਲ ਅਤੇ ਹੁਸ਼ਿਆਰਪੁਰ ਜ਼ਿਲ੍ਹਾ ਪ੍ਰਧਾਨ ਸੰਜੀਵ ਤਲਵਾੜ ਨਾਲ ਸਲਾਹ-ਮਸ਼ਵਰਾ ਕਰਨ ਉਪਰੰਤ ਮੁਕੇਰੀਆਂ ਵਿਧਾਨ ਸਭਾ ਹਲਕੇ ਦੇ ਇੰਚਾਰਜ ਵਰਿੰਦਰ ਲਗਵਾਲ ਨੂੰ ਪੰਜਾਬ ਵਪਾਰ ਸੈੱਲ ਦਾ ਸੂਬਾ ਉਪ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਐਨ. ਕੇ. ਸ਼ਰਮਾ ਨੇ ਕਿਹਾ ਕਿ ਵਰਿੰਦਰ ਲਗਵਾਲ ਦੀ ਨਿਯੁਕਤੀ ਉਨ੍ਹਾਂ ਦੀ ਵਪਾਰੀ ਵਰਗ ਨਾਲ ਜੁੜੇ ਤਜਰਬੇ ਨੂੰ ਧਿਆਨ ਵਿੱਚ ਰੱਖਦਿਆਂ ਕੀਤੀ ਗਈ ਹੈ। ਇਸ ਮੌਕੇ ਹੁਸ਼ਿਆਰਪੁਰ ਜ਼ਿਲ੍ਹਾ ਪ੍ਰਧਾਨ ਸੰਜੀਵ ਤਲਵਾੜ ਨੇ ਕਿਹਾ ਕਿ ਵਰਿੰਦਰ ਲਗਵਾਲ ਪਾਰਟੀ ਦੀਆਂ ਨੀਤੀਆਂ ਅਤੇ ਵਪਾਰੀ ਵਰਗ ਦੇ ਮੁੱਦਿਆਂ ਨੂੰ ਅੱਗੇ ਲਿਜਾਣ ਲਈ ਪੂਰੀ ਮਿਹਨਤ ਕਰਨਗੇ। ਇਸ ਨਿਯੁਕਤੀ 'ਤੇ ਵਰਿੰਦਰ ਲਗਵਾਲ ਨੇ ਪਾਰਟੀ ਦੇ ਕੌਮੀ ਅਤੇ ਸੂਬਾਈ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਲਗਨ ਨਾਲ ਨਿਭਾਉਣਗੇ ਅਤੇ ਵਪਾਰੀਆਂ ਤੇ ਸਨਅਤਕਾਰਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਯਤਨਸ਼ੀਲ ਰਹਿਣਗੇ।

ਮੋਹਿੰਦਰ ਭਗਤ ਨੇ ਵਿਸ਼ਵਕਰਮਾ ਦਿਵਸ ਮੌਕੇ ਸਰਬੱਤ ਦੇ ਭਲੇ ਦੀ ਕੀਤੀ ਅਰਦਾਸ



ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)- ਪੰਜਾਬ ਦੇ ਬਾਗਬਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਵਿਸ਼ਵਕਰਮਾ ਦਿਵਸ ਮੌਕੇ ਬਾਬਾ ਵਿਸ਼ਵਕਰਮਾ ਭਵਨ ਫੋਕਲ ਪੁਆਇੰਟ ਜਲੰਧਰ ਵਿਖੇ ਨਤਮਸਤਕ ਹੋ ਕੇ ਲੋਕਾਂ ਨੂੰ ਵਿਸ਼ਵਕਰਮਾ ਦਿਵਸ ਦੀ ਵਧਾਈ ਦਿੱਤੀ ਅਤੇ ਹੁਨਰਮੰਦ ਕਾਰੀਗਰਾਂ ਦੀ ਸੂਬੇ ਦੀ ਆਰਥਿਕਤਾ ਦੀ ਮਜ਼ਬੂਤੀ ਲਈ ਪਾਏ ਜਾ ਰਹੇ ਯੋਗਦਾਨ ਦੀ ਸ਼ਲਾਘਾ ਕੀਤੀ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਭਗਵਾਨ ਵਿਸ਼ਵਕਰਮਾ ਹੁਨਰਮੰਦ ਲੋਕਾਂ, ਉਸਾਰੀ ਅਤੇ ਸਿਰਜਣਾਤਮਕ ਉੱਤਮਤਾ ਦੇ ਸਦੀਵੀਂ ਪ੍ਰਤੀਕ ਹਨ। ਉਨ੍ਹਾਂ ਕਿਹਾ ਕਿ ਵਿਸ਼ਵਕਰਮਾ ਦਿਵਸ ਸਾਨੂੰ ਸਭ ਨੂੰ ਕਿਰਤ ਦੀ ਮਹਾਨਤਾ ਅਤੇ ਆਪਣੇ ਫਰਜ਼ਾਂ ਨੂੰ ਪੂਰੀ ਇਮਾਨਦਾਰੀ, ਸਮਰਪਣ ਦੀ ਭਾਵਨਾ ਅਤੇ ਜ਼ਿੰਮੇਵਾਰੀ ਨਾਲ ਨਿਭਾਉਣ ਦੀ ਯਾਦ ਦਿਵਾਉਂਦਾ ਹੈ।

ਕਿਰਤੀ ਜਮਾਤ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੰਦਿਆਂ ਭਗਤ ਨੇ ਕਿਹਾ ਕਿ ਹੁਨਰਮੰਦ ਕਾਰੀਗਾਰ ਪੰਜਾਬ ਦੀ ਆਰਥਿਕਤਾ ਲਈ ਖੇਤੀਬਾੜ੍ਹੀ ਮਸ਼ੀਨਰੀ ਨੂੰ ਬਣਾਉਣ, ਉਸਾਰੀ ਬੁਨਿਆਦੀ ਢਾਂਚੇ ਅਤੇ ਉਦਯੋਗਾਂ ਨੂੰ ਚੱਲਦਾ ਰੱਖਣ ਲਈ ਰੀੜ੍ਹ ਦੀ ਹੱਡੀ ਹਨ।ਉਨ੍ਹਾਂ ਕਿਹਾ ਕਿ ਹੁਨਰਮੰਦ ਲੋਕਾਂ ਦੀ ਮਿਹਨਤ ਪੰਜਾਬ ਦੀ ਆਰਥਿਕਤਾ ਦੀ ਪ੍ਰਗਤੀ ਲਈ ਬਹੁਤ ਮਹੱਤਵਪੂਰਨ ਹੈ। ਕੈਬਨਿਟ ਮੰਤਰੀ ਨੇ ਨੌਜਵਾਨਾਂ ਨੂੰ ਰਵਾਇਤੀ ਹੁਨਰ ਨੂੰ ਆਧੁਨਿਕ ਤਕਨਾਲੌਜੀ ਨਾਲ ਜੋੜ ਕੇ ਰੋਜ਼ਗਾਰ ਤੇ ਸਵੈ-ਰੋਜ਼ਗਾਰ ਦੇ ਨਵੇਂ ਮੌਕੇ ਸਿਰਜਣ ਦਾ ਸੱਦਾ ਦਿੱਤਾ।

'ਆਪ' ਦੇ 3 ਆਗੂਆਂ ਨੇ ਪਾਰਟੀ ਨੂੰ ਕਿਹਾ ਅਲਵਿਦਾ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਮਾਰੂ ਨੀਤੀਆਂ ਤੋਂ ਤੰਗ ਆ ਕੇ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਪਿੰਡ ਅਜਨੋਹਾ, ਜਤਿੰਦਰ ਸਿੰਘ ਰਾਣਾ ਖਾਲਸਾ ਪਿੰਡ ਮੁੱਖਲਿਆਣਾ ਅਤੇ ਹਰਮਨ ਸਿੰਘ ਖਾਲਸਾ ਪਿੰਡ ਨਡਾਲੋਂ ਵਲੋਂ ਜ਼ਿਲ੍ਹਾ ਹੁਸ਼ਿਆਰਪੁਰ ਦੇ ਹਲਕਾ ਚੱਬੇਵਾਲ ਤੋਂ ਆਮ ਆਦਮੀ ਪਾਰਟੀ ਅਲਵਿਦਾ ਕਰ ਦਿੱਤਾ। ਹਰਵਿੰਦਰ ਸਿੰਘ ਖਾਲਸਾ



ਅਜਨੋਹਾ ਨੇ ਆਮ ਆਦਮੀ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਅਤੇ ਜ਼ਿਲ੍ਹਾ ਜਨਰਲ ਸਕੱਤਰ ਐਕਸ ਸਰਵਿਸਮੈਨ ਵਿੰਗ ਹੁਸ਼ਿਆਰਪੁਰ ਤੋਂ ਦਿੱਤਾ ਅਸਤੀਫਾ । ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਪਾਰਟੀ ਲਈ 2013 ਤੋਂ ਲਗਾਤਾਰ ਮਿਹਨਤ ਅਤੇ ਇਮਾਨਦਾਰੀ ਨਾਲ ਕੰਮ ਕੀਤਾ। 2014 ਵਿੱਚ ਸਰਕਲ ਇੰਚਾਰਜ , 2017 ਵਿੱਚ ਹਲਕਾ ਚੱਬੇਵਾਲ ਤੋਂ ਕੰਪੈਨ ਮੈਨੇਜਰ ਅਤੇ 2019 ਵਿੱਚ ਲੋਕ ਸਭਾ ਚੋਣਾਂ ਵਿੱਚ ਹਲਕਾ ਫਗਵਾੜੇ ਤੋਂ ਅਬਜ਼ਰਵਰ ਦੀ ਡਿਊਟੀ ਨਿਭਾਈ ਗਈ। ਜਤਿੰਦਰ ਸਿੰਘ ਰਾਣਾ ਖਾਲਸਾ ਪਿੰਡ ਮੁਖਲਿਆਣਾ ਨੇ ਆਮ ਆਦਮੀ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਅਤੇ ਬੂਥ ਇੰਚਾਰਜ ਅਤੇ ਸਰਕਲ ਇੰਚਾਰਜ ਤੋਂ ਦਿੱਤਾ ਅਸਤੀਫਾ। ਹਰਮਨ ਸਿੰਘ ਖਾਲਸਾ ਪਿੰਡ ਨਡਾਲੋਂ ਤੋਂ ਆਮ ਆਦਮੀ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਅਤੇ ਬੂਥ ਇੰਚਾਰਜ ਤੋਂ ਦਿੱਤਾ ਅਸਤੀਫਾ। ਜਤਿੰਦਰ ਸਿੰਘ ਰਾਣਾ ਖਾਲਸਾ ਅਤੇ ਹਰਮਨ ਸਿੰਘ ਖਾਲਸਾ ਨੇ ਵੀ ਆਮ ਆਦਮੀ ਪਾਰਟੀ ਲਈ ਲਗਾਤਾਰ 2013 ਤੋਂ ਮਿਹਨਤ ਇਮਾਨਦਾਰੀ ਨਾਲ ਕੰਮ ਕੀਤਾ। ਆਮ ਆਦਮੀ ਪਾਰਟੀ ਦੀ ਪੰਜਾਬ ਮਾਰੂ ਨੀਤੀਆਂ ਤੋਂ ਦੁਖੀ ਹੋ ਕੇ ਸਾਰਿਆਂ ਜਣਿਆਂ ਨੇ ਇਕੱਠਿਆਂ ਹੀ ਪਾਰਟੀ ਨੂੰ ਅਲਵਿਦਾ ਕਹਿ ਦਿੱਤਾ। ਇਸ ਮੌਕੇ ਹਾਜ਼ਰ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਜਤਿੰਦਰ ਸਿੰਘ ਰਾਣਾ ਖਾਲਸਾ ਮੁੱਖਲਿਆਣਾ ਅਤੇ ਹਰਮਨ ਸਿੰਘ ਖਾਲਸਾ ਨਡਾਲੋਂ ਹਾਜ਼ਰ ਸਨ।

ਮਹੇ ਗੋਤ ਜਠੇਰਿਆਂ ਦਾ ਸਾਲਾਨਾ ਮੇਲਾ ਕਰਵਾਇਆ

ਪੋਜੇਵਾਲ (ਰਾਮ ਲਾਲ)- ਦੀਵਾਲੀ ਦੇ ਸ਼ੁਭ ਅਵਸਰ ਮੌਕੇ ਮਹੇ ਗੋਤ ਜਠੇਰਿਆਂ ਦਾ 2 ਦਿਨਾਂ ਸਾਲਾਨਾ ਮੇਲਾ ਪਿੰਡ ਹਿਆਤਪੁਰ ਜੱਟਾਂ ਵਿਖੇ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਮੌਕੇ ਮਹੇ ਗੋਤ ਨਾਲ ਸਬੰਧਤ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਤੋਂ ਵੱਡੀ ਗਿਣਤੀ ਵਿੱਚ ਪਰਵਾਰਾਂ ਨੇ ਸ਼ਿਰਕਤ ਕਰਦਿਆਂ ਜਠੇਰਿਆਂ ਅੱਗੇ ਨਤਮਸਤਕ ਹੋ ਕੇ ਅਸ਼ੀਰਵਾਦ ਪ੍ਰਾਪਤ ਕੀਤਾ ਅਤੇ ਪਰਵਾਰਾਂ ਦੀ ਸੁੱਖ-ਸ਼ਾਂਤੀ ਤੇ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ।



ਮੇਲੇ ਦੌਰਾਨ ਦੂਰ-ਦੁਰਾਡੇ ਤੋਂ ਪਹੁੰਚੇ ਪਰਵਾਰਾਂ ਨੇ ਇੱਕ-ਦੂਜੇ ਨਾਲ ਮਿਲ ਕੇ ਖੁਸ਼ੀਆਂ ਸਾਂਝੀਆਂ ਕੀਤੀਆਂ। ਇਸ ਮੌਕੇ ਆਪਸੀ ਮੇਲ-ਮਿਲਾਪ, ਭਾਈਚਾਰਕ ਸਾਂਝ ਅਤੇ ਪਰਵਾਰਕ ਪਿਆਰ ਦਾ ਵਿਲੱਖਣ ਨਜ਼ਾਰਾ ਦੇਖਣ ਨੂੰ ਮਿਲਿਆ।ਬਜ਼ੁਰਗਾਂ ਤੋਂ ਲੈ ਕੇ ਨੌਜਵਾਨਾਂ ਤੱਕ ਹਰ ਵਰਗ ਦੇ ਲੋਕਾਂ ਨੇ ਮੇਲੇ ਵਿੱਚ ਉਤਸ਼ਾਹ ਨਾਲ ਭਾਗ ਲਿਆ। ਮੇਲੇ ਨੇ ਜਿੱਥੇ ਪੁਰਾਤਨ ਰਵਾਇਤਾਂ ਨੂੰ ਤਾਜ਼ਾ ਕੀਤਾ, ਉੱਥੇ ਹੀ ਨਵੀਂ ਪੀੜ੍ਹੀ ਨੂੰ ਆਪਣੇ ਵਿਰਸੇ ਅਤੇ ਜੜ੍ਹਾਂ ਨਾਲ ਜੁੜਨ ਦਾ ਮੌਕਾ ਵੀ ਪ੍ਰਦਾਨ ਕੀਤਾ। ਇਸ ਮੌਕੇ ਪ੍ਰਧਾਨ ਦਵਿੰਦਰ ਕੁਮਾਰ ਮਹੇ ਨੇ ਕਿਹਾ ਕਿ ਮੇਲੇ ਸਿਰਫ਼ ਧਾਰਮਿਕ ਇਕੱਠ ਹੀ ਨਹੀਂ ਹੁੰਦੇ, ਸਗੋਂ ਇਹ ਆਪਸੀ ਸਾਂਝ, ਪਿਆਰ ਅਤੇ ਮਿਲਵਰਤਣ ਨੂੰ ਮਜ਼ਬੂਤ ਕਰਨ ਦਾ ਵੀ ਸਾਧਨ ਹਨ। ਉਨ੍ਹਾਂ ਕਿਹਾ ਕਿ ਆਪਣਿਆਂ ਨੂੰ ਮਿਲ ਕੇ, ਇੱਕ-ਦੂਜੇ ਦਾ ਹਾਲ-ਚਾਲ ਜਾਣ ਕੇ ਅਤੇ ਦੁੱਖ-ਸੁੱਖ ਸਾਂਝੇ ਕਰਕੇ ਹੀ ਮੇਲੇ ਸੰਪੂਰਨ ਹੁੰਦੇ ਹਨ। ਉਨ੍ਹਾਂ ਮੇਲੇ ਵਿੱਚ ਪਹੁੰਚੀਆਂ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆਂ ਅਪੀਲ ਕੀਤੀ ਕਿ ਆਪਣੇ ਵਿਰਸੇ ਅਤੇ ਪਰੰਪਰਾਵਾਂ ਨੂੰ ਕਾਇਮ ਰੱਖਣ ਲਈ ਅਜਿਹੇ ਸਮਾਗਮਾਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕੀਤੀ ਜਾਵੇ।ਇਸ ਮੌਕੇ ਤੇ ਦਵਿੰਦਰ ਕੁਮਾਰ ਮਹੇ,ਵਿਨੈ ਕੁਮਾਰ ਮਹੇ, ਜਸਪਾਲ ਮਹੇ, ਜੁਗਲ ਕਿਸ਼ੋਰ, ਗੁਰਬਖਸ਼ ਸਿੰਘ ਮਹੇ, ਮਨਜੀਤ ਸਿੰਘ, ਅਮਨਪ੍ਰੀਤ ਸਿੰਘ, ਸਰਬਜੀਤ ਸਿੰਘ, ਵਕੀਲ ਹਰਪ੍ਰੀਤ ਸਿੰਘ, ਅਵਿਨਾਸ਼, ਪ੍ਰਸ਼ੋਤਮ ਲਾਲ ਮਹੇ ਪ੍ਰਬੰਧਕਾਂ ਵਲੋਂ ਪਿੰਡ ਦੀ ਪੰਚਾਇਤ 'ਚ ਸਰਪੰਚ ਬਿਮਲਾ ਦੇਵੀ,ਪੰਚ ਜਸਪਾਲ ਕੌਰ, ਮਨਜੀਤ ਕੌਰ, ਜਸਪ੍ਰੀਤ ਕੌਰ,ਹਰਜਾਪ ਸਿੰਘ, ਮਨਪ੍ਰੀਤ ਸਿੰਘ ਮਨੀ ਅਤੇ ਹੋਰ ਵਿਸ਼ੇਸ਼ ਮਹਿਮਾਨਾਂ ਦਾ ਸਿਰੋਪਾਉ ਦੇ ਕੇ ਸਨਮਾਨ ਕੀਤਾ ਗਿਆ।

ਛਿੰਝ ਮੇਲੇ 'ਚ ਜਿੰਦਰ ਧੌਲ ਨੂੰ ਮਿਲਿਆ ਵਿਸ਼ੇਸ਼ ਸਨਮਾਨ

ਬਲਾਚੌਰ (ਜਸਵਿੰਦਰ ਬੈਂਸ)- ਹਲਕਾ ਬਲਾਚੌਰ ਵਿਖੇ ਦੀਵਾਲੀ ਤੋਂ ਅਗਲੇ ਦਿਨ ਲੱਗਣ ਵਾਲਾ ਇਤਿਹਾਸਕ ਬਾਬਾ ਬਲਰਾਜ ਛਿੰਝ ਮੇਲਾ ਇਸ ਵਾਰ ਵੀ ਆਪਣੀ ਅਮਿੱਟ ਛਾਪ ਛੱਡਦਾ ਹੋਇਆ ਸ਼ਾਨੋ-ਸ਼ੌਕਤ ਨਾਲ ਸੰਪੰਨ ਹੋਇਆ। ਇਸ ਇਤਿਹਾਸਕ ਮੇਲੇ ਵਿੱਚ ਇਲਾਕੇ ਭਰ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ, ਕੁਸ਼ਤੀ ਪ੍ਰੇਮੀਆਂ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕਰਕੇ ਮੇਲੇ ਦੀਆਂ ਰੌਣਕਾਂ ਨੂੰ ਹੋਰ ਵਧਾਇਆ। ਇਸ ਮੌਕੇ ਕਾਂਗਰਸ ਪਾਰਟੀ ਦੇ ਐਸ ਸੀ ਸੈੱਲ ਦੇ ਚੇਅਰਮੈਨ ਜਿੰਦਰ ਧੌਲ ਨੇ ਆਪਣੇ ਸਾਥੀਆਂ ਸਮੇਤ ਮੁੱਖ ਮਹਿਮਾਨ ਵਜੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਨੇ ਖੇਡ ਮੈਦਾਨ ਵਿੱਚ ਆਪਣੇ ਸਾਥੀਆਂ ਨਾਲ ਬੈਠ ਕੇ ਪਹਿਲਵਾਨਾਂ ਵਿਚਕਾਰ ਹੋਏ ਦਿਲਚਸਪ ਕੁਸ਼ਤੀ ਮੁਕਾਬਲਿਆਂ ਦਾ ਆਨੰਦ ਮਾਣਿਆ ਅਤੇ ਪਹਿਲਵਾਨਾਂ ਦੀ ਹੌਸਲਾ ਅਫ਼ਜ਼ਾਈ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਵੱਲੋਂ ਕੁਸ਼ਤੀ ਦੇ ਖੇਤਰ ਵਿੱਚ ਆਪਣੀ ਕਲਾ ਦਾ ਪ੍ਰਦਰਸ਼ਨ ਕਰਨ ਵਾਲੇ ਪਹਿਲਵਾਨਾਂ ਅਤੇ ਮੇਲੇ ਵਿੱਚ ਪਹੁੰਚੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਦੌਰਾਨ ਬਾਬਾ ਬਲਰਾਜ ਛਿੰਝ ਮੇਲਾ ਕਮੇਟੀ ਵੱਲੋਂ ਜਿੰਦਰ ਧੌਲ ਨੂੰ ਵਿਸ਼ੇਸ਼ ਮਾਣ-ਸਤਿਕਾਰ ਦਿੰਦਿਆਂ ਸਿਰੋਪਾ ਪਾ ਕੇ ਸਨਮਾਨਤ ਕੀਤਾ ਗਿਆ। ਇਸ ਸਨਮਾਨ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਜਿੰਦਰ ਧੌਲ ਨੇ ਮੇਲਾ ਕਮੇਟੀ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਦਾ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਬਲਾਚੌਰ ਦੀ ਧਰਤੀ 'ਤੇ ਲੱਗਣ ਵਾਲਾ ਬਾਬਾ ਬਲਰਾਜ ਦਾ ਇਤਿਹਾਸਕ ਛਿੰਝ ਮੇਲਾ ਸਾਡੇ ਇਲਾਕੇ ਦੀ ਅਮੀਰ ਵਿਰਾਸਤ, ਧਾਰਮਿਕ ਆਸਥਾ ਅਤੇ ਖੇਡ ਸੱਭਿਆਚਾਰ ਦਾ ਅਨਮੋਲ ਪ੍ਰਤੀਕ ਹੈ। ਅਜਿਹੇ



ਮੇਲੇ ਸਾਡੀਆਂ ਪੁਰਾਣੀਆਂ ਰਵਾਇਤਾਂ ਨੂੰ ਜਿਊਂਦਾ ਰੱਖਣ ਦੇ ਨਾਲ-ਨਾਲ ਨੌਜਵਾਨ ਪੀੜ੍ਹੀ ਨੂੰ ਕੁਸ਼ਤੀ ਵਰਗੀਆਂ ਰਵਾਇਤੀ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕਰਦੇ ਹਨ।ਉਨ੍ਹਾਂ ਕਿਹਾ ਕਿ ਕੁਸ਼ਤੀ ਪੰਜਾਬ ਦੀ ਸ਼ਾਨਦਾਰ ਵਿਰਾਸਤ ਰਹੀ ਹੈ ਅਤੇ ਪਹਿਲਵਾਨਾਂ ਦੀ ਮਿਹਨਤ, ਅਨੁਸ਼ਾਸਨ ਤੇ ਖੇਡ ਭਾਵਨਾ ਦੀ ਜਿੰਨੀ ਵੀ ਸ਼ਲਾਘਾ ਕੀਤੀ ਜਾਵੇ, ਥੋੜ੍ਹੀ ਹੈ।

ਪਟਾਕਿਆਂ ਨਾਲ 31 ਝੁਲਸੇ, ਲੜਾਈ-ਝਗੜਿਆਂ 'ਚ 12 ਜ਼ਖ਼ਮੀ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਰੌਸ਼ਨੀਆਂ ਦੇ ਤਿਉਹਾਰ ਦੀਵਾਲੀ ਮੌਕੇ ਅਸੁਰੱਖਿਅਤ ਢੰਗ ਨਾਲ ਪਟਾਕੇ ਚਲਾਉਣ ਅਤੇ ਵੱਖ-ਵੱਖ ਝਗੜਿਆਂ ਕਾਰਨ ਕਈ ਪਰਿਵਾਰਾਂ ਦੀਆਂ ਖੁਸ਼ੀਆਂ ਫ਼ਿਕਰਾਂ ਵਿੱਚ ਬਦਲ ਗਈਆਂ। ਡੇਰਾਬੱਸੀ ਵਿਖੇ ਦੀਵਾਲੀ ਦੀ ਰਾਤ ਪਟਾਕਿਆਂ ਦੀ ਲਪੇਟ 'ਚ ਆਉਣ ਨਾਲ 31 ਵਿਅਕਤੀ ਝੁਲਸ ਕੇ ਜ਼ਖ਼ਮੀ ਹੋ ਗਏ, ਜਦਕਿ 12 ਲੋਕ ਆਪਸੀ ਲੜਾਈ-ਝਗੜਿਆਂ ਦੌਰਾਨ ਸੱਟਾਂ ਲੱਗਣ ਕਾਰਨ ਸਥਾਨਕ ਸਿਵਲ ਹਸਪਤਾਲ ਪੁੱਜੇ। ਕੁੱਲ 43 ਮਰੀਜ਼ਾਂ ਦੇ ਆਉਣ ਨਾਲ ਹਸਪਤਾਲ ਦਾ ਐਮਰਜੈਂਸੀ ਸਟਾਫ਼ ਰਾਤ ਭਰ ਮੁਸਤੈਦ ਰਿਹਾ। ?ਹਸਪਤਾਲ



ਦੇ ਸੀਨੀਅਰ ਮੈਡੀਕਲ ਅਫ਼ਸਰ (ਐੱਸ ਐੱਮ ਓ) ਡਾ. ਧਰਮਿੰਦਰ ਸਿੰਘ ਨੇ ਦੱਸਿਆ ਕਿ ਦੀਵਾਲੀ ਦੇ ਮੱਦੇਨਜ਼ਰ ਸਿਹਤ ਵਿਭਾਗ ਵੱਲੋਂ ਪਹਿਲਾਂ ਤੋਂ ਹੀ ਪੁਖ਼ਤਾ ਇੰਤਜ਼ਾਮ ਕੀਤੇ ਗਏ ਸਨ। ਡਾਕਟਰਾਂ ਤੇ ਸਹਾਇਕ ਅਮਲੇ ਦੀਆਂ ਵਿਸ਼ੇਸ਼ ਡਿਊਟੀਆਂ ਲਗਾਈਆਂ ਗਈਆਂ ਸਨ, ਜਿਸ ਨਾਲ ਸਾਰੇ ਜ਼ਖ਼ਮੀਆਂ ਨੂੰ ਤੁਰੰਤ ਡਾਕਟਰੀ ਸਹਾਇਤਾ ਮਿਲ ਸਕੀ। ਉਨ੍ਹਾਂ ਦੱਸਿਆ ਕਿ ਪਟਾਕਿਆਂ ਨਾਲ ਝੁਲਸੇ 31 ਮਰੀਜ਼ਾਂ ਵਿੱਚੋਂ 4 ਗੰਭੀਰ ਜ਼ਖ਼ਮੀਆਂ ਨੂੰ ਬਿਹਤਰ ਇਲਾਜ ਲਈ ਰੈਫ਼ਰ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਅੱਖਾਂ ਦੀਆਂ ਗੰਭੀਰ ਸੱਟਾਂ ਵਾਲੇ 2 ਮਰੀਜ਼ ਵੀ ਸ਼ਾਮਲ ਹਨ। ਇਸ ਤੋਂ ਇਲਾਵਾ ਲੜਾਈ-ਝਗੜਿਆਂ 'ਚ ਜ਼ਖ਼ਮੀ ਹੋਏ 12 ਵਿਅਕਤੀਆਂ ਦਾ ਵੀ ਹਸਪਤਾਲ 'ਚ ਇਲਾਜ ਕੀਤਾ ਗਿਆ।

ਵਿਸ਼ਵਕਰਮਾ ਦਿਵਸ ਸਮਾਗਮ ਕਰਵਾਇਆ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਜਨਤਾ ਸੇਵਾ ਕਮੇਟੀ ਡੇਰਾਬੱਸੀ ਵੱਲੋਂ 15ਵਾਂ ਵਿਸ਼ਵਕਰਮਾ ਦਿਵਸ ਸਮਾਗਮ ਸਥਾਨਕ ਰਾਮਲੀਲਾ ਗਰਾਊਂਡ ਵਿਖੇ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਸਮਾਗਮ



ਵਿੱਚ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਪੰਜਾਬੀ ਸੰਗੀਤ ਜਗਤ ਦੇ ਪ੍ਰਸਿੱਧ ਗਾਇਕ ਇੰਦਰਜੀਤ ਸਿੰਘ ਨਿੱਕੂ ਨੇ ਆਪਣੀ ਸ਼ਾਨਦਾਰ ਗਾਇਕੀ ਨਾਲ ਦਰਸ਼ਕਾਂ ਦਾ ਖ਼ੂਬ ਮਨੋਰੰਜਨ ਕੀਤਾ। ਉਨ੍ਹਾਂ ਦੇ ਨਾਲ ਕੌਰ ਹਰਜੋਤ, ਹਿਤੇਸ਼ ਸ਼ਰਮਾ ਅਤੇ ਪ੍ਰੀਤ ਪਰਮਿੰਦਰ ਨੇ ਵੀ ਆਪਣੀਆਂ ਗੀਤਾਂ ਦੀਆਂ ਪੇਸ਼ਕਾਰੀਆਂ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ। ਸਮਾਗਮ ਦਾ ਮੁੱਖ ਆਕਰਸ਼ਣ ਪੰਜਾਬੀ ਗਾਇਕ ਇੰਦਰਜੀਤ ਸਿੰਘ ਨਿੱਕੂ ਦੀ ਪੇਸ਼ਕਾਰੀ ਰਹੀ। ਉਨ੍ਹਾਂ ਨੇ ਆਪਣੇ ਮਕਬੂਲ ਗੀਤਾਂ ਰਾਹੀਂ ਅਜਿਹਾ ਰੰਗ ਬੰਨ੍ਹਿਆ ਕਿ ਦਰਸ਼ਕ ਦੇਰ ਤੱਕ ਝੂਮਦੇ ਰਹੇ। ਉਨ੍ਹਾਂ ਦੀ ਦਮਦਾਰ ਆਵਾਜ਼ ਅਤੇ ਪੰਜਾਬੀ ਲੋਕ-ਸੰਗੀਤ ਦੀ ਰਵਾਇਤੀ ਰੰਗਤ ਨੇ ਸਮਾਗਮ ਨੂੰ ਯਾਦਗਾਰ ਬਣਾ ਦਿੱਤਾ। ਹੋਰ ਕਲਾਕਾਰਾਂ ਨੇ ਵੀ ਆਪਣੀਆਂ ਪੇਸ਼ਕਾਰੀਆਂ ਨਾਲ ਸਮਾਗਮ ਦੀ ਰੌਣਕ ਵਧਾਈ।ਇਸ ਮੌਕੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਹਾਜ਼ਰ ਸੰਗਤਾਂ ਨੂੰ ਭਗਵਾਨ ਵਿਸ਼ਵਕਰਮਾ ਦਿਵਸ ਦੀਆਂ ਹਾਰਦਿਕ ਵਧਾਈਆਂ ਦਿੱਤੀਆਂ। ਉਨ੍ਹਾਂ ਪ੍ਰਬੰਧਕਾਂ ਨੂੰ ਸਫ਼ਲ ਸਮਾਗਮ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਅਜਿਹੇ ਉਪਰਾਲੇ ਜਾਰੀ ਰੱਖਣ ਦੀ ਕਾਮਨਾ ਕੀਤੀ। ਸਮਾਗਮ ਦੌਰਾਨ ਪੰਜਾਬੀ ਸੰਗੀਤ ਪ੍ਰੇਮੀਆਂ ਵਿੱਚ ਇੰਦਰਜੀਤ ਸਿੰਘ ਨਿੱਕੂ ਦੇ ਮਕਬੂਲ ਗੀਤਾਂ 'ਪੰਜੇਬਾਂ ਵਾਲੀ', 'ਪੱਗੜੀ', 'ਰੁੱਸਣ' ਅਤੇ 'ਸਿੰਘ ਇਜ਼ ਕਿੰਗ' ਦਾ ਵੀ ਖ਼ਾਸ ਜ਼ਿਕਰ ਰਿਹਾ। ਇਸ ਮੌਕੇ ਕੌਂਸਲਰ ਸਾਹਿਬਾਨ, ਜਨਤਾ ਸੇਵਾ ਕਮੇਟੀ ਦੇ ਅਹੁਦੇਦਾਰ ਅਤੇ ਸਮੂਹ ਮੈਂਬਰ ਸਾਹਿਬਾਨ ਤੋਂ ਇਲਾਵਾ ਸ਼ਹਿਰ ਦੇ ਹੋਰ ਪਤਵੰਤੇ ਸੱਜਣ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਤੇ ਸ਼ਰਧਾਲੂ ਹਾਜ਼ਰ ਰਹੇ। ਕਲਾਕਾਰਾਂ ਦੀਆਂ ਪੇਸ਼ਕਾਰੀਆਂ ਅਤੇ ਧਾਰਮਿਕ ਉਤਸ਼ਾਹ ਨੇ ਪੂਰੇ ਰਾਮਲੀਲਾ ਗਰਾਊਂਡ ਨੂੰ ਜਸ਼ਨ ਦੇ ਰੰਗ ਵਿੱਚ ਰੰਗ ਦਿੱਤਾ।

ਕੰਮਕਾਜੀ ਲੋਕਾਂ ਤੇ ਕਾਰੀਗਰਾਂ ਦੇ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ : ਜਿੰਪਾ

ਹੁਸ਼ਿਆਰਪੁਰ (ਬਲਵੀਰ ਸੈਣੀ)- ਵਿਸ਼ਵਕਰਮਾ ਦਿਵਸ ਦੇ ਪਵਿੱਤਰ ਮੌਕੇ 'ਤੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਹੁਸ਼ਿਆਰਪੁਰ ਦੇ ਲੇਬਰ ਸ਼ੈੱਡ ਅਤੇ ਪਿੰਡ ਠਰੋਲੀ ਵਿਖੇ ਕਰਵਾਏ ਗਏ ਸਮਾਗਮਾਂ ਵਿੱਚ ਸ਼ਿਰਕਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਭਗਵਾਨ ਵਿਸ਼ਵਕਰਮਾ ਦੇ ਚਰਨਾਂ ਵਿੱਚ ਨਤਮਸਤਕ ਹੁੰਦਿਆਂ ਸਮੂਹ ਕਾਮਿਆਂ, ਕਾਰੀਗਰਾਂ ਅਤੇ ਮਜ਼ਦੂਰਾਂ ਨੂੰ ਵਿਸ਼ਵਕਰਮਾ ਦਿਵਸ ਦੀਆਂ ਦਿਲੋਂ ਵਧਾਈਆਂ ਦਿੱਤੀਆਂ। ਇਸ ਮੌਕੇ ਵਿਧਾਇਕ ਜਿੰਪਾ ਨੇ ਕਿਹਾ ਕਿ ਭਗਵਾਨ ਵਿਸ਼ਵਕਰਮਾ



ਨੂੰ ਸਿਰਜਣਾ, ਨਿਰਮਾਣ ਅਤੇ ਸ਼ਿਲਪਕਲਾ ਦਾ ਪ੍ਰਤੀਕ ਮੰਨਿਆ ਜਾਂਦਾ ਹੈ। ਉਨ੍ਹਾਂ ਦਾ ਜੀਵਨ ਅਤੇ ਸਿੱਖਿਆਵਾਂ ਸਾਨੂੰ ਮਿਹਨਤ, ਲਗਨ, ਹੁਨਰ ਅਤੇ ਇਮਾਨਦਾਰੀ ਨਾਲ ਆਪਣਾ ਕੰਮ ਕਰਨ ਦੀ ਪ੍ਰੇਰਨਾ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਕਿਸੇ ਵੀ ਦੇਸ਼ ਅਤੇ ਸਮਾਜ ਦੀ ਤਰੱਕੀ ਵਿੱਚ ਮਜ਼ਦੂਰਾਂ, ਕਾਰੀਗਰਾਂ ਅਤੇ ਮਿਹਨਤਕਸ਼ ਲੋਕਾਂ ਦੀ ਅਹਿਮ ਭੂਮਿਕਾ ਹੁੰਦੀ ਹੈ। ਉਨ੍ਹਾਂ ਦੀ ਮਿਹਨਤ ਅਤੇ ਹੁਨਰ ਨਾਲ ਹੀ ਵਿਕਾਸ ਦੀ ਨੀਂਹ ਮਜ਼ਬੂਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਮਜ਼ਦੂਰ ਵਰਗ ਸਮਾਜ ਅਤੇ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਹੈ ਅਤੇ ਇਨ੍ਹਾਂ ਦੇ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਸਾਨੂੰ ਮਜ਼ਦੂਰਾਂ ਦੇ ਸਨਮਾਨ, ਅਧਿਕਾਰਾਂ ਅਤੇ ਬਿਹਤਰ ਜੀਵਨ ਪੱਧਰ ਨੂੰ ਯਕੀਨੀ ਬਣਾਉਣ ਲਈ ਹਮੇਸ਼ਾ ਯਤਨਸ਼ੀਲ ਰਹਿਣਾ ਚਾਹੀਦਾ ਹੈ। ਵਿਧਾਇਕ ਜਿੰਪਾ ਨੇ ਕਿਹਾ ਕਿ ਅਜਿਹੇ ਧਾਰਮਿਕ ਅਤੇ ਸਮਾਜਿਕ ਸਮਾਗਮ ਆਪਸੀ ਭਾਈਚਾਰੇ, ਏਕਤਾ ਅਤੇ ਸਦਭਾਵਨਾ ਨੂੰ ਮਜ਼ਬੂਤ ਕਰਦੇ ਹਨ। ਉਨ੍ਹਾਂ ਨੇ ਸਾਰਿਆਂ ਦੇ ਜੀਵਨ ਵਿੱਚ ਸੁੱਖ-ਸਮ੍ਰਿੱਧੀ, ਖੁਸ਼ਹਾਲੀ ਅਤੇ ਤਰੱਕੀ ਦੀ ਕਾਮਨਾ ਵੀ ਕੀਤੀ। ਇਸ ਮੌਕੇ ਮੇਅਰ ਪ੍ਰਵੀਨ ਸੈਣੀ, ਵਰਿੰਦਰ ਸ਼ਰਮਾ, ਸੁਦਰਸ਼ਨ ਧੀਰ ਚੇਅਰਮੈਨ ਸਵਰਨਕਾਰ ਵੈਲਫੇਅਰ ਬੋਰਡ, ਕ੍ਰਿਸ਼ਨ ਗੋਪਾਲ ਜ਼ਿਲ੍ਹਾ ਕੋਆਰਡੀਨੇਟਰ, ਸਿੱਖਿਆ, ਮਨੋਜ ਦੱਤਾ, ਸਰਪੰਚ ਠਰੋਲੀ ਰੀਨਾ ਅਤੇ ਬਾਬਾ ਵਿਨੋਦ ਵੀ ਮੌਜੂਦ ਸਨ।

ਸਿਆਸੀ ਪਾਰਟੀਆਂ ਨੂੰ ਫਸਟ ਲੈਵਲ ਚੈਕਿੰਗ ਦੌਰਾਨ ਆਪਣੇ ਨੁਮਾਇੰਦੇ ਅਧਿਕਾਰਤ ਕਰਨ ਦੀ ਅਪੀਲ

ਚੰਡੀਗੜ੍ਹ (ਗੁਰਜੀਤ ਬਿੱਲਾ)- ਪੰਜਾਬ ਵਿਧਾਨ ਸਭਾ ਦੀਆਂ ਆਮ ਚੋਣਾਂ-2027 ਦੇ ਮੱਦੇਨਜ਼ਰ, ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈ ਵੀ ਐਮਜ਼) ਅਤੇ ਵੋਟਰ ਵੈਰੀਫਿਏਬਲ ਪੇਪਰ ਆਡਿਟ ਟ੍ਰੇਲ (ਵੀ ਵੀ ਪੀ ਏ ਟੀ) ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ (ਐਫ ਐਲ ਸੀ) 12 ਨਵੰਬਰ ਤੋਂ ਸ਼ੁਰੂ ਹੋਵੇਗੀ।ਪੰਜਾਬ ਦੇ ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਈ ਵੀ ਐਮਜ਼ ਅਤੇ ਵੀ ਵੀ ਪੀ ਏ ਟੀ ਦੀ ਇਹ ਫਸਟ ਲੈਵਲ ਚੈਕਿੰਗ ਭਾਰਤੀ ਚੋਣ ਕਮਿਸ਼ਨ (ਈ ਸੀ ਆਈ) ਦੁਆਰਾ ਨਿਰਧਾਰਤ ਇੱਕ ਲਾਜ਼ਮੀ ਪ੍ਰਕਿਰਿਆ ਹੈ। ਇਸ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਚੋਣਾਂ ਦੌਰਾਨ ਸਿਰਫ਼ ਪੂਰੀ ਤਰ੍ਹਾਂ ਕਾਰਜਸ਼ੀਲ ਅਤੇ ਚੋਣਾਂ ਲਈ ਤਿਆਰ ਮਸ਼ੀਨਾਂ ਦੀ ਹੀ ਵਰਤੋਂ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਆਮ ਚੋਣਾਂ ਅਤੇ ਜ਼ਿਮਨੀ ਚੋਣਾਂ ਵਿੱਚ ਵਰਤੀਆਂ ਜਾਣ ਵਾਲੀਆਂ ਈ ਵੀ ਐਮਜ਼ ਅਤੇ ਵੀ ਵੀ ਪੀ ਏ ਟੀ ਦੀ ਫਸਟ ਲੈਵਲ ਚੈਕਿੰਗ ਜ਼ਿਲ੍ਹਾ



ਚੋਣ ਅਧਿਕਾਰੀ ਦੀ ਨਿਗਰਾਨੀ ਹੇਠ ਭਾਰਤ ਇਲੈਕਟ੍ਰਾਨਿਕਸ ਲਿਮਟਿਡ (ਬੀ ਈ ਐਲ) ਦੇ ਅਧਿਕਾਰਤ ਇੰਜੀਨੀਅਰਾਂ ਦੁਆਰਾ ਕੀਤੀ ਜਾਂਦੀ ਹੈ।ਸੀ ਈ ਓ ਨੇ ਕਿਹਾ ਕਿ ਫਸਟ ਲੈਵਲ ਚੈਕਿੰਗ ਵਿੱਚ ਦਰੁਸਤ ਪਾਈਆਂ ਜਾਣ ਵਾਲੀਆਂ ਈ ਵੀ ਐਮ ਅਤੇ ਵੀ ਵੀ ਪੀ ਏ ਟੀ ਮਸ਼ੀਨਾਂ ਨੂੰ ਵਿਧਾਨ ਸਭਾ ਚੋਣਾਂ ਵਿੱਚ ਵਰਤਿਆ ਜਾਵੇਗਾ।ਫਸਟ ਲੈਵਲ ਚੈਕਿੰਗ ਲਈ ਵਿਸਥਾਰਕ ਪ੍ਰਕਿਰਿਆ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਕੀਤੀ ਜਾਵੇਗੀ। ਇਹ ਪ੍ਰਕਿਰਿਆ ਭਾਰਤੀ ਚੋਣ ਕਮਿਸ਼ਨ ਦੀਆਂ ਮੌਜੂਦਾ ਹਦਾਇਤਾਂ ਅਨੁਸਾਰ ਨੇਪਰੇ ਚਾੜ੍ਹੀ ਜਾਵੇਗੀ।ਫਸਟ ਲੈਵਲ ਚੈਕਿੰਗ ਪ੍ਰਕਿਰਿਆ ਨੂੰ ਸੁਚਾਰੂ, ਪਾਰਦਰਸ਼ੀ ਅਤੇ ਵਿਵਸਥਿਤ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਲੋੜੀਂਦੇ ਪ੍ਰਬੰਧ ਕਰ ਲਏ ਗਏ ਹਨ। ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਐਫ ਐਲ ਸੀ ਪ੍ਰਕਿਰਿਆ ਸਬੰਧਿਤ ਜ਼ਿਲ੍ਹਾ ਚੋਣ ਅਫ਼ਸਰਾਂ ਦੀ ਦੇਖ-ਰੇਖ ਅਧੀਨ ਕਰਵਾਈ ਜਾਵੇਗੀ ਅਤੇ ਇਸ ਦੀ ਨਿਗਰਾਨੀ ਮੁੱਖ ਚੋਣ ਅਫ਼ਸਰ, ਪੰਜਾਬ ਦੇ ਨਾਲ-ਨਾਲ ਭਾਰਤ ਚੋਣ ਕਮਿਸ਼ਨ ਦੇ ਪੱਧਰ 'ਤੇ ਕੀਤੀ ਜਾਵੇਗੀ। ਮੁੱਖ ਚੋਣ ਅਫ਼ਸਰ ਨੇ ਅੱਗੇ ਦੱਸਿਆ ਕਿ ਸਮੁੱਚੀ ਪ੍ਰਕਿਰਿਆ ਦੌਰਾਨ ਮੁਕੰਮਲ ਪਾਰਦਰਸ਼ਤਾ ਅਤੇ ਜਵਾਬਦੇਹੀ ਯਕੀਨੀ ਬਣਾਉਣ ਲਈ ਸਾਰੇ 23 ਸਥਾਨਾਂ 'ਤੇ ਪੂਰੀ ਐਫ ਐਲ ਸੀ ਪ੍ਰਕਿਰਿਆ ਦੀ ਲਾਈਵ ਵੈੱਬਕਾਸਟਿੰਗ ਕੀਤੀ ਜਾਵੇਗੀ। ਹਰੇਕ ਜ਼ਿਲ੍ਹਾ ਹੈੱਡਕੁਆਰਟਰ 'ਤੇ ਦੋ ਡਿਸਪਲੇਅ ਸਕ੍ਰੀਨਾਂ (ਇੱਕ ਐਫਐਲਸੀ ਸਾਈਟ 'ਤੇ ਅਤੇ ਦੂਜੀ ਸਬੰਧਿਤ ਡੀ.ਸੀ. ਦਫ਼ਤਰਾਂ 'ਚ) ਲਗਾਈਆਂ ਗਈਆਂ ਹਨ ਤਾਂ ਜੋ ਨੁਮਾਇੰਦੇ ਕਾਰਵਾਈ ਨੂੰ ਨੇੜਿਓਂ ਦੇਖ ਸਕਣ। ਮੁੱਖ ਚੋਣ ਅਫ਼ਸਰ (ਸੀ ਈ ਓ) ਹੈੱਡਕੁਆਰਟਰ 'ਤੇ ਸਮੁੱਚੀ ਪ੍ਰਕਿਰਿਆ ਨੂੰ ਲਾਈਵ ਦੇਖਣ ਲਈ ਵਿਸ਼ੇਸ਼ ਸਕ੍ਰੀਨਾਂ ਲਗਾਈਆਂ ਗਈਆਂ ਹਨ। ਇਸ ਤੋਂ ਇਲਾਵਾ, ਭਾਰਤ ਚੋਣ ਕਮਿਸ਼ਨ ਨੇ ਇਹਨਾਂ ਕਾਰਜਾਂ ਦੀ ਦੇਖ-ਰੇਖ ਲਈ ਓਬਜ਼ਰਵਰ ਲਗਾਏ ਗਏ ਹਨ। ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿਤਰਾ ਨੇ ਸਾਰੀਆਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਨੁਮਾਇੰਦਿਆਂ ਨੂੰ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈ ਵੀ ਐਮਜ਼) ਅਤੇ ਵੋਟਰ ਵੈਰੀਫਾਈਏਬਲ ਪੇਪਰ ਆਡਿਟ ਟ੍ਰੇਲ (ਵੀਵੀਪੀਏਟੀ) ਮਸ਼ੀਨਾਂ ਦੀ ਫਰਸਟ ਲੈਵਲ ਚੈਕਿੰਗ (ਐਫ ਐਲ ਸੀ)) ਦੌਰਾਨ ਮੌਜੂਦ ਰਹਿਣ ਲਈ ਅਧਿਕਾਰਤ ਕਰਨ।

ਐੱਸ ਸੀ, ਐੱਸ ਟੀ ਤਹਿਤ ਦਰਜ ਮੁਕੱਦਮੇ ਦੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਾ ਕਰਨ ਵਿਰੁੱਧ ਧਰਨਾ 22 ਨੂੰ

ਸ਼ਾਹਕੋਟ (ਗਿਆਨ ਸੈਦਪੁਰੀ)- ਮਜ਼ਦੂਰ ਆਗੂ ਹਰਮੇਸ਼ ਮਾਲੜੀ ਨੂੰ ਜਾਤੀ ਸੂਚਕ ਸ਼ਬਦ ਬੋਲਣ ਵਾਲੇ ਤਲਵੰਡੀ ਸਲੇਮ ਦੇ ਸਰਪੰਚ ਅਤੇ ਉਸਦੀ ਢਾਣੀ ਖਿਲਾਫ ਦਰਜ ਹੋਏ ਐੱਸ ਸੀ ਐੱਸ ਟੀ ਐਕਟ ਤਹਿਤ ਦਰਜ ਮੁਕੱਦਮੇ ਨੂੰ ਇਕ ਮਹੀਨੇ ਤੋਂ ਵੱਧ ਦਾ ਸਮਾਂ ਬੀਤਣ ਦੇ ਬਾਵਜੂਦ ਅਜੇ ਤੱਕ ਦੋਸ਼ੀਆਂ ਦੀ ਗ੍ਰਿਫਤਾਰੀ ਨਾ ਹੋਣ ਤੋਂ ਖ਼ਫ਼ਾ ਦਰਜਨਾਂ ਜਥੇਬੰਦੀਆਂ ਨੇ ਇਥੇ ਐਲਾਨ ਕੀਤਾ ਹੈ ਕਿ 22 ਨਵੰਬਰ ਨੂੰ ਡੀ ਐੱਸ ਪੀ ਨਕੋਦਰ ਦੇ ਦਫ਼ਤਰ ਅੱਗੇ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ। ਇਥੇ ਸਥਾਨਕ ਦਿਹਾਤੀ ਮਜ਼ਦੂਰ ਸਭਾ ਦੇ ਦਫ਼ਤਰ ਵਿਖੇ ਐਡਵੋਕੇਟ ਸੁਰਿੰਦਰ ਖੀਵਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ



'ਚ ਹਾਜ਼ਰ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਮੋਹਨ ਸਿੰਘ ਬੱਲ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਸੰਤੋਖ ਸਿੰਘ ਸੰਧੂ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਕਮੇਟੀ ਮੈਂਬਰ ਸੁਖਵਿੰਦਰ ਬਾਗਪੁਰ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਆਗੂ ਹੰਸਰਾਜ ਪੱਬਵਾਂ, ਜਮਹੂਰੀ ਕਿਸਾਨ ਸਭਾ ਦੇ ਸੂਬਾ ਆਗੂ ਮਨੋਹਰ ਸਿੰਘ ਗਿੱਲ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਇਲਾਕਾ ਨਕੋਦਰ ਸ਼ਾਹਕੋਟ ਦੇ ਪ੍ਰਧਾਨ ਹਰਪਾਲ ਬਿੱਟੂ, ਜਮਹੂਰੀ ਅਧਿਕਾਰ ਸਭਾ ਦੇ ਸੂਬਾ ਕਮੇਟੀ ਮੈਂਬਰ ਗੁਰਮੀਤ ਕੋਟਲੀ ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ ਨੇ ਕਿਹਾ ਕਿ ਤਲਵੰਡੀ ਸਲੇਮ ਦੇ ਸਰਪੰਚ ਪ੍ਰਦੀਪ ਸਿੰਘ ਤੇ ਹੋਰਨਾਂ ਮੁਕੱਦਮਾ ਦਰਜ ਹੋਣ ਦੇ ਬਾਵਜੂਦ ਨਕੋਦਰ ਪੁਲਿਸ ਵੱਲੋਂ ਦੋਸ਼ੀਆਂ ਨੂੰ ਗ੍ਰਿਫਤਾਰ ਨਹੀਂ ਕੀਤਾ ਜਾ ਰਿਹਾ। ਆਗੂਆਂ ਨੇ ਕਿਹਾ ਕਿ ਦੋਸ਼ੀਆਂ ਨੂੰ ਹਲਕਾ ਨਕੋਦਰ ਦੀ ਵਿਧਾਇਕਾ ਬੀਬੀ ਇੰਦਰਜੀਤ ਕੌਰ ਮਾਨ ਦੀ ਸਰਪ੍ਰਸਤੀ ਹੋਣ ਕਾਰਨ ਹੀ ਦੋਸ਼ੀ ਸ਼ਰੇਆਮ ਘੁੰਮ ਰਹੇ ਹਨ। ਦੱਸਣਾ ਬਣਦਾ ਹੈ ਕਿ ਚੋਟੀ ਦੇ ਇਨਕਲਾਬੀ ਕਵੀ ਅਵਤਾਰ ਪਾਸ਼ ਅਤੇ ਹੰਸਰਾਜ ਦੀ ਯਾਦ ਵਿੱਚ ਬਣੇ ਯਾਦਗਾਰੀ ਕੰਪਲੈਕਸ 'ਤੇ ਸਰਪੰਚ ਅਤੇ ਉਸਦੀ ਢਾਣੀ ਕਬਜ਼ਾ ਕਰਨ ਦੀਆਂ ਕਥਿਤ ਕੋਸ਼ਿਸ਼ਾਂ ਕਰ ਰਹੇ ਹਨ ਇਸ ਦਰਮਿਆਨ ਹੀ ਮਜ਼ਦੂਰ ਆਗੂ ਜਦੋਂ ਆਪਣੇ ਸਾਥੀਆਂ ਨਾਲ ਕੰਪਲੈਕਸ ਵਿੱਚ ਪਾਸ਼ ਯਾਦਗਾਰੀ ਸਮਾਗਮ ਲਈ ਤਿਆਰੀ ਕਰਵਾ ਰਿਹਾ ਸੀ ਤਾਂ ਸਰਪੰਚ ਅਤੇ ਉਸਦੇ ਹਮਾਇਤੀਆਂ ਵਲੋਂ ਹਮਲਾ ਕੀਤਾ ਗਿਆ ਅਤੇ ਜਾਤੀ ਸੂਚਕ ਸ਼ਬਦ ਬੋਲ ਕੇ ਜਨਤਕ ਤੌਰ 'ਤੇ ਅਪਮਾਨਤ ਕੀਤਾ ਗਿਆ, ਪਰ ਆਮ ਆਦਮੀ ਪਾਰਟੀ ਦੀ ਸਥਾਨਕ ਵਿਧਾਇਕਾ ਦੀ ਸ਼ਹਿ ਹੋਣ ਕਾਰਨ ਦੋਸ਼ੀਆਂ 'ਤੇ ਮੁਕੱਦਮਾ ਦਰਜ ਕਰਾਉਣ ਲਈ ਵੱਡਾ ਸੰਘਰਸ਼ ਕਰਨਾ ਪਿਆ।ਆਗੂਆਂ ਨੇ ਕਿਹਾ ਕਿ ਹੁਣ ਜਦੋਂ ਦੋਸ਼ੀਆਂ 'ਤੇ ਪਰਚਾ ਦਰਜ ਹੋਏ ਇਕ ਮਹੀਨੇ ਤੋਂ ਵੱਧ ਸਮਾਂ ਹੋ ਗਿਆ ਪਰ ਹਾਲੇ ਤੱਕ ਦੋਸ਼ੀਆਂ ਨੂੰ ਗਿਰਫ਼ਤਾਰ ਨਹੀਂ ਕੀਤਾ ਜਾ ਰਿਹਾ।

ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਆਗੂਆਂ ਨੇ ਕਿਹਾ ਕਿ ਪਾਸ਼ ਯਾਦਗਾਰੀ ਕੰਪਲੈਕਸ 'ਤੇ ਕਥਿਤ ਕਬਜ਼ਾ ਕਰਨ ਦੀਆਂ ਕੋਸ਼ਿਸ਼ਾਂ ਵਿਰੁੱਧ 13 ਅਕਤੂਬਰ ਨੂੰ ਬੀ ਕੇ ਯੂ ਏਕਤਾ ਉਗਰਾਹਾਂ ਦੇ ਆਗੂਆਂ ਦੀ ਪੰਜਾਬ ਸਰਕਾਰ ਦੇ ਕੈਬਨਿਟ ਸਬ ਕਮੇਟੀ ਮੰਤਰੀਆਂ ਨਾਲ ਮੀਟਿੰਗ ਵਿੱਚ ਵੀ ਸਰਕਾਰ ਨੇ ਯਾਦਗਾਰ ਦਾ ਮਾਮਲਾ ਹੱਲ ਕਰਨ ਦਾ ਭਰੋਸਾ ਦਿਵਾਇਆ ਸੀ ਪਰ ਆਮ ਆਦਮੀ ਪਾਰਟੀ ਦੀ ਫਿਤਰਤ ਹੀ ਬਣ ਗਈ ਹੈ ਭਰੋਸਾ ਦੇ ਕੇ ਮੁਕਰ ਜਾਣਾ। ਇਥੇ ਆਗੂਆਂ ਐਲਾਨ ਕੀਤਾ ਕਿ 22 ਨਵੰਬਰ ਨੂੰ ਮਜ਼ਦੂਰ, ਕਿਸਾਨ, ਨੌਜਵਾਨ ਵਿਦਿਆਰਥੀ, ਤਰਕਸ਼ੀਲ, ਜਮਹੂਰੀ ਕਾਮੇ, ਲੇਖਕ ਅਤੇ ਬੁੱਧੀਜੀਵੀ ਵੱਡੀ ਪੱਧਰ 'ਤੇ ਧਰਨੇ ਵਿੱਚ ਸ਼ਾਮਲ ਹੋਣਗੇ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮਜ਼ਦੂਰ ਆਗੂ, ਸਤਨਾਮ ਉੱਗੀ, ਬਲਦੇਵ ਮਾਲੜੀ, ਨਛੱਤਰ ਨਾਹਰ, ਤਲਵੰਡੀ ਸਲੇਮ ਦੇ ਸਾਬਕਾ ਸਰਪੰਚ ਮਨਜਿੰਦਰ ਸਿੰਘ ਅਤੇ ਅਵਤਾਰ ਪਾਸ਼ ਦੇ ਚਚੇਰੇ ਭਰਾ ਸੁਖਵਿੰਦਰ ਸਿੰਘ ਸੁੱਚਾ ਵੀ ਸ਼ਾਮਲ ਸਨ।

ਦੋ ਨੇਤਰਹੀਣ ਬੱਚੀਆਂ ਦਾ ਕੌਰਨੀਅਲ ਟਰਾਂਸਪਲਾਂਟੇਸ਼ਨ ਕਰਵਾਇਆ

ਪੋਜੇਵਾਲ (ਰਾਮ ਲਾਲ)- ਰੋਟਰੀ ਆਈ ਬੈਂਕ ਐਂਡ ਕੌਰਨੀਅਲ ਟਰਾਂਸਪਲਾਂਟੇਸ਼ਨ ਸੋਸਾਇਟੀ ਦੇ ਯਤਨਾਂ ਸਦਕਾ ਦੋ ਨੇਤਰਹੀਣ ਬੱਚੀਆਂ ਸਫ਼ਰਾ (ਉਮਰ ਚਾਰ ਸਾਲ ਪਿੰਡ ਡਘਾਮ) ਅਤੇ ਰਾਜਵੰਤੀ (ਉਮਰ ਚਾਰ ਸਾਲ ਪਿੰਡ ਬਾਗਵਾਈਂ) ਦਾ ਸਫ਼ਲ ਕੌਰਨੀਅਲ ਟਰਾਂਸਪਲਾਂਟੇਸ਼ਨ ਕੀਤਾ ਗਿਆ । ਇਸ ਮੌਕੇ ਕਮੇਟੀ ਮੈਂਬਰ ਸਮਾਜਸੇਵੀ ਦਲਜੀਤ ਸਿੰਘ ਬੈਂਸ ਖੁਰਦਾ, ਚੇਅਰਮੈਨ ਬਾਡੀ ਡੋਨੇਸ਼ਨ ਕਮੇਟੀ ਡਾ. ਤਰਸੇਮ ਸਿੰਘ, ਪ੍ਰਧਾਨ ਤਹਿਸੀਲ ਗੜ੍ਹਸ਼ੰਕਰ ਡਾ. ਲਖਵਿੰਦਰ ਕੁਮਾਰ, ਅਤੇ ਪਰਵਾਰਿਕ ਮੈਂਬਰ ਅਤੇ ਹੋਰ ਹਾਜ਼ਰ ਸਨ ।



ਇਸ ਮੌਕੇ ਜਾਣਕਾਰੀ ਦਿੰਦਿਆਂ ਦਲਜੀਤ ਸਿੰਘ ਬੈਂਸ , ਡਾ. ਤਰਸੇਮ ਸਿੰਘ ਅਤੇ ਡਾ. ਲਖਵਿੰਦਰ ਕੁਮਾਰ ਨੇ ਕਿਹਾ ਕਿ ਕਿਸੇ ਬੱਚੇ ਨੂੰ ਦੁਬਾਰਾ ਇਸ ਖ਼ੂਬਸੂਰਤ ਦੁਨੀਆ ਨੂੰ ਦੇਖਣ ਦਾ ਮੌਕਾ ਦੇਣ ਨਾਲ ਉਸਦੇ ਨਾਲ-ਨਾਲ ਪੂਰੇ ਪਰਵਾਰ ਦੇ ਜੀਵਨ ਵਿੱਚ ਖੁਸ਼ੀਆਂ ਅਤੇ ਨਵੀਂ ਉਮੀਦ ਆਉਂਦੀ ਹੈ। ਸਮਾਜ 'ਚੋਂ ਅੰਨ੍ਹੇਪਣ ਨੂੰ ਖਤਮ ਕਰਨ ਅਤੇ ਲੋੜਵੰਦ ਲੋਕਾਂ ਦੀ ਮਦਦ ਕਰਨ ਵਿੱਚ ਅਜਿਹੀਆਂ ਸਮਾਜਿਕ ਸੰਸਥਾਵਾਂ ਅਤੇ ਦਾਨੀ ਸੱਜਣਾਂ ਦਾ ਯੋਗਦਾਨ ਬਹੁਤ ਮਹੱਤਵਪੂਰਨ ਹੈ।

ਨੇਤਰਦਾਨ ਪ੍ਰਤੀ ਜਾਗਰੂਕਤਾ ਵਧਾਉਣਾ ਸਮੇਂ ਦੀ ਮੁੱਖ ਲੋੜ ਹੈ ਅਤੇ ਸਮਾਜ ਦੇ ਹਰੇਕ ਵਿਅਕਤੀ ਨੂੰ ਇਸ ਨੇਕ ਕਾਰਜ 'ਚ ਆਪਣਾ ਯੋਗਦਾਨ ਪਾਉਣ ਲਈ ਅੱਗੇ ਆਉਣਾ ਚਾਹੀਦਾ ਹੈ ।ਉਨ੍ਹਾਂ ਦੱਸਿਆ ਕਿ ਨੇਤਰਦਾਨ ਸੁਸਾਇਟੀ ਹੁਣ ਤੱਕ ਕੌਰੀਅਲ ਅੰਨ੍ਹੇਪਣ ਤੋਂ ਪੀੜਤ 4188 ਲੋਕਾਂ ਦਾ ਕੌਰਨੀਆ ਟਰਾਂਸਪਲਾਂਟ ਕਰਵਾ ਕੇ ਉਨ੍ਹਾਂ ਦੇ ਜੀਵਨ ਵਿਚ ਰੌਸ਼ਨੀ ਲਿਆ ਚੁੱਕੀ ਹੈ ਅਤੇ ਜੋ ਵਿਅਕਤੀ ਆਪਣੀਆਂ ਅੱਖਾਂ ਦਾ ਇਲਾਜ ਕਰਵਾਉਣਾ ਚਾਹੁੰਦੇ ਹਨ ਉਹ ਸੰਸਥਾ ਨਾਲ ਸੰਪਰਕ ਕਰ ਸਕਦੇ ਹਨ। ਇਸ ਮੌਕੇ ਚੇਅਰਮੈਨ ਬਾਡੀ ਡੋਨੇਸ਼ਨ ਕਮੇਟੀ ਡਾ. ਤਰਸੇਮ ਸਿੰਘ, ਪ੍ਰਧਾਨ ਤਹਿਸੀਲ ਗੜ੍ਹਸ਼ੰਕਰ, ਡਾ. ਲਖਵਿੰਦਰ ਕੁਮਾਰ, ਸਮਾਜਸੇਵੀ ਦਲਜੀਤ ਸਿੰਘ ਬੈਂਸ ਖੁਰਦਾ, ਹਜ਼ੂਰਾ ਸਿੰਘ ਪੈਲੀ, ਓਂਕਾਰ ਸਿੰਘ ਚਾਹਾਲਪੁਰੀ ਅਤੇ ਬੱਚੀਆਂ ਦੇ ਪਰਵਾਰਕ ਮੈਂਬਰਾਂ ਅਤੇ ਹੋਰ ਹਾਜ਼ਰ ਸਨ।

ਚੌਧਰੀ ਦੀ ਹਾਜ਼ਰੀ 'ਚ ਛੋਟੀ ਬੜੀ ਨੱਗਲ ਦੇ ਲੋਕ ਭਾਜਪਾ 'ਚ ਸ਼ਾਮਲ


ਚੰਡੀਗੜ੍ਹ (ਸੁਰਜੀਤ ਸੁਮਨ)- ਬੀਤੇ ਦਿਨੀਂ ਹਲਕਾ ਖਰੜ ਨਿਊ ਚੰਡੀਗੜ੍ਹ ਦੇ ਚਰਚਿਤ ਦਲਿਤ ਆਗੂ ਚੌਧਰੀ ਸ਼ਿਆਮ ਲਾਲ ਮਾਜਰੀਆਂ ਆਪਣੇ ਸਾਥੀਆਂ ਸਮੇਤ ਭਾਜਪਾ ਵਿੱਚ ਸ਼ਾਮਲ ਹੋ ਗਏ ਸਨ। ਉਨ੍ਹਾਂ ਦੇ ਭਾਜਪਾ ਵਿੱਚ ਚਲੇ ਜਾਣ ਨਾਲ ਇਸ ਹਲਕੇ ਦੇ ਜ਼ਮੀਨੀ ਸਮੀਕਰਨਾਂ ਵਿੱਚ ਟੁੱਟ-ਭੱਜ ਹੋਣੀ ਤੈਅ ਮੰਨੀ ਜਾ ਰਹੀ ਹੈ। ਉਹ ਭਾਈਚਾਰਕ ਸਾਂਝ ਉੱਤੇ ਪਕੜ ਮਜ਼ਬੂਤ ਕਰਨ ਲਈ ਦਿਨ ਰਾਤ ਲੋਕਾਂ ਨੂੰ ਮਿਲ ਰਹੇ ਹਨ। ਦੀਵਾਲੀ ਮੌਕੇ ਉਨ੍ਹਾਂ ਨਿਊ ਚੰਡੀਗੜ੍ਹ ਨੇੜਲੇ ਪਿੰਡ ਛੋਟੀ ਬੜੀ ਨੱਗਲ ਦਾ ਦੌਰਾ ਕਰਕੇ ਸੈਕੜੇ ਪਿੰਡ ਵਾਸੀਆਂ ਨੂੰ ਭਾਜਪਾ ਵਿੱਚ ਸ਼ਾਮਲ ਕਰਵਾਇਆ। ਉਨ੍ਹਾਂ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਹਮੇਸ਼ਾ ਉਨ੍ਹਾਂ ਦੇ ਦੁੱਖ-ਸੁੱਖ ਵਿੱਚ ਨਾਲ ਖੜ੍ਹਨ। ਉਨ੍ਹਾਂ ਕਿਹਾ ਕਿ ਅੱਜ ਤੱਕ ਘਾੜ ਦੇ ਇਸ ਇਲਾਕੇ ਨੂੰ ਹਰ ਸਿਆਸੀ ਪਾਰਟੀ ਨੇ ਅੱਖੋਂ-ਪਰੋਖੇ ਕੀਤੇ ਹੈ। ਇਸ ਮੌਕੇ



ਮੁਹਤਬਰ ਸੱਜਣ, ਸਾਬਕਾ ਤੇ ਮੌਜੂਦਾ ਪੰਚ, ਸਰਪੰਚ ਤੇ ਹੋਰ ਪਤਵੰਤੇ ਹਾਜ਼ਰ ਸਨ। ਇਸ ਤੋਂ ਪਹਿਲਾਂ ਉਹ ਕਸੌਲੀ ਪਿੰਡ ਵਾਸੀਆਂ ਤੇ ਹੋਰ ਪਿੰਡਾਂ ਦੇ ਲੋਕਾਂ ਨੂੰ ਵੀ ਭਾਜਪਾ ਵਿੱਚ ਸ਼ਾਮਲ ਕਰਵਾ ਚੁੱਕੇ ਹਨ। ਉਨ੍ਹਾਂ ਸਾਰਿਆਂ ਦਾ ਸਵਾਗਤ ਕਰਦਿਆਂ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਇਸ ਮੌਕੇ ਉਨ੍ਹਾਂ ਦੇ ਨਾਲ ਸੀਨੀਅਰ ਭਾਜਪਾ ਆਗੂ ਖੁਸ਼ਵੰਤ ਰਾਏ ਗੀਗਾ ਹਾਜ਼ਰ ਸਨ।

ਗੌਤਮ ਕੁਕਰੇਜਾ ਤੇ ਐਨ ਜੀ ਓ ਆਖਰੀ ਉਮੀਦ ਨੇ ਮਰੀਜ਼ਾਂ ਨਾਲ ਮਨਾਈ ਦੀਵਾਲੀ

ਜਲੰਧਰ (ਇਕਬਾਲ ਸਿੰਘ ਉੱਭੀ)- ਦੀਵਾਲੀ ਦੇ ਸ਼ੁਭ ਮੌਕੇ 'ਤੇ ਉੱਘੇ ਸਮਾਜ ਸੇਵਕ ਗੌਤਮ ਕੁਕਰੇਜਾ ਨੇ ਐਨ ਜੀ ਓ ਆਖਰੀ ਉਮੀਦ ਦੇ ਸਹਿਯੋਗ ਨਾਲ ਸਿਵਲ ਹਸਪਤਾਲ ਜਲੰਧਰ ਵਿਖੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੂੰ ਫਲ ਵੰਡ ਕੇ ਦੀਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਇਸ ਦੌਰਾਨ ਐਨ ਜੀ ਓ ਮੈਂਬਰਾਂ ਨੇ ਮਰੀਜ਼ਾਂ ਨਾਲ ਸਮਾਂ ਬਿਤਾਇਆ ਅਤੇ ਉਨ੍ਹਾਂ ਨੂੰ ਤਿਉਹਾਰ



ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਗੌਤਮ ਕੁਕਰੇਜਾ ਨੇ ਕਿਹਾ ਕਿ ਤਿਉਹਾਰਾਂ ਦੀ ਅਸਲ ਖੁਸ਼ੀ ਲੋੜਵੰਦਾਂ ਅਤੇ ਮੁਸ਼ਕਲ ਸਮੇਂ ਵਿੱਚੋਂ ਲੰਘ ਰਹੇ ਲੋਕਾਂ ਨਾਲ ਖੁਸ਼ੀਆਂ ਸਾਂਝੀਆਂ ਕਰਨ ਵਿੱਚ ਹੈ। ਇਸ ਮੌਕੇ ਉਨ੍ਹਾਂ ਭਾਜਪਾ ਦੇ ਸੀਨੀਅਰ ਆਗੂ ਤੇ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਨਾਲ ਵੀ ਮੁਲਾਕਾਤ ਕਰਕੇ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)- ਜ਼ਿਲ੍ਹਾ ਮੈਜਿਸਟਰੇਟ ਹੁਸ਼ਿਆਰਪੁਰ ਆਸ਼ਿਕਾ ਜੈਨ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਵਿਚ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਗਏ ਹਨ। ਜਾਰੀ ਕੀਤੇ ਹੁਕਮਾਂ ਤਹਿਤ ਜ਼ਿਲ੍ਹਾ ਮੈਜਿਸਟਰੇਟ ਨੇ ਹੁਕਮ ਜਾਰੀ ਕੀਤੇ ਹਨ ਕਿ ਕੋਈ ਵੀ ਵਿਅਕਤੀ/ਸਮਾਜਿਕ ਜਾਂ ਧਾਰਮਿਕ ਜਥੇਬੰਦੀ ਜਨਤਕ ਇਕੱਠਾਂ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ ਵਿਚ ਕਿਸੇ ਵੀ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਦੇਣ 'ਤੇ ਪੂਰਨ ਪਾਬੰਦੀ ਰਹੇਗੀ। ਅਜਿਹਾ ਕਰਨ ਦੀ ਸੂਰਤ ਵਿਚ ਸਬੰਧਤ/ਉਲੰਘਣਾ ਕਰਨ ਵਾਲੇ ਵਿਅਕਤੀ ਖਿਲਾਫ਼ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।ਜ਼ਿਲ੍ਹੇ ਵਿਚ ਗਰਮੀਆਂ ਨੂੰ ਸ਼ਾਮ 6 ਵਜੇ ਤੋਂ ਸਵੇਰੇ 6 ਵਜੇ ਤੱਕ ਅਤੇ ਸਰਦੀਆਂ ਨੂੰ ਸ਼ਾਮ 5 ਵਜੇ ਤੋਂ ਸਵੇਰੇ 7 ਵਜੇ ਤੱਕ ਗਊ ਵੰਸ਼ ਦੀ ਢੋਆ-ਢੁਆਈ 'ਤੇ




ਪੂਰਨ ਪਾਬੰਦੀ ਦੇ ਹੁਕਮ ਜਾਰੀ ਕਰਨ ਦੇ ਨਾਲ-ਨਾਲ ਜਿਨ੍ਹਾਂ ਲੋਕਾਂ ਨੇ ਗਊ ਵੰਸ਼ ਰੱਖੇ ਹੋਏ ਹਨ, ਉਨ੍ਹਾਂ ਨੂੰ ਪਸ਼ੂ ਪਾਲਣ ਵਿਭਾਗ ਪਾਸ ਰਜਿਸਟਰਡ ਕਰਾਉਣ ਦੇ ਆਦੇਸ਼ ਵੀ ਦਿੱਤੇ ਗਏ ਹਨ।ਜ਼ਿਲ੍ਹਾ ਮੈਜਿਸਟਰੇਟ ਵਲੋਂ ਜਾਰੀ ਕੀਤੇ ਹੁਕਮ ਤਹਿਤ ਜ਼ਿਲ੍ਹਾ ਹੁਸ਼ਿਆਰਪੁਰ ਦੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਕੋਈ ਵੀ ਵਿਅਕਤੀ ਜਾਂ ਪੰਚਾਇਤ ਜਾਂ ਨਗਰ ਕੌਂਸਲ ਜਾਂ ਨਗਰ ਪੰਚਾਇਤ ਸਬੰਧਤ ਉਪ-ਮੰਡਲ ਮੈਜਿਸਟਰੇਟ ਦੀ ਲਿਖਤੀ ਪੂਰਵ ਪ੍ਰਵਾਨਗੀ ਤੋਂ ਬਿਨ੍ਹਾਂ ਛੱਪੜ ਨਹੀਂ ਪੂਰੇਗਾ। ਇਕ ਹੋਰ ਹੁਕਮ ਜਾਰੀ ਕਰਦਿਆਂ ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹੇ ਦੇ ਸਾਰੇ ਪਿੰਡਾਂ ਵਿਚ ਗਲੀਆਂ/ਰਸਤਿਆਂ ਵਿਚ ਨਜਾਇਜ ਬੋਰ ਕਰਨ 'ਤੇ ਵੀ ਪਾਬੰਦੀ ਲਗਾ ਦਿੱਤੀ ਹੈ। ਇਹ ਸਾਰੇ ਹੁਕਮ 7 ਜਨਵਰੀ, 2027 ਤੱਕ ਲਾਗੂ ਰਹਿਣਗੇ।

ਪੰਜਾਬ ਸਰਕਾਰ ਨੇ 600 ਸਰਕਾਰੀ ਸਕੂਲਾਂ 'ਚ ਬੁਨਿਆਦੀ ਢਾਂਚੇ ਨੂੰ ਕੀਤਾ ਅਪਗ੍ਰੇਡ

ਚੰਡੀਗੜ੍ਹ (ਗੁਰਜੀਤ ਬਿੱਲਾ)- ਭਗਵੰਤ ਮਾਨ ਸਰਕਾਰ ਵੱਲੋਂ ਆਪਣੀ ਪ੍ਰਮੁੱਖ ਪਹਿਲਕਦਮੀ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ 27 ਅਕਤੂਬਰ ਤੋਂ 14 ਨਵੰਬਰ, 2026 ਤੱਕ ਸੂਬੇ ਭਰ ਵਿੱਚ ਸਕੂਲਾਂ ਦੇ ਬੁਨਿਆਦੀ ਢਾਂਚੇ ਦੀ ਅਪਗ੍ਰੇਡੇਸ਼ਨ ਸਬੰਧੀ ਮੁਹਿੰਮ ਚਲਾਈ ਗਈ, ਜੋ ਸੂਬੇ ਭਰ ਵਿੱਚ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਦੀ ਨੁਹਾਰ ਬਦਲਣ ਵਿੱਚ ਅਹਿਮ ਮੀਲ ਪੱਥਰ ਹੈ। ਭਗਵੰਤ ਮਾਨ ਸਰਕਾਰ ਵੱਲੋਂ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਲਈ ਵੱਡੇ ਪੱਧਰ 'ਤੇ ਕਦਮ ਚੁੱਕੇ ਗਏ ਹਨ ਤਾਂ ਜੋ ਸਰਕਾਰੀ ਸਕੂਲਾਂ ਨੂੰ ਆਧੁਨਿਕ, ਸਹੂਲਤਾਂ ਨਾਲ ਪੂਰੀ ਤਰ੍ਹਾਂ ਲੈਸ ਅਤੇ ਵਿਦਿਆਰਥੀ ਪੱਖੀ ਲਰਨਿੰਗ ਸਥਾਨ ਬਣਾਇਆ ਜਾ ਸਕੇ। ਇਸ ਮੁਹਿੰਮ ਦੇ ਹਿੱਸੇ ਵਜੋਂ ਲਗਪਗ 600 ਸਰਕਾਰੀ ਸਕੂਲਾਂ ਵਿੱਚ ਅਪਗ੍ਰੇਡ ਕੀਤੇ ਗਏ ਬੁਨਿਆਦੀ ਢਾਂਚੇ ਦਾ ਉਦਘਾਟਨ ਕੀਤਾ ਗਿਆ, ਜਿਸ ਨਾਲ 2 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਲਾਭ ਮਿਲ ਰਿਹਾ ਹੈ। ਇਸ ਬਾਰੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ, ਅਸੀਂ ਸਰਕਾਰੀ ਸਕੂਲਾਂ ਨੂੰ ਅਜਿਹੀਆਂ ਸੰਸਥਾਵਾਂ ਵਿੱਚ ਬਦਲਣ ਲਈ ਵਚਨਬੱਧ ਹਾਂ, ਜਿਨ੍ਹਾਂ 'ਤੇ ਬੱਚੇ ਤੇ ਮਾਪੇ ਮਾਣ ਕਰ ਸਕਣ। ਸਿੱਖਣ ਦੇ ਨਤੀਜਿਆਂ ਨੂੰ ਬਿਹਤਰ ਬਣਾਉਣ ਦੇ ਨਾਲ-ਨਾਲ ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਸਾਡੇ ਸਕੂਲ ਵਿਦਿਆਰਥੀਆਂ ਨੂੰ ਸਿੱਖਣ ਲਈ ਸੁਖਾਵਾਂ ਮਾਹੌਲ ਪ੍ਰਦਾਨ ਕਰਨ। ਬੁਨਿਆਦੀ ਢਾਂਚੇ ਵਿੱਚ ਕੀਤੇ ਜਾ ਰਹੇ ਇਹ ਸੁਧਾਰ ਉਸੇ ਸੁਪਨੇ ਨੂੰ ਸਾਕਾਰ ਕਰਨ ਵੱਲ ਅਹਿਮ ਕਦਮ ਹੈ। ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਸਬੰਧੀ ਕੰਮਾਂ ਵਿੱਚ ਵਾਧੂ ਕਲਾਸਰੂਮਾਂ, ਸਾਇੰਸ ਲੈਬਾਂ, ਲਾਇਬ੍ਰੇਰੀਆਂ, ਕਲਾ ਅਤੇ ਸ਼ਿਲਪਕਾਰੀ ਰੂਮ ਅਤੇ ਹੋਰ ਜ਼ਰੂਰੀ ਸਕੂਲੀ ਸਹੂਲਤਾਂ ਦੀ ਉਸਾਰੀ ਅਤੇ ਨਵੀਨੀਕਰਨ ਸ਼ਾਮਲ ਹੈ, ਜਿਸ ਦਾ ਉਦੇਸ਼ ਸਿੱਖਿਆ ਤੱਕ ਆਸਾਨ ਪਹੁੰਚ ਅਤੇ ਮਿਆਰੀ ਸਿੱਖਿਆ ਯਕੀਨੀ ਬਣਾਉਣਾ ਹੈ। ਇਹ ਪਹਿਲਕਦਮੀ ਸਾਧਾਰਨ ਬੁਨਿਆਦੀ ਢਾਂਚੇ ਤੋਂ ਗੁਣਵੱਤਾ ਵਾਲੇ ਬੁਨਿਆਦੀ ਢਾਂਚੇ ਵੱਲ ਤਬਦੀਲੀ ਨੂੰ ਦਰਸਾਉਂਦੀ ਹੈ, ਜਿਸ ਨਾਲ ਸਿੱਖਣ ਦੇ ਨਤੀਜੇ ਬਿਹਤਰ ਹੁੰਦੇ ਹੈ। ਅਪਗ੍ਰੇਡ ਕੀਤੇ ਕਲਾਸਰੂਮ, ਕਾਰਜਸ਼ੀਲ ਲੈਬਾਂ ਅਤੇ ਬਿਹਤਰ ਸਹੂਲਤਾਂ ਸਕੂਲਾਂ ਨੂੰ ਵਧੇਰੇ ਦਿਲਚਸਪ ਅਤੇ ਸਿੱਖਣ ਦੇ ਪ੍ਰਭਾਵਸ਼ਾਲੀ ਵਾਤਾਵਰਣ ਨੂੰ ਯਕੀਨੀ ਬਣਾ ਰਹੀਆਂ ਹਨ। ਵੱਖ-ਵੱਖ ਜ਼ਿਲ੍ਹਿਆਂ ਵਿੱਚ ਉਦਘਾਟਨੀ ਸਮਾਗਮ ਸ਼ੁਰੂ ਹੋ ਗਏ ਹਨ, ਜਿਨ੍ਹਾਂ ਵਿੱਚ ਕੈਬਨਿਟ ਮੰਤਰੀਆਂ, ਵਿਧਾਇਕਾਂ, ਸਥਾਨਕ ਨੁਮਾਇੰਦਿਆਂ, ਭਾਈਚਾਰਕ ਆਗੂਆਂ, ਸਕੂਲ ਪ੍ਰਬੰਧਨ ਕਮੇਟੀਆਂ ਅਤੇ ਮਾਪਿਆਂ ਵੱਲੋਂ ਸਰਗਰਮ ਸ਼ਮੂਲੀਅਤ ਕੀਤੀ ਜਾ ਰਹੀ ਹੈ। ਇਹ ਵਿੱਦਿਅਕ ਤਬਦੀਲੀ ਪੂਰੀ ਤਰ੍ਹਾਂ ਭਾਈਚਾਰੇ ਦੇ ਸਹਿਯੋਗ ਨਾਲ ਸੰਭਵ ਹੋ ਰਹੀ ਹੈ। ਸਕੂਲਾਂ ਵਿੱਚ ਸੁਰੱਖਿਅਤ ਅਤੇ ਸਹੂਲਤਾਂ ਨਾਲ ਭਰਪੂਰ ਮਾਹੌਲ ਸਿਰਜ ਕੇ ਸਰਕਾਰ ਵਿਦਿਆਰਥੀਆਂ ਦੀ ਹਾਜ਼ਰੀ, ਉਨ੍ਹਾਂ ਦੀ ਸ਼ਮੂਲੀਅਤ ਅਤੇ ਸਿੱਖਣ ਦੇ ਸਮੁੱਚੇ ਤਜਰਬੇ ਨੂੰ ਬਿਹਤਰ ਬਣਾਏਗੀ।ਮਾਨਸਾ ਦੇ ਜੀ.ਐਸ.ਐਸ.ਐਸ. ਰੰਘੜਿਆਲ ਦੇ ਅਧਿਆਪਕ ਅਮਰਜੀਤ ਸਿੰਘ ਚਾਹਲ ਨੇ ਕਿਹਾ, ਕਲਾਸਰੂਮਾਂ, ਲੈਬਾਂ ਅਤੇ ਸਕੂਲਾਂ ਵਿੱਚ ਸੁਧਾਰ ਹੋਣ ਨਾਲ ਅਸੀਂ ਪਾਠਾਂ ਨੂੰ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਪੜ੍ਹਾਉਣ ਦੇ ਯੋਗ ਹੋਏ ਹਾਂ।

ਰੇਨਬੋ ਪਬਲਿਕ ਸਕੂਲ ਤੇ ਰੇਨਬੋ ਸਟਾਰਸ 'ਚ ਦੀਵਾਲੀ ਦਾ ਤਿਉਹਾਰ ਮਨਾਇਆ



ਆਦਮਪੁਰ (ਪਰਮਜੀਤ ਸਿੰਘ)- ਰੇਨਬੋ ਪਬਲਿਕ ਸਕੂਲ ਸੱਤੋਵਾਲੀ ਆਦਮਪੁਰ ਤੇ ਰੇਨਬੋ ਸਟਾਰਸ ਵਿੱਚ ਪ੍ਰਬੰਧਕ ਅਨਿਲ ਕੁਮਾਰ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ ਜਿਸ ਦੀ ਪ੍ਰਧਾਨਗੀ ਮੈਨੇਜਰ ਜੋਧ ਸਿੰਘ ਡੋਗਰਾ ਤੇ ਪ੍ਰਿੰਸੀਪਲ ਸੰਧਿਆ ਖੁਰਾਨਾ ਦੇ ਦੁਆਰਾ ਕੀਤੀ ਗਈ। ਪ੍ਰੋਗਰਾਮ ਦੇ ਆਰੰਭ ਵਿੱਚ ਮਾਤਾ ਲਕਸ਼ਮੀ ਅੱਗੇ ਫੁੱਲ ਭੇਟ ਕੀਤੇ ਗਏ ਤੇ ਜੋਤ ਜਗਾਈ ਗਈ ਅਤੇ ਚਾਰਾ ਸਦਨਾਂ ਦੇ ਵਿਦਿਆਰਥੀਆਂ ਨੇ ਦੀਵਾਲੀ ਦੇ ਤਿਉਹਾਰ ਸਬੰਧੀ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਉੱਤੇ ਬੱਚਿਆਂ ਲਈ ਦੀਵੇ ਸਜਾਉਣ, ਰੰਗੋਲੀ ਬਣਾਉਣ ਦੇ ਮੁਕਾਬਲੇ ਕਰਵਾਏ ਗਏ। ਮੁਕਾਬਲੇ ਵਿੱਚ ਪਹਿਲਾ, ਦੂਸਰਾ ਤੇ ਤੀਸਰਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਅੰਤ ਵਿੱਚ ਸਕੂਲ ਦੇ ਮੈਨੇਜਰ ਤੇ ਪ੍ਰਿੰਸੀਪਲ ਦੁਆਰਾ ਸਾਰਿਆਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਤੇ ਸਭ ਨੂੰ ਗ੍ਰੀਨ ਦੀਵਾਲੀ ਮਨਾਉਣ ਦਾ ਸੰਦੇਸ਼ ਦਿੰਦੇ ਹੋਏ ਕਿਹਾ ਕਿ ਪਟਾਕੇ ਵਾਤਾਵਰਨ ਤੇ ਸਿਹਤ ਲਈ ਘਾਤਕ ਹਨ।ਇਸ ਦੇ ਨਾਲ ਹੀ ਉਹਨਾਂ ਨੇ ਕਿਹਾ ਕਿ ਤਿਉਹਾਰ ਸਭ ਨੂੰ ਮਿਲਜੁਲ ਕੇ ਖੁਸ਼ੀਆਂ ਵੰਡਣਾ ਸਿਖਾਉਂਦੇ ਹਨ।

ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੂੰ ਸਦਮਾ, ਚਾਚੇ ਦਾ ਦਿਹਾਂਤ

ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ) ਪਿੰਡ ਅਜਨੋਹਾ ਦੇ ਉਘੇ ਸਮਾਜ ਸੇਵਕ ਸੰਤੋਖ ਸਿੰਘ ਰਿਟਾਇਰਡ ਪੀ ਆਰ ਟੀ ਸੀ ਦਾ ਬੀਤੀ ਦਿਨੀ ਦੇਹਾਂਤ ਹੋ ਗਿਆ ਸੀ। ਸੰਤੋਖ ਸਿੰਘ ਅਜਨੋਹਾ ਦੀ ਦੇਹਾਂਤ ਦੀ ਖ਼ਬਰ ਸੁਣਦਿਆਂ ਹੀ ਸੋਗ ਦੀ ਲਹਿਰ ਦੌੜ ਗਈ।ਇਸ ਮੌਕੇ ਦੁੱਖ ਦੀ ਘੜੀ ਵਿੱਚ ਇਲਾਕੇ ਭਰ ਤੋਂ ਵੱਖ ਵੱਖ ਰਾਜਨੀਤਿਕ ਪਾਰਟੀਆਂ, ਸਾਮਾਜਿਕ ਸੰਸਥਾਵਾਂ, ਧਾਰਮਿਕ ਜਥੇਬੰਦੀਆਂ, ਪੱਤਰਕਾਰ ਭਾਈਚਾਰਾ ਅਤੇ ਸਿਆਸੀ ਆਗੂਆਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਜਥੇਦਾਰ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮੇਰੇ ਚਾਚਾ ਸੰਤੋਖ ਸਿੰਘ ਅਜਨੋਹਾ ਜੋ ਕਿ ਸਵਾਸਾਂ ਦੀ ਪੂੰਜੀ ਭੋਗਦੇ ਹੋਏ ਪਰਲੋਕ



ਗਵਨ ਕਰ ਗਏ। ਉਹਨਾਂ ਦਾ ਪਿੰਡ ਅਜਨੋਹਾ ਵਿਖੇ ਧਾਰਮਿਕ ਰੀਤੀ ਰਿਵਾਜਾਂ ਨਾਲ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਇਸ ਮੌਕੇ ਉਨ੍ਹਾਂ ਦੇ ਭਤੀਜੇ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਮੇਰੇ ਚਾਚਾ ਸੰਤੋਖ ਸਿੰਘ ਰਿਟਾਇਰਡ ਪੀ ਆਰ ਟੀ ਸੀ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਸਹਿਜ ਪਾਠ ਜੀ ਦੀ ਭੋਗ ਗੁਰਦੁਆਰਾ ਅਕਾਲੀਆਂ ਪਿੰਡ ਅਜਨੋਹਾ ਵਿਖੇ 14 ਨਵੰਬਰ ਨੂੰ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਵੈਰਾਗਮਈ ਕੀਰਤਨ ਕੀਤਾ ਜਾਵੇਗਾ। ਇਸ ਮੌਕੇ ਜਥੇਦਾਰ ਹਰਵਿੰਦਰ ਸਿੰਘ ਖਾਲਸਾ ਨੇ ਦੱਸਿਆ ਕਿ 14 ਨਵੰਬਰ ਨੂੰ ਸੰਤੋਖ ਸਿੰਘ ਅਜਨੋਹਾ ਦੀ ਨਮਿਤ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ 1 ਤੋਂ 2 ਵਜੇ ਤੱਕ ਕੀਤੇ ਜਾਣਗੇ।

ਭਗਵਾਨ ਵਿਸ਼ਵਕਰਮਾ ਜੀ ਦੀਆਂ ਸਿੱਖਿਆਵਾਂ ਮਿਹਨਤ, ਹੁਨਰ ਤੇ ਸਿਰਜਣਾਤਮਕਤਾ ਦਾ ਸੰਦੇਸ਼ ਦਿੰਦੀਆਂ : ਸੌਂਦ



ਦੋਰਾਹਾ (ਹਰਮਿੰਦਰ ਸੇਠ)-ਪੰਜਾਬ ਦੇ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਤੇ ਪੰਚਾਇਤਾਂ ਅਤੇ ਬਿਜਲੀ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਭਗਵਾਨ ਵਿਸ਼ਵਕਰਮਾ ਜੀ ਦੇ ਪਾਵਨ ਦਿਹਾੜੇ ਮੌਕੇ ਸਮੂਹ ਸੂਬਾ ਵਾਸੀਆਂ ਨੂੰ ਹਾਰਦਿਕ ਸ਼ੁੱਭ-ਕਾਮਨਾਵਾਂ ਦਿੱਤੀਆਂ।ਉਨ੍ਹਾਂ ਭਗਵਾਨ ਵਿਸ਼ਵਕਰਮਾ ਜੀ ਦੇ ਚਰਨਾਂ ਵਿੱਚ ਨਤਮਸਤਕ ਹੁੰਦਿਆਂ ਸਾਰਿਆਂ ਦੇ ਜੀਵਨ ਵਿੱਚ ਸੁੱਖ, ਸ਼ਾਂਤੀ, ਖੁਸ਼ਹਾਲੀ ਤੇ ਸਮਰਿੱਧੀ ਦੀ ਕਾਮਨਾ ਕੀਤੀ।ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਭਗਵਾਨ ਵਿਸ਼ਵਕਰਮਾ ਜੀ ਸਿਰਜਣਾ, ਸ਼ਿਲਪਕਲਾ, ਵਾਸਤੂਕਲਾ, ਤਕਨਾਲੋਜੀ ਤੇ ਨਿਰਮਾਣ ਦੇ ਪ੍ਰਤੀਕ ਹਨ।ਉਨ੍ਹਾਂ ਨੂੰ ਸ੍ਰਿਸ਼ਟੀ ਦਾ ਮਹਾਨ ਸ਼ਿਲਪਕਾਰ ਮੰਨਿਆ ਜਾਂਦਾ ਹੈ।ਉਨ੍ਹਾਂ ਦੀਆਂ ਸਿੱਖਿਆਵਾਂ ਸਾਨੂੰ ਮਿਹਨਤ, ਇਮਾਨਦਾਰੀ, ਹੁਨਰ, ਅਨੁਸ਼ਾਸਨ ਤੇ ਸਮਰਪਣ ਨਾਲ ਆਪਣੇ ਕੰਮ ਕਰਨ ਦੀ ਪ੍ਰੇਰਨਾ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਕਿਸੇ ਵੀ ਦੇਸ਼ ਤੇ ਸੂਬੇ ਦੀ ਤਰੱਕੀ ਵਿੱਚ ਮਜ਼ਦੂਰਾਂ, ਕਾਰੀਗਰਾਂ, ਇੰਜੀਨੀਅਰਾਂ, ਤਕਨੀਕੀ ਮਾਹਿਰਾਂ ਤੇ ਮਿਹਨਤਕਸ਼ ਲੋਕਾਂ ਦੀ ਭੂਮਿਕਾ ਬੇਹੱਦ ਅਹਿਮ ਹੁੰਦੀ ਹੈ।ਸੜਕਾਂ, ਇਮਾਰਤਾਂ, ਉਦਯੋਗਾਂ, ਮਸ਼ੀਨਾਂ ਤੇ ਆਧੁਨਿਕ ਤਕਨਾਲੋਜੀ ਦੇ ਵਿਕਾਸ ਪਿੱਛੇ ਇਨ੍ਹਾਂ ਮਿਹਨਤਕਸ਼ ਲੋਕਾਂ ਦੀ ਅਣਥੱਕ ਮਿਹਨਤ ਤੇ ਹੁਨਰ ਹੁੰਦਾ ਹੈ।ਮੰਤਰੀ ਸੌਂਦ ਨੇ ਕਿਹਾ ਕਿ ਮਜ਼ਦੂਰ ਤੇ ਕਾਰੀਗਰ ਸਿਰਫ਼ ਆਪਣੇ ਪਰਿਵਾਰਾਂ ਦਾ ਪਾਲਣ-ਪੋਸ਼ਣ ਹੀ ਨਹੀਂ ਕਰਦੇ, ਸਗੋਂ ਆਪਣੀ ਮਿਹਨਤ ਨਾਲ ਦੇਸ਼ ਦੀ ਆਰਥਿਕ ਤੇ ਸਮਾਜਿਕ ਵਿਵਸਥਾ ਨੂੰ ਵੀ ਮਜ਼ਬੂਤੀ ਪ੍ਰਦਾਨ ਕਰਦੇ ਹਨ।ਸਮਾਜ ਦੇ ਹਰੇਕ ਵਰਗ ਨੂੰ ਉਨ੍ਹਾਂ ਦੀ ਮਿਹਨਤ, ਹੁਨਰ ਤੇ ਯੋਗਦਾਨ ਦਾ ਸਤਿਕਾਰ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਭਗਵਾਨ ਵਿਸ਼ਵਕਰਮਾ ਜੀ ਦਾ ਪਾਵਨ ਦਿਹਾੜਾ ਸਾਨੂੰ ਆਪਣੇ ਕੰਮ ਪ੍ਰਤੀ ਨਿਸ਼ਠਾਵਾਨ ਰਹਿਣ, ਮਿਹਨਤ ਦਾ ਸਤਿਕਾਰ ਕਰਨ ਤੇ ਨਵੀਂ ਤਕਨਾਲੋਜੀ ਤੇ ਹੁਨਰ ਨੂੰ ਅਪਨਾ ਕੇ ਅੱਗੇ ਵਧਣ ਦਾ ਸੰਦੇਸ਼ ਦਿੰਦਾ ਹੈ।ਅੰਤ ਵਿੱਚ ਉਨ੍ਹਾਂ ਕਾਮਨਾ ਕੀਤੀ ਕਿ ਭਗਵਾਨ ਵਿਸ਼ਵਕਰਮਾ ਜੀ ਦੀ ਅਪਾਰ ਕਿਰਪਾ ਸਮੂਹ ਪੰਜਾਬ ਵਾਸੀਆਂ 'ਤੇ ਬਣੀ ਰਹੇ ਤੇ ਹਰ ਮਿਹਨਤਕਸ਼ ਪਰਿਵਾਰ ਦੇ ਜੀਵਨ ਵਿੱਚ ਖੁਸ਼ਹਾਲੀ ਆਵੇ।

ਸਿੱਖਾਂ ਕੋਲੋਂ ਬੋਲਣ ਦੀ ਆਜ਼ਾਦੀ ਖੋਹਣਾ ਸਰਕਾਰ ਨੂੰ ਮਹਿੰਗਾ ਪਵੇਗਾ : ਬਾਪੂ ਤਰਸੇਮ ਸਿੰਘ



ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਤੇ ਕੇਂਦਰ ਸਰਕਾਰ ਜ਼ਮਹੂਰੀਅਤ ਦਾ ਘਾਣ ਕਰਕੇ ਸਿੱਖਾਂ ਨੂੰ ਹਰ ਮੁਹਾਜ਼ ਉੱਪਰ ਦਬਾਉਣ ਦੀਆਂ ਕੋਝੀਆਂ ਚਾਲਾਂ ਚੱਲ ਰਹੀ ਹੈ, ਜਿਸ ਨੇ ਸਾਬਿਤ ਕਰ ਦਿੱਤਾ ਹੈ ਕਿ ਭਾਰਤ ਵਿੱਚ ਘੱਟ ਗਿਣਤੀ ਕੌਮਾਂ ਨੂੰ ਉਨ੍ਹਾਂ ਦੇ ਬੁਨਿਆਦੀ ਹੱਕਾਂ ਤੋਂ ਵਾਂਝਾ ਰੱਖਿਆ ਜਾ ਰਿਹਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਅਕਾਲੀ ਦਲ ਵਾਰਿਸ ਪੰਜਾਬ ਦੇ ਕਾਰਜਕਾਰਨੀ ਪ੍ਰਧਾਨ ਬਾਪੂ ਤਰਸੇਮ ਸਿੰਘ ਨੇ ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਜੇਲ੍ਹ ਵਿੱਚ ਬੰਦ ਪਾਰਟੀ ਦੇ ਹਲਕਾ ਮੋਗਾ ਤੋਂ ਉਮੀਦਵਾਰ ਭਾਈ ਗੁਰਮੀਤ ਸਿੰਘ ਬੁੱਕਨਵਾਲਾ ਦੇ ਨਾਨੀ ਜੀ ਬੀਤੇ ਦਿਨੀਂ ਸਵਰਗਵਾਸ ਹੋ ਗਏ ਸਨ ਤੇ ਸ. ਬੁਕਨਵਾਲਾ ਜੇਲ੍ਹ ਵਿੱਚੋਂ ਪੈਰੋਲ 'ਤੇ ਉਨ੍ਹਾਂ ਦੇ ਭੋਗ ਸਮਾਗਮ ਵਿੱਚ ਜਦੋਂ ਸਰਹਾਲੀ ਵਿਖੇ ਹਿੱਸਾ ਲੈਣ ਲਈ ਆਏ ਤਾਂ ਪੰਜਾਬ ਪੁਲਸ ਨੇ ਉਨਾਂ ਨੂੰ ਨਾਨੀ ਮੁਖਤਿਆਰ ਕੌਰ ਨੂੰ ਬੋਲ ਕੇ ਸ਼ਰਧਾਂਜਲੀ ਦੇਣ ਤੋਂ ਵੀ ਰੋਕ ਰੱਖਿਆ।ਉਨ੍ਹਾਂ ਕਿਹਾ ਕਿ ਸਿੱਖਾਂ ਨੂੰ ਬੋਲਣ ਦੀ ਆਜ਼ਾਦੀ ਤੇ ਵਿਚਾਰਾਂ ਦੇ ਪ੍ਰਗਟਾਵੇ ਤੋਂ ਵਾਂਝਾ ਰੱਖ ਕੇ ਸਰਕਾਰਾਂ ਸਿੱਖਾਂ ਨੂੰ ਦਬਾਉਣਾ ਚਾਹੁੰਦੀਆਂ ਹਨ, ਜਿਸ ਨੂੰ ਕੋਈ ਵੀ ਜਮਹੂਰੀਅਤ ਪਸੰਦ ਜਥੇਬੰਦੀ ਬਰਦਾਸ਼ਤ ਨਹੀਂ ਕਰੇਗੀ।ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਾਂ ਨਾਲ ਧ੍ਰੋਹ ਕਮਾ ਕੇ ਆਪਣੇ ਦਿੱਲੀ ਬੈਠੇ ਆਕਾਵਾਂ ਨੂੰ ਖੁਸ਼ ਕਰ ਰਹੀ ਹੈ, ਪਰ ਮੁੱਖ ਮੰਤਰੀ ਭਗਵੰਤ ਮਾਨ ਨੂੰ ਇਹ ਗੱਲ ਚੰਗੀ ਤਰ੍ਹਾਂ ਸਮਝ ਲੈਣੀ ਚਾਹੀਦੀ ਹੈ ਕੇ ਆਮ ਆਦਮੀ ਪਾਰਟੀ ਦੇ ਦਿੱਲੀ ਬੈਠੇ ਆਗੂ ਉਨਾਂ ਨੂੰ ਇੱਕ ਕਠਪੁਤਲੀ ਮੁੱਖ ਮੰਤਰੀ ਸਮਝ ਰਹੇ ਹਨ ਤੇ ਸਮਾਂ ਆਉਣ 'ਤੇ ਉਹ ਉਨ੍ਹਾਂ ਨੂੰ ਦੁੱਧ ਵਿੱਚੋਂ ਮੱਖੀ ਵਾਂਗ ਕੱਢ ਕੇ ਬਾਹਰ ਮਾਰਨਗੇ।ਇਸ ਮੌਕੇ ਸਵਰਗੀ ਮੁਖਤਿਆਰ ਕੌਰ ਦੇ ਬੇਟੇ ਭਾਈ ਰਣਜੀਤ ਸਿੰਘ ਨਜ਼ਰਬੰਦ ਜੇਲ੍ਹ ਅੰਮ੍ਰਿਤਸਰ, ਦੋਹਤਾ ਭਾਈ ਗੁਰਮੀਤ ਸਿੰਘ ਬੁੱਕਣ ਵਾਲਾ, ਹਰਜਿੰਦਰ ਸਿੰਘ ਸੰਧੂ ਹਲਕਾ ਇੰਚਾਰਜ ਜੀਰਾ, ਤਰਨਦੀਪ ਸਿੰਘ ਸਿੰਘਾਂਵਾਲਾ, ਜਗਜਿੰਦਰ ਸਿੰਘ ਬੁੱਕਣਵਾਲਾ, ਅਮਰਜੀਤ ਸਿੰਘ ਸਿੰਘ ਲੰਢੇਕੇ, ਮਾਸਟਰ ਗੁਰਜੀਤ ਸਿੰਘ ਕਿਸਾਨ ਯੂਨੀਅਨ ਆਗੂ ਤੇ ਕਾਬਲ ਸਿੰਘ ਸਰਕਲ ਪ੍ਰਧਾਨ ਮੱਖੂ ਆਦਿ ਆਗੂ ਹਾਜ਼ਰ ਸਨ।

ਭੁਪਾਲ ਵਿਖੇ ਵਿਸ਼ਵਕਰਮਾ ਤੇ ਬੰਦੀ ਛੋੜ ਦਿਵਸ ਧੂਮਧਾਮ ਨਾਲ ਮਨਾਇਆ



ਮਾਨਸਾ (ਆਤਮਾ ਸਿੰਘ ਪਮਾਰ)-ਮਾਨਸਾ ਨੇੜਲੇ ਪਿੰਡ ਭੁਪਾਲ ਕਲਾਂ ਵਿਖੇ ਬਾਬਾ ਵਿਸ਼ਵਕਰਮਾ ਕਮੇਟੀ ਵੱਲੋਂ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਬਾਬਾ ਵਿਸ਼ਵਕਰਮਾ ਜੀ ਦਾ ਅਵਤਾਰ ਦਿਹਾੜਾ ਤੇ ਬੰਦੀ ਛੋੜ ਦਿਵਸ ਗੁਰਦੁਆਰਾ ਪਾਤਸ਼ਾਹੀ ਨੌਵੀਂ ਪਿੰਡ ਭੁਪਾਲ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਸ੍ਰੀ ਅਖੰਡ ਪਾਠ ਦੇ ਭੋਗਾਂ ਉਪਰੰਤ ਭਾਈ ਕੌਰ ਸਿੰਘ ਕੋਟਲੀ ਨੇ ਕਥਾ ਰਾਹੀਂ ਸੰਗਤਾਂ ਤੇ ਬੱਚਿਆਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਗੁਰੂ ਦੇ ਲੜ ਲਗਾਉਣ ਲਈ ਪ੍ਰੇਰਿਤ ਕੀਤਾ। ਸਮਾਗਮ ਦੌਰਾਨ ਮਾਨਸਾ ਤੋਂ ਵਿਧਾਇਕ ਡਾ. ਵਿਜੈ ਸਿੰਗਲਾ, ਸਾਬਕਾ ਵਿਧਾਇਕ ਨਾਜ਼ਰ ਸਿੰਘ ਮਾਨਸ਼ਾਹੀਆਂ ਭਾਜਪਾ ਆਗੂ, ਮੰਗਤ ਰਾਏ ਬਾਂਸਲ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਪ੍ਰੇਮ ਕੁਮਾਰ ਅਰੋੜਾ, ਲਿਬਰੇਸ਼ਨ ਦੇ ਕਾਮਰੇਡ ਸੁਰਿੰਦਰ ਕੁਮਾਰ ਸ਼ਰਮਾ, ਕਾਮਰੇਡ ਗੁਰਸੇਵਕ ਸਿੰਘ, ਕਾਮਰੇਡ ਬੂਟਾ ਸਿੰਘ, ਸਨਾਵਰ ਸਕੂਲ ਤੋਂ ਬਲਜੀਤ ਸਿੰਘ ਬੱਲੀ, ਆਦਰਸ਼ ਸਕੂਲ ਤੋਂ ਅਮਨਦੀਪ ਸਿੰਘ ਚਹਿਲ ਨੇ ਅੱਜ ਦੇ ਸੋਸ਼ਲ ਮੀਡੀਆ ਦੇ ਯੁੱਗ 'ਚ ਮੋਬਾਇਲ ਦੀ ਦੁਰਵਰਤੋਂ ਕਰਨ ਵਾਲੇ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਦਾ ਧਿਆਨ ਰੱਖਣ ਕਿ ਕਿਤੇ ਮੋਬਾਇਲ ਦੀ ਗਲਤ ਵਰਤੋਂ ਤਾਂ ਨਹੀਂ ਕਰ ਰਹੇ।ਇਸ ਮੌਕੇ ਸੁਸਾਇਟੀ ਦੇ ਸਰਪ੍ਰਸਤ ਮਿਸਤਰੀ ਦੇਵ ਸਿੰਘ, ਪ੍ਰਧਾਨ ਬਲਵਿੰਦਰ ਸਿੰਘ ਭੁਪਾਲ, ਮੀਤ ਪ੍ਰਧਾਨ ਚਮਕੌਰ ਸਿੰਘ, ਸਕੱਤਰ ਦਰਸ਼ਨ ਸਿੰਘ, ਖਜ਼ਾਨਚੀ ਬੂਟਾ ਸਿੰਘ ਪੰਚ, ਮੈਂਬਰ ਧੰਨਾ ਸਿੰਘ, ਸੇਵਕ ਸਿੰਘ, ਹਰਦੇਵ ਸਿੰਘ, ਨਛੱਤਰ ਸਿੰਘ, ਗੁਰਜੰਟ ਸਿੰਘ ਮੈਂਬਰ, ਬੰਟੀ ਸਿੰਘ, ਮਨਪ੍ਰੀਤ ਸਿੰਘ, ਗੁਰਦੀਪ ਸਿੰਘ, ਗੋਗੀ ਸਿੰਘ, ਸ਼ਹੀਦ ਭਗਤ ਸਿੰਘ ਕਲੱਬ ਦੇ ਪ੍ਰਧਾਨ ਬਖਸ਼ੀਸ਼ ਸਿੰਘ, ਸੀਰਾ ਸਿੰਘ, ਸਰਪੰਚ ਗੁਰਜੀਤ ਕੌਰ, ਮੈਂਬਰ ਹੰਸਾ ਸਿੰਘ, ਗੁਰਜੰਟ ਸਿੰਘ, ਦੇਸਾ ਸਿੰਘ ਆਦਿ ਹਾਜ਼ਰ ਸਨ।

ਸਰਬੱਤ ਦਾ ਭਲਾ ਟਰੱਸਟ ਨੇ ਬੱਚਿਆਂ ਨੂੰ ਸਟੇਸ਼ਨਰੀ ਤੇ ਫਲ ਵੰਡੇ

ਟਰੱਸਟ ਵੱਲੋਂ ਕੀਤੀਆਂ ਜਾ ਰਹੀਆਂ ਸੇਵਾਵਾਂ ਬਹੁਤ ਹੀ ਸ਼ਲਾਘਾਯੋਗ : ਮਨਜਿੰਦਰ ਮਿੰਟੂ



ਮੱਖੂ (ਰਛਪਾਲ ਸਿੰਘ ਸੰਧੂ)-ਸਮਾਜ ਸੇਵੀ ਸੰਸਥਾ ਸਰਬੱਤ ਦਾ ਭਲਾ ਟਰੱਸਟ ਵੱਲੋਂ ਦੀਵਾਲੀ ਮੌਕੇ ਟਰੱਸਟ ਦੀ ਫਿਰੋਜ਼ਪੁਰ ਯੂਨਿਟ ਵੱਲੋਂ ਮੱਖੂ ਵਿਖੇ ਟਰੱਸਟ ਦੇ ਮੁਖੀ ਡਾ. ਐੱਸ. ਪੀ. ਸਿੰਘ ਓਬਰਾਏ ਤੇ ਕੌਮੀ ਪ੍ਰਧਾਨ ਜੱਸਾ ਸਿੰਘ ਸੰਧੂ ਦੀ ਯੋਗ ਅਗਵਾਈ ਵਿੱਚ ਕਰਵਾਏ ਗਏ ਪ੍ਰੋਗਰਾਮ ਵਿੱਚ ਕੌਂਸਲਰ ਗਗਨਦੀਪ ਕੌਰ ਤੇ ਗੋਲਡਨ ਐਜੂਕੇਸ਼ਨ ਦੇ ਡਾਇਰੈਕਟਰ ਮਨਜਿੰਦਰ ਸਿੰਘ ਮਿੰਟੂ ਵਿਸ਼ੇਸ਼ ਤੌਰ 'ਤੇ ਪੁੱਜੇ ਅਤੇ ਉਨ੍ਹਾਂ ਸੰਸਥਾ ਵੱਲੋਂ ਕੀਤੇ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਬੱਚਿਆਂ ਨੂੰ ਦੀਵਾਲੀ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।ਸੰਸਥਾ ਵੱਲੋਂ ਦੀਵਾਲੀ ਦਾ ਤਿਉਹਾਰ ਲੋੜਵੰਦ ਪਰਵਾਰਾਂ ਦੇ ਬੱਚਿਆਂ ਨੂੰ ਸਕੂਲ ਬੈਗ, ਕਾਪੀਆਂ, ਪਿੰਨ, ਪੈਨਸਲਾਂ ਤੇ ਫਲ ਵੰਡ ਕੇ ਮਨਾਇਆ ਗਿਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ, ਮੀਤ ਪ੍ਰਧਾਨ ਪ੍ਰਧਾਨ ਦਵਿੰਦਰ ਸਿੰਘ ਛਾਬੜਾ ਨੇ ਆਪਣੇ ਸੰਬੋਧਨ ਦੌਰਾਨ ਸਭ ਨੂੰ ਪਵਿੱਤਰ ਤਿਉਹਾਰ ਦੀਵਾਲੀ ਤੇ ਬੰਦੀ ਛੋੜ ਦਿਵਸ ਦੀਆਂ ਵਧਾਈਆਂ ਦਿੱਤੀਆਂ ਅਤੇ ਆਏ ਹੋਏ ਮਹਿਮਾਨਾਂ ਦਾ ਪਹੁੰਚਣ 'ਤੇ ਧੰਨਵਾਦ ਕੀਤਾ ਗਿਆ ਅਤੇ ਰਿੰਕੂ ਤੇ ਕੁਲਦੀਪ ਸਿੰਘ ਜੋਗੇ ਵਾਲਾ ਦਾ ਸਹਿਯੋਗ ਲਈ ਧੰਨਵਾਦ ਕੀਤਾ।ਇਸ ਮੌਕੇ ਮਨਮੀਤ ਸਿੰਘ (ਐੱਮ ਐੱਸ ਵੀਜ਼ਾ ਹੱਬ), ਹਾਕਮ ਸਿੰਘ ਬੈਟਰੀਆਂ ਵਾਲੇ, ਡਾ. ਮਲਕੀਤ ਸਿੰਘ, ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ, ਮੈਂਬਰ ਕਿਰਨ ਪੇਂਟਰ, ਕੰਪਿਊਟਰ ਟੀਚਰ ਮਨਪ੍ਰੀਤ ਸਿੰਘ, ਸੰਜੀਵ ਕੰਧਾਰੀ ਸਮੇਤ ਹੋਰ ਪਤਵੰਤੇ ਮੌਜੂਦ ਸਨ।

ਭਗਵਾਨ ਵਿਸ਼ਵਕਰਮਾ ਜੀ ਦੇ ਦਿਖਾਏ ਮਾਰਗ 'ਤੇ ਚੱਲਣ ਦੀ ਲੋੜ : ਇੰਦਰਜੀਤ ਸੰਧੂ



ਸਨੌਰ (ਰਾਜਿੰਦਰ ਸਿੰਘ ਥਿੰਦ)-ਪਵਿੱਤਰ ਵਿਸ਼ਵਕਰਮਾ ਦਿਵਸ ਦੇ ਸ਼ੁਭ ਮੌਕੇ 'ਤੇ ਹਲਕਾ ਸਨੌਰ ਤੋਂ ਇੰਦਰਜੀਤ ਸਿੰਘ ਸੰਧੂ ਵਾਈਸ ਚੇਅਰਮੈਨ ਪੰਜਾਬ ਸਟੇਟ ਕਨਵੇਅਰ ਨੇ ਮੁਹੱਲਾ ਖੇੜੇ ਵਾਲਾ ਚੌਕ ਤੇ ਬੱਸ ਸਟੈਂਡ ਸਨੌਰ ਵਿਖੇ ਸਥਾਪਤ ਭਗਵਾਨ ਵਿਸ਼ਵਕਰਮਾ ਮੰਦਰ ਵਿਖੇ ਨਤਮਸਤਕ ਹੋ ਕੇ ਭਗਵਾਨ ਵਿਸ਼ਵਕਰਮਾ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਉਨ੍ਹਾ ਕਸਬਾ ਸਨੌਰ ਦੀ ਸੁੱਖ-ਸ਼ਾਂਤੀ, ਤਰੱਕੀ ਤੇ ਸਰਬਪੱਖੀ ਖੁਸ਼ਹਾਲੀ ਲਈ ਅਰਦਾਸ ਕੀਤੀ।ਇਸ ਮੌਕੇ ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਭਗਵਾਨ ਵਿਸ਼ਵਕਰਮਾ ਜੀ ਨੂੰ ਸਿਰਜਣਾ, ਕਲਾ, ਹੁਨਰ, ਤਕਨੀਕ ਤੇ ਮਿਹਨਤ ਦੇ ਪ੍ਰਤੀਕ ਵਜੋਂ ਪੂਜਿਆ ਜਾਂਦਾ ਹੈ।ਉਨ੍ਹਾਂ ਨੂੰ ਦੇਵਤਿਆਂ ਦੇ ਸ਼ਿਲਪਕਾਰ ਵਜੋਂ ਵੀ ਜਾਣਿਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਵਿਸ਼ਵਕਰਮਾ ਦਿਵਸ ਸਾਨੂੰ ਆਪਣੇ ਕੰਮ, ਕਿੱਤੇ ਤੇ ਹੁਨਰ ਪ੍ਰਤੀ ਸਮਰਪਿਤ ਰਹਿਣ ਦੇ ਨਾਲ-ਨਾਲ ਮਿਹਨਤ ਤੇ ਇਮਾਨਦਾਰੀ ਦੇ ਰਾਹ 'ਤੇ ਚੱਲਣ ਦਾ ਸੰਦੇਸ਼ ਦਿੰਦਾ ਹੈ।ਉਨ੍ਹਾਂ ਕਿਹਾ ਕਿ ਭਗਵਾਨ ਵਿਸ਼ਵਕਰਮਾ ਜੀ ਦੀਆਂ ਸਿੱਖਿਆਵਾਂ ਹਰ ਵਰਗ ਦੇ ਲੋਕਾਂ ਲਈ ਪ੍ਰੇਰਨਾਦਾਇਕ ਹਨ।ਖ਼ਾਸ ਕਰਕੇ ਕਿਰਤੀ ਵਰਗ, ਕਾਰੀਗਰਾਂ, ਮਜ਼ਦੂਰਾਂ ਤੇ ਤਕਨੀਕੀ ਕੰਮਾਂ ਨਾਲ ਜੁੜੇ ਲੋਕਾਂ ਲਈ ਇਹ ਦਿਹਾੜਾ ਵਿਸ਼ੇਸ਼ ਮਹੱਤਵ ਰੱਖਦਾ ਹੈ।ਕਿਸੇ ਵੀ ਸਮਾਜ ਤੇ ਦੇਸ਼ ਦੀ ਤਰੱਕੀ ਵਿੱਚ ਮਿਹਨਤਕਸ਼ ਲੋਕਾਂ ਦਾ ਅਹਿਮ ਯੋਗਦਾਨ ਹੁੰਦਾ ਹੈ। ਇੰਦਰਜੀਤ ਸਿੰਘ ਸੰਧੂ ਨੇ ਅੱਗੇ ਕਿਹਾ ਕਿ ਅਜਿਹੇ ਧਾਰਮਿਕ ਤੇ ਸੱਭਿਆਚਾਰਕ ਦਿਹਾੜੇ ਸਾਡੀ ਅਮੀਰ ਵਿਰਾਸਤ ਤੇ ਰਵਾਇਤਾਂ ਨੂੰ ਸੰਭਾਲਣ ਦੇ ਨਾਲ-ਨਾਲ ਆਪਸੀ ਭਾਈਚਾਰਕ ਸਾਂਝ, ਪਿਆਰ ਤੇ ਸਦਭਾਵਨਾ ਨੂੰ ਮਜ਼ਬੂਤ ਕਰਦੇ ਹਨ।ਇਸ ਮੌਕੇ ਵਿਵਸ਼ਕਰਮਾ ਮੰਦਿਰ ਸਨੌਰ ਬੱਸ ਸਟੈਂਡ ਦੇ ਪ੍ਰਧਾਨ ਜਗਦੀਸ਼, ਖੇੜਾ ਵਾਲਾ ਮੁਹੱਲਾ ਸਨੌਰ ਕਮੇਟੀ ਦੇ ਪ੍ਰਧਾਨ ਗੁਰਜੀਤ ਸਿੰਘ ਲੀਲਾ, ਅਮਰ ਅਲੀ, ਮਨਪ੍ਰੀਤ ਸੰਧੂ ਤੇ ਹੋਰ ਮੌਜੂਦ ਸਨ।

ਪਰਾਲੀ ਸਾੜਨ ਦੇ ਮਾਮਲੇ 'ਚ ਕਿਸਾਨਾਂ 'ਤੇ ਦਰਜ ਪਰਚੇ ਤੇ ਜੁਰਮਾਨੇ ਰੱਦ ਕਰੇ ਸਰਕਾਰ : ਭਾਕਿਯੂ ਉਗਰਾਹਾਂ

ਸੰਘਰੇੜੀ ਵਿਖੇ ਏਕਤਾ ਉਗਰਾਹਾਂ ਵੱਲੋਂ ਪੁਲਸ ਪ੍ਰਸ਼ਾਸਨ ਦਾ ਘਰਾਓ, ਮੰਗਾਂ ਨਾ ਮੰਨਣ 'ਤੇ ਤਿੱਖੇ ਸੰਘਰਸ਼ ਦੀ ਚਿਤਾਵਨੀ



ਭਵਾਨੀਗੜ੍ਹ (ਰਾਜ ਖੁਰਮੀ)

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਅਗਵਾਈ ਹੇਠ ਪਿੰਡ ਸੰਘਰੇੜੀ ਵਿਖੇ ਕਿਸਾਨਾਂ ਵਿਰੁੱਧ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਦਰਜ ਕੀਤੇ ਜਾ ਰਹੇ ਪੁਲਸ ਕੇਸਾਂ ਤੇ ਕੀਤੇ ਜਾ ਰਹੇ ਜੁਰਮਾਨਿਆਂ ਦੇ ਵਿਰੋਧ ਵਿੱਚ ਪੁਲਸ ਪ੍ਰਸ਼ਾਸਨ ਦੇ ਅਧਿਕਾਰੀਆਂ ਦਾ ਘੇਰਾਓ ਕੀਤਾ ਗਿਆ।ਇਸ ਮੌਕੇ ਜਥੇਬੰਦੀ ਦੇ ਆਗੂਆਂ ਨੇ ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਖ਼ਿਲਾਫ਼ ਰੋਸ ਜ਼ਾਹਰ ਕਰਦਿਆਂ ਕਿਸਾਨਾਂ 'ਤੇ ਦਰਜ ਕੀਤੇ ਕੇਸ ਤੇ ਲਗਾਏ ਜੁਰਮਾਨੇ ਤੁਰੰਤ ਰੱਦ ਕਰਨ ਦੀ ਮੰਗ ਕੀਤੀ।ਇਸ ਦੌਰਾਨ ਬਲਾਕ ਭਵਾਨੀਗੜ੍ਹ ਦੇ ਪ੍ਰਧਾਨ ਕਸ਼ਮੀਰ ਸਿੰਘ ਆਲੋਅਰਖ, ਬਲਾਕ ਸੰਗਰੂਰ ਦੇ ਜਨਰਲ ਸਕੱਤਰ ਰਘਵੀਰ ਸਿੰਘ ਘਰਾਚੋਂ ਤੇ ਬਲਾਕ ਦੇ ਸੀਨੀਅਰ ਮੀਤ ਪ੍ਰਧਾਨ ਹਰਜਿੰਦਰ ਸਿੰਘ ਘਰਾਚੋਂ ਸਮੇਤ ਹੋਰਨਾਂ ਆਗੂਆਂ ਨੇ ਕਿਹਾ ਕਿ ਪੁਲਸ ਦੀਆਂ ਟੀਮਾਂ ਖੇਤਾਂ ਵਿੱਚ ਗੇੜੇ ਮਾਰ ਕੇ ਕਣਕ ਦੀ ਬਿਜਾਈ ਕਰ ਰਹੇ ਕਿਸਾਨਾਂ 'ਤੇ ਪਰਾਲੀ ਸਾੜਨ ਦੇ ਦੋਸ਼ ਹੇਠ ਕੇਸ ਦਰਜ ਕਰ ਰਹੀਆਂ ਹਨ ਤੇ ਭਾਰੀ ਜੁਰਮਾਨੇ ਕੀਤੇ ਜਾ ਰਹੇ ਹਨ, ਜਿਸ ਕਾਰਨ ਕਿਸਾਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਅਜੇ ਤੱਕ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਕੋਈ ਢੁੱਕਵਾਂ ਤੇ ਸਥਾਈ ਹੱਲ ਨਹੀਂ ਕੀਤਾ ਗਿਆ।ਅਜਿਹੇ ਹਾਲਾਤ ਵਿੱਚ ਕਿਸਾਨਾਂ ਨੂੰ ਝੋਨੇ ਦੀ ਰਹਿੰਦ-ਖੂੰਹਦ ਦੇ ਨਿਪਟਾਰੇ ਲਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਇੱਕ ਪਾਸੇ ਕਿਸਾਨ ਆਪਣੀ ਫ਼ਸਲ ਵੇਚਣ ਲਈ ਮੰਡੀਆਂ ਵਿੱਚ ਖੱਜਲ-ਖੁਆਰ ਹੋ ਰਹੇ ਹਨ ਤੇ ਉਨ੍ਹਾਂ ਦੀ ਫ਼ਸਲ ਦੀ ਸਮੇਂ ਸਿਰ ਚੁਕਾਈ ਨਹੀਂ ਹੋ ਰਹੀ, ਜਦਕਿ ਦੂਜੇ ਪਾਸੇ ਕਰਜ਼ੇ ਦੀ ਮਾਰ ਝੱਲ ਰਹੇ ਕਿਸਾਨਾਂ ਉੱਪਰ ਪਰਾਲੀ ਦੇ ਕੇਸ ਦਰਜ ਕਰਕੇ ਮੋਟੇ ਜੁਰਮਾਨੇ ਲਗਾਏ ਜਾ ਰਹੇ ਹਨ।ਆਗੂਆਂ ਨੇ ਕਿਹਾ ਕਿ ਸਰਕਾਰ ਦੀਆਂ ਅਜਿਹੀਆਂ ਨੀਤੀਆਂ ਕਿਸਾਨਾਂ ਲਈ ਹੋਰ ਮੁਸ਼ਕਲਾਂ ਪੈਦਾ ਕਰ ਰਹੀਆਂ ਹਨ।ਉਨ੍ਹਾਂ ਮੰਗ ਕੀਤੀ ਕਿ ਕਿਸਾਨਾਂ ਖ਼ਿਲਾਫ਼ ਦਰਜ ਕੀਤੇ ਪਰਾਲੀ ਸਾੜਨ ਦੇ ਕੇਸ ਤੇ ਲਗਾਏ ਜੁਰਮਾਨੇ ਤੁਰੰਤ ਵਾਪਸ ਲਏ ਜਾਣ ਅਤੇ ਪਰਾਲੀ ਦੇ ਪ੍ਰਬੰਧਨ ਲਈ ਕਿਸਾਨਾਂ ਨੂੰ ਢੁੱਕਵੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ।ਕਿਸਾਨ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਪੰਜਾਬ ਸਰਕਾਰ ਨੇ ਕਿਸਾਨ ਵਿਰੋਧੀ ਫ਼ੈਸਲੇ ਵਾਪਸ ਨਾ ਲਏ ਤਾਂ ਆਉਣ ਵਾਲੇ ਦਿਨਾਂ ਵਿੱਚ ਜਥੇਬੰਦੀ ਵੱਲੋਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਸਰਕਾਰ ਤੇ ਪ੍ਰਸ਼ਾਸਨ ਦੀ ਹੋਵੇਗੀ।

ਸਾਲਾਨਾ ਗੁਰਮਤਿ ਸਮਾਗਮ 28, 29 ਨੂੰ

ਭੀਖੀ (ਧਰਮਵੀਰ ਸ਼ਰਮਾ)-ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਸਾਲਾਨਾ ਮਹਾਨ ਗੁਰਮਤਿ ਸਮਾਗਮ ਤੇ ਜੋੜ ਮੇਲਾ 28 ਤੇ 29 ਨਵੰਬਰ ਨੂੰ ਸਿੱਖ ਵਿਰਸਾ ਦਲ ਪੰਜਾਬ ਦੇ ਸਹਿਯੋਗ ਨਾਲ ਖਾਲਸਾ ਫਾਰਮ ਭੀਖੀ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਹਰਜਿੰਦਰ ਸਿੰਘ ਨੇ ਦੱਸਿਆ ਕਿ 28 ਨਵੰਬਰ ਨੂੰ ਲੜਕੇ ਤੇ ਲੜਕੀਆਂ ਦੇ ਗੁਰਮਤਿ ਮੁਕਾਬਲੇ ਤੇ ਲੜਕੀਆਂ ਦੇ ਦੁਮਾਲੇ ਮੁਕਾਬਲੇ ਕਰਵਾਏ ਜਾਣਗੇ, ਜਿਸ ਦੇ ਜੇਤੂਆਂ ਨੂੰ ਆਕਰਸ਼ਕ ਇਨਾਮ ਦਿੱਤੇ ਜਾਣਗੇ। 29 ਨਵੰਬਰ ਨੂੰ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ ਤੇ ਅੰਮ੍ਰਿਤਪਾਨ ਕਰਨ ਵਾਲੇ ਪ੍ਰਾਣੀਆਂ ਨੂੰ ਮੁਫਤ ਕਕਾਰ ਦਿੱਤੇ ਜਾਣਗੇ। ਉਨਾਂ ਦੱਸਿਆ ਕਿ ਸਮਾਗਮ ਦੌਰਾਨ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਜਾਵੇਗਾ।



ਗੁਰਪੁਰਬ, ਕ੍ਰਿਸਮਿਸ ਤੇ ਨਵੇਂ ਸਾਲ ਵਾਲੇ ਦਿਨ ਪਟਾਕੇ ਚਲਾਉਣ ਦਾ ਸਮਾਂ ਨਿਰਧਾਰਤ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)

ਮਾਨਯੋਗ ਸੁਪਰੀਮ ਕੋਰਟ ਤੇ ਨੈਸ਼ਨਲ ਗਰੀਨ ਟ੍ਰਿਬਿਊਨਲ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਵਧੀਕ ਜ਼ਿਲ੍ਹਾ ਮੈਜਿਸਟਰੇਟ ਸ੍ਰੀ ਡੈਵੀ ਗੋਇਲ ਨੇ ਭਾਰਤੀਯ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹੇ ਦੀ ਹਦੂਦ ਅੰਦਰ ਗੁਰਪੁਰਬ, ਕ੍ਰਿਸਮਿਸ ਤੇ ਨਵੇਂ ਸਾਲ ਵਾਲੇ ਦਿਨ ਪਟਾਕੇ ਚਲਾਉਣ ਦਾ ਸਮਾਂ ਨਿਰਧਾਰਤ ਕੀਤਾ ਹੈ।ਹੁਕਮਾਂ ਅਨੁਸਾਰ 24 ਨਵੰਬਰ 2026 ਨੂੰ ਗੁਰਪੁਰਬ ਵਾਲੇ ਦਿਨ ਸਵੇਰੇ 4.00 ਵਜੇ ਤੋਂ ਸਵੇਰੇ 5.00 ਵਜੇ ਤੱਕ ਤੇ ਰਾਤ 9.00 ਵਜੇ ਤੋਂ 10.00 ਵਜੇ ਤੱਕ ਪਟਾਕੇ ਚਲਾਏ ਜਾ ਸਕਦੇ ਹਨ।ਇਸ ਤਰ੍ਹਾਂ ਹੀ ਕ੍ਰਿਸਮਿਸ ਦਿਹਾੜੇ 'ਤੇ 25-26 ਦਸੰਬਰ 2026 ਨੂੰ ਰਾਤ 11.55 ਵਜੇ ਤੋਂ ਸਵੇਰੇ 12.30 (ਅੱਧੀ ਰਾਤ) ਤੱਕ ਪਟਾਕੇ ਚਲਾਉਣ ਦਾ ਸਮਾਂ ਨਿਰਧਾਰਤ ਕੀਤਾ ਗਿਆ ਹੈ ਤੇ 31 ਦਸੰਬਰ 2026 (ਸਾਲ ਦੀ ਸਮਾਪਤੀ) ਤੇ 01 ਜਨਵਰੀ 2027 ਨੂੰ (ਨਵੇਂ ਸਾਲ ਦੀ ਸ਼ੁਰੂਆਤ) 'ਤੇ ਰਾਤ 11.55 ਵਜੇ ਤੋਂ ਸਵੇਰੇ 12.30 ਵਜੇ ਤੱਕ ਪਟਾਕੇ ਚਲਾਉਣ ਦਾ ਸਮਾਂ ਨਿਰਧਾਰਤ ਕੀਤਾ ਗਿਆ ਹੈ।ਵਧੀਕ ਜ਼ਿਲ੍ਹਾ ਮੈਜਿਸਟਰੇਟ ਦੇ ਹੁਕਮਾਂ ਅਨੁਸਾਰ ਪਟਾਕੇ ਨਿਰਧਾਰਤ ਸਮੇਂ ਅਨੁਸਾਰ ਹੀ ਚਲਾਏ ਜਾਣ ਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਬੰਦੀ ਛੋੜ ਦਿਵਸ ਮੌਕੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਵੱਡੀ ਗਿਣਤੀ 'ਚ ਸੰਗਤਾਂ ਹੋਈਆਂ ਨਤਮਸਤਕ

ਪਟਿਆਲਾ (ਰਾਜਿੰਦਰ ਸਿੰਘ ਥਿੰਦ)



ਨੌਵੇਂ ਪਾਤਸ਼ਾਹ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਦੀਵਾਲੀ ਤੇ ਬੰਦੀ ਛੋੜ ਦਿਵਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਗੁਰੂ ਘਰ ਨਤਮਸਤਕ ਹੋਈਆਂ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਗੁਰਮਤਿ ਸਮਾਗਮ ਦੌਰਾਨ ਪਾਏ ਗਏ ਤੇ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕਰਦਿਆਂ ਸੰਗਤਾਂ ਨੂੰ ਵਧਾਈ ਦਿੰਦਿਆਂ ਸਿੱਖ ਇਤਿਹਾਸ ਅੰਦਰ ਬੰਦੀ ਛੋੜ ਦਿਵਸ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ।ਤੜਕਸਵੇਰੇ ਕਵਾੜ ਖੁੱਲ੍ਹਣ ਮਗਰੋਂ ਗੁਰੂ ਸਾਹਿਬ ਦੇ ਦਰਬਾਰ ਵਿਖੇ ਸੰਗਤ ਵੱਡੀ ਗਿਣਤੀ ਵਿੱਚ ਨਤਮਸਕ ਹੋਈ।ਬੰਦੀ ਛੋੜ ਦਿਵਸ ਮੌਕੇ ਸੰਗਤਾਂ ਨੇ ਪਵਿੱਤਰ ਸਰੋਵਰ ਦੇ ਆਲੇ ਦੁਆਲੇ ਮੋਮਬੱਤੀਆਂ ਜਗਾ ਕੇ ਜਿੱਥੇ ਗੁਰੂ ਸਾਹਿਬ ਪ੍ਰਤੀ ਆਪਣਾ ਆਸਥਾ ਦਾ ਪ੍ਰਗਟਾਵਾ ਕੀਤਾ ਗਿਆ, ਉਥੇ ਹੀ ਗੁਰਦੁਆਰਾ ਸਾਹਿਬ ਵਿਖੇ ਕੀਤੀ ਗਈ ਦੀਪਮਾਲਾ ਵੀ ਸੰਗਤਾਂ ਵਿੱਚ ਖਿੱਚ ਦਾ ਕੇਂਦਰ ਬਣੀ ਰਹੀ। ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿੱਚ ਸੰਗਤਾਂ ਨੂੰ ਬੰਦੀ ਛੋੜ ਦਿਵਸ ਦੀ ਵਧਾਈ ਦਿੰਦਿਆਂ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਇਤਿਹਾਸਕ ਪੱਖ ਤੋਂ ਦੱਸਿਆ ਕਿ ਕਿਸ ਤਰ੍ਹਾਂ ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਹਰਗੋਬਿੰਦ ਸਾਹਿਬ ਪਾਤਸ਼ਾਹ ਨੇ ਇਸ ਦਿਨ 52 ਰਾਜਿਆਂ ਨੂੰ ਗਵਾਲੀਅਰ ਦੇ ਕਿਲ੍ਹੇ ਵਿੱਚੋਂ ਰਿਹਾਅ ਕਰਵਾਇਆ।ਗੁਰੂ ਸਾਹਿਬ ਗਵਾਲੀਅਰ ਦੇ ਕਿਲ੍ਹੇ ਵਿੱਚੋਂ ਰਿਹਾਅ ਹੋ ਕੇ ਸੱਚਖੰਡ ਸ੍ਰੀ ਹਰਮਿੰਦਰ ਸਾਹਿਬ ਪੁੱਜੇ, ਜਿਨ੍ਹਾਂ ਦੇ ਰਿਹਾਅ ਹੋ ਕੇ ਆਉਣ ਦੀ ਖੁਸ਼ੀ ਵਿੱਚ ਪਹਿਲੇ ਹੈੱਡ ਗ੍ਰੰਥੀ ਬਾਬਾ ਬੁੱਢਾ ਜੀ ਤੇ ਸੰਗਤਾਂ ਨੇ ਗੁਰੂ ਘਰ ਵਿਖੇ ਦੀਪਮਾਲਾ ਕਰਵਾਈ, ਜਿਸ ਕਰਕੇ ਇਸ ਦਿਨ ਨੂੰ ਬੰਦੀ ਛੋੜ ਦਿਵਸ ਕਰਕੇ ਮਨਾਇਆ ਜਾਂਦਾ ਹੈ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਮੈਨੇਜਰ ਭਾਗ ਸਿੰਘ ਨੇ ਪੁੱਜੀਆਂ ਸ਼ਖ਼ਸੀਅਤਾਂ ਨੂੰ ਸਿਰੋਪਾਓ ਭੇਟ ਕੀਤਾ ਤੇ ਪੁੱਜੀਆਂ ਸੰਗਤਾਂ ਦਾ ਧੰਨਵਾਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਐਡੀਸ਼ਨਲ ਮੈਨੇਜਰ ਮਨਦੀਪ ਸਿੰਘ ਭਲਵਾਨ, ਮੀਤ ਮੈਨੇਜਰ ਮਨਜੀਤ ਸਿੰਘ, ਨਵਜਿੰਦਰ ਸਿੰਘ, ਅਕਾਊਂਟੈਂਟ ਗੁਰਮੀਤ ਸਿੰਘ, ਰਿਕਾਰਡ ਕੀਪਰ ਹਰਵਿੰਦਰ ਸਿੰਘ ਕਾਹਲਵਾਂ, ਭਾਈ ਹਜ਼ੂਰ ਸਿੰਘ, ਭਾਈ ਸੁਖਦੇਵ ਸਿੰਘ ਕਾਹਲਵਾਂ ਸਮੇਤ ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਸਟਾਫ ਮੈਂਬਰ ਆਦਿ ਵੀ ਪੁੱਜੇ ਸਨ।

ਆਪਣੇ ਹੱਕਾਂ ਲਈ ਆਵਾਜ਼ ਉਠਾਉਣ ਲੋਕ : ਸੰਜੀਵ ਬਬਲਾ

- ਆਰ ਟੀ ਆਈ ਤੇ ਜਾਇਜ਼ ਸ਼ਿਕਾਇਤਾਂ ਲਈ ਸਹਾਇਤਾ ਦੀ ਪੇਸ਼ਕਸ਼
- ਠੋਸ ਸਬੂਤਾਂ ਵਾਲੇ ਮਾਮਲਿਆਂ 'ਚ ਆਪਣੇ ਨਾਂਅ ਉੱਤੇ ਵੀ ਸ਼ਿਕਾਇਤ ਕਰਨਗੇ

ਪਟਿਆਲਾ (ਰਾਜਿੰਦਰ ਸਿੰਘ ਥਿੰਦ)



ਐਂਟੀ-ਕੁਰੱਪਸ਼ਨ ਐਂਡ ਐਂਟੀ-ਐਨਕ੍ਰੋਚਮੈਂਟ ਆਰਗੇਨਾਈਜ਼ੇਸ਼ਨ (ਏ ਸੀ ਏ ਈ ਓ) ਦੇ ਸੰਯੋਜਕ ਸੰਜੀਵ ਕੁਮਾਰ ਬਬਲਾ ਨੇ ਲੋਕਾਂ ਨੂੰ ਸਰਕਾਰੀ ਬੇਨਿਯਮੀਆਂ ਵਿਰੁੱਧ ਆਵਾਜ਼ ਉਠਾਉਣ ਦਾ ਸੱਦਾ ਦਿੰਦਿਆਂ ਆਰ ਟੀ ਆਈ ਦਾਇਰ ਕਰਨ ਅਤੇ ਜਾਇਜ਼ ਸ਼ਿਕਾਇਤਾਂ ਕਰਨ ਵਿੱਚ ਸਹਾਇਤਾ ਦੀ ਪੇਸ਼ਕਸ਼ ਕੀਤੀ ਹੈ।ਉਨ੍ਹਾਂ ਕਿਹਾ ਕਿ ਸਰਕਾਰੀ ਦਫ਼ਤਰਾਂ ਵਿੱਚ ਲਟਕਦੇ ਕੰਮਾਂ, ਫੰਡਾਂ ਦੀ ਦੁਰਵਰਤੋਂ, ਵਿਕਾਸ ਕਾਰਜਾਂ ਵਿੱਚ ਬੇਨਿਯਮੀਆਂ ਤੇ ਸਰਕਾਰੀ ਜ਼ਮੀਨਾਂ ਉੱਤੇ ਨਾਜਾਇਜ਼ ਕਬਜ਼ਿਆਂ ਬਾਰੇ ਆਰ ਟੀ ਆਈ ਰਾਹੀਂ ਜਾਣਕਾਰੀ ਮੰਗੀ ਜਾ ਸਕਦੀ ਹੈ।ਬਬਲਾ ਨੇ ਕਿਹਾ ਕਿ ਬਹੁਤ ਸਾਰੇ ਲੋਕ ਆਰ ਟੀ ਆਈ ਦਾਇਰ ਕਰਨ ਦੀ ਪ੍ਰਕਿਰਿਆ ਤੋਂ ਅਣਜਾਣ ਹਨ।ਕਈਆਂ ਕੋਲ ਭ੍ਰਿਸ਼ਟਾਚਾਰ ਦੇ ਠੋਸ ਸਬੂਤ ਹੋਣ ਦੇ ਬਾਵਜੂਦ ਉਹ ਸਰਕਾਰੀ ਅਧਿਕਾਰੀਆਂ ਨਾਲ ਵਿਗਾੜ ਜਾਂ ਪ੍ਰੇਸ਼ਾਨੀ ਦੇ ਡਰੋਂ ਸ਼ਿਕਾਇਤ ਨਹੀਂ ਕਰਦੇ।ਅਜਿਹੇ ਲੋਕਾਂ ਦੀ ਆਰ ਟੀ ਆਈ ਤਿਆਰ ਕਰਨ ਤੇ ਦਾਇਰ ਕਰਨ ਵਿੱਚ ਮਦਦ ਕੀਤੀ ਜਾਵੇਗੀ।ਪਛਾਣ ਸਾਹਮਣੇ ਨਾ ਲਿਆਉਣ ਦੇ ਚਾਹਵਾਨ ਲੋਕਾਂ ਦੇ ਜਾਇਜ਼ ਮਾਮਲਿਆਂ ਵਿੱਚ ਤੱਥਾਂ ਦੀ ਪੜਤਾਲ ਉਪਰੰਤ ਉਹ ਆਪਣੇ ਨਾਮ ਉੱਤੇ ਆਰ ਟੀ ਆਈ ਜਾਂ ਸ਼ਿਕਾਇਤ ਦਾਇਰ ਕਰਕੇ ਪੈਰਵੀ ਵੀ ਕਰਨਗੇ।ਸੂਚਨਾ ਦੇਣ ਵਾਲਿਆਂ ਦੀ ਨਿੱਜੀ ਜਾਣਕਾਰੀ ਬਿਨਾਂ ਸਹਿਮਤੀ ਜਨਤਕ ਨਹੀਂ ਕੀਤੀ ਜਾਵੇਗੀ।ਉਨ੍ਹਾਂ ਸਪੱਸ਼ਟ ਕੀਤਾ ਕਿ ਨਿੱਜੀ ਰੰਜਿਸ਼, ਝੂਠੀ ਦੂਸ਼ਣਬਾਜ਼ੀ ਜਾਂ ਬਿਨਾਂ ਸਬੂਤ ਕਿਸੇ ਨੂੰ ਬਦਨਾਮ ਕਰਨ ਵਾਲੀਆਂ ਸ਼ਿਕਾਇਤਾਂ ਨਹੀਂ ਕੀਤੀਆਂ ਜਾਣਗੀਆਂ।ਮੁਹਿੰਮ ਦਾ ਮਕਸਦ ਪਾਰਦਰਸ਼ਤਾ, ਜਵਾਬਦੇਹੀ ਤੇ ਜਨਤਕ ਪੈਸੇ ਦੀ ਸਹੀ ਵਰਤੋਂ ਯਕੀਨੀ ਬਣਾਉਣ ਲਈ ਯਤਨ ਕਰਨਾ ਹੈ।

ਉਨ੍ਹਾਂ ਕਿਹਾ ਕਿ ਸਰਕਾਰੀ ਪੈਸਾ ਜਨਤਾ ਦਾ ਹੈ ਤੇ ਇਸ ਦਾ ਹਿਸਾਬ ਮੰਗਣਾ ਲੋਕਾਂ ਦਾ ਅਧਿਕਾਰ ਹੈ।ਉਨ੍ਹਾਂ ਲੋਕਾਂ ਨੂੰ ਆਰ ਟੀ ਆਈ ਜਾਂ ਸ਼ਿਕਾਇਤ ਸਬੰਧੀ ਸਹਾਇਤਾ ਲਈ ਮੋਬਾਈਲ ਨੰਬਰ 9357001008 ਜਾਂ ਈਮੇਲ gausevadalFF@gmail.com ਉੱਤੇ ਸੰਪਰਕ ਕਰਨ ਦੀ ਅਪੀਲ ਕੀਤੀ।

ਸ਼ਰਾਬੀ ਪ੍ਰਵਾਸੀ ਮਜ਼ਦੂਰ ਵੱਲੋਂ ਸਾਥੀ ਦਾ ਚਾਕੂ ਮਾਰ ਕੇ ਕਤਲ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਮੰਡੀ ਗੋਬਿੰਦਗੜ੍ਹ ਵਿਖੇ ਇੱਕ ਪ੍ਰਵਾਸੀ ਮਜ਼ਦੂਰ ਵੱਲੋਂ ਸ਼ਰਾਬ ਦੇ ਨਸ਼ੇ ਵਿੱਚ ਆਪਣੇ ਹੀ ਇੱਕ ਸਾਥੀ ਮਜ਼ਦੂਰ ਦਾ ਚਾਕੂ ਮਾਰ ਕੇ ਕਤਲ ਕਰ ਦਿੱਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਵੇਰਵਿਆਂ ਅਨੁਸਾਰ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਮਨੋਜ ਕੁਮਾਰ ਵਾਸੀ ਰਾਮਨਗਰ, ਮੰਡੀ ਗੋਬਿੰਦਗੜ੍ਹ ਨੇ ਦੱਸਿਆ ਕਿ ਇੰਦਰ ਕੁਮਾਰ ਮੂਲ ਵਾਸੀ ਸੋਹੌਲੀ ਜ਼ਿਲ੍ਹਾ ਆਜ਼ਮਗੜ੍ਹ (ਉੱਤਰ ਪ੍ਰਦੇਸ਼) ਤੇ ਪ੍ਰੇਮ ਚੰਦ ਪ੍ਰਸਾਦ ਮੂਲ ਵਾਸੀ ਪਲਾਮੂ (ਝਾਰਖੰਡ) ਨਾਮਕ ਵਿਅਕਤੀ ਉਸ ਦੇ ਮਕਾਨ ਵਿੱਚ ਕਿਰਾਏ 'ਤੇ ਰਹਿੰਦੇ ਸਨ।ਦੀਵਾਲੀ ਦੀ ਰਾਤ ਇਕੱਠੇ ਸ਼ਰਾਬ ਪੀਂਦੇ ਸਮੇਂ ਉਕਤ ਦੋਵੇਂ ਪ੍ਰਵਾਸੀ ਮਜ਼ਦੂਰਾਂ ਦਰਮਿਆਨ ਕਿਸੇ ਗੱਲ ਨੂੰ ਲੈ ਕੇ ਬਹਿਸਬਾਜ਼ੀ ਹੋ ਗਈ, ਜਿਸ 'ਤੇ ਤੈਸ਼ ਵਿੱਚ ਆਏ ਪ੍ਰੇਮ ਚੰਦ ਪ੍ਰਸਾਦ ਨੇ ਚਾਕੂ ਦੇ ਵਾਰ ਕਰਕੇ ਇੰਦਰ ਨੂੰ ਮੌਤ ਦੇ ਘਾਟ ਉਤਾਰ ਦਿੱਤਾ।ਲਹੂ ਲੁਹਾਨ ਹੋਏ ਇੰਦਰ ਨੂੰ ਆਪਣੀ ਕਾਰ ਵਿੱਚ ਪਾ ਕੇ ਮਾਲਕ ਮਕਾਨ ਵੱਲੋਂ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਚੈੱਕ ਕਰਨ ਉਪਰੰਤ ਡਾਕਟਰਾਂ ਨੇ ਇੰਦਰ ਨੂੰ ਮ੍ਰਿਤਕ ਕਰਾਰ ਦੇ ਦਿੱਤਾ।ਮਾਲਕ ਮਕਾਨ ਦੇ ਬਿਆਨਾਂ 'ਤੇ ਪ੍ਰੇਮ ਚੰਦ ਪ੍ਰਸਾਦ ਵਿਰੁੱਧ ਅ/ਧ 103 (1) ਬੀ.ਐੱਨ.ਐੱਸ. ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੇ ਐੱਸ.ਐੱਚ.ਓ. ਇੰਸਪੈਕਟਰ ਸੰਦੀਪ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

ਹੈਰੋਇਨ ਸਣੇ ਇੱਕ ਵਿਅਕਤੀ ਗ੍ਰਿਫਤਾਰ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ 2 ਗ੍ਰਾਮ ਹੈਰੋਇਨ ਸਣੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਕੇਵਲ ਕ੍ਰਿਸ਼ਨ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਦੇ ਸਬੰਧ ਵਿੱਚ ਪਿੰਡ ਲਮੋਚੜ ਕਲਾਂ, ਸੁਖੇਰਾ ਬੋਦਲਾ, ਫੱਤੂਵਾਲਾ ਆਦਿ ਲਈ ਰਵਾਨਾ ਸੀ ਅਤੇ ਜਦੋਂ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਸੁਖੇਰਾ ਬੋਦਲਾ ਵਿਖੇ ਰੇਤ ਦੇ ਖੱਡਿਆਂ ਕੋਲ ਪੁੱਜੀ ਤਾਂ ਸਾਹਮਣੇ ਤੋਂ ਇਕ ਨੌਜਵਾਨ ਆਉਂਦਾ ਦਿਖਾਈ ਦਿੱਤਾ, ਜੋ ਪੁਲਸ ਪਾਰਟੀ ਦੀ ਗੱਡੀ ਨੂੰ ਵੇਖ ਕੇ ਭੱਜਣ ਲੱਗਾ ਤਾਂ ਪੁਲਸ ਨੇ ਉਸ ਨੂੰ ਕਾਬੂ ਕਰਕੇ ਤਲਾਸ਼ੀ ਲੈਣ 'ਤੇ 2 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਕ੍ਰਿਸ਼ਨ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਘੁਬਾਇਆ ਨੂੰ 2 ਗ੍ਰਾਮ ਹੈਰੋਇਨ ਸਣੇ ਕਾਬੂ ਕਰਨ ਉਪਰੰਤ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

ਸ੍ਰੀ ਤਾਰਾ ਚੰਦ ਵਿੱਦਿਆ ਮੰਦਰ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ



ਭੀਖੀ (ਧਰਮਵੀਰ ਸ਼ਰਮਾ)-ਸਥਾਨਕ ਸ੍ਰੀ ਤਾਰਾ ਚੰਦ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਵਿਖੇ ਦੀਵਾਲੀ ਦਾ ਪਵਿੱਤਰ ਤਿਉਹਾਰ ਬੜੇ ਉਤਸ਼ਾਹ, ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਲਈ ਵੱਖ-ਵੱਖ ਰਚਨਾਤਮਕ, ਸੱਭਿਆਚਾਰਕ ਤੇ ਸਿੱਖਿਆਦਾਇਕ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਪੂਰੇ ਜੋਸ਼ ਤੇ ਉਤਸ਼ਾਹ ਨਾਲ ਭਾਗ ਲਿਆ। ਨਰਸਰੀ ਤੋਂ ਦੂਜੀ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਪੇਪਰ ਕਰਾਫਟ ਰਾਹੀਂ ਦੀਵੇ ਤੇ ਮੋਮਬੱਤੀਆਂ ਬਣਾਉਣ ਵਰਗੀਆਂ ਮਨਮੋਹਕ ਗਤੀਵਿਧੀਆਂ ਵਿੱਚ ਭਾਗ ਲਿਆ। ਇਸ ਤੋਂ ਇਲਾਵਾ ਰਾਮਾਇਣ 'ਤੇ ਅਧਾਰਤ ਜਮਾਤ ਅਨੁਸਾਰ ਕੁਇੱਜ਼ ਮੁਕਾਬਲੇ ਕਰਵਾਏ ਗਏ ਅਤੇ ਭਗਵਾਨ ਸ਼੍ਰੀ ਰਾਮ ਦੇ ਜੀਵਨ ਤੇ ਰਾਮਾਇਣ ਦੀਆਂ ਮਹੱਤਵਪੂਰਨ ਘਟਨਾਵਾਂ 'ਤੇ ਅਧਾਰਤ ਲਘੂ ਨਾਟਕ ਪੇਸ਼ ਕੀਤੇ ਗਏ। ਤੀਜੀ ਤੋਂ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਅੰਤਰ-ਸਦਨ ਰਾਮਾਇਣ ਕੁਇੱਜ਼ ਮੁਕਾਬਲਾ ਕਰਵਾਇਆ ਗਿਆ। ਇਸ ਦੇ ਨਾਲ ਹੀ ਦੀਵੇ ਤੇ ਮੋਮਬੱਤੀਆਂ ਦੀ ਸਜਾਵਟ, ਗ੍ਰੀਟਿੰਗ ਕਾਰਡ ਬਣਾਉਣ, ਡਿਸਪਲੇਅ ਬੋਰਡ ਤੇ ਕਲਾਸ ਬੋਰਡ ਦੀ ਸਜਾਵਟ ਵਰਗੀਆਂ ਰਚਨਾਤਮਕ ਗਤੀਵਿਧੀਆਂ ਕਰਵਾਈਆਂ ਗਈਆਂ। ਛੇਵੀਂ ਤੋਂ ਬਾਰਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਰੰਗੋਲੀ ਬਣਾਉਣ, ਨਾਅਰਾ ਲੇਖਣ, ਪੋਸਟਰ ਮੇਕਿੰਗ ਅਤੇ ਡਿਸਪਲੇਅ ਬੋਰਡ ਤੇ ਕਲਾਸ ਬੋਰਡ ਦੀ ਸਜਾਵਟ ਰਾਹੀਂ ਆਪਣੀ ਕਲਾ, ਰਚਨਾਤਮਕਤਾ ਤੇ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਨ੍ਹਾਂ ਸਾਰੀਆਂ ਗਤੀਵਿਧੀਆਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਭਾਰਤੀ ਸੰਸਕ੍ਰਿਤੀ, ਨੈਤਿਕ ਕਦਰਾਂ-ਕੀਮਤਾਂ, ਭਗਵਾਨ ਸ਼੍ਰੀ ਰਾਮ ਦੇ ਆਦਰਸ਼ ਜੀਵਨ, ਆਪਸੀ ਸਹਿਯੋਗ ਤੇ ਰਚਨਾਤਮਕਤਾ ਦੀ ਭਾਵਨਾ ਪੈਦਾ ਕਰਨਾ ਸੀ। ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਹਰਿਤ ਤੇ ਪ੍ਰਦੂਸ਼ਣ ਮੁਕਤ ਦੀਵਾਲੀ ਮਨਾਉਣ ਲਈ ਵੀ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਰਪਿੰਦਰ ਪਟਿਆਲ ਤੇ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸਟਾਫ਼ ਮੈਂਬਰਾਂ ਨੂੰ ਦੀਵਾਲੀ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ ਅਤੇ ਤੋਹਫ਼ੇ ਭੇਟ ਕਰਕੇ ਉਨ੍ਹਾਂ ਦੀ ਮਿਹਨਤ, ਸਮਰਪਣ ਤੇ ਸਕੂਲ ਪ੍ਰਤੀ ਯੋਗਦਾਨ ਦੀ ਸ਼ਲਾਘਾ ਕੀਤੀ ਗਈ। ਇਨ੍ਹਾਂ ਗਤੀਵਿਧੀਆਂ ਦਾ ਆਯੋਜਨ ਸਕੂਲ ਦੇ ਕੋਆਰਡੀਨੇਟਰਜ਼ ਸੰਗੀਤਾ ਸ਼ਰਮਾ, ਪੂਨਮ ਸ਼ਰਮਾ, ਜਗਜੀਤ ਸਿੰਘ ਤੇ ਰਾਜੇਸ਼ ਕੁਮਾਰ ਦੀ ਦੇਖ-ਰੇਖ ਹੇਠ ਕੀਤਾ ਗਿਆ।

ਪੁਰਾਤਨ ਤਿਉਹਾਰਾਂ ਨੂੰ ਧੂਮਧਾਮ ਨਾਲ ਮਨਾ ਕੇ ਨੌਜਵਾਨ ਪੀੜ੍ਹੀ ਨੂੰ ਸੱਭਿਆਚਾਰ ਤੋਂ ਜਾਣੂ ਕਰਵਾਉਣਾ ਜ਼ਰੂਰੀ : ਡਾ. ਸੀਮਾਂਤ ਗਰਗ

ਮੋਗਾ (ਇਕਬਾਲ ਸਿੰਘ ਖਹਿਰਾ)



ਭਾਰਤੀ ਜਨਤਾ ਪਾਰਟੀ ਦੇ ਪੁਰਾਣੀ ਦਾਣਾ ਮੰਡੀ ਸਥਿਤ ਜ਼ਿਲ੍ਹਾ ਦਫ਼ਤਰ ਵਿਖੇ ਦੀਵਾਲੀ ਦਾ ਪਵਿੱਤਰ ਤੇ ਪ੍ਰਾਚੀਨ ਤਿਉਹਾਰ ਹਿੰਦੂ ਧਰਮ ਦੀਆਂ ਰਵਾਇਤਾਂ ਅਨੁਸਾਰ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ।ਭਾਜਪਾ ਦੇ ਮੈਡੀਕਲ ਸੈੱਲ ਦੇ ਸੂਬਾ ਪ੍ਰਧਾਨ ਅਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਦੀ ਅਗਵਾਈ ਹੇਠ ਪਾਰਟੀ ਦੇ ਸਮੂਹ ਅਹੁਦੇਦਾਰਾਂ ਵੱਲੋਂ ਲਕਸ਼ਮੀ ਪੂਜਨ ਕਰਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਪੰਡਿਤ ਮਹਿੰਦਰ ਨਾਰਾਇਣ ਝਾਅ ਤੇ ਆਚਾਰੀਆ ਸੁਨੀਲ ਕੁਮਾਰ ਸ਼ਾਸਤਰੀ ਨੇ ਵਿਧੀ-ਵਿਧਾਨ ਅਨੁਸਾਰ ਪੂਜਾ-ਅਰਚਨਾ ਕਰਵਾਈ ਤੇ ਦੀਵਾਲੀ ਦੇ ਤਿਉਹਾਰ ਦੀ ਧਾਰਮਿਕ ਤੇ ਅਧਿਆਤਮਿਕ ਮਹੱਤਤਾ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਭਾਜਪਾ ਦੇ ਮੈਡੀਕਲ ਸੈੱਲ ਦੇ ਸੂਬਾ ਪ੍ਰਧਾਨ ਡਾ. ਸੀਮਾਂਤ ਗਰਗ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ, ਸੀਨੀਅਰ ਆਗੂ ਨਿਧੜਕ ਸਿੰਘ ਬਰਾੜ, ਰਾਕੇਸ਼ ਭੱਲਾ, ਭਜਨ ਸਿਤਾਰਾ, ਜਨਰਲ ਸਕੱਤਰ ਵਿੱਕੀ ਸਿਤਾਰਾ, ਮੁਕੇਸ਼ ਸ਼ਰਮਾ, ਹੇਮੰਤ ਸੂਦ, ਜਤਿੰਦਰ ਚੱਢਾ, ਮੰਡਲ ਪ੍ਰਧਾਨ ਭੁਪਿੰਦਰ ਹੈਪੀ, ਅਮਨਦੀਪ ਗਰੋਵਰ, ਸੁਖਬੀਰ ਸਿੰਘ, ਕੁਲਵੰਤ ਸਿੰਘ, ਹਰਵਿੰਦਰ ਭੁੱਲਰ, ਦੀਪਕ ਤਲਵਾੜ, ਰਾਮਤੀਰਥ ਗੁੰਬਰ, ਗੋਲਡੀ, ਸੁੱਖਾ ਸਿੰਘ, ਅਮਿਤ ਗੁਪਤਾ, ਸੁਕੇਸ਼ ਸੂਦ, ਰਜਿੰਦਰ ਗਾਬਾ, ਸ਼ਸ਼ੀਕਾਂਤ ਪਾਂਡੇ, ਉਮਾਕਾਂਤ ਪਾਂਡੇ, ਵਿਜੇ ਮਿਸ਼ਰਾ, ਸੰਜੀਵ ਕੁਮਾਰ, ਰਮਨ ਸੂਦ, ਧੀਰਜ ਸ਼ਰਮਾ, ਸਾਬਕਾ ਜ਼ਿਲ੍ਹਾ ਪ੍ਰਧਾਨ ਸ਼ਿਲਪਾ ਬਾਂਸਲ, ਲੀਨਾ ਗੋਇਲ, ਨੀਤੂ ਗੁਪਤਾ, ਗੀਤਾ ਆਰੀਆ, ਪ੍ਰੋਮਿਲਾ ਮੈਨਰਾਇ, ਸ਼ਿਵਾਨੀ ਸ਼ਰਮਾ, ਜੋਤੀ ਕੰਡਾ, ਸ਼ਿਮਲਾ ਸ਼ਰਮਾ, ਆਂਚਲ ਸ਼ਰਮਾ, ਨੀਲਮ ਰਾਣੀ, ਮਨਦੀਪ ਕੌਰ, ਪਰਮਪ੍ਰੀਤ ਕੌਰ, ਸੁਖਵਿੰਦਰ ਕੌਰ, ਡਾ. ਰਾਮਿੰਦਰ ਸ਼ਰਮਾ, ਕਮਲ ਘਾਰੂ, ਸਚਿਨ ਗਰਗ, ਪਰਮ ਬਾਂਸਲ, ਹਰਵਿੰਦਰ ਸਿੰਘ ਧਾਲੀਵਾਲ, ਸੁਖਵਿੰਦਰ ਵਾਂਦਰ, ਸਤੀਸ਼ ਸਿੰਗਲਾ, ਧਰਮਵੀਰ ਭਾਰਤੀ, ਡਿੰਪੀ ਸੂਦ, ਸਰਦੂਲ ਸਿੰਘ ਕੰਗ ਅਤੇ ਤਰਸੇਮ ਜੰਡ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਦੇ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।ਇਸ ਮੌਕੇ ਡਾ. ਸੀਮਾਂਤ ਗਰਗ ਨੇ ਸਾਰਿਆਂ ਨੂੰ ਦੀਵਾਲੀ ਦੀਆਂ ਸ਼ੁੱਭ-ਕਾਮਨਾਵਾਂ ਦਿੰਦਿਆਂ ਕਿਹਾ ਕਿ ਭਾਜਪਾ ਵੱਲੋਂ ਦੀਵਾਲੀ ਦੇ ਪਵਿੱਤਰ ਮੌਕੇ 'ਤੇ ਲਕਸ਼ਮੀ ਪੂਜਨ ਦਾ ਆਯੋਜਨ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਦੇਸ਼ ਦੇ ਯਸ਼ਸਵੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹਮੇਸ਼ਾ ਦੇਸ਼ ਦੀ ਤਰੱਕੀ ਤੇ ਖੁਸ਼ਹਾਲੀ ਬਾਰੇ ਸੋਚਦੇ ਹਨ ਤੇ ਉਨ੍ਹਾਂ ਦੀ ਅਗਵਾਈ ਹੇਠ ਦੇਸ਼ ਤਰੱਕੀ ਦੇ ਰਾਹ 'ਤੇ ਅੱਗੇ ਵਧ ਰਿਹਾ ਹੈ।ਉਨ੍ਹਾਂ ਕਿਹਾ ਕਿ ਭਾਜਪਾ ਲਈ ਰਾਜਨੀਤੀ ਸੱਤਾ ਪ੍ਰਾਪਤੀ ਦਾ ਸਾਧਨ ਨਹੀਂ, ਸਗੋਂ ਲੋਕ ਸੇਵਾ ਦਾ ਮਾਧਿਅਮ ਹੈ।ਇਸ ਲਈ ਪਾਰਟੀ ਦੇ ਹਰੇਕ ਵਰਕਰ ਨੂੰ ਰਾਜਨੀਤੀ ਨੂੰ ਲੋਕ ਸੇਵਾ ਲਈ ਸਮਰਪਿਤ ਕਰਕੇ ਕੰਮ ਕਰਨਾ ਚਾਹੀਦਾ ਹੈ।ਡਾ. ਸੀਮਾਂਤ ਗਰਗ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨ ਪੀੜ੍ਹੀ ਨੂੰ ਬੁਰਾਈਆਂ ਤੋਂ ਦੂਰ ਰੱਖਣ ਤੇ ਉਨ੍ਹਾਂ ਨੂੰ ਸਹੀ ਦਿਸ਼ਾ ਦਿਖਾਉਣ ਲਈ ਆਪਣੇ ਪ੍ਰਾਚੀਨ ਤਿਉਹਾਰਾਂ ਤੇ ਅਮੀਰ ਸੱਭਿਆਚਾਰਕ ਵਿਰਸੇ ਨਾਲ ਜੋੜਨਾ ਬਹੁਤ ਜ਼ਰੂਰੀ ਹੈ।ਸਾਨੂੰ ਆਪਣੇ ਪੁਰਾਤਨ ਤਿਉਹਾਰ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਉਣੇ ਚਾਹੀਦੇ ਹਨ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਆਪਣੀਆਂ ਰਵਾਇਤਾਂ, ਰਿਸ਼ੀ-ਮੁਨੀਆਂ ਦੀਆਂ ਸਿੱਖਿਆਵਾਂ ਤੇ ਸੱਭਿਆਚਾਰਕ ਵਿਰਾਸਤ ਤੋਂ ਜਾਣੂ ਹੋ ਸਕਣ।ਸਮਾਗਮ ਦੇ ਅੰਤ ਵਿੱਚ ਹਾਜ਼ਰ ਵਿਅਕਤੀਆਂ ਨੂੰ ਮਠਿਆਈਆਂ ਵੰਡ ਕੇ ਦੀਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ ਗਈਆਂ।

ਜਲਾਲਾਬਾਦ 'ਚ ਬਾਬਾ ਵਿਸ਼ਵਕਰਮਾ ਦਿਵਸ ਧੂਮਧਾਮ ਨਾਲ ਮਨਾਇਆ

ਵਿਧਾਇਕ ਗੋਲਡੀ ਨੇ ਵੱਖ-ਵੱਖ ਧਾਰਮਿਕ ਸਮਾਗਮਾਂ 'ਚ ਲਵਾਈ ਹਾਜ਼ਰੀ



ਜਲਾਲਾਬਾਦ (ਜੀਤ ਕੁਮਾਰ)-ਵਿਸ਼ਵਕਰਮਾ ਦਿਵਸ ਸਥਾਨਕ ਸ਼ਹਿਰ ਵਿੱਚ ਫਾਜ਼ਿਲਕਾ ਰੋਡ 'ਤੇ ਸਥਿਤ ਵਿਸ਼ਵਕਰਮਾ ਮੰਦਰ, ਬਾਬਾ ਖਾਕੀ ਸ਼ਾਹ ਸਮਾਧ ਸਮੇਤ ਹੋਰ ਵੱਖ ਵੱਖ ਥਾਵਾਂ 'ਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਪਵਿੱਤਰ ਦਿਹਾੜੇ ਮੌਕੇ ਕਰਵਾਏ ਧਾਰਮਿਕ ਸਮਾਗਮਾਂ ਵਿੱਚ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਹਾਜ਼ਰੀ ਲਗਵਾਈ ਤੇ ਸਮੂਹ ਸੰਗਤਾਂ ਨਾਲ ਮਿਲ ਕੇ ਭਗਵਾਨ ਵਿਸ਼ਵਕਰਮਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਵੀ ਸ਼ਿਰਕਤ ਕੀਤੀ ਤੇ ਵੱਖ-ਵੱਖ ਥਾਵਾਂ 'ਤੇ ਅਤੁੱਟ ਲੰਗਰ ਵਰਤਾਇਆ ਗਿਆ।

ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਅਹੁਦੇਦਾਰਾਂ ਦੀ ਚੋਣ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਪਟਿਆਲਾ-1 ਦੀ ਮੀਟਿੰਗ ਬਲਾਕ ਸਕੱਤਰ ਹਰਦੀਪ ਸਿੰਘ ਡਰੋਲੀ ਦੀ ਅਗਵਾਈ ਹੇਠ ਗੁਰਦੁਆਰਾ ਪਹਾੜਪੁਰ ਵਿਖੇ ਹੋਈ। ਇਸ ਮੀਟਿੰਗ ਵਿੱਚ ਨਵੀਂ ਬਲਾਕ ਕਮੇਟੀ ਦੀ ਚੋਣ ਕੀਤੀ ਗਈ, ਜਿਸ 'ਚ ਜਗਦੀਪ ਸਿੰਘ ਛੰਨਾ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ, ਜਗਮੇਲ ਸਿੰਘ ਖਜ਼ਾਨਚੀ, ਸੁਖਮਿੰਦਰ ਸਿੰਘ ਜਨਰਲ ਸਕੱਤਰ, ਬਲਰਾਜ ਸਿੰਘ ਜੋਸ਼ੀ ਸੰਗਠਨ ਸਕੱਤਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੀਟਿੰਗ ਵਿੱਚ ਪ੍ਰਧਾਨ ਸੁਰਿੰਦਰ ਸਿੰਘ ਤਰੌੜਾਂ ਕਲਾਂ ਨੂੰ ਸਕੱਤਰ, ਹਰਦੀਪ ਸਿੰਘ ਡਰੋਲੀ ਖਜ਼ਾਨਚੀ, ਪ੍ਰੇਮ ਚੰਦ ਖਜ਼ਾਨਚੀ, ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਸਵਾਜਪੁਰ, ਮੀਤ ਪ੍ਰਧਾਨ ਰਜਿੰਦਰ ਸਿੰਘ ਜਾਹਲਾ, ਸਹਾਇਕ ਖਜ਼ਾਨਚੀ ਕੁਲਦੀਪ ਸਿੰਘ ਲਲੋਛੀ, ਸਹਾਇਕ ਸਕੱਤਰ ਗੁਰਵਿੰਦਰ ਸਿੰਘ ਬਠੋਈ, ਪ੍ਰਚਾਰ ਸਕੱਤਰ ਮੇਜਰ ਸਿੰਘ ਛੰਨਾ, ਸੰਗਠਨ ਸਕੱਤਰ ਹਰਮਿੰਦਰ ਸਿੰਘ ਬਰਸਟ, ਮੀਤ ਪ੍ਰਧਾਨ ਗੁਰਮੀਤ ਸਿੰਘ ਪਟਿਆਲਾ, ਮੁੱਖ ਸਲਾਹਕਾਰ ਗੁਰਦਰਸ਼ਨ ਸਿੰਘ ਸੈਨੀਮਾਜਰਾ, ਸਲਾਹਕਾਰ ਪ੍ਰੀਤਇੰਦਰ ਸਿੰਘ ਧਬਲਾਨ, ਸਲਾਹਕਾਰ ਭੁਪਿੰਦਰ ਸਿੰਘ ਢੱਕੜਬਾ, ਸਲਾਹਕਾਰ ਕਰਮ ਸਿੰਘ ਪਹਾੜਪੁਰ, ਸਲਾਹਕਾਰ ਜਸਵੀਰ ਸਿੰਘ ਖੋਖਰ, ਪ੍ਰੈੱਸ ਸਕੱਤਰ ਮਨਦੀਪ ਸਿੰਘ ਸਵਾਜਪੁਰ, ਸਲਾਹਕਾਰ ਸੁਖਜੀਤ ਸਿੰਘ ਲਗੜੋਈ, ਸਲਾਹਕਾਰ ਹਰਜਿੰਦਰ ਸਿੰਘ ਗੱਜੂਮਾਜਰਾ, ਸੀਨੀਅਰ ਮੀਤ ਪ੍ਰਧਾਨ ਬਲਦੇਵ ਕੌਰ ਗੱਜੂਮਾਜਰਾ, ਸਲਾਹਕਾਰ ਭੁਪਿੰਦਰ ਕੌਰ ਬਠੋਈ, ਸਕੱਤਰ ਕਰਮਜੀਤ ਕੌਰ ਬਠੋਈ, ਸਹਾਇਕ ਸਕੱਤਰ ਕਰਮਜੀਤ ਕੌਰ ਡਰੋਲੀ ਤੋਂ ਇਲਾਵਾ ਜਸਵੰਤ ਕੌਰ ਗੱਜੂਮਾਜਰਾ, ਸੁਰਿੰਦਰ ਕੌਰ ਸੈਨੀਮਾਜਰਾ, ਜਸਵੰਤ ਕੌਰ ਗੱਜੂਮਾਜਰਾ, ਗੁਰਬਚਨ ਕੌਰ ਗੱਜੂਮਾਜਰਾ, ਗੁਰਵਿੰਦਰ ਕੌਰ ਛੰਨਾ ਤੇ ਕੁਲਦੀਪ ਕੌਰ ਛੰਨਾ ਨੂੰ ਸਲਾਹਕਾਰ ਲਾਇਆ ਗਿਆ ਅਤੇ 30 ਮੈਂਬਰੀ ਕਮੇਟੀ ਦੀ ਚੋਣ ਹੋਈ।

ਭਗਵਾਨ ਵਿਸ਼ਵਕਰਮਾ ਜੀ ਦਾ ਜਨਮ ਦਿਹਾੜਾ ਸ਼ਰਧਾਪੂਰਵਕ ਮਨਾਇਆ

ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕੀਤੀ ਸ਼ਿਰਕਤ



ਮਲੋਟ (ਰਜਿੰਦਰ ਜੁਨੇਜਾ)-ਭਗਵਾਨ ਸ਼੍ਰੀ ਵਿਸ਼ਵਕਰਮਾ ਜੀ ਦਾ ਪਾਵਨ ਜਨਮ ਦਿਹਾੜਾ ਮਲੋਟ ਦੇ ਆਦਰਸ਼ ਨਗਰ ਸਥਿਤ ਗੁਰਦੁਆਰਾ ਬਾਬਾ ਵਿਸ਼ਵਕਰਮਾ ਜੀ ਭਵਨ ਵਿਖੇ ਬੜੀ ਸ਼ਰਧਾ, ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਧਾਰਮਿਕ ਸਮਾਗਮ ਵਿੱਚ ਹਾਜ਼ਰੀ ਭਰੀ ਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।ਸਮਾਗਮ ਦੌਰਾਨ ਹਲਕਾ ਵਿਧਾਇਕ ਤੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਤੇ ਮੱਥਾ ਟੇਕ ਕੇ ਆਸ਼ੀਰਵਾਦ ਲਿਆ।ਇਸ ਮੌਕੇ ਸਮਾਗਮ ਵਿੱਚ ਪਹੁੰਚੇ ਕੀਰਤਨੀ ਜਥਿਆਂ ਵੱਲੋਂ ਇਲਾਹੀ ਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਦੇ ਨਾਲ ਹੀ ਢਾਡੀ ਜਥਿਆਂ ਨੇ ਆਪਣੀ ਰਵਾਇਤੀ ਗਾਇਨ ਸ਼ੈਲੀ ਰਾਹੀਂ ਭਗਵਾਨ ਵਿਸ਼ਵਕਰਮਾ ਜੀ ਦੇ ਜੀਵਨ, ਉਨ੍ਹਾਂ ਦੀ ਮਹਾਨ ਸ਼ਿਲਪ ਕਲਾ ਤੇ ਧਾਰਮਿਕ ਮਹੱਤਤਾ ਨਾਲ ਸੰਬੰਧਤ ਇਤਿਹਾਸਕ ਪ੍ਰਸੰਗ ਸੁਣਾ ਕੇ ਸੰਗਤਾਂ ਨੂੰ ਜਾਗਰੂਕ ਕੀਤਾ।ਸਮਾਗਮ ਦੇ ਅੰਤ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਗੂਆਂ, ਬਾਬਾ ਜੱਸਾ ਸਿੰਘ ਰਾਮਗੜ੍ਹੀਆ ਸੁਸਾਇਟੀ ਦੇ ਅਹੁਦੇਦਾਰਾਂ ਤੇ ਹੋਰ ਪ੍ਰਬੰਧਕਾਂ ਵੱਲੋਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਸਮੇਤ ਹੋਰ ਪਤਵੰਤੇ ਆਗੂਆਂ ਨੂੰ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

ਮਾਡਰਨ ਸੈਕੂਲਰ ਪਬਲਿਕ ਸਕੂਲ ਵਿਖੇ ਦੀਵਾਲੀ ਮਨਾਈ



ਭੀਖੀ (ਗੁਰਿੰਦਰ ਸਿੰਘ ਔਲਖ)-ਸਥਾਨਕ ਮਾਡਰਨ ਸੈਕੂਲਰ ਪਬਲਿਕ ਸਕੂਲ ਵਿਖੇ ਦੀਵਾਲੀ ਦਾ ਪਵਿੱਤਰ ਤਿਉਹਾਰ ਬੜੇ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਇਗਨਾਈਟਰ ਦੇ ਸੀ.ਈ.ਓ. ਇਰਬਨਪ੍ਰੀਤ ਕੌਰ, ਡਿਪਟੀ ਡਾਇਰੈਕਟਰ ਮੈਡਮ ਗੁਰਵਿੰਦਰ ਕੌਰ ਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਅਮਨਦੀਪ ਦੌਂਦਰੀਆ ਦੀ ਵਿਸ਼ੇਸ਼ ਹਾਜ਼ਰੀ ਰਹੀ।ਸਮਾਗਮ ਦੌਰਾਨ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਦੀਵਾਲੀ ਦੇ ਤਿਉਹਾਰ ਨੂੰ ਖੁਸ਼ੀਆਂ ਤੇ ਉਤਸ਼ਾਹ ਨਾਲ ਮਨਾਇਆ।ਸਕੂਲ ਦੇ ਮਾਹੌਲ ਨੂੰ ਰੰਗ-ਬਿਰੰਗੀਆਂ ਸਜਾਵਟਾਂ, ਦੀਵਿਆਂ ਤੇ ਰੰਗੋਲੀਆਂ ਨਾਲ ਸੁੰਦਰ ਬਣਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਅਮਨਦੀਪ ਦੌਂਦਰੀਆ ਨੇ ਵਿਦਿਆਰਥੀਆਂ ਨੂੰ ਦੀਵਾਲੀ ਦੇ ਇਤਿਹਾਸਕ ਤੇ ਸੱਭਿਆਚਾਰਕ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ।ਉਨ੍ਹਾਂ ਨੇ ਪ੍ਰਦੂਸ਼ਣ ਰਹਿਤ ਤੇ ਸੁਰੱਖਿਅਤ ਦੀਵਾਲੀ ਮਨਾਉਣ, ਵਾਤਾਵਰਣ ਦੀ ਸੰਭਾਲ ਕਰਨ ਤੇ ਲੋੜਵੰਦਾਂ ਨਾਲ ਖੁਸ਼ੀਆਂ ਸਾਂਝੀਆਂ ਕਰਨ ਦਾ ਸੰਦੇਸ਼ ਦਿੱਤਾ ਗਿਆ।ਅੰਤ ਵਿੱਚ ਸਮੂਹ ਸਕੂਲ ਸਟਾਫ਼ ਤੇ ਵਿਦਿਆਰਥੀਆਂ ਨੇ ਖੁਸ਼ੀ ਤੇ ਉਤਸ਼ਾਹ ਨਾਲ ਇਸ ਤਿਉਹਾਰ ਦੀਆਂ ਯਾਦਾਂ ਸਾਂਝੀਆਂ ਕੀਤੀਆਂ।

ਅਜੈਬ ਸਿੰਘ ਮੱਲ੍ਹੀ ਨੂੰ ਜਨਰਲ ਕੌਂਸਲ ਮੈਂਬਰ ਪੰਜਾਬ ਨਿਯੁਕਤ ਕਰਨ 'ਤੇ ਖੁਸ਼ੀ ਦਾ ਪ੍ਰਗਟਾਵਾ



ਸਮਾਣਾ (ਇਕਬਾਲ ਸਿੰਘ ਬੱਲ/ਗੁਰਪਿਆਰ ਸਿੰਘ ਬੱਲ)-ਜ਼ਿਲ੍ਹਾ ਪ੍ਰਧਾਨ ਸ੍. ਜਗਮੀਤ ਸਿੰਘ ਹਰਿਆਊ ਤੇ ਹਲਕਾ ਇੰਚਾਰਜ ਸ਼ੁਤਰਾਣਾ ਬਾਬੂ ਕਬੀਰ ਦਾਸ ਜੀ ਦੀ ਯੋਗ ਰਹਿਨੁਮਾਈ ਹੇਠ ਸ੍. ਅਜੈਬ ਸਿੰਘ ਮੱਲ੍ਹੀ ਜ ਦੀ ਪਾਰਟੀ ਪ੍ਰਤੀ ਦਿਨ-ਰਾਤ ਦੀ ਲਗਨ ਤੇ ਨਿਸ਼ਕਾਮ ਸੇਵਾਵਾਂ ਨੂੰ ਦੇਖਦਿਆਂ ਹੋਇਆਂ ਉਨ੍ਹਾਂ ਨੂੰ ਪਾਰਟੀ ਦਾ ਜਨਰਲ ਕੌਂਸਲ ਮੈਂਬਰ (ਪੰਜਾਬ) ਨਿਯੁਕਤ ਕੀਤਾ ਗਿਆ ਹੈ।ਇਸ ਨਿਯੁਕਤੀ ਦੀ ਖ਼ਬਰ ਮਿਲਦਿਆਂ ਹੀ ਪਾਰਟੀ ਵਰਕਰਾਂ ਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਸਮੂਹ ਆਗੂਆਂ ਤੇ ਵਰਕਰਾਂ ਵੱਲੋਂ ਸ੍. ਅਜੈਬ ਸਿੰਘ ਮੱਲ੍ਹੀ ਨੂੰ ਇਸ ਅਹਿਮ ਜ਼ਿੰਮੇਵਾਰੀ ਲਈ ਲੱਖ-ਲੱਖ ਮੁਬਾਰਕਬਾਦ ਦਿੱਤੀ ਗਈ।ਇਸ ਮੌਕੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਮੂਹ ਆਗੂਆਂ ਨੇ ਕਿਹਾ ਕਿ ਸ੍. ਮੱਲ੍ਹੀ ਦੀ ਇਸ ਨਿਯੁਕਤੀ ਨਾਲ ਪੰਜਾਬ ਅੰਦਰ ਪਾਰਟੀ ਸੰਗਠਨ ਨੂੰ ਹੋਰ ਜ਼ਿਆਦਾ ਮਜ਼ਬੂਤੀ ਮਿਲੇਗੀ।ਦੂਜੇ ਪਾਸੇ, ਸ੍. ਅਜੈਬ ਸਿੰਘ ਮੱਲ੍ਹੀ ਨੇ ਪਾਰਟੀ ਹਾਈਕਮਾਂਡ, ਜ਼ਿਲ੍ਹਾ ਪ੍ਰਧਾਨ ਸ੍. ਜਗਮੀਤ ਸਿੰਘ ਹਰਿਆਊ ਤੇ ਹਲਕਾ ਇੰਚਾਰਜ ਬਾਬੂ ਕਬੀਰ ਦਾਸ ਜੀ ਦਾ ਧੰਨਵਾਦ ਪ੍ਰਗਟਾਇਆ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਉਨ੍ਹਾਂ ਨੂੰ ਸੌਂਪੀ ਗਈ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਤਨਦੇਹੀ ਤੇ ਨਿਸ਼ਠਾ ਨਾਲ ਨਿਭਾਉਣਗੇ।ਇਸ ਮੌਕੇ ਗੁਰਬਚਨ ਸਿੰਘ ਮੌਲਵੀਵਾਲਾ, ਚੇਅਰਮੈਨ ਮਹਿੰਦਰ ਸਿੰਘ ਲਾਲਵਾ, ਲਖਵਿੰਦਰ ਸਿੰਘ ਮੌਲਵੀਵਾਲਾ, ਗੋਪੀ ਪ੍ਰਧਾਨ (ਜ਼ਿਲ੍ਹਾ ਪਰਿਸ਼ਦ ਮੈਂਬਰ), ਬਚਿੱਤਰ ਸਿੰਘ ਵੜੈਚ, ਅਮਰਜੀਤ ਅਰੋੜਾ, ਤੇਜਵੀਰ ਖਾਂਗ, ਹਰਦੀਪ ਸਿੰਘ ਖਾਗਾ, ਰਸ਼ਪਾਲ ਸਿੰਘ ਨਿਆਲ, ਅਮਨ ਘੱਗਾ, ਰਣਜੀਤ ਸ਼ਾਹੀ, ਸੁਖਜੀਤ ਸਿੰਘ ਬਕਰਾਹਾ, ਜੋਗਿੰਦਰ ਸਿੰਘ ਬਾਵਾ ਤੇ ਜੀਤ ਸਿੰਘ ਕਲਵਾਂ ਸਮੇਤ ਹੋਰ ਪਾਰਟੀ ਆਗੂ ਤੇ ਵਰਕਰ ਹਾਜ਼ਰ ਰਹੇ।

ਕਾਂਗਰਸ ਸਰਕਾਰ ਬਣਦੇ ਹੀ ਨਜਾਇਜ਼ ਪਰਚੇ ਰੱਦ ਕਰਾਂਗੇ : ਹਰਦਿਆਲ ਕੰਬੋਜ



ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)-ਪੰਜਾਬ ਕਾਂਗਰਸ ਦੇ ਜਨਰਲ ਸਕੱਤਰ ਤੇ ਸਾਬਕਾ ਵਿਧਾਇਕ ਅਤੇ ਕਾਂਗਰਸ ਮੈਨੀਫੈਸਟੋ ਕਮੇਟੀ ਦੇ ਸਹਿ-ਚੇਅਰਮੈਨ ਹਰਦਿਆਲ ਸਿੰਘ ਕੰਬੋਜ ਨੇ ਆਖਿਆ ਕਿ ਸੂਬੇ ਅੰਦਰ ਕਾਂਗਰਸ ਸਰਕਾਰ ਬਣਦੇ ਹੀ ਕਾਂਗਰਸੀ ਵਰਕਰਾਂ ਤੇ ਆਮ ਲੋਕਾਂ 'ਤੇ ਮੌਜੂਦਾ ਸਰਕਾਰ ਵੱਲੋਂ ਕੀਤੇ ਗਏ ਨਜਾਇਜ਼ ਪਰਚਿਆਂ ਨੂੰ ਰੱਦ ਕੀਤਾ ਜਾਵੇਗਾ ਅਤੇ ਪੌਣੇ 5 ਸਾਲ 'ਚ ਕਾਂਗਰਸੀ ਵਰਕਰਾਂ 'ਤੇ ਹੋਏ ਤਸ਼ੱਦਦ ਦਾ ਹਿਸਾਬ ਕਰਾਂਗੇ।ਹਰਦਿਆਲ ਕੰਬੋਜ ਅੱਜ ਕਾਂਗਰਸੀ ਵਰਕਰਾਂ ਦੀ ਵਿਸ਼ਾਲ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ।ਇਸ ਸਮੇਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਫਰੰਟ ਫੇਲ੍ਹ ਸਾਬਿਤ ਹੋਈ ਹੈ। ਕੰਬੋਜ ਨੇ ਆਖਿਆ ਕਿ ਸੂਬਾ ਸਰਕਾਰ ਨੇ ਹਾਲਾਤ ਬਦ ਤੋਂ ਬਦਤਰ ਕਰ ਦਿੱਤੇ ਹਨ।ਹਾਲਾਤ ਇਹ ਹਨ ਕਿ ਲੋਕ ਸਰਕਾਰ ਨੂੰ ਚੱਲਦਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਹਨ।ਉਨ੍ਹਾਂ ਆਖਿਆ ਕਿ ਸੂਬਾ ਸਰਕਾਰ ਨੇ ਗੁੰਡਾਗਰਦੀ ਨੇ ਲੋਕਾਂ ਦਾ ਜਿਊਣਾ ਦੁੱਭਰ ਕਰ ਦਿੱਤਾ ਹੈ। ਇਕ ਪਿੰਡ 'ਚ ਦਰਜਨ ਤੋਂ ਵੱਧ ਲੋਕਾਂ ਦੇ ਪਰਚੇ ਹਨ।ਇਹ ਸਾਰੇ ਪਰਚੇ ਨਜਾਇਜ਼ ਹਨ। ਉਨ੍ਹਾਂ ਕਿਹਾ ਕਿ ਨਜਾਇਜ਼ ਉਸਾਰੀਆਂ, ਜੂਏਬਾਜ਼ੀ, ਸੱਟੇਬਾਜ਼ੀ ਨੇ ਲੋਕਾਂ ਦਾ ਜਿਊਣਾ ਮੁਸ਼ਕਲ ਕਰ ਦਿੱਤਾ ਹੈ।ਕੰਬੋਜ ਨੇ ਆਖਿਆ ਕਿ ਅੱਜ ਭਵਾਨੀਗੜ੍ਹ ਵਿਖੇ ਕਾਂਗਰਸ ਦੀ ਹੋਈ ਵਿਸ਼ਾਲ ਰੈਲੀ ਨੇ ਸੂਬੇ ਅੰਦਰ ਕਾਂਗਰਸ ਸਰਕਾਰ ਲਿਆਉਣ ਦੀ ਨੀਂਹ ਰੱਖ ਦਿੱਤੀ ਹੈ।ਉਨ੍ਹਾਂ ਦਾਅਵਾ ਕੀਤਾ ਕਿ ਕਾਂਗਰਸ ਹੀ ਸੂਬੇ ਨੂੰ ਵਿਕਾਸ ਦੀ ਲੀਹ 'ਤੇ ਅੱਗੇ ਲਿਜਾਣ ਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਵਚਨਬੱਧ ਹੈ।

ਗੈਰ-ਕਾਨੂੰਨੀ ਹਥਿਆਰ ਸਪਲਾਈ ਕਰਨ ਵਾਲੇ ਨੈੱਟਵਰਕਾਂ ਨਾਲ ਜੁੜੇ ਛੇ ਵਿਅਕਤੀ 14 ਪਿਸਤੌਲਾਂ ਸਮੇਤ ਕਾਬੂ

ਅਟਾਰੀ/ਛੇਹਰਟਾ, ਚੰਡੀਗੜ੍ਹ/, :(ਸਤਬੀਰ ਭੀਲ,ਮਨੋਜ ਕੁਮਾਰ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਛੇ ਵਿਅਕਤੀਆਂ ਨੂੰ 14 ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰਕੇ ਗੈਰ-ਕਾਨੂੰਨੀ ਹਥਿਆਰ ਸਪਲਾਈ ਕਰਨ ਵਾਲੇ ਦੋ ਵੱਖ-ਵੱਖ ਨੈੱਟਵਰਕਾਂ ਦਾ ਪਰਦਾਫਾਸ਼ ਕੀਤਾ ਹੈ।ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਬੌਬੀ ਸਿੰਘ ਅਤੇ ਰਵਿੰਦਰ ਸਿੰਘ ਉਰਫ਼ ਮੰਨਾ ਦੋਵੇਂ ਵਾਸੀ ਪਿੰਡ ਤਲਵੰਡੀ ਸ਼ੋਭਾ ਸਿੰਘ, ਤਰਨ ਤਾਰਨ; ਗੁਰਪ੍ਰੀਤ ਸਿੰਘ ਉਰਫ਼ ਪ੍ਰੀਤ ਵਾਸੀ ਪਿੰਡ ਖੋਹਾਲਾ ਅਤੇ ਮੌਜੂਦਾ ਪਤਾ ਮੈਕਸ ਸਿਟੀ ਜੰਡਪੀਰ ਕਲੋਨੀ, ਅੰਮ੍ਰਿਤਸਰ; ਕਮਲ ਵਾਸੀ ਸੰਧੂ ਕਲੋਨੀ ਅੰਮ੍ਰਿਤਸਰ; ਅਜੈ ਸਿੰਘ ਉਰਫ਼ ਕਾਕਾ ਵਾਸੀ ਏਸਮਾ ਅਸਟੇਟ ਅੰਮ੍ਰਿਤਸਰ ਅਤੇ ਸਵਰਨ ਸਿੰਘ ਵਾਸੀ ਸੈਕਟਰ 17, ਪੰਚਕੂਲਾ, ਹਰਿਆਣਾ ਵਜੋਂ ਹੋਈ ਹੈ। ਬਰਾਮਦ ਕੀਤੇ ਪਿਸਤੌਲਾਂ ਵਿੱਚ ਇੱਕ .30 ਬੋਰ ਟਿਸਾਸ ਜ਼ਿਗਾਨਾ, ਇੱਕ .30 ਬੋਰ ਜ਼ਿਗਾਨਾ ਈਗਲ, ਇੱਕ .30 ਬੋਰ (ਚਾਈਨਾ ਵਿੱਚ ਬਣੀ), ਦੋ ਐੱਮਐੱਮ ਪਿਸਤੌਲ, ਸੱਤ .30 ਬੋਰ ਪਿਸਤੌਲ ਅਤੇ ਦੋ .32 ਬੋਰ ਪਿਸਤੌਲ ਸ਼ਾਮਲ ਹਨ।ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਕਥਿਤ ਤੌਰ ਤੇ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਵਿਦੇਸ਼ੀ ਹੈਂਡਲਰਾਂ ਦੇ ਸੰਪਰਕ ਵਿੱਚ ਸਨ, ਜਿਨ੍ਹਾਂ ਨੇ ਡਰੋਨ ਰਾਹੀਂ ਗੈਰ-ਕਾਨੂੰਨੀ ਹਥਿਆਰਾਂ ਦੀ ਖੇਪ ਪਹੁੰਚਾਉਣ ਵਿੱਚ ਮਦਦ ਕੀਤੀ ਸੀ। ਉਨ੍ਹਾਂ ਦੱਸਿਆ ਕਿ ਦੋਸ਼ੀ ਕਥਿਤ ਤੌਰ ਤੇ ਇਹ ਖੇਪਾਂ ਪ੍ਰਾਪਤ ਕਰਦੇ ਸਨ ਅਤੇ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਨੂੰ ਇਹ ਹਥਿਆਰ ਸਪਲਾਈ ਕਰਦੇ ਸਨ। ਡੀਜੀਪੀ ਨੇ ਕਿਹਾ ਕਿ ਗੈਰ-ਕਾਨੂੰਨੀ



ਹਥਿਆਰਾਂ ਦੀ ਸਪਲਾਈ ਦੇ ਵੱਡੇ ਨੈੱਟਵਰਕ ਨੂੰ ਜੜ੍ਹੋਂ ਖਤਮ ਕਰਨ ਲਈ ਇਸ ਮਾਮਲੇ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਅਤੇ ਹੋਰ ਸਾਥੀਆਂ ਦੀ ਪਛਾਣ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ। ਆਪ੍ਰੇਸ਼ਨ ਦੀ ਜਾਣਕਾਰੀ ਸਾਂਝੀ ਕਰਦਿਆਂ ਕਮਿਸ਼ਨਰ ਆਫ਼ ਪੁਲਿਸ (ਸੀ.ਪੀ.) ਅੰਮ੍ਰਿਤਸਰ ਹਰਮਨਬੀਰ ਸਿੰਘ ਗਿੱਲ ਨੇ ਦੱਸਿਆ ਕਿ ਪਹਿਲੇ ਆਪ੍ਰੇਸ਼ਨ ਵਿੱਚ ਪੁਲਿਸ ਟੀਮਾਂ ਨੇ ਪੱਕੀ ਇਤਲਾਹ ਤੇ ਕਾਰਵਾਈ ਕਰਦਿਆਂ ਛੇ ਗੈਰ-ਕਾਨੂੰਨੀ ਪਿਸਤੌਲਾਂ ਸਮੇਤ ਪੰਜ ਦੋਸ਼ੀਆਂ ਬੌਬੀ ਸਿੰਘ, ਰਵਿੰਦਰ ਉਰਫ਼ ਮੰਨਾ, ਗੁਰਪ੍ਰੀਤ ਉਰਫ਼ ਪ੍ਰੀਤ, ਕਮਲ, ਅਤੇ ਅਜੇ ਉਰਫ਼ ਕਾਕਾ ਨੂੰ ਗ੍ਰਿਫ਼ਤਾਰ ਕੀਤਾ ਹੈ। ਸੀ.ਪੀ. ਨੇ ਦੱਸਿਆ ਕਿ ਦੂਜੇ ਆਪ੍ਰੇਸ਼ਨ ਵਿੱਚ ਪੁਲਿਸ ਨੇ ਖਾਸ ਸੂਚਨਾ ਦੇ ਆਧਾਰ ਤੇ ਕਾਰਵਾਈ ਕਰਦਿਆਂ ਅੱਠ ਗੈਰ-ਕਾਨੂੰਨੀ ਪਿਸਤੌਲਾਂ ਸਮੇਤ ਸਵਰਨ ਸਿੰਘ ਨੂੰ ਕਾਬੂ ਕੀਤਾ ਹੈ। ਇਸ ਸਬੰਧੀ ਦੋ ਵੱਖ-ਵੱਖ ਕੇਸ ਦਰਜ ਕੀਤੇ ਗਏ ਹਨ, ਪਹਿਲਾ ਕੇਸ ਅਸਲਾ ਐਕਟ ਦੀ ਧਾਰਾ 25 (6,7,8) ਤਹਿਤ ਮਿਤੀ 02.11.2026 ਨੂੰ ਐੱਫ.ਆਈ.ਆਰ. ਨੰ. 272 ਥਾਣਾ ਛੇਹਰਟਾ ਵਿਖੇ ਅਤੇ ਦੂਜਾ ਕੇਸ ਅਸਲਾ ਐਕਟ ਦੀ ਧਾਰਾ 25(6,7,8) ਤਹਿਤ ਮਿਤੀ 08.11.2026 ਨੂੰ ਐਫ.ਆਈ.ਆਰ. ਨੰ. 207 ਥਾਣਾ ਸਿਵਲ ਲਾਈਨਜ਼ ਵਿਖੇ ਦਰਜ ਕੀਤਾ ਗਿਆ ਹੈ।

ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਆਲੇ-ਦੁਆਲੇ ਡਰੋਨ ਕੈਮਰਾ ਉਡਾਉਣ 'ਤੇ ਮੁਕੰਮਲ ਪਾਬੰਦੀ

ਅੰਮ੍ਰਿਤਸਰ, (ਜਗਦੀਸ਼ ਕਮਲੇਸ਼)-ਵਧੀਕ ਜ਼ਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਪੱਲਵੀ ਮਿਸ਼ਰਾ ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸਹਿੰਤਾ, 2023 ਦੀ ਧਾਰਾ 163 ਬੀ.ਐੱਨ.ਐੱਸ.ਐੱਸ. ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਜ਼ਿਲ੍ਹਾ ਅੰਮ੍ਰਿਤਸਰ ਵਿਚ ਪੈਂਦੇ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡਾ, ਅਜਨਾਲਾ ਰੋਡ, ਰਾਜਾਸਾਂਸੀ, ਅੰਮ੍ਰਿਤਸਰ ਦੇ ਦਿਹਾਤੀ ਅਧਿਕਾਰ ਖੇਤਰ ਵਿੱਚ ਡਰੋਨਜ਼ ਚਲਾਉਣ ਦੇ ਮੁਕੰਮਲ ਤੌਰ ਤੇ ਪਾਬੰਦੀ ਲਗਾਈ ਜਾਂਦੀ ਹੈ। ਹੁਕਮਾਂ ਵਿਚ ਕਿਹਾ ਗਿਆ ਹੈ ਕਿ ਇਹ ਧਿਆਨ ਵਿਚ ਆਇਆ ਹੈ ਕਿ ਏਅਰਪੋਰਟ ਵਿਖੇ ਦਿਨ ਰਾਤ ਅੰਤਰ ਰਾਸ਼ਟਰੀ/ਘਰੇਲੂ ਉਡਾਨਾਂ ਆਉਂਦੀਆਂ ਤੇ ਜਾਂਦੀਆਂ ਹਨ।ਇਸ ਲਈ ਹਵਾਈ ਅੱਡੇ ਦੇ ਨਜਦੀਕ ਪੈਂਦੇ ਦਿਹਾਤੀ ਏਰੀਏ ਵਿੱਚ ਆਸ ਪਾਸ ਕਾਫ਼ੀ ਹੋਟਲ ਤੇ ਮੈਰਿਜ ਪੈਲਸ ਪੈਂਦੇ ਹਨ।ਜਿਥੇ ਆਮ ਪਬਲਿਕ ਆਪਣੇ ਫੰਕਸ਼ਨਾਂ ਦੀ ਡਰੋਨਜ ਰਾਹੀਂ ਕਵਰਿੰਗ ਕਰਦੇ ਹਨ।ਜਿਨ੍ਹਾਂ ਦੀ ਆੜ ਵਿੱਚ ਕੋਈ ਸਮਾਜ ਵਿਰੋਧੀ ਅਨਸਰ ਕਿਸੇ ਸਮੇਂ ਵੀ ਵੱਡੇ ਹਾਦਸੇ ਨੂੰ ਅੰਜਾਮ ਦੇ ਸਕਦੇ ਹਨ।ਇਸ ਲਈ ਸ੍ਰੀ ਏਅਰਪੋਰਟ ਦੇ ਨਜ਼ਦੀਕ ਪੈਂਦੇ ਦਿਹਾਤੀ ਏਰੀਏ ਵਿੱਚ ਅਜਿਹੀ ਘਟਨਾਵਾਂ ਨੂੰ ਰੋਕਣ ਲਈ ਡਰੋਨਜ ਕੈਮਰਾ ਉਡਾਉਣ ਤੇ ਪਾਬੰਦੀ ਲਗਾਈ ਜਾਂਦੀ ਹੈ।

ਮੰਨਾ ਨੇ ਸਰਕਾਰੀ ਮਿਡਲ ਸਕੂਲ ਦੌਲੋ ਨੰਗਲ ਵਿਖੇ ਕਾਪੀਆਂ ਵੰਡੀਆਂ



ਬਿਆਸ (ਪਰਮਜੀਤ ਸਿੰਘ ਰੱਖੜਾ) ਸਰਕਾਰੀ ਮਿਡਲ ਸਕੂਲ, ਦੌਲੋ ਨੰਗਲ ਵਿਖੇ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ ਦੀ ਰਹਿਨੁਮਾਈ ਹੇਠ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਭੇਜੀਆਂ ਗਈਆਂ ਕਾਪੀਆਂ ਸਕੂਲ ਦੇ ਵਿਦਿਆਰਥੀਆਂ ਨੂੰ ਵੰਡੀਆਂ ਗਈਆਂ।ਇਸ ਉਪਰਾਲੇ ਦਾ ਮੁੱਖ ਮਕਸਦ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਤੀ ਉਤਸ਼ਾਹਤ ਕਰਨਾ ਅਤੇ ਉਨ੍ਹਾਂ ਦੀ ਪੜ੍ਹਾਈ ਵਿੱਚ ਸਹਿਯੋਗ ਦੇਣਾ ਹੈ। ਇਸ ਨੇਕ ਉਪਰਾਲੇ ਰਾਹੀਂ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਸਿੱਖਿਆ ਦੇ ਖੇਤਰ ਵਿੱਚ ਯੋਗਦਾਨ ਪਾਇਆ ਗਿਆ। ਇਸ ਮੌਕੇ ਲਾਟ ਸ਼ਾਹ ਮੰਡਲ ਪ੍ਰਧਾਨ ਬਿਆਸ, ਮਾਨ ਸਿੰਘ ਜ਼ਿਲ੍ਹਾ ਕਾਰਜਕਾਰੀ ਮੈਂਬਰ, ਹੈਪੀ ਕੋਚ ਬਿਆਸ, ਬਲਜੀਤ ਸਿੰਘ ਜ਼ਿਲ੍ਹਾ ਸਕੱਤਰ ਬਿਆਸ, ਪਿੰਦਰ ਦੌਲੋ ਨੰਗਲ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਰਣਸੀਕੇ ਮੀਰਾ ਦੇ ਮੌਜੂਦਾ ਤੇ ਸਾਬਕਾ ਕਾਂਗਰਸੀ ਸਰਪੰਚ ਕਈ ਸਾਥੀਆਂ ਸਮੇਤ ਭਗਵਾਨਪੁਰੀਆ ਟੀਮ 'ਚ ਸ਼ਾਮਲ

ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)-ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਅੰਦਰ ਅੱਜ ਜੱਗੂ ਭਗਵਾਨਪੁਰੀਆ ਦੀ ਪਤਨੀ ਡਾਕਟਰ ਅਮਨਦੀਪ ਕੌਰ ਤੇ ਭਗਵਾਨਪੁਰੀਆ ਟੀਮ ਨੂੰ ਉਸ ਵੇਲੇ ਵੱਡਾ ਬਲ ਮਿਲਿਆ ਜਦ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਰਣਸੀਕੇ ਮੀਰਾ ਆਪ ਦੇ ਮੌਜੂਦਾ ਸਰਪੰਚ ਬੀਬੀ ਹਰਜਿੰਦਰ ਕੌਰ 4 ਪੰਚਾਇਤ ਮੈਂਬਰਾਂ ਤੇ ਕਾਂਗਰਸ ਦੇ ਸਾਬਕਾ ਸਰਪੰਚ ਅਮਰਜੀਤ ਸਿੰਘ ਨੇ ਆਪਣੇ ਸਾਥੀਆਂ ਸਮੇਤ ਭਗਵਾਨਪੁਰੀਆ ਟੀਮ ਵਿੱਚ ਸ਼ਾਮਿਲ ਹੋਣ ਦਾ ਐਲਾਨ ਕਰ ਦਿੱਤਾ। ਭਗਵਾਨਪੁਰੀਆ ਟੀਮ ਵਿਚ ਸ਼ਾਮਿਲ ਹੋਣ ਵਾਲੇ ਆਮ ਆਦਮੀ ਪਾਰਟੀ ਦੇ ਮੌਜੂਦਾ ਸਰਪੰਚ ਬੀਬੀ ਹਰਜਿੰਦਰ ਕੌਰ,ਬਲਾਕ ਪ੍ਰਧਾਨ ਕੈਪਟਨ ਰਣਜੀਤ ਸਿੰਘ, ਮੈਂਬਰ ਪੰਚਾਇਤ ਪਰਮਜੀਤ ਕੌਰ, ਰਣਧੀਰ ਸਿੰਘ ਫੌਜੀ, ਪਰਜੀਤ ਸਿੰਘ, ਕੁਲਦੀਪ ਚੰਦ,ਕਾਂਗਰਸ ਦੇ ਸਾਬਕਾ ਸਰਪੰਚ ਅਮਰਜੀਤ ਸਿੰਘ, ਸਾਬਕਾ ਪੰਚਾਇਤ ਮੈਂਬਰ ਰਾਜ ਕੁਮਾਰ, ਸਾਬਕਾ ਮੈਂਬਰ ਮਨਦੀਪ ਕੌਰ, ਸਰਬਜੀਤ ਸਿੰਘ, ਹਰਭਜਨ ਸਿੰਘ, ਹਰਜੀਤ ਸਿੰਘ, ਬਲਦੇਵ ਸਿੰਘ ਫੌਜੀ, ਅਮਰਜੀਤ ਸਿੰਘ ਡਰਾਈਵਰ,ਕਰਨਬੀਰ ਸਿੰਘ ਨੂੰ ਡਾਕਟਰ ਅਮਨਦੀਪ ਕੌਰ ਭਗਵਾਨਪੁਰ ਤੇ ਚੇਅਰਪਰਸਨ ਬੀਬੀ ਰਾਜਵਿੰਦਰ ਕੌਰ ਭਗਵਾਨਪੁਰ ਵੱਲੋਂ ਜੀ ਆਇਆ ਕਹਿੰਦਿਆਂ ਹੋਇਆਂ ਸਿਰਪਾਓ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਹੋਇਆਂ ਡਾਕਟਰ ਅਮਨਦੀਪ ਕੌਰ ਭਗਵਾਨਪੁਰ ਨੇ ਕਿਹਾ ਕਿ ਅਸੀਂ ਹਲਕਾ ਡੇਰਾ ਬਾਬਾ ਨਾਨਕ ਦੀਆਂ ਸਮੂਹ ਸੰਗਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦੇ ਹਾਂ ਜਿਨਾਂ ਵੱਲੋਂ ਸਾਨੂੰ ਆਸ ਨਾਲੋਂ ਵੀ ਵੱਧ ਸਹਿਯੋਗ ਦਿੱਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਇਨਾਂ ਲੋਕਾਂ ਵੱਲੋਂ ਦਿੱਤੇ ਜਾ ਰਹੇ ਵੱਡੇ ਸਹਿਯੋਗ ਸਦਕਾ ਹੀ ਅਸੀਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਹਲਕਾ ਡੇਰਾ ਬਾਬਾ ਨਾਨਕ ਤੋਂ ਵੱਡੀ ਨਾਲ ਜਿੱਤ ਹਾਸਲ ਕਰਾਂਗੇ। ਉਨ੍ਹਾਂ ਕਿਹਾ ਕਿ ਅਸੀਂ ਹਲਕੇ ਦੇ ਲੋਕਾਂ ਨੂੰ ਵਿਸ਼ਵਾਸ ਦਵਾਉਂਦੇ ਹਾਂ ਕਿ ਸਾਡੇ ਪਰਿਵਾਰ ਵੱਲੋਂ ਕਦੀ ਵੀ ਹਲਕੇ ਦੇ ਵਰਕਰਾਂ ਲਈ ਮੱਥੇ ਵੱਟ ਨਹੀਂ ਪਾਇਆ ਜਾਵੇਗਾ ਤੇ



ਹਰ ਵਰਕਰ ਨੂੰ ਬਨਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਅਮਨਦੀਪ ਕੌਰ ਭਗਵਾਨਪੁਰ ਨੇ ਕਿਹਾ ਕਿ ਸਾਡੀ ਟੀਮ ਵੱਲੋਂ ਸਿਆਸਤ ਦੇ ਨਾਲ ਨਾਲ ਸਮਾਜ ਸੇਵਾ ਦੇ ਕੰਮ ਵੀ ਨਿਰਵਿਘਨ ਜਾਰੀ ਰਹਿਣਗੇ। ਇਸ ਮੌਕੇ ਕੈਪਟਨ ਰਣਜੀਤ ਸਿੰਘ ਅਤੇ ਸਾਬਕਾ ਸਰਪੰਚ ਅਮਰਜੀਤ ਸਿੰਘ ਨੇ ਕਿਹਾ ਕਿ ਅਸੀ ਭਗਵਾਨਪੁਰ ਪਰਿਵਾਰ ਦੀ ਟੀਮ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਦੇ ਕੰਮਾਂ ਤੋਂ ਖੁਸ਼ ਹੋ ਕੇ ਭਗਵਾਨਪੁਰ ਪਰਿਵਾਰ ਨਾਲ ਚੱਲਣ ਦਾ ਫੈਸਲਾ ਕੀਤਾ ਹੈ ।

ਇਸ ਮੌਕੇ ਭਗਵਾਨਪੁਰ ਟੀਮ ਨੇ ਪਿੰਡ ਦੀਆਂ 2 ਨਵੀਆਂ ਵਿਆਹੀਆਂ ਲੜਕੀਆਂ ਨੂੰ 21000,21000 ਹਜ਼ਾਰ ਰੁਪਏ ਸ਼ਗਨ ਵੀ ਦਿੱਤੇ ।ਇਸ ਮੌਕੇ ਦਲਬੀਰ ਸਿੰਘ ਭਿੱਲਾ ਸਰਪੰਚ ਕੋਟਲੀ ਸੂਰਤ ਮੱਲੀ, ਜੁਗਦੀਪ ਸਿੰਘ ਜੱਗੀ ਸਮਰਾਂ, ਬਲਬੀਰ ਸਿੰਘ ਘੁੰਮਣ,ਰਮਨਦੀਪ ਕੌਰ ਸਰਪੰਚ ਮੀਰ ਕਚਾਨਾ, ਜਗਦੀਪ ਸਿੰਘ ਸਰਪੰਚ ਲੁਕਮਾਨੀਆਂ, ਯੁੱਧਵੀਰ ਸਿੰਘ ਮਸਤਕੋਟ,ਗੁਰਮੁੱਖ ਸਿੰਘ ਸਰਪੰਚ ਢੇਸੀਆਂ, ਅਤਿੰਦਰ ਪਾਲ ਸਿੰਘ ਲੋਪਾ, ਪਿੰਦਰਜੀਤ ਸਿੰਘ ਪਕੀਵਾਂ, ਮਲਕੀਤ ਸਿੰਘ ਪਕੀਵਾਂ, ਪ੍ਰਿੰਸ ਮਸੀਹ, ਬਿਕਰਮ ਮਸੀਹ ਲੋਪਾ, ਜੋਗਿੰਦਰ ਪਾਲ ਮੀਆਂ ਕੋਟ, ਸਮੇਤ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੁੱਲ੍ਹਣ ਲਈ ਸੰਗਤਾਂ ਨੇ ਕੀਤੀ ਅਰਦਾਸ

ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ) ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲਣ ਵਾਸਤੇ ਦਰਸ਼ਨ ਅਭਿਲਾਖੀ ਸੰਸਥਾ ਦੇ ਆਗੂਆਂ ਵੱਲੋਂ ਡੇਰਾ ਬਾਬਾ ਨਾਨਕ ਦੀ ਅੰਤਰਰਾਸ਼ਟਰੀ ਸਰਹੱਦ ਤੇ ਬਣੀ ਦਰਸਨ ਸਥੱਲ ਤੇ ਖਲੋ ਕੇ ਤੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਸਨਮੁੱਖ ਹੋ ਕੇ ਅਰਦਾਸ ਕੀਤੀ ਗਈ।ਅਰਦਾਸ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ: ਗੁਰਿੰਦਰ ਸਿੰਘ ਬਾਜਵਾ ਤੇ ਜਥੇਦਾਰ ਸੁੱਚਾ ਸਿੰਘ ਛੋਟੇਪੁਰ ਨੇ ਕਿਹਾ ਕੇ ਹਰ ਮਹੀਨੇ ਦੀ ਤਰ੍ਹਾਂ ਅੱਜ ਵੀ ਸਾਡੀ ਸੰਸਥਾ ਵੱਲੋਂ ਮੱਸਿਆ ਦੇ ਦਿਹਾੜੇ ਮੌਕੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਮੁੜ ਖੋਲਣ ਵਾਸਤੇ ਅਰਦਾਸ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਅਪ੍ਰੇਸ਼ਨ ਸੰਧੂਰ ਦੌਰਾਨ ਸਰਹੱਦਾਂ ਤੇ ਨਾਜ਼ੁਕ ਹਾਲਾਤ ਨੂੰ ਵੇਖਦਿਆਂ ਭਾਰਤ ਸਰਕਾਰ ਵੱਲੋਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਇਹ ਲਾਂਘਾ ਬੰਦ ਕਰ ਦਿੱਤਾ ਗਿਆ ਸੀ ।ਉਨ੍ਹਾਂ ਕਿਹਾ ਕਿ ਜਦ ਹੁਣ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਵੱਲੋਂ ਵਾਹਗਾ ਸਰਹੱਦ ਸਮੇਤ ਬਾਕੀ ਸਰਹੱਦਾਂ ਨੂੰ ਪਹਿਲਾਂ ਵਾਂਗ ਖੋਲ੍ਹ ਕੇ ਗੁਰਧਾਮਾਂ ਦੇ ਦਰਸ਼ਨਾਂ ਲਈ ਪਾਕਿਸਤਾਨ ਜਥੇ ਭੇਜੇ ਜਾ ਰਹੇ ਹਨ ਤਾਂ ਫਿਰ ਡੇਰਾ



ਬਾਬਾ ਨਾਨਕ ਕਰਤਾਰਪੁਰ ਸਾਹਿਬ ਕੋਰੀਡੋਰ ਨੂੰ ਕਿਸ ਮਨਸ਼ਾ ਕਾਰਨ ਬੰਦ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਇੱਕ ਬੰਨੇ ਭਾਜਪਾ ਸਰਕਾਰ ਆਪਣੇ ਆਪ ਨੂੰ ਸਿੱਖਾਂ ਦੀ ਹਤੈਸੀ ਦੱਸ ਰਹੀ ਹੈ ਤੇ ਦੂਜੇ ਪਾਛੇ ਕਰਤਾਰਪੁਰ ਸਾਹਿਬ ਦਾ ਇਹ ਲਾਂਘਾ ਬੰਦ ਕਰਕੇ ਸਿੱਖਾਂ ਨਾਲ ਵੱਡਾ ਵਿਤਕਰਾ ਕੀਤਾ ਜਾ ਰਿਹਾ ਹੈ। ਉਹਨਾਂ ਭਾਰਤ ਅਤੇ ਪਾਕਿਸਤਾਨ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਨੂੰ ਅਪੀਲ ਕੀਤੀ ਕਿ ਸਮੁੱਚੀਆਂ ਨਾਨਕ ਨਾਮ ਲੇਵਾ ਸੰਗਤਾਂ ਦੀਆਂ ਭਾਵਨਾਵਾਂ ਨੂੰ ਸਮਝਦਿਆਂ ਹੋਇਆਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਦਾ ਇਹ ਲਾਂਘਾ ਜਲਦ ਖੋਲਿਆ ਜਾਵੇ ਤਾਂ ਜੋ ਸਮੁੱਚੀਆਂ ਨਾਨਕ ਨਾਮ ਲੇਵਾ ਸੰਗਤਾਂ ਆਪਣੇ ਉਸ ਵਿਛੜੇ ਗੁਰਧਾਮ ਦੇ ਖੁੱਲੇ ਦਰਸ਼ਨ ਦੀਦਾਰੇ ਕਰ ਸਕਣ। ਉਨ੍ਹਾਂ ਹੋਰ ਵੀ ਮੰਗ ਕੀਤੀ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲਣ ਦੇ ਨਾਲ ਨਾਲ ਸੰਗਤਾਂ ਨੂੰ ਗੁਰਦੁਆਰਾ ਕਰਤਾਰਪੁਰ ਸਾਹਿਬ ਵਿਖੇ ਰਾਤ ਰਹਿਣ ਦੀ ਵੀ ਇਜਾਜ਼ਤ ਦਿੱਤੀ ਜਾਵੇਂ ਤੇ ਲਾਂਘੇ ਲਈ ਰੱਖੀਆਂ ਸ਼ਰਤਾਂ ਨੂੰ ਨਰਮ ਕੀਤਾ ਜਾਵੇ ਤਾਂ ਜੋ ਸੰਗਤਾਂ ਆਪਣੇ ਇਸ ਵਿਛੜੇ ਗੁਰਧਾਮ ਦੇ ਖੁੱਲੇ ਦਰਸ਼ਨ ਦੀਦਾਰੇ ਕਰ ਸਕਣ। ਇਸ ਮੌਕੇ ਜਥੇਦਾਰ ਜਸਬੀਰ ਸਿੰਘ ਜੱਫਰਵਾਲ, ਸਰਦਾਰ ਅਵਤਾਰ ਸਿੰਘ, ਜਥੇਦਾਰ ਸੁਖਵੰਤ ਸਿੰਘ ਰੌਲੀ, ਜਥੇਦਾਰ ਊਧਮ ਸਿੰਘ ਔਲਖ, ਜਥੇਦਾਰ ਤਰਲੋਕ ਸਿੰਘ, ਬਾਬਾ ਗੁਰਮੇਜ਼ ਸਿੰਘ ਦਾਬਾਂ ਵਾਲਾ, ਭੋਲਾ ਸਿੰਘ ਜਫਰਵਾਲ, ਦਲਬੀਰ ਸਿੰਘ ਸਰਫਕੋਟ, ਸੁਖਦੇਵ ਸਿੰਘ ਦਰਗਾਬਾਦ, ਦਿਲਬਾਗ ਸਿੰਘ ਬਿੱਲ ਨਵਾਬ ਤੇ ਜੋਗਿੰਦਰ ਸਿੰਘ, ਇੰ: ਨਿਰਮਲ ਸਿੰਘ, ਜਤਿੰਦਰ ਸਿੰਘ ਦਾਬਾਂ ਵਾਲਾ, ਨਿਰਮਲ ਸਿੰਘ ਸਾਗਰਪੁਰ, ਜਥੇਦਾਰ ਦਿਲਬਾਗ ਸਿੰਘ, ਸੁਖਦੇਵ ਸਿੰਘ, ਸੁਖਚੈਨ ਸਿੰਘ, ਪਿੰਦਰਪਾਲ ਸਿੰਘ ਡੁਲਟ, ਹਰਭਜਨ ਸਿੰਘ ਰੱਤੜਵਾਂ, ਜਸਵੰਤ ਸਿੰਘ ਜਫਰਵਾਲ, ਸੁਲੱਖਣ ਸਿੰਘ ਜਫਰਵਾਲ, ਮੋਹਨ ਸਿੰਘ ਅਰਲੀਭੰਨ, ਤਰਸੇਮ ਸਿੰਘ ਜਫਰਵਾਲ, ਬਲਬੀਰ ਸਿੰਘ ਕੋਟਲਾ, ਸੁਰਿੰਦਰ ਸਿੰਘ ਨਕੋਦਰ ਤੇ ਗੁਰਪ੍ਰੀਤ ਸਿੰਘ ਖਾਸਾਵਾਲਾ, ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਐੱਨ ਐੱਚ ਐੱਮ ਮੁਲਾਜ਼ਮਾਂ ਵੱਲੋਂ ਮੁਕੰਮਲ ਤੌਰ 'ਤੇ ਕੰਮ ਦਾ ਬਾਈਕਾਟ

*** ਸਰਕਾਰ ਵੱਲੋਂ ਮੰਗਾਂ ਦਾ ਠੋਸ ਹੱਲ ਨਾ ਕੀਤੇ ਜਾਣ 'ਤੇ ਸੰਘਰਸ਼ ਹੋਰ ਤਿੱਖਾ ਕਰਨ ਦੀ ਦਿੱਤੀ ਚਿਤਾਵਨੀ**

ਤਰਨ ਤਾਰਨ/ਚੋਹਲਾ ਸਾਹਿਬ (ਰਮਨ ਚੱਡਾ)- ਐੱਨ.ਐੱਚ.ਐੱਮ. ਇੰਪਲਾਈਜ਼ ਯੂਨੀਅਨ ਪੰਜਾਬ ਦੇ ਸੱਦੇ 'ਤੇ ਸੂਬੇ ਭਰ ਦੇ ਨੈਸ਼ਨਲ ਹੈਲਥ ਮਿਸ਼ਨ (ਐਨ.ਐਚ.ਐਮ.) ਅਧੀਨ ਕੰਮ ਕਰਦੇ ਮੁਲਾਜ਼ਮਾਂ ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਜਾਇਜ਼ ਮੰਗਾਂ ਨੂੰ ਲੈ ਕੇ ਮੁਕੰਮਲ ਤੌਰ 'ਤੇ ਕੰਮ ਦਾ ਬਾਈਕਾਟ ਕੀਤਾ ਜਾ ਰਿਹਾ ਹੈ। ਇਸ ਸੰਘਰਸ਼ ਤਹਿਤ ਕੱਲ੍ਹ ਮਿਤੀ 11 ਨਵੰਬਰ ਨੂੰ ਚੰਡੀਗੜ੍ਹ ਵਿਖੇ ਸੈਕਟਰ-38 ਸਥਿਤ ਐਨ.ਐਚ.ਐਮ. ਦੇ ਮੁੱਖ ਦਫ਼ਤਰ ਵਿਖੇ ਸੂਬਾ ਪੱਧਰੀ ਰੋਸ ਰੈਲੀ ਕੀਤੀ ਜਾਵੇਗੀ, ਜਿਸ ਵਿੱਚ ਪੰਜਾਬ ਭਰ ਤੋਂ ਵੱਡੀ ਗਿਣਤੀ ਵਿੱਚ ਐਨ.ਐਚ.ਐਮ. ਮੁਲਾਜ਼ਮ ਸ਼ਮੂਲੀਅਤ ਕਰਨਗੇ।ਇਸ ਸਬੰਧੀ ਯੂਨੀਅਨ ਦੇ ਆਗੂ ਮਨਦੀਪ ਸਿੰਘ ਨੇ ਦੱਸਿਆ ਕਿ ਐਨ.ਐਚ.ਐਮ. ਮੁਲਾਜ਼ਮ ਪਿਛਲੇ ਲੰਬੇ ਸਮੇਂ ਤੋਂ ਆਪਣੀਆਂ ਹੱਕੀ ਮੰਗਾਂ ਦੀ ਪੂਰਤੀ ਲਈ ਸਰਕਾਰ ਅਤੇ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਤੱਕ ਪਹੁੰਚ ਕਰਦੇ ਆ ਰਹੇ ਹਨ। ਮੁਲਾਜ਼ਮਾਂ ਵੱਲੋਂ ਸਮੇਂ-ਸਮੇਂ 'ਤੇ ਲਗਭਗ 54 ਮੀਟਿੰਗਾਂ, ਰੋਸ ਪ੍ਰਦਰਸ਼ਨਾਂ, ਧਰਨਿਆਂ ਅਤੇ ਮੰਗ ਪੱਤਰਾਂ ਰਾਹੀਂ ਆਪਣੀਆਂ ਸਮੱਸਿਆਵਾਂ ਸਰਕਾਰ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ ਹਨ। ਇਸ ਦੇ ਬਾਵਜੂਦ ਮੁਲਾਜ਼ਮਾਂ ਦੀਆਂ ਮੰਗਾਂ ਦਾ ਕੋਈ ਸਥਾਈ ਅਤੇ ਠੋਸ ਹੱਲ ਨਾ ਨਿਕਲਣ ਕਾਰਨ ਮੁਲਾਜ਼ਮ ਵਰਗ ਵਿੱਚ ਭਾਰੀ ਰੋਸ ਅਤੇ ਨਿਰਾਸ਼ਾ ਪਾਈ ਜਾ ਰਹੀ ਹੈ। ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਬਣਾਈ ਗਈ ਭਲਾਈ ਕਮੇਟੀ ਦੀ ਇੱਕ ਵੀ ਮੀਟਿੰਗ ਅਜੇ ਤੱਕ ਸਰਕਾਰ ਵੱਲੋਂ ਨਹੀਂ ਕੀਤੀ ਗਈ ਜਿਸ ਤੋਂ ਸਰਕਾਰ ਦੀ ਮਨਸ਼ਾ ਸਾਫ ਜਾਹਿਰ ਹੁੰਦੀ ਹੈ ਕਿ ਉਹ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਗੰਭੀਰ ਨਹੀਂ ਹੈ। ਆਗੂਆਂ ਨੇ ਦੱਸਿਆ ਕਿ ਇਹ ਸਰਕਾਰ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਉਹਨਾਂ ਦੇ ਧਰਨਿਆਂ ਵਿੱਚ ਦਰੀਆਂ ਤੇ



ਬੈਠ ਕੇ ਉਹਨਾਂ ਨੂੰ ਪੱਕੇ ਕਰਨ ਦਾ ਵਾਅਦਾ ਕੀਤਾ ਗਿਆ ਸੀ ਪ੍ਰੰਤੂ ਸਾਢੇ ਚਾਰ ਸਾਲ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਮੁਲਾਜ਼ਮਾਂ ਨੂੰ ਇਕ ਰੁਪਏ ਦਾ ਵੀ ਵਾਧਾ ਨਹੀਂ ਦਿੱਤਾ ਗਿਆ।ਯੂਨੀਅਨ ਆਗੂ ਜੈਸਮੀਨ ਕੌਰ ਨੇ ਕਿਹਾ ਕਿ ਯੂਨੀਅਨ ਦੀਆਂ ਮੁੱਖ ਮੰਗਾਂ ਵਿੱਚ ਐਨ.ਐਚ.ਐਮ. ਮੁਲਾਜ਼ਮਾਂ ਲਈ ਠੋਸ ਅਤੇ ਸਥਾਈ ਨੀਤੀ ਬਣਾਉਣਾ, ਲੰਬੇ ਸਮੇਂ ਤੋਂ ਸੇਵਾਵਾਂ ਨਿਭਾ ਰਹੇ ਮੁਲਾਜ਼ਮਾਂ ਨੂੰ ਨਿਯਮਾਂ ਅਨੁਸਾਰ ਰੈਗੂਲਰ ਕਰਨ ਦੀ ਪ੍ਰਕਿਰਿਆ ਸ਼ੁਰੂ ਕਰਨਾ, ਤਨਖਾਹਾਂ ਵਿੱਚ ਵਾਜਬ ਵਾਧਾ ਕਰਨਾ, ਬਰਾਬਰ ਕੰਮ ਬਦਲੇ ਬਰਾਬਰ ਤਨਖਾਹ ਦੇ ਸਿਧਾਂਤ ਨੂੰ ਲਾਗੂ ਕਰਨਾ ਅਤੇ ਮੁਲਾਜ਼ਮਾਂ ਦੀਆਂ ਹੋਰ ਸੇਵਾ ਸ਼ਰਤਾਂ ਨਾਲ ਸਬੰਧਤ ਮੰਗਾਂ ਦਾ ਹੱਲ ਕਰਨਾ ਸ਼ਾਮਲ ਹੈ।ਯੂਨੀਅਨ ਆਗੂ ਅਮਰਜੀਤ ਕੌਰ ਨੇ ਸਰਕਾਰ ਨੂੰ ਸਾਫ ਲਫਜ਼ਾਂ ਵਿੱਚ ਚੇਤਾਵਨੀ ਦਿੱਤੀ ਹੈ ਕਿ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਉਨੈਹਾਂ ਨਾਲ ਤੁਰੰਤ ਉੱਚ ਪੱਧਰੀ ਮੀਟਿੰਗ ਕਰਕੇ ਮੰਗਾਂ ਦਾ ਸਮਾਂਬੱਧ ਅਤੇ ਲਿਖਤੀ ਰੂਪ ਵਿੱਚ ਹੱਲ ਕੀਤਾ ਜਾਵੇ। ਉਨੈਹਾਂ ਕਿਹਾ ਕਿ ਸਿਰਫ਼ ਮੀਟਿੰਗਾਂ ਦੇ ਭਰੋਸਿਆਂ ਨਾਲ ਹੁਣ ਮੁਲਾਜ਼ਮਾਂ ਦਾ ਸੰਤੁਸ਼ਟ ਹੋਣਾ ਸੰਭਵ ਨਹੀਂ ਹੈ।ਮੁਲਾਜ਼ਮਾਂ ਨੇ ਕਿਹਾ ਕਿ ਹੁਣ ਗੱਲਬਾਤ ਦੇ ਨਾਲ-ਨਾਲ ਜ਼ਮੀਨੀ ਪੱਧਰ 'ਤੇ ਠੋਸ ਕਾਰਵਾਈ ਹੋਣੀ ਚਾਹੀਦੀ ਹੈ ਆਗੂਆਂ ਨੇ ਸਪੱਸ਼ਟ ਚਿਤਾਵਨੀ ਦਿੱਤੀ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਦਾ ਕੋਈ ਠੋਸ ਅਤੇ ਤਸੱਲੀਬਖ਼ਸ਼ ਹੱਲ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ। ਇਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਅਤੇ ਸਬੰਧਤ ਵਿਭਾਗ ਦੇ ਉੱਚ ਅਧਿਕਾਰੀਆਂ ਦੀ ਹੋਵੇਗੀ।

ਉਨ੍ਹਾ ਸਮੂਹ ਐਨ.ਐਚ.ਐਮ. ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ ਉਹ 11 ਨਵੰਬਰ ਨੂੰ ਚੰਡੀਗੜ੍ਹ ਵਿਖੇ ਹੋਣ ਵਾਲੀ ਸੂਬਾ ਪੱਧਰੀ ਰੋਸ ਰੈਲੀ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋ ਕੇ ਏਕਤਾ ਅਤੇ ਸੰਘਰਸ਼ ਦਾ ਸਬੂਤ ਦੇਣ, ਤਾਂ ਜੋ ਸਰਕਾਰ ਨੂੰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾ ਸਕੇ।

ਇਸ ਸਮੇਂ ਤਰਸੇਮ ਸਿੰਘ, ਸੰਦੀਪ ਸਿੰਘ ਬੀਐਸਏ, ਸੰਦੀਪ ਸਿੰਘ ਆਈਏ, ਰਮਨਦੀਪ ਕੌਰ ਸੀ.ਐਚ.ਓ. ਕੈਰੋਂ, ਜੁਗਰਾਜ ਸਿੰਘ, ਵਿਦਿਆ ਦੇਵੀ, ਅਮਰਜੀਤ ਕੌਰ ਸੀ.ਐਚ.ਓ ਖੇਮਕਰਨ, ਵਿਸ਼ਾਲ ਕੁਮਾਰ, ਪਰਮਿੰਦਰ ਸਿੰਘ, ਕੁਲਵੰਤ ਕੌਰ, ਸੁਪ੍ਰੀਤ ਕੌਰ, ਨਵਜੋਤ ਕੌਰ ਸਰਹਾਲੀ, ਰਵਿੰਦਰ ਕੌਰ, ਜੀਵਨਜੋਤ ਸਿੰਘ, ਮਨਦੀਪ ਕੌਰ ਸੀ.ਐਚ.ਓ ਝਬਾਲ, ਮਨਜਿੰਦਰ ਸਿੰਘ,ਪ੍ਰਵੀਨ ਕੌਰ, ਪ੍ਰਭਜੀਤ ਕੌਰ ਸੁਰਸਿੰਘ, ਜਗਦੀਪ ਕੌਰ, ਗੁਰਪ੍ਰੀਤ ਕੌਰ, ਡਾ ਅਮਨ, ਯੋਗੇਸ਼ ਗਿੱਲ, ਡਾ ਸ਼ਰਨ ਕਸੇਲ, ਡਾ ਚੰਦਨ ਸ਼ਰਮਾ ਘਰਿਆਲਾ, ਡਾ ਗੁਰਸ਼ਰਨ ਸਿੰਘ, ਤਰੁਣ, ਸੰਦੀਪ ਸਿੰਘ ਸੀ.ਓ., ਕੰਵਲਜੀਤ ਕੌਰ ਡੀ.ਐਸ.ਏ., ਸਿਮਰਜੀਤ ਸਿੰਘ, ਆਰੂਸ਼ ਭੱਲਾ, ਕੋਮਲਜੀਤ ਕੌਰ, ਸੁਮਨ ਸਿੱਧੂ, ਰਜਿੰਦਰ ਸਿੰਘ, ਪ੍ਰਗਟ ਸਿੰਘ, ਕਮਲਜੀਤ ਕੌਰ, ਮਨਿੰਦਰ ਕੌਰ ਆਦਿ ਐਨ.ਐਚ.ਐਮ ਕਰਮਚਾਰੀ ਹਾਜਰ ਸਨ।

ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਬੰਦੀ ਛੋੜ ਦਿਵਸ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ

ਧਾਰੀਵਾਲ (ਮਨਦੀਪ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ, ਧਾਰੀਵਾਲ ਵਿਖੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ, ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਸਰਦਾਰ ਹਰਤਾਜ ਸਿੰਘ ਸਿੱਧੂ ਦੀ ਸਾਂਝੀ ਅਗਵਾਈ ਹੇਠ ਬੰਦੀ ਛੋੜ ਦਿਵਸ ਬੜੀ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ।

ਸਵੇਰ ਦੀ ਸਭਾ ਵਿੱਚ ਅੱਠਵੀਂ ਜਮਾਤ ਦੀ ਵਿਦਿਆਰਥਣ ਰਾਜਦੀਪ ਕੌਰ ਵੱਲੋਂ ਵਿਦਿਆਰਥੀਆਂ ਨੂੰ ਬੰਦੀ ਛੋੜ ਦਿਵਸ ਦੀ ਇਤਿਹਾਸਕ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ।ਬੰਦੀ ਛੋੜ ਦਿਵਸ ਸਿੱਖ ਇਤਿਹਾਸ ਦਾ ਇੱਕ ਮਹਾਨ ਅਤੇ ਪ੍ਰੇਰਨਾਦਾਇਕ ਦਿਹਾੜਾ ਹੈ। ਇਹ ਦਿਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਗਵਾਲੀਅਰ ਦੇ ਕਿਲ੍ਹੇ ਵਿੱਚੋਂ ਰਿਹਾਅ ਹੋਣ ਅਤੇ ਆਪਣੇ ਨਾਲ 52 ਰਾਜਿਆਂ ਨੂੰ ਵੀ ਆਜ਼ਾਦ ਕਰਵਾਉਣ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। ਇਹ ਦਿਹਾੜਾ ਸਾਨੂੰ ਸੱਚਾਈ, ਨਿਆਂ, ਮਨੁੱਖਤਾ, ਆਪਸੀ ਪਿਆਰ ਅਤੇ ਦੂਜਿਆਂ ਦੀ ਆਜ਼ਾਦੀ ਲਈ ਖੜ੍ਹੇ ਹੋਣ ਦੀ ਪ੍ਰੇਰਨਾ ਦਿੰਦਾ ਹੈ।ਇਸ ਮੌਕੇ ਸਕੂਲ ਦੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਬੰਦੀ ਛੋੜ ਦਿਵਸ ਸਾਨੂੰ ਨਿਡਰਤਾ, ਕੁਰਬਾਨੀ ਅਤੇ ਮਨੁੱਖਤਾ ਦੀ ਸੇਵਾ ਕਰਨ ਦਾ ਸੰਦੇਸ਼ ਦਿੰਦਾ ਹੈ। ਉਨ੍ਹਾਂ



ਕਿਹਾ ਕਿ ਅਜਿਹੇ ਇਤਿਹਾਸਕ ਦਿਹਾੜੇ ਮਨਾਉਣ ਦਾ ਮੁੱਖ ਉਦੇਸ਼ ਨਵੀਂ ਪੀੜ੍ਹੀ ਨੂੰ ਆਪਣੇ ਅਮੀਰ ਵਿਰਸੇ ਅਤੇ ਗੌਰਵਮਈ ਇਤਿਹਾਸ ਨਾਲ ਜੋੜਨਾ ਹੈ।ਉਨ੍ਹਾਂ ਨੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਹਮੇਸ਼ਾ ਸੱਚਾਈ ਤੇ ਨੇਕੀ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਪ੍ਰਿੰਸੀਪਲ ਸਰਦਾਰ ਹਰਤਾਜ ਸਿੰਘ ਸਿੱਧੂ ਨੇ ਇਤਿਹਾਸਕਾਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਸਿੱਖਾਂ ਦੇ ਛੇਵੇਂ ਗੁਰੂ ਸਨ।ਉਨ੍ਹਾਂ ਨੇ ਸਿੱਖ ਕੌਮ ਨੂੰ ਧਾਰਮਿਕ ਅਜ਼ਾਦੀ, ਨਿਆਂ ਅਤੇ ਜ਼ੁਲਮ ਦੇ ਵਿਰੁੱਧ ਡਟ ਕੇ ਖੜ੍ਹੇ ਹੋਣ ਦੀ ਪ੍ਰੇਰਨਾ ਦਿੱਤੀ। ਗੁਰੂ ਸਾਹਿਬ ਜੀ ਨੇ ਮੀਰੀ ਅਤੇ ਪੀਰੀ ਦੀਆਂ ਦੋ ਤਲਵਾਰਾਂ ਧਾਰਨ ਕਰਕੇ ਸਿੱਖ ਕੌਮ ਨੂੰ ਇਹ ਸੰਦੇਸ਼ ਦਿੱਤਾ ਕਿ ਮਨੁੱਖ ਨੂੰ ਅਧਿਆਤਮਿਕ ਤੌਰ ਤੇ ਮਜ਼ਬੂਤ ਹੋਣ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀਆਂ ਨਿਭਾਉਣੀਆਂ ਵੀ ਆਉਣੀਆਂ ਚਾਹੀਦੀਆਂ ਹਨ।

ਗੁਰੂ ਸਾਹਿਬ ਦੇ ਜੀਵਨ ਨਾਲ ਜੁੜੀ ਸਭ ਤੋਂ ਮਹਾਨ ਘਟਨਾ ਬੰਦੀ ਛੋੜ ਦਿਵਸ ਹੈ।ਜਦੋਂ ਗੁਰੂ ਸਾਹਿਬ ਜੀ ਗਵਾਲੀਅਰ ਦੇ ਕਿਲ੍ਹੇ ਵਿੱਚੋਂ ਰਿਹਾਅ ਹੋਏ ਤਾਂ ਉਨ੍ਹਾਂ ਨੇ ਆਪਣੇ ਨਾਲ ਕੈਦ 52 ਰਾਜਿਆਂ ਦੀ ਰਿਹਾਈ ਵੀ ਯਕੀਨੀ ਬਣਾਈ।

ਇਸੇ ਕਰਕੇ ਉਨ੍ਹਾਂ ਨੂੰ ਬੰਦੀ ਛੋੜ ਦਾਤਾ ਦੇ ਨਾਮ ਨਾਲ ਯਾਦ ਕੀਤਾ ਜਾਂਦਾ ਹੈ ਅੰਤ ਵਿੱਚ ਉਨ੍ਹਾਂ ਕਿਹਾ ਕਿ ਸਕੂਲ ਵਿੱਚ ਅਜਿਹੇ ਧਾਰਮਿਕ ਅਤੇ ਇਤਿਹਾਸਕ ਸਮਾਗਮ ਕਰਵਾਉਣ ਦਾ ਉਦੇਸ਼ ਵਿਦਿਆਰਥੀਆਂ ਵਿੱਚ ਨੈਤਿਕ ਕਦਰਾਂ-ਕੀਮਤਾਂ, ਸੇਵਾ ਭਾਵਨਾ, ਸਹਿਣਸ਼ੀਲਤਾ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਹੈ।ਉਨ੍ਹਾਂ ਨੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੂੰ ਬੰਦੀ ਛੋੜ ਦਿਵਸ ਦੀਆਂ ਲੱਖ-ਲੱਖ ਵਧਾਈਆਂ ਦਿੱਤੀਆਂ ।

ਤਿਉਹਾਰ ਵਿਸ਼ੇਸ਼ ਰੇਲਗੱਡੀਆਂ-2026

ਛੱਠ ਪੂਜਾ ਤਿਉਹਾਰਾਂ ਦੇ ਦੌਰਾਨ ਰੇਲਯਾਤਰੀਆਂ ਦੇ ਸੁਵਿਧਾਜਨਕ ਆਉਣ ਜਾਣ ਲਈ ਉਤਰ ਰੇਲਵੇ ਦੁਆਰਾ ਹੋਰ ਖੇਤਰੀ ਰੇਲਾਂ ਦੇ ਸਹਿਯੋਗ ਨਾਲ ਹੇਠਾਂ ਲਿਖਤ ਤਿਉਹਾਰ ਵਿਸ਼ੇਸ਼ ਰੇਲਗੱਡੀਆਂ ਚਲਾਈਆਂ ਜਾਣਗੀਆਂ, ਜਿਨ੍ਹਾਂ ਦਾ ਵੇਰਵਾ ਹੇਠਾਂ ਅਨੁਸਾਰ ਹੈ:-

ਉੱਤਰ ਰੇਲਵੇ ਨੈਟਵਰਕ ਨਾਲ ਯਾਤਰਾ ਸ਼ੁਰੂ ਕਰਨ ਵਾਲੀਆਂ/ਸਮਾਪਤ ਕਰਨ ਵਾਲੀਆਂ ਤਿਉਹਾਰ ਵਿਸ਼ੇਸ਼ ਰੇਲਗੱਡੀਆਂ ਦੀ ਸੂਚੀ

ਵਿਸ਼ੇਸ਼ ਰੇਲ ਗੱਡੀ ਨੰ.	ਸਟੇਸ਼ਨ ਤੋਂ		ਰਵਾਨਗੀ ਸਮਾਂ		ਪਹੁੰਚ ਸਮਾਂ	ਫ੍ਰੀਕਵੈਂਸੀ/ਚੱਲਣ ਦੇ ਦਿਨ		ਚੱਲਣ ਦੀ ਮਿਤੀ
02252	ਨਵੀਂ ਦਿੱਲੀ	ਵੰਦੇ ਭਾਰਤ ਤਿਉਹਾਰ ਵਿਸ਼ੇਸ਼	08:35	ਪਟਨਾ ਜੰ.	21:30	ਹਫਤੇ ਵਿਚ 3 ਦਿਨ	ਸੋਮ, ਬੁਧ, ਸ਼ਨੀ	25.11.2026 ਤਕ
02251	ਪਟਨਾ ਜੰ.		10:00	ਨਵੀਂ ਦਿੱਲੀ	23:30		ਮੰਗਲ, ਵੀਰ, ਐਤ	26.11.2026 ਤਕ
02254	ਨਵੀਂ ਦਿੱਲੀ	ਵੰਦੇ ਭਾਰਤ ਤਿਉਹਾਰ ਵਿਸ਼ੇਸ਼	08:35	ਪਟਨਾ ਜੰ.	21:30	ਹਫਤੇ ਵਿਚ 3 ਦਿਨ	ਐਤ, ਮੰਗਲ, ਵੀਰ	26.11.2026 ਤਕ
02253	ਪਟਨਾ ਜੰ.		10:00	ਨਵੀਂ ਦਿੱਲੀ	23:30		ਸ਼ਨੀ, ਸੋਮ, ਬੁਧ	28.11.2026 ਤਕ
02258	ਨਵੀਂ ਦਿੱਲੀ	ਵੰਦੇ ਭਾਰਤ ਤਿਉਹਾਰ ਵਿਸ਼ੇਸ਼	05:00	ਪਟਨਾ ਜੰ.	18:30	ਹਫਤਾਵਾਰੀ	ਬੁਧਵਾਰ	11.11.2026
02257	ਪਟਨਾ ਜੰ.		08:00	ਨਵੀਂ ਦਿੱਲੀ	21:30		ਵੀਰਵਾਰ	12.11.2026
02436	ਨਵੀਂ ਦਿੱਲੀ	ਵੰਦੇ ਭਾਰਤ ਤਿਉਹਾਰ ਵਿਸ਼ੇਸ਼	08:35	ਪਟਨਾ ਜੰ.	21:30	ਹਫਤਾਵਾਰੀ	ਸ਼ੁਕਰਵਾਰ	13.11.2026
02435	ਪਟਨਾ ਜੰ.		08:00	ਨਵੀਂ ਦਿੱਲੀ	21:30		ਸ਼ਨੀਵਾਰ	14.11.2026
06597	ਯਸ਼ਵੰਤਪੁਰ ਜੰ.		07:00	ਯੋਗ ਨਗਰੀ ਰਿਸ਼ੀਕੇਸ਼	10:15	ਹਫਤਾਵਾਰੀ	ਵੀਰਵਾਰ	12.11.2026
06598	ਯੋਗ ਨਰੀ ਰਿਸ਼ੀਕੇਸ਼		17:55	ਯਸ਼ਵੰਤਪੁਰ ਜੰ.	19:45		ਸ਼ਨੀਵਾਰ	14.11.2026
04028	ਆਨੰਦ ਵਿਹਾਰ (ਟਰਮੀ.)		09:15	ਮੁਜਫਰਪੁਰ ਜੰ.	04:30	ਹਫਤੇ ਵਿਚ 2 ਦਿਨ	ਮੰਗਲਵਾਰ, ਸ਼ੁਕਰਵਾਰ	24.11.2026 ਤਕ
04027	ਮੁਜਫਰਪੁਰ ਜੰ.		06:15	ਆਨੰਦ ਵਿਹਾਰ (ਟਰਮੀ.)	05:30		ਬੁਧਵਾਰ, ਸ਼ਨੀਵਾਰ	25.11.2026 ਤਕ
04010	ਦਿੱਲੀ ਜੰ.		23:05	ਸੀਤਾਮੜੀ ਜੰ.	23:30	ਹਫਤਾਵਾਰੀ	ਵੀਰਵਾਰ	19.11.2026 ਤਕ
04009	ਸੀਤਾਮੜੀ ਜੰ.		00:45	ਦਿੱਲੀ ਜੰ.	20:30		ਸ਼ਨੀਵਾਰ	21.11.2026 ਤਕ
04014	ਆਨੰਦ ਵਿਹਾਰ (ਟਰਮੀ.)	ਵਾਯਾ ਲਖਨਊ (ਐਨਆਰ)	15:40	ਲੌਕਹਾ ਬਾਜਾਰ	20:15	ਰੋਜ਼ਾਨਾ	ਐਤ, ਸੋਮ, ਮੰਗਲ, ਬੁਧ,	29.11.2026 ਤਕ
04013	ਲੌਕਹਾ ਬਾਜਾਰ		22:30	ਆਨੰਦ ਵਿਹਾਰ (ਟਰਮੀ.)	03:40		ਵੀਰ, ਸ਼ੁਕਰ, ਸ਼ਨੀ	30.11.2026 ਤਕ
04314	ਯੋਗ ਨਗਰੀ ਰਿਸ਼ੀਕੇਸ਼		15:20	ਮੁਜਫਰਪੁਰ ਜੰ.	11:45	ਹਫਤੇ ਵਿਚ 2 ਦਿਨ	ਵੀਰਵਾਰ, ਐਤਵਾਰ	29.11.2026 ਤਕ
04313	ਮੁਜਫਰਪੁਰ ਜੰ.		13:15	ਯੋਗ ਨਗਰੀ ਰਿਸ਼ੀਕੇਸ਼	11:15		ਸ਼ੁਕਰਵਾਰ, ਸੋਮਵਾਰ	30.11.2026 ਤਕ
04096	ਆਨੰਦ ਵਿਹਾਰ (ਟਰਮੀ.)		00:05	ਪਾਟਲਿਪੁਤਰ ਜੰ.	23:00	ਰੋਜ਼ਾਨਾ	ਐਤ, ਸੋਮ, ਮੰਗਲ, ਬੁਧ	29.11.2026 ਤਕ
04095	ਪਾਟਲਿਪੁਤਰ ਜੰ.		00:45	ਆਨੰਦ ਵਿਹਾਰ (ਟਰਮੀ.)	21:30		ਵੀਰ, ਸ਼ੁਕਰ, ਸ਼ਨੀ	30.11.2026 ਤਕ
04072	ਨਵੀਂ ਦਿੱਲੀ		21:35	ਸੁਪੌਲ	06:35	ਰੋਜ਼ਾਨਾ	ਐਤ, ਸੋਮ, ਮੰਗਲ, ਬੁਧ	28.11.2026 ਤਕ
04071	ਸੁਪੌਲ		07:45	ਨਵੀਂ ਦਿੱਲੀ	15:00		ਵੀਰ, ਸ਼ੁਕਰ, ਸ਼ਨੀ	30.11.2026 ਤਕ
02309	ਰਾਜੇਂਦਰ ਨਗਰ (ਟ.)		20:10	ਨਵੀਂ ਦਿੱਲੀ	15:00	ਹਫਤੇ ਵਿਚ 3 ਦਿਨ	ਬੁਧ, ਸ਼ੁਕਰ, ਅਤੇ ਐਤ	11 ਤੋਂ 20.11.2026
02310	ਨਵੀਂ ਦਿੱਲੀ		19:00	ਰਾਜੇਂਦਰ ਨਗਰ (ਟ.)	14:00		ਵੀਰ, ਸ਼ਨੀ ਅਤੇ ਸੋਮ	12 ਤੋਂ 21.11.2026
04062	ਆਨੰਦ ਵਿਹਾਰ (ਟਰਮੀ.)		12:00	ਭਾਗਲਪੁਰ ਜੰ.	13:30	ਰੋਜ਼ਾਨਾ	ਐਤ, ਸੋਮ, ਮੰਗਲ, ਬੁਧ	27.11.2026 ਤਕ
04061	ਭਾਗਲਪੁਰ ਜੰ.		16:30	ਆਨੰਦ ਵਿਹਾਰ (ਟਰਮੀ.)	20:00		ਵੀਰ, ਸ਼ੁਕਰ, ਸ਼ਨੀ	29.11.2026 ਤਕ
04312	ਯੋਗ ਨਗਰੀ ਰਿਸ਼ੀਕੇਸ਼	ਵਾਯਾ ਮੁਰਾਦਾਬਾਦ	22:20	ਕੋਲਕਾਤਾ	08:00	ਹਫਤਾਵਾਰੀ	ਸ਼ੁਕਰਵਾਰ	20.11.2026 ਤਕ
04311	ਕੋਲਕਾਤਾ		13:55	ਯੋਗ ਨਗਰੀ ਰਿਸ਼ੀਕੇਸ਼	23:30		ਐਤਵਾਰ	22.11.2026 ਤਕ
04624	ਅੰਮ੍ਰਿਤਸਰ ਜੰ.		20:10	ਕੋਲਕਾਤਾ	15:00	ਹਫਤਾਵਾਰੀ	ਬੁਧਵਾਰ	25.11.2026 ਤਕ
04623	ਕੋਲਕਾਤਾ		04:45	ਅੰਮ੍ਰਿਤਸਰ ਜੰ.	21:05		ਸ਼ਨੀਵਾਰ	28.11.2026 ਤਕ
07083	ਬੀਦਰ		10:00	ਹਜਰਤ ਨਿਜਾਮੁਦੀਨ	20:40	ਮਿਤੀਵਾਰ	ਵੀਰਵਾਰ	19.11.2026
07084	ਹਜ਼ਰਤ ਨਿਜ਼ਾਮੁਦੀਨ		10:30	ਬੀਦਰ	04:00		ਐਤਵਾਰ	22.11.2026
04090	ਨਵੀਂ ਦਿੱਲੀ		23:30	ਦਾਨਾਪੁਰ ਜੰ.	15:00	ਹਫਤੇ ਵਿਚ 2 ਦਿਨ	ਸ਼ੁਕਰਵਾਰ, ਬੁਧਵਾਰ,	27.11.2026 ਤਕ
04089	ਦਾਨਾਪੁਰ ਜੰ.		16:40	ਨਵੀਂ ਦਿੱਲੀ	09:45		ਸ਼ਨੀਵਾਰ, ਵੀਰਵਾਰ	28.11.2026 ਤਕ
04098	ਸ਼ਕੂਰਬਸਤੀ		09:20	ਦਰਭੰਗਾ ਜੰ.	11:45	ਹਫਤੇ ਵਿਚ 6 ਦਿਨ	ਮੰਗਲਵਾਰ ਨੂੰ ਛੱਡ ਕੇ	29.11.2026 ਤਕ
04097	ਦਰਭੰਗਾ ਜੰ.		14:00	ਸ਼ਕੂਰਬਸਤੀ	18:00		ਬੁਧਵਾਰ ਨੂੰ ਛੱਡ ਕੇ	30.11.2026 ਤਕ
04076	ਦਿੱਲੀ ਜੰ.		00:30	ਕਾਮਾਖਯਾ ਜੰ.	21:15	ਹਫਤਾਵਾਰੀ	ਸ਼ਨੀਵਾਰ	28.11.2026 ਤਕ
04075	ਕਾਮਾਖਯਾ ਜੰ.		05:00	ਦਿੱਲੀ ਜੰ.	20:40		ਸੋਮਵਾਰ	30.11.2026 ਤਕ
04064	ਦਿੱਲੀ ਜੰ.		11:00	ਗਯਾ ਜੰ.	07:15	ਹਫਤੇ ਵਿਚ 6 ਦਿਨ	ਸ਼ਨੀਵਾਰ ਨੂੰ ਛੱਡ ਕੇ	30.11.2026 ਤਕ
04537	ਬਰੌਨੀ ਜੰ.		06:30	ਚੰਡੀਗੜ੍ਹ	13:20	ਹਫਤਾਵਾਰੀ	ਵੀਰਵਾਰ	12.11.2026
04088	ਨਵੀਂ ਦਿੱਲੀ		15:50	ਪਟਨਾ ਜੰ.	12:45	ਰੋਜ਼ਾਨਾ	ਐਤ, ਸੋਮ, ਮੰਗਲ, ਬੁਧ	30.11.2026 ਤਕ
04087	ਪਟਨਾ ਜੰ.		15:10	ਨਵੀਂ ਦਿੱਲੀ	13:30		ਵੀਰ, ਸ਼ੁਕਰ, ਸ਼ਨੀ	01.12.2026 ਤਕ
04634	ਫਿਰੋਜਪੁਰ ਕੈਂਟ ਜੰ.		17:30	ਪੂਰਨੀਆਂ ਜੰ.	03:00	ਹਫਤਾਵਾਰੀ	ਵੀਰਵਾਰ	26.11.2026 ਤਕ
04633	ਪੂਰਨੀਆਂ ਜੰ.		06:00	ਫਿਰੋਜ਼ਪੁਰ ਛਾਉਣੀ	16:35		ਸ਼ਨੀਵਾਰ	28.11.2026 ਤਕ
04652	ਅੰਮ੍ਰਿਤਸਰ ਜੰ.	ਵਾਯਾ ਲਖਨਊ ਐਨਆਰ	10:55	ਜਯਨਗਰ	20:00	ਹਫਤੇ ਵਿਚ 3 ਦਿਨ	ਬੁਧ, ਸ਼ੁਕਰ, ਐਤਵਾਰ	29.11.2026 ਤਕ
04651	ਜਯਨਗਰ		04:15	ਅੰਮ੍ਰਿਤਸਰ ਜੰ.	15:00		ਸ਼ੁਕਰ, ਐਤ, ਮੰਗਲ	01.12.2026 ਤਕ
04406	ਸ਼ਕੂਰਬਸਤੀ		19:10	ਮਾਨਸੀ ਜੰ.	02:30	ਮਿਤੀਵਾਰ	ਬੁਧ, ਵੀਰ, ਸ਼ੁਕਰ ਅਤੇ ਸ਼ਨੀ	11, 12 13 ਅਤੇ 14.11.2026
04405	ਮਾਨਸੀ ਜੰ.		04:30	ਸ਼ਕੂਰਬਸਤੀ	11:30		ਵੀਰ, ਸ਼ੁਕਰ, ਸ਼ਨੀ ਐਤ, ਅਤੇ ਸੋਮ	12,13,14 15 ਅਤੇ 16.11.2026
04638	ਅੰਮ੍ਰਿਤਸਰ ਜੰ.		19:40	ਛਪਰਾ ਜੰ.	20:45	ਹਫਤਾਵਾਰੀ	ਸੋਮਵਾਰ	30.11.2026 ਤਕ
04637	ਛਪਰਾ ਜੰ.		22:15	ਅੰਮ੍ਰਿਤਸਰ ਜੰ.	00:20		ਮੰਗਲਵਾਰ	01.12.2026 ਤਕ
04640	ਛੇਹਰਟਾ		08:35	ਮੁਜਫਰਪੁਰ ਜੰ.	13:10	ਹਫਤਾਵਾਰੀ	ਸੋਮਵਾਰ	30.11.2026 ਤਕ
04639	ਮੁਜਫਰਪੁਰ ਜੰ.		16:00	ਛੇਹਰਟਾ	21:30		ਮੰਗਲਵਾਰ	01.12.2026 ਤਕ
04404	ਸ਼ਕੂਰਬਸਤੀ		15:15	ਪਟਨਾ ਜੰ.	14:30	ਮਿਤੀਵਾਰ	ਬੁਧ, ਵੀਰ, ਸ਼ੁਕਰ, ਅਤੇ ਸ਼ਨੀ	11, 12, 13 ਅਤੇ 14.11.2026
04403	ਪਟਨਾ ਜੰ.		15:40	ਸ਼ਕੂਰਬਸਤੀ	15:00		ਬੁਧ, ਵੀਰ, ਸ਼ੁਕਰ, ਸ਼ਨੀ ਅਤੇ ਐਤ	11, 12, 13, 14 ਅਤੇ 15.11.2026
04410	ਸ਼ਕੂਰਬਸਤੀ		13:00	ਝੰਝਾਰਪੁਰ ਜੰ.	16:00	ਮਿਤੀਵਾਰ	ਬੁਧ, ਵੀਰ, ਸ਼ੁਕਰ, ਅਤੇ ਸ਼ਨੀ	11, 12, 13 ਅਤੇ 14.11.2026
04409	ਝੰਝਾਰਪੁਰ ਜੰ.		18:15	ਸ਼ਕੂਰਬਸਤੀ	01:40		ਬੁਧ, ਵੀਰ, ਸ਼ੁਕਰ, ਸ਼ਨੀ ਅਤੇ ਐਤ	11, 12, 13 14 ਅਤੇ 15.11.2026
04536	ਚੰਡੀਗੜ੍ਹ ਜੰ.		23:45	ਬਰੌਨੀ ਜੰ.	00:30	ਹਫਤਾਵਾਰੀ	ਸ਼ੁਕਰਵਾਰ	27.11.2026 ਤਕ
04535	ਬਰੌਨੀ ਜੰ.		02:35	ਚੰਡੀਗੜ੍ਹ ਜੰ.	03:35		ਐਤਵਾਰ	29.11.2026 ਤਕ
04656	ਲੁਧਿਆਣਾ ਜੰ.		17:35	ਸਹਰਸਾ ਜੰ.	23:50	ਮਿਤੀਵਾਰ	ਬੁਧਵਾਰ	11.11.26
04655	ਸਹਰਸਾ ਜੰ.		03:50	ਲੁਧਿਆਣਾ ਜੰ.	08:35		ਬੁਧ ਅਤੇ ਸ਼ੁਕਰ	11 ਅਤੇ 13.11.26
04662	ਲੁਧਿਆਣਾ ਜੰ.		06:30	ਦਰਭੰਗਾ	10:00	ਮਿਤੀਵਾਰ	ਬੁਧ	11.11.2026
04661	ਦਰਭੰਗਾ		13:00	ਲੁਧਿਆਣਾ ਜੰ.	17:10		ਬੁਧ ਅਤੇ ਵੀਰ	11 ਅਤੇ 12.11.26
04664	ਲੁਧਿਆਣਾ ਜੰ.		06:30	ਗਯਾ ਜੰ.	08:00	ਮਿਤੀਵਾਰ	ਵੀਰਵਾਰ	12.11.2026 ਨੂੰ
04663	ਗਯਾ ਜੰ.		11:00	ਲੁਧਿਆਣਾ ਜੰ.	12:50		ਸ਼ੁਕਰਵਾਰ	13.11.2026 ਨੂੰ
02569	ਦਰਭੰਗਾ ਜੰ.		06:30	ਨਵੀਂ ਦਿੱਲੀ	04:00	ਰੋਜ਼ਾਨਾਂ	ਐਤ, ਸੋਮ, ਮੰਗਲ, ਬੁਧ	30.11.2026 ਤਕ
02570	ਨਵੀਂ ਦਿੱਲੀ		12:15	ਦਰਭੰਗਾ ਜੰ.	10:00		ਵੀਰ, ਸ਼ੁਕਰ, ਸ਼ਨੀ	01.12.2026 ਤਕ
04528	ਸਰਹਿੰਦ		11:25	ਸਹਰਸਾ ਜੰ.	17:00	ਮਿਤੀਵਾਰ	ਵੀਰਵਾਰ	12.11.2026
04527	ਸਹਰਸਾ ਜੰ.		19:15	ਅੰਬਾਲਾ ਛਾਉਣੀ	22:20		ਸ਼ੁਕਰਵਾਰ	13.11.2026
04022	ਨਵੀਂ ਦਿੱਲੀ	ਵਾਯਾ ਲਖਨਊ (ਐਨਆਰ)	14:30	ਗੋਰਖਪੁਰ ਜੰ.	04:10	ਹਫਤਾਵਾਰੀ	ਸ਼ੁਕਰਵਾਰ	13.11.2026
04021	ਗੋਰਖਪੁਰ ਜੰ.		07:00	ਨਵੀਂ ਦਿੱਲੀ	23:10		ਸ਼ਨੀਵਾਰ	14.11.2026
04058	ਆਨੰਦ ਵਿਹਾਰ (ਟਰਮੀ.)		00:20	ਛਪਰਾ	19:20	ਹਫਤੇ ਵਿਚ 2 ਦਿਨ	ਸ਼ੁਕਰਵਾਰ ਅਤੇ ਮੰਗਲਵਾਰ	17.11.2026 ਤਕ
04057	ਛਪਰਾ		22:10	ਆਨੰਦ ਵਿਹਾਰ (ਟਰਮੀ.)	17:20			
04066	ਆਨੰਦ ਵਿਹਾਰ (ਟਰਮੀ.)		05:00	ਸਥੌਰ	07:00	ਮਿਤੀਵਾਰ	ਬੁਧ ਅਤੇ ਵੀਰ	11 ਅਤੇ 12.11.2026
04065	ਸਥੌਰ		11:00	ਆਨੰਦ ਵਿਹਾਰ (ਟਰਮੀ.)	13:45		ਵੀਰ ਅਤੇ, ਸ਼ੁਕਰ	12 ਅਤੇ 13.11.2026
05579	ਪੂਰਨੀਆਂ ਜੰ.		16:30	ਆਨੰਦ ਵਿਹਾਰ (ਟਰਮੀ.)	01:05	ਹਫਤੇ ਵਿਚ 2 ਦਿਨ	ਸ਼ੁਕਰਵਾਰ, ਐਤਵਾਰ	29.11.2026 ਤਕ
05580	ਆਨੰਦ ਵਿਹਾਰ (ਟਰਮੀ.)		05:15	ਪੂਰਨੀਆਂ ਕੋਰਟ	13:45		ਐਤਵਾਰ, ਮੰਗਲਵਾਰ	01.12.2026 ਤਕ
04054	ਨਵੀਂ ਦਿੱਲੀ		18:15	ਹਾਵੜਾ	23:40	ਮਿਤੀਵਾਰ	ਬੁਧਵਾਰ, ਵੀਰਵਾਰ ਅਤੇ ਸ਼ਨੀਵਾਰ	11, 12 ਅਤੇ 14.11.2026
04053	ਹਾਵੜਾ		01:40	ਨਵੀਂ ਦਿੱਲੀ	08:20		ਸ਼ੁਕਰਵਾਰ, ਸ਼ਨੀਵਾਰ ਅਤੇ ਸੋਮਵਾਰ	13, 14 ਅਤੇ 16.11.2026
05575	ਆਨੰਦ ਵਿਹਾਰ (ਟਰਮੀ.)		20:00	ਆਨੰਦ ਵਿਹਾਰ ਟਰਮੀਨਲ	01:05	ਮਿਤੀਵਾਰ	ਮੰਗਲਵਾਰ	24.11.2026 ਤਕ
05576	ਆਨੰਦ ਵਿਹਾਰ (ਟਰਮੀ.)		05:15	ਸਹਰਸਾ ਜੰ.	10:30		ਵੀਰਵਾਰ	26.11.2026 ਤਕ
05088	ਦਰਭੰਗਾ ਜੰ.		19:15	ਮਊ	14:00	ਮਿਤੀਵਾਰ	ਬੁਧਵਾਰ	11.11.2026
04077	ਲੁਧਿਆਣਾ ਜੰ.		21:00	ਦਿੱਲੀ ਜੰ.	23:55		ਬੁਧਵਾਰ	11.11.2026
02456	ਨਵੀਂ ਦਿੱਲੀ		07:45	ਕਾਨਪੁਰ ਸੈਂਟ੍ਰਲ	13:15	ਹਫਤੇ ਵਿਚ 4 ਦਿਨ	ਸੋਮ, ਬੁਧ, ਸ਼ੁਕਰ, ਸ਼ਨੀ	30.11.2026 ਤਕ
04657	ਸਹਰਸਾ ਜੰ.		03:50	ਲੁਧਿਆਣਾ ਜੰ.	08:35	ਮਿਤੀਵਾਰ	ਵੀਰਵਾਰ	12.11.2026
04209	ਵਾਰਾਨਸੀ ਜੰ.	ਵਾਯਾ ਲਖਨਊ (ਐਨਆਰ)	22:15	ਦਿੱਲੀ ਜੰ.	13:45	ਹਫਤੇ ਵਿਚ 3 ਦਿਨ	ਸੋਮ, ਬੁਧ, ਸ਼ੁਕਰ	27.11.2026 ਤਕ
04210	ਦਿੱਲੀ ਜੰ.		18:50	ਵਾਰਾਨਸੀ ਜੰ.	09:50		ਮੰਗਲ, ਵੀਰ, ਸ਼ਨੀ	28.11.2026 ਤਕ
04213	ਅਯੁਧਿਆ ਕੈਂਟ ਜੰ.	ਵਾਯਾ ਲਖਨਊ (ਐਨਆਰ)	18:20	ਆਨੰਦ ਵਿਹਾਰ (ਟਰਮੀ.)	06:10	ਹਫਤੇ ਵਿਚ 2 ਦਿਨ	ਐਤਵਾਰ, ਵੀਰਵਾਰ	29.11.2026 ਤਕ
04214	ਆਨੰਦ ਵਿਹਾਰ (ਟ੍ਰਮੀ.)		09:00	ਅਯੁਧਿਆ ਛਾਉਣੀ	22:00		ਸੋਮਵਾਰ, ਸ਼ੁਕਰਵਾਰ	30.11.2026 ਤਕ
04227	ਵਾਰਾਨਸੀ ਜੰ.	ਵਾਯਾ ਲਖਨਊ (ਐਨਆਰ)	11:05	ਚੰਡੀਗੜ੍ਹ ਜੰ.	04:20	ਹਫਤੇ ਵਿਚ 2 ਦਿਨ	ਵੀਰਵਾਰ, ਐਤਵਾਰ	29.11.2026 ਤਕ
04228	ਚੰਡੀਗੜ੍ਹ ਜੰ.		06:00	ਵਾਰਾਨਸੀ ਜੰ.	00:55		ਸ਼ੁਕਰਵਾਰ, ਸੋਮਵਾਰ	30.11.2026 ਤਕ
04604	ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ		18:15	ਵਾਰਾਨਸੀ ਜੰ.	18:30	ਹਫਤਾਵਾਰੀ	ਐਤਵਾਰ	29.11.2026 ਤਕ
04603	ਵਾਰਾਨਸੀ ਜੰ.		04:30	ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ	04:40		ਮੰਗਲਵਾਰ	01.12.2026 ਤਕ
04610	ਜੰਮੂ ਤਵੀ	ਵਾਯਾ ਲਖਨਊ (ਐਨਆਰ)	05:15	ਵਾਰਾਨਸੀ ਜੰ.	05:10	ਹਫਤਾਵਾਰੀ	ਵੀਰਵਾਰ	26.11.2026 ਤਕ
04609	ਵਾਰਾਨਸੀ ਜੰ.		09:00	ਜੰਮੂ ਤਵੀ	08:30		ਸ਼ੁਕਰਵਾਰ	27.11.2026 ਤਕ

ਰੇਲਯਾਤਰੀਆਂ ਨੂੰ ਅਨੁਰੋਧ ਹੈ ਕਿ ਉਪਰੋਕਤ ਰੇਲਗੱਡੀਆਂ ਦੇ ਰਸਤੇ ਵਿਚ ਪੈਣ ਵਾਲੇ ਹੋਰ ਸਟੇਸ਼ਨਾਂ ਦੀ ਵਿਸਤ੍ਰਿਤ ਸਮੇਂ-ਸਾਰਣੀ ਅਤੇ ਸ਼੍ਰੇਣੀਆਂ ਦੀ ਜਾਣਕਾਰੀ ਦੇ ਲਈ ਰੇਲਮਦਦ ਹੈਲਪਲਾਈਨ ਨੰ. 139 'ਤੇ ਸੰਪਰਕ ਕਰਨ ਜਾਂ ਰੇਲਵੇ ਦੀ ਵੈਬਸਾਈਟ https://enquiry.indianrail.gov.in ਵੇਖੋ ਜਾਂ NTES App ਵੇਖੋ

ਉੱਤਰ ਰੇਲਵੇ

ਸਾਨੂੰ www.nr.indianrailways.gov.in ਉਤੇ ਮਿਲੋ

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

'ਤੇ ਸਾਨੂੰ ਫਾਲੋ ਕਰੋ



ਦੀਵਾਲੀ, ਬੰਦੀ ਛੋੜ ਦਿਵਸ ਅਤੇ ਵਿਸ਼ਵਕਰਮਾ ਦੇ ਪਵਿੱਤਰ ਤਿਉਹਾਰ

ਦੀਆਂ ਸਮੂਹ ਇਲਾਕਾ ਨਿਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਦੀਵਾਲੀ ਦਾ ਤਿਉਹਾਰ ਹਰ ਥਨੇਰੇ 'ਤੇ ਖੁਸ਼ੀਆਂ ਦੇ ਚਿਰਾਗ ਜਗਾਵੇ...

ਦੀਵਾਲੀ ਦਾ ਤਿਉਹਾਰ ਖੁਸ਼ੀਆਂ ਅਤੇ ਖੇੜਿਆਂ ਦਾ ਤਿਉਹਾਰ ਹੈ ਪਰ ਮੌਜੂਦਾ ਦੌਰ ਵਿੱਚ ਇਹ ਖੁਸ਼ੀਆਂ ਅਧੂਰੀਆਂ ਪਈਆਂ ਜਾਪ ਰਹੀਆਂ ਹਨ। ਭਾਵੇਂ ਕਿ ਬਜ਼ਾਰਾਂ ਵਿੱਚ ਦੀਵਾਲੀ ਦੀਆਂ ਰੌਣਕਾਂ ਜਰੂਰ ਹਨ ਪਰ ਇਹ ਰੌਣਕਾਂ ਦਿਲੋਂ ਦਿਮਾਗ ਅਤੇ ਚਿਹਰਿਆਂ 'ਤੇ ਰੌਣਕਾਂ ਲਿਆਉਣ ਵਿੱਚ ਬਣਾਉਟੀ ਸਾਬਤ ਹੋ ਰਹੀਆਂ ਹਨ। ਮੌਜੂਦਾ ਸਮੇਂ ਪੰਜਾਬ ਦੇ ਲੋਕ ਹੜ੍ਹਾਂ ਦੀ ਮਾਰ ਨੇ ਝੰਬੇ ਹੋਏ ਹਨ ਅਤੇ ਅੰਨਦਾਤਾ ਸਮੇਤ ਆਮ ਲੋਕ ਇਸ ਸਦਮੇ 'ਚੋਂ ਨਿਕਲਣ ਦੀ ਜੱਦੋ-ਜਹਿਦ ਕਰ ਰਹੇ ਹਨ। ਮਾਝੇ ਅਤੇ ਦੁਆਬੇ ਵਿੱਚ ਹੜ੍ਹਾਂ ਨੇ ਜਿਆਦਾ ਕਹਿਰ ਢਾਹਿਆ ਹੈ ਜਦਕਿ ਮਾਲਵੇ ਖਿੱਤੇ ਵਿੱਚ ਘੱਗਰ ਸਮੇਤ ਹੋਰ ਨਦੀ-ਨਾਲਿਆਂ ਨੇ ਕਿਸਾਨੀ ਨੂੰ ਮਾਰ ਪਾਈ ਹੈ। ਜਿਹੜੀ ਝੋਨੇ ਦੀ ਫਸਲ ਸਾਬਤ ਸੂਰਤ ਰਹਿ ਗਈ ਸੀ ਉਸ ਨੂੰ ਬਾਉਣੇ ਰੋਗ, ਹਲਦੀ ਰੋਗ ਅਤੇ ਹੋਰ ਬਿਮਾਰੀਆਂ ਨੇ ਆਪਣੇ ਕਲਾਵੇ ਵਿੱਚ ਲਿਆ ਹੈ ਅਤੇ ਕਿਸਾਨਾਂ ਦੀ ਝੋਨੇ ਦੀ ਫਸਲ ਦਾ ਘੱਟ ਝਾੜ ਕਿਸਾਨੀ ਲਈ ਬਾਂਹ ਫੜਨ ਵਾਲਾ ਸਾਬਤ ਨਹੀਂ ਹੋਇਆ ਹੈ। ਮੌਜੂਦਾ ਦੌਰ ਚ ਨੌਜਵਾਨਾਂ ਦੀਆਂ ਡਿਗਰੀਆਂ ਧੂੜਾਂ ਨਾਲ ਭਰ ਰਹੀਆਂ ਹਨ, ਪੰਜਾਬ ਦੀ ਜਵਾਨੀ ਨੂੰ ਸੋਚੀ-ਸਮਝੀ ਰਣਨੀਤੀ ਤਹਿਤ ਨਸ਼ੇ ਦੀ ਅਜਿਹੀ ਅਲਾਮਤ ਵੱਲ ਤੋਰਿਆ ਜਾ ਰਿਹਾ ਹੈ ਤਾਂ ਜੋ ਉਹ ਆਪਣੇ ਹੱਕਾਂ ਲਈ ਅੱਗੇ ਨਾ ਆ ਸਕਣ।

ਪੰਜਾਬ ਅੰਦਰ ਰੋਜਾਨਾ ਹੀ ਨਸ਼ਿਆਂ ਨਾਲ ਛੁਰੀਆਂ ਵਰਗੇ ਨੌਜਵਾਨਾਂ ਦੀ ਮੌਤ ਦੀਆਂ ਭਿਆਨਕ ਤਸਵੀਰਾਂ ਆਉਣ ਨਾਲ ਰੂਹ ਕੰਬ ਰਹੀ ਹੈ ਅਤੇ ਸੂਬੇ ਦਾ ਵਿੱਤੀ ਢਾਂਚਾ ਕਮਜ਼ੋਰ ਹੋ ਰਿਹਾ ਹੈ ਇੱਥੇ ਹੀ ਬਸ ਨਹੀਂ ਲੋਕਾਂ ਦੇ ਦਰਦਾਂ ਦੀ ਅਵਾਜ਼ ਬਣਨ ਵਾਲਾ ਮੀਡੀਆ (ਇੱਕ ਵਿਸ਼ੇਸ਼ ਹਿੱਸਾ) ਵੀ ਆਮ ਲੋਕਾਂ ਦੇ ਗੁੱਸੇ ਤੋਂ ਨਹੀਂ ਬਚ ਰਿਹਾ ਕਿਉਂਕਿ ਇਸ ਨੂੰ ਆਮ ਲੋਕਾਂ ਦੀਆਂ ਦੁੱਖ-ਤਕਲੀਫਾਂ ਦੀ ਥਾਂ ਕਾਰਪੋਰੇਟ ਵਰਗ ਤੋਂ ਹੀ ਵਿਹਲ ਨਹੀਂ ਮਿਲ ਰਹੀ। ਹੱਕ ਅਤੇ ਸੱਚ 'ਤੇ ਪਹਿਰਾ ਦੇਣ ਵਾਲਾ ਮੀਡੀਆ ਦਾ ਕੁਝ ਹਿੱਸਾ ਆਪਣੇ ਸਿਧਾਤਾਂ 'ਤੇ ਡਟਿਆ ਖੜ੍ਹਿਆ ਹੈ, ਜਿਸ ਤੋਂ ਸਮਾਜ ਨੂੰ ਵੱਡੀਆਂ ਆਸਾਂ ਹਨ। ਪੰਜਾਬ ਅੰਦਰ ਬਦਲਾਓ ਤੋਂ ਲੋਕਾਂ ਨੂੰ ਵੱਡੀਆਂ ਉਮੀਦਾਂ ਸਨ, ਪਰ ਉਨ੍ਹਾਂ ਦੀਆਂ ਉਮੀਦਾਂ ਨੂੰ ਪੰਖ ਨਹੀਂ ਮਿਲੇ ਹਨ ਅਤੇ ਲੋਕਾਂ ਨੂੰ ਵੱਡੀ ਨਿਰਾਸ਼ਾ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅੰਤ ਵਿੱਚ ਅਸੀਂ ਸਾਰੇ ਪਾਠਕਾਂ ਨੂੰ ਬੰਦੀਛੋੜ ਦਿਵਸ, ਦੀਵਾਲੀ ਅਤੇ ਵਿਸ਼ਵਕਰਮਾ ਦਿਵਸ ਦੀਆਂ ਸ਼ੁੱਭਕਾਮਨਾਵਾਂ ਦਿੰਦਾ ਹੋਇਆ ਪੰਜਾਬ ਦੇ ਚੰਗੇਰੇ ਭਵਿੱਖ ਦੀ ਆਸ ਕਰਦਾ ਹਾਂ।

-ਆਮੀਨ



ਪੱਤਰਕਾਰ ਅਵਤਾਰ ਜਟਾਣਾ,
ਮੋ. +91 94654 01200

ਦੀਵਾਲੀ ਤੇ ਬੰਦੀਛੋੜ ਦਿਵਸ ਦੀਆਂ ਲੱਖ ਲੱਖ ਮੁਬਾਰਕਾਂ।



ਮੇਰੀ ਦੁਨੀਆਂ



ਦੀਵਾਲੀ ਦੀਆਂ ਸਾਰਿਆਂ ਨੂੰ ਲੱਖ-ਲੱਖ ਮੁਬਾਰਕਾਂ!

RAJESH GARG
Ex Chairman
Market Committee,
SARDULGARH

BHARAT Group of Colleges
Courses
ADMISSION OPEN 2026-27

ENGINEERING	B.Tech (Civil | CSE | EE | M
MANAGEMENT	MBA | BBA | B.Com (Hons.) | M.Com*
COMPUTER SCI	BCA | B.Sc. (IT) | B.A. (Comp. Sci.) | MCA* PGDCA | M.Sc. (IT) | M.Sc. (Comp. Sci.)
SCIENCE	M.Sc. (Maths) B.Sc. (Non-Medical)
EDUCATION	ETT (Elementary Teacher Training)
PARAMEDICAL	B.Sc. (MLS) | Nursing Assistant
FASHION	Bsc (Fashion Technology)*



Full Fee Concession For SC Students

97794-20800, 97795-20800 Khaira Khurd, Sardulgarh, Mansa 151507

Malwa Group of Colleges MGC Sardulewala (Sardulgarh) ESTD. 2003

ਮਾਲਵਾ ਗਰੁੱਪ ਆਫ਼ ਕਾਲਜਿਜ਼
ਸਰਦੂਲੇਵਾਲਾ -ਸਰਦੂਲਗੜ੍ਹ (ਮਾਨਸਾ)

Affiliated to: Punjabi Uni. Patiala, PNRC Mohali, P.S.E.B Mohali

10+1, 10+2,(Med., Non-Med., Commerce & Arts)

GNM | ANM | B.Ed. | M.A. Punjabi Hindi History Pol.Sci. | B.A. | BCA | B.Sc. (Non-Medical) | B.Com. | PGDCA | Caregiver (NANNY)

CONTACT : 98726-49611, 98156-48005, 98720-66648

ਪਰਮਾਤਮਾ ਕਰੇ ਰੌਸ਼ਨੀਆਂ ਦਾ ਇਹ ਤਿਉਹਾਰ ਸਾਰਿਆਂ ਦੀ ਜ਼ਿੰਦਗੀਆਂ ਵਿੱਚ ਚਾਨਣ ਬਿਖੇਰੇ। ਦੀਵਾਲੀ ਤੇ ਬੰਦੀਛੋੜ ਦਿਵਸ ਦੀਆਂ ਲੱਖ ਲੱਖ ਮੁਬਾਰਕਾਂ।



ਜਤਿੰਦਰ ਸਿੰਘ ਸੋਢੀ
ਚੇਅਰਮੈਨ

Bal Vatika Public School



FOR ANY ENQUIRY - 92563-09502, 94651-16949 | Address- Tibbi Hari Singh Wala



ਇੰਸਪੈਕਟਰ ਮਨੀਸ਼

Royal Convent School
SARDULGARH
Learn Lead & Achieve





ਤਾਤਾ ਗਰਗ

ਪਰਮਾਤਮਾ ਕਰੇ ਰੌਸ਼ਨੀਆਂ ਦਾ ਇਹ ਤਿਉਹਾਰ ਸਾਰਿਆਂ ਦੀ ਜ਼ਿੰਦਗੀਆਂ ਵਿੱਚ ਚਾਨਣ ਬਿਖੇਰੇ। ਦੀਵਾਲੀ ਤੇ ਬੰਦੀਛੋੜ ਦਿਵਸ ਦੀਆਂ ਲੱਖ ਲੱਖ ਮੁਬਾਰਕਾਂ।



ਦੀਵਾਲੀ ਤੇ ਬੰਦੀਛੋੜ ਦਿਵਸ ਦੀਆਂ ਲੱਖ ਲੱਖ ਮੁਬਾਰਕਾਂ।



ਸਤਵਿੰਦਰ ਸਿੰਘ

Sweet Blossoms School
Sirsa Road, Ward. No. 04, Sardulgarh, Mansa



+91 98761-00865, +9191155-29974, +91 91155-29975 | sbssardulgarh@gmail.com | www.sbssardulgarh.com

ਦਾ ਐਨਲਾਈਟੈਂਡ ਗਰੁੱਪ ਆਫ਼ ਕਾਲਜਜ਼, ਝੁਨੀਰ
ਪੰਜਾਬੀ ਯੂਨੀਵਰਸਿਟੀ ਪਟਿਆਲਾ,NCTE, AICTE ਅਤੇ ਪੰਜਾਬ ਸਰਕਾਰ ਤੋਂ ਮਾਨਤਾ ਪ੍ਰਾਪਤ
ਨੇੜੇ ਭਾਖੜਾ ਨਹਿਰ ਸਰਦੂਲਗੜ੍ਹ ਰੋਡ ਝੁਨੀਰ (ਮਾਨਸਾ)



ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਆਪ ਸਭ ਨੂੰ ਲੱਖ ਲੱਖ ਵਧਾਈਆਂ

ਚੱਲ ਰਹੇ ਕੋਰਸ: 98078-74000
B.A,B.C.A,B.COM,B.SC(FT),D.LIB,B.LIB,PGDCA,M.COM.
M.A (PUNJABI,ENGLISH,HISTORY,POL.SCIENCE)
D.P.ED, B.P.E.S, B.P.Ed, M.P.Ed, PG Dip.(YOGA)
ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ
ਓਪਨ ਕੋਰਸ: B.A, B.COM, B.C.A,M.A(PUNJABI,ENGLISH) M.COM, Various Certificate Courses.

DASMESH CONVENT SR. SEC. SCHOOL
Affiliated by PSEB Mohali
DASMESH INTERNATIONAL SCHOOL
Affiliated by CBSE New Delhi
KHAIRA ROAD, SARDULGARH,(MANSA)
NURSERY TO +2 ALL STREAMS




ਦੀਵਾਲੀ,ਬੰਦੀ ਛੋੜ ਦਿਵਸ ਅਤੇ ਵਿਸ਼ਵਕਰਮਾ ਦਿਵਸ ਦੀਆ ਲੱਖ -ਲੱਖ ਵਧਾਈਆਂ



Director:S.Dilmohit Singh Sandhu 8437047721
Principal : S.Bhupinder Singh Sandhu 9779360348

VIDYA SAGAR GROUP OF INSTITUTIONS



Dr. Surinder Goyal
Chairman



Er. Krishan Goyal
Secretary

ANM | GNM
Approved by Govt. of Punjab & Recognized by INC, New Delhi, Affiliated to PNRC, Mohali

ETT/JBT(D.El.Ed)
Approved by Govt. of Punjab & Recognized by NCTE, Jaipur, Affiliated to SCERT Punjab

D.PHARMACY Allopathy
Approved by Govt. of Punjab & Recognized by PCI, New Delhi, Affiliated to PSBTE&IT, Chandigarh

D.PHARMACY (Ayurvadic)/UP-VAID
Approved by Govt. of Punjab & Affiliated to PSFA&USM, Mohali

ITI (Electrican)
Approved by Govt. of Punjab & Recognized by NCVT(QCI), Affiliated to PSBTE&IT, Chandigarh

ITI (Plumber)
Approved by Govt. of Punjab & Recognized by NCVT(QCI), Affiliated to PSBTE&IT, Chandigarh




Sardulgarh-Ratia Road, Ahlupur
Helpline No.: 94788-85319, 92156-47148



ਦੀਵਾਲੀ ਤੇ ਬੰਦੀਛੋੜ ਦਿਵਸ ਦੀਆਂ ਲੱਖ ਲੱਖ ਮੁਬਾਰਕਾਂ।

ਇੰਸਪੈਕਟਰ ਯੋਗੇਸ਼



ਮੀਰੀ ਪੀਰੀ ਖਾਲਸਾ ਅਕੈਡਮੀ
CBSE AFFILIATED UPTO 10+2
Affiliation No. 1630933



ਦਿਵਾਲੀ
ਅਤੇ
ਵਿਸ਼ਵਕਰਮਾ ਦਿਵਸ
ਦੀਆਂ ਲੱਖ ਲੱਖ ਵਧਾਈਆਂ

ਪਰਵਿੰਦਰ ਸਿੰਘ ਪ੍ਰਿੰਸੀਪਲ | ਜਿੰਦਰਵੀਰ ਸਿੰਘ ਐਮਡੀ

ਉਮੀਦ ਕਰਦੇ ਹਾਂ, ਇਹ ਰੌਸ਼ਨੀ ਭਰਿਆ ਤਿਉਹਾਰ ਤੁਹਾਡੀ ਜ਼ਿੰਦਗੀ ਵਿੱਚ ਖੁਸ਼ੀਆਂ ਨਾਲ ਭਰੀ ਰੌਸ਼ਨੀ ਲਿਆਵੇ।

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : 94654-64160, 98888-00500, 92888-51861

ਦੱਖੀ-ਸਰਦੂਲੇਵਾਲਾ ਰੋਡ, ਕਾਹਨੇਵਾਲਾ (ਮਾਨਸਾ)

Run by : Khalsa Welfare Educational Society
E-mail : miripirischool@yahoo.com | www.mpka.in

ਦੀਵਾਲੀ ਅਤੇ ਬੰਦੀਛੋੜ ਦਿਵਸ ਦੀਆਂ ਲੱਖ ਲੱਖ ਮੁਬਾਰਕਾਂ

ਬਲਵਿੰਦਰ ਸਿੰਘ ਸੋਨੀ 94652-64065
ਗੁਰਪ੍ਰੀਤ ਸਿੰਘ ਸੋਨੀ 78886-37690


ਸੋਨੀ ਕਾਰ-ਬਾਈਕ ਟਾਇਰ ਐਂਡ ਕਾਰ ਅਸੈਸਰੀਜ਼

ਇੱਥੇ ਹਰ ਪ੍ਰਕਾਰ ਦੇ ਨਵੇਂ-ਪੁਰਾਣੇ ਤੇ ਰਿਬੋਥ ਮਿਲਦੇ ਹਨ।

ਨੋਟ: ਇੱਥੇ ਕਾਰ-ਬਾਇਕ ਦੀ ਅਸੈਸਰੀਜ਼ ਮਿਲਦੀ ਹੈ।

ਮਾਨਸਾ ਰੋਡ, ਸਰਦੂਲਗੜ੍ਹ

Meera Group of Institutions, Sardulewala



Admissions Open For Pre-Nursery

Meera Public School (A CBSE Senior Secondary School) Contact- 98157-14655
Meera College of Education (B.Ed) Contact- 94649-17305
Meera School of Nursing (G.N.M) Contact- 95309-00722

Email: malwa.society@rediffmail.com | Website: www.meeraschool.com | www.facebook.com/meerapublicschool